ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 34
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Wednesday, 4 February, 2026) ਬੁੱਧਵਾਰ, 4 ਫਰਵਰੀ, 2026, 22 ਮਾਘ , ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮਹਾਰਾਸ਼ਟਰ ਦੇ ਦੋ ਦਿਨਾਂ ਦੌਰੇ 'ਤੇ ਰਵਾਨਾ

ਚੰਡੀਗੜ੍ਹ,, 3 ਫਰਵਰੀ (ਚ.ਨ.ਸ.): ਮੁੱਖ ਮੰਤਰੀ ਦਫ਼ਤਰ ਤੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਮਹਾਰਾਸ਼ਟਰ ਦੇ ਦੋ ਦਿਨਾਂ ਦੌਰੇ 'ਤੇ ਮੁੰਬਈ ਪੁੱਜੇ। ਅੱਜ ਉਹ ਮੁੰਬਈ ਵਿਚ ਉਦਯੋਗਪਤੀਆਂ ਨਾਲ ਪੰਜਾਬ ਵਿਚ ਨਿਵੇਸ਼ ਸੰਬੰਧੀ ਇਕ ਮਹੱਤਵਪੂਰਨ ਮੀਟਿੰਗ ਕਰਨਗੇ। ਪੰਜਾਬ ਵਿਚ ਉਦਯੋਗ ਅਤੇ ਰੁਜ਼ਗਾਰ ਵਧਾਉਣ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ।ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਮੁੰਬਈ ਵਿਚ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਅਜੀਤ ਪਵਾਰ ਦੇ ਦੇਹਾਂਤ 'ਤੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਵੀ ਸਾਂਝਾ ਕਰਨਗੇ।

### ਵਟਸਐਪ ਅਤੇ ਮੈਟਾ ਨੂੰ ਫਟਕਾਰ

## ਡਾਟਾ ਸਾਂਝਾ ਕਰਨ ਦੇ ਨਾਂਮ 'ਤੇ ਨਿੱਜਤਾ ਦੇ ਅਧਿਕਾਰ ਨਾਲ ਖਿਲਵਾੜ ਸਹਿਣ ਨਹੀਂ: ਸੁਪਰੀਮ ਕੋਰਟ

**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 3 ਫਰਵਰੀ :ਸੁਪਰੀਮ ਕੋਰਟ ਨੇ ਸੋਸ਼ਲ ਮੀਡੀਆ ਪਲੇਟਫਾਰਮ ਵਟਸਐਪ (ਵਟਸਐਪ ) ਅਤੇ ਇਸ ਦੀ ਪੇਰੈਂਟ ਕੰਪਨੀ ਮੈਟਾ ਨੂੰ ਉਨ੍ਹਾਂ ਦੀ 2021 ਦੀ ਪ੍ਰਾਈਵੇਸੀ ਪਾਲਿਸੀ ਨੂੰ ਲੈ ਕੇ ਜ਼ੋਰਦਾਰ ਫਟਕਾਰ ਲਗਾਈ ਹੈ। ਮੰਗਲਵਾਰ ਨੂੰ ਹੋਈ ਸੁਣਵਾਈ ਦੌਰਾਨ ਕੇਂਦਰ ਸਰਕਾਰ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਦਲੀਲ ਦਿੱਤੀ ਕਿ ਵਟਸਐਪ ਦੀ ਇਹ ਪਾਲਿਸੀ 'ਸ਼ੋਸ਼ਣਕਾਰੀ' ਹੈ, ਕਿਉਂਕਿ ਇਹ ਨਾ ਸਿਰਫ਼ ਯੂਜ਼ਰਸ ਦਾ ਡਾਟਾ ਸਾਂਝਾ ਕਰਦੀ ਹੈ ਬਲਕਿ ਇਸ ਦੀ ਵਰਤੋਂ ਵਪਾਰਕ ਲਾਭਾਂ ਲਈ ਵੀ ਕਰਦੀ ਹੈ।

**ਸੰਵਿਧਾਨ ਦੀ ਪਾਲਣਾ ਜਾਂ ਭਾਰਤ ਤੋਂ ਬਾਹਰ:** ਇਸ ਮਾਮਲੇ 'ਤੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਮੁੱਖ ਜਸਟਿਸ (ਸੀਜੇਆਈ) ਸੂਰਿਆ ਕਾਂਤ ਨੇ ਸਪੱਸ਼ਟ ਸ਼ਬਦਾਂ 'ਚ ਕਿਹਾ, 'ਜੇਕਰ ਤੁਸੀਂ ਸਾਡੇ ਸੰਵਿਧਾਨ ਦੀ ਪਾਲਣਾ ਨਹੀਂ ਕਰ ਸਕਦੇ ਤਾਂ ਭਾਰਤ ਛੱਡ ਕੇ



ਚਲੇ ਜਾਓ। ਅਸੀਂ ਕਿਸੇ ਵੀ ਨਾਗਰਿਕ ਦੀ ਨਿੱਜਤਾ ਨਾਲ ਕੋਈ ਸਮਝੌਤਾ ਨਹੀਂ ਹੋਣ ਦਿਆਂਗੇ।'

**ਗੁੰਝਲਦਾਰ ਨੀਤੀ 'ਤੇ ਸਵਾਲ:** ਅਦਾਲਤ ਨੇ ਵਟਸਐਪ ਦੀ ਨੀਤੀ ਨੂੰ ਬਹੁਤ ਹੀ ਚਲਾਕੀ ਨਾਲ ਤਿਆਰ ਕੀਤਾ ਗਿਆ ਦਸਤਾਵੇਜ਼ ਦੱਸਿਆ। ਸੀਜੇਆਈ ਨੇ ਸਵਾਲ ਚੁੱਕਿਆ ਕਿ ਕੀ ਇਕ ਗਰੀਬ ਬਜ਼ੁਰਗ ਔਰਤ, ਸੜਕ ਕਿਨਾਰੇ ਰੇਹੜੀ ਲਗਾਉਣ ਵਾਲਾ ਜਾਂ ਕੋਈ ਪੇਂਡੂ ਖੇਤਰ ਦਾ ਵਿਅਕਤੀ ਇਸ ਗੁੰਝਲਦਾਰ (ਬਾਕੀ ਸਫਾ 2 'ਤੇ)

### ਸੁਪਰੀਮ ਕੋਰਟ ਵੱਲੋਂ ਜੰਗਲ ਸਫਾਰੀ ਦੌਰਾਨ ਮੋਬਾਈਲ ਫ਼ੋਨ 'ਤੇ ਪਾਬੰਦੀ

ਹਰਿਦੁਆਰ, 3 ਫਰਵਰੀ (ਚ.ਨ.ਸ.):ਰਾਜਾਜੀ ਟਾਈਗਰ ਰਿਜ਼ਰਵ 'ਚ ਹੁਣ ਸੈਲਾਨੀ ਜੰਗਲ ਸਫਾਰੀ ਦੌਰਾਨ ਆਪਣੇ ਨਾਲ ਮੋਬਾਈਲ ਫ਼ੋਨ ਨਹੀਂ ਲਿਜਾ ਸਕਣਗੇ। ਇਹ ਸਖ਼ਤ ਫੈਸਲਾ ਵਾਤਾਵਰਣ ਮੰਤਰਾਲੇ ਦੇ ਅਧੀਨ ਰਾਸ਼ਟਰੀ ਟਾਈਗਰ ਸੁਰੱਖਿਆ ਅਥਾਰਟੀ ਵੱਲੋਂ ਲਿਆ ਗਿਆ ਹੈ, ਜੋ ਕਿ ਤੁਰੰਤ ਪ੍ਰਭਾਵ ਨਾਲ ਲਾਗੂ ਕਰ ਦਿੱਤਾ ਗਿਆ ਹੈ। ਇਹ ਨਵਾਂ ਨਿਯਮ 17 ਨਵੰਬਰ, 2025 ਨੂੰ ਸੁਪਰੀਮ ਕੋਰਟ ਵੱਲੋਂ ਦਿੱਤੇ ਗਏ ਇਕ ਆਦੇਸ਼ ਤੋਂ ਬਾਅਦ ਲਾਗੂ ਕੀਤਾ ਗਿਆ ਹੈ। ਅਥਾਰਟੀ ਨੇ ਇਸ ਹੁਕਮ ਨੂੰ ਸਾਰੇ ਸੁਰੱਖਿਅਤ ਜੰਗਲਾਂ 'ਚ ਲਾਗੂ ਕਰਨ ਦਾ ਫੈਸਲਾ ਕੀਤਾ ਹੈ, ਜਿਸ ਦੇ (ਬਾਕੀ ਸਫਾ 2 'ਤੇ)

# ਸੰਸਦ 'ਚ ਸੱਤਾਧਾਰੀ ਅਤੇ ਵਿਰੋਧੀ ਧਿਰ ਵਿਚਾਲੇ ਟਕਰਾਅ ਕਾਰਨ ਕਾਰਵਾਈ ਠੱਪ

### ਕਾਗਜ਼ ਸੁੱਟਣ ਦੇ ਦੋਸ਼ 'ਚ ਵਿਰੋਧੀ ਧਿਰ ਦੇ ਅੱਠ ਸਾਂਸਦ ਮੁਅੱਤਲ

**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 3 ਫਰਵਰੀ :ਸਾਬਕਾ ਫੌਜ ਮੁਖੀ ਐਮ.ਐਮ. ਨਰਵਣੇ ਦੀ ਅਣਪ੍ਰਕਾਸ਼ਿਤ ਕਿਤਾਬ ਦੇ ਮੁੱਦੇ ਨੂੰ ਲੈ ਕੇ ਲੋਕ ਸਭਾ 'ਚ ਰੇੜਕੇ ਦੇ ਵਿਚਕਾਰ ਮੰਗਲਵਾਰ ਨੂੰ ਸੱਤਾਧਾਰੀ ਪਾਰਟੀ ਅਤੇ ਵਿਰੋਧੀ ਧਿਰ ਵਿਚਾਲੇ ਟਕਰਾਅ ਦਾ ਨਵਾਂ ਮੋਰਚਾ ਸ਼ੁਰੂ ਹੋ ਗਿਆ, ਜਦੋਂ ਪੋਡੀਅਮ ਦੇ ਨੇੜੇ ਕਾਗਜ਼ ਉਛਾਲਣ ਦੇ ਦੋਸ਼ 'ਚ ਵਿਰੋਧੀ ਧਿਰ ਦੇ ਅੱਠ ਸੰਸਦ ਮੈਂਬਰਾਂ ਨੂੰ ਮੌਜੂਦਾ ਬਜਟ ਸੈਸ਼ਨ ਦੇ ਬਾਕੀ ਬਚੇ ਸਮੇਂ ਲਈ ਮੁਅੱਤਲ ਕਰ ਦਿਤਾ ਗਿਆ।

ਕਾਂਗਰਸ ਦੇ ਸੱਤ ਮੈਂਬਰਾਂ ਅਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਇਕ ਸੰਸਦ ਮੈਂਬਰ ਨੂੰ ਸਦਨ ਤੋਂ ਮੁਅੱਤਲ ਕਰ ਦਿਤਾ ਗਿਆ ਹੈ। ਸਦਨ 'ਚ ਰੇੜਕੇ ਵਿਚਕਾਰ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਮੰਗਲਵਾਰ ਨੂੰ ਸਾਬਕਾ ਫੌਜ ਮੁਖੀ ਐਮ.ਐਮ. ਨਰਵਣੇ ਦੀਆਂ ਅਣਪ੍ਰਕਾਸ਼ਿਤ ਯਾਦਾਂ ਉਤੇ ਆਧਾਰਤ ਇਕ ਲੇਖ ਦਾ ਹਵਾਲਾ ਦੇ ਕੇ ਚੀਨ ਦਾ ਮੁੱਦਾ ਉਠਾਉਣ ਦੀ ਕੋਸ਼ਿਸ਼ ਕੀਤੀ, ਪਰ ਸਦਨ ਨੇ ਇਸ ਦੀ ਇਜਾਜ਼ਤ ਨਹੀਂ ਦਿਤੀ। ਹਾਲਾਂਕਿ, ਉਨ੍ਹਾਂ ਨੇ ਲੇਖ ਦੀ ਪੁਸ਼ਟੀ ਕੀਤੀ ਅਤੇ ਇਸ ਨੂੰ ਸਦਨ ਦੇ



ਮੇਜ਼ ਉਤੇ ਰੱਖਿਆ। ਹੰਗਾਮੇ ਕਾਰਨ ਤਿੰਨ ਵਾਰੀ ਮੁਲਤਵੀ ਕਰਨ ਤੋਂ ਬਾਅਦ ਸਦਨ ਦੀ ਕਾਰਵਾਈ ਬੁੱਧਵਾਰ ਸਵੇਰੇ 11 ਵਜੇ ਤਕ ਮੁਲਤਵੀ ਕਰ ਦਿਤੀ ਗਈ।

ਸਦਨ 'ਚ ਰਾਸ਼ਟਰਪਤੀ ਦੇ ਭਾਸ਼ਣ ਉਤੇ ਧੰਨਵਾਦ ਮਤੇ ਉਤੇ ਚੱਲ ਰਹੀ ਚਰਚਾ 'ਚ ਰਾਹੁਲ ਗਾਂਧੀ ਵਲੋਂ ਨਰਵਣੇ ਦੀ ਅਣਪ੍ਰਕਾਸ਼ਿਤ ਯਾਦਾਂ ਦਾ ਹਵਾਲਾ ਦੇਣ ਦੀ ਕੋਸ਼ਿਸ਼ ਕਰਨ ਦੇ ਮੁੱਦੇ ਉਤੇ ਤਿੰਨ ਵਾਰ ਮੁਲਤਵੀ ਕਰਨ ਤੋਂ ਬਾਅਦ ਜਦੋਂ ਪੀਠਾਸੀਨ ਸਭਾਪਤੀ ਦਿਲੀਪ ਸੈਕੀਆ ਨੇ ਸਦਨ ਦੀ ਹੁਕਮਅਦੂਲੀ ਕਰਨ ਲਈ ਕਾਂਗਰਸੀ ਮੈਂਬਰਾਂ ਅਮਰਿੰਦਰ ਸਿੰਘ ਰਾਜਾ ਵੜਿੰਗ, ਗੁਰਦੀਪ ਸਿੰਘ ਔਜਲਾ, ਹਿਬੀ ਈਡਨ, ਡੀਨ ਕੁਰੀਆਕੋਸ, ਪ੍ਰਸ਼ਾਂਤ ਪਡੋਲੇ, ਕਿਰਨ ਕੁਮਾਰ ਰੈਡੀ ਅਤੇ ਮਣਿਕਮ ਟੈਗੋਰ ਅਤੇ ਸੀ.ਪੀ.ਆਈ. (ਐਮ) ਦੇ ਸੰਸਦ ਮੈਂਬਰ ਐਸ. ਵੈਂਕਟੇਸਨ ਦੇ ਨਾਂ ਲਏ।

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਅੱਠ ਮੈਂਬਰਾਂ ਦਾ ਨਾਮ ਲੈਂਦੇ ਹੋਏ ਸਦਨ ਵਿਚ ਇਕ ਮਤਾ ਪੇਸ਼ ਕੀਤਾ ਕਿ ਸਦਨ ਦਾ ਅਪਮਾਨ ਕਰਨ ਅਤੇ ਸਕੱਤਰ ਜਨਰਲ ਤੇ ਲੋਕ ਸਭਾ ਅਧਿਕਾਰੀਆਂ ਦੀ ਮੇਜ਼ ਉਤੇ ਕਾਗਜ਼ ਸੁੱਟ ਕੇ ਸਦਨ ਦੀ ਇੱਜ਼ਤ ਨੂੰ ਢਾਹ ਲਾਉਣ ਦੇ ਦੋਸ਼ ਵਿਚ ਨਿਯਮ 374 (2) ਦੇ ਤਹਿਤ (ਬਾਕੀ ਸਫਾ 2 'ਤੇ)

## ਸੰਸਦ 'ਚ ਮੈਨੂੰ ਕਿਉਂ ਨਹੀਂ ਬੋਲਣ ਦਿੱਤਾ ਜਾ ਰਿਹਾ: ਰਾਹੁਲ ਗਾਂਧੀ

**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 3 ਫਰਵਰੀ : ਲੋਕ ਸਭਾ ਦੇ ਬਜਟ ਸੈਸ਼ਨ ਦੌਰਾਨ ਉਦੋਂ ਰੁਕਾਵਟ ਪੈਦਾ ਹੋ ਗਈ, ਜਦੋਂ ਵਿਰੋਧੀ ਧਿਰ ਨੇ ਸਾਬਕਾ ਫੌਜ ਮੁਖੀ ਜਨਰਲ ਐਮ.ਐਮ. ਨਰਵਣੇ ਦੀ ਯਾਦ ਦਾ ਮੁੱਦਾ ਉਠਾਇਆ। ਜਿਵੇਂ ਹੀ ਪ੍ਰਸ਼ਨ ਕਾਲ ਸ਼ੁਰੂ ਹੋਇਆ, ਵਿਰੋਧੀ ਧਿਰ ਦੇ ਸੰਸਦ ਮੈਂਬਰ ਸਦਨ ਦੇ ਵਿਚਕਾਰ ਆ ਗਏ ਅਤੇ ਨਾਅਰੇਬਾਜ਼ੀ ਕਰਨ ਲੱਗ ਪਏ। ਹੰਗਾਮੇ ਕਾਰਨ ਸਦਨ ਨੂੰ ਦੁਪਹਿਰ 12 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ। ਜਦੋਂ ਕਾਰਵਾਈ ਮੁੜ ਸ਼ੁਰੂ ਹੋਈ ਤਾਂ ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਆਪਣਾ ਭਾਸ਼ਣ ਸ਼ੁਰੂ ਕੀਤਾ। ਸੰਸਦ ਵਿੱਚ ਰਾਹੁਲ ਗਾਂਧੀ ਦੇ ਭਾਸ਼ਣ ਦੌਰਾਨ ਕਈ ਸੰਸਦ ਮੈਂਬਰਾਂ ਨੇ ਸਪੀਕਰ ਦੇ ਸਾਹਮਣੇ ਕਾਗਜ਼ ਸੁੱਟੇ। ਇਸ ਤੋਂ ਬਾਅਦ ਲੋਕ ਸਭਾ ਦੀ ਕਾਰਵਾਈ ਦੁਪਹਿਰ 3 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਰਾਹੁਲ ਗਾਂਧੀ ਨੇ ਮੋਰਚਾ ਸੰਭਾਲਦੇ ਹੋਏ ਜਨਰਲ ਨਰਵਣੇ ਦੀਆਂ ਯਾਦਾਂ ਦਾ



ਹਵਾਲਾ ਦਿੰਦੇ ਰਾਸ਼ਟਰੀ ਸੁਰੱਖਿਆ ਦਾ ਇੱਕ ਗੰਭੀਰ ਮੁੱਦਾ ਉਠਾਇਆ ਅਤੇ ਕੁਝ ਦਸਤਾਵੇਜ਼ਾਂ ਨੂੰ ਪ੍ਰਮਾਣਿਤ ਕੀਤਾ। ਰਾਹੁਲ ਗਾਂਧੀ ਨੇ ਕਿਹਾ, 'ਇਹ ਦੇਸ਼ ਦੀ ਸੁਰੱਖਿਆ ਨਾਲ ਜੁੜਿਆ ਮਾਮਲਾ ਹੈ, ਖਾਸ ਕਰਕੇ ਚੀਨ ਅਤੇ ਪਾਕਿਸਤਾਨ, ਜਿਸ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।' ਸੰਸਦੀ ਮਾਮਲਿਆਂ (ਬਾਕੀ ਸਫਾ 2 'ਤੇ)

### ਪੰਜਾਬ 'ਚ 7 ਤਰੀਕ ਤੱਕ ਮੌਸਮ ਵਿਭਾਗ ਦੀ ਵੱਡੀ ਭਵਿੱਖਬਾਣੀ !

## ਧੁੰਦ ਕਾਰਨ ਜਨ-ਜੀਵਨ ਪ੍ਰਭਾਵਿਤ



**ਚੜ੍ਹਦੀਕਲਾ ਬਿਊਰੋ**

================

ਚੰਡੀਗੜ੍ਹ, 3 ਫਰਵਰੀ: ਪੰਜਾਬ 'ਚ ਸਰਦੀ ਦੇ ਮੌਸਮ ਦੌਰਾਨ ਧੁੰਦ ਨੇ ਇੱਕ ਵਾਰ ਫਿਰ ਆਪਣਾ ਅਸਰ ਦਿਖਾਉਣਾ ਸ਼ੁਰੂ ਕਰ ਦਿੱਤਾ ਹੈ। ਸਵੇਰੇ ਅਤੇ ਰਾਤ ਦੇ ਸਮੇਂ ਵਿਜ਼ੀਬਿਲਟੀ ਕਾਰਨ ਆਮ ਜੀਵਨ, ਆਵਾਜਾਈ ਪ੍ਰਭਾਵਿਤ ਹੋ ਰਹੀ ਹੈ।

ਇਸੇ ਨੂੰ ਧਿਆਨ ਵਿੱਚ ਰੱਖਦਿਆਂ ਭਾਰਤੀ ਮੌਸਮ ਵਿਭਾਗ ਵੱਲੋਂ ਪੰਜਾਬ ਲਈ ਆਉਣ ਵਾਲੇ ਦਿਨਾਂ ਦੀ ਜ਼ਿਲ੍ਹਾਵਾਰ ਮੌਸਮੀ ਚੇਤਾਵਨੀ ਜਾਰੀ ਕੀਤੀ ਗਈ ਹੈ, ਜਿਸ ਵਿੱਚ ਕਈ ਇਲਾਕਿਆਂ ਲਈ ਸੰਘਣੀ ਧੁੰਦ ਦੀ ਸੰਭਾਵਨਾ ਜਤਾਈ ਗਈ ਹੈ। ਭਾਰਤੀ ਮੌਸਮ ਵਿਭਾਗ ਚੰਡੀਗੜ੍ਹ ਨੇ ਸੂਬੇ 'ਚ 4 ਫਰਵਰੀ ਤੋਂ 7 ਫਰਵਰੀ ਤੱਕ ਮੌਸਮ ਨੂੰ ਲੈ ਕੇ ਭਵਿੱਖਬਾਣੀ ਕੀਤੀ ਹੈ, ਜਿਸ ਦੌਰਾਨ ਸੂਬੇ ਦੇ ਕਈ ਹਿੱਸਿਆਂ ਵਿੱਚ ਸੰਘਣੀ ਧੁੰਦ ਅਤੇ ਕਿਤੇ-ਕਿਤੇ ਬਹੁਤ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਜਤਾਈ ਗਈ ਹੈ। ਵਿਭਾਗ ਨੇ 4 ਫਰਵਰੀ ਨੂੰ ਉੱਤਰੀ ਅਤੇ ਪੂਰਬੀ ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿੱਚ ਧੁੰਦ ਦੀ ਸਥਿਤੀ ਬਣੀ ਰਹਿਣ ਦੀ ਸੰਭਾਵਨਾ ਜਤਾਈ ਹੈ, ਜਦਕਿ ਬਾਕੀ ਇਲਾਕਿਆਂ ਵਿੱਚ ਹਾਲਾਤ ਹੌਲੀ-ਹੌਲੀ ਸੁਧਰ ਸਕਦੇ ਹਨ। 5 ਫਰਵਰੀ ਤੋਂ 7 ਫਰਵਰੀ ਤੱਕ ਮੌਸਮ ਵਿਭਾਗ ਨੇ ਜ਼ਿਆਦਾਤਰ ਜ਼ਿਲ੍ਹਿਆਂ ਲਈ 'ਕੋਈ ਚੇਤਾਵਨੀ ਨਹੀਂ' ਦੀ ਸਥਿਤੀ ਦਿਖਾਈ ਹੈ, ਜਿਸ ਨਾਲ ਧੁੰਦ ਤੋਂ ਰਾਹਤ ਮਿਲਣ ਦੀ ਉਮੀਦ ਜਤਾਈ ਗਈ ਹੈ।

## ਨਾਭਾ ਜੇਲ੍ਹ 'ਚੋਂ ਬਾਹਰ ਆਏ ਬਿਕਰਮ ਸਿੰਘ ਮਜੀਠੀਆ

**ਗੁਰਮੁੱਖ ਰੁਪਾਣਾ**

================

ਨਾਭਾ , 3 ਫਰਵਰੀ: ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ 7 ਮਹੀਨਿਆਂ ਮਗਰੋਂ ਅੱਜ ਜੇਲ੍ਹ ਤੋਂ ਬਾਹਰ ਆ ਗਏ ਹਨ। ਮਜੀਠੀਆ ਨੂੰ ਲੰਘੇ ਕੱਲ੍ਹ ਸੁਪਰੀਮ ਕੋਰਟ ਨੇ ਜ਼ਮਾਨਤ ਦਿੱਤੀ ਸੀ। ਪਰ ਅਦਾਲਤ ਦੀ ਕੁਝ ਜ਼ਰੂਰੀ ਕਾਰਵਾਈ ਕਾਰਨ ਉਨ੍ਹਾਂ ਦੀ ਜੇਲ੍ਹ ਵਿਚੋਂ ਰਿਹਾਈ ਅੱਜ ਹੋਈ ਹੈ। ਉਨ੍ਹਾਂ ਦੇ ਬਾਹਰ ਆਉਂਦੇ ਸਾਰ ਹੀ ਬੋਲੇ ਸੋ ਨਿਹਾਲ ਤੇ ਸ਼੍ਰੋਮਣੀ ਅਕਾਲੀ ਦਲ ਜ਼ਿੰਦਾਬਾਦ ਦੇ ਨਾਅਰੇ ਲੱਗਣੇ ਸ਼ੁਰੂ ਹੋ ਗਏ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿਚ ਅਕਾਲੀ ਵਰਕਰ ਤੇ ਸੀਨੀਅਰ ਅਕਾਲੀ ਆਗੂ ਮੌਜੂਦ ਸਨ।

**ਗੁ. ਦੂਖ ਨਿਵਾਰਨ ਸਾਹਿਬ ਵਿਖੇ ਨਤਮਸਤਕ ਹੋਏ ਮਜੀਠੀਆ**

ਪੰਜਾਬ ਦੇ ਸਾਬਕਾ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਸਿੰਘ ਮਜੀਠੀਆ ਮੰਗਲਵਾਰ ਨੂੰ ਨਾਭਾ ਜੇਲ੍ਹ ਤੋਂ ਬਾਹਰ ਆਉਣ ਤੋਂ ਮਗਰੋਂ ਉਹ ਪਟਿਆਲਾ ਦੇ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਵਿਖੇ ਨਤਮਸਤਕ ਹੋਏ ਤੇ ਗੁਰੂ ਪਾਤਸ਼ਾਹ ਦਾ ਸ਼ੁਕਰਾਨਾ ਕੀਤਾ। ਇਸ ਦੌਰਾਨ ਉਨ੍ਹਾਂ ਦੀ ਪਤਨੀ ਗਨੀਵ ਕੌਰ,



ਸੀਨੀਅਰ ਲੀਡਰ ਡਾ. ਦਲਜੀਤ ਚੀਮਾ ਸਣੇ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ੀਪ ਮੌਜੂਦ ਰਹੀ। ਗੁਰਦੁਆਰਾ ਸਾਹਿਬ ਵਿਚ ਨਤਮਸਤਕ ਹੋਣ ਮਗਰੋਂ ਮਜੀਠੀਆ ਨੇ ਕਿਹਾ ਕਿ ਮੈਂ ਸਕਿਓਰਿਟੀ ਲਈ ਨਹੀਂ ਤਰਸਦਾ, ਮੈਂ ਗੁਰੂ ਪਾਤਸ਼ਾਹ 'ਤੇ ਵਿਸ਼ਵਾਸ ਕਰਨ ਵਾਲਾ ਹਾਂ ਤੇ ਬਸ ਪ੍ਰਮਾਤਮਾ ਮੇਰੇ 'ਤੇ ਮਿਹਰ ਬਣਾਈ ਰੱਖਣ। ਜੇਲ੍ਹ ਤੋਂ ਬਾਹਰ ਆਉਂਦਿਆਂ ਆਪਣੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਮਜੀਠੀਆ ਨੇ ਕਿਹਾ ਕਿ ਜੇ ਕਿਸੇ ਵੀ ਮੁਲਾਜ਼ਮ, ਅਧਿਕਾਰੀ, ਹਵਾਲਾਤੀ ਜਾਂ ਜੇਲ੍ਹ ਵਿੱਚ ਬੰਦ ਕੈਦੀ ਨੂੰ ਮੇਰੇ ਕਾਰਨ ਕੋਈ ਮੁਸ਼ਕਲ ਆਈ ਹੈ, ਤਾਂ ਮੈਂ ਮੁਆਫ਼ੀ ਮੰਗਦਾ ਹਾਂ। ਮੈਂ ਸੰਤਾਂ ਅਤੇ ਮਹਾਂਪੁਰਖਾਂ ਦਾ ਤਹਿ ਦਿਲੋਂ ਧੰਨਵਾਦੀ ਹਾਂ। ਉਨ੍ਹਾਂ ਨੇ ਹਮੇਸ਼ਾ ਮੇਰੀ ਪਤਨੀ ਨੂੰ ਚੰਗੀ ਤਰ੍ਹਾਂ ਲੜਨ ਦਾ ਸੰਦੇਸ਼ ਦਿੱਤਾ। ਗੁਰੂ ਸਾਹਿਬ ਦੇ ਅਸ਼ੀਰਵਾਦ ਬਹੁਤ ਸਨ। ਡੇਰਾ ਬਾਬਾ

### ਮਾਨ ਵੱਲੋਂ ਡੇਰਾ ਬਿਆਸ ਮੁਖੀ 'ਤੇ ਤੰਜ

### 'ਅਦਾਲਤਾਂ ਦਾ ਓਥੇ ਰੱਬ ਰਾਖਾ,ਜਿੱਥੇ ਮੁਲਾਕਾਤੀ ਹੀ ਜੱਜ ਬਣ ਜਾਣ'

ਚੰਡੀਗੜ੍ਹ, 3 ਫਰਵਰੀ (ਚ.ਨ.ਸ.): ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਵੱਲੋਂ ਮਜੀਠੀਆ ਦੀ ਹਮਾਇਤ 'ਤੇ ਸਿਆਸਤ ਭੱਖ ਗਈ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਡੇਰਾ ਬਿਆਸ ਮੁਖੀ ਦਾ ਨਾਂ ਲਏ ਬਗੈਰ ਉਨ੍ਹਾਂ 'ਤੇ ਤੰਜ ਕੱਸਿਆ ਗਿਆ। ਉਨ੍ਹਾਂ ਨੇ ਸ਼ਾਇਰਾਨਾ ਅੰਦਾਜ਼ ਵਿਚ ਟਵੀਟ ਕਰਦਿਆਂ ਕਿਹਾ- ਕੱਲ੍ਹ ਬਣ ਜਾਣ ਭਾਵੇਂ ਅੱਜ ਬਣ ਜਾਣ, ਅਦਾਲਤਾਂ ਦਾ ਓਥੇ ਰੱਬ ਰਾਖਾ, ਜਿੱਥੇ ਮੁਲਾਕਾਤੀ ਹੀ ਜੱਜ ਬਣ ਜਾਣ।

ਬਿਆਸ ਵਾਲੇ ਮੈਨੂੰ ਮਿਲਣ ਆਏ। ਮੈਂ ਤਾਂ ਮਾੜੇ ਤੋਂ ਮਾੜਾ ਹਾਂ। ਮਜੀਠੀਆ ਨੇ ਕਿਹਾ ਮੇਰੀ ਨਿਗਰਾਨੀ ਲਈ 32 ਕੈਮਰੇ ਲਾਏ ਸਨ। ਮੈਂ ਆਪਣੀ ਘਰਵਾਲੀ ਨੂੰ ਕਿਹਾ ਕਿ ਤੂੰ ਵੀ ਇੰਨੇ ਕੈਮਰੇ ਨਹੀਂ ਲਾਏ।

### ਪੰਜਾਬ 'ਚ 9 ਨਗਰ ਨਿਗਮਾਂ ਤੇ 100 ਤੋਂ ਵੱਧ ਨਗਰ ਕੌਂਸਲਾਂ ਦੀਆਂ ਚੋਣਾਂ 'ਤੇ ਰੋਕ

ਚੰਡੀਗੜ੍ਹ, 3 ਫਰਵਰੀ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸੂਬੇ ਦੀਆਂ 9 ਨਗਰ ਨਿਗਮਾਂ ਅਤੇ 100 ਤੋਂ ਵੱਧ ਨਗਰ ਕੌਂਸਲਾਂ ਦੀਆਂ ਚੋਣਾਂ ਲਈ ਨੋਟੀਫਿਕੇਸ਼ਨ ਜਾਰੀ ਕਰਨ 'ਤੇ ਰੋਕ ਲਗਾ ਦਿੱਤੀ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਚੋਣ ਪ੍ਰਕਿਰਿਆ ਉਦੋਂ ਤੱਕ ਅੱਗੇ ਨਹੀਂ ਵਧ ਸਕਦੀ ਜਦੋਂ ਤੱਕ ਸਰਕਾਰ ਵਾਰਡਬੰਦੀ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਦਾ ਜਵਾਬ ਦਾਇਰ ਨਹੀਂ ਕਰਦੀ। ਅਦਾਲਤ ਨੂੰ ਪਤਾ ਲੱਗਾ ਕਿ ਵਾਰਡਬੰਦੀ ਨੂੰ ਚੁਣੌਤੀ ਦੇਣ ਵਾਲੀਆਂ ਕਈ ਪਟੀਸ਼ਨਾਂ 'ਤੇ ਪਹਿਲਾਂ ਹੀ ਨੋਟਿਸ ਜਾਰੀ ਕੀਤੇ ਜਾ ਚੁੱਕੇ ਹਨ, ਪਰ ਸਰਕਾਰ ਨੇ ਅਜੇ ਤੱਕ ਕੋਈ ਜਵਾਬ ਨਹੀਂ ਦਿੱਤਾ ਹੈ। ਹਾਈ ਕੋਰਟ ਨੇ ਇਸ 'ਤੇ ਸਖ਼ਤ ਨਾਰਾਜ਼ਗੀ ਪ੍ਰਗਟ ਕਰਦੇ ਹੋਏ ਕਿਹਾ ਕਿ ਸਰਕਾਰ ਦਾ ਰਵੱਈਆ ਨਿਆਂਇਕ ਪ੍ਰਕਿਰਿਆ ਦੀ ਅਣਦੇਖੀ ਦੇ ਬਰਾਬਰ ਹੈ। ਮਾਮਲੇ ਦੀ ਅਗਲੀ ਸੁਣਵਾਈ 18 ਫਰਵਰੀ ਨੂੰ ਹੋਵੇਗੀ। ਪਟੀਸ਼ਨਕਰਤਾਵਾਂ ਨੇ ਹਾਈ ਕੋਰਟ ਵਿੱਚ ਦਲੀਲ ਦਿੱਤੀ ਹੈ ਕਿ ਨਵੀਂ ਵਾਰਡਬੰਦੀ ਮਨਮਾਨੀ ਸੀ। ਉਨ੍ਹਾਂ ਦਾ ਦੋਸ਼ ਹੈ ਕਿ ਹੱਦਬੰਦੀ ਵਿੱਚ ਰਾਜਨੀਤਿਕ ਪੱਖਪਾਤ ਲਾਗੂ ਕੀਤਾ (ਬਾਕੀ ਸਫਾ 2 'ਤੇ)

## ਪੰਜਾਬ ਐਸ.ਜੀ.ਐਸ.ਟੀ. ਵਿਕਾਸ ਦਰ ਸਬੰਧੀ ਦੇਸ਼ 'ਚ ਸਭ ਤੋਂ ਅੱਗੇ: ਚੀਮਾ

**ਚੜ੍ਹਦੀਕਲਾ ਬਿਊਰੋ**

================

ਚੰਡੀਗੜ੍ਹ, 3 ਫਰਵਰੀ:ਭਾਰਤ ਸਰਕਾਰ ਵੱਲੋਂ ਜੀ.ਐਸ.ਟੀ. 2.0 ਦਰ ਨੂੰ ਤਰਕਸੰਗਤ ਬਣਾਉਣ ਕਾਰਨ ਮਾਲੀਆ ਸਬੰਧੀ ਪੈਦਾ ਹੋਈਆਂ ਚੁਣੌਤੀਆਂ ਦੇ ਬਾਵਜੂਦ, ਪੰਜਾਬ ਵੱਲੋਂ ਜਨਵਰੀ, 2026 ਦੌਰਾਨ ਜੀਐਸਟੀ ਜੁਟਾਉਣ ਵਿੱਚ ਅਹਿਮ ਵਾਧਾ ਦਰਜ ਕੀਤਾ ਹੈ ਜੋ ਬਿਹਤਰ ਪਾਲਣਾ, ਕੇਂਦ੍ਰਿਤ ਲਾਗੂਕਰਨ ਅਤੇ ਨਿਰੰਤਰ ਆਰਥਿਕ ਗਤੀਵਿਧੀਆਂ ਨੂੰ ਦਰਸਾਉਂਦਾ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿੱਤ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਜਨਵਰੀ, 2026 ਦੌਰਾਨ ਸੂਬੇ ਵਿੱਚ ਕੁੱਲ 2452.66 ਕਰੋੜ ਰੁਪਏ ਜੀ.ਐਸ.ਟੀ. ਵਸੂਲਿਆ ਗਿਆ ਹੈ ਜਦੋਂ ਕਿ ਸ਼ੁੱਧ ਜੀ.ਐਸ.ਟੀ. ਵਸੂਲਣ ਦੇ ਸਬੰਧ ਵਿੱਚ ਜਨਵਰੀ, 2025 ਦੇ ਮੁਕਾਬਲੇ 15.7 ਫ਼ੀਸਦੀ ਦੀ ਦਰ ਨਾਲ ਸਾਲ-ਦਰ-ਸਾਲ 315 ਕਰੋੜ ਰੁਪਏ ਦਾ ਵਾਧਾ ਦਰਜ ਕੀਤਾ ਗਿਆ ਹੈ। ਚੀਮਾ ਨੇ ਕਿਹਾ ਕਿ ਇਹ ਪ੍ਰਾਪਤੀ ਕਾਫੀ ਅਹਿਮ ਹੈ ਕਿਉਂਕਿ ਜੀ.ਐਸ.ਟੀ. 2.0 ਦਰ ਵਿੱਚ ਕਟੌਤੀ ਕਾਰਨ ਪੰਜਾਬ ਨੂੰ ਹਰ ਮਹੀਨੇ ਲਗਭਗ 250 ਕਰੋੜ ਰੁਪਏ ਦੇ ਮਾਲੀਆ ਨੁਕਸਾਨ ਦਾ ਸਾਹਮਣਾ ਕਰਨਾ ਪਿਆ, ਜਿਸ ਨਾਲ ਧਾਗਾ, ਟੈਕਸਟਾਈਲ, ਹੌਜ਼ਰੀ, ਫਾਰਮਾਸਿਊਟੀਕਲ, ਬੀਮਾ, ਟਾਇਰ ਅਤੇ ਸੀਮਿੰਟ ਵਰਗੇ ਮੁੱਖ ਖੇਤਰ ਪ੍ਰਭਾਵਿਤ ਹੋਏ। ਇਸ ਨੁਕਸਾਨ ਦੇ ਬਾਵਜੂਦ, ਸੂਬੇ ਨੇ ਨਾ ਸਿਰਫ ਮਾਲੀਏ 'ਤੇ ਪਏ ਪ੍ਰਭਾਵ ਦੀ ਭਰਪਾਈ ਕੀਤੀ, ਬਲਕਿ ਨਿਰੰਤਰ ਪ੍ਰਬੰਧਕੀ ਅਤੇ ਲਾਗੂਕਰਨ ਯਤਨਾਂ ਰਾਹੀਂ ਰਾਸ਼ਟਰੀ ਰੁਝਾਨ ਤੋਂ ਵੀ ਵੱਧ ਵਿਕਾਸ ਦਰ ਹਾਸਲ ਕੀਤੀ। ਹੋਰ ਜਾਣਕਾਰੀ ਦਿੰਦਿਆਂ, ਮੰਤਰੀ ਨੇ ਕਿਹਾ ਕਿ ਸਾਲ-ਦਰ-ਸਾਲ ਆਧਾਰ 'ਤੇ (ਜਨਵਰੀ 2026 ਤੱਕ), ਸ਼ੁੱਧ ਜੀ.ਐਸ.ਟੀ. ਵਸੂਲਣ ਦੀ ਦਰ ਵਿੱਚ 13.4 ਫ਼ੀਸਦੀ ਦਾ ਵਾਧਾ ਹੋਇਆ ਹੈ, ਜਿਸ (ਬਾਕੀ ਸਫਾ 2 'ਤੇ)

## ਯੁਮਨਾਮ ਖੇਮਚੰਦ ਸਿੰਘ ਸੰਭਾਲਣਗੇ ਮਨੀਪੁਰ ਦੀ ਕਮਾਨ

**ਚੜ੍ਹਦੀਕਲਾ ਬਿਊਰੋ**

================

ਇੰਫਾਲ 3 ਫਰਵਰੀ : ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਯੁਮਨਾਮ ਖੇਮਚੰਦ ਸਿੰਘ ਮਨੀਪੁਰ ਦੇ ਨਵੇਂ ਮੁੱਖ ਮੰਤਰੀ ਹੋਣਗੇ। ਦਿੱਲੀ ਵਿੱਚ ਹੋਈ ਮਨੀਪੁਰ ਭਾਜਪਾ ਵਿਧਾਇਕ ਦਲ ਦੀ ਬੈਠਕ ਵਿੱਚ ਉਨ੍ਹਾਂ ਨੂੰ ਸਰਵਸੰਮਤੀ ਨਾਲ ਵਿਧਾਇਕ ਦਲ ਦਾ ਨੇਤਾ ਚੁਣ ਲਿਆ ਗਿਆ ਹੈ। ਸੂਤਰਾਂ ਅਨੁਸਾਰ, ਇਸ ਫੈਸਲੇ ਦੇ ਨਾਲ ਹੀ ਸੂਬੇ ਵਿੱਚ ਪਿਛਲੇ ਇੱਕ ਸਾਲ ਤੋਂ ਲਾਗੂ ਰਾਸ਼ਟਰਪਤੀ ਸ਼ਾਸਨ ਹੁਣ ਹਟਾ ਦਿੱਤਾ ਜਾਵੇਗਾ। ਮਨੀਪੁਰ ਦੇ ਭਾਜਪਾ ਵਿਧਾਇਕਾਂ ਦੀ ਇਹ ਅਹਿਮ ਬੈਠਕ ਮੰਗਲਵਾਰ ਸ਼ਾਮ ਕਰੀਬ 5 ਵਜੇ ਭਾਜਪਾ ਹੈੱਡਕੁਆਰਟਰ ਵਿਖੇ ਹੋਈ।



ਇਸ ਤੋਂ ਪਹਿਲਾਂ ਭਾਜਪਾ ਦੇ ਜਨਰਲ ਸਕੱਤਰਾਂ ਦੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਪਾਰਟੀ ਦੇ ਐਕਸਟੈਂਸ਼ਨ ਦਫ਼ਤਰ ਵਿੱਚ ਇੱਕ ਮਹੱਤਵਪੂਰਨ ਮੀਟਿੰਗ ਹੋਈ। ਇਸ ਬੈਠਕ ਵਿੱਚ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ, ਸੰਗਠਨ ਜਨਰਲ ਸਕੱਤਰ ਬੀ.ਐਲ. ਸੰਤੋਸ਼ ਅਤੇ ਰਾਸ਼ਟਰੀ ਜਨਰਲ ਸਕੱਤਰ ਸੁਨੀਲ ਬੰਸਲ ਵੀ ਮੌਜੂਦ ਸਨ। ਯੁਮਨਾਮ ਖੇਮਚੰਦ ਸਿੰਘ ਮਨੀਪੁਰ ਦੇ ਇੱਕ ਪ੍ਰਮੁੱਖ ਭਾਜਪਾ ਆਗੂ ਹਨ ਅਤੇ ਉਹ 2 ਵਾਰ ਵਿਧਾਇਕ ਚੁਣੇ ਜਾ ਚੁੱਕੇ ਹਨ। ਉਨ੍ਹਾਂ ਨੇ 2017 ਅਤੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਿੰਗਜਾਮੇਈ (ਬਾਕੀ ਸਫਾ 2 'ਤੇ)

## ਪੰਜਾਬ ਸਮੇਤ ਦੇਸ਼ ਭਰ 'ਚ ਬੀਤੇ 10 ਸਾਲਾਂ ਦੌਰਾਨ ਬੰਦ ਹੋਏ 93,000 ਤੋਂ ਵੱਧ ਸਕੂਲ

**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 3 ਫਰਵਰੀ :ਭਾਰਤ ਦੀ ਸਿੱਖਿਆ ਵਿਵਸਥਾ ਨੂੰ ਲੈ ਕੇ ਇੱਕ ਬਹੁਤ ਹੀ ਚਿੰਤਾਜਨਕ ਤਸਵੀਰ ਸਾਹਮਣੇ ਆਈ ਹੈ। ਸੰਸਦ ਵਿੱਚ ਪੇਸ਼ ਕੀਤੇ ਗਏ ਅੰਕੜਿਆਂ ਅਨੁਸਾਰ, ਪਿਛਲੇ ਦਸ ਸਾਲਾਂ ਵਿੱਚ ਦੇਸ਼ ਭਰ ਵਿੱਚ 93,000 ਤੋਂ ਵੱਧ ਸਕੂਲ ਬੰਦ ਹੋ ਚੁੱਕੇ ਹਨ। ਕੇਂਦਰੀ ਸਿੱਖਿਆ ਰਾਜ ਮੰਤਰੀ ਜਯੰਤ ਚੌਧਰੀ ਨੇ ਲੋਕ ਸਭਾ ਵਿੱਚ ਇੱਕ ਸਵਾਲ ਦੇ ਜਵਾਬ ਵਿੱਚ ਇਹ ਖੁਲਾਸਾ ਕੀਤਾ ਕਿ ਸਕੂਲ ਬੰਦ ਹੋਣ ਦਾ ਸਭ ਤੋਂ ਵੱਡਾ ਸਿਲਸਿਲਾ ਪਿਛਲੇ ਦਹਾਕੇ ਦੇ ਸ਼ੁਰੂਆਤੀ ਸਾਲਾਂ ਵਿੱਚ ਦੇਖਿਆ ਗਿਆ ਸੀ। ਸਰਕਾਰੀ ਡੇਟਾ ਅਨੁਸਾਰ, ਸਕੂਲਾਂ ਦੇ ਬੰਦ ਹੋਣ ਦੀ ਪ੍ਰਕਿਰਿਆ ਦੋ ਮੁੱਖ ਪੜਾਵਾਂ ਵਿੱਚ ਵੰਡੀ ਜਾ ਸਕਦੀ ਹੈ। 2014-15 ਤੋਂ 2019-20 ਦੌਰਾਨ ਛੇ ਸਾਲ ਸਭ ਤੋਂ ਵੱਧ ਪ੍ਰਭਾਵਿਤ ਰਹੇ, ਜਿਨ੍ਹਾਂ ਵਿੱਚ ਦੇਸ਼ ਭਰ ਦੇ 70,000 ਤੋਂ ਵੱਧ ਸਕੂਲਾਂ ਨੂੰ ਤਾਲਾ ਲੱਗ ਗਿਆ। ਇਸ ਤੋਂ ਬਾਅਦ 2020-21 ਤੋਂ 2024-25 ਦੌਰਾਨ ਕੋਰੋਨਾ ਕਾਲ ਅਤੇ ਉਸ ਤੋਂ ਬਾਅਦ ਦੇ ਸਾਲਾਂ ਵਿੱਚ ਲਗਭਗ 18,700 ਹੋਰ ਸਕੂਲ ਬੰਦ ਹੋਏ। ਹਾਲਾਂਕਿ ਰਫ਼ਤਾਰ ਕੁਝ ਘਟੀ ਹੈ, ਪਰ ਸਕੂਲ ਬੰਦ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਉੱਤਰ ਪ੍ਰਦੇਸ਼ ਅਤੇ ਮੱਧ ਪ੍ਰਦੇਸ਼ ਇਸ ਸੂਚੀ ਵਿੱਚ ਸਭ ਤੋਂ ਉੱਪਰ ਹਨ। ਇਸ ਸੂਚੀ ਵਿਚ ਸਭ ਤੋਂ ਅੱਗੇ ਉੱਤਰ ਪ੍ਰਦੇਸ਼ ਹੈ ਜਿਥੋਂ ਦੇ 24,600 (ਦੇਸ਼ ਵਿੱਚ ਸਭ ਤੋਂ ਵੱਧ) ਬੰਦ ਹੋਏ ਹਨ।

ਇਸ ਤੋਂ ਬਾਅਦ ਮੱਧ ਪ੍ਰਦੇਸ਼ ਦੇ 22,400, ਓਡੀਸ਼ਾ ਦੇ 5,400, ਝਾਰਖੰਡ ਦੇ 5,000 ਤੋਂ ਵੱਧ, ਜੰਮੂ ਕਸ਼ਮੀਰ ਦੇ 4,400 (ਹਾਲੀਆ ਸਾਲਾਂ ਵਿੱਚ) ਤੇ (ਬਾਕੀ ਸਫਾ 2 'ਤੇ)

## ਤਾਮਿਲਨਾਡੂ ਸਰਕਾਰ ਵੱਲੋਂ ਸੂਬੇ 'ਚ ਅਨੰਦ ਮੈਰਿਜ ਐਕਟ ਲਾਗੂ

### ਅਨੰਦ ਕਾਰਜ ਰਜਿਸਟ੍ਰੇਸ਼ਨ ਨਿਯਮ-2026 ਨੂੰ ਦਿੱਤੀ ਮਨਜ਼ੂਰੀ

**ਚੜ੍ਹਦੀਕਲਾ ਬਿਊਰੋ**

================

ਚੇਨਈ, 3 ਫਰਵਰੀ : ਤਮਿਲਨਾਡੂ ਸਰਕਾਰ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੂਬੇ ਦੇ ਸਿੱਖਾਂ ਨੂੰ ਤੋਹਫ਼ਾ ਦਿੰਦੇ ਹੋਏ ਅਨੰਦ ਮੈਰਿਜ ਐਕਟ ਨੂੰ ਲਾਗੂ ਕਰ ਦਿੱਤਾ ਹੈ। ਸੁਪਰੀਮ ਕੋਰਟ ਦੇ ਹੁਕਮਾਂ ਤੋਂ ਬਾਅਦ ਸੂਬਾ ਸਰਕਾਰ ਵੱਲੋਂ ਇਹ ਨਿਯਮ ਲਾਗੂ ਕੀਤੇ ਗਏ। ਸੂਬੇ ਦੀ ਐਮ.ਕੇ. ਸਟਾਲਿਨ ਸਰਕਾਰ ਨੇ ਅਨੰਦ ਕਾਰਜ ਰਜਿਸਟ੍ਰੇਸ਼ਨ ਨਿਯਮ 2026 ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਨਾਲ ਸੂਬੇ ਵਿੱਚ ਰਹਿਣ ਵਾਲੇ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਵਿਆਹ ਦੇ ਨਿਯਮਾਂ ਵਿੱਚ ਕੋਈ ਉਲਝਣ ਨਹੀਂ ਰਹੇਗੀ ਅਤੇ ਸੂਬੇ 'ਚ ਸਿੱਖਾਂ ਦੇ ਵਿਆਹ ਅਸਾਨੀ ਨਾਲ ਰਜਿਸਟਰਡ ਹੋ ਸਕਣਗੇ।

ਜ਼ਿਕਰਯੋਗ ਹੈ ਕਿ ਪਿਛਲੇ ਸਾਲ ਸਤੰਬਰ ਵਿੱਚ ਸੁਪਰੀਮ ਕੋਰਟ ਨੇ ਸਾਰੇ ਰਾਜਾਂ ਨੂੰ ਇਹ ਨਿਰਦੇਸ਼ ਦਿੱਤਾ ਸੀ ਕਿ ਉਹ ਸਿੱਖ ਵਿਆਹਾਂ ਲਈ ਆਪਣੇ ਪੱਧਰ 'ਤੇ ਨਿਯਮ ਬਣਾਉਣ। ਅਨੰਦ ਵਿਆਹ



ਸਿੱਖ ਧਰਮ ਵਿੱਚ ਬਹੁਤ ਪਵਿੱਤਰਤਾ ਰੱਖਦਾ ਹੈ। ਸਿੱਖਾਂ ਦੇ ਵਿਆਹ ਅਨੰਦ ਕਾਰਜ ਦੀ ਰਸਮ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਾਹਮਣੇ ਸੰਪੰਨ ਹੁੰਦੇ ਹਨ ਅਤੇ ਇਸ ਵਿੱਚ ਚਾਰ ਲਾਵਾਂ ਦੀ ਰਸਮ ਸ਼ਾਮਲ ਹੁੰਦੀ ਹੈ।

ਅਜਿਹੇ ਵਿਆਹਾਂ ਨੂੰ ਸਿੱਖ ਭਾਈਚਾਰੇ ਵਿੱਚ ਲੰਬੇ ਸਮੇਂ ਤੋਂ ਧਾਰਮਿਕ ਮਾਨਤਾ ਪ੍ਰਾਪਤ ਹੈ, ਪਰ ਜੋੜਿਆਂ ਨੂੰ ਅਕਸਰ ਰਜਿਸਟ੍ਰੇਸ਼ਨ ਪ੍ਰਾਪਤ ਕਰਨ ਵਿੱਚ ਪ੍ਰਸ਼ਾਸਨਿਕ ਰੁਕਾਵਟਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਖਾਸ ਕਰਕੇ ਪਛਾਣ ਦਸਤਾਵੇਜ਼ਾਂ, ਵਿਰਾਸਤ, ਵੀਜ਼ਾ, ਬੈਂਕਿੰਗ ਅਤੇ ਹੋਰ ਨਾਗਰਿਕ ਮਾਮਲਿਆਂ ਨਾਲ ਜੁੜੇ ਮੁੱਦਿਆਂ ਨੂੰ ਨਿਭਾਉਂਦੇ ਸਮੇਂ। ਤਮਿਲਨਾਡੂ ਸਰਕਾਰ ਦੇ ਨਿਯਮਾਂ ਅਨੁਸਾਰ ਹੁਣ ਤਮਿਲਨਾਡੂ ਵਿੱਚ ਕਿਤੇ ਵੀ ਸੰਪੰਨ ਹੋਏ ਅਨੰਦ ਵਿਆਹਾਂ ਨੂੰ ਵਿਆਹ ਰਜਿਸਟਰਾਰ ਕੋਲ ਰਜਿਸਟਰ ਕੀਤਾ ਜਾ ਸਕਦਾ ਹੈ।

## ਗੁ. ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਸੇਵਾ ਲਈ ਬਣੇ ਜੱਥਿਆਂ ਦੀ ਮਨਮਰਜ਼ੀ ਨਾਲ ਗੁਰਮਤਿ ਅਤੇ ਸੰਗਤ ਦੀ ਮਰਿਯਾਦਾ ਹੋ ਰਹੀ ਹੈ ਪ੍ਰਭਾਵਿਤ

### ਸੇਵਾ ਦੇ ਨਾਮ 'ਤੇ ਮੋਟੀ ਮਾਇਆ ਇਕੱਤਰ ਕਰਨ ਅਤੇ ਸਟੇਜਾਂ 'ਤੇ ਕਬਜ਼ੇ ਦੇ ਦੋਸ਼

### ਐਸ.ਜੀ.ਪੀ.ਸੀ. ਪ੍ਰਬੰਧ 'ਤੇ ਸਵਾਲ, ਗ਼ਲਤ ਵਰਤਾਰੇ ਦੀ ਜਾਣਕਾਰੀ ਦੇ ਬਾਵਜੂਦ ਨਾ ਹੋਈ ਕਾਰਵਾਈ ਐਸ.ਜੀ.ਪੀ.ਸੀ. ਪ੍ਰਧਾਨ ਤੇ ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਦੀ ਚੁੱਪੀ ਚਿੰਤਾਜਨਕ

**ਬਬਲੂ ਮਹਾਜਨ**

================

ਅੰਮ੍ਰਿਤਸਰ, 3 ਫਰਵਰੀ :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ਼ਹੀਦ ਗੰਜ ਵਿਖੇ ਆਏ ਦਿਨ ਗੁਰਦੁਆਰਾ ਸਾਹਿਬ ਵਿਖੇ ਸੇਵਾ ਨਿਭਾਉਣ ਵਾਲੇ ਪ੍ਰੇਮੀਆਂ ਵੱਲੋਂ ਗਲਤ ਕਾਰਵਾਈਆਂ ਕੀਤੀਆਂ ਜਾਂਦੀਆਂ ਹਨ, ਜੋ ਕਿ ਗੁਰਮਤਿ ਵਿਰੋਧੀ ਹੋਣ ਦੇ ਨਾਲ-ਨਾਲ ਸੰਗਤ ਦੀਆਂ ਭਾਵਨਾਵਾਂ ਨਾਲ ਖਿਲਵਾੜ ਅਤੇ ਡਿਊਟੀ ਨਿਭਾ ਰਹੇ ਮੁਲਾਜ਼ਮਾਂ ਨੂੰ ਧਮਕਾਉਣ ਤੱਕ ਦੀਆਂ ਹੁੰਦੀਆਂ ਹਨ।

ਗੁਰਦੁਆਰਾ ਸਾਹਿਬ ਵਿਖੇ ਸੰਗਤ ਅਤੇ ਮੁਲਾਜ਼ਮਾਂ ਨਾਲ ਗੱਲ ਕਰਨ 'ਤੇ ਆਪਣਾ ਨਾਮ ਗੁਪਤ





ਰੱਖਦਿਆਂ ਦੱਸਿਆ ਗਿਆ ਹੈ ਕਿ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਕਈ ਪ੍ਰੇਮੀਆਂ ਨੇ ਆਪਣਾ ਦਬਦਬਾ ਬਣਾਉਂਦਿਆਂ ਜਥੇ ਬਣਾਏ ਹੋਏ ਹਨ। ਇਥੋਂ ਤੱਕ ਸੁਣਨ ਨੂੰ ਮਿਲਿਆ ਹੈ ਕਿ ਇਹ ਜੱਥੇ ਗੁਰਦੁਆਰਾ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਆਯੋਜਿਤ ਕੀਤੇ ਸਮਾਗਮਾਂ ਵਿੱਚ ਸੰਗਤਾਂ ਪਾਸੋਂ ਸੇਵਾ ਦੇ ਨਾਮ 'ਤੇ ਬਹੁਤ ਮੋਟੀ ਮਾਇਆ ਇਕੱਤਰ ਕਰਦੇ ਹਨ।

ਸ਼੍ਰੋਮਣੀ ਕਮੇਟੀ ਦੀਆਂ ਸਟੇਜਾਂ ਤੱਕ 'ਤੇ ਇਹਨਾਂ ਦਾ ਕਬਜ਼ਾ ਹੁੰਦਾ ਹੈ।ਕਿਸ ਨੂੰ ਸਨਮਾਨ ਕਰਨਾ, ਕਿਸ ਪਾਸੋਂ ਕੀਰਤਨ ਕਰਵਾਉਣਾ, ਇਥੋਂ ਤੱਕ ਕਿ ਸਾਰੀ ਡਿਊਟੀਆਂ ਵੀ ਇਹੋ ਹੀ ਲਗਾਉਂਦੇ ਹਨ। ਕਿਸੇ ਵੇਲੇ ਤਾਂ ਸਟੇਜ ਗੁਰਮਤਿ ਦੀ ਘੱਟ ਤੇ ਸਿਆਸੀ ਜ਼ਿਆਦਾ ਲੱਗਦੀ ਹੈ। ਸਟੇਜ ਉੱਤੇ ਗੁਰ ਇਤਿਹਾਸ ਨਾਲ ਜੋੜਨ ਦੇ ਨਾਲ-ਨਾਲ ਆਪਣੇ ਸਿਆਸੀ ਆਗੂਆਂ ਅਤੇ ਜਿਸ ਸੰਗਤ ਪਾਸੋਂ ਮੋਟੀ ਰਕਮ ਵਸੂਲ ਕੀਤੀ ਹੁੰਦੀ ਹੈ ਉਸਨੂੰ ਖੁਸ਼ ਕਰਨ ਲਈ ਉਹਨਾਂ ਦਾ ਸਨਮਾਨ ਵੀ ਕੀਤਾ ਜਾਂਦਾ ਹੈ। ਜੇਕਰ ਇਸ ਸਬੰਧੀ ਸ਼੍ਰੋਮਣੀ ਕਮੇਟੀ ਦਾ ਕੋਈ ਮੁਲਾਜ਼ਮ ਇਹਨਾਂ ਨੂੰ ਸਮਝਾਏ ਜਾਂ ਇਹਨਾਂ ਨੂੰ ਕੋਈ ਸੁਝਾਅ ਦੇਵੇ ਤਾਂ ਉਸਨੂੰ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਰਾਹੀਂ ਬਦਲੀ ਕਰਵਾਉਣ ਤੱਕ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ। ਸ਼੍ਰੋਮਣੀ ਕਮੇਟੀ ਲਈ ਇਹਨਾਂ ਸੇਵਕ ਨਾਮ ਦੇ ਜਥਿਆਂ ਨੂੰ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਵਿੱਚ ਇਹਨਾਂ ਅੱਗੇ ਕਰਨਾ ਸੰਗਤ ਅਤੇ ਪ੍ਰਬੰਧ ਲਈ ਚੰਗਾ ਨਹੀਂ ਹੈ। ਇਹ ਜੱਥੇ ਆਪਣੇ (ਬਾਕੀ ਸਫਾ 2 'ਤੇ)

### ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਦੀ ਨਿਯੁਕਤੀ 'ਤੇ ਚਰਚਾ ਤੇਜ਼

ਅੰਮ੍ਰਿਤਸਰ, 3 ਫਰਵਰੀ (ਬਬਲੂ ਮਹਾਜਨ): ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਦੇ ਛੁੱਟੀ 'ਤੇ ਜਾਣ ਤੋਂ ਬਾਅਦ ਕਾਰਜਕਾਰੀ ਤੌਰ 'ਤੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੂੰ ਕਾਰਜਕਾਰੀ ਸੇਵਾਵਾਂ ਸੌਂਪੀਆਂ ਗਈਆਂ ਹਨ। 15 ਫਰਵਰੀ ਦੇ ਕਰੀਬ ਆਉਣ ਵਾਲੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਗਿਆਨੀ ਪਰਵਿੰਦਰਪਾਲ ਸਿੰਘ ਬੁੱਟਰ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਲਗਾਉਣ ਦਾ ਫ਼ੈਸਲਾ ਲਿਆ ਜਾ ਸਕਦਾ ਹੈ। ਚਰਚਾ ਹੈ ਕਿ ਪਹਿਲਾਂ ਇਹ ਫ਼ੈਸਲਾ 31 ਜਨਵਰੀ ਨੂੰ ਰੱਖੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਲੈਣਾ ਸੀ, ਪਰ ਕੁਝ ਜ਼ਰੂਰੀ ਰੁਝੇਵਿਆਂ ਕਾਰਨ ਇਸ ਮੀਟਿੰਗ ਨੂੰ ਮੁਲਤਵੀ ਕਰ ਦਿੱਤਾ ਸੀ। ਹੁਣ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 15 ਫਰਵਰੀ ਦੇ ਆਸਪਾਸ ਰੱਖਣ ਲਈ ਮੀਟਿੰਗ ਦਾ ਏਜੰਡਾ ਤਿਆਰ ਕੀਤਾ ਜਾ ਰਿਹਾ ਹੈ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਦੀ ਨਿਯੁਕਤੀ ਦਾ ਫ਼ੈਸਲਾ ਵੀ ਕੀਤਾ ਜਾ ਸਕਦਾ ਹੈ। ਇਥੇ ਇਹ ਵੀ ਦਸਣਯੋਗ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਪਿਛਲੇ ਤਿੰਨ ਮਹੀਨਿਆਂ ਤੋਂ ਛੁੱਟੀ ਲੈ ਕੇ (ਬਾਕੀ ਸਫਾ 2 'ਤੇ)

# ਮੁੱਖ ਮੰਤਰੀ ਦੇ ਯਤਨਾਂ ਸਦਕਾ ਹਿੰਦੂਜਾ ਗਰੁੱਪ ਨੇ ਪੰਜਾਬ 'ਚ ਨਿਵੇਸ਼ ਲਈ ਦਿਖਾਈ ਡੂੰਘੀ ਦਿਲਚਸਪੀ

## ਪੰਜਾਬ ਪਸੰਦੀਦਾ ਵਿਸ਼ਵਵਿਆਪੀ ਨਿਵੇਸ਼ ਸਥਾਨ ਵਜੋਂ ਉੱਭਰ ਰਿਹੈ: ਭਗਵੰਤ ਸਿੰਘ ਮਾਨ

ਮੁੰਬਈ, 3 ਫਰਵਰੀ (ਚ.ਨ.ਸ.) : ਪੰਜਾਬ ਨੂੰ ਵਿਸਵਵਿਆਪੀ ਨਿਵੇਸ ਕੇਂਦਰ ਵਜੋਂ ਸਥਾਪਤ ਕਰਨ ਦੀ ਕੋਸ਼ਿਸ ਵਿੱਚ ਹੋਰ ਤੇਜ ਆਈ ਹੈ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅੱਜ ਵਿਸਵ ਦੀ ਉੱਘੀ ਕੰਪਨੀ ਹਿੰਦੂਜਾ ਗਰੁੱਪ ਨਾਲ ਕੀਤੇ ਵਿਆਪਕ ਵਿਚਾਰ-ਵਟਾਂਦਰੇ ਉਪਰੰਤ ਕੰਪਨੀ ਨੇ ਸੂਬੇ ਵਿੱਚ ਨਿਵੇਸ ਕਰਨ ਵਿੱਚ ਡੂੰਘੀ ਦਿਲਚਸਪੀ ਦਿਖਾਈ ਹੈ। ਪੰਜਾਬ ਨੂੰ ਇੱਕ ਸਥਿਰ, ਭਵਿੱਖ ਲਈ ਤਿਆਰ ਅਤੇ ਕਾਰੋਬਾਰ-ਅਨੁਕੂਲ ਸਥਾਨ ਵਜੋਂ ਪੇਸ ਕਰਦਿਆਂ, ਮੁੱਖ ਮੰਤਰੀ ਨੇ ਸੂਬੇ ਦੇ ਵਿਕਸਤ ਹੋ ਰਹੇ ਉਦਯੋਗਿਕ ਖੇਤਰ, ਨੀਤੀਗਤ ਸੁਧਾਰਾਂ ਅਤੇ ਨਿਵੇਸਕਾਂ ਦੇ ਵਧ ਰਹੇ ਵਿਸਵਾਸ ਨੂੰ ਉਜਾਗਰ ਕੀਤਾ, ਜਿਸ ਸਦਕਾ ਮਾਰਚ 2022 ਤੋਂ ਹੁਣ ਤੱਕ 1.5 ਲੱਖ ਕਰੋੜ ਰੁਪਏ ਦੇ ਨਿਵੇਸ ਪ੍ਰਸਤਾਵ ਪ੍ਰਾਪਤ ਹੋਏ ਅਤੇ ਇਲੈਕਟ੍ਰਿਕ ਗਤੀਸੀਲਤਾ ਤੋਂ ਲੈ ਕੇ ਡਿਜੀਟਲ ਸੇਵਾਵਾਂ ਤੱਕ ਦੇ ਖੇਤਰਾਂ ਦੇ ਵਿਸਥਾਰ ਦਾ ਸਪਸਟ ਰੋਡਮੈਪ ਤਿਆਰ ਵਿੱਚ ਮਦਦ ਮਿਲੀ।

ਮੀਟਿੰਗ ਦੌਰਾਨ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨਿਵੇਸ ਦੇ ਦ੍ਰਿਸਟੀਕੋਣ ਤੋਂ ਪੰਜਾਬ ਦੇਸ ਦਾ ਸਭ ਤੋਂ ਪਸੰਦੀਦਾ ਸੂਬਾ ਹੈ ਕਿਉਂਕਿ ਇਥੇ ਬੁਨਿਆਦੀ ਢਾਂਚੇ ਸਬੰਧੀ ਬਿਹਤਰ ਸਹੂਲਤਾਂ, ਵਾਧੂ ਬਿਜਲੀ, ਹੁਨਰਮੰਦ ਮਨੁੱਖੀ ਸਕਤੀ, ਸਾਨਦਾਰ ਸੜਕ, ਰੇਲ ਅਤੇ ਹਵਾਈ ਸੰਪਰਕ, ਬਿਹਤਰ ਦੂਰਸੰਚਾਰ ਨੈੱਟਵਰਕ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਦੀਆਂ ਸਹੂਲਤਾਂ ਉਪਲੱਬਧ ਹਨ।"

ਸੂਬੇ ਵਿੱਚ ਉਪਲਬਧ ਮੌਕਿਆਂ ਬਾਰੇ ਜਾਣਕਾਰੀ ਦਿੰਦਿਆਂ, ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਇਲੈਕਟ੍ਰਿਕ ਵਾਹਨ, ਵਿੱਤੀ ਅਤੇ ਡਿਜੀਟਲ ਸੇਵਾਵਾਂ, ਡਿਜੀਟਲ ਤਬਦੀਲੀ ਅਤੇ ਸਾਈਬਰ ਸੁਰੱਖਿਆ, ਨਵਿਆਉਣਯੋਗ ਊਰਜਾ ਅਤੇ ਸਥਿਰਤਾ, ਸਿਹਤ ਸੰਭਾਲ ਅਤੇ ਸਮਾਜਿਕ ਪ੍ਰਭਾਵ, ਉਦਯੋਗਿਕ ਅਤੇ ਰੀਅਲ ਅਸਟੇਟ ਸਹਿਯੋਗ, ਰਣਨੀਤਕ ਪ੍ਰਾਪਤੀਆਂ ਅਤੇ ਨਿਵੇਸ ਵਰਗੇ ਖੇਤਰਾਂ ਵਿੱਚ ਨਿਵੇਸ ਲਈ ਅਥਾਹ ਸੰਭਾਵਨਾਵਾਂ ਹਨ। ਉਨ੍ਹਾਂ ਕਿਹਾ, "ਪੰਜਾਬ ਕੋਲ ਲਚਕੀਲਾਪਣ, ਉੱਦਮੀ ਮਾਨਸਿਕਤਾ ਅਤੇ ਅਮੀਰ ਵਿਰਾਸਤ ਹੈ ਅਤੇ ਹਿੰਦੂਜਾ ਗਰੁੱਪ ਇਸ ਦਾ ਲਾਹਾ ਲੈ ਸਕਦਾ ਹੈ।" ਉਨ੍ਹਾਂ ਕਿਹਾ ਕਿ ਪੰਜਾਬ ਨੂੰ ਭਾਰਤ ਦਾ ਅੰਨਦਾਤਾ ਹੋਣ 'ਤੇ ਸੁਭਾਗ ਪ੍ਰਾਪਤ ਹੈ ਅਤੇ ਦੇਸ ਦੇ ਅਨਾਜ ਭੰਡਾਰ ਵਿੱਚ ਸਭ ਤੋਂ ਵੱਡਾ ਯੋਗਦਾਨ ਪਾਉਂਦਾ ਹੈ।




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿੱਥੇ ਪੰਜਾਬ ਨੇ ਰਵਾਇਤੀ ਤੌਰ 'ਤੇ ਦੇਸ ਦੀ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ, ਉੱਥੇ ਹੀ ਸੂਬੇ ਦਾ ਉਦਯੋਗਿਕ ਖੇਤਰ ਨਵੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ। ਉਨ੍ਹਾਂ ਕਿਹਾ, "ਅੱਜ ਪੰਜਾਬ ਇੱਕ ਉਦਯੋਗਿਕ ਪਾਵਰਹਾਊਸ ਹੈ, ਜੋ ਫੂਡ ਪ੍ਰੋਸੈਸਿੰਗ, ਟੈਕਸਟਾਈਲ, ਆਟੋ ਕੰਪੋਨੈਂਟ, ਹੈਂਡ ਟੂਲ, ਸਾਈਕਲ, ਸੂਚਨਾ ਤਕਨਾਲੋਜੀ, ਸੈਰ-ਸਪਾਟਾ ਅਤੇ ਹੋਰ ਖੇਤਰਾਂ ਵਿੱਚ ਮੋਹਰੀ ਹੈ।"

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਉਦਯੋਗਿਕ ਵਿਕਾਸ ਨੇ ਇੱਕ ਵਿਸਵਵਿਆਪੀ ਪੱਧਰ 'ਤੇ ਪਹਿਚਾਣ ਬਣਾਈ ਹੈ ਅਤੇ ਦੁਨੀਆ ਭਰ ਦੇ ਨਿਵੇਸਕ ਸੂਬੇ ਦੀਆਂ ਸਮਰੱਥਾਵਾਂ ਨੂੰ ਮਾਨਤਾ ਦੇ ਰਹੇ ਹਨ। ਉਨ੍ਹਾਂ ਕਿਹਾ, "ਮਾਰਚ 2022 ਤੋਂ ਹੁਣ ਤੱਕ ਪੰਜਾਬ ਨੂੰ 1.5 ਲੱਖ ਕਰੋੜ ਰੁਪਏ ਦੇ ਨਿਵੇਸ ਪ੍ਰਸਤਾਵ ਪ੍ਰਾਪਤ ਹੋਏ ਹਨ ਜਿਸ ਨਾਲ 5.3 ਲੱਖ ਤੋਂ ਵੱਧ ਨੌਕਰੀਆਂ ਪੈਦਾ ਕਰਨ ਦੀ ਸੰਭਾਵਨਾ ਹੈ। ਸੂਬਾ ਉਦਯੋਗਿਕ ਵਿਕਾਸ ਅਤੇ ਨਵੀਨਤਾ ਦੇ ਪ੍ਰਮੁੱਖ ਕੇਂਦਰ ਵਜੋਂ ਉਭਰ ਰਿਹਾ ਹੈ।"

ਵਿਸ਼ਵਪੱਧਰੀ ਕਾਰਪੋਰੇਸਨਾਂ ਵੱਲੋਂ ਪ੍ਰਗਟਾਏ ਗਏ ਵਿਸਵਾਸ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਨੈਸਲੇ, ਕਲਾਸ, ਫਰੂਡੇਨਬਰਗ, ਕਾਰਗਿਲ, ਵਰਬੀਓ ਅਤੇ ਡੈਨੋਨ ਵਰਗੀਆਂ ਕਈ ਵੱਕਾਰੀ ਅੰਤਰਰਾਸਟਰੀ ਕੰਪਨੀਆਂ ਹਨ ਜਿਨ੍ਹਾਂ ਨੇ ਸੂਬੇ ਵਿੱਚ ਆਪਣੀਆਂ ਯੂਨਿਟਾਂ ਸਥਾਪਿਤ ਕੀਤੀਆਂ ਹਨ ਅਤੇ ਸੂਬੇ ਆਰਥਿਕ ਵਿਕਾਸ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਅੰਤਰਰਾਸਟਰੀ ਕੰਪਨੀਆਂ ਪੰਜਾਬ ਵਿੱਚ ਕਾਰੋਬਾਰਾਂ ਦੇ ਵਿਕਾਸ ਲਈ ਸੂਬੇ ਵੱਲੋਂ ਪ੍ਰਦਾਨ ਕੀਤੇ ਗਏ ਉਦਯੋਗ ਪੱਖੀ ਮਾਹੌਲ ਦਾ ਲਾਭ ਲੈ ਰਹੀਆਂ ਹਨ।" ਉਨ੍ਹਾਂ ਅੱਗੇ ਕਿਹਾ ਕਿ ਸੂਬੇ ਦੀ ਵਿਸਵਵਿਆਪੀ ਪਹੁੰਚ ਜਾਪਾਨ, ਸੰਯੁਕਤ ਰਾਜ ਅਮਰੀਕਾ, ਜਰਮਨੀ, ਯੂਨਾਈਟਿਡ ਕਿੰਗਡਮ, ਸੰਯੁਕਤ ਅਰਬ ਅਮੀਰਾਤ, ਸਵਿਟਜਰਲੈਂਡ, ਫਰਾਂਸ, ਸਪੇਨ ਅਤੇ ਹੋਰ ਦੇਸਾਂ ਵੱਲੋਂ ਸੂਬੇ ਵਿੱਚ ਨਿਵੇਸ ਦੀ ਦਿਲਚਸਪੀ ਤੋਂ ਸਪੱਸਟ ਹੁੰਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਵਿਕਾਸ ਗਾਥਾ ਹਾਲੇ ਸ਼ੁਰੂਆਤੀ ਦੌਰ ਵਿੱਚ ਹੈ। ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਹੁਣ ਨਾ ਸਿਰਫ਼ ਭਾਰਤੀ ਨਿਵੇਸ਼ਕਾਂ ਲਈ ਸਗੋਂ ਦੁਨੀਆ ਭਰ ਦੇ ਨਿਵੇਸ਼ਕਾਂ ਲਈ ਇੱਕ ਪਸੰਦੀਦਾ ਨਿਵੇਸ਼ ਸਥਾਨ ਬਣ ਗਿਆ ਹੈ।" ਉਨ੍ਹਾਂ ਦੱਸਿਆ ਕਿ ਹਾਲ ਹੀ ਦੇ ਮਹੀਨਿਆਂ ਵਿੱਚ, ਸੂਬਾ ਸਰਕਾਰ ਨੇ ਜਾਪਾਨ ਅਤੇ ਕੋਰੀਆ ਗਣਰਾਜ ਵਿੱਚ ਉੱਚ-ਪੱਧਰੀ ਅੰਤਰਰਾਸ਼ਟਰੀ ਗਤੀਵਿਧੀਆਂ ਕੀਤੀਆਂ ਹਨ, ਜਿਸ ਨਾਲ ਪੰਜਾਬ ਦੀ ਆਲਮੀ ਭਾਈਵਾਲੀ ਨੂੰ ਹੋਰ ਮਜ਼ਬੂਤੀ ਮਿਲੀ ਹੈ। ਉਨ੍ਹਾਂ ਕਿਹਾ, "ਇਨ੍ਹਾਂ ਗਤੀਵਿਧੀਆਂ ਨੇ ਉੱਨਤ ਨਿਰਮਾਣ, ਇਲੈਕਟ੍ਰਿਕ ਵਾਹਨ ਗਤੀਸ਼ੀਲਤਾ, ਇਲੈਕਟ੍ਰਾਨਿਕਸ ਅਤੇ ਡਿਸਪਲੇ ਤਕਨਾਲੋਜੀਆਂ, ਨਵਿਆਉਣਯੋਗ ਊਰਜਾ, ਫੂਡ ਪ੍ਰੋਸੈਸਿੰਗ ਅਤੇ ਖੇਡ ਵਿਗਿਆਨ ਵਿੱਚ ਸਹਿਯੋਗ ਲਈ ਨਵੇਂ ਰਾਹ ਖੋਲ੍ਹੇ ਹਨ।"

ਵਿਸ਼ਵਵਿਆਪੀ ਉਦਯੋਗਿਕ ਆਗੂਆਂ ਨਾਲ ਗੱਲਬਾਤ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਟੋਕੀਓ, ਓਸਾਕਾ ਅਤੇ ਸਿਓਲ ਦੀਆਂ ਪ੍ਰਮੁੱਖ ਕੰਪਨੀਆਂ ਅਤੇ ਸੰਸਥਾਵਾਂ ਨੇ ਪੰਜਾਬ ਦੇ ਸ਼ਾਸਨ ਮਾਡਲ, ਰਾਜ ਦੇ ਹੁਨਰਮੰਦ ਕਾਰਜਬਲ ਅਤੇ ਬਾਅਦ ਦੀ ਦੇਖਭਾਲ ਪ੍ਰਤੀ ਇਸਦੀ ਵਚਨਬੱਧਤਾ ਵਿੱਚ ਪੂਰਾ ਭਰੋਸਾ ਪ੍ਰਗਟਾਇਆ ਹੈ। ਉਨ੍ਹਾਂ ਕਿਹਾ, "ਇਨ੍ਹਾਂ ਆਲਮੀ ਨਵੀਨਤਾ ਕੇਂਦਰਾਂ ਤੋਂ ਪ੍ਰਾਪਤ ਸਿੱਖਿਆਵਾਂ, ਭਾਵੇਂ ਉਹ ਜਾਪਾਨ ਦੀ ਨਿਰਮਾਣ ਅਤੇ ਖੋਜ ਤੇ ਵਿਕਾਸ ਵਿੱਚ ਉੱਤਮਤਾ ਹੋਵੇ ਜਾਂ ਕੋਰੀਆ ਦੇ ਪੈਂਗਯੋ ਟੈਕਨੋ ਵੈਲੀ ਵਰਗੇ ਗਤੀਸ਼ੀਲ ਮਾਡਲ, ਹੁਣ ਪੰਜਾਬ ਦੇ ਉਦਯੋਗਿਕ ਵਿਕਾਸ ਦੇ ਅਗਲੇ ਪੜਾਅ ਵਿੱਚ ਸ਼ਾਮਲ ਕੀਤੀਆਂ ਜਾ ਰਹੀਆਂ ਹਨ,"। ਉਨ੍ਹਾਂ ਅੱਗੇ ਕਿਹਾ ਕਿ ਰਾਜ ਨੇ ਇੱਕ ਨਿਵੇਸ਼ਕ-ਅਨੁਕੂਲ ਈਕੋਸਿਸਟਮ ਬਣਾਇਆ ਹੈ ਜੋ ਕਾਰੋਬਾਰ ਕਰਨ ਦੀ ਆਸਾਨੀ ਨੂੰ ਉਤਸ਼ਾਹਿਤ ਕਰਦਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਨੇ ਕਾਰੋਬਾਰ ਕਰਨ ਦੀ ਆਸਾਨੀ ਵਿੱਚ 'ਟੌਪ ਅਚੀਵਰ' ਦਾ ਦਰਜਾ ਪ੍ਰਾਪਤ ਕੀਤਾ ਹੈ ਅਤੇ ਫਾਸਟ ਟਰੈਕ ਪੰਜਾਬ ਪੋਰਟਲ ਲਾਂਚ ਕੀਤਾ ਹੈ, ਜਿਸਨੂੰ ਭਾਰਤ ਦਾ ਸਭ ਤੋਂ ਉੱਨਤ ਸਿੰਗਲ-ਵਿੰਡੋ ਸਿਸਟਮ ਦੱਸਿਆ ਗਿਆ ਹੈ। ਉਨ੍ਹਾਂ ਕਿਹਾ, "ਪੋਰਟਲ 200 ਤੋਂ ਵੱਧ ਸਰਕਾਰ-ਤੋਂ-ਕਾਰੋਬਾਰ ਪ੍ਰਵਾਨਗੀਆਂ ਅਤੇ ਸੇਵਾਵਾਂ ਦੇ ਨਾਲ ਸਿੰਗਲ ਐਂਟਰੀ ਅਤੇ ਐਗਜ਼ਿਟ ਦੀ ਪੇਸ਼ਕਸ਼ ਕਰਦਾ ਹੈ, ਜ਼ੀਰੋ ਔਫਲਾਈਨ ਅਰਜ਼ੀਆਂ ਅਤੇ ਤੇਜ਼-ਟਰੈਕ ਪ੍ਰਵਾਨਗੀਆਂ ਨੂੰ ਯਕੀਨੀ ਬਣਾਉਂਦਾ ਹੈ,"।

ਪੰਜਾਬ ਦੇ ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਰਾਈਟ ਟੂ ਬਿਜ਼ਨਸ ਐਕਟ ਰਾਹੀਂ, ਸੂਬੇ ਵੱਲੋਂ 125 ਕਰੋੜ ਰੁਪਏ ਤੱਕ ਦੀਆਂ ਯੋਗ ਇਕਾਈਆਂ ਲਈ ਸਿਰਫ਼ ਪੰਜ ਦਿਨਾਂ ਦਰ ਸਿਧਾਂਤਕ ਪ੍ਰਵਾਨਗੀ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ, "ਪੰਜਾਬ ਪਹਿਲਾ ਸੂਬਾ ਹੈ, ਜਿਸਨੇ 45 ਦਿਨਾਂ ਦੇ ਅੰਦਰ ਸਮਾਂ-ਬੱਧ ਪ੍ਰਵਾਨਗੀਆਂ, ਡੀਮਡ ਐਪਰੂਵਲਜ਼, ਐਸਕੇਲੇਸ਼ਨ ਵਿਧੀਆਂ ਅਤੇ ਮੁੱਖ ਲਾਇਸੈਂਸਾਂ ਲਈ ਵਧਾਈ ਗਈ ਵੈਧਤਾ ਵਰਗੇ ਵੱਡੇ ਰੈਗੂਲੇਟਰੀ ਸੁਧਾਰ ਪੇਸ਼ ਕੀਤੇ ਹਨ।"""

ਨਿਵੇਸ਼ਕ ਸਹੂਲਤ 'ਤੇ ਜ਼ੋਰ ਦਿੰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਟਸਐਪ ਅਲਰਟ, ਆਰਟੀਫੀਸ਼ੀਅਲ ਇੰਟੈਲੀਜੈਂਸ ਚੈਟਬੋਟ ਅਤੇ ਕਾਲ ਸੈਂਟਰ ਵਰਗੀਆਂ ਸਹਾਇਤਾ ਵਿਧੀਆਂ ਅਸਲ-ਸਮੇਂ ਦੀ ਜਵਾਬਦੇਹੀ ਨੂੰ ਯਕੀਨੀ ਬਣਾਉਂਦੀਆਂ ਹਨ। ਉਨ੍ਹਾਂ ਕਿਹਾ, "ਡਿਜੀਟਲ ਚੀਫ਼ ਰਿਸਕ ਅਫਸਰ ਰਿਪੋਰਟਾਂ, ਫਾਇਰ ਨੋ-ਆਬਜੈਕਸ਼ਨ ਸਰਟੀਫਿਕੇਟਾਂ ਦੀ ਵਧਾਈ ਗਈ ਵੈਧਤਾ ਅਤੇ ਲੀਜ਼ਹੋਲਡ-ਟੂ-ਫਰੀਹੋਲਡ ਪਰਿਵਰਤਨਾਂ ਨਾਲ ਕੰਮਾਂ ਨੂੰ ਹੋਰ ਸਰਲ ਬਣਾਇਆ ਜਾ ਰਿਹਾ ਹੈ।"

ਸਹਿਯੋਗ ਦੀ ਮਹੱਤਤਾ ਨੂੰ ਦੁਹਰਾਉਂਦੇ ਹੋਏ ਉਨ੍ਹਾਂ ਕਿਹਾ ਕਿ ਸਰਕਾਰ ਅਤੇ ਉਦਯੋਗ ਵਿਚਕਾਰ ਭਾਈਵਾਲੀ ਸਫਲਤਾ ਦਾ ਧੁਰਾ ਹੈ। ਉਨ੍ਹਾਂ ਕਿਹਾ,"ਉਦਯੋਗਿਕ ਵਿਕਾਸ ਤਾਂ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ ਜਦੋਂ ਸਰਕਾਰ ਅਤੇ ਉਦਯੋਗ ਬਰਾਬਰ ਭਾਈਵਾਲਾਂ ਵਜੋਂ ਕੰਮ ਕਰਦੇ ਹਨ,।" ਉਨ੍ਹਾਂ ਕਿਹਾ ਕਿ ਇਹ ਸਿਧਾਂਤ 2022 ਵਿੱਚ ਪੇਸ਼ ਕੀਤੀ ਗਈ ਪੰਜਾਬ ਦੀ ਨਵੀਂ ਉਦਯੋਗਿਕ ਨੀਤੀ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ," ਨੀਤੀ ਨੂੰ ਉਦਯੋਗ ਦੇ ਆਗੂਆਂ ਅਤੇ ਭਾਈਵਾਲਾਂ ਨਾਲ ਸਲਾਹ-ਮਸ਼ਵਰਾ ਕਰਕੇ ਬਣਾਇਆ ਗਿਆ ਸੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਹ ਉਨ੍ਹਾਂ ਦੀਆਂ ਜ਼ਰੂਰਤਾਂ ਅਤੇ ਇੱਛਾਵਾਂ ਨੂੰ ਪੂਰਾ ਕਰੇ,।"

ਮੁੱਖ ਮੰਤਰੀ ਨੇ ਉਦਯੋਗ ਦੇ ਆਗੂਆਂ ਨੂੰ ਦੱਸਿਆ ਕਿ ਸੂਬੇ ਨੇ ਸੈਕਟਰ-ਵਿਸ਼ੇਸ਼ ਨੀਤੀਆਂ ਤਿਆਰ ਕਰਨ ਲਈ 24 ਸੈਕਟਰਲ ਕਮੇਟੀਆਂ ਦਾ ਗਠਨ ਕੀਤਾ ਹੈ, ਜਿਨ੍ਹਾਂ ਵਿੱਚੋਂ ਹਰੇਕ ਦੀ ਪ੍ਰਧਾਨਗੀ ਉਦਯੋਗ ਦੇ ਆਗੂਆਂ ਦੁਆਰਾ ਕੀਤੀ ਜਾਂਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਰਾਜ ਸਰਕਾਰ ਉਦਯੋਗਾਂ ਅਤੇ ਕਾਰੋਬਾਰਾਂ ਨਾਲ ਸਮਾਨਤਾ, ਪਾਰਦਰਸ਼ਤਾ ਅਤੇ ਆਪਸੀ ਸਹਾਇਤਾ ਦੀ ਭਾਈਵਾਲੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।"

13 ਤੋਂ 15 ਮਾਰਚ ਤੱਕ ਮੋਹਾਲੀ, ਪੰਜਾਬ ਦੇ ਆਈਟੀ ਸਿਟੀ, ਪਲਾਕਸ਼ਾ ਯੂਨੀਵਰਸਿਟੀ ਵਿਖੇ ਹੋਣ ਵਾਲੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ- 2026 ਲਈ ਉਦਯੋਗ ਦੇ ਆਗੂਆਂ ਨੂੰ ਸੱਦਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੰਮੇਲਨ ਉਦਯੋਗ ਦੇ ਆਗੂਆਂ, ਨੀਤੀ ਨਿਰਮਾਤਾਵਾਂ ਅਤੇ ਨਵੀਨਤਾਕਾਰਾਂ ਨੂੰ ਇੱਕਜੁੱਟ ਕਰੇਗਾ। " ਉਨ੍ਹਾਂ ਕਿਹਾ, "ਇਹ ਵਿਚਾਰ ਸਾਂਝੇ ਕਰਨ ਅਤੇ ਪੰਜਾਬ ਦੇ ਭਵਿੱਖ ਦੇ ਉਦਯੋਗਿਕ ਸੁਪਨੇ ਨੂੰ ਆਕਾਰ ਦੇਣ ਲਈ ਸਹਿਯੋਗ ਕਰਨ ਲਈ ਇੱਕ ਪਲੇਟਫਾਰਮ ਵਜੋਂ ਕੰਮ ਕਰੇਗਾ,"।

*ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਹੇਠ ਪੰਜਾਬ ਦੇ ਵਫਦ ਨੇ ਪ੍ਰਮੁੱਖ ਕਾਰਪੋਰੇਟ ਅਤੇ ਉਦਯੋਗ ਸਮੂਹਾਂ ਨਾਲ ਉੱਚ ਪੱਧਰੀ ਮੀਟਿੰਗਾਂ ਕੀਤੀਆਂ*

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਸਰਕਾਰ ਦੇ ਨਿਵੇਸ ਲਿਆਉਣ ਦੇ ਉਪਰਾਲਿਆਂ ਵਜੋਂ ਦੋ-ਰੋਜ਼ਾ ਮੁੰਬਈ ਨਿਵੇਸ ਰੋਡ ਸ਼ੋਅ ਦੀ ਸ਼ੁਰੂਆਤ ਕੀਤੀ। ਇਹ ਰੋਡ ਸ਼ੋਅ ਮੋਹਾਲੀ ਵਿੱਚ 13-15 ਮਾਰਚ 2026 ਤੱਕ ਹੋਣ ਵਾਲੇ ਪ੍ਰੋਗਰੈਸਿਵ ਪੰਜਾਬ ਨਿਵੇਸਕ ਸੰਮੇਲਨ 2026 ਤੋਂ ਪਹਿਲਾਂ ਮੁੱਖ ਪ੍ਰੀ-ਸਮਿਟ ਪਹਿਲਕਦਮੀ ਵਜੋਂ ਆਯੋਜਿਤ ਕੀਤਾ ਗਿਆ ਸੀ।

ਮੁੰਬਈ ਰੋਡ ਸ਼ੋਅ ਦਾ ਉਦੇਸ ਪ੍ਰਮੁੱਖ ਉਦਯੋਗਪਤੀਆਂ ਨੂੰ ਰਸਮੀ ਤੌਰ 'ਤੇ ਸੰਮੇਲਨ ਦੇ ਸੱਦੇ ਦੇਣਾ ਅਤੇ ਕਾਰਪੋਰੇਟਾਂ, ਵਿੱਤੀ ਸੰਸਥਾਵਾਂ ਅਤੇ ਸੈਕਟਰ ਦੇ ਆਗੂਆਂ ਨਾਲ ਨਿਵੇਸ ਸਬੰਧਾਂ ਨੂੰ ਮਜਬੂਤ ਕਰਨਾ ਸੀ, ਜਦੋਂ ਕਿ ਪੰਜਾਬ ਦੇ ਸੁਧਾਰ-ਮੁਖੀ, ਨਿਵੇਸਕ-ਅਨੁਕੂਲ ਸਾਸਨ ਢਾਂਚੇ ਨੂੰ ਪ੍ਰਦਰਸ਼ਿਤ ਕਰਨਾ ਸੀ।

ਰੋਡ ਸ਼ੋਅ ਦੇ ਪਹਿਲੇ ਦਿਨ, ਪੰਜਾਬ ਦੇ ਵਫਦ ਨੇ ਹਿੰਦੁਸਤਾਨ ਯੂਨੀਲੀਵਰ ਲਿਮਟਿਡ, ਮੋਤੀਲਾਲ ਓਸਵਾਲ ਗਰੁੱਪ, ਕਾਰਗਿਲ ਇੰਡੀਆ, ਹਿੰਦੂਜਾ ਗਰੁੱਪ, ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸਨ ਲਿਮਟਿਡ, ਐਚਪੀਸੀਐਲ-ਮਿੱਤਲ ਐਨਰਜੀ ਲਿਮਟਿਡ, ਵਾਰੀ ਗਰੁੱਪ, ਪਾਰਕਸਨ ਪੈਕੇਜਿੰਗ ਅਤੇ ਵਿਸਲਿੰਗ ਵੁੱਡਜ ਇੰਟਰਨੈਸਨਲ ਸਮੇਤ ਪ੍ਰਮੁੱਖ ਕਾਰਪੋਰੇਟ ਸਮੂਹਾਂ ਦੀ ਸੀਨੀਅਰ ਲੀਡਰਸ਼ਿਪ ਨਾਲ ਉੱਚ-ਪੱਧਰੀ ਇਕ-ਤੋਂ-ਇਕ ਮੀਟਿੰਗਾਂ ਦੀ ਇੱਕ ਲੜੀ ਕੀਤੀ।

ਚਰਚਾ ਦੌਰਾਨ ਪੰਜਾਬ ਵਿੱਚ ਫਾਸਟਟਰੈਕ ਸਿੰਗਲ-ਵਿੰਡੋ ਕਲੀਅਰੈਂਸ ਪ੍ਰਣਾਲੀ, ਸਮਾਂ-ਬੱਧ ਪ੍ਰਵਾਨਗੀਆਂ, ਕਾਰੋਬਾਰ ਦਾ ਅਧਿਕਾਰਤ ਢਾਂਚਾ, ਨੀਤੀ ਸਥਿਰਤਾ, ਹੁਨਰਮੰਦ ਮਨੁੱਖੀ ਸਕਤੀ ਅਤੇ ਮਜਬੂਤ ਉਦਯੋਗਿਕ ਬੁਨਿਆਦੀ ਢਾਂਚੇ ਨੂੰ ਉਜਾਗਰ ਕੀਤਾ ਗਿਆ।

ਇਸ ਤੋਂ ਪਹਿਲਾਂ ਦਿਨ ਵਿੱਚ, ਮੁੱਖ ਮੰਤਰੀ ਦੀ ਮੇਜਬਾਨੀ ਹਿੰਦੂਜਾ ਗਰੁੱਪ ਦੇ ਚੇਅਰਮੈਨ ਅਸੋਕ ਪੀ. ਹਿੰਦੂਜਾ ਨੇ ਕੀਤੀ। ਇਸ ਮੌਕੇ 'ਤੇ, ਮੁੱਖ ਮੰਤਰੀ ਨੇ ਰਸਮੀ ਤੌਰ 'ਤੇ "ਕੋਇਨਜ ਆਫ ਕੁਨਿੰਦਸ (ਪੰਜਾਬ ਖੇਤਰ)" ਸਿਰਲੇਖ ਵਾਲੀ ਇੱਕ ਕਿਤਾਬ ਜਾਰੀ ਕੀਤੀ, ਜੋ ਪੰਜਾਬ ਦੇ ਅਮੀਰ ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਦੇ ਨਾਲ-ਨਾਲ ਇਸਦੇ ਅਗਾਂਹਵਧੂ ਆਰਥਿਕ ਦ੍ਰਿਸਟੀਕੋਣ ਨੂੰ ਦਰਸਾਉਂਦੀ ਹੈ।

ਪਹਿਲੇ ਦਿਨ ਦੀ ਸਮਾਪਤੀ ਇੱਕ ਪੰਜਾਬ ਰੋਡ ਸੋਅ ਸੈਸਨ ਨਾਲ ਹੋਈ, ਜਿਸ ਵਿੱਚ ਟਾਟਾ ਕੰਸਲਟੈਂਸੀ ਸਰਵਿਸਿਜ, ਟਾਟਾ ਸਟੀਲ, ਐਕਸੈਂਚਰ, ਯੂਪੀਐਲ, ਟਾਇਨੋਰ, ਵਿਸਲਿੰਗ ਵੁੱਡਸ, ਗ੍ਰੋਥਕੈਪ ਵੈਂਚਰਸ ਅਤੇ ਵਰਲਡ ਟ੍ਰੇਡ ਸੈਂਟਰ ਮੁੰਬਈ ਵਰਗੇ ਸੰਗਠਨਾਂ ਦੀ ਨੁਮਾਇੰਦਗੀ ਕਰਨ ਵਾਲੇ ਸੀਨੀਅਰ ਉਦਯੋਗ ਆਗੂਆਂ ਦੀ ਜੋਰਦਾਰ ਭਾਗੀਦਾਰੀ ਦੇਖਣ ਨੂੰ ਮਿਲੀ। ਉਦਯੋਗ ਦੇ ਪ੍ਰਤੀਨਿਧੀਆਂ ਨੇ ਪੰਜਾਬ ਦੀ ਉਦਯੋਗਿਕ ਸੰਭਾਵਨਾ ਬਾਰੇ ਆਪਣੇ ਦ੍ਰਿਸਟੀਕੋਣ ਸਾਂਝੇ ਕੀਤੇ ਅਤੇ ਰਾਜ ਦੁਆਰਾ ਦਿੱਤੇ ਗਏ ਸੁਹਿਰਦ ਸਾਸਨ ਵਾਤਾਵਰਣ ਅਤੇ ਜਵਾਬਦੇਹ ਸੰਸਥਾਗਤ ਸਹਾਇਤਾ ਨੂੰ ਉਜਾਗਰ ਕੀਤਾ।

ਉਦਯੋਗ ਭਾਗੀਦਾਰਾਂ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਇਹ ਨਿਵੇਸਕਾਂ ਲਈ ਪੰਜਾਬ ਵਿੱਚ ਨਿਵੇਸ ਕਰਨ ਦਾ ਸਹੀ ਸਮਾਂ ਹੈ। ਉਨ੍ਹਾਂ ਜੋਰ ਦੇ ਕੇ ਕਿਹਾ ਕਿ ਸੂਬਾ ਇੱਕ ਮੁਕਾਬਲੇਬਾਜ ਨਿਰਮਾਣ ਅਤੇ ਸੇਵਾਵਾਂ ਦੇ ਅਧਾਰ ਵਜੋਂ ਸੇਵਾ ਕਰਨ ਲਈ ਚੰਗੀ ਸਥਿਤੀ ਵਿੱਚ ਹੈ, ਜੋ ਨਾ ਸਿਰਫ ਘਰੇਲੂ ਬਾਜਾਰਾਂ ਸਗੋਂ ਵਿਸਵਵਿਆਪੀ ਪੱਧਰ ਉੱਤੇ ਸਪਲਾਈ ਕਰਦਾ ਹੈ। ਮੁੱਖ ਮੰਤਰੀ ਨੇ ਉਦਯੋਗਾਂ ਨੂੰ ਪੰਜਾਬ ਤੋਂ ਕੰਮਕਾਜ ਦਾ ਪੱਧਰ ਵਧਾਉਣ, ਮੁੱਲ ਲੜੀ ਨੂੰ ਅੱਗੇ ਵਧਾਉਣ ਅਤੇ ਨਵੀਨਤਾ, ਉਤਪਾਦਕਤਾ ਅਤੇ ਵਿਸਵਵਿਆਪੀ ਮੁਕਾਬਲੇਬਾਜੀ ਨੂੰ ਵਧਾਉਣ ਲਈ ਖੋਜ ਅਤੇ ਵਿਕਾਸ 'ਤੇ ਵਧੇਰੇ ਧਿਆਨ ਕੇਂਦਰਿਤ ਕਰਨ ਦਾ ਸੱਦਾ ਦਿੱਤਾ।

ਮੁੱਖ ਮੰਤਰੀ ਨੇ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ ਨੂੰ ਵੱਡੇ ਉੱਦਮਾਂ ਵੱਲ ਵਧਣ, ਨਿਰਮਾਣ ਅਤੇ ਸੇਵਾਵਾਂ ਨੂੰ ਮਜਬੂਤ ਕਰਨ ਅਤੇ ਨਿਰੰਤਰ ਸੁਧਾਰਾਂ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਸਰਗਰਮ ਨਿਵੇਸਕ ਸਹੂਲਤ ਰਾਹੀਂ ਪੰਜਾਬ ਨੂੰ ਉੱਤਰੀ ਭਾਰਤ ਵਿੱਚ ਪਸੰਦੀਦਾ ਨਿਵੇਸ ਸਥਾਨ ਵਜੋਂ ਸਥਾਪਤ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

## ਪਹਿਲੇ ਸਫ਼ੇ ਦੀ ਬਾਕੀ

### ਡਾਟਾ ਸਾਂਝਾ ਕਰਨ ਦੇ ਨਾਮ 'ਤੇ ਨਿੱਜਤਾ ਦੇ

ਨੀਤੀ ਨੂੰ ਸਮਝਣ ਦੇ ਯੋਗ ਹੈ? ਉਨ੍ਹਾਂ ਕਿਹਾ ਕਿ ਵਟਸਐੱਪ ਸਿਰਫ਼ ਸੇਵਾ ਪ੍ਰਦਾਨ ਕਰਨ ਲਈ ਹੈ, ਨਾ ਕਿ ਡਾਟਾ ਇਕੱਠਾ ਕਰਕੇ ਸਾਂਝਾ ਕਰਨ ਲਈ। ਅਦਾਲਤ ਨੇ ਜ਼ੋਰ ਦਿੱਤਾ ਕਿ ਯੂਜ਼ਰਸ ਦੀ ਸੂਚਿਤ ਸਹਿਮਤੀ ਬਿਨਾਂ ਕੁਝ ਵੀ ਪ੍ਰਵਾਨ ਨਹੀਂ ਕੀਤਾ ਜਾਵੇਗਾ।

ਡਾਟਾ ਅਤੇ ਇਸ਼ਤਿਹਾਰਾਂ ਦਾ ਗਠਜੋੜ
ਸੁਣਵਾਈ ਦੌਰਾਨ ਸੀਜੇਆਈ ਨੇ ਇਕ ਨਿੱਜੀ ਮਿਸਾਲ ਸਾਂਝੀ ਕਰਦਿਆਂ ਡਾਟਾ ਦੀ ਦੁਰਵਰਤੋਂ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਦੱਸਿਆ ਕਿ ਜੇਕਰ ਕੋਈ ਡਾਕਟਰ ਵਟਸਐੱਪ 'ਤੇ ਦਵਾਈਆਂ ਦੇ ਨਾਮ ਲਿਖ ਕੇ ਭੇਜਦਾ ਹੈ, ਤਾਂ ਪੰਜ ਮਿੰਟਾਂ ਦੇ ਅੰਦਰ ਹੀ ਉਸੇ ਦਵਾਈ ਨਾਲ ਸਬੰਧਤ ਇਸ਼ਤਿਹਾਰਾਂ ਦੀ ਹੜ੍ਹ ਆ ਜਾਂਦੀ ਹੈ। ਅਦਾਲਤ ਨੇ ਇਸ ਨੂੰ ਨਿੱਜਤਾ ਦੀ ਉਲੰਘਣਾ ਦਾ ਗੰਭੀਰ ਮੁੱਦਾ ਮੰਨਿਆ ਹੈ।

213 ਕਰੋੜ ਰੁਪਏ ਦਾ ਜੁਰਮਾਨਾ
ਇਹ ਮਾਮਲਾ ਕੰਪੀਟੀਸ਼ਨ ਕਮਿਸ਼ਨ ਆਫ ਇੰਡੀਆ (ਸੀ.ਸੀ.ਆਈ.) ਵੱਲੋਂ ਲਗਾਏ ਗਏ 213 ਕਰੋੜ ਰੁਪਏ ਦੇ ਜੁਰਮਾਨੇ ਨਾਲ ਜੁੜਿਆ ਹੋਇਆ ਹੈ। ਸੀ.ਸੀ.ਆਈ.ਨੇ ਨਵੰਬਰ 2024 'ਚ ਵਟਸਐੱਪ 'ਤੇ ਆਪਣੀ ਮਜ਼ਬੂਤ ਸਥਿਤੀ ਦੀ ਦੁਰਵਰਤੋਂ ਕਰਨ ਅਤੇ ਯੂਜ਼ਰਸ ਨੂੰ ਨਵੀਂ ਪਾਲਿਸੀ ਮੰਨਣ ਲਈ ਮਜ਼ਬੂਰ ਕਰਨ ਦਾ ਦੋਸ਼ ਲਾਇਆ ਸੀ। ਹਾਲਾਂਕਿ ਵਟਸਐੱਪ ਦੇ ਵਕੀਲ ਨੇ ਦਲੀਲ ਦਿੱਤੀ ਕਿ ਉਨ੍ਹਾਂ ਦੀ ਪਾਲਿਸੀ ਦੂਜੇ ਦੇਸ਼ਾਂ ਦੇ ਨਿਯਮਾਂ ਮੁਤਾਬਕ ਹੀ ਹੈ, ਪਰ ਅਦਾਲਤ ਨੇ ਇਸ ਨੂੰ ਸਵੀਕਾਰ ਨਹੀਂ ਕੀਤਾ। ਸੁਪਰੀਮ ਕੋਰਟ ਨੇ ਹੁਣ ਇਸ ਮਾਮਲੇ ਨੂੰ ਤਿੰਨ ਜੱਜਾਂ ਦੀ ਬੈਂਚ ਕੋਲ ਭੇਜ ਦਿੱਤਾ ਹੈ ਅਤੇ ਸਾਰੀਆਂ ਧਿਰਾਂ ਨੂੰ ਨੋਟਿਸ ਜਾਰੀ ਕਰਕੇ ਹਲਫਨਾਮਾ ਦਾਇਰ ਕਰਨ ਲਈ ਸਮਾਂ ਦਿੱਤਾ ਹੈ। ਮਾਮਲੇ ਦੀ ਅਗਲੀ ਸੁਣਵਾਈ 9 ਫਰਵਰੀ ਨੂੰ ਹੋਵੇਗੀ।

### ਸੁਪਰੀਮ ਕੋਰਟ ਵੱਲੋਂ ਜੰਗਲ ਸਫਾਰੀ ਦੌਰਾਨ

ਤਹਿਤ ਰਾਜਾਜੀ ਟਾਈਗਰ ਰਿਜ਼ਰਵ ਦੇ ਪੰਜੋਂ ਜ਼ੋਨਾਂ 'ਚ ਮੋਬਾਈਲ ਫ਼ੋਨ ਲਿਜਾਣ 'ਤੇ ਪਾਬੰਦੀ ਰਹੇਗੀ। ਜੰਗਲਾਤ ਖੇਤਰ ਅਧਿਕਾਰੀ ਦੀਪਕ ਰਾਵਤ ਅਨੁਸਾਰ, ਜੰਗਲ ਸਫਾਰੀ ਦੌਰਾਨ ਅਕਸਰ ਸੈਲਾਨੀ ਜਾਨਵਰਾਂ ਨੂੰ ਦੇਖ ਕੇ ਉਨ੍ਹਾਂ ਦੀਆਂ ਤਸਵੀਰਾਂ ਲੈਣ ਲਈ ਉਨ੍ਹਾਂ ਦੇ ਬਹੁਤ ਨੇੜੇ ਚਲੇ ਜਾਂਦੇ ਹਨ। ਮੋਬਾਈਲ ਦੀ ਫਲੈਸ਼ ਲਾਈਟ ਅਤੇ ਰੌਲੇ-ਰੱਪੇ ਕਾਰਨ ਜੰਗਲ ਦੀ ਕੁਦਰਤੀ ਸ਼ਾਂਤੀ ਭੰਗ ਹੁੰਦੀ ਹੈ ਅਤੇ ਜਾਨਵਰਾਂ ਦੀ ਇਕਾਗਰਤਾ 'ਚ ਵਿਘਨ ਪੈਂਦਾ ਹੈ। ਇਸ ਨਾਲ ਮਨੁੱਖਾਂ ਅਤੇ ਜੰਗਲੀ ਜੀਵਾਂ ਵਿਚਕਾਰ ਸੰਘਰਸ਼ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ। ਜੰਗਲ 'ਚ ਅਨੁਸ਼ਾਸਨ ਬਣਾਈ ਰੱਖਣ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਲਈ ਇਹ ਕਦਮ ਚੁੱਕਿਆ ਗਿਆ ਹੈ। ਟਾਈਗਰ ਰਿਜ਼ਰਵ ਦੇ ਗੇਟਾਂ 'ਤੇ ਇਸ ਸਬੰਧੀ ਨੋਟਿਸ ਲਗਾ ਦਿੱਤੇ ਗਏ ਹਨ। ਹੁਣ ਸੈਲਾਨੀਆਂ ਨੂੰ ਆਪਣੇ ਫ਼ੋਨ ਰਿਸੈਪਸ਼ਨ 'ਤੇ ਜਮ੍ਹਾਂ ਕਰਵਾਉਣੇ ਪੈਣਗੇ, ਜਿਸ ਦੇ ਬਦਲੇ ਉਨ੍ਹਾਂ ਨੂੰ ਇਕ ਰਸੀਦ ਦਿੱਤੀ ਜਾਵੇਗੀ। ਵਿਭਾਗ ਵੱਲੋਂ ਫ਼ੋਨ ਰੱਖਣ ਲਈ ਲਾਕਰ ਰੂਮਾਂ ਦੀ ਵਿਵਸਥਾ ਵੀ ਕੀਤੀ ਜਾ ਰਹੀ ਹੈ।

### ਸੰਸਦ 'ਚ ਸੱਤਾਧਾਰੀ ਅਤੇ ਵਿਰੋਧੀ ਧਿਰ ਵਿਚਾਲੇ

ਸੰਸਦ ਦੇ ਮੌਜੂਦਾ ਸੈਸ਼ਨ ਦੇ ਬਾਕੀ ਬਚੇ ਸਮੇਂ ਲਈ ਸਾਰੇ ਮੈਂਬਰਾਂ ਨੂੰ ਮੁਅੱਤਲ ਕੀਤਾ ਜਾਵੇ। ਸਦਨ ਨੇ ਜ਼ੁਬਾਨੀ ਵੋਟ ਰਾਹੀਂ ਮਤੇ ਨੂੰ ਮਨਜ਼ੂਰੀ ਦੇ ਦਿਤੀ, ਜਿਸ ਤੋਂ ਬਾਅਦ ਸਦਨ ਨੂੰ ਦਿਨ ਲਈ ਮੁਲਤਵੀ ਕਰ ਦਿਤਾ ਗਿਆ।

ਇਸ ਤੋਂ ਪਹਿਲਾਂ ਰਾਹੁਲ ਗਾਂਧੀ ਵਲੋਂ ਚੀਨ ਦਾ ਮੁੱਦਾ ਉਠਾਉਣ ਦੀ ਕੋਸ਼ਿਸ਼, ਅਮਰੀਕਾ ਨਾਲ ਵਪਾਰ ਸਮਝੌਤੇ ਅਤੇ ਕੁੱਝ ਹੋਰ ਮੁੱਦਿਆਂ ਨੂੰ ਲੈ ਕੇ ਸਦਨ ਦੀ ਕਾਰਵਾਈ ਤਿੰਨ ਵਾਰ ਮੁਲਤਵੀ ਕਰਨੀ ਪਈ ਸੀ।

ਇਸ ਦੌਰਾਨ ਸਮਾਜਵਾਦੀ ਪਾਰਟੀ ਦੇ ਮੈਂਬਰਾਂ ਨੇ ਵਾਰਾਨਸੀ ਦੇ ਮਣੀਕਰਣਿਕਾ ਘਾਟ ਉਤੇ ਮਹਾਰਾਣੀ ਅਹਿਲਿਆਬਾਈ ਹੋਲਕਰ ਦੇ ਬੁੱਤ ਦੀ ਕਥਿਤ ਭੰਨਤੋੜ ਦਾ ਮੁੱਦਾ ਉਠਾਇਆ ਅਤੇ 'ਅਹਿਲਿਆਬਾਈ ਦਾ ਅਪਮਾਨ, ਹਿੰਦੁਸਤਾਨ ਬਰਦਾਸ਼ਤ ਨਹੀਂ ਕਰੇਗਾ' ਦੇ ਨਾਅਰੇ ਲਗਾਏ।

ਮੁਅੱਤਲ ਵਿਰੋਧੀ ਧਿਰ ਦੇ ਮੈਂਬਰਾਂ ਨੇ ਸੰਸਦ ਕੰਪਲੈਕਸ ਵਿਚ ਸਰਕਾਰ ਵਿਰੁਧ ਨਾਅਰੇਬਾਜ਼ੀ ਕੀਤੀ। ਉਨ੍ਹਾਂ ਨਾਲ ਰਾਹੁਲ ਗਾਂਧੀ, ਕਾਂਗਰਸ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਅਤੇ ਕਈ ਹੋਰ ਵਿਰੋਧੀ ਧਿਰ ਦੇ ਸੰਸਦ ਮੈਂਬਰ ਵੀ ਮੌਜੂਦ ਸਨ।

### ਸੰਸਦ 'ਚ ਮੈਨੂੰ ਕਿਉਂ ਨਹੀਂ ਬੋਲਣ

ਬਾਰੇ ਮੰਤਰੀ ਕਿਰਨ ਰਿਜਿਜੂ ਨੇ ਰਾਹੁਲ ਗਾਂਧੀ ਦੇ ਦੋਸ਼ਾਂ 'ਤੇ ਸਖ਼ਤ ਇਤਰਾਜ਼ ਜਤਾਇਆ। ਇਸ ਦੌਰਾਨ ਰਿਜਿਜੂ ਨੇ ਕਿਹਾ ਕਿ ਵਿਰੋਧੀ ਧਿਰ ਸਦਨ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਉਨ੍ਹਾਂ ਨੇ ਸਪੀਕਰ ਨਾਲ ਹੋਈ ਆਪਣੀ ਮੁਲਾਕਾਤ ਦਾ ਹਵਾਲਾ ਦਿੰਦੇ ਹੋਏ ਅਪੀਲ ਕੀਤੀ ਕਿ ਚਰਚਾ ਸਦਨ ?ਦੀ ਮਾਣ-ਮਰਿਆਦਾ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਜਾਵੇ ਅਤੇ ਬੇਲੋੜੇ ਮੁੱਦਿਆਂ ਨੂੰ ਛੱਡ ਦਿੱਤਾ ਜਾਵੇ। ਹੰਗਾਮੇ ਦੇ ਵਿਚਕਾਰ, ਸਦਨ ਦੀ ਮਰਿਆਦਾ ਉਸ ਸਮੇਂ ਜਾਂਚ ਦੇ ਘੇਰੇ ਵਿੱਚ ਆ ਗਈ, ਜਦੋਂ ਇੱਕ ਮੈਂਬਰ ਨੇ ਪ੍ਰਧਾਨਗੀ ਅਧਿਕਾਰੀ (ਚੇਅਰਪਰਸਨ) ਨੂੰ ਸੰਬੋਧਨ ਕਰਦੇ ਹੋਏ 'ਦੋਸਤ' ਸ਼ਬਦ ਦੀ ਵਰਤੋਂ ਕੀਤੀ। ਉਸ ਸਮੇਂ ਕ੍ਰਿਸ਼ਨਾ ਪ੍ਰਸਾਦ ਟੇਨੇਟੀ ਮੰਚ 'ਤੇ ਬੈਠੇ ਸਨ। ਉਨ੍ਹਾਂ ਨੇ ਸਖ਼ਤ ਲਹਿਜੇ ਵਿੱਚ ਫਟਕਾਰ ਲਗਾਉਂਦੇ ਹੋਏ ਕਿਹਾ, 'ਇਹ ਸੰਸਦ ਹੈ, ਇਸ ਜਗ੍ਹਾ ਦੀ ਆਪਣੀ ਸ਼ਾਨ ਹੈ, ਆਪਣੀ ਸ਼ਬਦਾਵਲੀ ਵੱਲ ਧਿਆਨ ਦਿਓ।'

### ਪੰਜਾਬ ਐਸ.ਜੀ.ਐਸ.ਟੀ. ਵਿਕਾਸ ਦਰ

ਨਾਲ ਵਸੂਲਿਆ ਗਿਆ ਕੁੱਲ ਜੀ.ਐਸ.ਟੀ. 19,415 ਕਰੋੜ ਰੁਪਏ ਤੋਂ ਵਧ ਕੇ 22,014 ਕਰੋੜ ਰੁਪਏ ਹੋ ਗਿਆ ਹੈ। ਇਸੇ ਸਮੇਂ ਦੌਰਾਨ ਕੁੱਲ ਜੀ.ਐਸ.ਟੀ. ਵਸੂਲਣ ਦੀ ਦਰ ਵਿੱਚ ਵੀ 13.0 ਫ਼ੀਸਦ ਦਾ ਵਾਧਾ ਦਰਜ ਕੀਤਾ ਗਿਆ ਹੈ, ਜੋ ਪੰਜਾਬ ਵਿੱਚ ਟੈਕਸ ਅਧਾਰ ਦੀ ਲਚਕਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਦੱਸਿਆ ਕਿ ਜਨਵਰੀ, 2026 ਵਿੱਚ ਐਸ.ਜੀ.ਐਸ.ਟੀ. ਨਕਦ ਵਸੂਲਣ ਸਬੰਧੀ ਵੀ ਅਸਧਾਰਨ ਕਾਰਗੁਜ਼ਾਰੀ ਦਰਜ ਕੀਤੀ ਗਈ ਹੈ, ਜਿਸ ਵਿੱਚ 14.4 ਫ਼ੀਸਦ ਦਾ ਵਾਧਾ ਹੋਇਆ ਹੈ ਅਤੇ ਇਹ ਵਿਕਾਸ ਦਰ ਇਸ ਮਹੀਨੇ ਦੌਰਾਨ ਭਾਰਤ ਦੇ ਸਾਰੇ ਸੂਬਿਆਂ ਵਿੱਚੋਂ ਸਭ ਤੋਂ ਵੱਧ ਹੈ। ਇਹ ਦਰ ਲਗਭਗ 6 ਫ਼ੀਸਦ ਦੀ ਰਾਸ਼ਟਰੀ ਔਸਤ ਨਾਲੋਂ ਕਾਫੀ ਵੱਧ ਹੈ, ਜਿਸ ਨਾਲ ਪੰਜਾਬ ਪੂਰੇ ਭਾਰਤ ਵਿੱਚ ਮੋਹਰੀ ਬਣ ਕੇ ਉਭਰਿਆ ਹੈ। ਮੰਤਰੀ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕਰਦਾਤਾਵਾਂ ਦੀ ਸਹੂਲਤ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਸਿਰਫ਼ ਜਨਵਰੀ 2026 ਦੌਰਾਨ, 129 ਕਰੋੜ ਰੁਪਏ ਦੇ ਐਸ.ਜੀ.ਐਸ.ਟੀ. ਰਿਫੰਡ ਜਾਰੀ ਕੀਤੇ ਗਏ ਸਨ, ਜਦੋਂ ਕਿ ਮਹੀਨੇ ਵਿੱਚ ਰਿਫੰਡ ਕੀਤਾ ਕੁੱਲ ਜੀ.ਐਸ.ਟੀ. ਲਗਭਗ 300 ਕਰੋੜ ਰੁਪਏ ਹੈ। ਸਮੇਂ ਸਿਰ ਅਤੇ ਨਿਯਮਤ ਢੰਗ ਨਾਲ ਰਿਫੰਡ ਯਕੀਨੀ ਬਣਾਉਣਾ ਅਤੇ ਵਿਆਪਕ ਪੱਧਰ 'ਤੇ ਮਾਲੀਆ ਜੁਟਾਉਣਾ ਇੱਕ ਪਰਿਪੱਕ, ਪਾਰਦਰਸ਼ੀ ਅਤੇ ਕਰਦਾਤਾ ਪੱਖੀ ਟੈਕਸ ਪ੍ਰਸ਼ਾਸਨ ਨੂੰ ਦਰਸਾਉਂਦਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਲਾਗੂਕਰਨ ਸਬੰਧੀ ਕਾਰਵਾਈਆਂ ਦੇ ਵੀ ਸਾਰਥਕ ਨਤੀਜੇ ਸਾਹਮਣੇ ਆਏ ਹਨ। ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਸ (ਐਸ.ਆਈ.ਪੀਯੂਜ਼) ਨੇ ਜਨਵਰੀ, 2026 ਦੌਰਾਨ ਸੜਕਾਂ 'ਤੇ ਜਾਂਚ, ਨਿਰੀਖਣ ਅਤੇ ਤਸਦੀਕ ਰਾਹੀਂ ਆਈਟੀਸੀ ਚੋਰੀ ਨੂੰ ਰੋਕ ਕੇ ਅਤੇ ਜਾਅਲੀ ਬਿਲਿੰਗ ਦੇ ਰੁਝਾਨ ਨੂੰ ਠੱਲ੍ਹ ਪਾ ਕੇ 200 ਕਰੋੜ ਰੁਪਏ ਦੇ ਅੰਕੜੇ ਨੂੰ ਪਾਰ ਕੀਤਾ ਹੈ। ਇਸ ਦੇ ਨਾਲ, ਮੌਜੂਦਾ ਵਿੱਤੀ ਸਾਲ ਦੌਰਾਨ ਲਾਗੂਕਰਨ ਸਬੰਧੀ ਕੁੱਲ ਵਸੂਲੀ 1,000 ਕਰੋੜ ਰੁਪਏ ਦੇ ਕਰੀਬ ਹੈ, ਜੋ ਕਿ ਹੁਣ ਤੱਕ ਦੀ ਸਭ ਤੋਂ ਵੱਧ ਵਸੂਲੀ ਹੈ, ਜੋ ਸਪੱਸ਼ਟ ਤੌਰ 'ਤੇ ਟੈਕਸ ਚੋਰੀ ਵਿਰੁੱਧ ਤੇਜ਼ ਅਤੇ ਡੇਟਾ-ਅਧਾਰਤ ਕਾਰਵਾਈ ਨੂੰ ਦਰਸਾਉਂਦੀ ਹੈ। ਮੰਤਰੀ ਨੇ ਦੱਸਿਆ ਕਿ ਜੀ.ਐਸ.ਟੀ. 2.0 ਨਾਲ ਸਬੰਧਤ ਚੁਣੌਤੀਆਂ ਤੋਂ ਇਲਾਵਾ, ਪਿਛਲੇ ਤਿੰਨ ਮਹੀਨਿਆਂ ਦੌਰਾਨ ਕੇਂਦਰ ਵੱਲੋਂ ਆਈ.ਜੀ.ਐਸ.ਟੀ. ਨਿਪਟਾਰੇ ਤੋਂ ਲਗਭਗ 280 ਕਰੋੜ ਰੁਪਏ ਦੀ ਇਕਪਾਸੜ ਕਟੌਤੀ ਕਾਰਨ ਪੰਜਾਬ ਨੂੰ ਹੋਰ ਵਿੱਤੀ ਦਬਾਅ ਦਾ ਸਾਹਮਣਾ ਕਰਨਾ ਪਿਆ ਹੈ। ਇਸ ਨਾਲ ਸੂਬੇ ਦੇ ਮਾਲੀਏ 'ਤੇ ਪਏ ਮਾੜੇ ਪ੍ਰਭਾਵਾਂ ਦੇ ਬਾਵਜੂਦ, ਪੰਜਾਬ ਮਜ਼ਬੂਤੀ ਨਾਲ ਵਿਕਾਸ ਵੱਲ ਵਧਿਆ ਹੈ, ਜੋ ਇਸ ਦੇ ਬਿਹਤਰ ਜੀ.ਐਸ.ਟੀ. ਪ੍ਰਬੰਧਨ ਅਤੇ ਪਾਲਣਾ ਸਬੰਧੀ ਈਕੋਸਿਸਟਮ ਨੂੰ ਦਰਸਾਉਂਦਾ ਹੈ।

ਉਨ੍ਹਾਂ ਦੱਸਿਆ ਕਿ ਦਰ ਨੂੰ ਤਰਕਸੰਗਤ ਬਣਾਉਣ, ਸੈਕਟਰ-ਵਿਸ਼ੇਸ਼ ਮਾਲੀਏ ਵਿੱਚ ਕਮੀ ਅਤੇ ਆਈ.ਜੀ.ਐਸ.ਟੀ. ਨਿਪਟਾਰੇ ਸਬੰਧੀ ਕਟੌਤੀਆਂ ਦੇ ਬਾਵਜੂਦ, ਪੰਜਾਬ ਨੇ ਸਫਲਤਾਪੂਰਵਕ ਆਪਣੇ ਮਾਲੀਆ ਅਧਾਰ ਨੂੰ ਸੁਰੱਖਿਅਤ ਰੱਖਿਆ ਹੈ ਅਤੇ ਰਾਸ਼ਟਰੀ ਔਸਤ ਤੋਂ ਕਿਤੇ ਵੱਧ ਵਿਕਾਸ ਦਰ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਕਾਰਗੁਜ਼ਾਰੀ ਨਾਲ ਇਹ ਸਪੱਸ਼ਟ ਹੁੰਦਾ ਹੈ ਕਿ ਕਿਵੇਂ ਬਿਹਤਰ ਵਿਸ਼ਲੇਸ਼ਣ, ਟੀਚਾਗਤ ਲਾਗੂਕਰਨ, ਸਵੈ-ਇੱਛਤ ਪਾਲਣਾ ਅਤੇ ਕੁਸ਼ਲ ਪ੍ਰਬੰਧਕੀ ਢਾਂਚੇ ਨਾਲ ਸੰਸਥਾਗਤ ਅਤੇ ਨੀਤੀ-ਅਧਾਰਤ ਮਾਲੀਆ ਰੁਕਾਵਟਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦੂਰ ਕੀਤਾ ਜਾ ਸਕਦਾ ਹੈ।

ਚੀਮਾ ਨੇ ਅੱਗੇ ਦੱਸਿਆ ਕਿ ਕਰ ਵਿਭਾਗ ਨਿਰਪੱਖ, ਪਾਰਦਰਸ਼ੀ ਅਤੇ ਤਕਨਾਲੋਜੀ-ਅਧਾਰਤ ਟੈਕਸ ਪ੍ਰਬੰਧਕੀ ਢਾਂਚਾ ਯਕੀਨੀ ਬਣਾਉਣ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸੂਬੇ ਦੇ ਮਾਲੀਏ ਨੂੰ ਸੁਰੱਖਿਅਤ ਰੱਖਣ ਦੇ ਨਾਲ-ਨਾਲ ਕਾਰੋਬਾਰ ਵਿੱਚ ਆਸਾਨੀ ਅਤੇ ਪਾਲਣਾ ਕਰਨ ਵਾਲੇ ਕਰਦਾਤਾਵਾਂ ਲਈ ਸਮੇਂ ਸਿਰ ਰਿਫੰਡ ਨੂੰ ਯਕੀਨੀ ਬਣਾਉਂਦਾ ਹੈ।

### ਪੰਜਾਬ 'ਚ 9 ਨਗਰ ਨਿਗਮਾਂ ਤੇ 100 ਤੋਂ ਵੱਧ ਨਗਰ

ਗਿਆ ਸੀ ਅਤੇ ਆਬਾਦੀ ਸੰਤੁਲਨ ਨੂੰ ਧਿਆਨ ਵਿੱਚ ਨਹੀਂ ਰੱਖਿਆ ਗਿਆ ਸੀ। ਇਨ੍ਹਾਂ ਦੋਸ਼ਾਂ ਦੇ ਆਧਾਰ 'ਤੇ ਪਟੀਸ਼ਨਾਂ ਦੀ ਇੱਕ ਲੜੀ ਦਾਇਰ ਕੀਤੀ ਗਈ ਹੈ ਅਤੇ ਪਟੀਸ਼ਨਾਂ ਦੀ ਗਿਣਤੀ ਹੁਣ ਦਰਜਨਾਂ ਤੱਕ ਪਹੁੰਚ ਗਈ ਹੈ। ਜਿਨ੍ਹਾਂ ਨਗਰ ਨਿਗਮਾਂ ਦੇ ਵਾਰਡਬੰਦੀ ਨੂੰ ਸਿੱਧੇ ਤੌਰ 'ਤੇ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਗਈ ਹੈ, ਉਨ੍ਹਾਂ ਵਿੱਚ ਬਟਾਲਾ, ਪਠਾਨਕੋਟ, ਕਪੂਰਥਲਾ, ਹੁਸ਼ਿਆਰਪੁਰ, ਮੋਹਾਲੀ, ਬਠਿੰਡਾ, ਅਬੋਹਰ, ਮੋਗਾ ਅਤੇ ਬਰਨਾਲਾ ਸ਼ਾਮਲ ਹਨ। ਇਨ੍ਹਾਂ ਸਾਰੀਆਂ ਨਗਰ ਨਿਗਮਾਂ ਲਈ ਚੋਣ ਨੋਟੀਫਿਕੇਸ਼ਨਾਂ 'ਤੇ ਅਗਲੀ ਸੁਣਵਾਈ 18 ਫਰਵਰੀ ਤੱਕ ਰੋਕ ਦਿੱਤੀ ਗਈ ਹੈ। ਇਸ ਹੁਕਮ ਵਿੱਚ ਸੂਬੇ ਭਰ ਦੀਆਂ 100 ਤੋਂ ਵੱਧ ਨਗਰ ਕਮੇਟੀਆਂ ਵੀ ਸ਼ਾਮਲ ਹਨ। ਹਾਈ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ ਮਾਮਲੇ ਦੀ ਅਗਲੀ ਸੁਣਵਾਈ 18 ਫਰਵਰੀ ਨੂੰ ਹੋਵੇਗੀ।

### ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਦੀ ਨਿਯੁਕਤੀ

ਨਿੱਜੀ ਤੌਰ 'ਤੇ ਆਮ ਲੋਕਾਂ ਵਿਚ ਵਿਚਰ ਰਹੇ ਹਨ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਸੁਲਤਾਨ ਸਿੰਘ ਨੇ ਇਕ ਸਾਲ ਦੀ ਛੁੱਟੀ ਲਈ ਹੈ, ਜੋ ਕਿ ਅਮਰੀਕਾ ਦਾ ਆਰ ਵਨ ਵੀਜ਼ਾ ਲੈ ਕੇ ਅਮਰੀਕਾ ਪੱਕੇ ਤੌਰ 'ਤੇ ਰਹਿਣ ਦੀ ਤਿਆਰੀ ਕਰ ਰਹੇ ਹਨ। ਗਿਆਨੀ ਸੁਲਤਾਨ ਸਿੰਘ ਨੇ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਮਿਲੀ ਰਿਹਾਇਸ਼ ਨੂੰ ਵੀ ਖਾਲੀ ਕਰ ਦਿੱਤਾ ਹੈ। ਇਥੇ ਇਹ ਵੀ ਦਸਣਯੋਗ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਦੋ ਗ੍ਰੰਥੀ ਸਿੰਘ ਦੇ ਚੱਲੇ ਜਾਣ ਤੋਂ ਬਾਅਦ ਦੋ ਹੋਰ ਨਵੇਂ ਗ੍ਰੰਥੀ ਸਿੰਘ ਵੀ ਰੱਖੇ ਜਾਣਗੇ। ਗਿਆਨੀ ਪਰਵਿੰਦਰਪਾਲ ਸਿੰਘ ਬੁੱਟਰ ਭਾਵੇਂ ਕੁਝ ਸਾਲਾਂ ਤੋਂ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਦੀ ਸੇਵਾ ਵਿਚ ਆਏ ਹਨ, ਪਰ ਦਮਦਮੀ ਟਕਸਾਲ ਮਹਿਤਾ ਨਾਲ ਸਬੰਧਤ ਅਤੇ ਕਥਾ ਵਾਚਕ ਹੋਣ ਕਾਰਨ ਦੇਸ਼ ਵਿਦੇਸ਼ਾਂ ਵਿਚ ਹੋਣ ਵਾਲੇ ਧਾਰਮਿਕ ਸਮਾਗਮਾਂ ਵਿਚ ਦਹਾਕਿਆਂ ਤੋਂ ਵਿਚਰ ਰਹੇ ਹਨ ਅਤੇ ਮੌਜੂਦਾ ਗ੍ਰੰਥੀ ਸਿੰਘਾਂ ਵਿਚ ਸਾਰਿਆਂ ਨਾਲੋਂ ਵਡੇਰੀ ਉਮਰ ਦੇ ਹਨ। ਚਰਚਾ ਹੈ ਕਿ ਦਮਦਮੀ ਟਕਸਾਲ ਮਹਿਤਾ ਦੇ ਮੁੱਖੀ ਗਿਆਨੀ ਹਰਨਾਮ ਸਿੰਘ ਦੇ ਨੇੜੇ ਵੀ ਹਨ ਅਤੇ ਸ਼੍ਰੋਮਣੀ ਕਮੇਟੀ ਨਾਲ ਗਿਆਨੀ ਹਰਨਾਮ ਸਿੰਘ ਦੀ ਪੈਦਾ ਹੋਈ ਦੂਰੀ ਨੂੰ ਇਹ ਚੋਣ ਨਜ਼ਦੀਕੀਆਂ ਵਿਚ ਬਦਲੇਗੀ। ਪੰਥਕ ਹਲਕਿਆਂ ਵਿਚ ਮੁੱਖ ਗ੍ਰੰਥੀ ਦੀ ਹੋਣ ਵਾਲੀ ਇਸ ਨਿਯੁਕਤੀ ਦੀ ਲਗਾਤਾਰ ਚਰਚਾ ਚੱਲ ਰਹੀ ਹੈ।

### ਗੁ. ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਸੇਵਾ ਲਈ ਬਣ

ਖਾਸ ਮਹਿਮਾਨਾਂ ਨੂੰ ਚੁਪਹਿਰੇ ਵਾਲੇ ਦਿਨ ਵੀ ਅੱਗੇ ਹੋ ਹੋ ਕੇ ਬਿਠਾਉਂਦੇ ਹਨ ਅਤੇ ਬੈਠਿਆਂ ਬੈਠਿਆਂ ਹੀ ਉਹਨਾਂ ਨੂੰ ਉੱਥੇ ਲੰਗਰ ਪ੍ਰਸ਼ਾਦਾ, ਪਾਣੀ ਆਦਿ ਪਹੁੰਚਾਉਂਦੇ ਹਨ। ਜਿਸ ਕਰਕੇ ਸੰਗਤ ਬਹੁਤ ਪਰੇਸ਼ਾਨ ਵੀ ਹੁੰਦੀ ਹੈ ਪਰ ਸੰਗਤ ਸ਼ਰਧਾਵਸ ਕੁਝ ਕਿਹ ਵੀ ਨਹੀਂ ਸਕਦੀ। ਪਰੰਤੂ ਇਹ ਲੋਕ ਆਪਣੇ ਲੋਭ-ਲਾਲਚ ਅਤੇ ਹਉਮੈ ਗ੍ਰਸਤ ਹੋ ਕੇ ਗੁਰੂ ਘਰ ਅੰਦਰ ਹੀ ਸੰਗਤ ਨੂੰ ਤੰਗ ਪਰੇਸ਼ਾਨ ਕਰਦੇ ਹਨ। ਜਿਸ ਬਾਰੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕਾਂ ਨੂੰ ਪਤਾ ਹੋਣ ਦੇ ਬਾਵਜੂਦ ਵੀ ਇਹਨਾਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਇਥੋਂ ਤੱਕ ਪਤਾ ਲਗਾ ਹੈ ਕਿ ਇਸ ਵਰਤਾਰੇ ਬਾਰੇ ਜਾਣਕਾਰੀ ਹੋਣ ਦੇ ਬਾਵਜੂਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਵੀ ਅਜੇ ਤੱਕ ਕੋਈ ਠੋਸ ਨੋਟਿਸ ਨਾ ਲੈਣਾ ਬਹੁਤ ਹੀ ਚਿੰਤਾਜਨਕ ਹੈ।

### ਯੁਮਨਾਮ ਖੇਮਚੰਦ ਸਿੰਘ ਸੰਭਾਲਣਗੇ

ਵਿਧਾਨ ਸਭਾ ਹਲਕੇ ਤੋਂ ਜਿੱਤ ਹਾਸਲ ਕੀਤੀ ਸੀ, ਜੋ ਸੂਬੇ ਦੀ ਰਾਜਧਾਨੀ ਦੇ ਖੇਤਰ ਵਿੱਚ ਉਨ੍ਹਾਂ ਦੀ ਮਜ਼ਬੂਤ ਸਿਆਸੀ ਪਕੜ ਨੂੰ ਦਰਸਾਉਂਦਾ ਹੈ। ਸੂਤਰਾਂ ਮੁਤਾਬਕ, ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਅਜਿਹੇ ਸਮੇਂ ਮਿਲੀ ਹੈ ਜਦੋਂ ਪਾਰਟੀ ਸੂਬੇ ਦੇ ਸਿਆਸੀ ਘਟਨਾਕ੍ਰਮ ਦੇ ਵਿਚਕਾਰ ਆਪਣੀ ਅਗਵਾਈ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਮਨੀਪੁਰ ਵਿੱਚ ਪਿਛਲੇ ਲਗਭਗ ਇੱਕ ਸਾਲ ਤੋਂ ਮੁੱਖ ਮੰਤਰੀ ਦਾ ਅਹੁਦਾ ਖਾਲੀ ਸੀ ਅਤੇ ਉੱਥੇ ਰਾਸ਼ਟਰਪਤੀ ਸ਼ਾਸਨ ਲਾਗੂ ਸੀ। ਖੇਮਚੰਦ ਸਿੰਘ ਦੀ ਨਿਯੁਕਤੀ ਨਾਲ ਸੂਬੇ ਵਿੱਚ ਮੁੜ ਲੋਕਤੰਤਰੀ ਸਰਕਾਰ ਦੀ ਬਹਾਲੀ ਹੋਣ ਜਾ ਰਹੀ ਹੈ। ਇਸ ਹਿੰਸਾ ਕਾਰਨ ਪਿਛਲੇ ਸਾਲ ਫਰਵਰੀ ਵਿੱਚ ਐਨ ਬੀਰੇਨ ਸਿੰਘ ਦੀ ਸਰਕਾਰ ਨੇ ਅਸਤੀਫਾ ਦੇ ਦਿੱਤਾ ਸੀ, ਜਿਸ ਤੋਂ ਬਾਅਦ 13 ਫਰਵਰੀ 2025 ਤੋਂ ਸੂਬੇ ਵਿੱਚ ਰਾਸ਼ਟਰਪਤੀ ਸ਼ਾਸਨ ਲਾਗੂ ਸੀ। ਹੁਣ 12 ਫਰਵਰੀ 2026 ਨੂੰ ਰਾਸ਼ਟਰਪਤੀ ਸ਼ਾਸਨ ਦੀ ਮਿਆਦ ਖ਼ਤਮ ਹੋਣ ਤੋਂ ਪਹਿਲਾਂ ਨਵੀਂ ਸਰਕਾਰ ਦਾ ਗਠਨ ਕੀਤਾ ਜਾ ਰਿਹਾ ਹੈ। ਮੌਜੂਦਾ 60 ਮੈਂਬਰੀ ਵਿਧਾਨ ਸਭਾ ਵਿੱਚ ਭਾਜਪਾ ਕੋਲ 37 ਵਿਧਾਇਕ ਹਨ ਅਤੇ ਉਸ ਨੂੰ NPP ਤੇ NPF ਵਰਗੀਆਂ ਸਹਿਯੋਗੀ ਪਾਰਟੀਆਂ ਦਾ ਵੀ ਸਮਰਥਨ ਹਾਸਲ ਹੈ।

### ਪੰਜਾਬ ਸਮੇਤ ਦੇਸ਼ ਭਰ 'ਚ ਬੀਤੇ 10 ਸਾਲਾਂ ਦੌਰਾਨ

ਰਾਜਸਥਾਨ ਦੇ 2,500 ਤੋਂ ਵੱਧ ਸਕੂਲ ਸ਼ਾਮਲ ਹਨ। ਇਸ ਦੇ ਨਾਲ ਹੀ ਪੰਜਾਬ ਦੇ ਵੀ 1395 ਸਕੂਲ ਬੰਦ ਹੋ ਗਏ। ਬਿਹਾਰ, ਮਹਾਰਾਸ਼ਟਰ, ਉੱਤਰਾਖੰਡ ਅਤੇ ਪੱਛਮੀ ਬੰਗਾਲ ਵਰਗੇ ਵੱਡੇ ਰਾਜਾਂ 'ਚ ਵੀ ਸੈਂਕੜਿਆਂ ਤੋਂ ਲੈ ਕੇ ਹਜ਼ਾਰਾਂ ਦੀ ਗਿਣਤੀ ਵਿੱਚ ਸਕੂਲ ਬੰਦ ਹੋਣ ਦੀ ਪੁਸ਼ਟੀ ਹੋਈ ਹੈ। ਸਿੱਖਿਆ ਮਾਹਿਰਾਂ ਅਤੇ ਸਮਾਜਿਕ ਜਥੇਬੰਦੀਆਂ ਨੇ ਇਸ ਰੁਝਾਨ ਨੂੰ 'ਸਿੱਖਿਆ ਵਿਰੋਧੀ ਕਦਮ' ਕਰਾਰ ਦਿੱਤਾ ਹੈ। ਉਹਨਾਂ ਦਾ ਕਹਿਣਾ ਹੈ ਕਿ ਸਕੂਲ ਬੰਦ ਹੋਣ ਨਾਲ ਖਾਸ ਤੌਰ 'ਤੇ ਪੇਂਡੂ ਅਤੇ ਗਰੀਬ ਤਬਕੇ ਦੇ ਬੱਚਿਆਂ ਲਈ ਪੜ੍ਹਾਈ ਦੇ ਰਸਤੇ ਮੁਸ਼ਕਲ ਹੋ ਰਹੇ ਹਨ। ਪਿਛੜੇ ਇਲਾਕਿਆਂ ਵਿੱਚ ਸਿੱਖਿਆ ਦਾ ਪੱਧਰ ਲਗਾਤਾਰ ਡਿੱਗ ਰਿਹਾ ਹੈ। ਹਾਲਾਂਕਿ ਕਈ ਰਾਜ ਸਰਕਾਰਾਂ ਇਹਨਾਂ ਅੰਕੜਿਆਂ ਨੂੰ ਪੂਰੀ ਤਰ੍ਹਾਂ ਸਵੀਕਾਰ ਨਹੀਂ ਕਰ ਰਹੀਆਂ, ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਬਿਆਨ ਕਰਦੀ ਹੈ। ਸੰਸਦ ਵਿੱਚ ਰੱਖੇ ਗਏ ਇਹ ਅੰਕੜਾ ਇਸ ਗੱਲ ਵੱਲ ਇਸ਼ਾਰਾ ਕਰਦੇ ਹਨ ਕਿ ਸਰਕਾਰ ਅਤੇ ਸਿੱਖਿਆ ਪ੍ਰਣਾਲੀ ਨੂੰ ਹੁਣ ਇਸ ਮੁੱਦੇ 'ਤੇ ਗੰਭੀਰਤਾ ਨਾਲ ਸੋਚਣ ਦੀ ਲੋੜ ਹੈ। ਜੇਕਰ ਸਕੂਲ ਬੰਦ ਹੋਣ ਦੇ ਕਾਰਨਾਂ ਨੂੰ ਸਮਝ ਕੇ ਠੋਸ ਕਦਮ ਨਾ ਚੁੱਕੇ ਗਏ, ਤਾਂ ਆਉਣ ਵਾਲੇ ਸਮੇਂ ਵਿੱਚ ਬੱਚਿਆਂ ਦੇ ਭਵਿੱਖ 'ਤੇ ਇਸ ਦਾ ਹੋਰ ਵੀ ਮਾੜਾ ਬੋਝ ਪੈ ਸਕਦਾ ਹੈ।

### ਖੇਤੀਬਾੜੀ ਮੰਤਰੀ ਵੱਲੋਂ ਰਾਜ ਪੱਧਰੀ ਕਾਨ.ਫਰੰਸ ਨੂੰ ਸੰਬੋਧਨ

## ਖੁੱਡੀਆਂ ਵੱਲੋਂ ਉਦਯੋਗਾਂ ਨੂੰ ਪੰਜਾਬ ਦੇ ਗਰੀਨ ਐਨਰਜੀ ਸੈਕਟਰ ਵਿੱਚ ਨਿਵੇਸ਼ ਦਾ ਸੱਦਾ




ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 3 ਫਰਵਰੀ (ਚ.ਨ.ਸ.) : ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਗਿਆਨਕ ਢੰਗ ਨਾਲ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਠੋਸ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਵਾਤਾਵਰਣ ਸਬੰਧੀ ਸਮੱਸਿਆਵਾਂ ਦਾ ਨਿਵਾਰਨ, ਮਿੱਟੀ ਦੀ ਸਿਹਤ ਵਿੱਚ ਸੁਧਾਰ ਅਤੇ ਕਿਸਾਨਾਂ ਦੀ ਆਮਦਨ ਵਿਚ ਵਾਧਾ ਕੀਤਾ ਜਾ ਸਕੇ।

ਉਹ ਅੱਜ ਇੱਥੇ ਏ.ਐਸ.ਏ.ਆਰ. ਵੱਲੋਂ ਕੈਨੋਪੀ ਦੇ ਸਹਿਯੋਗ ਨਾਲ ਕਰਵਾਈ ਸੂਬਾ ਪੱਧਰੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ।

ਸ. ਖੁੱਡੀਆਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਚੱਲੀ ਆ ਰਹੀ ਪਰਾਲੀ ਸਾੜਨ ਦੀ ਸਮੱਸਿਆ ਨੂੰ ਪੰਜਾਬ ਲਾਹੇਵੰਦ ਆਰਥਿਕ ਅਤੇ ਵਾਤਾਵਰਣ ਪੱਖੀ ਮੌਕਿਆਂ ਵਿੱਚ ਤਬਦੀਲ ਕਰਨ ਵਿੱਚ ਸਫ਼ਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਵੱਲੋਂ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਦੇ ਯਤਨਾਂ ਦੇ ਪ੍ਰਭਾਵੀ ਤੇ ਸਾਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ ਕਿਉਂਕਿ 2025 ਦੇ ਸਾਉਣੀ ਸੀਜ਼ਨ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 53 ਫੀਸਦੀ ਗਿਰਾਵਟ ਆਈ ਹੈ। ਉਨ੍ਹਾਂ ਦੱਸਿਆ ਕਿ ਸਾਲ 2024 ਵਿੱਚ ਅਜਿਹੀਆਂ ਘਟਨਾਵਾਂ ਦੀ ਗਿਣਤੀ 10,909 ਸੀ, ਜੋ ਹੁਣ ਘਟ ਕੇ 5,114 ਰਹਿ ਗਈ। ਖੇਤੀਬਾੜੀ ਮੰਤਰੀ ਨੇ ਸਬਸਿਡੀ ਵਾਲੀ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਰੀ, ਪ੍ਰੋਤਸਾਹਨ ਅਤੇ ਪਰਾਲੀ ਦੀ ਵਰਤੋਂ ਲਈ ਵਿਹਾਰਕ ਵਿਕਲਪਾਂ ਦੀ ਆਮਦ ਨੂੰ ਇਸ ਸਫ਼ਲਤਾ ਦਾ ਕਾਰਨ ਦੱਸਿਆ। ਉਨ੍ਹਾਂ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਸੂਬੇ ਵੱਲੋਂ ਮਿੱਟੀ ਦੀ ਸਿਹਤ ਵਿੱਚ ਸੁਧਾਰ ਕਰਨ ਲਈ ਆਧੁਨਿਕ ਇਨ-ਸੀਟੂ ਅਤੇ ਐਕਸ-ਸੀਟੂ ਤਰੀਕਿਆਂ ਦੀ ਵਰਤੋਂ ਕਰਕੇ ਹਰ ਸਾਲ ਪੈਦਾ ਹੋਣ ਵਾਲੀ 20 ਮਿਲੀਅਨ ਟਨ ਪਰਾਲੀ ਵਿੱਚੋਂ 80 ਫੀਸਦੀ ਤੋਂ ਵੱਧ ਦਾ ਵਿਗਿਆਨਕ ਤੌਰ 'ਤੇ ਪ੍ਰਬੰਧਨ ਕੀਤਾ ਜਾ ਰਿਹਾ ਹੈ । ਸ. ਖੁੱਡੀਆਂ ਨੇ ਕਿਹਾ, "ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਬਾਇਓਮਾਸ-ਅਧਾਰਤ ਪਾਵਰ ਪਲਾਂਟਾਂ, ਬਾਇਓ-ਸੀ.ਐਨ.ਜੀ. ਯੂਨਿਟਾਂ ਅਤੇ ਬਾਇਓ-ਈਥੇਨੌਲ ਪ੍ਰੋਜੈਕਟਾਂ ਵਰਗੇ ਐਕਸ-ਸੀਟੂ ਐਪਲੀਕੇਸ਼ਨਾਂ ਵਿੱਚ ਵੀ ਵਰਤਿਆ ਜਾ ਰਿਹਾ ਹੈ, ਜਿਸ ਨਾਲ ਊਰਜਾ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਹੋ ਰਹੇ ਹਨ। ਪਰਾਲੀ , ਜੋ ਪਹਿਲਾਂ ਧੂੰਏਂ ਦਾ ਕਾਰਨ ਸੀ ਅੱਜ ਊਰਜਾ, ਉਦਯੋਗ ਅਤੇ ਰੁਜ਼ਗਾਰ ਦਾ ਸਬੱਬ ਬਣ ਰਹੀ ਹੈ,।"

ਖੇਤੀਬਾੜੀ ਮੰਤਰੀ ਨੇ ਇੱਕ ਅਜਿਹੇ ਭਵਿੱਖ ਦੀ ਆਸ ਪ੍ਰਗਟਾਈ ,ਜਿੱਥੇ ਕਿਸਾਨ ਫ਼ਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਤੋਂ ਪੂਰਾ ਲਾਭ ਲੈ ਸਕਣਗੇ। ਉਨ੍ਹਾਂ ਕਿਹਾ, "ਜਦੋਂ ਫਸਲਾਂ ਦੀ ਰਹਿੰਦ-ਖੂੰਹਦ ਨੂੰ ਬਾਲਣ, ਊਰਜਾ ਜਾਂ ਕਿਸੇ ਵੀ ਪੈਕੇਜਿੰਗ ਵਿੱਚ ਬਦਲਿਆ ਜਾ ਰਿਹਾ ਹੈ ਤਾਂ ਇਸ ਨਾਲ ਪੇਂਡੂ ਰੁਜ਼ਗਾਰ ਪੈਦਾ ਹੁੰਦਾ ਹੈ ਅਤੇ ਸਾਡੇ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਰੁਜ਼ਗਾਰ ਮੌਕੇ ਮਿਲਦੇ ਹਨ। ਇਹ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਹੀ ਸਾਡਾ ਟੀਚਾ ਹੈ।"

ਸ. ਖੁੱਡੀਆਂ ਨੇ ਉਦਯੋਗਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਹਰਿਆਲੀ ਅਤੇ ਟਿਕਾਊ ਵਪਾਰਕ ਸੰਭਾਵਨਾਵਾਂ ਵਾਲਾ ਪੰਜਾਬ , ਜੋ ਭਾਰਤ ਦਾ ਪਲੇਠਾ ਸਰਕੂਲਰ ਇਕਨਾਕਿਮ ਰੀਜਨ ਬਣਾਉਣ ਲਈ ਤਿਆਰ ਹੈ, ਤੋਂ ਉਦਯੋਗਾਂ ਨੂੰ ਲਾਭ ਉਠਾਉਣਾ ਚਾਹੀਦਾ ਹੈ । ਉਨ੍ਹਾਂ ਨੇ ਸੂਬੇ ਵੱਲੋਂ ਪਰਾਲੀ ਨੂੰ ਆਮਦਨ ਵਿੱਚ ਬਦਲਣ ਦੀ ਕਾਬਲੀਅਤ ਤੇ ਸਮਰੱਥਾ ਦਾ ਹਵਾਲਾ ਦਿੰਦਿਆਂ ਕਿਹਾ, "ਧੂੰਏਂ ਦੀ ਬਜਾਏ ਪਰਾਲੀ ਨੂੰ ਆਮਦਨ ਵਿੱਚ ਬਦਲ ਕੇ, ਪੰਜਾਬ ਪ੍ਰਦੂਸ਼ਣ ਨੂੰ ਖੁਸ਼ਹਾਲੀ ਵਿੱਚ ਬਦਲ ਰਿਹਾ ਹੈ। ਪੰਜਾਬ ਸਾਬਤ ਕਰ ਰਿਹਾ ਹੈ ਕਿ ਜਲਵਾਯੂ ਗਤੀਵਿਧੀਆਂ ਅਤੇ ਆਰਥਿਕ ਵਿਕਾਸ ਨਾਲੋ-ਨਾਲ ਚੱਲ ਸਕਦੇ ਹਨ।"

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972




# ਰਾਜਪਾਲ ਕਟਾਰੀਆ ਸਰਹੱਦੀ ਜ਼ਿਲ੍ਹਿਆਂ 'ਚ ਨਸ਼ਿਆਂ ਵਿਰੁੱਧ 4 ਰੋਜ਼ਾ ਪੈਦਲ ਯਾਤਰਾ ਦੀ ਕਰਨਗੇ ਅਗਵਾਈ

## 9 ਤੋਂ 12 ਤੱਕ ਤਰਨਤਾਰਨ, ਫ਼ਿਰੋਜ਼ਪੁਰ, ਫਾਜ਼ਿਲਕਾ ਤੇ ਅਬੋਹਰ ਵਿੱਚ ਨਸ਼ਿਆਂ ਵਿਰੁੱਧ ਪੈਦਲ ਯਾਤਰਾ

ਚੰਡੀਗੜ੍ਹ, 3 ਫਰਵਰੀ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਰਾਜਪਾਲ ਤੇ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੂਬੇ ਵਿੱਚ ਨਸ਼ਿਆਂ ਦੀ ਵਿਰੁੱਧ ਜੰਗ ਨੂੰ ਹੋਰ ਮਜ਼ਬੂਤ ਕਰਨ ਲਈ ਚਲਾਈ ਜਾ ਰਹੀ ਤੀਬਰ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਦੇ ਵੇਰਵੇ ਸਾਂਝੇ ਕੀਤੇ। ਇਸ ਮੁਹਿੰਮ ਵਿੱਚ ਤਰਨਤਾਰਨ, ਫਿਰੋਜ਼ਪੁਰ ਤੇ ਫਾਜ਼ਿਲਕਾ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਚਾਰ-ਰੋਜ਼ਾ ਜਾਗਰੂਕਤਾ ਪੈਦਲ ਯਾਤਰਾ ਸ਼ਾਮਲ ਹੈ, ਜਿਸਦਾ ਉਦੇਸ਼ ਨਸ਼ਿਆਂ ਵਿਰੁੱਧ ਜਨਤਕ ਭਾਗੀਦਾਰੀ ਨੂੰ ਲਾਮਬੰਦ ਕਰਨਾ ਹੈ।

ਰਾਜਪਾਲ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਰੈੱਡ ਕਰਾਸ ਸੋਸਾਇਟੀ ਦੇ ਯਤਨਾਂ ਨਾਲ, ਪੈਦਲ ਯਾਤਰਾ ਦਾ ਉਦੇਸ਼ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣਾ ਹੈ। ਉਨ੍ਹਾਂ ਦੁਹਰਾਇਆ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕਰਨਾ ਤੇ ਨਿਰੰਤਰ ਜਨਤਕ ਜਾਗਰੂਕਤਾ ਦੇ ਨਾਲ-ਨਾਲ ਮੁੜ ਵਸੇਬਾ ਤੇ ਰੁਜ਼ਗਾਰ ਪੈਦਾ ਕਰਨਾ ਮੁੱਖ ਤਰਜੀਹ ਹੋਣੀ ਚਾਹੀਦੀ ਹੈ। ਉਨ੍ਹਾਂ ਸਮਾਜ ਦੇ ਸਾਰੇ ਵਰਗਾਂ ਨੂੰ ਇਸ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦੀ ਅਪੀਲ ਕੀਤੀ।

**ਪੈਦਲ ਯਾਤਰਾ ਦਾ ਵਿਸਤ੍ਰਿਤ ਸਮਾਂ-ਸਾਰਣੀ ਹੇਠ ਲਿਖੇ ਅਨੁਸਾਰ ਹੈ:** 9 ਫਰਵਰੀ, 2026 (ਸਵੇਰੇ 11:30 ਵਜੇ) "ਤਰਨ ਤਾਰਨ, ਸ਼੍ਰੀ ਗੁਰੂ ਅਰਜਨ ਦੇਵ ਸਕੂਲ ਤੋਂ ਪੁਲਿਸ ਗਾਰਡਾਂ ਰਾਹੀਂ ਪੁਲਿਸ ਲਾਈਨਾਂ ਤੱਕ; 10 ਫਰਵਰੀ, 2026 (ਸਵੇਰੇ 11:30 ਵਜੇ)" ਫਿਰੋਜ਼ਪੁਰ, ਸਾਰਾਗੜ੍ਹੀ ਮੈਮੋਰੀਅਲ ਤੋਂ ਸਰਕਾਰੀ ਸਕੂਲ ਆਫ਼ ਐਮੀਨੈਂਸ, ਫਿਰੋਜ਼ਪੁਰ ਸ਼ਹਿਰ ਤੱਕ; 11 ਫਰਵਰੀ, 2026 (ਦੁਪਹਿਰ 12:00 ਵਜੇ) "ਫਾਜ਼ਿਲਕਾ, ਸੰਜੀਵ ਸਿਨੇਮਾ, ਫਾਜ਼ਿਲਕਾ ਤੋਂ ਘੰਟਾਘਰ, ਫਾਜ਼ਿਲਕਾ ਤੱਕ; 12 ਫਰਵਰੀ, 2026 (ਸਵੇਰੇ 11:30 ਵਜੇ)" ਅਬੋਹਰ (ਫਾਜ਼ਿਲਕਾ) ਨਗਰ ਨਿਗਮ ਦਫ਼ਤਰ, ਅਬੋਹਰ ਤੋਂ ਡੀ.ਏ.ਵੀ. ਕਾਲਜ, ਅਬੋਹਰ ਤੱਕ ਯਾਤਰਾ ਕਰਨਗੇ।



ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਰਾਜਪਾਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨਸ਼ਿਆਂ ਦੀ ਦੁਰਵਰਤੋਂ ਸਿਰਫ਼ ਇੱਕ ਸਥਾਨਕ ਜਾਂ ਸੂਬੇ ਦਾ ਮੁੱਦਾ ਨਹੀਂ ਹੈ ਸਗੋਂ ਇੱਕ ਆਲਮੀ ਚੁਣੌਤੀ ਹੈ, ਜਿਸ ਲਈ ਨਿਰੰਤਰ ਤੇ ਸਮੂਹਿਕ ਯਤਨਾਂ ਦੀ ਲੋੜ ਹੈ। ਰਾਜਪਾਲ ਨੇ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਨਿਰੰਤਰ ਤੇ ਸੁਹਿਰਦ ਹੋਣੀ ਚਾਹੀਦੀ ਹੈ ਤੇ ਸਮਾਜਿਕ, ਧਾਰਮਿਕ, ਰਾਜਨੀਤਿਕ ਤੇ ਵਿਦਿਅਕ ਸੰਸਥਾਵਾਂ, ਗੈਰ-ਸਰਕਾਰੀ ਸੰਗਠਨਾਂ ਤੇ ਹੋਰ ਸੰਗਠਨਾਂ ਨੂੰ ਇਸ ਜਨ-ਅੰਦੋਲਨ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਤੇ ਸਮਰਥਨ ਦੇਣ ਦਾ ਸੱਦਾ ਦਿੱਤਾ। ਇਹ ਮੁਹਿੰਮ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਸਾਂਝੇ ਟੀਚੇ ਵੱਲ ਸਮਾਜ ਦੇ ਸਾਰੇ ਵਰਗਾਂ ਨੂੰ ਇਕਜੁੱਟ ਕਰਨ ਦੀ ਕੋਸ਼ਿਸ਼ ਕਰਦੀ ਹੈ।

ਉਨ੍ਹਾਂ ਦੁਹਰਾਇਆ ਕਿ ਅਰਥਪੂਰਨ ਤਬਦੀਲੀ ਸਿਰਫ ਸਰਗਰਮ ਭਾਗੀਦਾਰੀ, ਨਿਰੰਤਰ ਯਤਨਾਂ ਤੇ ਪੁਨਰਵਾਸ 'ਤੇ ਧਿਆਨ ਕੇਂਦਰਿਤ ਕਰਕੇ ਅਤੇ ਪ੍ਰਭਾਵਿਤ ਵਿਅਕਤੀਆਂ ਨੂੰ ਪੂਰੇ ਸਨਮਾਨ ਤੇ ਰੁਜ਼ਗਾਰ ਮੌਕੇ ਪ੍ਰਦਾਨ ਕਰਕੇ ਮੁੜ ਸਮਾਜ ਨਾਲ ਜੋੜਨ ਨੂੰ ਯਕੀਨੀ ਬਣਾ ਕੇ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ।

# ਮਾਲ ਮੰਤਰੀ ਨੇ ਨਾਇਬ ਤਹਿਸੀਲਦਾਰਾਂ ਵਜੋਂ ਪਦਉੱਨਤ ਹੋਏ 16 ਅਧਿਕਾਰੀਆਂ ਨੂੰ ਸੌਂਪੇ ਤਰੱਕੀ ਪੱਤਰ

## ਮਾਨ ਸਰਕਾਰ ਨੇ ਸਮੇਂ-ਸਿਰ ਦਿੱਤੇ ਬਣਦੇ ਹੱਕ : ਮੁੰਡੀਆਂ

ਚੰਡੀਗੜ੍ਹ, 3 ਫ਼ਰਵਰੀ (ਚ.ਨ.ਸ.): ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਾਨੂੰਨਗੋ ਤੋਂ ਨਾਇਬ ਤਹਿਸੀਲਦਾਰ ਵਜੋਂ ਪਦਉੱਨਤ ਹੋਏ 16 ਅਧਿਕਾਰੀਆਂ ਨੂੰ ਤਰੱਕੀ ਪੱਤਰ ਸੌਂਪੇ। ਇਹ ਤਰੱਕੀਆਂ ਨਿਰਧਾਰਤ ਸੇਵਾ ਨਿਯਮਾਂ ਅਧੀਨ ਤੇ ਸਾਰੀਆਂ ਵਿਭਾਗੀ ਕਾਰਵਾਈਆਂ ਪੂਰੀਆਂ ਕਰਨ ਉਪਰੰਤ ਕੀਤੀਆਂ ਗਈਆਂ ਹਨ। ਪਦਉੱਨਤ ਹੋਏ ਅਧਿਕਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਮਾਲ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਦੇ ਸੇਵਾ ਹਿੱਤਾਂ ਦੀ ਰਾਖੀ ਤੇ ਉਨ੍ਹਾਂ ਦੇ ਬਣਦੇ ਹੱਕ ਸਮੇਂ ਸਿਰ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਤਰੱਕੀਆਂ ਪ੍ਰਸ਼ਾਸਨਿਕ ਅਮਲੇ ਨੂੰ ਮਜ਼ਬੂਤ ਕਰਨ ਅਤੇ ਜ਼ਮੀਨੀ ਪੱਧਰ 'ਤੇ ਜਨਤਕ ਸੇਵਾਵਾਂ ਹੋਰ ਬਿਹਤਰ ਬਣਾਉਣ ਲਈ ਸਰਕਾਰ ਦੇ ਵਡੇਰੇ ਯਤਨਾਂ ਦਾ ਹਿੱਸਾ ਹਨ। ਮੁੰਡੀਆਂ ਨੇ ਤਰੱਕੀ ਪ੍ਰਾਪਤ ਨਾਇਬ ਤਹਿਸੀਲਦਾਰਾਂ ਨੂੰ ਇਮਾਨਦਾਰੀ, ਸਮਰਪਣ ਭਾਵਨਾ ਤੇ ਜ਼ਿੰਮੇਵਾਰੀ ਨਾਲ ਆਪਣੀ ਡਿਊਟੀ ਨਿਭਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਮਾਲ ਅਧਿਕਾਰੀ ਭੌਂ ਤੇ ਮਾਲ ਵਿਭਾਗ ਨਾਲ ਸਬੰਧਤ ਹੋਰ ਮਾਮਲਿਆਂ ਵਿੱਚ ਲੋਕਾਂ ਲਈ ਸੰਪਰਕ ਦੀ ਪਹਿਲੀ ਧਿਰ ਹੁੰਦੇ ਹਨ ਤੇ ਉਨ੍ਹਾਂ ਦੀ ਇਮਾਨਦਾਰੀ ਅਤੇ ਸੁਚੱਜੇ ਆਚਰਣ ਦਾ ਪ੍ਰਸ਼ਾਸਨਿਕ ਸੇਵਾਵਾਂ ਵਿੱਚ ਲੋਕਾਂ ਦੇ ਵਿਸ਼ਵਾਸ 'ਤੇ ਸਿੱਧਾ ਅਸਰ ਪੈਂਦਾ ਹੈ। ਉਨ੍ਹਾਂ ਉਮੀਦ ਜਤਾਈ ਕਿ ਉਹ ਪਾਰਦਰਸ਼ਤਾ ਬਣਾਉਣਗੇ, ਨਿਯਮਾਂ ਦੀ ਪਾਲਣਾ ਕਰਨਗੇ ਤੇ ਬਿਨਾਂ ਕਿਸੇ ਪੱਖਪਾਤ ਦੇ ਲੋਕਾਂ ਦੀ ਸੇਵਾ ਯਕੀਨੀ ਬਣਾਉਣਗੇ।



ਇਸ ਦੌਰਾਨ ਵਧੀਕ ਮੁੱਖ ਸਕੱਤਰ-ਕਮ-ਵਿੱਤ ਕਮਿਸ਼ਨਰ ਮਾਲ ਅਨੁਰਾਗ ਵਰਮਾ ਨੇ ਵੀ ਤਰੱਕੀ ਪ੍ਰਾਪਤ ਅਧਿਕਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਮਾਂਬੱਧ ਢੰਗ ਨਾਲ ਪਦਉੱਨਤੀਆਂ ਕਰਕੇ ਪਾਰਦਰਸ਼ੀ ਪ੍ਰਸ਼ਾਸਨਿਕ ਪ੍ਰਣਾਲੀ ਨੂੰ ਯਕੀਨੀ ਬਣਾਇਆ ਹੈ ਤਾਂ ਜੋ ਅਧਿਕਾਰੀ ਸੁਹਿਰਦਤਾ ਨੇ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰ ਸਕਣ। ਨਾਇਬ ਤਹਿਸੀਲਦਾਰ ਵਜੋਂ ਪਦਉੱਨਤ ਹੋਏ ਅਧਿਕਾਰੀਆਂ ਵਿੱਚ ਸਵਰਨ ਸਿੰਘ, ਰਾਜਿੰਦਰ ਸਿੰਘ, ਗੁਰਦੀਪ ਲਾਲ, ਰਾਜੇਸ਼ ਕੁਮਾਰ, ਕਰਮਜੀਤ ਸਿੰਘ, ਬਲਜੀਤ ਸਿੰਘ, ਰਣਜੀਤ ਸਿੰਘ, ਪਰਮਿੰਦਰ ਸਿੰਘ, ਜਸਪਾਲ ਸਿੰਘ, ਗੁਰਚਰਨ ਸਿੰਘ, ਸੁਖਬੀਰ ਸਿੰਘ, ਸੁਨੀਲ ਪ੍ਰਭਾਕਰ, ਉਂਕਾਰ ਸਿੰਘ, ਰਨਦੀਪ ਸਿੰਘ, ਬਲਜੀਤ ਸਿੰਘ, ਕਾਰਜ ਸਿੰਘ ਸ਼ਾਮਲ ਸਨ।

# ਬੈਂਸ ਵੱਲੋਂ ਸ੍ਰੀ ਦਸਮੇਸ਼ ਅਕੈਡਮੀ ਵਿਰੁੱਧ ਗੰਭੀਰ ਸ਼ਿਕਾਇਤਾਂ ਦੀ ਪੜਤਾਲ 'ਤੇ ਵਿਸ਼ੇਸ਼ ਆਡਿਟ ਦੇ ਆਦੇਸ਼

ਚੰਡੀਗੜ੍ਹ, 3 ਫਰਵਰੀ (ਚ.ਨ.ਸ.): ਸਿੱਖਿਆ ਸੰਸਥਾਵਾਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਬਰਕਰਾਰ ਰੱਖਣ ਲਈ ਫੈਸਲਾਕੁੰਨ ਕਦਮ ਚੁੱਕਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਪੰਜਾਬ ਦੇ ਮੁੱਖ ਸਕੱਤਰ ਨੂੰ 180 ਏਕੜ ਸਰਕਾਰੀ ਜ਼ਮੀਨ 'ਤੇ ਚੱਲ ਰਹੀ ਸ਼੍ਰੀ ਦਸਮੇਸ਼ ਅਕੈਡਮੀ, ਸ੍ਰੀ ਅਨੰਦਪੁਰ ਸਾਹਿਬ ਸਬੰਧੀ ਆਈਆਂ ਗੰਭੀਰ ਸ਼ਿਕਾਇਤਾਂ ਦੀ ਪੜਤਾਲ ਅਤੇ ਵਿਸ਼ੇਸ਼ ਆਡਿਟ ਕਰਵਾਉਣ ਦੇ ਆਦੇਸ਼ ਦਿੱਤੇ ਹਨ।

ਹਰਜੋਤ ਸਿੰਘ ਬੈਂਸ ਨੇ ਪੰਜਾਬ ਦੇ ਮੁੱਖ ਸਕੱਤਰ ਨੂੰ ਪੱਤਰ ਲਿਖ ਕੇ ਦਸਮੇਸ਼ ਅਕੈਡਮੀ ਵਿੱਚ ਵਿੱਤੀ ਬੇਨਿਯਮੀਆਂ, ਪ੍ਰਬੰਧਨ ਵਿਚਲੀਆਂ ਗੜਬੜੀਆਂ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਖਾਮੀਆਂ ਦੇ ਦੋਸ਼ਾਂ ਦੀ ਡੂੰਘਾਈ ਨਾਲ ਜਾਂਚ ਲਈ ਕਿਹਾ ਹੈ। ਸਿੱਖਿਆ ਮੰਤਰੀ ਨੇ ਇਹ ਨਿਰਦੇਸ਼ ਜ਼ਿਲ੍ਹਾ ਸਿੱਖਿਆ ਅਫ਼ਸਰ (ਡੀ.ਈ.ਓ.), ਰੂਪਨਗਰ ਵੱਲੋਂ ਕੀਤੀ ਗਈ ਮੁੱਢਲੀ ਜਾਂਚ ਤੋਂ ਬਾਅਦ ਸਾਹਮਣੇ ਆਈਆਂ ਅਹਿਮ ਖਾਮੀਆਂ ਉਪਰੰਤ ਜਾਰੀ ਕੀਤੇ ਹਨ। ਉਨ੍ਹਾਂ ਕਿਹਾ



ਕਿ ਜਾਂਚ ਦੌਰਾਨ ਟਰੱਸਟ ਦੇ ਫੰਡਾਂ ਵਿੱਚ ਕਥਿਤ ਗਬਨ, ਸੰਸਥਾ ਦੀ ਜਾਇਦਾਦ ਦੀ ਦੁਰਵਰਤੋਂ ਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਖਾਮੀਆਂ ਦਾ ਕਾਰਨ ਬਣਨ ਵਾਲੀ ਅਪਰਾਧਿਕ ਅਣਗਹਿਲੀ ਦੀ ਜਾਂਚ ਕੀਤੀ ਜਾਵੇਗੀ। ਹਰਜੋਤ ਸਿੰਘ ਬੈਂਸ ਨੇ ਪੰਜਾਬ ਪੁਲਿਸ ਨੂੰ ਅਕੈਡਮੀ ਦੇ ਪ੍ਰਿੰਸੀਪਲ ਦੀ ਕਥਿਤ ਜਾਅਲੀ ਪੀਐਚ.ਡੀ. ਡਿਗਰੀ ਦੀ ਜਾਂਚ ਕਰਨ ਤੇ ਰਿਕਾਰਡਾਂ ਵਿੱਚ ਛੇੜਛਾੜ ਨੂੰ ਰੋਕਣ ਲਈ ਸਾਰੇ ਸਬੰਧਿਤ ਰਿਕਾਰਡ ਕਬਜ਼ੇ ਵਿੱਚ ਲੈ ਕੇ ਸੁਰੱਖਿਅਤ ਕਰਨ ਦੇ ਨਿਰਦੇਸ਼ ਵੀ ਦਿੱਤੇ। ਸਿੱਖਿਆ ਮੰਤਰੀ ਨੇ ਜਾਂਚ ਨੂੰ ਸਮਾਂਬੱਧ ਢੰਗ ਨਾਲ ਮੁਕੰਮਲ ਕਰਨ ਦਾ ਹੁਕਮ ਦਿੰਦਿਆਂ 30 ਦਿਨਾਂ ਦੇ ਅੰਦਰ ਵਿਸਤ੍ਰਿਤ ਰਿਪੋਰਟ ਦੇਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਜਾਂਚ ਦੇ ਨਤੀਜੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਜੋ ਟਰੱਸਟ ਦੇ ਐਕਸ-ਆਫੀਸ਼ੋ ਚੇਅਰਮੈਨ ਹਨ, ਅੱਗੇ ਢੁਕਵੀਂ ਕਾਰਵਾਈ ਲਈ ਪੇਸ਼ ਕੀਤੇ ਜਾਣਗੇ।

ਹਰਜੋਤ ਬੈਂਸ ਨੇ ਸਪੱਸ਼ਟ ਤੌਰ 'ਤੇ ਕਿਹਾ, "ਸਾਡੇ ਵਿਦਿਅਕ ਅਦਾਰਿਆਂ ਦੀ ਪਵਿੱਤਰਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਅਸੀਂ ਇਸ ਮਾਮਲੇ ਦੀ ਤੈਅ ਤੱਕ ਜਾਵਾਂਗੇ ਤੇ ਜਨਤਕ ਵਿਸ਼ਵਾਸ ਨੂੰ ਢਾਹ ਲਾਉਣ ਵਾਲਿਆਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇਗੀ। ਅਸੀਂ ਜਨਤਕ ਵਿਦਿਅਕ ਸੰਸਥਾਵਾਂ ਨੂੰ ਵਿਦਿਆਰਥੀਆਂ ਦੀ ਭਲਾਈ ਅਤੇ ਜਨਤਕ ਸਰੋਤਾਂ ਦੀ ਕੀਮਤ 'ਤੇ ਨਿੱਜੀ ਜਾਗੀਰਾਂ ਵਜੋਂ ਵਰਤਣ ਦੀ ਇਜਾਜ਼ਤ ਨਹੀਂ ਦੇਵਾਂਗੇ।"

# ਭਾਰਤੀ ਰਾਸ਼ਟਰੀ ਰਾਜਮਾਰਗ ਅਥਾਰਟੀ ਦੇ ਚੰਡੀਗੜ੍ਹ ਦਫ਼ਤਰ ਵੱਲੋਂ ਲੀਡ ਏਜੰਸੀ ਤੇ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਸੁਰੱਖਿਅਤ ਪ੍ਰਣਾਲੀਗਤ ਪਹੁੰਚ ਤੇ ਸੜਕ ਇੰਜੀਨੀਅਰਿੰਗ ਅਭਿਆਸਾਂ 'ਤੇ ਸੂਬਾ-ਪੱਧਰੀ ਵਰਕਸ਼ਾਪ

ਚੰਡੀਗੜ੍ਹ, 3 ਫ਼ਰਵਰੀ (ਚ.ਨ.ਸ.): ਭਾਰਤੀ ਰਾਸ਼ਟਰੀ ਰਾਜਮਾਰਗ ਅਥਾਰਟੀ ਦੇ ਚੰਡੀਗੜ੍ਹ ਸਥਿਤ ਖੇਤਰੀ ਦਫ਼ਤਰ ਨੇ ਲੀਡ ਏਜੰਸੀ ਤੇ ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਦੇ ਸਹਿਯੋਗ ਨਾਲ ਚੰਡੀਗੜ੍ਹ ਵਿੱਚ ਸੁਰੱਖਿਅਤ ਪ੍ਰਣਾਲੀਗਤ ਪਹੁੰਚ ਅਤੇ ਸੜਕ ਇੰਜੀਨੀਅਰਿੰਗ ਅਭਿਆਸਾਂ ਬਾਰੇ ਇੱਕ ਸੂਬਾ-ਪੱਧਰੀ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ। ਇਸ ਵਰਕਸ਼ਾਪ ਵਿੱਚ ਖੇਤਰ ਵਿੱਚ ਸੜਕ ਸੁਰੱਖਿਆ ਦੇ ਨਤੀਜਿਆਂ ਨੂੰ ਸੁਧਾਰਨ ਨਾਲ ਜੁੜੇ ਸੀਨੀਅਰ ਨੀਤੀ-ਘਾੜਿਆਂ, ਤਕਨੀਕੀ ਮਾਹਰਾਂ, ਇੰਜੀਨੀਅਰਾਂ, ਯੋਜਨਾਕਾਰਾਂ ਤੇ ਹੋਰ ਮਹੱਤਵਪੂਰਨ ਹਿਤਧਾਰਕਾਂ ਨੇ ਭਾਗ ਲਿਆ। ਇਸ ਵਰਕਸ਼ਾਪ ਦਾ ਆਯੋਜਨ ਸੜਕ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕੀਤਾ ਗਿਆ, ਜਿਸ ਵਿੱਚ 'ਸੁਰੱਖਿਅਤ ਪ੍ਰਣਾਲੀਗਤ ਪਹੁੰਚ' ਨੂੰ ਅਪਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਹ ਇੱਕ ਆਲਮੀ ਪੱਧਰ 'ਤੇ ਮੰਨਿਆ ਹੋਇਆ ਫ਼ਲਸਫ਼ਾ ਹੈ, ਜੋ ਸੜਕਾਂ ਦੇ ਡਿਜ਼ਾਇਨ ਤੇ ਪ੍ਰਬੰਧਨ ਦੇ ਕੇਂਦਰ ਵਿੱਚ ਮਨੁੱਖੀ ਨਾਜ਼ੁਕਤਾ ਤੇ ਮਨੁੱਖੀ ਗ਼ਲਤੀ ਨੂੰ ਰੱਖਦਾ ਹੈ, ਤਾਂ ਜੋ ਅਟੱਲ ਗ਼ਲਤੀਆਂ ਮੌਤ ਜਾਂ ਗੰਭੀਰ ਚੋਟ ਦਾ



ਕਾਰਨ ਨਾ ਬਣਨ।

ਇਹ ਦ੍ਰਿਸ਼ਟੀਕੋਣ ਸਿਰਫ਼ ਵਿਅਕਤੀਗਤ ਸੜਕ ਵਰਤੋਂਕਾਰਾਂ ਨੂੰ ਹਾਦਸਿਆਂ ਲਈ ਦੋਸ਼ੀ ਠਹਿਰਾਉਣ ਦੀ ਬਜਾਏ, ਸੁਰੱਖਿਅਤ ਢਾਂਚਾਗਤ ਸੁਵਿਧਾਵਾਂ, ਸਬੂਤ-ਅਧਾਰਤ ਦਖਲਾਂ ਤੇ ਬਹੁ-ਅਨੁਸ਼ਾਸਨੀ ਸਹਿਯੋਗ ਰਾਹੀਂ ਇੱਕ ਮਾਫ਼ੀਯੋਗ ਤੇ ਲਚਕੀਲਾ ਸੜਕੀ ਈਕੋਸਿਸਟਮ ਤਿਆਰ ਕਰਨ 'ਤੇ ਕੇਂਦ੍ਰਿਤ ਹੈ। ਇਸ ਸਮਾਗਮ ਵਿੱਚ ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਹਰਭਜਨ ਸਿੰਘ ਈਟੀਓ ਸ਼ਾਮਲ ਹੋਏ। ਉਨ੍ਹਾਂ ਦੀ ਮੌਜੂਦਗੀ ਨੇ ਰਾਜਮਾਰਗ ਸੁਰੱਖਿਆ ਤੇ ਇੰਜੀਨੀਅਰਿੰਗ ਵਿੱਚ ਉੱਤਮਤਾ ਨੂੰ ਵਧਾਉਣ ਲਈ ਕੇਂਦਰ ਅਤੇ ਸੂਬਾ ਸਰਕਾਰਾਂ ਦੇ ਸਾਂਝੇ ਯਤਨਾਂ ਵਿਚਲੇ ਸਹਿਯੋਗ ਨੂੰ ਉਜਾਗਰ ਕੀਤਾ। ਵਰਕਸ਼ਾਪ ਦੀ ਸ਼ੁਰੂਆਤ ਰਾਕੇਸ਼ ਕੁਮਾਰ, ਖੇਤਰੀ ਅਧਿਕਾਰੀ, ਐੱਨਐੱਚਏਆਈ, ਖੇਤਰੀ ਦਫ਼ਤਰ, ਚੰਡੀਗੜ੍ਹ ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ। ਵਰਕਸ਼ਾਪ ਨੂੰ ਹੋਰ ਸੀਨੀਅਰ ਹਸਤੀਆਂ ਨੇ ਵੀ ਸੰਬੋਧਨ ਕੀਤਾ, ਜਿਨ੍ਹਾਂ ਵਿੱਚ ਮਿਸ ਪ੍ਰਨੀਤ ਸ਼ੇਰਗਿੱਲ, ਆਈਏਐੱਸ, ਰਾਜ ਟ੍ਰਾਂਸਪੋਰਟ ਕਮਿਸ਼ਨਰ ਤੇ ਸੜਕ ਸੁਰੱਖਿਆ ਲਈ ਲੀਡ ਏਜੰਸੀ ਦੀ ਡਾਇਰੈਕਟਰ ਜਨਰਲ, ਪੰਜਾਬ; ਮਿਸ ਹਰਗੁਣਜੀਤ ਕੌਰ, ਆਈਏਐੱਸ, ਵਿਸ਼ੇਸ਼ ਸਕੱਤਰ, ਲੋਕ ਨਿਰਮਾਣ ਵਿਭਾਗ, ਪੰਜਾਬ ਸਰਕਾਰ; ਤੇ ਏ.ਐੱਸ. ਰਾਏ, ਆਈਪੀਐੱਸ, ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ (ਟ੍ਰੈਫਿਕ), ਪੰਜਾਬ ਸ਼ਾਮਲ ਸਨ। ਆਪਣੇ ਸੰਬੋਧਨਾਂ ਦੌਰਾਨ ਇਨ੍ਹਾਂ ਹਸਤੀਆਂ ਨੇ ਮਜ਼ਬੂਤ ਸੰਸਥਾਗਤ ਸਹਿਯੋਗ, ਡਾਟਾ-ਅਧਾਰਤ ਫ਼ੈਸਲਾ-ਕਰਨ ਤੇ ਇੰਜੀਨੀਅਰਿੰਗ, ਅਮਲ ਤੇ ਨੀਤੀਗਤ ਉਪਾਵਾਂ ਦੇ ਏਕੀਕਰਨ ਰਾਹੀਂ ਸੁਰੱਖਿਅਤ ਪ੍ਰਣਾਲੀਗਤ ਪਹੁੰਚ ਅਪਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਤਕਨੀਕੀ ਸੈਸ਼ਨਾਂ ਦੌਰਾਨ ਪ੍ਰਸਿੱਧ ਮਾਹਰਾਂ ਵੱਲੋਂ ਪੇਸ਼ਕਾਰੀਆਂ ਤੇ ਵਿਚਾਰ-ਵਟਾਂਦਰੇ ਕੀਤੇ ਗਏ। ਐੱਨਐੱਚਏਆਈ ਮੁੱਖ ਦਫ਼ਤਰ ਦੇ ਸਲਾਹਕਾਰ (ਸੜਕ ਸੁਰੱਖਿਆ) ਸ਼੍ਰੀ ਸੁਦਰਸ਼ਨ ਕੇ. ਪੋਪਲੀ ਨੇ ਰਾਜਮਾਰਗਾਂ ਦੇ ਸੁਰੱਖਿਅਤ ਇੰਜੀਨੀਅਰਿੰਗ ਡਿਜ਼ਾਇਨ ਬਾਰੇ ਇੱਕ ਵਿਸਥਾਰਤ ਪੇਸ਼ਕਾਰੀ ਦਿੱਤੀ, ਜਿਸ ਵਿੱਚ ਉਨ੍ਹਾਂ ਨੇ ਸਮਝਾਇਆ ਕਿ ਗ਼ਲਤੀਆਂ ਨੂੰ ਸਹਿਣ ਵਾਲਾ ਸੜਕ ਢਾਂਚਾ ਅਤੇ ਪੇਸ਼ਗੀ ਸੁਰੱਖਿਆ ਯੋਜਨਾ ਕਿਵੇਂ ਹਾਦਸਿਆਂ ਦੀ ਗੰਭੀਰਤਾ ਨੂੰ ਕਾਫ਼ੀ ਹੱਦ ਤੱਕ ਘਟਾ ਸਕਦੀ ਹੈ। ਭਾਰਤੀ ਸੜਕ ਕਾਂਗਰਸ (ਆਈਆਰਸੀ) ਦੇ ਮੈਂਬਰ ਤੇ ਸੜਕ ਸੁਰੱਖਿਆ ਮਾਹਿਰ ਸਵਤੰਤਰ ਕੁਮਾਰ ਨੇ ਨਵੀਨਤਾਕਾਰੀ ਚਿੰਤਕ ਹੱਲਾਂ ਰਾਹੀਂ ਸੜਕ ਸੁਰੱਖਿਆ ਵਿਸ਼ੇ 'ਤੇ ਸੰਬੋਧਨ ਕੀਤਾ। ਆਈਆਈਟੀ ਦਿੱਲੀ ਦੀ ਪ੍ਰੋਫੈਸਰ ਗੀਤਮ ਤਿਵਾਰੀ ਨੇ 'ਰੋਡ ਟੂ ਟ੍ਰੈਫਿਕ ਸੇਫ਼ਟੀ 2030' ਸਿਰਲੇਖ ਹੇਠ ਇੱਕ ਬਹੁਤ ਹੀ ਜਾਣਕਾਰੀ ਭਰਪੂਰ ਸੈਸ਼ਨ ਪੇਸ਼ ਕੀਤਾ, ਜਿਸ ਵਿੱਚ ਉਨ੍ਹਾਂ ਨੇ ਸੜਕ ਸੁਰੱਖਿਆ ਵਿੱਚ ਟਿਕਾਊ ਤੇ ਦੀਰਘਕਾਲੀ ਸੁਧਾਰਾਂ ਲਈ ਰਣਨੀਤੀਆਂ ਤੇ ਨੀਤੀਗਤ ਦਖ਼ਲਾਂ ਨੂੰ ਰੇਖਾਂਕਿਤ ਕੀਤਾ। 'ਜ਼ੀਰੋ ਫ਼ੈਟੈਲਿਟੀ ਕੌਰੀਡੋਰ' ਦੇ ਸੰਕਲਪ ਦਾ ਉਦੇਸ਼ ਇੰਜੀਨੀਅਰਿੰਗ, ਅਮਲ, ਐਮਰਜੈਂਸੀ ਦੇਖਭਾਲ ਤੇ ਕਮਿਊਨਿਟੀ ਭਾਗੀਦਾਰੀ ਦੇ ਮਿਲੇ-ਜੁਲੇ ਉਪਾਵਾਂ ਰਾਹੀਂ ਸੜਕ ਹਾਦਸਿਆਂ ਵਿੱਚ ਮੌਤਾਂ ਨੂੰ ਨਾਟਕੀ ਢੰਗ ਨਾਲ ਘਟਾਉਣਾ ਹੈ-ਇਹ ਇੱਕ ਸਬੂਤ-ਅਧਾਰਤ ਮਾਡਲ ਹੈ, ਜਿਸ ਨੇ ਉੱਚ ਖ਼ਤਰੇ ਵਾਲੀਆਂ ਸੜਕਾਂ 'ਤੇ ਮੌਤਾਂ ਵਿੱਚ ਮਹੱਤਵਪੂਰਨ ਕਮੀ ਦਰਜ ਕੀਤੀ ਹੈ। ਵਰਕਸ਼ਾਪ ਵਿੱਚ ਐੱਨਐੱਚਏਆਈ ਦੇ ਸੀਨੀਅਰ ਅਧਿਕਾਰੀ, ਵੱਖ-ਵੱਖ ਰਾਜ ਸਰਕਾਰੀ ਵਿਭਾਗਾਂ ਦੇ ਨੁਮਾਇੰਦੇ, ਟ੍ਰੈਫਿਕ ਤੇ ਰਾਜਮਾਰਗ ਇੰਜੀਨੀਅਰ, ਯੋਜਨਾ ਮਾਹਰ ਤੇ ਸੜਕ ਢਾਂਚੇ ਤੇ ਸੁਰੱਖਿਆ ਨਾਲ ਜੁੜੇ ਹੋਰ ਪ੍ਰਮੁੱਖ ਹਿਤਧਾਰਕ ਸ਼ਾਮਲ ਹੋਏ। ਇਹ ਵਰਕਸ਼ਾਪ ਗਿਆਨ ਸਾਂਝਾ ਕਰਨ, ਤਕਨੀਕੀ ਵਿਚਾਰ-ਵਟਾਂਦਰੇ ਅਤੇ ਏਜੰਸੀ-ਅੰਤਰ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਈ ਤੇ ਇਸ ਨੇ ਰਾਸ਼ਟਰੀ ਅਤੇ ਵਿਸ਼ਵ ਪੱਧਰੀ ਸੜਕ ਸੁਰੱਖਿਆ ਟੀਚਿਆਂ ਦੇ ਅਨੁਕੂਲ ਵਿਗਿਆਨਕ, ਟਿਕਾਊ ਅਤੇ ਲੋਕ-ਕੇਂਦਰਿਤ ਸੜਕ ਇੰਜੀਨੀਅਰਿੰਗ ਅਭਿਆਸਾਂ ਪ੍ਰਤੀ ਐੱਨਐੱਚਏਆਈ ਦੀ ਵਚਨਬੱਧਤਾ ਨੂੰ ਦੁਹਰਾਇਆ। ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਰਾਹੀਂ ਐੱਨਐੱਚਏਆਈ ਭਾਰਤ ਦੇ ਸੜਕ ਨੈੱਟਵਰਕ ਨੂੰ ਹੋਰ ਸੁਰੱਖਿਅਤ, ਹੋਰ ਲਚਕੀਲਾ ਤੇ ਆਧੁਨਿਕ ਆਵਾਜਾਈ ਦੀਆਂ ਜਟਿਲਤਾਵਾਂ ਨਾਲ ਨਜਿੱਠਣਯੋਗ ਬਣਾਉਣ ਵੱਲ ਲਗਾਤਾਰ ਅਗਵਾਈ ਕਰ ਰਿਹਾ ਹੈ।

# ਨਾਭਾ ਦੇ ਹੀਰਾ ਮਹਿਲ ਪੁੱਜ ਹਰਿਆਣਾ ਦੇ ਮੁੱਖ ਮੰਤਰੀ ਸੈਣੀ, ਕੁੰਵਰ ਅਭੀਉਦੇ ਪ੍ਰਤਾਪ ਸਿੰਘ ਦੇ ਦਸਤਾਰ ਬੰਨ੍ਹਣ ਸਮਾਰੋਹ 'ਚ ਕੀਤੀ ਸ਼ਿਰਕਤ

ਚੰਡੀਗੜ੍ਹ, 3 ਫਰਵਰੀ (ਚ.ਨ.ਸ.): ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੰਗਲਵਾਰ ਨੂੰ ਪੰਜਾਬ ਦੇ ਨਾਭਾ ਵਿੱਚ ਹੀਰਾ ਮਹਿਲ ਦਾ ਦੌਰਾ ਕੀਤਾ। ਉਨ੍ਹਾਂ ਨਾਭਾ ਸ਼ਾਹੀ ਪਰਿਵਾਰ ਦੇ ਕੁੰਵਰ ਅਭਯੁਦਿਆ ਪ੍ਰਤਾਪ ਸਿੰਘ ਦੇ ਪਰਿਵਾਰ ਨੂੰ ਦਸਤਾਰ ਬੰਨ੍ਹਣ ਸਮਾਰੋਹ 'ਤੇ ਵਧਾਈ ਦਿੱਤੀ। ਉਨ੍ਹਾਂ ਗੁਰੂ ਗ੍ਰੰਥ ਸਾਹਿਬ ਅੱਗੇ ਮੱਥਾ ਟੇਕਿਆ ਤੇ ਅਰਦਾਸ ਵੀ ਕੀਤੀ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਇਤਿਹਾਸ ਅਤੇ ਸੱਭਿਆਚਾਰਕ ਵਿਰਾਸਤ ਲਈ ਇੱਕ ਬਹੁਤ ਮਹੱਤਵਪੂਰਨ ਅਤੇ ਮਾਣ ਵਾਲਾ ਪਲ ਹੈ। ਨਾਭਾ ਸ਼ਾਹੀ ਪਰਿਵਾਰ ਦੇ ਕੁੰਵਰ ਅਭਯੁਦਿਆ ਪ੍ਰਤਾਪ ਸਿੰਘ ਦਾ ਦਸਤਾਰ ਬੰਨ੍ਹਣ ਸਮਾਰੋਹ ਸਿਰਫ਼ ਇੱਕ ਪਰਿਵਾਰ ਦਾ ਨਿੱਜੀ ਸਮਾਰੋਹ ਨਹੀਂ ਹੈ, ਸਗੋਂ ਮਹਾਨ ਫੁਲਕੀਆ ਰਾਜਵੰਸ਼ ਦੀ ਵਿਰਾਸਤ ਦਾ ਪੁਨਰ ਸੁਰਜੀਤੀ ਹੈ, ਜਿਸ ਨੇ ਸਦੀਆਂ ਤੋਂ ਸਾਡੇ ਖੇਤਰ ਦੇ ਸਮਾਜਿਕ ਅਤੇ ਅਧਿਆਤਮਿਕ ਦ੍ਰਿਸ਼ ਨੂੰ ਆਕਾਰ ਦਿੱਤਾ ਹੈ।



ਉਨ੍ਹਾਂ ਕਿਹਾ ਕਿ ਇਹ ਸਮਾਗਮ ਸਾਨੂੰ ਨਾਭਾ ਦੀਆਂ ਮਹਾਨ ਸ਼ਖਸੀਅਤਾਂ ਦੀ ਯਾਦ ਦਿਵਾਉਂਦਾ ਹੈ ਜਿਨ੍ਹਾਂ ਨੇ ਇਤਿਹਾਸ ਦਾ ਰੁਖ਼ ਬਦਲ ਦਿੱਤਾ। ਅਸੀਂ ਮਹਾਰਾਜਾ ਹੀਰਾ ਸਿੰਘ ਜੀ ਨੂੰ ਯਾਦ ਕਰਦੇ ਹਾਂ, ਜਿਨ੍ਹਾਂ ਦੇ ਸ਼ਾਸਨ ਨੇ ਪ੍ਰਸ਼ਾਸਕੀ ਕੁਸ਼ਲਤਾ ਅਤੇ ਸੱਭਿਆਚਾਰਕ ਸੰਭਾਲ ਦੀਆਂ ਨਵੀਆਂ ਉਦਾਹਰਣਾਂ ਸਥਾਪਤ ਕੀਤੀਆਂ। ਅਸੀਂ ਮਹਾਰਾਜਾ ਰਿਪੁਦਮਨ ਸਿੰਘ ਦੀ ਅਦੁੱਤੀ ਭਾਵਨਾ ਨੂੰ ਸਲਾਮ ਕਰਦੇ ਹਾਂ, ਜਿਨ੍ਹਾਂ ਨੇ ਬ੍ਰਿਟਿਸ਼ ਸ਼ਾਸਨ ਦੌਰਾਨ ਵੀ ਆਪਣੀ ਸੁਤੰਤਰ ਸੋਚ ਅਤੇ ਸਿੱਖ ਪਛਾਣ ਨਾਲ ਕਦੇ ਸਮਝੌਤਾ ਨਹੀਂ ਕੀਤਾ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਇਹ ਪਰਿਵਾਰ ਦਸਵੇਂ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਦਿੱਤੇ ਗਏ ਅਧਿਆਤਮਿਕ ਆਸ਼ੀਰਵਾਦ ਨਾਲ ਜੁੜਿਆ ਹੋਇਆ ਹੈ। ਗੁਰੂ ਸਾਹਿਬ ਨੇ ਇਸ ਪਰਿਵਾਰ ਨੂੰ "ਤੁਹਾਡਾ ਘਰ, ਮੇਰੀ ਸ਼ਰਨ" ਦਾ ਬ੍ਰਹਮ ਵਰਦਾਨ ਦਿੱਤਾ। ਇਹ ਆਸ਼ੀਰਵਾਦ ਅੱਜ ਵੀ ਹੀਰਾ ਮਹਿਲ ਵਿਖੇ ਗੁਰੂ ਸਾਹਿਬ ਦੇ ਪਵਿੱਤਰ ਅਵਸ਼ੇਸ਼ਾਂ ਦੀ ਸੇਵਾ ਤੇ ਸੰਭਾਲ ਦੇ ਰੂਪ ਵਿੱਚ ਜੀਵਤ ਹੈ। ਉਨ੍ਹਾਂ ਕਿਹਾ, "ਮੈਨੂੰ ਪੂਰਾ ਵਿਸ਼ਵਾਸ ਹੈ ਕਿ ਕੁੰਵਰ ਅਭਯੁਦਿਆ ਇਸ ਮਹਾਨ ਵਿਰਾਸਤ, ਵਿਸ਼ਵਾਸ ਅਤੇ ਸੇਵਾ ਦੀ ਪਰੰਪਰਾ ਨੂੰ ਨਵੀਆਂ ਉਚਾਈਆਂ 'ਤੇ ਲੈ ਜਾਣਗੇ।" ਇਸ ਮੌਕੇ 'ਤੇ ਹਰਿਆਣਾ ਦੇ ਸਾਬਕਾ ਰਾਜ ਮੰਤਰੀ, ਮਨੀਸ਼ ਗਰੋਵਰ, ਰਾਣੀ ਪ੍ਰੀਤੀ ਸਿੰਘ, ਕੁੰਵਰ ਭਾਨੂ ਪ੍ਰਤਾਪ ਸਿੰਘ ਤੇ ਹੋਰ ਪਤਵੰਤੇ ਮੌਜੂਦ ਸਨ।

# ਸੂਚਨਾ ਤੇ ਲੋਕ ਸੰਪਰਕ ਵਿਭਾਗ ਨੇ ਐਨ.ਡੀ. ਸ਼ਰਮਾ ਨੂੰ ਦਿੱਤੀ ਨਿੱਘੀ ਵਿਦਾਇਗੀ

ਚੰਡੀਗੜ੍ਹ, 3 ਫਰਵਰੀ (ਚ.ਨ.ਸ.): ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ ਨੇ ਸੂਚਨਾ ਤੇ ਲੋਕ ਸੰਪਰਕ ਅਫ਼ਸਰ (ਆਈ.ਪੀ.ਆਰ.ਓ.) ਐਨ.ਡੀ. ਸ਼ਰਮਾ ਨੂੰ ਨਿੱਘੀ ਵਿਦਾਇਗੀ ਦਿੱਤੀ, ਜੋ ਲਗਭਗ ਤਿੰਨ ਦਹਾਕਿਆਂ ਦੇ ਸ਼ਾਨਦਾਰ ਕਾਰਜਕਾਲ ਤੋਂ ਬਾਅਦ ਸੇਵਾਮੁਕਤ ਹੋਏ। ਵਿਭਾਗ ਨਾਲ ਸ਼ਰਮਾ ਦਾ ਸਫ਼ਰ 1998 ਵਿੱਚ ਸ਼ੁਰੂ ਹੋਇਆ ਸੀ, ਜਦੋਂ ਉਹ ਹਿੰਦੀ ਅਨੁਵਾਦਕ ਵਜੋਂ ਨਿਯੁਕਤ ਹੋਏ ਸਨ। ਸਾਲਾਂ ਦੇ ਸਮਰਪਣ, ਭਾਸ਼ਾਈ ਮੁਹਾਰਤ ਅਤੇ ਕੰਮ ਪ੍ਰਤੀ ਜਨੂੰਨ ਸਦਕਾ ਉਹ ਹੋਰ ਅਹਿਮ ਭੂਮਿਕਾਵਾਂ ਵੱਲ ਅਗਾਂਹ ਹੀ ਅਗਾਂਹ ਤੁਰਦੇ ਗਏ ਤੇ ਉਨ੍ਹਾਂ ਦੇ ਸਮਰਪਣ ਦਾ ਇਹ ਸਫ਼ਰ ਅੱਜ ਲੋਕ ਸੰਪਰਕ ਅਧਿਕਾਰੀ ਤੇ ਹਿੰਦੀ ਡੈਸਕ ਇੰਚਾਰਜ ਤੱਕ ਆਣ ਪੁੱਜਾ।

ਐਨ.ਡੀ. ਸ਼ਰਮਾ ਨੇ ਹਿੰਦੀ ਜਾਗ੍ਰਿਤੀ ਮੈਗਜ਼ੀਨ ਲਈ ਵੀ ਸੰਪਾਦਕ ਵਜੋਂ ਕੰਮ ਕੀਤਾ, ਜੋ ਉਨ੍ਹਾਂ ਦੇ ਹੁਨਰ ਤੇ ਸਖ਼ਤ ਮਿਹਨਤ ਦਾ ਪ੍ਰਮਾਣ ਸੀ। ਆਪਣੇ ਕਾਰਜਕਾਲ ਦੌਰਾਨ ਉਨ੍ਹਾਂ ਨੇ ਉੱਚ-ਪੱਧਰੇ ਸਰਕਾਰੀ ਸਮਾਗਮਾਂ ਤੇ ਪੰਜਾਬ ਦੀ ਸੱਭਿਆਚਾਰਕ ਵਿਰਾਸਤ ਨੂੰ ਦਸਤਾਵੇਜ਼ੀ ਰੂਪ ਦੇਣ ਵਿੱਚ ਅਹਿਮ ਭੂਮਿਕਾ ਨਿਭਾਈ। ਵਿਭਾਗ ਵਿੱਚ ਸ਼ਰਮਾ ਦੇ ਸ਼ਾਨਦਾਰ ਯੋਗਦਾਨ ਲਈ ਇੱਕ ਸੰਖੇਪ ਸੇਵਾਮੁਕਤੀ ਸਮਾਰੋਹ ਵੀ ਕਰਵਾਇਆ ਗਿਆ, ਜਿਸ ਵਿੱਚ ਵਧੀਕ ਡਾਇਰੈਕਟਰ ਰਣਦੀਪ ਸਿੰਘ ਆਹਲੂਵਾਲੀਆ, ਸੰਯੁਕਤ ਡਾਇਰੈਕਟਰ ਇਸ਼ਵਿੰਦਰ ਸਿੰਘ ਗਰੇਵਾਲ, ਪ੍ਰੀਤ ਕੰਵਲ ਸਿੰਘ ਤੇ ਮਨਵਿੰਦਰ ਸਿੰਘ ਅਤੇ ਡਿਪਟੀ ਡਾਇਰੈਕਟਰ ਨਵਦੀਪ ਸਿੰਘ ਗਿੱਲ ਤੇ ਨਰਿੰਦਰਪਾਲ ਸਿੰਘ ਜਗਦਿਓ ਨੇ ਸ਼ਿਰਕਤ ਕੀਤੀ। ਲੋਕ ਸੰਪਰਕ ਵਿਭਾਗ ਦੀ ਟੀਮ ਨੇ ਸ਼ਰਮਾ ਨੂੰ ਉਨ੍ਹਾਂ ਦੀ ਸੇਵਾਮੁਕਤੀ ਦੀ ਹਾਰਦਿਕ ਵਧਾਈ ਦਿੱਤੀ।

# ਕੇਂਦਰੀ ਬਜਟ ਭਗਤ ਰਵਿਦਾਸ ਜੀ ਦੀ ਬਰਾਬੀ ਦੀ ਸੋਚ ਤੋਂ ਪ੍ਰੇਰਿਤ, ਵਿਕਸਤ ਭਾਰਤ ਦੀ ਬਣੇਗਾ ਮਜਬੂਤ ਨੀਂਹ : ਸੁਨੀਲ ਜਾਖੜ

ਚੰਡੀਗੜ੍ਹ, 3 ਫਰਵਰੀ (ਹਰਦੀਪ ਕੌਰ): ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਕੇਂਦਰੀ ਬਜਟ ਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਸਮਾਨਤਾ ਦੀ ਸੋਚ ਤੋਂ ਪ੍ਰੇਰਿਤ ਦੱਸਦਿਆਂ ਕਿਹਾ ਹੈ ਕਿ ਇਹ ਬਜਟ ਵਿਕਸਤ ਭਾਰਤ ਬਣਾਉਣ ਲਈ ਇਕ ਠੋਸ ਕਦਮ ਤੇ ਮਜਬੂਤ ਨੀਂਹ ਹੈ। ਉਨ੍ਹਾਂ ਨੇ ਕਿਹਾ ਕਿ ਅਰਥਸ਼ਾਸਤਰ ਤੋਂ ਕੋਰੀ ਆਪ ਅਤੇ ਕਾਂਗਰਸ ਪਾਰਟੀ ਇਸ ਬਜਟ ਦੀ ਮੂਲ ਭਾਵਨਾ ਸਮਝਣ ਵਿਚ ਅਸਮਰੱਥ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਬੀਤੇ ਕੱਲ ਖੁਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੱਸ ਕੇ ਗਏ ਹਨ ਕਿ ਜਲੰਧਰ, ਅੰਮ੍ਰਿਤਸਰ, ਲੁਧਿਆਣਾ, ਹੁਸ਼ਿਆਰਪੁਰ, ਮੋਗਾ, ਫਿਰੋਜ਼ਪੁਰ ਵਰਗੇ ਇਲਾਕਿਆਂ ਵਿਚ ਇਸ ਬਜਟ ਦਾ ਲਾਭ ਹੋਵੇਗਾ ਅਤੇ ਇੰਨ੍ਹਾਂ ਸ਼ਹਿਰਾਂ ਦੇ ਵਿਕਾਸ ਨੂੰ ਹੁੰਘਾਰਾ ਮਿਲੇਗਾ। ਹੋਰ ਤਾਂ ਹੋਰ ਬਜਟ ਤੋਂ ਪਹਿਲਾਂ ਕੇਂਦਰੀ ਵਿੱਤ ਮੰਤਰੀ ਦੀ ਪ੍ਰਧਾਨਗੀ ਵਿਚ ਹੋਈ ਬੈਠਕ ਵਿਚ ਵੀ ਪੰਜਾਬ ਦੇ ਖਜਾਨਾ ਮੰਤਰੀ ਕੋਈ ਬਜਟ ਪ੍ਰਸਤਾਵ ਜਾਂ ਵਿਕਾਸ ਦੀ ਮੰਗ ਰੱਖਣ ਦੀ ਬਜਾਏ ਇਹੀ ਮੰਗ ਰੱਖ ਕੇ ਆਏ ਸਨ ਕਿ ਸਾਡੀ ਕਰਜ ਚੁੱਕਣ ਦੀ ਸੀਮਾ ਵਿਚ ਵਾਧਾ ਕੀਤਾ ਜਾਵੇ।




ਭਾਜਪਾ ਪ੍ਰਧਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰੀ ਸਰਕਾਰ ਦਾ ਇਹ ਬਜਟ ਸਮਾਨਤਾ ਤੇ ਵਿਕਾਸ ਨੂੰ ਨਵੀ ਗਤੀ ਦੇਣ ਵਾਲਾ ਹੈ। ਉਨ੍ਹਾਂ ਨੇ ਕਿਹਾ ਕਿ ਬੀਤੇ ਕੱਲ ਡੇਰਾ ਬੱਲਾਂ ਵਿਖੇ ਪ੍ਰਧਾਨ ਮੰਤਰੀ ਖੁਦ ਇਸ ਬਜਟ ਦੇ ਪੰਜਾਬ ਤੇ ਪੈਣ ਵਾਲੇ ਚੰਗੇ ਪ੍ਰਭਾਵਾਂ ਦੀ ਵਿਸਥਾਰ ਨਾਲ ਜਾਣਕਾਰੀ ਦੇਕੇ ਗਏ ਹਨ ਪਰ ਕੇਜਰੀਵਾਲ ਦੇ ਡਰੋਂ ਪ੍ਰਧਾਨ ਮੰਤਰੀ ਨੂੰ ਮਿਲਣ ਤੋਂ ਕਤਰਾਉਂਦੇ ਮੁੱਖ ਮੰਤਰੀ ਭਗਵੰਤ ਮਾਨ ਬੀਤੇ ਕੱਲ ਸਾਰੀਆਂ ਸਥਾਪਿਤ ਮਰਿਆਦਾਵਾਂ ਦਾ ਉਲੰਘਣ ਕਰਦਿਆਂ ਤਦ ਵੀ ਪ੍ਰਧਾਨ ਮੰਤਰੀ ਨੂੰ ਨਹੀਂ ਮਿਲੇ ਜਦ ਪ੍ਰਧਾਨ ਮੰਤਰੀ ਖੁਦ ਪੰਜਾਬ ਆਏ ਸਨ। ਬਜਟ ਪ੍ਰਸਤਾਵਾਂ ਦੀ ਗੱਲ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਫਸਲੀ ਵਿਭਿੰਨਤਾ ਜਾਂ ਉਚ ਮੁੱਲ ਦੀਆਂ ਫਸਲਾਂ ਸਬੰਧੀ ਪੰਜਾਬ ਸਰਕਾਰ ਕੋਈ ਯੋਜਨਾ ਭੇਜੇਗੀ ਤਾਂ ਹੀ ਬਜਟ ਮਿਲੇਗਾ। ਇਸੇ ਤਰਾਂ ਅਨਾਜ ਦੀ ਸਰਕਾਰੀ ਖਰੀਦ ਲਈ ਭਾਰਤ ਸਰਕਾਰ ਦੇ ਬਜਟ ਦਾ ਵੱਡਾ ਹਿੱਸਾ ਵੀ ਪੰਜਾਬ ਦੇ ਕਿਸਾਨਾਂ ਦੀਆਂ ਜੇਬਾਂ ਤੱਕ ਪੁੱਜਦਾ ਹੈ। ਇਸੇ ਤਰਾਂ ਖੇਲੋ ਇੰਡੀਆ ਅਭਿਆਨ ਨਾਲ ਜਦ ਦੇਸ਼ ਭਰ ਵਿਚ ਖੇਡਾਂ ਉਤਸਾਹਿਤ ਹੋਣਗੀਆਂ ਤਾਂ ਇਸਲਈ ਵਿਕਣ ਵਾਲਾ ਸਮਾਨ ਤਾਂ ਪੰਜਾਬ ਦੇ ਜਲੰਧਰ ਹੀ ਬਣੇਗਾ। ਉਨ੍ਹਾਂ ਸਵਾਲ ਕੀਤਾ ਕਿ ਕੀ ਇਹ ਪੰਜਾਬ ਲਈ ਨਹੀਂ ਹੈ। ਇਸੇ ਤਰਾਂ ਉਨ੍ਹਾਂ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਯੂਰੋਪੀਅਨ ਯੂਨੀਅਨ ਨਾਲ ਜੋ ਸਮਝੌਤਾ ਕੀਤਾ ਹੈ ਉਸਦਾ ਵੀ ਪੰਜਾਬ ਦੀ ਐਮਐਸਐਮਈ, ਟੈਕਸਟਾਈਲ, ਸਪੋਰਟਸ ਇੰਡਸਟਰੀ ਨੂੰ ਵੱਡਾ ਲਾਭ ਹੋਣ ਵਾਲਾ ਹੈ। ਪੇਂਡੂ ਵਿਕਾਸ ਦੀ ਗੱਲ ਕਰਦਿਆਂ ਕਿਹਾ ਕਿ ਪੰਚਾਇਤਾਂ ਨੂੰ ਪਹਿਲਾਂ ਦੇ ਮੁਕਾਬਲੇ ਹੁਣ ਭਾਰਤ ਸਰਕਾਰ ਲਗਭਗ ਦੁੱਗਣਾ ਬਜਟ ਸਿੱਧੇ ਪੰਚਾਇਤ ਦੇ ਖਾਤੇ ਵਿਚ ਭੇਜੇਗੀ ਅਤੇ ਇਹ ਬਿਨ੍ਹਾਂ ਕਿਸੇ ਭੇਦਭਾਵ ਦੇ ਹਰ ਪੰਚਾਇਤ ਨੂੰ ਮਿਲੇਗਾ। ਸੁਨੀਲ ਜਾਖੜ ਨੇ ਕਿਹਾ ਕਿ ਹਾਲੇ ਵੀ ਮੁੱਖ ਮੰਤਰੀ ਭਗਵੰਤ ਮਾਨ, ਅਰਵਿੰਦ ਕੇਜਰੀਵਾਲ ਦਾ ਡਰ ਕੱਢ ਕੇ ਕੋਈ ਚੰਗਾ ਪ੍ਰੋਜੈਕਟ ਬਣਾ ਕੇ ਕੇਂਦਰ ਸਰਕਾਰ ਕੋਲ ਲੈ ਕੇ ਜਾਣ ਤਾਂ ਉਥੋਂ ਪੂਰੀ ਮਦਦ ਮਿਲੇਗੀ। ਉਨ੍ਹਾਂ ਨੇ ਕਿਹਾ ਕਿ ਅਸਲ ਵਿਚ ਇਸ ਸਮੇਂ ਪੰਜਾਬ ਵਿਚ ਅਮਨ ਕਾਨੂੰਨ ਦੀ ਜੋ ਸਥਿਤੀ ਹੈ ਉਸ ਕਾਰਨ ਇੱਥੇ ਕੋਈ ਵੀ ਨਿਵੇਸ ਕਰਨ ਨੂੰ ਤਿਆਰ ਨਹੀਂ ਹੈ। ਇਸ ਲਈ ਪੰਜਾਬ ਨੂੰ ਇਕ ਮਜਬੂਤ ਲੀਡਰਸ਼ਿਪ ਦੀ ਜਰੂਰਤ ਹੈ ਜੋ ਪੰਜਾਬ ਨੂੰ ਇਸ ਬਦਇੰਤਜਾਮੀ ਦੇ ਦੌਰ ਵਿਚੋਂ ਕੱਢ ਕੇ ਮੁੜ ਇਸਦੇ ਉਸ ਸੁਨਹਿਰੇ ਦੌਰ ਵਿਚ ਲੈਕੇ ਆਵੇ ਜਿਸਦਾ ਪੰਜਾਬ ਹੱਕਦਾਰ ਹੈ ਅਤੇ ਇਹ ਲੀਡਰਸ਼ਿਪ ਭਾਜਪਾ ਕੋਲ ਹੈ ਜੋ ਪੰਜਾਬ ਦੇ ਵਿਕਾਸ ਦਾ ਇਕ ਵਿਆਪਕ ਰੋਡ ਮੈਪ ਰੱਖਦੀ ਹੈ।

# ਪੰਜਾਬ ਕਾਂਗਰਸ ਨੇ ਅਮਰੀਕੀ ਇੰਪੋਰਟ 'ਤੇ 'ਜ਼ੀਰੋ ਟੈਰਿਫ਼' ਲਗਾਉਣ ਨੂੰ ਲੈ ਕੇ ਪ੍ਰਗਟਾਈ ਚਿੰਤਾ

ਚੰਡੀਗੜ੍ਹ, 3 ਫ਼ਰਵਰੀ (ਹਰਦੀਪ ਕੌਰ): ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਭਾਰਤ-ਅਮਰੀਕਾ ਵਪਾਰ ਸਮਝੌਤੇ ਤਹਿਤ ਅਮਰੀਕੀ ਇੰਪੋਰਟ 'ਤੇ "ਜ਼ੀਰੋ ਟੈਰਿਫ" ਦੀ ਤਜਵੀਜ਼ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟਾਈ ਹੈ। ਜਿਸਨੂੰ ਲੈ ਕੇ ਉਨ੍ਹਾਂ ਨੇ ਸ਼ੰਕਾ ਜਤਾਈ ਕਿ ਇਸ ਵਿੱਚ ਖੇਤੀਬਾੜੀ ਉਤਪਾਦ ਵੀ ਸ਼ਾਮਲ ਹੋ ਸਕਦੇ ਹਨ। ਇੱਥੇ ਜਾਰੀ ਇੱਕ ਬਿਆਨ ਵਿੱਚ, ਉਨ੍ਹਾਂ ਨੇ ਕਿਹਾ ਹੈ ਕਿ ਇਸ ਮਾਮਲੇ ਵਿੱਚ ਸਪਸ਼ਟਤਾ ਨਾ ਹੋਣ ਕਾਰਨ ਖ਼ਾਸ ਕਰਕੇ ਪੰਜਾਬ ਦੇ ਕਿਸਾਨਾਂ ਵਿੱਚ ਵੱਡੀ ਚਿੰਤਾ ਹੈ ਕਿ ਖੇਤੀਬਾੜੀ ਉਤਪਾਦਾਂ ਨੂੰ ਬਿਨਾਂ ਕਿਸੇ ਟੈਰਿਫ ਤੋਂ ਦੇਸ਼ ਵਿੱਚ ਆਉਣ ਦੀ ਆਗਿਆ ਦਿੱਤੀ ਜਾ ਸਕਦੀ ਹੈ। ਉਨ੍ਹਾਂ ਨੇ ਚੇਤਾਵਨੀ ਦਿੰਦਿਆਂ ਕਿ ਇਹ ਕਦਮ ਖੇਤੀ ਆਧਾਰਿਤ ਅਰਥ ਵਿਵਸਥਾ ਲਈ ਮਾਰੂ ਸਾਬਤ ਹੋ ਸਕਦਾ ਹੈ। ਉਨ੍ਹਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਦੇਸ਼ ਭਰ, ਖ਼ਾਸ ਕਰਕੇ ਪੰਜਾਬ ਦੇ ਕਿਸਾਨਾਂ ਵਿੱਚ ਇਹ ਡਰ ਤੇ ਚਿੰਤਾ ਹੈ ਕਿ ਮੋਦੀ ਸਰਕਾਰ ਅਮਰੀਕਾ ਦੇ ਦਬਾਅ ਹੇਠ ਆ ਕੇ ਅਮਰੀਕੀ ਇੰਪੋਰਟ ਉੱਪਰ "ਜ਼ੀਰੋ ਟੈਰਿਫ" ਮਨਜ਼ੂਰ ਕਰ ਰਹੀ ਹੈ। ਜਦਕਿ ਭਾਰਤੀ ਉਤਪਾਦਾਂ 'ਤੇ 18 ਫ਼ੀਸਦੀ ਟੈਰਿਫ ਲਗਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸ ਇੰਪੋਰਟ ਵਿੱਚ ਖੇਤੀਬਾੜੀ ਉਤਪਾਦ ਵੀ ਸ਼ਾਮਲ ਹੋਏ, ਤਾਂ ਇਹ ਖ਼ੇਤੀ ਨੂੰ ਖ਼ਤਮ ਕਰਨ ਵਾਲਾ ਕਦਮ ਸਾਬਤ ਹੋਵੇਗਾ ਤੇ ਦੇਸ਼ ਭਰ ਦੀ ਖੇਤੀ ਅਰਥ ਵਿਵਸਥਾ ਨੂੰ ਇੱਕ ਵੱਡਾ ਝਟਕਾ ਲੱਗੇਗਾ ਤੇ ਜਿਸਦਾ ਸਭ ਤੋਂ ਵੱਧ ਨੁਕਸਾਨ ਪੰਜਾਬ ਨੂੰ ਹੋਵੇਗਾ।

ਵੜਿੰਗ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੇਸ਼ ਦੇ ਲੋਕਾਂ ਤੇ ਖ਼ਾਸ ਕਰਕੇ ਕਿਸਾਨਾਂ ਨੂੰ ਇਹ ਸਪਸ਼ਟ ਕਰਨਾ ਚਾਹੀਦਾ ਹੈ ਕਿ ਉਨ੍ਹਾਂ ਦੇ ਹਿਤਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਗਿਆ ਹੈ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਅਜਿਹਾ ਨਾ ਕਰਨ ਤੇ ਸਰਕਾਰ ਨੂੰ ਕਿਸਾਨਾਂ ਦੇ ਗੁੱਸੇ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਪਵੇਗਾ। ਇਹ ਸਿਰਫ਼ ਕਿਸਾਨਾਂ ਦੇ ਹੀ ਨਹੀਂ, ਸਗੋਂ ਦੇਸ਼ ਦੇ ਭਵਿੱਖ ਨਾਲ ਜੁੜਿਆ ਵੀ ਮਾਮਲਾ ਹੈ।

# ਕੇਂਦਰੀ ਬਜਟ ਨਾਲ ਭਾਰਤ ਦੀ ਅਰਥਵਿਵਸਥਾ ਨੂੰ ਮਜ਼ਬੂਤੀ, ਵਿਕਾਸ ਤੇ ਆਤਮਨਿਰਭਰਤਾ ਨੂੰ ਮਿਲੇਗੀ ਨਵੀਂ ਦਿਸ਼ਾ: ਭਾਜਪਾ

ਚੰਡੀਗੜ੍ਹ, 3 ਫਰਵਰੀ (ਹਰਦੀਪ ਕੌਰ): ਭਾਰਤੀ ਜਨਤਾ ਪਾਰਟੀ ਦੇ ਰਾਜ ਦਫ਼ਤਰ 'ਕਮਲਮ' ਵਿੱਚ ਕੇਂਦਰੀ ਬਜਟ 2026-27 ਨੂੰ ਲੈ ਕੇ ਇੱਕ ਪ੍ਰੈਸ ਵਾਰਤਾ ਦਾ ਆਯੋਜਨ ਕੀਤਾ ਗਿਆ। ਇਸ ਪ੍ਰੈਸ ਵਾਰਤਾ ਨੂੰ ਭਾਜਪਾ ਦੇ ਰਾਜ ਪ੍ਰਧਾਨ ਜਿਤੇਂਦਰ ਪਾਲ ਮਲ੍ਹੋਤਰਾ ਤੇ ਸਾਬਕਾ ਰਾਜ ਪ੍ਰਧਾਨ ਤੇ ਵਰਤਮਾਨ ਵਿੱਚ ਹਿਮਾਚਲ ਪ੍ਰਦੇਸ਼ ਦੇ ਸਹਿ-ਪ੍ਰਭਾਰੀ ਸੰਜੇ ਟੰਡਨ ਨੇ ਸੰਬੋਧਨ ਕੀਤਾ। ਦੋਹਾਂ ਨੇਤਾਵਾਂ ਨੇ ਕੇਂਦਰੀ ਬਜਟ ਨੂੰ ਦੂਰਦਰਸ਼ੀ, ਵਿਕਾਸੋਨਮੁਖੀ ਅਤੇ 2047 ਤੱਕ ਭਾਰਤ ਨੂੰ ਵਿਕਸਿਤ ਰਾਸ਼ਟਰ ਬਣਾਉਣ ਦੀ ਮਜ਼ਬੂਤ ਨੀਂਹ ਕਰਾਰ ਦਿੱਤਾ। ਰਾਜ ਪ੍ਰਧਾਨ ਜਿਤੇਂਦਰ ਪਾਲ ਮਲ੍ਹੋਤਰਾ ਨੇ ਕਿਹਾ ਕਿ ਕੇਂਦਰੀ ਬਜਟ 2026-27 ਇਹ ਸਪਸ਼ਟ ਕਰਦਾ ਹੈ ਕਿ ਭਾਰਤ ਆਰਥਿਕ ਤੌਰ 'ਤੇ ਮਜ਼ਬੂਤ ਹੈ ਅਤੇ ਲਗਾਤਾਰ ਵਿਕਾਸ ਦੇ ਰਾਹ 'ਤੇ ਅੱਗੇ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਵਿੱਤੀ ਅਨੁਸ਼ਾਸਨ ਕਾਇਮ ਰੱਖਦੇ ਹੋਏ ਜੀਡੀਪੀ ਦੇ ਮੁਕਾਬਲੇ ਰਾਜਕੋਸ਼ੀ ਘਾਟੇ ਨੂੰ ਲਗਭਗ 4.5 ਫੀਸਦੀ ਤੱਕ ਸੀਮਿਤ ਰੱਖਿਆ ਹੈ, ਜੋ ਲਗਾਤਾਰ ਘਟ ਰਿਹਾ ਹੈ। ਇਸ ਨਾਲ ਇਹ ਸਾਬਤ ਹੁੰਦਾ ਹੈ ਕਿ ਸਰਕਾਰ ਬਿਨਾਂ ਲੋੜ ਖਰਚ ਨਹੀਂ ਕਰ ਰਹੀ ਅਤੇ ਆਉਣ ਵਾਲੀਆਂ ਪੀੜ੍ਹੀਆਂ 'ਤੇ ਕਰਜ਼ੇ ਦਾ ਬੋਝ ਨਹੀਂ ਪਾ ਰਹੀ।



ਉਨ੍ਹਾਂ ਕਿਹਾ ਕਿ ਇਸ ਨਾਲ ਦੇਸ਼ੀ ਅਤੇ ਵਿਦੇਸ਼ੀ ਨਿਵੇਸ਼ਕਾਂ ਦਾ ਭਰੋਸਾ ਵਧਦਾ ਹੈ, ਮਹਿੰਗਾਈ ਦਾ ਖਤਰਾ ਘਟਦਾ ਹੈ ਅਤੇ ਬਿਨਾਂ ਆਰਥਿਕ ਦਬਾਅ ਦੇ ਟਿਕਾਊ ਵਿਕਾਸ ਸੰਭਵ ਹੁੰਦਾ ਹੈ। ਨਿਵੇਸ਼ ਵਧੇਗਾ ਅਤੇ ਅਰਥਵਿਵਸਥਾ ਹੋਰ ਮਜ਼ਬੂਤ ਹੋਵੇਗੀ। ਇੰਫ੍ਰਾਸਟਰਕਚਰ ਨੂੰ ਵਿਕਾਸ ਦੀ ਅਸਲ ਤਾਕਤ ਦੱਸਦੇ ਹੋਏ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਪੂੰਜੀ ਖਰਚ ਵਿੱਚ ਇਤਿਹਾਸਕ ਵਾਧਾ ਕੀਤਾ ਹੈ। ਰਾਜਾਂ ਨੂੰ ਮਿਲਾ ਕੇ ਕੁੱਲ ₹17.1 ਲੱਖ ਕਰੋੜ ਰੁਪਏ ਦੇ ਨਿਵੇਸ਼ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਵਿੱਚ ਰੇਲਵੇ, ਸੜਕਾਂ, ਲੋਜਿਸਟਿਕਸ ਕੌਰੀਡੋਰ, ਬਿਜਲੀ, ਸ਼ਹਿਰੀ ਵਿਕਾਸ ਅਤੇ ਉੱਤਰ-ਦੱਖਣ ਤੇ ਪੂਰਬ-ਪੱਛਮ ਕਨੈਕਟਿਵਿਟੀ ਸ਼ਾਮਲ ਹੈ। ਸੰਜੇ ਟੰਡਨ ਨੇ ਕਿਹਾ ਕਿ ਬਜਟ ਵਿੱਚ ਤਕਨਾਲੋਜੀ ਨੂੰ ਭਵਿੱਖ ਦੀ ਰੀੜ੍ਹ ਮੰਨਦੇ ਹੋਏ ਏਆਈ, ਡਾਟਾ, ਸੈਮੀਕੰਡਕਟਰ, ਕਵਾਂਟਮ ਕੰਪਿਊਟਿੰਗ ਤੇ ਕਲਾਊਡ ਟੈਕਨੋਲੋਜੀ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ। ਡਾਟਾ ਸੈਂਟਰਾਂ ਵਿੱਚ ਨਿਵੇਸ਼ ਕਰਨ ਵਾਲੀਆਂ ਕੰਪਨੀਆਂ ਨੂੰ 2047 ਤੱਕ ਟੈਕਸ ਛੂਟ ਦੇਣ ਦਾ ਫੈਸਲਾ ਇਤਿਹਾਸਕ ਹੈ। ਆਈਟੀ ਤੇ ਟੈਲੀਕਾਮ ਖੇਤਰ ਲਈ ₹74,560 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ, ਜਿਸ ਨਾਲ ਵਿਦੇਸ਼ੀ ਨਿਵੇਸ਼ ਵਧੇਗਾ ਅਤੇ ਨੌਜਵਾਨਾਂ ਨੂੰ ਉੱਚ ਤਨਖਾਹ ਵਾਲੀਆਂ ਨੌਕਰੀਆਂ ਮਿਲਣਗੀਆਂ।

ਸੰਜੇ ਟੰਡਨ ਨੇ ਕਿਹਾ ਕਿ ਬਜਟ ਵਿੱਚ ਮਹਿਲਾਵਾਂ ਦੀ ਅਗਵਾਈ ਵਾਲੇ ਵਿਕਾਸ ਨੂੰ ਵਿਸ਼ੇਸ਼ ਮਹੱਤਵ ਦਿੱਤਾ ਗਿਆ ਹੈ। ਮਹਿਲਾ ਸਵੈ-ਸਹਾਇਤਾ ਸਮੂਹਾਂ ਲਈ 'SHE MARTS' ਬਣਾਏ ਜਾਣਗੇ, ਜਿਸ ਨਾਲ ਮਹਿਲਾਵਾਂ ਆਪਣਾ ਕਾਰੋਬਾਰ ਖੁਦ ਚਲਾਉਣਗੀਆਂ ਅਤੇ ਮੁਨਾਫ਼ਾ ਸਿੱਧਾ ਉਨ੍ਹਾਂ ਤੱਕ ਪਹੁੰਚੇਗਾ। ਇਸ ਨਾਲ ਮਹਿਲਾ ਰੋਜ਼ਗਾਰ ਵਧੇਗਾ, ਪਿੰਡਾਂ ਵਿੱਚ ਖਪਤ ਵਧੇਗੀ ਤੇ ਘਰੇਲੂ ਬਚਤ ਤੇ ਨਿਵੇਸ਼ ਨੂੰ ਮਜ਼ਬੂਤੀ ਮਿਲੇਗੀ। ਹਰ ਜ਼ਿਲ੍ਹੇ ਵਿੱਚ ਲੜਕੀਆਂ ਲਈ ਹੋਸਟਲ ਦੀ ਸੁਵਿਧਾ ਵੀ ਦਿੱਤੀ ਜਾਵੇਗੀ। ਸੰਜੇ ਟੰਡਨ ਨੇ ਕਿਹਾ ਕਿ ਸਿੱਖਿਆ ਖੇਤਰ ਲਈ ₹1.39 ਲੱਖ ਕਰੋੜ ਅਤੇ ਰੱਖਿਆ ਖੇਤਰ ਲਈ ਲਗਭਗ ₹6 ਲੱਖ ਕਰੋੜ ਦਾ ਬਜਟ ਦੇਸ਼ ਦੀ ਸੁਰੱਖਿਆ ਅਤੇ ਮਨੁੱਖੀ ਸੰਸਾਧਨਾਂ ਨੂੰ ਮਜ਼ਬੂਤ ਕਰੇਗਾ। ਰੱਖਿਆ ਖੇਤਰ ਵਿੱਚ ਦੇਸੀ ਨਿਰਮਾਣ ਅਤੇ ਅਨੁਸੰਧਾਨ ਨੂੰ ਉਤਸ਼ਾਹ ਮਿਲੇਗਾ, ਜਿਸ ਨਾਲ ਆਯਾਤ ਘਟੇਗਾ ਅਤੇ ਨਿਰਯਾਤ ਵਧੇਗਾ। ਇਸ ਨਾਲ ਉੱਚ-ਕੌਸ਼ਲ ਵਾਲੀਆਂ ਨੌਕਰੀਆਂ ਪੈਦਾ ਹੋਣਗੀਆਂ ਅਤੇ ਵਿਦੇਸ਼ੀ ਮੁਦਰਾ ਦੇਸ਼ ਵਿੱਚ ਆਵੇਗੀ।

ਸੰਜੇ ਟੰਡਨ ਨੇ ਕਿਹਾ ਕਿ ਸਿਹਤ ਖੇਤਰ ਲਈ ₹1.04 ਲੱਖ ਕਰੋੜ ਰੁਪਏ ਦਾ ਬਜਟ ਆਮ ਲੋਕਾਂ ਲਈ ਵੱਡੀ ਰਾਹਤ ਹੈ। ਕੈਂਸਰ ਦੇ ਇਲਾਜ ਵਿੱਚ ਵਰਤੀਆਂ ਜਾਣ ਵਾਲੀਆਂ 17 ਦਵਾਈਆਂ 'ਤੇ ਕਸਟਮ ਡਿਊਟੀ ਖਤਮ ਕਰ ਦਿੱਤੀ ਗਈ ਹੈ, ਜਿਸ ਨਾਲ ਇਹ ਦਵਾਈਆਂ 20 ਤੋਂ 30 ਫੀਸਦੀ ਤੱਕ ਸਸਤੀਆਂ ਹੋਣਗੀਆਂ। ਮੈਡੀਕਲ ਟੂਰਿਜ਼ਮ ਨੂੰ ਉਤਸ਼ਾਹ ਦੇਣ ਲਈ ਪੰਜ ਹੱਬ ਵਿਕਸਿਤ ਕੀਤੇ ਜਾਣਗੇ ਅਤੇ ਨਵੇਂ ਆਯੁਰਵੇਦ ਸੰਸਥਾਨ ਅਤੇ ਅੰਤਰਰਾਸ਼ਟਰੀ ਮਿਆਰਾਂ ਵਾਲੀਆਂ ਲੈਬਾਂ ਸਥਾਪਤ ਕੀਤੀਆਂ ਜਾਣਗੀਆਂ। ਸੰਜੇ ਟੰਡਨ ਨੇ ਕਿਹਾ ਕਿ ₹1.62 ਲੱਖ ਕਰੋੜ ਰੁਪਏ ਦਾ ਖੇਤੀ ਬਜਟ ਕਿਸਾਨਾਂ ਨੂੰ ਟਿਕਾਊ ਆਮਦਨ ਵੱਲ ਲੈ ਜਾਣ ਵਾਲਾ ਹੈ। ਨਾਰੀਅਲ ਦੀ ਖੇਤੀ ਨੂੰ ਉਤਸ਼ਾਹ ਦੇਣ ਨਾਲ ਪਿੰਡਾਂ ਦੀ ਅਰਥਵਿਵਸਥਾ ਮਜ਼ਬੂਤ ਹੋਵੇਗੀ, ਖੇਤੀ ਪ੍ਰੋਸੈਸਿੰਗ ਵਧੇਗੀ ਅਤੇ ਪਲਾਇਨ ਵਿੱਚ ਕਮੀ ਆਵੇਗੀ।

ਸੰਜੇ ਟੰਡਨ ਨੇ ਕਿਹਾ ਕਿ ਐਮਐਸਐਮਈ ਦੇਸ਼ ਵਿੱਚ ਰੋਜ਼ਗਾਰ ਦੀ ਰੀੜ੍ਹ ਹਨ। ਐਸਐਮਈ ਗ੍ਰੋਥ ਫੰਡ ਲਈ ₹10,000 ਕਰੋੜ ਅਤੇ ਆਤਮਨਿਰਭਰ ਭਾਰਤ ਫੰਡ ਲਈ ₹2,000 ਕਰੋੜ ਰੁਪਏ ਨਾਲ ਛੋਟੇ ਉਦਯੋਗਪਤੀਆਂ ਨੂੰ ਆਸਾਨ ਕਰਜ਼ਾ, ਸਮੇਂ 'ਤੇ ਭੁਗਤਾਨ ਅਤੇ ਆਨਲਾਈਨ ਸਰਕਾਰੀ ਖਰੀਦ ਦਾ ਲਾਭ ਮਿਲੇਗਾ। ਇਸਦਾ ਅਸਰ ਲਗਭਗ 11 ਕਰੋੜ ਲੋਕਾਂ ਦੇ ਰੋਜ਼ਗਾਰ, ਛੋਟੇ ਸ਼ਹਿਰਾਂ ਦੇ ਵਿਕਾਸ ਅਤੇ ਟੈਕਸ ਬੇਸ ਦੇ ਵਿਸਥਾਰ ਦੇ ਰੂਪ ਵਿੱਚ ਨਜ਼ਰ ਆਵੇਗਾ। ਅੰਤ ਵਿੱਚ ਦੋਹਾਂ ਨੇਤਾਵਾਂ ਨੇ ਕਿਹਾ ਕਿ ਕੇਂਦਰੀ ਬਜਟ 2026-27 ਸਮਾਵੇਸ਼ੀ ਵਿਕਾਸ, ਆਰਥਿਕ ਮਜ਼ਬੂਤੀ ਅਤੇ ਆਤਮਨਿਰਭਰ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨ ਵਾਲਾ ਬਜਟ ਹੈ।

## ਸੰਪਾਦਕੀ

# ਵਿਕਸਤ ਭਾਰਤ ਵੱਲ

ਆਰਥਿਕ ਮੋਰਚੇ ’ਤੇ ਉੱਭਰ ਰਹੀਆਂ ਵਿਸ਼ਵਵਿਆਪੀ ਚੁਣੌਤੀਆਂ ਅਤੇ ਉੱਭਰ ਰਹੀਆਂ ਨਵੀਆਂ ਗਤੀਸ਼ੀਲਤਾਵਾਂ ਨੂੰ ਦੇਖਦੇ ਹੋਏ ਇੱਕ ਅਜਿਹਾ ਬਜਟ ਪੇਸ਼ ਕਰਨਾ ਜੋ ਸੰਤੁਲਿਤ ਹੋਵੇ ਅਤੇ ਲੋਕਪ੍ਰਿਯ ਪ੍ਰਸਤਾਵਾਂ ਤੋਂ ਬਚੇ, ਇੱਕ ਚੁਣੌਤੀਪੂਰਨ ਕੰਮ ਹੈ, ਜਿਸ ਵਿੱਚ ਸਾਰੇ ਪਹਿਲੂਆਂ ਨੂੰ ਧਿਆਨ ਵਿੱਚ ਰੱਖਿਆ ਗਿਆ ਹੈ। ਸਰਕਾਰ ਦਾ ਮੰਨਣਾ ਹੈ ਕਿ ਦੇਸ਼ ਹੁਣ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣਨ ਲਈ ਦ੍ਰਿੜ ਹੈ ਅਤੇ 2026-27 ਲਈ ਆਮ ਬਜਟ ਭਵਿੱਖ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਸੀ। ਕਿਸੇ ਵੀ ਬਜਟ ਦੀ ਉਪਯੋਗਤਾ ਦੇਸ਼ ਦੀ ਆਰਥਿਕ ਮਜ਼ਬੂਤੀ ਵਿੱਚ ਇਸਦੇ ਯੋਗਦਾਨ ਅਤੇ ਆਮ ਲੋਕਾਂ ਦੇ ਜੀਵਨ ’ਤੇ ਇਸਦੇ ਪ੍ਰਭਾਵ ਦੁਆਰਾ ਨਿਰਧਾਰਤ ਕੀਤੀ ਜਾਂਦੀ ਹੈ। ਇਸ ਦ੍ਰਿਸ਼ਟੀਕੋਣ ਤੋਂ ਐਤਵਾਰ ਨੂੰ ਪੇਸ਼ ਕੀਤੇ ਗਏ ਬਜਟ ਨੂੰ ਵਪਾਰ ਅਤੇ ਪੂੰਜੀ ਦੀਆਂ ਵਧਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦੇ ਨਾਲ-ਨਾਲ ਭਾਰਤ ਨੂੰ ਅੰਤਰਰਾਸ਼ਟਰੀ ਬਾਜ਼ਾਰਾਂ ਨਾਲ ਜੋੜ ਕੇ ਵਧੇਰੇ ਨਿਰਯਾਤ ਅਤੇ ਸਥਿਰ ਲੰਬੇ ਸਮੇਂ ਦੇ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਕਿਹਾ ਜਾ ਸਕਦਾ ਹੈ। ਜਦੋਂ ਕਿ ਇਸ ਬਜਟ ਨੂੰ ਗਰੀਬਾਂ, ਕਿਸਾਨਾਂ, ਨੌਜਵਾਨਾਂ ਅਤੇ ਔਰਤਾਂ ਦੇ ਹਿੱਤਾਂ ਦੇ ਸੰਦਰਭ ਵਿੱਚ ਇੱਕ ਵਾਅਦਾ ਕਰਨ ਵਾਲੇ ਯਤਨ ਵਜੋਂ ਦੇਖਿਆ ਜਾ ਸਕਦਾ ਹੈ, ਇਹ ਕਿਸੇ ਵੀ ਲੋਕਪ੍ਰਿਯ ਐਲਾਨਾਂ ਤੋਂ ਬਚਦੇ ਹੋਏ ਇੱਕ ਯਥਾਰਥਵਾਦੀ ਪਹੁੰਚ ’ਤੇ ਜ਼ੋਰ ਦਿੰਦਾ ਹੈ। ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ, ਸਿੱਖਿਆ ਖੇਤਰ ਲਈ ਲਗਭਗ 1.35 ਲੱਖ ਕਰੋੜ ਦਾ ਬਜਟ ਅਲਾਟ ਕੀਤਾ ਗਿਆ ਹੈ। ਇਸ ਵਿੱਚ 50 ਨਵੇਂ ਆਈਆਈਟੀ ਅਤੇ ਮੈਡੀਕਲ ਕਾਲਜ ਖੋਲ੍ਹਣੇ ਸ਼ਾਮਲ ਹਨ। ਇਸ ਤੋਂ ਇਲਾਵਾ ਹੁਨਰ ਵਿਕਾਸ ਲਈ ਸਕਿੱਲ ਇੰਡੀਆ ਪ੍ਰੋਗਰਾਮ ਨੂੰ ਲਾਗੂ ਕਰਨ ਲਈ 2 ਲੱਖ ਕਰੋੜ ਅਲਾਟ ਕੀਤੇ ਜਾਣਗੇ ਅਤੇ ਅਪ੍ਰੈਂਟਿਸਸ਼ਿਪ ਪ੍ਰੋਗਰਾਮ ਰਾਹੀਂ 50 ਮਿਲੀਅਨ ਨੌਜਵਾਨਾਂ ਨੂੰ ਸਕਾਲਰਸ਼ਿਪ ਪ੍ਰਦਾਨ ਕੀਤੀ ਜਾਵੇਗੀ। ਰੁਜ਼ਗਾਰ-ਅਧਾਰਿਤ ਵਿਕਾਸ ਨੂੰ ਤਰਜੀਹ ਦਿੱਤੀ ਜਾਵੇਗੀ, ਨਾਲ ਹੀ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ (MSMEs) ਨੂੰ ਸਮਰਥਨ ਦਿੱਤਾ ਜਾਵੇਗਾ। ਦਰਅਸਲ, ਅੱਜ ਵੀ ਦੇਸ਼ ਵਿੱਚ ਸਾਰੀਆਂ ਵਿਕਾਸ ਪਹਿਲਕਦਮੀਆਂ ਵਧਦੀ ਬੇਰੁਜ਼ਗਾਰੀ ਦੇ ਮੱਦੇਨਜ਼ਰ ਚੁਣੌਤੀਪੂਰਨ ਜਾਪਦੀਆਂ ਹਨ। ਇਸ ਦੇ ਮੱਦੇਨਜ਼ਰ ਬਜਟ ਵਿੱਚ ਬੇਰੁਜ਼ਗਾਰੀ ਦਰ ਨੂੰ 8 ਪ੍ਰਤੀਸ਼ਤ ਤੋਂ ਘੱਟ ਕਰਨ ਦਾ ਵਾਅਦਾ ਕੀਤਾ ਗਿਆ ਹੈ। ਹਾਲਾਂਕਿ ਸਾਰੇ ਨਿਵੇਸ਼ਾਂ ਅਤੇ ਪ੍ਰੋਗਰਾਮਾਂ ਦੀ ਸਫਲਤਾ ਸ਼ਹਿਰਾਂ ਅਤੇ ਪੇਂਡੂ ਖੇਤਰਾਂ ਦੋਵਾਂ ਵਿੱਚ ਪੈਦਾ ਹੋਏ ਰੁਜ਼ਗਾਰ ਦੇ ਮੌਕਿਆਂ ਦੀ ਗਿਣਤੀ ਅਤੇ ਹਿੱਸਾ ਲੈਣ ਲਈ ਤਿਆਰ ਹੁਨਰ-ਸਿਖਿਅਤ ਨੌਜਵਾਨ ਆਬਾਦੀ ’ਤੇ ਨਿਰਭਰ ਕਰੇਗੀ। ਇਸੇ ਤਰ੍ਹਾਂ ਲਕਸ਼ਮੀ ਵੰਦਨਾ ਯੋਜਨਾ ਦਾ ਵਿਸਤਾਰ ਕੀਤਾ ਗਿਆ ਹੈ ਅਤੇ ਮਹਿਲਾ ਸਸ਼ਕਤੀਕਰਨ ਵਿੱਚ ਠੋਸ ਨਤੀਜੇ ਪ੍ਰਾਪਤ ਕਰਨ ਲਈ ਸਵੈ-ਰੁਜ਼ਗਾਰ ਕਰਜ਼ੇ ਦੇ ਨਿਯਮਾਂ ਵਿੱਚ ਢਿੱਲ ਦਿੱਤੀ ਗਈ ਹੈ। ਹਾਲਾਂਕਿ, ਇਹ ਦੇਖਣਾ ਬਾਕੀ ਹੈ ਕਿ ਇਹ ਜ਼ਮੀਨੀ ਪੱਧਰ ’ਤੇ ਲਿੰਗ ਸਮਾਨਤਾ ਨੂੰ ਮਜ਼ਬੂਤ ਕਰਨ ਵਿੱਚ ਕਿੰਨੀ ਮਦਦ ਕਰੇਗਾ। ਪੰਜ ਯੂਨੀਵਰਸਿਟੀ ਸ਼ਹਿਰਾਂ ਦਾ ਨਿਰਮਾਣ; ਇੱਕ ਡਿਜੀਟਲ ਗਿਆਨ ਗਰਿੱਡ ਦੀ ਸਥਾਪਨਾ ਅਤੇ ਦੇਸ਼ ਦੇ ਹਰ ਜ਼ਿਲ੍ਹੇ ਵਿੱਚ ਮਹਿਲਾ ਹੋਸਟਲ ਖੋਲ੍ਹਣਾ ਨੌਜਵਾਨ ਸਸ਼ਕਤੀਕਰਨ ਦੇ ਰਾਹ ਨੂੰ ਮਜ਼ਬੂਤ ਕਰ ਸਕਦਾ ਹੈ। ਅਰਥਵਿਵਸਥਾ ਨੂੰ ਮਜ਼ਬੂਤ ਕਰਨ ਲਈ ਨਿਰਮਾਣ, ਸੈਰ-ਸਪਾਟਾ, ਦੁਰਲੱਭ ਧਰਤੀ ਦੇ ਖਣਿਜਾਂ ਅਤੇ ਨਵੇਂ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਨੂੰ ਉਤਸ਼ਾਹਿਤ ਕਰਨ ਦਾ ਪ੍ਰਸਤਾਵ ਹੈ। ਬਦਲਦੇ ਸਮੇਂ ਵਿੱਚ ਤਕਨਾਲੋਜੀ ਅਤੇ ਨਵੀਨਤਾ ਨੂੰ ਮਜ਼ਬੂਤ ਕਰਨ ਲਈ ਇੱਕ ਆਰਟੀਫੀਸ਼ੀਅਲ ਇੰਟੈਲੀਜੈਂਸ ਸੈਂਟਰ ਸਥਾਪਤ ਕਰਨ ਨਾਲ ਡਿਜੀਟਲ ਇੰਡੀਆ ਦੇ ਦ੍ਰਿਸ਼ਟੀਕੋਣ ਨੂੰ ਪੂਰਾ ਕਰਨ ਵਿੱਚ ਮਦਦ ਮਿਲੇਗੀ ਪਰ ਅਮੀਰ ਅਤੇ ਗਰੀਬ ਆਬਾਦੀ ਵਿਚਕਾਰ ਡਿਜੀਟਲ ਪਾੜੇ ਨੂੰ ਪੂਰਾ ਕਰਨਾ ਜ਼ਰੂਰੀ ਹੋਵੇਗਾ। ਜੇਕਰ ਦੇਸ਼ ਨੇ ਆਉਣ ਵਾਲੇ ਸਾਲਾਂ ਵਿੱਚ ਦੁਨੀਆ ਦੀ ਇੱਕ ਮੋਹਰੀ ਅਰਥਵਿਵਸਥਾ ਬਣਨਾ ਹੈ, ਤਾਂ ਸਮਾਵੇਸ਼ੀ ਵਿਕਾਸ ਦੇ ਸਿਧਾਂਤ ਨੂੰ ਸੱਚਮੁੱਚ ਲਾਗੂ ਕਰਨਾ ਹੋਵੇਗਾ।

-ਜਗਜੀਤ ਸਿੰਘ ਦਰਦੀ

### ਭਾਰਤੀ ਸੰਸਦ ਵਿੱਚ ਰਾਜਨੀਤਿਕ ਸਰਕਸ ਦੇ ਦ੍ਰਿਸ਼

# ਲੋਕਾਂ ਦੇ ਟੈਕਸ ਤੇ ਲੋਕਤੰਤਰਿਕ ਸੰਵਿਧਾਨਿਕ ਅਪਮਾਨ ਕਦੋਂ ਤੱਕ ?



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

## ਭਾਰਤੀ ਸੰਸਦ: ਲੋਕਤੰਤਰ ਦਾ ਮੰਦਰ ਜਾਂ ਰਾਜਨੀਤਿਕ ਅਖਾੜਾ ?

ਅੱਜ ਭਾਰਤੀ ਸੰਸਦ ਸਰਕਸ ਤਮਾਸ਼ਾ ਬਣੀ ਹੋਈ ਹੈ ।

ਖਿਮਾਂ ਜਾਚਨਾ ਦੇ ਨਾਲ ਕਿਹਾ ਜਾ ਸਕਦਾ ਹੈ ਕਿ ਟੈਕਸ ਦੇਣ ਵਾਲੇ ਲੋਕਾਂ ਦਾ ਸੰਵਿਧਾਨਿਕ ਲੋਕਰਾਜ ਤੇ ਰਾਜਨੀਤੀ ਦੀ ਕਮੀਨਗੀ ਦੀ ਹੱਦ ਹੋ ਚੁੱਕੀ ਹੈ । ਭਾਰਤੀ ਸੰਸਦ ਨੂੰ ਬਹੁਤੇ ਲੋਕ ਲੋਕਤੰਤਰ ਦਾ ਮੰਦਰ ਕਹਿੰਦੇ ਹਨ। ਇਹ ਉਹ ਜਗ੍ਹਾ ਹੈ, ਜਿੱਥੇ 140 ਕਰੋੜ ਭਾਰਤੀਆਂ ਦੀ ਆਵਾਜ਼ ਸੁਣੀ ਜਾਂਦੀ ਹੈ, ਸੰਵਿਧਾਨ ਦੀ ਰੱਖਿਆ ਹੁੰਦੀ ਹੈ ਅਤੇ ਰਾਸ਼ਟਰੀ ਮੁੱਦਿਆਂ ’ਤੇ ਚਰਚਾ ਹੋ ਕੇ ਨੀਤੀਆਂ ਬਣਦੀਆਂ ਹਨ। ਪਰ ਅੱਜ ਦੇ ਸਮੇਂ ਵਿੱਚ ਇਸ ਮੰਦਰ ਵਿੱਚ ਚੱਲ ਰਿਹਾ ਸ਼ੋਰ-ਸ਼ਰਾਬਾ, ਵਿਘਨ ਪਾਉਣਾ, ਤੂੰ-ਤੂੰ ਮੈਂ-ਮੈਂ ਅਤੇ ਅਡਜਰਨਮੈਂਟਾਂ ਨੇ ਇਸ ਦੀ ਪਵਿੱਤਰਤਾ ’ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ।

ਅੱਜ ਰਾਜਨੀਤਿਕ ਪਾਰਟੀਆਂ ਦੀ ਬੌਧਿਕ ਕੰਗਾਲੀ, ਬਿਨਾਂ ਏਜੰਡੇ ਦੀ ਰਾਜਨੀਤੀ ਅਤੇ ਲੋਕਾਂ ਦੇ ਟੈਕਸ ਦਾ ਭਾਰੀ ਨੁਕਸਾਨ - ਇਹ ਸਭ ਮੁੱਦੇ ਅੱਜ ਬਹੁਤ ਵੱਡੇ ਹਨ। ਅੱਜ ਅਸੀਂ ਇਨ੍ਹਾਂ ਨੂੰ ਅੰਕੜਿਆਂ, ਤੱਥਾਂ ਅਤੇ ਵਿਸਥਾਰ ਨਾਲ ਵਿਚਾਰਾਂਗੇ, ਖਾਸ ਕਰਕੇ ਹਾਲੀਆ ਸੈਸ਼ਨਾਂ (2024-2025) ਦੇ ਹਵਾਲੇ ਨਾਲ ਗੱਲ ਕਰਾਂਗੇ।

ਅੱਜ ਸੰਸਦ ਦੀ ਉਤਪਾਦਕਤਾ ਵਿੱਚ ਲੰਬੇ ਸਮੇਂ ਦੀ ਗਿਰਾਵਟ ਭਾਰਤੀ ਸੰਸਦ ਦੀ ਉਤਪਾਦਕਤਾ ਨੂੰ ਮਾਪਣ ਲਈ PRS Legislative Research ਵਰਗੀਆਂ ਸੰਸਥਾਵਾਂ ਨੇ ਵਿਸਥਾਰਤ ਅੰਕੜੇ ਇਕੱਠੇ ਕੀਤੇ ਹਨ। ਪਹਿਲੀ ਲੋਕ ਸਭਾ (1952-1957) ਵਿੱਚ ਔਸਤਨ 135 ਦਿਨ ਸਾਲਾਨਾ ਬੈਠਕਾਂ ਹੁੰਦੀਆਂ ਸਨ। ਉਸ ਸਮੇਂ ਜਵਾਹਰਲਾਲ ਨਹਿਰੂ ਵਰਗੇ ਨੇਤਾ ਚਰਚਾ ਨੂੰ ਅਹਿਮੀਅਤ ਦਿੰਦੇ ਸਨ ਪਰ ਹੁਣ ਇਹ ਅੰਕੜਾ ਬਹੁਤ ਘੱਟ ਗਿਆ ਹੈ।

17ਵੀਂ ਲੋਕ ਸਭਾ (2019-2024) ਵਿੱਚ ਔਸਤਨ ਸਿਰਫ਼ 55 ਦਿਨ ਸਾਲਾਨਾ ਬੈਠਕਾਂ ਹੋਈਆਂ। 18ਵੀਂ ਲੋਕ ਸਭਾ (2024 ਤੋਂ ਸ਼ੁਰੂ) ਵਿੱਚ ਵੀ ਰੁਝਾਨ ਇਸੇ ਤਰ੍ਹਾਂ ਹੈ।

ਹੁਣ ਉਦਾਹਰਨ ਵਜੋਂ ਮਾਨਸੂਨ ਸੈਸ਼ਨ 2025 ਵਿੱਚ ਲੋਕ ਸਭਾ ਨੇ ਸਿਰਫ਼ 29-31% ਸਮਾਂ ਕੰਮ ਕੀਤਾ (37 ਘੰਟੇ ਆਊਟ ਆਫ਼ 120 ਘੰਟੇ),



ਰਾਜ ਸਭਾ 34-39%। ਇਹ 18ਵੀਂ ਲੋਕ ਸਭਾ ਵਿੱਚ ਸਭ ਤੋਂ ਘੱਟ ਉਤਪਾਦਕਤਾ ਸੀ। ਮੁੱਖ ਕਾਰਨ ਆਪਰੇਸ਼ਨ ਸਿੰਦੂਰ (ਪਾਕਿਸਤਾਨ ਵਿੱਚ ਟੈਰਰ ਕੈਂਪਾਂ ’ਤੇ ਹਮਲੇ), ਮਣੀਪੁਰ ਹਿੰਸਾ, ਰੈੱਡ ਫੋਰਟ ਬਲਾਸਟ ਅਤੇ ਚੋਣ ਰੋਲਾਂ ਦੀ ਰਿਵਿਜ਼ਨ ਵਰਗੇ ਮੁੱਦੇ ਸਨ।

ਇਸ ਵਿੰਟਰ ਸੈਸ਼ਨ 2025: ਇੱਥੇ ਸੁਧਾਰ ਦਿਖਿਆ - ਲੋਕ ਸਭਾ 103-111%, ਰਾਜ ਸਭਾ 104-121%। ਬਿੱਲ ਪਾਸ ਹੋਏ ਅਤੇ ਚਰਚਾ ਵੀ ਹੋਈ, ਪਰ ਵਿਘਨ ਅਜੇ ਵੀ ਹੋਏ।

ਬਜਟ ਸੈਸ਼ਨ 2025: 111-118% ਉਤਪਾਦਕਤਾ, ਜਿਸ ਵਿੱਚ ਵਾਕਫ਼ (ਸੋਧ) ਬਿੱਲ ’ਤੇ ਚਰਚਾ ਹੋਈ।

ਅੱਜ ਇਹ ਉਤਰਾਅ-ਚੜ੍ਹਾਅ ਦਿਖਾਉਂਦਾ ਹੈ ਕਿ ਉਤਪਾਦਕਤਾ ਮੁੱਦਿਆਂ ’ਤੇ ਨਿਰਭਰ ਕਰਦੀ ਹੈ। ਜਦੋਂ ਵਿਰੋਧੀ ਧਿਰ ਮੁੱਦੇ ਚੁੱਕਦੀ ਹੈ ਤਾਂ ਵਿਘਨ ਵਧ ਜਾਂਦੇ ਹਨ, ਅਤੇ ਜਦੋਂ ਚਰਚਾ ਹੁੰਦੀ ਹੈ ਤਾਂ ਕੰਮ ਵਧ ਜਾਂਦਾ ਹੈ। ਪਰ ਲੰਬੇ ਸਮੇਂ ਵਿੱਚ ਗਿਰਾਵਟ ਸਪੱਸ਼ਟ ਹੈ - ਪਹਿਲਾਂ ਵਾਲੇ ਦਹਾਕਿਆਂ ਵਿੱਚ 120-140 ਦਿਨ, ਹੁਣ 55-70 ਦਿਨ।

ਇਥੇ ਵਿਘਨਾਂ ਦੀ ਆਰਥਿਕ ਲਾਗਤ ਲੋਕਾਂ ਦੇ ਟੈਕਸ ਦਾ ਨੁਕਸਾਨਸੰਸਦ ਚਲਾਉਣ ਦੀ ਲਾਗਤ ਬਹੁਤ ਵੱਡੀ ਹੈ। ਪੁਰਾਣੇ ਅੰਕੜਿਆਂ ਅਨੁਸਾਰ (2012 ਵਿੱਚ ਪ੍ਰਵਾਨਿਤ ਅਤੇ ਅੱਜ ਵੀ ਵਰਤੇ ਜਾਂਦੇ):ਪ੍ਰਤੀ ਮਿੰਟ ਲਾਗਤ 2.5 ਲੱਖ (ਦੋਵੇਂ ਸਦਨਾਂ ਲਈ)।

ਪ੍ਰਤੀ ਘੰਟਾ: 1.5 ਕਰੋੜ।

ਪ੍ਰਤੀ ਦਿਨ (6 ਘੰਟੇ): 9 ਕਰੋੜ।

ਪੂਰੇ ਸੈਸ਼ਨ ਦੀ ਲਾਗਤ 140-200 ਕਰੋੜ ਜਾਂ ਵੱਧ ਹੈ ।

ਅੱਜ ਇਹਨਾਂ ਵਿਘਨਾਂ ਕਾਰਨ ਨੁਕਸਾਨ: 2014-2024 ਵਿੱਚ ਕੁੱਲ 3,300 ਕਰੋੜ ਦਾ ਅੰਦਾਜ਼ਨ ਨੁਕਸਾਨ ਹੈ ।

2023 ਵਿੱਚ: 386 ਕਰੋੜ ਅਤੇ 2025 ਵਿੱਚ (ਮਾਨਸੂਨ ਸੈਸ਼ਨ ਤੱਕ): 298 ਕਰੋੜ ਜਾਂ ਵੱਧ।

ਮਾਨਸੂਨ 2025 ਵਿੱਚ 3 ਦਿਨ ਪੂਰੀ ਤਰ੍ਹਾਂ ਵਿਘਨ - ਲਗਭਗ ?27 ਕਰੋੜ ਨੁਕਸਾਨ ਹੈ।

ਇਹ ਪੈਸਾ ਲੋਕਾਂ ਦੇ ਟੈਕਸ ਤੋਂ ਆਉਂਦਾ ਹੈ। ਇਸ ਨੂੰ ਸਿੱਖਿਆ, ਸਿਹਤ, ਬੇਰੁਜ਼ਗਾਰੀ ਭੱਤੇ ਜਾਂ ਬੁਨਿਆਦੀ ਢਾਂਚੇ ’ਤੇ ਖਰਚ ਕੀਤਾ ਜਾ ਸਕਦਾ ਸੀ। ਜਦੋਂ ਸੰਸਦ ਨਹੀਂ ਚੱਲਦੀ ਤਾਂ ਮੁੱਦੇ ਜਿਵੇਂ ਮਹਿੰਗਾਈ, ਬੇਰੁਜ਼ਗਾਰੀ, ਕਿਸਾਨ ਮਸਲੇ, ਏਅਰ ਪੋਲੂਸ਼ਨ (2025 ਵਿੰਟਰ ਵਿੱਚ ਚਰਚਾ ਨਹੀਂ ਹੋਈ) ਅਤੇ ਰਾਸ਼ਟਰੀ ਸੁਰੱਖਿਆ ਬਿਨਾਂ ਹੱਲ ਰਹਿ ਜਾਂਦੇ ਹਨ। ਇਹ ਸਿੱਧਾ ਲੋਕਤੰਤਰ ਦਾ ਅਪਮਾਨ ਹੈ।

ਅੱਜ ਰਾਜਨੀਤਿਕ ਪਾਰਟੀਆਂ ਦਾ ਰਵੱਈਆ ਤੇ ਬੌਧਿਕ ਕੰਗਾਲੀ ਅਤੇ ਏਜੰਡੇ ਦੀ ਘਾਟ ਅੱਜ ਦੀ ਰਾਜਨੀਤੀ ਵਿੱਚ ਪਾਰਟੀਆਂ ਅਕਸਰ ਵਿਅਕਤੀਗਤ ਹਮਲੇ, ਧਿੱਕਾਰ ਅਤੇ ਧਰਮ-ਜਾਤੀ ’ਤੇ ਧਿਆਨ ਦਿੰਦੀਆਂ ਹਨ।

ਵਿਰੋਧੀ ਧਿਰ (ਖਾਸ ਕਰਕੇ INDIA ਗਠਜੋੜ) ਅਕਸਰ ਵਿਘਨ ਪਾਉਂਦੀ ਹੈ ਤਾਂ ਜੋ ਸਰਕਾਰ ਨੂੰ ਬਦਨਾਮ ਕੀਤਾ ਜਾ ਸਕੇ। ਸਰਕਾਰ ਵੀ ਬਿੱਲਾਂ ਨੂੰ ਛੇਤੀ ਪਾਸ ਕਰਵਾਉਂਦੀ ਹੈ ਬਿਨਾਂ ਡੂੰਘੀ ਚਰਚਾ। ਬਿੱਲਾਂ ’ਤੇ ਚਰਚਾ ਦੀ ਘਾਟ: 17ਵੀਂ ਲੋਕ ਸਭਾ ਵਿੱਚ ਅੱਧੇ ਤੋਂ ਵੱਧ ਬਿੱਲ 2 ਘੰਟੇ ਤੋਂ ਘੱਟ ਚਰਚਾ ਨਾਲ ਪਾਸ ਹੋਏ। 35% ਬਿੱਲ 1 ਘੰਟੇ ਤੋਂ ਘੱਟ ਵਿੱਚ। 18ਵੀਂ ਵਿੱਚ ਵੀ ਬਹੁਤ ਸਾਰੇ ਬਿੱਲ ਗਿਲੋਟੀਨ (ਬਿਨਾਂ ਚਰਚਾ) ਨਾਲ ਪਾਸ। ਬਜਟ ਦਾ 67-89% ਬਿਨਾਂ ਚਰਚਾ ਪਾਸ ਹੁੰਦਾ ਹੈ।

ਅੱਜ ਕਮੇਟੀ ਸਕਰੂਟਨੀ ਤੇ ਸਿਰਫ਼ 16% ਬਿੱਲ ਕਮੇਟੀਆਂ ਨੂੰ ਭੇਜੇ ਜਾਂਦੇ ਹਨ। ਪ੍ਰਾਈਵੇਟ ਮੈਂਬਰ ਬਿੱਲ 1970 ਤੋਂ ਬਾਅਦ ਕੋਈ ਨਹੀਂ ਪਾਸ ਹੋਇਆ ਹੈ।

ਅੱਜ ਇਹ ਬੌਧਿਕ ਕੰਗਾਲੀ ਦਿਖਾਉਂਦਾ ਹੈ। ਪਹਿਲਾਂ ਵਕੀਲ, ਬੁੱਧੀਜੀਵੀ ਅਤੇ ਅਨੁਭਵੀ ਨੇਤਾ ਜ਼ਿਆਦਾ ਸਨ। ਅੱਜ ਪ੍ਰਭਾਵਸ਼ਾਲੀ ਚਹਿਰੇ ਅਤੇ ਸੋਸ਼ਲ ਮੀਡੀਆ ਪ੍ਰਭਾਵ ਵੱਧ ਗਿਆ ਹੈ। ਪਾਰਟੀਆਂ ਏਕੀਕ੍ਰਿਤ ਏਜੰਡਾ ਨਹੀਂ ਬਣਾਉਂਦੀਆਂ - ਵਿਰੋਧੀ ਧਿਰ ਮਹਿੰਗਾਈ ਤੇ ਬਜਾਏ ਵਿਅਕਤੀਗਤ ਮੁੱਦਿਆਂ ’ਤੇ ਧਿਆਨ ਦਿੰਦੀ ਹੈ। ਅੱਜ ਲੋਕਤੰਤਰ ’ਤੇ ਡੂੰਘਾ ਅਸਰ ਅਤੇ ਸੁਧਾਰ ਦੀ ਲੋੜ ਇਹ ਸਭ ਲੋਕਾਂ ਨੂੰ ਮੂਰਖ ਬਣਾਉਣ ਵਰਗਾ ਹੈ। ਟੈਕਸ ਦਿੰਦੇ ਹਾਂ ਪਰ ਮੁੱਦੇ ਹੱਲ ਨਹੀਂ ਹੁੰਦੇ। ਸੰਸਦ ਵਿੱਚ ਚਰਚਾ ਘੱਟ ਹੋਣ ਨਾਲ ਐਗਜ਼ੀਕਿਊਟਿਵ ਦੀ ਤਾਕਤ ਵਧਦੀ ਹੈ, ਜੁਡੀਸ਼ੀਅਰੀ ਅਤੇ ਮੀਡੀਆ ’ਤੇ ਦਬਾਅ ਵਧਦਾ ਹੈ। ਵੋਟਰਾਂ ਵਿੱਚ ਨਿਰਾਸ਼ਾ ਵਧਦੀ ਹੈ।

ਹੁਣ ਸੁਧਾਰ ਲਈ ਸੁਝਾਅਾਂ ਨਿਊਨਤਮ ਬੈਠਕਾਂ 120 ਦਿਨ/ਸਾਲ ਲਾਜ਼ਮੀ। ਵਿਘਨ ਤੇ ਸਖ਼ਤ ਜੁਰਮਾਨੇ ਅਤੇ ਸਸਪੈਂਸ਼ਨ। ਬਿੱਲਾਂ ਲਈ ਵੱਧ ਚਰਚਾ ਅਤੇ ਕਮੇਟੀ ਸਕਰੂਟਨੀ। ਪਾਰਟੀਆਂ ਨੂੰ ਏਜੰਡਾ-ਅਧਾਰਿਤ ਰਾਜਨੀਤੀ ਲਈ ਉਤਸ਼ਾਹਿਤ ਕਰਨਾ । ਡਿਜੀਟਲ ਟੂਲਸ ਨਾਲ ਵਰਚੁਅਲ ਚਰਚਾ ਅਤੇ ਵੱਧ ਪਾਰਦਰਸ਼ਤਾ।

ਸਾਨੂੰ ਯਾਦ ਰੱਖਣਾ ਹੋਵੇਗਾ ਕਿ, ਸੰਸਦ ਲੋਕਤੰਤਰ ਦਾ ਮੰਦਰ ਹੈ, ਪਰ ਰਾਜਨੀਤਿਕ ਅਖਾੜੇ ਵਿੱਚ ਬਦਲ ਰਹੀ ਹੈ। ਰਾਜਨੇਤਾਵਾਂ ਨੂੰ ਆਪਣੇ ਰਵੱਈਏ ’ਤੇ ਪੁਨਰਵਿਚਾਰ ਕਰਨਾ ਚਾਹੀਦਾ ਹੈ। ਨਹੀਂ ਤਾਂ ਭਵਿੱਖ ਵਿੱਚ ਲੋਕਾਂ ਦਾ ਵਿਸ਼ਵਾਸ ਘਟੇਗਾ ਅਤੇ ਲੋਕਤੰਤਰ ਕਮਜ਼ੋਰ ਹੋ ਜਾਵੇਗਾ। ਲੋਕਾਂ ਦਾ ਟੈਕਸ ਅਤੇ ਲੋਕਤੰਤਰ ਦੀ ਰੱਖਿਆ ਲਈ ਸਾਰਿਆਂ ਨੂੰ ਜ਼ਿੰਮੇਵਾਰ ਬਣਨਾ ਪਵੇਗਾ।

# ਸੱਤਾਧਾਰੀਆਂ ਦੇ ਵੇਹੜੇ ਪਸਰ ਗਿਆ ਸੰਨਾਟਾ



ਕਮਲਜੀਤ ਸਿੰਘ ਬਨਵੈਤ
98147 34035

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਦੇ ਬਿਆਨ ’ਤੇ ਅਸਿਧਾ ਤੰਜ਼ ਕੱਸਿਆ
- ਵਿੱਤ ਮੰਤਰੀ ਚੀਮਾ ਕਹਿੰਦੇ ਨੇ ਜ਼ਮਾਨਤ ਮਿਲੀ ਹੈ ਬਰੀ ਨਹੀਂ ਹੋਇਆ, ਬਲਤੇਜ ਪੰਨੂ ਨੇ ਜੱਜਮੈਂਟ ਨਾ ਦੇਣ ਦੀ ਮੱਤ ਦਿੱਤੀ
- ਮਜੀਠੀਆ ਨੂੰ ਸ਼ਾਇਦ ਹੀ ਭੁੱਲਿਆ ਹੋਵੇ ਬਲਵਿੰਦਰ ਸਿੰਘ ਭੂੰਦੜ ਦਾ ਪਾਰਟੀ ਦੀ ਪਿੱਠ ਵਿੱਚ ਛੁਰਾ ਮਾਰਨ ਵਾਲਾ ਬਿਆਨ

ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਨੇਤਾ ਬਿਕਰਮ ਸਿੰਘ ਮਜੀਠੀਆ ਨੂੰ ਸੁਪਰੀਮ ਕੋਰਟ ਵੱਲੋਂ ਜ਼ਮਾਨਤ ਮਿਲਣ ’ਤੇ ਹੈਰਾਨੀ ਨਹੀਂ ਹੋਈ। ਅਚੰਭਾ ਤਾਂ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਵੱਲੋਂ ਮਜੀਠੀਆ ਦੇ ਹੱਕ ਵਿੱਚ ਮਾਰੇ ਹਾਅ ਦੇ ਨਾਅਰੇ ਦਾ ਹੈ। ਬੀਤੇ ਕੱਲ ਬਾਬਾ ਗੁਰਿੰਦਰ ਸਿੰਘ ਵੱਲੋਂ ਮਜੀਠੀਆ ਨਾਲ ਨਾਭਾ ਜੇਲ੍ਹ ਵਿੱਚ ਮੁਲਾਕਾਤ ਕਰਨ ਤੋਂ ਬਾਅਦ ਉਸ ਖ਼ਿਲਾਫ਼ ਚੱਲ ਰਹੇ ਕੇਸ ਨੂੰ ਗ਼ਲਤ ਅਤੇ ਝੂਠਾ ਕਰਾਰ ਦੇਣ ਤੋਂ ਬਾਅਦ ਸੱਤਾਧਾਰੀਆਂ ਦੇ ਵੇਹੜੇ ਵਿੱਚ ਸੁੰਨ ਪਸਰ ਗਈ ਹੈ। ਮਜੀਠੀਆ ਨੂੰ ਸਰੋਤਾਂ ਤੋਂ ਵੱਧ ਆਮਦਨ ਬਣਾਉਣ ਦੇ ਕੇਸ ਵਿੱਚ ਆਮ ਨਾਲੋਂ ਵੱਧ ਸੱਤ ਮਹੀਨੇ ਜੇਲ੍ਹ ਵਿੱਚ ਰਹਿਣਾ ਪਿਆ ਹੈ। ਸੁਪਰੀਮ ਕੋਰਟ ਵਿੱਚ ਬੀਤੇ ਕੱਲ੍ਹ ਜ਼ਮਾਨਤ ਲਈ ਹੋਈ ਬਹਿਸ ਵਿੱਚ ਸਰਕਾਰੀ ਧਿਰ ਨੇ ਡੱਟ ਕੇ ਵਿਰੋਧ ਕੀਤਾ। ਅੱਜ ਉਹ ਜੇਲ੍ਹ ਵਿੱਚੋਂ ਰਿਹਾਅ ਹੋ ਗਏ ਹਨ। ਜੇਲ੍ਹ ਵਿੱਚੋਂ ਬਾਹਰ ਆਉਣ ’ਤੇ ਖੁਸ਼ੀ ਵਿੱਚ ਜਿਸ ਤਰ੍ਹਾਂ ਢੋਲ ਦੇ ਡਗੇ ’ਤੇ ਭੰਗੜੇ ਪਏ ਮਜੀਠੀਆ ਦੀਆਂ ਮੁੱਛਾਂ ਹੋਰ ਉੱਪਰ ਨੂੰ ਉੱਠ ਪੈਣੀਆਂ ਸੁਭਾਵਕ ਹਨ । ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਵੱਲੋਂ ਮਜੀਠੀਆ ਨੂੰ ਕਲੀਨ ਚਿੱਟ ਦੇਣ ਦੇ ਨਾਲ-ਨਾਲ ਉਸ ਨੂੰ ਆਪਣਾ ਦੋਸਤ ਕਹਿਣ ਦੇ ਵੱਡੇ ਅਰਥ ਲਏ ਜਾਣੇ ਬਣਦੇ ਹਨ।

ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਬਸ ਏਨਾ ਕਹਿੰਦੇ ਹਨ ਕਿ ਮਜੀਠੀਆ ਦੀ ਜ਼ਮਾਨਤ ਹੋਈ ਹੈ ਅਦਾਲਤ ਨੇ ਬਰੀ ਨਹੀਂ ਕੀਤਾ ਹੈ। ਭਲਾ ਕੋਈ ਪੁੱਛਣ ਵਾਲਾ ਹੋਵੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ , ਡਿਪਟੀ ਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ ਸਾਬਕਾ ਕੈਬਨਿਟ ਮੰਤਰੀ ਸਤੇਂਦਰ ਜੈਨ ਨੂੰ ਵੀ ਭ੍ਰਿਸ਼ਟਾਚਾਰ ਦੇ ਕੇਸ ਵਿੱਚ ਜ਼ਮਾਨਤ ਹੀ ਮਿਲੀ ਸੀ। ਬਰੀ ਤਾਂ ਉਹ ਵੀ ਨਹੀਂ ਹੋਏ ਹਨ। ਮੁੱਖ ਮੰਤਰੀ ਮਾਨ ਦੇ ਨੇੜਕੂ ਅਤੇ ਮੀਡੀਆ ਡਾਇਰੈਕਟਰ ਰਹੇ ਬਲਤੇਜ ਪੰਨੂ ਬਾਬਾ ਗੁਰਿੰਦਰ ਸਿੰਘ ਨੂੰ ਮੱਤ ਦੇਣ ਵੇਲੇ ਤੋਲ ਤੋਲ ਕੇ ਸ਼ਬਦ ਮੂੰਹੋਂ ਕਰਦੇ ਹਨ। ਉਹ ਕਹਿੰਦੇ ਹਨ ਕਿ ਉਹਨਾਂ ਨੂੰ ਜੱਜਮੈਂਟ ਨਹੀਂ ਸੀ ਦੇਣੀ ਚਾਹੀਦੀ ਅਤੇ ਨਾ ਹੀ ਇੱਕ ਧਾਰਮਿਕ ਆਗੂ ਨੂੰ ਜੇਲ੍ਹ ਵਿੱਚ ਆਉਣਾ ਚਾਹੀਦਾ ਸੀ।

ਚਟਾਨ ਜਿੱਡੇ ਸਵਾਲ ਆ ਖੜ੍ਹੇ ਹਨ ਸਤਾਧਾਰੀ ਆਮ ਆਦਮੀ ਪਾਰਟੀ ਦੇ ਮੂਹਰੇ। ਵਿਜੀਲੈਂਸ ਦੇ ਵੀ ਮੂੰਹ ਸੀਤੇ ਗਏ ਹਨ। ਇੱਕ ਡੇਰਾ ਮੁਖੀ ਜਿਸ ਦੀਆਂ ਦੇਸ਼ ਵਿਦੇਸ਼ ਵਿੱਚ 5000 ਦੇ ਕਰੀਬ ਬਰਾਂਚਾਂ ਹਨ ਅਤੇ ਕਰੋੜਾਂ ਸ਼ਰਧਾਲੂ ਹੋਣ ਦੀ ਗੱਲ ਕੱਟਣ ਦਾ ਹੀਆ ਕੌਣ ਕਰੇ। ਕਿਆ ਆਮ ਆਦਮੀ ਪਾਰਟੀ ਦੀ ਸਰਕਾਰ ਇਹ ਕਹਿਣ ਦਾ ਦਮ ਰੱਖਦੀ ਹੈ ਹੈ ਕਿ ਬਾਬਾ ਗੁਰਿੰਦਰ ਸਿੰਘ ਜੋ ਕਹਿੰਦੇ ਹਨ ਉਹ ਗਲਤ ਹੈ। ਵਿਜੀਲੈਂਸ ਮਜੀਠੀਆ ਦੀ ਗ੍ਰਿਫਤਾਰੀ ਅਤੇ ਉਸ ਵਿਰੁੱਧ ਦਰਜ ਕੀਤੇ ਗਏ ਕੇਸ ਠੀਕ ਕਹਿਣ ਦਾ ਦਮ ਰੱਖਦੀ ਹੈ। ਸਰਕਾਰ ਜਾਂ ਏਜੰਸੀਆਂ ਵੱਲੋਂ ਬਾਬਾ ਗੁਰਿੰਦਰ ਸਿੰਘ ਦੇ ਖ਼ਿਲਾਫ਼ ਕੁਝ ਕਹਿਣ ਦਾ ਮਤਲਬ ਹੋਵੇਗਾ ਲੱਖਾਂ ਵੋਟਰਾਂ ਨੂੰ ਆਪਣੇ ਤੋਂ ਦੂਰ ਕਰਨਾ। ਭਾਰਤੀ ਜਨਤਾ ਪਾਰਟੀ ਨੇ ਡੇਰਾ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ ਨੂੰ ਪਦਮ ਸ਼੍ਰੀ ਦਾ ਸਨਮਾਨ ਦੇ ਕੇ ਆਮ ਆਦਮੀ ਪਾਰਟੀ ਅਤੇ ਕਾਂਗਰਸ ਤੋਂ ਆਪਣੇ ਵੱਲ ਨੂੰ ਖਿੱਚ ਲਿਆ ਹੈ। ਰਹਿੰਦੀ ਖੂਹੰਦੀ ਕਸਰ ਮੁਲਕ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਡੇਰਾ ਬੱਲਾਂ ਵਿੱਚ ਨਤਮਸਤਕ ਹੋ ਕੇ ਪੂਰੀ ਕਰ ਗਏ। ਭਾਰਤੀ ਜਨਤਾ ਪਾਰਟੀ ਨੇ ਡੇਰਾ ਸਿਰਸਾ ਦੇ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਜਿਹੜਾ ਬਲਾਤਕਾਰ ਅਤੇ ਕਤਲ ਕੇਸਾਂ ਵਿੱਚ ਸਜ਼ਾ ਭੁਗਤ ਰਿਹਾ ਹੈ ਨੂੰ ਪੈਰੋਲ ਦੇ ਕੇ ਪਤਿਆ ਲਿਆ ਹੈ। ਡੇਰਾ ਬਿਆਸ ਦੇ ਮੁਖੀ ਦੇ ਬੋਲਾਂ ਦੇ ਖ਼ਿਲਾਫ਼ ਕੋਈ ਵੀ ਸਿਆਸੀ ਪਾਰਟੀ ਸਿਰ ਚੁੱਕਦੀ ਹੈ ਤਾਂ ਉਸ ਨੂੰ ਆਪਣੇ ਹੱਥੋਂ ਵੋਟਾਂ ਕਿਰਦੀਆਂ ਦਿਸਦੀਆਂ ਹਨ। ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਪੰਜਾਬ ਦੇ ਮੁੱਖ ਮੰਤਰੀ ਹੁੰਦਿਆਂ ਡੇਰਾ ਬੱਲਾਂ ਇੱਕ ਤੋਂ ਵੱਧ ਗੇੜਾ ਲਾ ਆਏ ਸਨ। ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਸੰਤ ਨਿਰੰਜਨ ਦਾਸ ਕੋਲ ਹਾਜ਼ਰੀ ਭਰੀ ਸੀ। ਮੁਲਕ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਭ ਤੋਂ ਉੱਪਰ ਦੀ ਬਾਜ਼ੀ ਮਾਰ ਗਏ ਹਨ। ਬਾਬਾ ਗੁਰਿੰਦਰ ਸਿੰਘ ਅਤੇ ਨਰਿੰਦਰ ਮੋਦੀ ਦੀਆਂ ਤਸਵੀਰਾਂ ਅਖ਼ਬਾਰਾਂ ਵਿੱਚ ਛਪਦੀਆਂ ਰਹੀਆਂ ਹਨ। ਦੋਹਾਂ ਦੀ ਨੇੜਤਾ ਉੱਤੇ ਕੋਈ ਸ਼ੱਕ ਨਹੀਂ ਬਚਿਆ ਹੈ।

ਬਿਕਰਮ ਸਿੰਘ ਮਜੀਠੀਆ ਦੀਆਂ ਅਸਲ ਵਿੱਚ ਮੁਸ਼ਕਲਾਂ 2014 ਨੂੰ ਉਦੋਂ ਸ਼ੁਰੂ ਹੋ ਗਈਆਂ ਸਨ ਜਦੋਂ ਭਲਵਾਨ ਜਗਦੀਸ਼ ਭੋਲਾ ਨੇ ਨਸ਼ਾ ਤਸਕਰੀ ਵਿੱਚ ਮਜੀਠੀਆ ਦੀ ਸ਼ਮੂਲੀਅਤ ਹੋਣ ਦੇ ਦੋਸ਼ ਲਾ ਦਿੱਤੇ ਸਨ। ਮਜੀਠੀਆ ਦੇ ਖ਼ਿਲਾਫ਼ ਐਨਡੀਪੀਐਸ ਐਕਟ ਤਹਿਤ 2021 ਵਿੱਚ ਕੇਸ ਦਰਜ ਕੀਤਾ ਗਿਆ ਸੀ ਅਤੇ ਉਨ੍ਹਾਂ ਨੂੰ ਲੰਮਾ ਸਮਾਂ ਜੇਲ੍ਹ ਵਿੱਚ ਰਹਿਣਾ ਪਿਆ ਸੀ। ਉਸ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮਜੀਠੀਆ ਦੇ ਖ਼ਿਲਾਫ਼ ਆਮਦਨ ਦੇ ਸਰੋਤਾਂ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ਾਂ ਹੇਠ ਕੇਸ ਦਰਜ ਕਰ ਲਿਆ ਸੀ। ਉਹਨਾਂ ਨੂੰ 25 ਜੂਨ ਨੂੰ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਉਹ 6 ਜੁਲਾਈ ਤੋਂ ਅੱਜ ਤੱਕ ਜੇਲ੍ਹ ਵਿੱਚ ਰਹੇ ਹਨ। ਬਾਬਾ ਗੁਰਿੰਦਰ ਸਿੰਘ ਦੀ ਕੱਲ ਦੀ ਦੂਜੀ ਮੁਲਾਕਾਤ ਸੀ। ਪੰਜਾਬ ਦੇ ਸਾਬਕਾ ਡਿਪਟੀ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਵੀ ਦੋ ਵਾਰ ਮੁਲਾਕਾਤ ਕਰ ਆਏ ਹਨ। ਸੁਖਬੀਰ ਬਾਦਲ ਦੀ ਪਤਨੀ ਅਤੇ ਮਜੀਠੀਆ ਦੀ ਭੈਣ ਹਰਸਿਮਰਤ ਕੌਰ ਬਾਦਲ ਵੀ ਨਾਲ ਗਏ ਸਨ। ਮਜੀਠੀਆ ਦੀ ਪਤਨੀ ਵਿਧਾਇਕਾ ਗੁਨੀਵ ਕੌਰ ਨੂੰ ਵੀ ਇੱਕ ਤੋਂ ਵੱਧ ਮੁਲਾਕਾਤ ਕਰਨ ਦੀ ਇਜਾਜ਼ਤ ਦਿੱਤੀ ਗਈ ਸੀ।

ਮਜੀਠੀਆ ਨੇ ਹੇਠਲੀ ਅਦਾਲਤ ਤੇ ਉੱਚ ਅਦਾਲਤ ਤੋਂ ਜ਼ਮਾਨਤ ਨੂੰ ਨਾਂਹ ਹੋਣ ਤੋਂ ਬਾਅਦ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ ਸੀ। ਸੁਪਰੀਮ ਕੋਰਟ ਦੇ ਦੋ ਮੈਂਬਰੀ ਬੈਂਚ ਨੇ ਮਜੀਠੀਆ ਦੀ ਜ਼ਮਾਨਤ ਅਰਜ਼ੀ ਮਨਜ਼ੂਰ ਕਰਦਿਆਂ ਕਿਹਾ ਕਿ ਸਰਕਾਰੀ ਵਕੀਲ ਨੂੰ ਖੁੱਲ੍ਹ ਰਹੇਗੀ ਕਿ ਉਹ ਹੇਠਲੀ ਅਦਾਲਤ ’ਤੇ ਸਖ਼ਤ ਜ਼ਮਾਨਤ ਸ਼ਰਤਾਂ ਆਇਦ ਕਰਨ ਦੀ ਦੁਆ ਪਾਵੇ। ਤਾਜ਼ਾ ਜਾਣਕਾਰੀ ਅਨੁਸਾਰ ਮੋਹਾਲੀ ਦੀ ਅਦਾਲਤ ਨੇ ਮਜੀਠੀਆ ਨੂੰ 2 ਲੱਖ ਦੇ ਮੁਚੱਲਕ ਉੱਤੇ ਜ਼ਮਾਨਤ ਦਿੱਤੀ ਹੈ।

ਮਜੀਠੀਆ ਦੇ ਜੇਲ੍ਹ ਤੋਂ ਬਾਹਰ ਆਉਣ ਤੋਂ ਪਹਿਲਾਂ ਹੀ ਪੰਜਾਬ ਦੀ ਸਿਆਸਤ ਵਿੱਚ ਵੱਡੀ ਹਲਚਲ ਮੱਚ ਗਈ ਹੈ। ਹੱਥਲਾ ਲੇਖ ਖ਼ਤਮ ਹੋਣ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਤਾਜ਼ਾ ਟਵੀਟ ਪੜ੍ਹਨ ਨੂੰ ਮਿਲਦਾ ਹੈ। ਉਹ ਕਹਿੰਦੇ ਹਨ ਕਿ ਉਸ ਦੇਸ਼ ਦਾ ਰੱਬ ਹੀ ਰਾਖਾ ਜਿਥੋਂ ਦੇ ਮੁਲਾਕਾਤੀ ਜੱਜ ਬਣ ਜਾਣ।

ਮਜੀਠੀਆ ਦੇ ਜੇਲ੍ਹ ਤੋਂ ਬਾਹਰ ਆਉਂਦਿਆਂ ਹੀ ਕਈ ਤਰ੍ਹਾਂ ਦੀ ਸਿਆਸੀ ਚੁੰਝ ਚਰਚਾ ਛਿੜ ਪਈ। ਸਿਆਸੀ ਮਾਹਿਰ ਸ਼੍ਰੋਮਣੀ ਅਕਾਲੀ ਦਲ ਲਈ ਵੱਡਾ ਹੁਲਾਰਾ ਮੰਨਦੇ ਹਨ। ਦੂਜੇ ਮਜੀਠੀਆ ਦਾ ਸਿਆਸੀ ਭਵਿੱਖ ਬਰਾਸਤਾ ਭਾਰਤੀ ਜਨਤਾ ਪਾਰਟੀ ਦੇਖਣ ਵਾਲਿਆਂ ਦੀ ਗਿਣਤੀ ਵੀ ਕਾਫ਼ੀ ਹੈ। ਮੇਰੇ ਚੇਤਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਰਹੇ ਬਲਵਿੰਦਰ ਸਿੰਘ ਭੂੰਦੜ ਦਾ ਉਹ ਸਖ਼ਤ ਬਿਆਨ ਆ ਖੜਦਾ ਹੈ ਜਦੋਂ ਦੋ ਸਿੰਘ ਸਾਹਿਬਾਨ ਨੂੰ ਅਹੁਦਿਆਂ ਤੋਂ ਲਾਂਭੇ ਕਰਨ ਵੇਲੇ ਮਜੀਠੀਆ ਵੱਲੋਂ ਪ੍ਰਗਟ ਕੀਤੀ ਚਿੰਤਾ ਨੂੰ ਪਾਰਟੀ ਦੀ ਪਿੱਠ ਵਿੱਚ ਛੁਰਾ ਦੱਸਿਆ ਗਿਆ ਸੀ। ਘਰਾਂ ਵਿੱਚ ਜੀਜੇ ਸਾਲੇ ਦੀ ਲੱਖ ਵਾਰ ਵਿਗੜਦੀ ਬਣਦੀ ਹੈ ਪਰ ਵੱਡੀ ਗਿਣਤੀ ਲੋਕ ਇਸ ਨੂੰ ਸਿਆਸੀ ਵੱਖਰੇਵੇਂ ਵਜੋਂ ਦੇਖਦੇ ਹਨ। ਦੋਹਾਂ ਦਾ ਰਿਸ਼ਤਾ ਬੜਾ ਨਾਜ਼ੁਕ ਹੈ ਪਰ ਮੇਰੇ ਚੇਤਿਆਂ ਵਿੱਚ ਮਰਹੂਮ ਪ੍ਰਕਾਸ਼ ਸਿੰਘ ਬਾਦਲ ਦੇ ਉਹ ਬੋਲ ਆ ਖੜ੍ਹਕਦੇ ਹਨ ਜਿਨ੍ਹਾਂ ਰਾਹੀਂ ਉਹ ਅਕਸਰ ਮਜੀਠੀਆ ਨੂੰ ਚੂੰਢੀ ਵੱਢਦੇ ਰਹੇ ਸਨ।



ਪ੍ਰੋ: ਸਰਚਾਂਦ ਸਿੰਘ ਖਿਆਲਾ,
9781355522

# ਕੇਂਦਰ ਦੀ ਮਦਦ ਨਾਲ ਪੰਜਾਬ ਵਿੱਚ ਵਿਕਾਸ ਦਾ ਨਵਾਂ ਯੁੱਗ

*2014 ਤੋਂ ਬਾਅਦ ਪੰਜਾਬ ਨੂੰ ਕੇਂਦਰ ਵੱਲੋਂ ਵਿੱਤੀ ਸਹਾਇਤਾ ਅਤੇ ਬੁਨਿਆਦੀ ਢਾਂਚੇ ਵਿੱਚ ਬੇਮਿਸਾਲ ਮਜ਼ਬੂਤੀ ਮਿਲੀ ਹੈ। ਟੈਕਸ ਡਿਵੋਲਿਊਸ਼ਨ ਅਤੇ ਗ੍ਰਾਂਟਸ ਰਾਹੀਂ ਲੱਖਾਂ ਕਰੋੜ ਰੁਪਏ ਪੰਜਾਬ ਦੇ ਵਿਕਾਸ ’ਚ ਲੱਗੇ ਹਨ। ਸੜਕਾਂ, ਰੇਲਵੇ, ਹਵਾਈ ਸੇਵਾਵਾਂ ਅਤੇ ਸਿਹਤ ਖੇਤਰ ਵਿੱਚ ਵੱਡੇ ਪ੍ਰੋਜੈਕਟ ਪੰਜਾਬ ਦੀ ਆਰਥਿਕ ਦਿਸ਼ਾ ਬਦਲ ਰਹੇ ਹਨ। ਕੇਂਦਰ-ਰਾਜ ਸਹਿਯੋਗ ਨਾਲ ਪੰਜਾਬ ਵਿਕਾਸ ਦੇ ਨਵੇਂ ਦੌਰ ਵਿੱਚ ਦਾਖ਼ਲ ਹੋ ਰਿਹਾ ਹੈ।*

ਪਿਛਲੇ ਇੱਕ ਦਹਾਕੇ ਦੌਰਾਨ ਕੇਂਦਰ ਸਰਕਾਰ ਅਤੇ ਪੰਜਾਬ ਦੇ ਸਬੰਧ ਸਿਰਫ਼ ਰਾਜਨੀਤਿਕ ਦਾਅਵਿਆਂ ਤੱਕ ਸੀਮਿਤ ਨਹੀਂ ਰਹੇ, ਸਗੋਂ ਵਿੱਤੀ ਸਹਾਇਤਾ, ਬੁਨਿਆਦੀ ਢਾਂਚੇ ਅਤੇ ਲੋਕ-ਕਲਿਆਣਕਾਰੀ ਯੋਜਨਾਵਾਂ ਦੇ ਰੂਪ ਵਿੱਚ ਜ਼ਮੀਨੀ ਪੱਧਰ ’ਤੇ ਵੀ ਸਪੱਸ਼ਟ ਤੌਰ ’ਤੇ ਨਜ਼ਰ ਆ ਰਹੇ ਹਨ। ਉਪਲਬਧ ਅੰਕੜੇ ਦਰਸਾਉਂਦੇ ਹਨ ਕਿ ਪੰਜਾਬ ਨੂੰ ਮਿਲਣ ਵਾਲੇ ਕੇਂਦਰੀ ਟਰਾਂਸਫਰ ਅਤੇ ਵਿਕਾਸਕਾਰੀ ਸਹਾਇਤਾ ਵਿੱਚ ਇਤਿਹਾਸਕ ਵਾਧਾ ਹੋਇਆ ਹੈ।

ਵਿੱਤੀ ਸਾਲ 2026-27 ਲਈ ਪੰਜਾਬ ਨੂੰ ਟੈਕਸ ਡਿਵੋਲਿਊਸ਼ਨ ਦੇ ਤੌਰ ’ਤੇ 30,464 ਕਰੋੜ ਦਾ ਬਜਟ ਅਨੁਮਾਨ ਦਿੱਤਾ ਗਿਆ ਹੈ, ਜਦਕਿ ਵਿੱਤੀ ਸਾਲ 2025-26 ਵਿੱਚ ਗ੍ਰਾਂਟ-ਇਨ-ਏਡ ਵਜੋਂ 10,576 ਕਰੋੜ ਪ੍ਰਦਾਨ ਕੀਤੇ ਗਏ ਹਨ।

ਜੇ 2014 ਤੋਂ 2026 ਤੱਕ ਦੀ ਮਿਆਦ ਨੂੰ ਦੇਖੀਏ ਤਾਂ ਟੈਕਸ ਡਿਵੋਲਿਊਸ਼ਨ ਰਾਹੀਂ ਪੰਜਾਬ ਨੂੰ 1.66 ਲੱਖ ਕਰੋੜ ਅਤੇ ਗ੍ਰਾਂਟਸ ਦੇ ਰੂਪ ਵਿੱਚ 1.32 ਲੱਖ ਕਰੋੜ ਮਿਲੇ ਹਨ। ਇਹ ਅੰਕੜੇ ਸਪੱਸ਼ਟ ਕਰਦੇ ਹਨ ਕਿ ਕੇਂਦਰ ਸਰਕਾਰ ਨੇ ਪੰਜਾਬ ਦੀ ਵਿੱਤੀ ਲੋੜਾਂ ਅਤੇ ਜ਼ਿੰਮੇਵਾਰੀਆਂ ਨੂੰ ਗੰਭੀਰਤਾ ਨਾਲ ਲਿਆ ਹੈ।

ਪੂੰਜੀ ਖਰਚ ਲਈ ਕੇਂਦਰ ਵੱਲੋਂ ਰਾਜਾਂ ਨੂੰ ਦਿੱਤੀ ਜਾ ਰਹੀ ਵਿਸ਼ੇਸ਼ ਸਹਾਇਤਾ ਪੰਜਾਬ ਲਈ ਇੱਕ ਮਹੱਤਵਪੂਰਨ ਆਰਥਿਕ ਸਹਾਰਾ ਬਣੀ ਹੈ। ਇਸ ਸਕੀਮ ਤਹਿਤ ਪੰਜਾਬ ਨੂੰ 50 ਸਾਲਾਂ ਲਈ ਵਿਆਜ-ਮੁਕਤ ਕਰਜ਼ੇ ਦਿੱਤੇ ਗਏ ਹਨ, ਜਿਨ੍ਹਾਂ ਦਾ ਪੂਰਾ ਵਿਆਜ ਕੇਂਦਰ ਸਰਕਾਰ ਵੱਲੋਂ ਭਰਿਆ ਜਾਂਦਾ ਹੈ।

2020-21 ਤੋਂ ਜਨਵਰੀ 2026 ਤੱਕ ਇਸ ਯੋਜਨਾ ਹੇਠ ਪੰਜਾਬ ਨੂੰ ਕੁੱਲ 6,157 ਕਰੋੜ ਜਾਰੀ ਕੀਤੇ ਗਏ ਹਨ। ਇਹ ਸਹਾਇਤਾ ਵਿੱਤ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਤੋਂ ਉੱਪਰ ਹੈ ਅਤੇ ਰਾਜ ਨੂੰ ਆਪਣੇ ਵਿਕਾਸਕਾਰੀ ਪ੍ਰਾਜੈਕਟਾਂ ਲਈ ਵਾਧੂ ਆਰਥਿਕ ਸਮਰੱਥਾ ਪ੍ਰਦਾਨ ਕਰਦੀ ਹੈ।

ਸੜਕਾਂ ਅਤੇ ਕਨੈਕਟਿਵਿਟੀ ਦੀ ਗੱਲ ਕੀਤੀ ਜਾਵੇ ਤਾਂ ਇਹ ਵਿਕਾਸ ਦੀ ਨਵੀਂ ਗੀੜ੍ਹ ਬਣੀ ਹੈ। 30 ਜੂਨ 2025 ਤੱਕ ਪੰਜਾਬ ਵਿੱਚ 4,264 ਕਿੱਲੋਮੀਟਰ ਤੋਂ ਵੱਧ ਰਾਸ਼ਟਰੀ ਰਾਜਮਾਰਗ ਤਿਆਰ ਹੋ ਚੁੱਕੇ ਹਨ। 29,000 ਕਰੋੜ ਦੀ ਲਾਗਤ ਨਾਲ ਪੰਜ ਗ੍ਰੀਨਫੀਲਡ ਅਤੇ ਆਰਥਿਕ ਕਾਰੀਡੋਰ ਨਿਰਮਾਣ ਅਧੀਨ ਹਨ।

ਭਾਰਤ ਮਾਲਾ ਪਰਿਯੋਜਨਾ ਦੇ ਫੇਜ਼-1 ਹੇਠ 1,764 ਕਿੱਲੋਮੀਟਰ ਦੇ ਰਾਸ਼ਟਰੀ ਰਾਜਮਾਰਗ ਕਾਰੀਡੋਰਾਂ ਨੂੰ 58,875 ਕਰੋੜ ਦੀ ਅੰਦਾਜ਼ੀ ਲਾਗਤ ਨਾਲ ਮਨਜ਼ੂਰੀ ਦਿੱਤੀ ਗਈ ਹੈ। ਇਸ ਦੇ ਨਾਲ ਹੀ, ਪੰਜਾਬ ਅਤੇ ਰਾਜਸਥਾਨ ਦੇ ਸਰਹੱਦੀ ਖੇਤਰਾਂ ਵਿੱਚ 2,280 ਕਿੱਲੋਮੀਟਰ ਸੜਕਾਂ ਦੇ ਨਿਰਮਾਣ ਲਈ 4,406 ਕਰੋੜ ਦਾ ਨਿਵੇਸ਼ ਕੀਤਾ ਗਿਆ ਹੈ, ਜੋ ਸੁਰੱਖਿਆ ਅਤੇ ਵਿਕਾਸ ਦੋਵਾਂ ਲਈ ਅਹਿਮ ਹੈ।

ਰੇਲਵੇ ਰਫ਼ਤਾਰ ਦੀ ਆਧੁਨਿਕਤਾ ਅਤੇ ਲੌਜਿਸਟਿਕ ਤਾਕਤ ਹੈ, ਰੇਲਵੇ ਖੇਤਰ ਵਿੱਚ ਪੰਜਾਬ ਨੇ ਇੱਕ ਨਵਾਂ ਮੋੜ ਲਿਆ ਹੈ। ਰਾਜ ਹੁਣ 100% ਬਿਜਲੀਕ੍ਰਿਤ ਹੋ ਚੁੱਕਾ ਹੈ। ਅੰਮ੍ਰਿਤਸਰ-ਦਿੱਲੀ ਅਤੇ ਫਿਰੋਜ਼ਪੁਰ-ਦਿੱਲੀ ਵੰਦੇ ਭਾਰਤ ਐਕਸਪ੍ਰੈਸ ਨਾਲ ਯਾਤਰਾ ਤੇਜ਼ ਅਤੇ ਸੁਵਿਧਾਜਨਕ ਬਣੀ ਹੈ।

ਇਸ ਦੇ ਨਾਲ ਹੀ 12 ਨਵੇਂ ਰੇਲ ਪ੍ਰਾਜੈਕਟਾਂ ਰਾਹੀਂ 1,158 ਕਿੱਲੋਮੀਟਰ ਨਵੀਆਂ ਪਟੜੀਆਂ ’ਤੇ 19,843 ਕਰੋੜ ਦਾ ਨਿਵੇਸ਼ ਹੋ ਰਿਹਾ ਹੈ। 2014 ਤੋਂ ਬਾਅਦ 366 ਰੇਲ ਫਲਾਈਓਵਰ ਅਤੇ ਅੰਡਰ-ਬ੍ਰਿਜ ਬਣਾਏ ਗਏ ਹਨ। ਅੰਮ੍ਰਿਤ ਭਾਰਤ ਸਕੀਮ ਤਹਿਤ ਪੰਜਾਬ ਦੇ 30 ਰੇਲਵੇ ਸਟੇਸ਼ਨਾਂ ਨੂੰ ਆਧੁਨਿਕ ਰੂਪ ਦਿੱਤਾ ਜਾ ਰਿਹਾ ਹੈ। ਇਸ ਤੋਂ ਇਲਾਵਾ, ਲੁਧਿਆਣਾ ਤੋਂ ਸੋਨਨਗਰ ਤੱਕ 1,337 ਕਿੱਲੋਮੀਟਰ ਲੰਬਾ ਪੂਰਬੀ ਡੈਡੀਕੇਟਡ ਫਰੇਟ ਕਾਰੀਡੋਰ ਪੰਜਾਬ ਦੇ ਉਦਯੋਗ ਅਤੇ ਖੇਤੀਬਾੜੀ ਲਈ ਇੱਕ ਮਜ਼ਬੂਤ ਲੌਜਿਸਟਿਕ ਆਧਾਰ ਤਿਆਰ ਕਰਦਾ ਹੈ।

ਵਿਕਸਤ ਹਵਾਈ ਸੇਵਾਵਾਂ ਵਿਕਾਸ ਦਾ ਪੈਮਾਨਾ ਹੈ, ਪੰਜਾਬ ’ਚ RCS-ਉਡਾਣ ਅਤੇ ਕ੍ਰਿਸ਼ੀ ਉਡਾਣ ਯੋਜਨਾਵਾਂ ਹੇਠ ਬਠਿੰਡਾ, ਲੁਧਿਆਣਾ, ਆਦਮਪੁਰ ਅਤੇ ਪਠਾਨਕੋਟ ਹਵਾਈ ਅੱਡਿਆਂ ਦੀ ਸ਼ੁਰੂਆਤ ਨਾਲ ਪੰਜਾਬ ਹਵਾਈ ਨਕਸ਼ੇ ’ਤੇ ਮਜ਼ਬੂਤੀ ਨਾਲ ਉੱਭਰਿਆ ਹੈ। ਆਦਮਪੁਰ ਹਵਾਈ ਅੱਡੇ ’ਤੇ ਨਵੀਂ ਟਰਮੀਨਲ ਇਮਾਰਤ ਇਸ ਦਿਸ਼ਾ ਵਿੱਚ ਅਹਿਮ ਕਦਮ ਹੈ।

ਸਿਹਤ ਖੇਤਰ ਵਿੱਚ AIIMS ਬਠਿੰਡਾ, PGIMER ਦੇ ਸੈਟੇਲਾਈਟ ਸੈਂਟਰ ਅਤੇ ਨਵੇਂ ਮੈਡੀਕਲ ਕਾਲਜ ਪੰਜਾਬ ਦੀ ਸਿਹਤ ਸੰਰਚਨਾ ਨੂੰ ਮਜ਼ਬੂਤ ਕਰ ਰਹੇ ਹਨ।

ਸ਼ਹਿਰੀ ਵਿਕਾਸ ਵਲ ਨਜ਼ਰ ਦੁਹਰਾਈਏ ਤਾਂ ਪਤਾ ਚਲਦਾ ਹੈ ਕਿ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਦਾ ਸਮਾਰਟ ਸਿਟੀਜ਼ ਮਿਸ਼ਨ ਵਿੱਚ ਸ਼ਾਮਿਲ ਹੋਣਾ ਸ਼ਹਿਰੀ ਜੀਵਨ ਦੀ ਗੁਣਵੱਤਾ ਵਧਾਉਣ ਵੱਲ ਵੱਡਾ ਕਦਮ ਹੈ। NICDP ਹੇਠ ਰਾਜਪੁਰਾ-ਪਟਿਆਲਾ ਖੇਤਰ ਵਿੱਚ ਉਦਯੋਗਿਕ ਪ੍ਰਾਜੈਕਟ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨਗੇ।

ਲੋਕਾਂ ਤੱਕ ਸਿੱਧਾ ਕੇਂਦਰੀ ਲਾਭ ਪਹੁੰਚਾਉਣ ’ਚ ਅਹਿਮ ਕਦਮ ਕੇਂਦਰ ਵੱਲੋਂ ਉਠਾਏ ਗਏ। ਜਨ ਧਨ, ਉੱਜਵਲਾ, ਆਯੂਸ਼ਮਾਨ ਭਾਰਤ, ਪੀ ਐਮ ਕਿਸਾਨ, ਜਲ ਜੀਵਨ ਮਿਸ਼ਨ ਵਰਗੀਆਂ ਫਲੈਗਸ਼ਿਪ ਯੋਜਨਾਵਾਂ ਰਾਹੀਂ ਲੱਖਾਂ ਪੰਜਾਬੀ ਪਰਿਵਾਰਾਂ ਤੱਕ ਸਿੱਧਾ ਲਾਭ ਪਹੁੰਚਿਆ ਹੈ। ਇਹ ਯੋਜਨਾਵਾਂ ਸਾਬਤ ਕਰਦੀਆਂ ਹਨ ਕਿ ਵਿਕਾਸ ਸਿਰਫ਼ ਅੰਕੜਿਆਂ ਦੀ ਗੱਲ ਨਹੀਂ, ਸਗੋਂ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਆ ਰਹੇ ਹਕੀਕੀ ਬਦਲਾਅ ਦਾ ਨਾਮ ਹੈ।

ਅੱਜ ਪੰਜਾਬ ਲਈ ਵਿਕਾਸ ਸਿਰਫ਼ ਵਾਅਦਾ ਨਹੀਂ, ਸਗੋਂ ਅੰਕੜਿਆਂ ਅਤੇ ਜ਼ਮੀਨੀ ਹਕੀਕਤ ਵਿੱਚ ਦਿਖਾਈ ਦੇ ਰਹੀ ਸਚਾਈ ਹੈ। ਕੇਂਦਰ ਸਰਕਾਰ ਦੀ ਮਜ਼ਬੂਤ ਵਿੱਤੀ ਸਹਾਇਤਾ ਅਤੇ ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਨਾਲ ਪੰਜਾਬ ਵਿਕਾਸ ਦੇ ਨਵੇਂ ਦੌਰ ਵਿੱਚ ਦਾਖ਼ਲ ਹੋ ਚੁੱਕਾ ਹੈ ਅਤੇ ਇਹ ਯਾਤਰਾ ਅੱਗੇ ਵੀ ਜਾਰੀ ਰਹੇਗੀ।

# ਪਾਕਿਸਤਾਨ ਵੱਲੋਂ ਕਰਤਾਰਪੁਰ ਲਾਂਘੇ ਦੀ ਆਰਟ ਗੈਲਰੀ 'ਚ ਸਰਦਾਰ ਹਰੀ ਸਿੰਘ ਨਲੂਆ ਦਾ ਬੁੱਤ ਸਥਾਪਤ ਕਰਨ ਦੀ ਇਜਾਜ਼ਤ ਮਿਲੀ

ਅੰਮ੍ਰਿਤਸਰ, 3 ਫਰਵਰੀ (ਚ.ਨ.ਸ): ਪਾਕਿਸਤਾਨ ਸਰਕਾਰ ਨੇ ਇੱਕ ਅਹਿਮ ਫੈਸਲਾ ਲੈਂਦਿਆਂ ਕਰਤਾਰਪੁਰ ਲਾਂਘੇ ਦੀ ਆਰਟ ਗੈਲਰੀ ਵਿੱਚ ਮਹਾਨ ਸਿੱਖ ਜਰਨੈਲ ਸਰਦਾਰ ਹਰੀ ਸਿੰਘ ਨਲੂਆ ਦਾ ਬੁੱਤ ਸਥਾਪਤ ਕਰਨ ਦੀ ਇਜਾਜ਼ਤ ਦੇ ਦਿੱਤੀ ਹੈ।ਇਹ ਕਦਮ ਖੈਬਰ ਪਖਤੂਨਖਵਾ ਸੂਬੇ ਵਿੱਚੋਂ ਤਿੰਨ ਸਾਲ ਪਹਿਲਾਂ ਹਰੀ ਸਿੰਘ ਨਲੂਆ ਦੇ ਬੁੱਤ ਨੂੰ ਵਿਵਾਦਪੂਰਨ ਤਰੀਕੇ ਨਾਲ ਹਟਾਏ ਜਾਣ ਤੋਂ ਬਾਅਦ ਇੱਕ ਵੱਡੀ ਸੁਧਾਰਾਤਮਕ ਕਾਰਵਾਈ ਵਜੋਂ ਦੇਖਿਆ ਜਾ ਰਿਹਾ ਹੈ। ਇਸ ਬੁੱਤ ਦਾ ਉਦਘਾਟਨ 1 ਫਰਵਰੀ ਨੂੰ ਕੀਤਾ ਗਿਆ, ਜਿਸ ਦੀ ਜਾਣਕਾਰੀ 'ਸਿੱਖਸ ਇਨ ਅਮਰੀਕਾ' ਦੇ ਪ੍ਰਧਾਨ ਗੁਰਿੰਦਰ ਸਿੰਘ ਜੋਸਨ ਨੇ ਸੋਸ਼ਲ ਮੀਡੀਆ ਰਾਹੀਂ ਦਿੱਤੀ। ਇਸ ਪ੍ਰੋਜੈਕਟ ਦੀ ਰੂਪਰੇਖਾ ਗੁਰਿੰਦਰ ਪਾਲ ਸਿੰਘ ਜੋਸਨ ਦੁਆਰਾ ਤਿਆਰ ਕੀਤੀ ਗਈ ਸੀ ਤੇ ਇਸ ਨੂੰ ਮਸ਼ਹੂਰ ਮੂਰਤੀਕਾਰ ਜਗਦੀਪ ਸਿੰਘ ਬਿਲਿੰਗ ਨੇ ਕੁਲਵੰਤ ਸਿੰਘ ਦਿਓਲ ਦੀ ਅਗਵਾਈ ਵਿੱਚ ਤਿਆਰ ਕੀਤਾ ਹੈ।ਦੁਨੀਆਂ ਭਰ ਦੀਆਂ ਸਿੱਖ ਜਥੇਬੰਦੀਆਂ ਨੇ ਇਸ ਫੈਸਲੇ ਦਾ ਸਵਾਗਤ ਕੀਤਾ ਹੈ।ਜ਼ਿਕਰਯੋਗ ਹੈ ਕਿ 2022 ਵਿੱਚ ਹਰੀਪੁਰ ਜ਼ਿਲ੍ਹੇ (ਜੋ ਕਿ ਜਰਨੈਲ ਦੇ ਨਾਮ 'ਤੇ ਵਸਿਆ ਹੈ) ਦੇ ਸਿੱਦੀਕੀ-ਏ-ਅਕਬਰ ਚੌਂਕ ਤੋਂ 8 ਫੁੱਟ ਉੱਚਾ ਮੈਟਲ ਦਾ ਬੁੱਤ ਕੱਟੜਪੰਥੀ ਸਮੂਹਾਂ ਦੇ ਵਿਰੋਧ ਤੋਂ ਬਾਅਦ ਹਟਾ ਦਿੱਤਾ ਗਿਆ ਸੀ, ਜਿਸ ਦੀ SGPC ਤੇ ਚੀਫ਼ ਖਾਲਸਾ ਦੀਵਾਨ ਵੱਲੋਂ ਸਖ਼ਤ ਨਿੰਦਾ ਕੀਤੀ ਗਈ ਸੀ।ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦੌਰਾਨ ਹਰੀ ਸਿੰਘ ਨਲੂਆ ਨੇ ਉਤਰ-ਪੱਛਮੀ ਸਰਹੱਦਾਂ ਨੂੰ ਸੁਰੱਖਿਅਤ ਕਰਨ ਤੇ ਅਫਗਾਨ ਹਮਲਾਵਰਾਂ ਨੂੰ ਰੋਕਣ ਵਿੱਚ ਇਤਿਹਾਸਕ ਭੂਮਿਕਾ ਨਿਭਾਈ ਸੀ।ਕਰਤਾਰਪੁਰ ਵਿਖੇ ਇਸ ਬੁੱਤ ਦੀ ਸਥਾਪਨਾ ਸਿੱਖ ਵਿਰਾਸਤ ਤੇ ਇਤਿਹਾਸ ਨੂੰ ਮਾਨਤਾ ਦੇਣ ਦੀ ਦਿਸ਼ਾ ਵਿੱਚ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਮੰਨੀ ਜਾ ਰਹੀ ਹੈ।

# ਸਹਿਕਾਰੀ ਕਲੋਨੀਆਂ 'ਚ ਸੰਪਤੀ ਤਬਾਦਲੇ ਬਾਰੇ ਕਈ ਬੰਦਸ਼ਾਂ ਖ਼ਤਮ

## ☛ਸਹਿਕਾਰਤਾ ਵਿਭਾਗ ਨੇ ਸੁਣਵਾਈ ਤੋਂ ਪਹਿਲਾਂ ਨਵਾਂ ਨੋਟੀਫਿਕੇਸ਼ਨ ਜਾਰੀ ਕੀਤਾ

ਚੰਡੀਗੜ੍ਹ, 3 ਫਰਵਰੀ (ਚ.ਨ.ਸ): ਪੰਜਾਬ ਸਰਕਾਰ ਨੇ ਹੁਣ ਸਹਿਕਾਰੀ ਹਾਊਸਿੰਗ ਸਭਾਵਾਂ 'ਚ ਜਾਇਦਾਦ ਦੇ ਰਜਿਸਟਰਡ ਡੀਡ ਜ਼ਰੀਏ ਤਬਾਦਲੇ ਬਾਰੇ ਲਗਾਈਆਂ ਕਈ ਬੰਦਸ਼ਾਂ ਹਟਾ ਦਿੱਤੀਆਂ ਹਨ।ਸੂਬਾ ਸਰਕਾਰ ਨੇ ਪਿਛਲੇ ਸਾਲ 21 ਨਵੰਬਰ ਨੂੰ ਪੰਜਾਬ ਸਹਿਕਾਰੀ ਸਭਾਵਾਂ ਐਕਟ 1961 ਦੀ ਧਾਰਾ 37 ਵਿੱਚ ਸੋਧ ਕਰਕੇ ਸਹਿਕਾਰੀ ਹਾਊਸਿੰਗ ਸਭਾਵਾਂ 'ਚ ਨਵੀਂ ਜਾਇਦਾਦ ਦੇ ਤਬਾਦਲੇ ਸਬੰਧੀ ਰਜਿਸਟਰੀ ਲਾਜ਼ਮੀ ਕਰ ਦਿੱਤੀ ਸੀ।ਇਸ ਤਹਿਤ 31 ਜਨਵਰੀ ਤੱਕ ਇੱਕ ਫ਼ੀਸਦ ਸਟੈਂਪ ਡਿਊਟੀ ਰਜਿਸਟਰੀਆਂ ਕਰਵਾਉਣ ਵਿੱਚ ਵਿਸ਼ੇਸ਼ ਛੋਟ ਦਿੱਤੀ ਗਈ ਸੀ।ਪੰਜਾਬ ਵਿੱਚ ਕਰੀਬ 630 ਸਹਿਕਾਰੀ ਹਾਊਸਿੰਗ ਸਭਾਵਾਂ ਹਨ, ਜਿਨ੍ਹਾਂ 'ਚ ਕਰੀਬ 60 ਹਜ਼ਾਰ ਜਾਇਦਾਦਾਂ ਹਨ।ਸੂਬਾ ਸਰਕਾਰ ਨੂੰ ਰਜਿਸਟਰੀ ਜ਼ਰੀਏ 200 ਕਰੋੜ ਦੀ ਕਮਾਈ ਦੀ ਉਮੀਦ ਹੈ।ਸਹਿਕਾਰੀ ਹਾਊਸਿੰਗ ਸਭਾਵਾਂ 'ਚ ਪਹਿਲਾਂ ਜਾਇਦਾਦ ਦਾ ਸਿਰਫ਼ ਤਬਾਦਲਾ ਹੁੰਦਾ ਸੀ ਤੇ ਤਬਾਦਲੇ ਲਈ ਰਜਿਸਟਰੀ ਦੀ



ਲੋੜ ਨਹੀਂ ਸੀ।ਸੂਬਾ ਸਰਕਾਰ ਨੇ ਨਵੰਬਰ 2025 'ਚ ਨੋਟੀਫ਼ਿਕੇਸ਼ਨ ਕਰਕੇ ਇਨ੍ਹਾਂ ਸਹਿਕਾਰੀ ਸਭਾਵਾਂ ਵਿਚਲੀ ਹਰ ਜਾਇਦਾਦ ਦੀ ਰਜਿਸਟਰੀ ਲਾਜ਼ਮੀ ਕਰਾਰ ਦੇ ਦਿੱਤੀ ਸੀ।ਸਹਿਕਾਰੀ ਸਭਾਵਾਂ ਦੇ ਪ੍ਰਬੰਧਕਾਂ ਨੇ ਪਿਛਲੇ ਦਿਨੀਂ ਮੁੱਖ ਮੰਤਰੀ ਕੋਲ ਇਹ ਮਾਮਲਾ ਉਠਾਇਆ ਸੀ ਕਿ ਪਿਛਲੇ ਲੰਮੇ ਅਰਸੇ ਤੋਂ ਪੰਜਾਬ 'ਚ ਸਹਿਕਾਰੀ ਹਾਊਸਿੰਗ ਸਭਾਵਾਂ ਨੂੰ ਲਾਜ਼ਮੀ ਰਜਿਸਟਰੇਸ਼ਨ ਤੇ ਸਟੈਂਪ ਡਿਊਟੀ ਤੋਂ ਪੂਰੀ ਤਰ੍ਹਾਂ ਛੋਟ ਸਹਿਕਾਰੀ ਕਲੋਨੀਆਂ ਮਿਲੀ ਹੋਈ ਸੀ। ਇਸ ਕਰਕੇ ਮੱਧ ਵਰਗੀ ਲੋਕ ਤੇ ਤਨਖ਼ਾਹਦਾਰ ਲੋਕ ਪ੍ਰਾਈਵੇਟ ਕਲੋਨੀਆਂ ਦੀ ਥਾਂ ਸਹਿਕਾਰੀ ਸੁਸਾਇਟੀਆਂ 'ਚ ਨਿਵੇਸ਼ ਕਰਦੇ ਸਨ।ਸਹਿਕਾਰਤਾ ਵਿਭਾਗ ਨੇ ਮੰਗਲਵਾਰ ਨੂੰ ਹੋਣ ਵਾਲੀ ਸੁਣਵਾਈ ਤੋਂ ਪਹਿਲਾਂ ਅੱਜ ਨਵਾਂ ਨੋਟੀਫ਼ਿਕੇਸ਼ਨ ਜਾਰੀ ਕਰਕੇ ਸਹਿਕਾਰੀ ਹਾਊਸਿੰਗ ਸਭਾਵਾਂ 'ਚ ਰਜਿਸਟਰੀ ਰਾਹੀਂ ਜਾਇਦਾਦ ਦੇ ਤਬਾਦਲੇ 'ਚ ਕਈ ਛੋਟਾਂ ਦਿੱਤੀਆਂ ਹਨ।

**ਵੱਧ ਤੋਂ ਵੱਧ ਦੋ ਲੱਖ ਦੀ ਸਟੈਂਪ ਡਿਊਟੀ ਲੱਗੇਗੀ**

ਰਜਿਸਟਰੀ ਜ਼ਰੀਏ ਤਬਾਦਲਾ ਕਰਵਾਉਣ ਲਈ ਵੱਧ ਤੋਂ ਵੱਧ ਦੋ ਲੱਖ ਦੀ ਸਟੈਂਪ ਡਿਊਟੀ ਆਦਿ ਹੀ ਲੱਗੇਗੀ।ਐਗਰੀਮੈਂਟ ਦੀ ਕੀਮਤ ਜਾਂ ਕੁਲੈਕਟਰ ਰੇਟ ਦਾ ਇੱਕ ਫ਼ੀਸਦੀ ਦੇਣਾ ਹੋਵੇਗਾ ਤੇ ਵੱਧ ਤੋਂ ਵੱਧ ਇਹ ਫ਼ੀਸ ਦੋ ਲੱਖ ਤੱਕ ਦੀ ਹੀ ਹੋ ਸਕਦੀ ਹੈ।ਅਜਿਹਾ ਫ਼ਾਇਦਾ ਸਿਰਫ਼ ਜਾਇਦਾਦ ਦਾ ਇੱਕ ਵਾਰ ਤਬਾਦਲਾ ਕਰਨ 'ਤੇ ਹੀ ਮਿਲੇਗਾ।

# 16ਵੇਂ ਵਿੱਤ ਕਮਿਸ਼ਨ ਦੀ ਰਿਪੋਰਟ ਸੰਸਦ 'ਚ ਪੇਸ਼ ਹੋਣ ਤੋਂ ਬਾਅਦ ਪੰਜਾਬ ਲਈ ਚਿੰਤਾਜਨਕ ਖ਼ਬਰ ਆਈ ਸਾਹਮਣੇ

## ☛ਹੁਣ ਹੋਵੇਗਾ 4800 ਕਰੋੜ ਰੁਪਏ ਦਾ ਸਾਲਾਨਾ ਨੁਕਸਾਨ

ਚੰਡੀਗੜ੍ਹ, 3 ਫਰਵਰੀ (ਚ.ਨ.ਸ): 16ਵੇਂ ਵਿੱਤ ਕਮਿਸ਼ਨ ਦੀ ਰਿਪੋਰਟ ਸੰਸਦ ਵਿੱਚ ਪੇਸ਼ ਹੋਣ ਤੋਂ ਬਾਅਦ ਪੰਜਾਬ ਲਈ ਚਿੰਤਾਜਨਕ ਖ਼ਬਰ ਸਾਹਮਣੇ ਆਈ ਹੈ।ਕਮਿਸ਼ਨ ਨੇ ਇਸ ਵਾਰ ਪੰਜਾਬ ਨੂੰ ਦਿੱਤੀ ਜਾਣ ਵਾਲੀ 'ਰੇਵੇਨਿਊ ਡੈਫੀਸਿਟ ਗ੍ਰਾਂਟ' ਨੂੰ ਬੰਦ ਕਰਨ ਦੀ ਸਿਫ਼ਾਰਸ਼ ਕੀਤੀ ਹੈ।ਇਸ ਫੈਸਲੇ ਨਾਲ ਪੰਜਾਬ ਨੂੰ ਹਰ ਸਾਲ ਲਗਭਗ 4800 ਕਰੋੜ ਰੁਪਏ ਦਾ ਵਿੱਤੀ ਘਾਟਾ ਸਹਿਣਾ ਪਵੇਗਾ।ਪਿਛਲੇ ਵਿੱਤ ਕਮਿਸ਼ਨ ਨੇ ਪੰਜਾਬ ਨੂੰ ਪੰਜ ਸਾਲਾਂ ਲਈ 24,000 ਕਰੋੜ ਰੁਪਏ ਦੀ ਗ੍ਰਾਂਟ ਦਿੱਤੀ ਸੀ (ਔਸਤਨ 4800 ਕਰੋੜ ਰੁਪਏ ਸਾਲਾਨਾ), ਜੋ ਕਿ ਹੁਣ ਬੰਦ ਹੋ ਜਾਵੇਗੀ।ਰਿਪੋਰਟ ਵਿੱਚ ਪੰਜਾਬ ਨੂੰ ਦੇਸ਼ ਵਿੱਚ ਸਭ ਤੋਂ ਵੱਧ ਸਬਸਿਡੀ ਦੇਣ ਵਾਲਾ ਸੂਬਾ ਦੱਸਿਆ ਗਿਆ ਹੈ।ਅੰਕੜਿਆਂ ਅਨੁਸਾਰ ਪੰਜਾਬ ਵਿੱਚ ਪ੍ਰਤੀ ਵਿਅਕਤੀ ਸਬਸਿਡੀ 5893 ਰੁਪਏ ਹੈ, ਜੋ ਤੇਲੰਗਾਨਾ ਤੇ ਤਾਮਿਲਨਾਡੂ ਵਰਗੇ ਰਾਜਾਂ ਨਾਲੋਂ ਵੀ ਕਿਤੇ ਜ਼ਿਆਦਾ ਹੈ।ਹਾਲਾਂਕਿ ਕੇਂਦਰੀ ਟੈਕਸਾਂ ਵਿੱਚ ਰਾਜਾਂ ਦਾ ਹਿੱਸਾ 41% ਰੱਖਣ ਦੀ ਸਿਫ਼ਾਰਸ਼ ਕੀਤੀ ਗਈ ਹੈ, ਪਰ ਪੰਜਾਬ ਦਾ ਆਪਣਾ ਹਿੱਸਾ ਸਿਰਫ਼ 1.80% ਤੋਂ ਵੱਧ ਕੇ 1.99% ਹੀ ਹੋਇਆ ਹੈ, ਜਿਸ ਨਾਲ ਸਿਰਫ਼ 1500 ਕਰੋੜ ਰੁਪਏ ਦਾ ਵਾਧੂ ਲਾਭ ਹੋਵੇਗਾ।ਇਹ 4800 ਕਰੋੜ ਦੇ ਨੁਕਸਾਨ ਦੇ ਮੁਕਾਬਲੇ ਬਹੁਤ ਘੱਟ ਹੈ।ਕਮਿਸ਼ਨ ਨੇ ਸ਼ਹਿਰੀ ਤੇ ਪੇਂਡੂ ਸਥਾਨਕ ਇਕਾਈਆਂ ਲਈ 19,623 ਕਰੋੜ ਰੁਪਏ ਦੀ ਸਿਫ਼ਾਰਸ਼ ਤਾਂ




ਕੀਤੀ ਹੈ, ਪਰ ਇਹ ਰਾਸ਼ੀ ਸਿਰਫ਼ ਪਰਫਾਰਮੈਂਸ ਦੇ ਆਧਾਰ 'ਤੇ ਹੀ ਮਿਲੇਗੀ।ਜੇਕਰ ਨਗਰ ਕੌਂਸਲਾਂ ਤੇ ਪੰਚਾਇਤਾਂ ਮਿੱਥੇ ਗਏ ਮਾਪਦੰਡਾਂ 'ਤੇ ਖਰੀਆਂ ਨਹੀਂ ਉਤਰਦੀਆਂ ਤਾਂ ਇਹ ਫੰਡ ਮਿਲਣਾ ਮੁਸ਼ਕਿਲ ਹੋ ਜਾਵੇਗਾ।ਰਿਪੋਰਟ ਮੁਤਾਬਿਕ ਪੰਜਾਬ ਦਾ ਬਿਜਲੀ ਸਬਸਿਡੀ ਬਿੱਲ ਲਗਾਤਾਰ ਵੱਧ ਰਿਹਾ ਹੈ।ਸਾਲ 2023-24 ਵਿੱਚ ਇਹ ਬਿੱਲ 2.60 ਲੱਖ ਕਰੋੜ ਰੁਪਏ ਤੱਕ ਪਹੁੰਚ ਗਿਆ ਹੈ।ਕਮਿਸ਼ਨ ਨੇ ਸੂਬਾ ਸਰਕਾਰ ਨੂੰ ਸਲਾਹ ਦਿੱਤੀ ਹੈ ਕਿ ਉਹ ਆਪਣੇ ਸਬਸਿਡੀ ਖਰਚਿਆਂ ਦੀ ਸਮੀਖਿਆ ਕਰੇ ਤੇ ਵਿੱਤੀ ਅਨੁਸ਼ਾਸਨ ਬਣਾਈ ਰੱਖਣ ਲਈ ਠੋਸ ਕਦਮ ਚੁੱਕੇ।ਇਹ ਵਿੱਤੀ ਕਮੀ ਅਜਿਹੇ ਸਮੇਂ ਆਈ ਹੈ ਜਦੋਂ ਪੰਜਾਬ ਸਰਕਾਰ ਪਹਿਲਾਂ ਹੀ ਮਹਿਲਾ ਸਨਮਾਨ ਭੱਤੇ ਵਰਗੀਆਂ ਨਵੀਆਂ ਸਕੀਮਾਂ ਲਾਗੂ ਕਰਨ ਦੀ ਯੋਜਨਾ ਬਣਾ ਰਹੀ ਸੀ।ਹੁਣ ਸਰਕਾਰ ਨੂੰ ਜਾਂ ਤਾਂ ਵਾਧੂ ਟੈਕਸ ਲਗਾਉਣੇ ਪੈਣਗੇ ਜਾਂ ਫਿਰ ਕਰਜ਼ੇ ਦਾ ਸਹਾਰਾ ਲੈਣਾ ਪਵੇਗਾ।

# ਪਿੰਡ ਸ਼ੰਕਰਪੁਰਾ ਵਿਖੇ ਸਰਪੰਚ ਨਵਦੀਪ ਸਿੰਘ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਮੀਟਿੰਗ

ਬਟਾਲਾ,ਅੰਚਲ ਸਾਹਿਬ, 3 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਜੁਗਰਾਜ ਸਿੰਘ ਖਾਲਸਾ): ਅੱਜ ਪਿੰਡ ਸ਼ੰਕਰਪੁਰਾ ਵਿਖੇ ਸਰਪੰਚ ਨਵਦੀਪ ਸਿੰਘ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਮੀਟਿੰਗ ਕਰਵਾਈ ਗਈ, ਜਿਸ ਵਿੱਚ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਕਮੇਟੀ ਗੁਰਦਾਸਪੁਰ ਜੋਬਨ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਮਾਝਾ ਜ਼ੋਨ ਦੇ ਐਜੂਕੇਸ਼ਨ ਵਿੰਗ ਦੇ ਪ੍ਰਧਾਨ ਪ੍ਰਿੰਸੀਪਲ ਹਰਪਿੰਦਰਪਾਲ ਸਿੰਘ ਤੇ ਜ਼ਿਲ੍ਹਾ ਸੋਸ਼ਲ ਮੀਡੀਆ ਸੈਕਟਰੀ ਗੁਰਵਿੰਦਰ ਸਿੰਘ ਪੰਨੂੰ ਵੀ ਹਾਜ਼ਰ ਸਨ।ਇਸ ਮੌਕੇ ਗੱਲ ਕਰਦਿਆਂ ਚੇਅਰਮੈਨ ਜੋਬਨ ਰੰਧਾਵਾ ਨੇ ਦੱਸਿਆ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ



ਭਗਵੰਤ ਸਿੰਘ ਮਾਨ ਵੱਲੋਂ 22 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।ਚੇਅਰਮੈਨ ਜੋਬਨ ਰੰਧਾਵਾ ਨੇ ਕਿਹਾ ਕਿ ਵੱਖ-ਵੱਖ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਤੇ ਟੈਸਟ ਮੁਫ਼ਤ ਹੋਣਗੇ।ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ।ਉਨ੍ਹਾਂ ਤੋਂ ਕੁਝ ਨਹੀਂ ਪੁੱਛਿਆ ਜਾਵੇਗਾ, ਸਿਰਫ਼ ਆਪਣਾ ਹੈਲਥ ਕਾਰਡ ਲੈ ਕੇ ਜਾਣਾ ਹੋਵੇਗਾ।ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ ਤੇ ਕਿਸੇ ਨੂੰ ਵੀ ਇਸ ਤੋਂ ਬਾਹਰ ਨਹੀਂ ਰੱਖਿਆ ਗਿਆ।ਇਸ ਯੋਜਨਾ ਤਹਿਤ 850 ਸਰਕਾਰੀ ਇਹ ਨਿੱਜੀ ਹਸਪਤਾਲ ਪਹਿਲਾਂ ਹੀ ਸੂਚੀਬੱਧ ਕੀਤੇ ਜਾ ਚੁੱਕੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਹਸਪਤਾਲ ਵੀ ਸ਼ਾਮਲ ਕੀਤੇ ਜਾਣਗੇ।

# ਨਿਊਜ਼ੀਲੈਂਡ 'ਚ ਤਮਾਕੀ ਦੀ ਅਗਵਾਈ ਹੇਠ ਲੋਕਾਂ ਵੱਲੋਂ ਨਗਰ ਕੀਰਤਨ ਰੋਕਣ ਨਾਲ ਪੰਜਾਬੀਆਂ 'ਚ ਵਧੀ ਚਿੰਤਾ

ਖੰਨਾ, 3 ਫਰਵਰੀ (ਚ.ਨ.ਸ): ਨਿਊਜ਼ੀਲੈਂਡ 'ਚ ਹਾਲ ਹੀ 'ਚ ਨਗਰ ਕੀਰਤਨ ਨੂੰ ਡੈਸਟਨੀ ਚਰਚ ਦੇ ਮੁਖੀ ਬ੍ਰਾਇਨ ਤਮਾਕੀ ਦੀ ਅਗਵਾਈ ਵਾਲੇ ਲੋਕਾਂ ਵੱਲੋਂ ਰੋਕਣ ਨਾਲ ਭਾਰਤੀ ਭਾਈਚਾਰੇ, ਖ਼ਾਸ ਕਰਕੇ ਸਿੱਖਾਂ ਤੇ ਪੰਜਾਬੀਆਂ 'ਚ ਚਿੰਤਾ ਵੱਧ ਗਈ ਹੈ।ਬ੍ਰਾਇਨ ਤਮਾਕੀ ਦੀ ਅਗਵਾਈ ਵਾਲੇ ਸਮੂਹ ਨਿਊਜ਼ੀਲੈਂਡ 'ਚ ਪ੍ਰਵਾਸ ਵਿਰੋਧੀ ਭਾਵਨਾਵਾਂ ਨੂੰ ਭੜਕਾਇਆ ਗਿਆ ਹੈ।ਵਿਕਟੋਰੀਆ ਪਾਰਕ 'ਚ ਕੀਤੇ ਇਸ ਪ੍ਰਦਰਸ਼ਨ ਬਾਰੇ ਤਮਾਕੀ ਦਾ ਦਾਅਵਾ ਸੀ ਕਿ ਇਸ ਵਿੱਚ 10 ਹਜ਼ਾਰ ਲੋਕ ਸ਼ਾਮਲ ਹੋਏ, ਪਰ ਮੀਡੀਆ ਰਿਪੋਰਟਾਂ ਅਨੁਸਾਰ 1 ਹਜ਼ਾਰ ਤੋਂ ਵੀ ਘੱਟ ਲੋਕ ਸ਼ਾਮਲ ਸਨ।ਤਮਾਕੀ ਨਾਲ ਜੁੜੇ ਸਮੂਹ ਨੇ ਪਹਿਲਾਂ ਵੀ ਦਸੰਬਰ 2025 ਤੇ ਜਨਵਰੀ 2026 'ਚ ਨਿਊਜ਼ੀਲੈਂਡ ਦੇ ਮੈਨੂਰੇਵਾ ਤੇ ਟੌਰੰਗਾ ਇਲਾਕਿਆਂ 'ਚ ਨਗਰ ਕੀਰਤਨ ਨੂੰ ਰੋਕਿਆ ਸੀ।ਉਹ ਇਮੀਗ੍ਰੇਸ਼ਨ ਨੂੰ ਨਿਊਜ਼ੀਲੈਂਡ ਦੇ ਸਭਿਆਚਾਰ ਲਈ ਖ਼ਤਰਾ ਦੱਸਦੇ ਹਨ। ਇਹ ਅੰਦੋਲਨ ਵਿਤਕਰਾ ਤੇ ਨਿਊਜ਼ੀਲੈਂਡ ਦੀਆਂ ਸਥਿਤੀਆਂ ਦੇ ਚੱਲਦੇ ਕਈ ਭਾਰਤੀਆਂ ਤੇ ਪਰਤਣਾ ਪੈ ਰਿਹਾ ਹੈ।ਗੌਰਤਲਬ ਹੈ ਕਿ ਤਮਾਕੀ ਨਾਲ ਜੁੜੀਆਂ 2 ਸੰਸਥਾਵਾਂ ਨੂੰ ਸਰਕਾਰ ਵੱਲੋਂ ਬੰਦ ਵੀ ਕੀਤਾ ਗਿਆ ਹੈ, ਇਨ੍ਹਾਂ ਸੰਸਥਾਵਾਂ ਨੇ ਕਰੀਬ 5 ਮਿਲੀਅਨ ਡਾਲਰ ਦੇ ਕਰਜ਼ੇ ਦੇਣੇ ਸਨ। ਇਲਜ਼ਾਮ ਲੱਗ ਰਹੇ ਹਨ ਕਿ ਤਮਾਕੀ ਅਜਿਹੇ ਵਿਰੋਧ ਅੰਦੋਲਨਾਂ ਨੂੰ ਪੈਸੇ ਲਈ ਭੜਕਾਉਂਦਾ ਹੈ।

**ਅਸੀਂ ਵਿਵਾਦ ਨੂੰ ਗੱਲਬਾਤ ਨਾਲ ਹੱਲ ਕਰਨ ਵਿੱਚ ਵਿਸ਼ਵਾਸ ਰੱਖਦੇ ਹਾਂ: ਸਿੱਖ ਐਸੋਸੀਏਸ਼ਨ**

ਨਿਊਜ਼ੀਲੈਂਡ ਸੈਂਟਰਲ ਸਿੱਖ ਐਸੋਸੀਏਸ਼ਨ ਨੇ ਕਿਹਾ ਕਿ ਅਸੀਂ ਨਗਰ ਕੀਰਤਨਾਂ ਦੇ ਵਿਰੋਧ ਦੀਆਂ ਘਟਨਾਵਾਂ ਨੂੰ ਨਜ਼ਰ-ਅੰਦਾਜ਼ ਨਹੀਂ ਕਰਦੇ ਅਸੀਂ ਆਪਣੇ ਧਾਰਮਿਕ ਸਮਾਗਮ ਜਾਰੀ ਰੱਖਾਂਗੇ। ਪਰ ਅਸੀਂ ਆਜ਼ਾਦ ਸਮਾਜ 'ਚ ਵਿਵਾਦ ਨੂੰ ਗੱਲਬਾਤ ਨਾਲ ਹੱਲ ਕਰਨ 'ਚ ਵਿਸ਼ਵਾਸ ਰੱਖਦੇ ਹਾਂ।ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ ਸ਼ਾਂਤੀ ਨਾਲ ਰਹਿੰਦਾ ਹੈ ਤੇ ਸਾਨੂੰ ਸਰਕਾਰ ਤੋਂ ਸਹਿਯੋਗ ਮਿਲ ਰਿਹਾ ਹੈ।



# ਐਮਬੀਬੀਐਸ ਪ੍ਰੀਖਿਆ ਘਪਲੇ 'ਚ ਪ੍ਰਾਈਵੇਟ ਮੈਡੀਕਲ ਕਾਲਜ ਦੇ 23 ਵਿਦਿਆਰਥੀ ਬਰਖ਼ਾਸਤ

ਰੋਹਤਕ, 3 ਫਰਵਰੀ (ਚ.ਨ.ਸ): ਐਮਬੀਬੀਐਸ ਪ੍ਰੀਖਿਆ ਘਪਲੇ ਵਿੱਚ ਪੰਡਿਤ ਬੀਡੀ ਸ਼ਰਮਾ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਰੋਹਤਕ (ਯੂਐਚਐਸਆਰ) ਨੇ ਇੱਕ ਪ੍ਰਾਈਵੇਟ ਮੈਡੀਕਲ ਕਾਲਜ ਦੇ 23 ਵਿਦਿਆਰਥੀ ਬਰਖ਼ਾਸਤ ਕਰ ਦਿੱਤੇ ਹਨ।ਉਪ-ਕੁਲਪਤੀ ਡਾ. ਐਚਕੇ ਅਗਰਵਾਲ ਦੇ ਹੁਕਮਾਂ ਮੁਤਾਬਿਕ ਇਹ ਵਿਦਿਆਰਥੀ ਹੁਣ ਆਪਣਾ ਕੋਰਸ ਪੂਰਾ ਨਹੀਂ ਕਰ ਸਕਣਗੇ ਤੇ ਨਾ ਹੀ ਉਨ੍ਹਾਂ ਨੂੰ ਯੂਨੀਵਰਸਿਟੀ ਜਾਂ ਉਸੇ ਕਾਲਜ ਵਿੱਚ ਦੁਬਾਰਾ ਦਾਖਲਾ ਮਿਲੇਗਾ। ਇਨ੍ਹਾਂ ਵਿਦਿਆਰਥੀਆਂ ਦੀਆਂ ਸਾਰੀਆਂ ਪ੍ਰੀਖਿਆਵਾਂ ਵੀ ਰੱਦ ਕਰ ਦਿੱਤੀਆਂ ਗਈਆਂ ਹਨ ਤੇ ਨਤੀਜੇ ਰੱਦ ਕਰਨ ਦੇ ਵੀ ਹੁਕਮ ਦਿੱਤੇ ਗਏ ਹਨ।ਡਾ. ਅਗਰਵਾਲ ਨੇ ਦੱਸਿਆ ਕਿ ਭ੍ਰਿਸ਼ਟਾਚਾਰ ਖ਼ਿਲਾਫ਼ ਸਖ਼ਤ ਰੁਖ ਜਾਰੀ ਰਹੇਗਾ।ਇਸ ਮਾਮਲੇ ਵਿੱਚ ਪਹਿਲਾਂ ਹੀ 7 ਮੁਲਾਜ਼ਮਾਂ ਨੂੰ ਨੌਕਰੀ ਤੋਂ ਕੱਢਿਆ ਜਾਂ ਮੁਅੱਤਲ ਕੀਤਾ ਗਿਆ ਹੈ। ਇਹ ਘਪਲਾ ਪਿਛਲੇ ਸਾਲ ਜਨਵਰੀ ਵਿੱਚ ਸਾਹਮਣੇ ਆਇਆ ਸੀ। ਜਾਂਚ ਮੁਤਾਬਿਕ ਪ੍ਰੀਖਿਆਵਾਂ ਦੌਰਾਨ ਉਤਰ ਪੱਤਰੀਆਂ ਯੂਨੀਵਰਸਿਟੀ ਦੀ ਗੁਪਤ ਸ਼ਾਖਾ 'ਚੋਂ ਬਾਹਰ ਭੇਜੀਆਂ ਜਾਂਦੀਆਂ ਸਨ।ਇਨ੍ਹਾਂ ਪੱਤਰੀਆਂ ਨਾਲ ਛੇੜਛਾੜ ਕਰਕੇ ਤੇ ਉਤਰ ਦੁਬਾਰਾ ਲਿਖ ਕੇ ਮੁੜ ਜਮ੍ਹਾਂ ਕਰਵਾਇਆ ਜਾਂਦਾ ਸੀ।ਹਰ ਵਿਸ਼ੇ ਵਿੱਚ ਪਾਸ ਕਰਵਾਉਣ ਲਈ ਤਿੰਨ ਤੋਂ ਪੰਜ ਲੱਖ ਰੁਪਏ ਦੀ ਰਿਸ਼ਵਤ ਲਈ ਜਾਂਦੀ ਸੀ।ਫੋਰੈਂਸਿਕ ਜਾਂਚ ਵਿੱਚ ਉਤਰ ਪੱਤਰੀਆਂ ਦੇ ਸੀਰੀਅਲ ਨੰਬਰਾਂ ਵਿੱਚ ਗੜਬੜ ਤੇ ਲਿਖਾਈ ਮੇਲ ਨਾ ਖਾਣ ਦੇ ਸਬੂਤ ਮਿਲੇ ਸਨ।ਕਈ ਥਾਵਾਂ 'ਤੇ ਪਹਿਲਾਂ ਲਿਖੇ ਜਵਾਬ ਮਿਟਾ ਕੇ ਦੁਬਾਰਾ ਲਿਖੇ ਗਏ ਸਨ।



# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਿਆਈ ਦਿਵਸ ਨੂੰ ਸਮਰਪਿਤ ਜਵੱਦੀ ਟਕਸਾਲ ਵਿਖੇ ਤਿੰਨ ਰੋਜ਼ਾ ਵਿਸ਼ਵ ਪੰਜਾਬੀ ਕਾਨਫ਼ਰੰਸ 20 ਤੋਂ: ਸੰਤ ਬਾਬਾ ਅਮੀਰ ਸਿੰਘ

ਲੁਧਿਆਣਾ, 3 ਫਰਵਰੀ (ਚ.ਨ.ਸ): ਜਵੱਦੀ ਟਕਸਾਲ ਦੇ ਮੁਖੀ ਸੰਤ ਗਿਆਨੀ ਅਮੀਰ ਸਿੰਘ ਦੀ ਸਰਪ੍ਰਸਤੀ ਹੇਠ ਡਾ. ਹਰਜੋਧ ਸਿੰਘ ਤੇ ਰਣਜੋਧ ਸਿੰਘ ਦੇ ਸਹਿਯੋਗ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ ਨੂੰ ਸਮਰਪਿਤ ਵਿਸ਼ਵ ਤਿੰਨ ਰੋਜ਼ਾ ਪੰਜਾਬੀ ਕਾਨਫ਼ਰੰਸ 20, 21 ਤੇ 22 ਫਰਵਰੀ ਨੂੰ ਕਰਵਾਈ ਜਾ ਰਹੀ ਹੈ।ਇਸ ਸਬੰਧੀ ਸੰਤ ਬਾਬਾ ਅਮੀਰ ਸਿੰਘ ਨੇ ਦੱਸਿਆ ਕਿ ਇਸ ਪੰਜਾਬੀ ਕਾਨਫਰੰਸ ਵਿੱਚ ਪਦਮਸ੍ਰੀ ਬਾਬਾ ਸੇਵਾ ਸਿੰਘ ਕਾਰ ਸੇਵਾ ਸ੍ਰੀ ਖਡੂਰ ਸਾਹਿਬ, ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜਾ, ਸੰਤ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਸੰਤ ਬਾਬਾ ਤੇਜਾ ਸਿੰਘ ਖੁੱਡਾ, ਸੰਤ ਬਾਬਾ ਬਲਵੀਰ ਸਿੰਘ ਸੀਚੇਵਾਲ, ਸਾ. ਅੰਬੈਸਡਰ ਕੇ.ਸੀ. ਸਿੰਘ, ਪ੍ਰੋ. ਗੁਰਨੇਕ ਸਿੰਘ ਸਾ. ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਪ੍ਰੋ. ਪਰਿਤ ਪਾਲ ਸਿੰਘ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਗੁਰਚਰਨ ਸਿੰਘ ਲਾਂਬਾ, ਗੁਰਜਤਿੰਦਰ ਸਿੰਘ ਰੰਧਾਵਾ, ਪ੍ਰੋ. ਬਲਵੰਤ ਸਿੰਘ ਢਿੱਲੋਂ, ਭੁਪਿੰਦਰ ਸਿੰਘ ਬਾਜਵਾ, ਮੋਤਾ ਸਿੰਘ ਸਰਾਏ, ਪ੍ਰੋ. ਸੁਖਦੇਵ ਸਿੰਘ ਸੋਹਲ, ਪ੍ਰੋ. ਰੌਣਕੀ ਰਾਮ, ਪ੍ਰੋ. ਅੰਜੂ ਸੂਰੀ, ਪ੍ਰੋ. ਬਲਕਾਰ ਸਿੰਘ, ਡਾ. ਚਰਨ ਸਿੰਘ ਸਾਬਕਾ ਚੇਅਰਮੈਨ ਪੰਜਾਬ ਐਂਡ ਸਿੰਧ ਬੈਂਕ, ਪ੍ਰਤਾਪ ਸਿੰਘ ਡਾਇਰੈਕਟਰ ਗੁਰੂ ਨਾਨਕ ਫਾਊਂਡੇਸ਼ਨ, ਡਾ. ਜਸਬੀਰ ਸਿੰਘ ਸਰਨਾ ਜੰਮੂ ਕਸ਼ਮੀਰ, ਡਾ. ਆਸਾ ਸਿੰਘ ਘੁੰਮਣ, ਡਾ. ਸਰਮੁਹੱਬਤ ਸਿੰਘ ਰੰਧਾਵਾ, ਡਾ. ਨਬੀਲਾ ਰਹਿਮਾਨ, ਗਿ. ਸੰਤੋਖ ਸਿੰਘ ਆਸਟਰੇਲੀਆ, ਡਾ. ਹਰਜਿੰਦਰ ਸਿੰਘ ਆਸਟਰੇਲੀਆ, ਐਡ. ਪਰਮਜੀਤ ਸਿੰਘ ਗਿੱਲ ਕੈਨੇਡਾ, ਡਾ. ਜਸਬੀਰ ਸਿੰਘ ਮਾਨ ਯੂ.ਐਸ.ਏ., ਪ੍ਰਿੰ. ਸੰਤੋਖ ਸਿੰਘ ਮਲੇਸ਼ੀਆ, ਕੰਵਰਪਾਲ ਸਿੰਘ ਸੂਰੀ ਯੂ.ਐਸ.ਏ. ਵਿਦਵਾਨ ਖੋਜ ਭਰਪੂਰ ਪਰਚੇ ਪੜ੍ਹਨਗੇ।



# ਹਲਕਾ ਇੰਚਾਰਜ ਸੇਖਵਾਂ ਵੱਲੋਂ ਪਿੰਡ ਬਸਰਾਵਾਂ ਤੇ ਠੱਕਰ ਸੰਧੂ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ

## ☛ਹਲਕੇ ਦੇ ਵਿਕਾਸ ਕੰਮਾਂ 'ਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ

ਕਾਹਨੂੰਵਾਨ, 3 ਫਰਵਰੀ (ਕੁਲਜੀਤ ਸਿੰਘ ਖੋਖਰ): ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਅੱਜ ਪਿੰਡ ਬਸਰਾਵਾਂ ਵਿਖੇ ਬਸਰਾਵਾਂ ਤੋਂ ਤੁਗਲਵਾਲ ਸੜਕ ਦੀ ਸਪੈਸ਼ਲ ਰਿਪੇਅਰ ਦਾ ਨੀਂਹ ਪੱਥਰ ਰੱਖਿਆ ਤੇ ਪਿੰਡ ਠੱਕਰ ਸੰਧੂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਆਵਾਜਾਈ ਸਹੂਲਤਾਂ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ, ਲਿੰਕ ਸੜਕ ਫਿਰਨੀ ਦੀ ਵਿਸ਼ੇਸ਼ ਮੁਰੰਮਤ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ, ਜਿਸ ਨਾਲ ਪਿੰਡ ਵਾਸੀਆਂ ਨੂੰ ਸੁਰੱਖਿਅਤ ਆਵਾਜਾਈ ਦੀ ਸਹੂਲਤ ਪ੍ਰਦਾਨ ਹੋਵੇਗੀ।ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਵਿਕਾਸ ਕੰਮ ਜਾਰੀ ਹਨ,



ਜਿਸ ਲਈ ਕਾਦੀਆਂ ਹਲਕੇ ਅੰਦਰ ਕਰੋੜਾਂ ਰੁਪਏ ਦੀ ਲਾਗਤ ਨਾਲ ਵੱਖ-ਵੱਖ ਪਿੰਡਾਂ ਵਿੱਚ ਸੜਕ ਬਣਾਉਣ ਦੇ ਕੰਮ ਕਰਵਾਏ ਗਏ ਹਨ ਤੇ ਵੱਖ-ਵੱਖ ਵਿਕਾਸ ਕਾਰਜ ਚੱਲ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦਾ ਨਵੀਨੀਕਰਨ, ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖੇਡ ਸਟੇਡੀਅਮ ਬਣਾਉਣ, ਡੇਰਿਆਂ ਦੇ ਰਸਤੇ ਪੱਕੇ ਕਰਨ ਸਮੇਤ ਵੱਖ-ਵੱਖ ਵਿਕਾਸ ਕਾਰਜ ਪਾਰਦਰਸ਼ੀ ਢੰਗ ਨਾਲ ਕਰਵਾਏ ਜਾ ਰਹੇ ਹਨ। ਜਗਰੂਪ ਸਿੰਘ ਸੇਖਵਾਂ ਨੇ ਅੱਗੇ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਸਮੁੱਚੇ ਹਲਕੇ ਵਿੱਚ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਉਹ ਖੁਦ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ ਤੇ ਸਰਕਾਰ ਦੀਆਂ ਲੋਕ ਪੱਖੀ ਸਕੀਮਾਂ ਦਾ ਲੋਕਾਂ ਤੱਕ ਲਾਭ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।

# ਵਿਧਾਇਕ ਸ਼ੈਰੀ ਕਲਸੀ ਵੱਲੋਂ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਕਾਜੀ ਮੋਰੀ ਮੁਹੱਲਾ ਦੀਆਂ ਗਲੀਆਂ ਦਾ ਉਦਘਾਟਨ

## ☛ਵਿਧਾਇਕ ਦੀ ਅਗਵਾਈ ਹੇਠ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਦਾ ਕੀਤਾ ਜਾ ਰਿਹੈ ਨਿਪਟਾਰਾ

ਬਟਾਲਾ, 3 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸਿੰਘ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਜਿਥੇ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ, ਉਥੇ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਅੰਮ੍ਰਿਤ ਕਲਸੀ ਭਰਾ ਵਿਧਾਇਕ ਸ਼ੈਰੀ ਕਲਸੀ ਨੇ ਕਾਜੀ ਮੋਰੀ ਮੁਹੱਲਾ ਦੀਆਂ ਗਲੀਆਂ ਦਾ ਉਦਘਾਟਨ ਕਰਨ ਉਪਰੰਤ ਗੱਲਬਾਤ ਕਰਦਿਆਂ ਕੀਤਾ। ਅੰਮ੍ਰਿਤ ਕਲਸੀ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਨਿਰੰਤਰ ਹਲਕਾ ਬਟਾਲਾ ਖਾਸਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜ ਕਰਵਾਏ ਰਹੇ ਹਨ ਤੇ ਚੌਵੀ ਘੰਟੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨ ਵਿੱਚ ਲੱਗੇ ਹੋਏ ਹਨ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਗਲੀਆਂ ਬਣਾਉਣ ਦਾ ਕੰਮ ਕਰਵਾ ਰਹੇ ਹਨ ਤੇ ਖੁਦ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟ੍ਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਪੀਣ ਲਈ ਸਾਫ-ਸੁਥਰਾ ਪਾਣੀ ਮਿਲੇਗਾ ਤੋਂ ਇਲਾਵਾ ਵੱਖ ਵੱਖ ਲੋਕਹਿੱਤ ਵਿੱਚ ਵਿਕਾਸ ਕੰਮ ਕਰਵਾਏ ਗਏ ਹਨ।



# ਕੇਂਦਰ ਵੱਲੋਂ ਪੇਸ਼ ਕੀਤਾ ਬਜਟ ਆਮ ਲੋਕਾਂ ਦੇ ਹਿੱਤ ਵਿੱਚ ਤੇ ਦੇਸ਼ ਨੂੰ ਤਰੱਕੀ ਦੇਵੇਗਾ: ਰਾਜ ਕੁਮਾਰ ਰਾਣਾ

ਗੜ੍ਹਸ਼ੰਕਰ, 3 ਫਰਵਰੀ (ਅਜਮੇਰ ਸਿੰਘ ਭਨੋਟ): ਭਾਰਤੀ ਜਨਤਾ ਪਾਰਟੀ ਦੀ ਕੇਂਦਰ ਵਿੱਚ ਤੀਜੀ ਵਾਰ ਬਣੀ ਸਰਕਾਰ ਨੇ 2026 ਦਾ ਕੇਂਦਰੀ ਬਜਟ ਜੋ ਪੇਸ਼ ਕੀਤਾ ਗਿਆ ਹੈ ਉਹ ਬਹੁਤ ਹੀ ਸ਼ਲਾਘਾਯੋਗ ਹੈ। ਇਹ ਸ਼ਬਦ ਭਾਰਤੀ ਜਨਤਾ ਪਾਰਟੀ ਦੇ ਆਗੂ ਰਾਜ ਕੁਮਾਰ ਰਾਣਾ ਨੇ ਕਹੇ।ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਹਮੇਸ਼ਾ ਹੀ ਆਮ ਲੋਕਾਂ ਦੇ ਹਿੱਤ ਦੇ ਵਿੱਚ ਬਜਟ ਪੇਸ਼ ਕੀਤਾ ਹੈ।ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਮੇਸ਼ਾ ਹੀ ਸਭ ਦਾ ਸਾਥ ਤੇ ਸਭ ਦਾ ਵਿਕਾਸ ਦੀ ਗੱਲ ਕੀਤੀ ਹੈ। ਅੱਜ ਪੂਰੇ ਦੇਸ਼ ਭਰ ਵਿੱਚ ਇਸ ਬਜਟ ਤੋਂ ਲੋਕ ਕਾਫੀ ਖੁਸ਼ ਹਨ। ਇਸ ਮੌਕੇ 'ਤੇ ਰਾਜ ਕੁਮਾਰ ਰਾਣਾ ਨੇ ਕਿਹਾ ਕਿ ਕੇਂਦਰੀ ਬਜਟ ਦੇਸ਼ ਦੀ ਅਰਥ ਵਿਵਸਥਾ ਨੂੰ ਮਜ਼ਬੂਤ ਕਰਨ ਦੇ ਨਾਲ ਨਾਲ ਨੌਜਵਾਨਾਂ ਦੇ ਲਈ ਵੱਖ-ਵੱਖ ਰੋਜ਼ਗਾਰ ਦੇ ਮੌਕੇ ਪੈਦਾ ਕਰੇਗਾ ਤੇ ਗਰੀਬੀ ਰੇਖਾ ਨੂੰ ਘਟਾਉਣ ਵਿੱਚ ਸਹਾਇਕ ਸਾਬਤ ਹੋਵੇਗਾ। ਇਸ ਬਜਟ ਦੇ ਨਾਲ ਭਾਰਤ ਦੇਸ਼ ਦਾ ਹੋਰ ਵੀ ਵੱਧ ਵਿਕਾਸ ਹੋਵੇਗਾ, ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਮੇਸ਼ਾ ਹੀ ਪੰਜਾਬ ਦੇ ਹਿੱਤ ਦੀ ਗੱਲ ਕੀਤੀ ਹੈ ਤੇ ਪੰਜਾਬ ਦੇ ਮੁਸ਼ਕਿਲ ਸਮੇਂ ਹੜ੍ਹ ਪੀੜਤਾਂ ਲਈ ਸੰਭਵ ਮਦਦ ਭੇਜੀ ਹੈ। ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਆਦਮਪਰ ਏਅਰਪੋਰਟ ਦਾ ਨਾਮ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਨਾਮ 'ਤੇ ਰੱਖਣ ਦੇ ਲਈ ਵੀ ਅਸੀਂ ਸਾਰੇ ਪੰਜਾਬ ਵਾਸੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ।



# ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਗਾ ਤੋਂ ਸ਼ਰਧਾਲੂਆਂ ਦੇ ਜਥੇ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ

ਮੋਗਾ, 3 ਫਰਵਰੀ (ਗੁਰਦੇਵ ਖੁਰਾਣਾ/ਨਿਸ਼ੀ ਮਨਚੰਦਾ): ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਮੋਗਾ ਵਿਧਾਨ ਸਭਾ ਹਲਕੇ ਦੇ ਪਿੰਡ ਚੋਟੀਆਂ ਖੁਰਦ ਤੋਂ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀ ਇੱਕ ਬੱਸ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਦਰਬਾਰ ਸਾਹਿਬ) ਦੇ ਪਵਿੱਤਰ ਦਰਸ਼ਨਾਂ ਲਈ ਮੋਗਾ ਤੋਂ ਸ਼ਰਧਾਲੂਆਂ ਦੇ ਇੱਕ ਜਥੇ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਸ ਮੌਕੇ 'ਤੇ ਸਰਪੰਚ ਹਰਦੀਪ ਸਿੰਘ, ਨੰਬਰਦਾਰ ਧਰਮਿੰਦਰ ਸਿੰਘ ਸੰਘਾ, ਬਲਾਕ ਪ੍ਰਧਾਨ ਰਾਮ ਜ਼ੈਲਦਾਰ ਤੇ ਸਮੂਹ ਪਾਰਟੀ ਆਗੂ ਮੌਜੂਦ ਸਨ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਇਹ ਤੀਰਥ ਯਾਤਰਾ ਪੰਜਾਬ ਸਰਕਾਰ ਵੱਲੋਂ ਪਵਿੱਤਰ ਸਥਾਨਾਂ 'ਤੇ ਬਜ਼ੁਰਗਾਂ ਨੂੰ ਮੁਫ਼ਤ ਦਰਸ਼ਨ



ਦੇਣ ਲਈ ਇੱਕ ਵਿਸ਼ੇਸ਼ ਪਹਿਲਕਦਮੀ ਹੈ।ਸਮਾਰੋਹ ਦੌਰਾਨ ਵਿਧਾਇਕ ਨੇ ਸ਼ਰਧਾਲੂਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਸ ਤੀਰਥ ਯਾਤਰਾ ਦਾ ਉਦੇਸ਼ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬਜ਼ੁਰਗਾਂ ਨੂੰ ਮੁਫ਼ਤ ਦਰਸ਼ਨ ਪ੍ਰਦਾਨ ਕਰਨਾ ਹੈ।ਉਨ੍ਹਾਂ ਅੱਗੇ ਕਿਹਾ ਕਿ ਇਹ ਤੀਰਥ ਯਾਤਰਾ ਪੰਜਾਬ ਸਰਕਾਰ ਦੀ ਇੱਕ ਮਹੱਤਵਪੂਰਨ ਧਾਰਮਿਕ ਪਹਿਲ ਹੈ।ਉਨ੍ਹਾਂ ਕਿਹਾ ਕਿ ਇਹ ਯੋਜਨਾ ਸੂਬੇ ਦੇ ਬਜ਼ੁਰਗ ਨਾਗਰਿਕਾਂ ਲਈ ਇੱਕ ਤੋਹਫ਼ਾ ਹੈ, ਜਿਸ ਤਹਿਤ ਉਨ੍ਹਾਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੀ ਯਾਤਰਾ 'ਤੇ ਲਿਜਾਇਆ ਜਾ ਰਿਹਾ ਹੈ।ਉਨ੍ਹਾਂ ਵਾਹਿਗੁਰੂ ਜੀ ਅੱਗੇ ਅਰਦਾਸ ਕੀਤੀ ਕਿ ਸਾਰਿਆਂ ਦੀ ਯਾਤਰਾ ਸੁਰੱਖਿਅਤ ਰਹੇ ਤੇ ਉਹ ਸਾਰਿਆਂ 'ਤੇ ਆਪਣਾ ਆਸ਼ੀਰਵਾਦ ਵਰਸਾਉਂਦੇ ਰਹਿਣ।

# ਗਣਤੰਤਰ ਦਿਵਸ 'ਤੇ ਨੰਬਰਦਾਰ ਪਰਮਜੀਤ ਕਰੀਮਪੁਰ ਦਾ ਸਨਮਾਨ ਕਰਨ 'ਤੇ ਕੀਤਾ ਧੰਨਵਾਦ

ਨਵਾਂ ਸ਼ਹਿਰ, 3 ਫਰਵਰੀ (ਸੁਖਦੇਵ ਸਿੰਘ ਉੜਾਪੜ): ਜ਼ਿਲ੍ਹਾ ਨੰਬਰਦਾਰ ਯੂਨੀਅਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮੀਟਿੰਗ ਪ੍ਰਧਾਨ ਹਰਵੰਤ ਸਿੰਘ ਤਾਜਪੁਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਮੌਕੇ ਪ੍ਰਧਾਨ ਹਰਵੰਤ ਸਿੰਘ ਤਾਜਪੁਰ ਨੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਇਸ ਵਾਰ 26 ਜਨਵਰੀ ਗਣਤੰਤਰ ਦਿਵਸ ਮੌਕੇ ਨੰਬਰਦਾਰ ਪਰਮਜੀਤ ਸਿੰਘ ਕਰੀਮਪੁਰ ਦਾ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਜਿਸ 'ਤੇ ਸਮੂਹ ਨੰਬਰਦਾਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ।ਉਨ੍ਹਾਂ ਡਿਪਟੀ ਕਮਿਸ਼ਨਰ ਗੁਰਪ੍ਰੀਤ ਸਿੰਘ ਔਲਖ, ਜ਼ਿਲ੍ਹਾ ਪੁਲਿਸ ਮੁਖੀ ਤੁਸ਼ਾਰ ਗੁਪਤਾ, ਹਲਕਾ ਵਿਧਾਇਕ ਬੰਗਾ ਡਾ. ਸੁਖਵਿੰਦਰ ਸੁਖੀ, ਸਤਨਾਮ ਸਿੰਘ ਜਲਵਾਹਾ ਤੇ ਹੋਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਵੰਤ ਸਿੰਘ ਤਾਜਪੁਰ, ਸੀਨੀਅਰ ਮੀਤ ਪ੍ਰਧਾਨ ਬਲਰਾਜ ਸਿੰਘ ਕਰੀਹਾ, ਮੀਤ ਪ੍ਰਧਾਨ ਸੰਤੋਖ ਸਿੰਘ ਭੰਗਲ, ਸੀਨੀਅਰ ਜਨਰਲ ਸਕੱਤਰ ਵਿਮਲ ਕੁਮਾਰ ਰਾਹੋਂ, ਜਨਰਲ ਸਕੱਤਰ ਸੁਖਜੀਵਨ ਸਿੰਘ ਕਰਨਾਣਾ, ਪ੍ਰੈਸ ਸਕੱਤਰ ਸੁਰਜੀਤ ਰਾਮ ਸਲੋਹ, ਖਜ਼ਾਨਚੀ ਰਾਵਲ ਸਿੰਘ ਮੁਬਾਰਕਪੁਰ, ਖਜ਼ਾਨਚੀ ਹਰਜਸਦੇਵ ਸਿੰਘ ਸ਼ਾਹਪੁਰ ਪੱਟੀ, ਰਣਜੀਤ ਸਿੰਘ ਤਹਿਸੀਲ ਪ੍ਰਧਾਨ, ਗੁਰਮੇਲ ਸਿੰਘ ਭਾਨਮਜਾਰਾ, ਨੰਬਰਦਾਰ ਰੇਵਲ ਸਿੰਘ ਚੂੜਪੁਰ, ਨੰਬਰਦਾਰ ਜਰਨੈਲ ਸਿੰਘ ਸੋਨਾ, ਸੁਰਜੀਤ ਸਿੰਘ ਭੰਗਲ ਹਾਜ਼ਰ ਸਨ।



# ਦਿਨ-ਰਾਤ 'ਆਪ' ਨਾਲ ਖੜ੍ਹੇ ਹਾਂ: ਨਵੀਸ਼ ਨੰਦਾ, ਮਾਧਵ ਬੇਦੀ

ਫਤਹਿਗੜ੍ਹ ਚੂੜੀਆਂ, 3 ਫਰਵਰੀ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਵਸਨੀਕ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਨਵੀਸ਼ ਨੰਦਾ ਮਾਧਵ ਬੇਦੀ ਨੇ ਗੱਲਬਾਤ ਦੌਰਾਨ ਦੱਸਿਆ ਕਿ ਅਸੀਂ ਆਮ ਆਦਮੀ ਪਾਰਟੀ ਦੇ ਲਈ ਦਿਨ ਰਾਤ ਸੇਵਾ ਲਈ ਖੜ੍ਹੇ ਹਾਂ ਤੇ ਪਾਰਟੀ ਦੇ ਲਈ ਹੋਰ ਵੱਧ ਚੜ੍ਹ ਕੇ ਮਿਹਨਤ ਕਰਾਂਗੇ। ਨਵੀਸ਼ ਨੰਦਾ ਮਾਧਵ ਬੇਦੀ ਵੱਲੋਂ ਫ਼ਤਹਿਗੜ੍ਹ ਚੂੜੀਆਂ ਸ਼ਹਿਰ ਦੀ ਨਗਰ ਕੌਂਸਲ ਚੋਣਾਂ ਮੁੱਦੇ 'ਤੇ ਲੰਬੀ ਗੱਲਬਾਤ ਕੀਤੀ।ਉਨ੍ਹਾਂ ਨੇ ਇਹ ਵੀ ਕਿਹਾ ਕਿ ਜਲਦੀ ਹੀ ਫ਼ਤਹਿਗੜ੍ਹ ਚੂੜੀਆਂ ਸ਼ਹਿਰ ਵਿੱਚ ਦੱਸ ਲੱਖ ਬੀਮਾ ਯੋਜਨਾ ਕਾਰਡ ਬਣਾਏ ਜਾਣੇ ਹਨ ਤੇ ਕੋਈ ਵੀ ਲੋੜਵੰਦ ਪਰਿਵਾਰ ਇਸ ਸਕੀਮ ਤੋਂ ਵਾਂਝਾ ਨਾ ਰਹਿ ਜਾਵੇ।ਨਵੀਸ਼ ਨੰਦਾ ਮਾਧਵ ਬੇਦੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅਸੀਂ ਬਲਬੀਰ ਸਿੰਘ ਪੰਨੂੰ ਨਾਲ ਹਮੇਸ਼ਾ ਹੀ ਚੱਟਾਨ ਵਾਂਗ ਖੜ੍ਹੇ ਹਾਂ।ਬਲਬੀਰ ਸਿੰਘ ਪੰਨੂੰ ਤੇ ਪਾਰਟੀ, ਸਾਡੀ ਜੋ ਵੀ ਡਿਊਟੀ ਲਗਾਏਗੀ ਅਸੀਂ ਦਿਨ ਰਾਤ ਆਮ ਆਦਮੀ ਪਾਰਟੀ ਤੇ ਪੰਨੂੰ ਨਾਲ ਖੜ੍ਹੇ ਹਾਂ।



# ਚੱਢਾ ਸ਼ੂਗਰ ਮਿੱਲ ਨੇ ਪਿੰਡਾਂ ਦੇ ਪ੍ਰਾਇਮਰੀ ਸਕੂਲ ਦੇ ਬੱਚਿਆਂ ਨੂੰ ਸਕੂਲ ਬੈਗ ਵੰਡੇ

ਹਰਚੋਵਾਲ, 3 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਸਿਕੰਦਰ ਸਿੰਘ ਦਕੋਹਾ): ਚੱਢਾ ਸ਼ੂਗਰ ਮਿੱਲ ਦੇ ਐਗਜ਼ੀਕਿਊਟਿਵ ਡਾਇਰੈਕਟਰ ਬਿਕਰਮਜੀਤ ਸਿੰਘ ਚੱਢਾ ਦੀ ਯੋਗ ਅਗਵਾਈ ਹੇਠ ਮਿੱਲ ਮੈਨੇਜਮੈਂਟ ਵੱਲੋਂ ਚੱਢਾ ਸ਼ੂਗਰ ਮਿੱਲ ਦੀਆਂ ਸਹਾਇਕ ਇਕਾਈਆਂ ਜਿਵੇਂ ਕਿ ਏ.ਬੀ. ਬਰੀਵਰੀ, ਏ.ਬੀ. ਗਰੇਨ ਸਪਿਰਟਸ ਪ੍ਰਾ. ਲਿਮ, ਨੇੜਲੇ ਪਿੰਡਾਂ ਦੇ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਨੂੰ ਸਕੂਲਾਂ ਵਿੱਚ ਮੌਕੇ 'ਤੇ ਪਹੁੰਚ ਕੇ ਸਕੂਲ ਬੈਗ ਵੰਡੇ, ਜਿਵੇਂ ਕਿ ਪ੍ਰਾਇਮਰੀ ਸਕੂਲ ਭੇਟ ਪੱਤਨ, ਕੀੜੀ ਅਫ਼ਗਾਨਾ, ਬਹਾਦਰਪੁਰ ਰਜੋਆ, ਨਵੀਂ ਕੀੜੀ ਇਸ ਕੰਮ ਨੂੰ ਨੇਪਰੇ ਚੜ੍ਹਾਉਣ ਲਈ ਸੀਨੀਅਰ ਵੀ.ਪੀ ਸਮੀਰ ਮਜੂਮਦਾਰ, ਵੀ.ਪੀ ਮੁਨੀਸ਼ ਤਿਆਗੀ, ਜਨਰਲ ਮੈਨੇਜਰ ਪਰਮਜੀਤ ਸਿੰਘ ਰੰਧਾਵਾ, ਯੂਨਿਟ ਹੈਡ ਕ੍ਰਿਸ਼ਨ ਕੁਮਾਰ, ਚੀਫ਼ ਜਨਰਲ ਮੈਨੇਜਰ ਸੁਰੇਸ਼ ਚੌਧਰੀ, ਪ੍ਰੋਡਕਸ਼ਨ ਮੈਨੇਜਰ ਅਸੀਸ ਚੌਹਾਨ, ਵਿਸ਼ਾਲ ਸ਼ਰਮਾ ਐਡਮਿਨ ਮੈਨੇਜਰ, ਹੈਡ ਹਾਰਟੀਕਲਚਰ ਜੇਐਸ ਰਾੜਾ, ਐਚ.ਆਰ ਹਰਪ੍ਰੀਤ ਸਿੰਘ, ਅਵਤਾਰ ਸਿੰਘ ਆਦਿ ਸ਼ਾਮਲ ਹੋਏ। ਸਾਰੇ ਪ੍ਰਾਇਮਰੀ ਸਕੂਲਾਂ ਦੇ ਟੀਚਰਾਂ ਨੇ ਬਹੁਤ ਸਹਿਯੋਗ ਕੀਤਾ ਤੇ ਮਿੱਲ ਦੇ ਅਫ਼ਸਰ ਦਾ ਸਤਿਕਾਰ ਕਰਦੇ ਹੋਏ ਗੁਲਦਸਤੇ ਤੇ ਸਿਰੋਪਾਓ ਪਾ ਕੇ ਧੰਨਵਾਦ ਵੀ ਕੀਤਾ ਗਿਆ।ਇੱਥੇ ਇਹ ਦੀ ਵਰਣਨਯੋਗ ਸੀ ਕਿ ਬੱਚਿਆਂ ਦੇ ਰੱਬ ਰੂਪੀ ਚਿਹਰਿਆਂ ਦੀ ਮੁਸਕਾਨ ਦੇਖਣਯੋਗ ਸੀ ਤੇ ਕਦੇ ਵੀ ਨਾ ਭੁੱਲਣਯੋਗ ਸੀ।



# ਬਾਬਾ ਤਰਾਵੜੀ ਸ਼ਾਹ ਬੋਹੜਾ ਵਾਲਿਆਂ ਦੀ ਦਰਗਾਹ 'ਤੇ ਸਾਲਾਨਾ ਭੰਡਾਰਾ ਕਰਵਾਇਆ

ਕੋਟ ਈਸੇ ਖਾਂ, 3 ਫਰਵਰੀ (ਗੁਰਦੇਵ ਖੁਰਾਣਾ/ਹਰਜੀਤ ਛਾਬੜਾ): ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ-ਧੰਨ ਬਾਬਾ ਤਰਾਵੜੀ ਸ਼ਾਹ ਜੀ ਬੋਹੜਾ ਵਾਲੇ ਦੀ ਦਰਗਾਹ 'ਤੇ ਭੰਡਾਰਾ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਇਸ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸੇਵਾ ਸਿੰਘ ਤੇ ਸੇਵਾਦਾਰਾਂ ਵੱਲੋਂ ਚਾਦਰ ਦੀ ਰਸਮ ਨਿਭਾਈ ਗਈ। ਉਸ ਤੋਂ ਉਪਰੰਤ ਲੰਗਰ ਵਿੱਚ ਬਣੇ ਲੱਡੂ, ਜਲੇਬੀਆਂ ਤੇ ਦਾਲ ਫੁਲਕਾ ਸੰਗਤਾਂ ਵਿੱਚ ਵਰਤਾਇਆ ਗਿਆ।ਇਸ ਮੌਕੇ ਸੇਵਾਦਾਰ ਲੱਕੀ ਸੈਨੇਟਰੀ ਸਟੋਰ, ਬੱਬੂ ਪਲਾਈਵੁੱਡ ਸਟੋਰ, ਵਿਨੋਦ ਮਲਹੋਤਰਾ, ਨਾਗਪਾਲ ਜੂਸ ਬਾਰ, ਲੱਕੀ ਟੱਕਰ, ਨਾਗੀ ਸਟੀਲ, ਅਮਨ ਪਟਿਆਲੇ ਵਾਲੇ, ਰੌਸ਼ਨ ਲਾਲ, ਤਿਲਕ ਰਾਜ ਸ਼ਰਮਾ ਨੇ ਦੱਸਿਆ ਕਿ ਇਹ ਭੰਡਾਰਾ ਹਰ ਸਾਲ ਬਾਬਾ ਜੀ ਦੀ ਦਰਗਾਹ 'ਤੇ ਸ਼ਹਿਰ ਨਿਵਾਸੀਆਂ ਤੇ ਮੁਹੱਲਾ ਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾਂਦਾ ਹੈ।ਇਸ ਮੌਕੇ ਸੰਗਤਾਂ ਨੇ ਵੱਡੀ ਪੱਧਰ ਵਿੱਚ ਬਾਬਾ ਜੀ ਦੀ ਦਰਗਾਹ 'ਤੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।



# ਆਸਟ੍ਰੇਲੀਆ ਰਹਿੰਦੇ ਦੋ ਪੰਜਾਬੀ ਦੋਸਤਾਂ ਦੀ ਪਾਣੀ 'ਚ ਡੁੱਬਣ ਨਾਲ ਮੌਤ

ਰਾਜਪੁਰਾ, 3 ਫਰਵਰੀ (ਚ.ਨ.ਸ): ਆਸਟ੍ਰੇਲੀਆ 'ਚ ਰਹਿੰਦੇ ਪੰਜਾਬ ਦੇ ਰਾਜਪੁਰਾ ਦੇ ਨੌਜਵਾਨ ਤੇ ਹਰਿਆਣਾ ਮੂਲ ਦੇ ਉਸ ਦੇ ਦੋਸਤ ਦੀ ਪਾਣੀ 'ਚ ਡੁੱਬਣ ਨਾਲ ਮੌਤ ਹੋ ਗਈ। ਰਾਜਪੁਰਾ ਦੇ ਫੋਕਲ ਪੁਆਇੰਟ ਵਸਨੀਕ ਅਮਰੀਸ਼ ਖਿਲਨ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਸਚਿਨ ਆਸਟ੍ਰੇਲੀਆ ਦੇ ਸ਼ਹਿਰ ਸਿਡਨੀ 'ਚ ਰਹਿੰਦਾ ਸੀ।



ਬੀਤੀ 25 ਜਨਵਰੀ 2026 ਨੂੰ ਉਹ ਆਪਣੀ ਮੰਗੇਤਰ ਤੇ ਬਚਪਨ ਦੇ ਦੋਸਤ ਹਰਿਆਣਾ ਮੂਲ ਦੇ ਸਾਹਿਲ ਬਤਰਾ ਤੇ ਉਸ ਦੀ ਪਤਨੀ ਨਾਲ ਬੈਲਿੰਜਨ ਦੇ ਉੱਤਰੀ ਇਲਾਕੇ ਗਲੇਨਿਫਰ ਸਥਿਤ ਜੌਨ ਲੌਕ ਪਲੇਸ ਵਿਖੇ ਘੁੰਮਣ ਗਏ ਸਨ। ਇੱਥੇ ਉਹ ਸਚਿਨ ਤੇ ਸਾਹਿਲ ਨਹਾਉਣ ਲਈ ਪਾਣੀ 'ਚ ਉਤਰੇ ਤਾਂ ਫਸ ਗਏ। ਸਚਿਨ ਦੀ ਮੰਗੇਤਰ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਦੋਵਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਪਰ ਉਹ ਡੂੰਘੇ ਪਾਣੀ 'ਚ ਡੁੱਬ ਗਏ। ਰੈਸਕਿਊ ਟੀਮ ਨੇ ਕਰੀਬ ਅੱਠ ਘੰਟੇ ਦੀ ਮੁਸ਼ੱਕਤ ਮਗਰੋਂ ਦੋਵਾਂ ਦੀਆਂ ਲਾਸ਼ਾਂ ਕੱਢੀਆਂ। ਸਚਿਨ ਨੇ ਇਸੇ ਫਰਵਰੀ ਮਹੀਨੇ ਵਿਆਹ ਲਈ ਪੰਜਾਬ ਆਉਣਾ ਸੀ। ਓਧਰ ਸਾਹਿਲ ਦੀ ਪਤਨੀ ਸੱਤ ਮਹੀਨਿਆਂ ਦੀ ਗਰਭਵਤੀ ਹੈ।

# ਅਮਰੀਕੀ ਰਾਸ਼ਟਰਪਤੀ ਟਰੰਪ ਦੇ ਤੇਵਰ ਹੋਏ ਨਰਮ

## ☛ਭਾਰਤ-ਅਮਰੀਕਾ ਵਪਾਰ ਸਮਝੌਤੇ ਤੋਂ ਬਾਅਦ ਟੈਰਿਫ ਘਟਾਇਆ

ਨਵੀਂ ਦਿੱਲੀ, 3 ਫਰਵਰੀ (ਚ.ਨ.ਸ): ਪਿਛਲੇ ਲੰਬੇ ਸਮੇਂ ਤੋਂ ਭਾਰਤ 'ਤੇ ਸਖ਼ਤ ਟੈਰਿਫ ਲਗਾਉਣ ਤੇ ਰੂਸੀ ਤੇਲ ਦੀ ਖਰੀਦ ਨੂੰ ਲੈ ਕੇ ਹਮਲਾਵਰ ਰੁਖ ਅਪਣਾਉਣ ਵਾਲੇ ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਦੇ ਤੇਵਰ ਹੁਣ ਨਰਮ ਪੈਂਦੇ ਦਿਖਾਈ ਦੇ ਰਹੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਹੋਈ ਅਹਿਮ ਗੱਲਬਾਤ ਤੋਂ ਬਾਅਦ ਟਰੰਪ ਨੇ ਭਾਰਤ 'ਤੇ ਲਗਾਏ ਗਏ ਟੈਰਿਫ ਨੂੰ 25% ਤੋਂ ਘਟਾ ਕੇ 18% ਕਰਨ ਦਾ ਵੱਡਾ ਐਲਾਨ ਕੀਤਾ ਹੈ (ਜੋ ਪਹਿਲਾਂ ਕੁਝ ਵਸਤਾਂ 'ਤੇ 50% ਤੱਕ ਸੀ)।ਰਾਸ਼ਟਰਪਤੀ ਟਰੰਪ ਨੇ ਸੋਸ਼ਲ ਮੀਡੀਆ ਰਾਹੀਂ ਇਸ ਵਪਾਰਕ ਸਮਝੌਤੇ ਦੀ ਪੁਸ਼ਟੀ ਕਰਦਿਆਂ ਕੁਝ ਅਹਿਮ ਸ਼ਰਤਾਂ ਦਾ ਜ਼ਿਕਰ ਕੀਤਾ ਹੈ। ਉਨ੍ਹਾਂ ਅਨੁਸਾਰ ਭਾਰਤ ਸਾਹਮਣੇ ਲਿਖੇ ਨੁਕਤਿਆਂ 'ਤੇ ਸਹਿਮਤ ਹੋਇਆ ਹੈ। ਰੂਸ ਤੋਂ ਤੇਲ ਖਰੀਦਣਾ ਬੰਦ ਕਰਨਾ ਅਤੇ ਵੇਨੇਜ਼ੁਏਲਾ ਤੋਂ ਤੇਲ ਦੀ ਖਰੀਦ ਵਧਾਉਣਾ। 500 ਬਿਲੀਅਨ ਡਾਲਰ ਤੋਂ ਵੱਧ ਦੀ ਅਮਰੀਕੀ ਊਰਜਾ, ਤਕਨਾਲੋਜੀ, ਖੇਤੀਬਾੜੀ ਅਤੇ ਕੋਲੇ ਦੀ ਖਰੀਦ ਕਰਨਾ।

**ਵੱਡੇ ਪੱਧਰ 'ਤੇ BUY AMERICAN' ਮੁਹਿੰਮ ਲਈ ਵਚਨਬੱਧਤਾ**



ਟਰੰਪ ਨੇ ਪੀਐਮ ਮੋਦੀ ਦੀ ਤਾਰੀਫ਼ ਕਰਦਿਆਂ ਕਿਹਾ ਕਿ ਉਹ ਅਤੇ ਮੋਦੀ ਅਜਿਹੇ ਵਿਅਕਤੀ ਹਨ ਜੋ ਕੰਮ ਨੂੰ ਅੰਜਾਮ ਤੱਕ ਪਹੁੰਚਾਉਣਾ ਜਾਣਦੇ ਹਨ। ਉਨ੍ਹਾਂ ਪੀਐਮ ਮੋਦੀ ਨੂੰ ਆਪਣਾ 'ਦੋਸਤ' ਦੱਸਦਿਆਂ ਭਵਿੱਖ ਵਿੱਚ ਦੋਵਾਂ ਦੇਸ਼ਾਂ ਦੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਨ ਦੀ ਗੱਲ ਕਹੀ।

**ਰਣਨੀਤਕ ਗੇਮਚੇਂਜਰ ਸਾਬਤ ਹੋਵੇਗਾ ਇਹ ਕਦਮ**

ਅਮਰੀਕਾ ਪਿਛਲੇ ਦੋ ਮਹੀਨਿਆਂ ਤੋਂ ਇਸ ਵਪਾਰਕ ਡੀਲ ਨੂੰ ਲਟਕਾ ਰਿਹਾ ਸੀ ਅਤੇ ਕਈ ਵਾਰ ਪਾਕਿਸਤਾਨੀ ਪੀਐਮ ਸ਼ਹਿਬਾਜ਼ ਸ਼ਰੀਫ਼ ਨਾਲ ਨੇੜਤਾ ਦਿਖਾ ਕੇ ਭਾਰਤ 'ਤੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਸੀ। ਹਾਲਾਂਕਿ, ਭਾਰਤ ਦੀ ਮਜ਼ਬੂਤ ਵਿਦੇਸ਼ ਨੀਤੀ ਅਤੇ ਯੂਰਪ ਨਾਲ ਵਧਦੀ ਨੇੜਤਾ ਨੇ ਵਾਸ਼ਿੰਗਟਨ ਨੂੰ ਮੁੜ ਵਿਚਾਰ ਕਰਨ ਲਈ ਮਜਬੂਰ ਕਰ ਦਿੱਤਾ। ਅਮਰੀਕਾ ਜਾਣਦਾ ਹੈ ਕਿ ਜੇਕਰ ਉਹ ਭਾਰਤ ਨਾਲ ਰਿਸ਼ਤੇ ਨਹੀਂ ਸੁਧਾਰਦਾ, ਤਾਂ ਏਸ਼ੀਆ ਵਿੱਚ ਚੀਨ ਦੇ ਮੁਕਾਬਲੇ ਉਸ ਦੀ ਪਕੜ ਕਮਜ਼ੋਰ ਪੈ ਸਕਦੀ ਹੈ। ਪ੍ਰਧਾਨ ਮੰਤਰੀ ਮੋਦੀ ਨੇ ਵੀ ਇਸ ਗੱਲਬਾਤ ਤੋਂ ਬਾਅਦ ਟਵੀਟ ਕਰਕੇ ਦੋਵਾਂ ਦੇਸ਼ਾਂ ਦੇ ਰਿਸ਼ਤਿਆਂ ਵਿੱਚ ਆਈ ਇਸ ਨਵੀਂ ਗਰਮਜੋਸ਼ੀ ਦਾ ਸਵਾਗਤ ਕੀਤਾ ਹੈ। ਇਹ ਡੀਲ ਭਾਰਤ ਲਈ ਨਾ ਸਿਰਫ਼ ਆਰਥਿਕ, ਸਗੋਂ ਰਣਨੀਤਕ ਪੱਖੋਂ ਵੀ ਇੱਕ ਵੱਡੀ ਜਿੱਤ ਮੰਨੀ ਜਾ ਰਹੀ ਹੈ।

# ਐਸਜੀਪੀਸੀ ਵੱਲੋਂ ਸਿੰਘ ਸਾਹਿਬਾਨ ਦੀ ਰਿਹਾਇਸ਼ ਲਈ ਇਮਾਰਤ ਦੀ ਉਸਾਰੀ ਮੁੜ ਆਰੰਭ ਕਰਨ ਦਾ ਵਿਰੋਧ

ਅੰਮ੍ਰਿਤਸਰ, 3 ਫਰਵਰੀ (ਚ.ਨ.ਸ): ਇਥੇ ਹਰਿਮੰਦਰ ਸਾਹਿਬ ਸਮੂਹ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੰਘ ਸਾਹਿਬਾਨ ਦੀ ਰਿਹਾਇਸ਼ ਲਈ ਇਮਾਰਤ ਦੀ ਉਸਾਰੀ ਮੁੜ ਆਰੰਭ ਕਰਨ ਦਾ ਵਿਰੋਧ ਸ਼ੁਰੂ ਹੋ ਗਿਆ ਹੈ। ਇਹ ਇਮਾਰਤ ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ 'ਚੋਂ ਦਿਖਾਈ ਦਿੰਦੀ ਹੈ। ਪਹਿਲਾਂ ਇਹ ਮਾਮਲਾ ਸਥਾਨਕ ਸਰਕਾਰਾਂ ਵਿਭਾਗ ਕੋਲ ਵੀ ਪਹੁੰਚਿਆ ਸੀ। ਅੰਮ੍ਰਿਤਸਰ ਵਿਕਾਸ ਮੰਚ ਦੇ ਸਰਪ੍ਰਸਤ ਮਨਮੋਹਨ ਸਿੰਘ ਬਰਾੜ, ਪ੍ਰਿੰਸੀਪਲ ਕੁਲਵੰਤ ਸਿੰਘ ਅਣਖੀ, ਪ੍ਰਧਾਨ ਸੁਰਿੰਦਰ ਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਗਿੱਲ ਤੇ ਸਕੱਤਰ ਕਵਲਜੀਤ ਸਿੰਘ ਨੇ ਉਸਾਰੀ 'ਤੇ ਇਤਰਾਜ਼ ਕੀਤਾ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਦੁਆਰਾ ਕਾਰ ਸੇਵਾ ਰਾਹੀਂ ਹਰਿਮੰਦਰ ਸਾਹਿਬ ਕੰਪਲੈਕਸ ਦੇ ਬਿਲਕੁਲ ਨਾਲ ਲੱਗਦੀ ਜਗ੍ਹਾ 'ਤੇ ਬਹੁ-ਮੰਜ਼ਿਲਾ ਇਮਾਰਤਾਂ ਦੀ ਉਸਾਰੀ ਕਰਵਾਈ ਜਾ ਰਹੀ ਹੈ। ਇਸੇ ਇਮਾਰਤ ਦੀ ਉਚਾਈ ਹਰਿਮੰਦਰ ਸਾਹਿਬ ਅਤੇ ਅਕਾਲ ਤਖ਼ਤ ਦੀ 450 ਸਾਲ ਪੁਰਾਣੀ ਵਿਰਾਸਤੀ ਮਹਿਮਾ ਤੇ ਸੁੰਦਰਤਾ ਨੂੰ ਢਾਹ ਲਾਵੇਗੀ। ਮੰਚ ਆਗੂਆਂ ਨੇ ਸ਼੍ਰੋਮਣੀ ਕਮੇਟੀ ਕੋਲੋਂ ਮੰਗ ਕੀਤੀ ਕਿ ਅਕਾਲ ਤਖ਼ਤ ਦੇ ਪਿਛਲੇ ਪਾਸੇ ਗਲਿਆਰੇ ਵਿੱਚ ਸਿੰਘ ਸਾਹਿਬਾਨ ਦੀ ਰਿਹਾਇਸ਼ ਲਈ ਉਸਾਰੀ ਅਧੀਨ ਬਹੁ-ਮੰਜ਼ਿਲਾ ਇਮਾਰਤ ਦੀ ਹੋਰ ਉਸਾਰੀ ਤੁਰੰਤ ਰੋਕ ਦਿੱਤੀ ਜਾਵੇ ਅਤੇ ਉਪਰਲੀਆਂ ਮੰਜ਼ਿਲਾਂ ਨੂੰ ਢਾਹ ਦਿੱਤਾ ਜਾਵੇ। ਉਨ੍ਹਾਂ ਆਖਿਆ ਕਿ ਪਿਛਲੇ ਸਾਲ ਫਰਵਰੀ ਮਹੀਨੇ ਵਿੱਚ ਅੰਮ੍ਰਿਤਸਰ ਵਿਕਾਸ ਮੰਚ ਵੱਲੋਂ ਇਨ੍ਹਾਂ ਉਸਾਰੀਆਂ ਖ਼ਿਲਾਫ਼ ਆਪਣੀਆਂ ਭਾਵਨਾਵਾਂ ਸ਼੍ਰੋਮਣੀ ਅਕਾਲੀ ਦਲ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ ਬਾਅਦ ਇਹ ਉਸਾਰੀਆਂ ਰੋਕ ਦਿੱਤੀਆਂ ਸਨ ਪਰ ਅਫਸੋਸ 10-11 ਮਹੀਨੇ ਤੋਂ ਰੁਕੀ ਉਸਾਰੀ ਮੁੜ ਆਰੰਭ ਕਰ ਦਿੱਤੀ ਗਈ ਹੈ। ਨਗਰ ਨਿਗਮ ਵੱਲੋਂ ਗੁਰੂ ਨਗਰੀ ਅੰਮ੍ਰਿਤਸਰ ਦੀ ਧਾਰਮਿਕ ਵਿਰਾਸਤ ਕਾਰਨ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਇਮਾਰਤਾਂ ਦੀ ਉਚਾਈ ਵੱਧ ਤੋਂ ਵੱਧ 38.5 ਫੁੱਟ ਨਿਰਧਾਰਤ ਕੀਤੀ ਗਈ ਹੈ।



# ਬਲੋਚ ਬਾਗ਼ੀ ਸਮੂਹ ਬਲੋਚਿਸਤਾਨ ਲਿਬਰੇਸ਼ਨ ਆਰਮੀ ਨੇ ਹਾਰੋਫ ਫੇਜ਼ 2 ਚਲਾਇਆ

## ☛ਹਮਲਿਆਂ 'ਚ ਮਹਿਲਾ ਹਮਲਾਵਰ ਆਸਿਫਾ ਮੈਂਗਲ ਸ਼ਾਮਲ

ਨਵੀਂ ਦਿੱਲੀ, 3 ਫਰਵਰੀ (ਚ.ਨ.ਸ): ਬਲੋਚ ਬਾਗ਼ੀ ਸਮੂਹ ਬਲੋਚਿਸਤਾਨ ਲਿਬਰੇਸ਼ਨ ਆਰਮੀ (ਬੀਐਲਏ) ਨੇ ਦਾਅਵਾ ਕੀਤਾ ਹੈ ਕਿ ਬਲੋਚਿਸਤਾਨ ਦੇ ਕਈ ਜ਼ਿਲ੍ਹਿਆਂ ਵਿੱਚ ਉਸਦਾ ਆਪ੍ਰੇਸ਼ਨ ਹਾਰੋਫ ਫੇਜ਼ 2 ਚੱਲ ਰਿਹਾ ਹੈ।ਇਸ ਆਪ੍ਰੇਸ਼ਨ ਨੂੰ ਸ਼ੁਰੂ ਹੋਏ 40 ਘੰਟਿਆਂ ਤੋਂ ਵੱਧ ਸਮਾਂ ਹੋ ਗਿਆ ਹੈ।ਬੀਐਲਏ ਨੇ ਇਹ ਵੀ ਦਾਅਵਾ ਕੀਤਾ ਹੈ ਕਿ ਉਸਨੇ ਪਾਕਿਸਤਾਨੀ ਸੁਰੱਖਿਆ ਬਲਾਂ ਨੂੰ ਭਾਰੀ ਨੁਕਸਾਨ ਪਹੁੰਚਾਇਆ ਹੈ ਤੇ ਕਈ ਖੇਤਰਾਂ 'ਤੇ ਕਬਜ਼ਾ ਕਰ ਲਿਆ ਹੈ।ਬੀਐਲਏ ਦੇ ਬੁਲਾਰੇ ਜ਼ਿਆਨਦ ਬਲੋਚ ਨੇ ਇਸ ਸੰਬੰਧੀ ਦੋ ਬਿਆਨ ਜਾਰੀ ਕੀਤੇ।ਆਪ੍ਰੇਸ਼ਨ ਸਮੂਹ ਨੇ ਕਿਹਾ ਕਿ ਇਸਦੇ ਲੜਾਕਿਆਂ ਨੇ ਖਾਰਨ, ਮਸਤੁੰਗ, ਟੰਪ ਤੇ ਪਾਸਨੀ ਸਮੇਤ ਕਈ ਖੇਤਰਾਂ ਵਿੱਚ ਆਪ੍ਰੇਸ਼ਨ ਪੂਰੇ ਕਰ ਲਏ ਹਨ।ਸਮੂਹ ਨੇ ਇਹ ਵੀ ਦਾਅਵਾ ਕੀਤਾ ਕਿ ਇਸਦੇ ਲੜਾਕੇ ਕਵੇਟਾ ਤੇ ਨੌਸ਼ਕੀ ਦੇ ਕੁਝ ਹਿੱਸਿਆਂ ਵਿੱਚ ਮੌਜੂਦ ਸਨ, ਜਿਸ ਨਾਲ ਇਸਲਾਮਾਬਾਦ ਦੀ ਫੌਜੀ ਮੌਜੂਦਗੀ ਨੂੰ ਉਥੋਂ ਪਿੱਛੇ ਧੱਕ ਦਿੱਤਾ ਗਿਆ।200

**ਪਾਕਿਸਤਾਨੀ ਸੈਨਿਕਾਂ ਨੂੰ ਮਾਰਨ ਦਾ ਦਾਅਵਾ:** ਜੇਕਰ ਬੀਐਲਏ ਦੇ ਦਾਅਵਿਆਂ 'ਤੇ ਵਿਸ਼ਵਾਸ ਕੀਤਾ ਜਾਵੇ ਤਾਂ ਪਾਕਿਸਤਾਨੀ ਫੌਜ, ਪੁਲਿਸ ਤੇ ਫਰੰਟੀਅਰ ਕੋਰ ਦੇ 200 ਤੋਂ ਵੱਧ ਸੈਨਿਕ ਮਾਰੇ ਗਏ ਹਨ ਤੇ ਘੱਟੋ-ਘੱਟ 17 ਨੂੰ ਫੜ ਲਿਆ ਗਿਆ ਹੈ। ਬਲੋਚਿਸਤਾਨ ਦੇ ਮੁੱਖ ਮੰਤਰੀ ਸਰਫਰਾਜ਼ ਬੁਗਤੀ ਨੇ ਕਿਹਾ ਕਿ ਹਮਲਿਆਂ ਵਿੱਚ 17 ਕਾਨੂੰਨ ਲਾਗੂ ਕਰਨ ਵਾਲੇ ਕਰਮਚਾਰੀ ਤੇ 31 ਨਾਗਰਿਕ ਮਾਰੇ ਗਏ ਸਨ।ਸਮੂਹ ਨੇ ਚੇਤਾਵਨੀ ਦਿੱਤੀ ਕਿ ਸਥਾਨਕ ਅਧਿਕਾਰੀਆਂ ਤੇ ਪੁਲਿਸ ਵਾਲਿਆਂ ਨੂੰ ਜੋ ਕਬਜ਼ਾ ਕਰਨ ਵਾਲੀਆਂ ਫੌਜਾਂ ਦੀ ਸਹਾਇਤਾ ਕਰਦੇ ਹਨ, ਉਨ੍ਹਾਂ ਨੂੰ ਦੁਸ਼ਮਣ ਮੰਨਿਆ ਜਾਵੇਗਾ। ਇਸ ਦੌਰਾਨ ਪਾਕਿਸਤਾਨੀ ਫੌਜ ਨੇ ਕਿਹਾ ਕਿ ਸ਼ਨੀਵਾਰ ਨੂੰ 92 ਵੱਖਵਾਦੀ ਮਾਰੇ ਗਏ, ਜਦੋਂ ਕਿ ਸ਼ੁੱਕਰਵਾਰ ਨੂੰ ਇਹ ਗਿਣਤੀ 41 ਸੀ।ਬੀਐਲਏ ਨੇ ਵੀ ਆਪਣੇ ਸਮੂਹ ਦੇ ਨੁਕਸਾਨ ਨੂੰ ਸਵੀਕਾਰ ਕੀਤਾ।ਇਸ ਨੇ ਕਿਹਾ ਕਿ ਕਾਰਵਾਈ ਦੌਰਾਨ ਇਸਦੇ 18 ਲੜਾਕੇ ਮਾਰੇ ਗਏ, ਜਿਨ੍ਹਾਂ ਵਿੱਚ ਮਜੀਦ ਬ੍ਰਿਗੇਡ ਦੇ 11 ਫਿਦਾਇਨ (ਆਤਮਘਾਤੀ ਹਮਲਾਵਰ), ਫਤਿਹ ਸਕੁਐਡ ਦੇ ਚਾਰ ਲੜਾਕੇ ਤੇ ਐਸਟੀਓਐਸ ਯੂਨਿਟ ਦੇ ਤਿੰਨ ਲੜਾਕੇ ਸ਼ਾਮਲ ਸਨ।ਇੱਕ ਬਿਆਨ ਵਿੱਚ ਵੱਖਵਾਦੀ ਸਮੂਹ ਨੇ ਇਹ ਵੀ ਸਵੀਕਾਰ ਕੀਤਾ ਕਿ ਹਮਲਿਆਂ ਵਿੱਚ ਮਹਿਲਾ ਹਮਲਾਵਰ ਸ਼ਾਮਲ ਸਨ। ਬੀਐਲਏ ਨੇ ਕਿਹਾ ਕਿ ਆਸਿਫਾ ਮੈਂਗਲ 2 ਅਕਤੂਬਰ, 2023 ਨੂੰ ਬਲੋਚ ਲਿਬਰੇਸ਼ਨ ਆਰਮੀ ਦੇ ਮਜੀਦ ਬ੍ਰਿਗੇਡ ਵਿੱਚ ਸ਼ਾਮਲ ਹੋਈ ਤੇ ਜਨਵਰੀ 2024 ਵਿੱਚ ਫਿਦਾਇਨ ਬਣਨ ਦਾ ਫੈਸਲਾ ਕੀਤਾ।



# ਆਈਐਸਆਈ ਵੱਲੋਂ 42 ਕਿਲੋ ਹੈਰੋਇਨ, ਚਾਰ ਗ੍ਰਨੇਡ, ਇੱਕ ਗਲੌਕ ਪਿਸਤੌਲ ਦੀ ਖੇਪ ਦੇ ਸਬੰਧ 'ਚ 2 ਮੁਲਜ਼ਮ ਗ੍ਰਿਫ਼ਤਾਰ

ਅੰਮ੍ਰਿਤਸਰ, 3 ਫਰਵਰੀ (ਚ.ਨ.ਸ): ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਆਈਐਸਆਈ ਵੱਲੋਂ 42 ਕਿਲੋ ਹੈਰੋਇਨ, ਚਾਰ ਗ੍ਰਨੇਡ, ਇਕ ਗਲੌਕ ਪਿਸਤੌਲ ਤੇ ਵੱਡੀ ਗਿਣਤੀ ਵਿਚ ਗੋਲੀ-ਸਿੱਕਾ ਦੀ ਖੇਪ ਦੇ ਸਬੰਧ ਵਿਚ ਪੁਲਿਸ ਨੇ ਦੋ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪਤਾ ਲੱਗਾ ਹੈ ਕਿ ਇਹ ਖੇਪ ਦੁਬਈ ਵਿਚ ਰਹਿਣ ਵਾਲੇ ਕਰਨ ਉਰਫ਼ ਛੇਹਰਟਾ ਨਾਮਕ ਇੱਕ ਨੌਜਵਾਨ ਨੇ ਟਿਕਾਣੇ ਲਗਾਉਣ ਲਈ ਭੇਜੀ ਸੀ। ਪੁਲਿਸ ਅਧਿਕਾਰੀਆਂ ਨੂੰ ਪਤਾ ਲੱਗਾ ਹੈ ਕਿ ਕਰਨ ਦੇ ਪਾਕਿਸਤਾਨ ਵਿਚ ਰਹਿਣ ਵਾਲੇ ਤਸਕਰਾਂ ਨਾਲ ਸਬੰਧ ਹਨ ਤੇ ਉਹ ਪਹਿਲਾਂ ਹੀ ਹੈਰੋਇਨ ਤੇ ਆਰਡੀਐਕਸ ਦੀਆਂ ਖੇਪਾਂ ਭੇਜ ਕੇ ਟਿਕਾਣੇ ਲਗਾ ਚੁੱਕਾ ਹੈ। ਰਾਜਾਸਾਂਸੀ ਪੁਲਿਸ ਨੇ ਇਕ ਆਟੋ-ਰਿਕਸ਼ਾ ਚਾਲਕ ਸੋਨੂੰ ਅਤੇ ਮੋਹਿਤ ਪਾਂਡੇ ਦੀ ਗ੍ਰਿਫ਼ਤਾਰੀ ਤੋਂ ਬਾਅਦ ਕਰਨ ਉਰਫ਼ ਛੇਹਰਟਾ ਨੂੰ ਵੀ ਇਸ ਮਾਮਲੇ ਵਿਚ ਨਾਮਜ਼ਦ ਕੀਤਾ ਹੈ। ਸੋਮਵਾਰ ਸਵੇਰੇ ਛਾਪੇਮਾਰੀ ਦੌਰਾਨ ਇੰਸਪੈਕਟਰ ਹਰਸਿਮਰਨ ਕੌਰ ਨੇ ਦੱਸਿਆ ਕਿ ਛੇਹਰਟਾ ਦੀ ਭੱਲਾ ਕਲੋਨੀ ਦੇ ਰਹਿਣ ਵਾਲੇ ਅਨਿਲ ਪੋਦਾਰ ਤੇ ਰਿਤਿਕ ਨੂੰ ਇਸ ਮਾਮਲੇ ਵਿਚ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਤੋਂ ਪਤਾ ਲੱਗਾ ਹੈ ਕਿ ਅਨਿਲ, ਰਿਤਿਕ ਅਤੇ ਮੋਹਿਤ ਇਮਾਰਤਾਂ ਬਣਾਉਣ ਦਾ ਕੰਮ ਕਰਦੇ ਹਨ ਤੇ ਜ਼ਿਆਦਾਤਰ ਠੇਕੇਦਾਰਾਂ ਨਾਲ ਕਾਰੋਬਾਰ ਕਰਦੇ ਹਨ। ਪੁਲਿਸ ਰਿਤਿਕ ਦੇ ਭਰਾ ਦੀ ਵੀ ਭਾਲ ਕਰ ਰਹੀ ਹੈ। ਇਹ ਖੁਲਾਸਾ ਹੋਇਆ ਹੈ ਕਿ ਰਿਤਿਕ ਦੇ ਭਰਾ ਸੋਨੂੰ ਨੇ ਇਕ ਆਟੋ-ਰਿਕਸ਼ਾ ਡਰਾਈਵਰ ਨਾਲ ਮਿਲ ਕੇ ਪਹਿਲਾਂ ਹੀ ਹੈਰੋਇਨ ਅਤੇ ਗ੍ਰਨੇਡ ਵਰਗੇ ਵਿਸਫੋਟਕਾਂ ਦੀ ਖੇਪਾਂ ਟਿਕਾਣੇ ਲਗਾ ਚੁੱਕਾ ਹੈ। ਪੁਲਿਸ ਹਿਰਾਸਤ ਵਿਚ ਸੋਨੂੰ ਨੇ ਕਈ ਰਾਜ਼ ਖੋਲ੍ਹੇ ਹਨ, ਜਿਨ੍ਹਾਂ 'ਤੇ ਪੁਲਿਸ ਲਗਾਤਾਰ ਕੰਮ ਕਰ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਆਉਣ ਵਾਲੇ ਦਿਨਾਂ ਵਿਚ ਵਿਸਫੋਟਕ ਤੇ ਹੋਰ ਸ਼ੱਕੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਜਾਵੇਗਾ।



**ਕਰਨ ਦੀ ਮਾਂ ਤੇ ਭੈਣ ਨੂੰ ਪੁਲਿਸ ਕਰ ਸਕਦੀ ਹੈ ਨਾਮਜ਼ਦ:**

ਇਕ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਵਿਦੇਸ਼ ਬੈਠੇ ਕਰਨ ਉਰਫ਼ ਛੇਹਰਟਾ ਖਿਲਾਫ ਐੱਲਓਸੀ ਜਾਰੀ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਪੁਲਿਸ ਕਿਸੇ ਵੀ ਸਮੇਂ ਕਰਨ ਦੇ ਨੈੱਟਵਰਕ ਦੀ ਜਾਂਚ ਕਰਨ ਲਈ ਉਸ ਦੀ ਮਾਂ ਅਤੇ ਭੈਣ (ਛੇਹਰਟਾ ਵਿਚ ਕਿਤੇ ਰਹਿੰਦੇ) ਨੂੰ ਵੀ ਹਿਰਾਸਤ ਵਿਚ ਲੈ ਸਕਦੀ ਹੈ। ਰਾਜਾਸਾਂਸੀ ਥਾਣੇ ਦੀ ਪੁਲਿਸ ਨੇ ਸੋਮਵਾਰ ਸ਼ਾਮ ਨੂੰ ਇਸ ਮਾਮਲੇ ਦੇ ਸਬੰਧ ਵਿਚ ਤਿੰਨ ਹੋਰ ਸ਼ੱਕੀਆਂ ਨੂੰ ਹਿਰਾਸਤ ਵਿਚ ਲਿਆ।

# ਰਾਜ ਕੁਮਾਰ ਨੇ ਡੀ.ਪੀ.ਆਰ.ਓ. ਦਾ ਚਾਰਜ ਸੰਭਾਲਿਆ

ਸ੍ਰੀ ਫ਼ਤਹਿਗੜ੍ਹ ਸਾਹਿਬ, 3 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਰਾਜ ਕੁਮਾਰ ਨੇ ਅੱਜ ਫ਼ਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਲੋਕ ਸੰਪਰਕ ਅਫਸਰ ਦਾ ਚਾਰਜ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਉਹ ਮੋਗਾ ਵਿਖੇ ਬਤੌਰ ਡੀ. ਪੀ. ਆਰ.ਓ. ਵਾਧੂ ਚਾਰਜ ਮਾਲੇਰਕੋਟਲਾ ਤਾਇਨਾਤ ਸਨ। ਰਾਜ ਕੁਮਾਰ ਮੋਗਾ ਤੋਂ ਪਹਿਲਾਂ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕਰੀਬ 10 ਮਹੀਨੇ ਸੇਵਾਵਾਂ ਨਿਭਾ ਚੁੱਕੇ ਹਨ। ਜ਼ਿਲ੍ਹਾ ਲੋਕ ਸੰਪਰਕ ਅਫਸਰ ਦਾ ਚਾਰਜ ਸੰਭਾਲਣ ਮੌਕੇ ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ ਦੇ ਡਿਪਟੀ ਡਾਇਰੈਕਟਰ ਰਸ਼ਿਮ ਵਰਮਾ ਅਤੇ ਸੁਰਿੰਦਰ ਭਾਰਦਵਾਜ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਜਦੋਂ ਕਿ ਜ਼ਿਲ੍ਹਾ ਪੱਤਰਕਾਰ ਯੂਨੀਅਨ ਫ਼ਤਹਿਗੜ੍ਹ ਸਾਹਿਬ ਦੇ ਪ੍ਰਧਾਨ ਰਣਬੀਰ ਕੁਮਾਰ ਜੱਜੀ, ਜ਼ਿਲ੍ਹਾ ਜਨਰਲ ਸਕੱਤਰ ਬਿਕਰਮਜੀਤ ਸਿੰਘ ਸਹੋਤਾ, ਦੀਪਕ ਸੂਦ ਤੇ ਰਜਨੀਸ਼ ਡੱਲਾ ਨੇ ਡੀ.ਪੀ.ਆਰ.ਓ. ਰਾਜ ਕੁਮਾਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।



ਜ਼ਿਲ੍ਹਾ ਲੋਕ ਸੰਪਰਕ ਅਫਸਰ ਦੇ ਅਹੁਦੇ ਦਾ ਚਾਰਜ ਸੰਭਾਲਣ ਉਪਰੰਤ ਸ੍ਰੀ ਰਾਜ ਕੁਮਾਰ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਭਾਗਸ਼ਾਲੀ ਸਮਝਦੇ ਹਨ ਕਿ ਉਨ੍ਹਾਂ ਨੂੰ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਵਿਖੇ ਮੁੜ ਤੋਂ ਸੇਵਾ ਨਿਭਾਉਣ ਦਾ ਮੌਕਾ ਮਿਲਿਆ। ਉਨ੍ਹਾਂ ਕਿਹਾ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਪਹੁੰਚਾਉਣ ਵਿੱਚ ਪੂਰੀ ਸ਼ਿੱਦਤ ਨਾਲ ਆਪਣੇ ਫਰਜ਼ ਨਿਭਾਉਣਗੇ ਤੇ ਪੱਤਰਕਾਰ ਭਾਈਚਾਰੇ ਨੂੰ ਦਰਪੇਸ਼ ਮੁਸ਼ਕਲਾਂ ਦਾ ਸੂਬਾ ਸਰਕਾਰ ਦੇ ਧਿਆਨ ਵਿੱਚ ਲਿਆ ਕੇ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣਗੇ।

# ਫੌਜ ਨੇ ਇਤਿਹਾਸਕ ਉਸਮਾਨ ਯਾਦਗਾਰ 'ਤੇ 62 ਫੁੱਟ ਉੱਚਾ ਕੌਮੀ ਝੰਡਾ ਲਹਿਰਾਇਆ

ਜੰਮੂ, 3 ਫਰਵਰੀ (ਚ.ਨ.ਸ): ਭਾਰਤੀ ਫ਼ੌਜ ਨੇ ਅੱਜ ਜੰਮੂ ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ਵਿੱਚ ਇਤਿਹਾਸਕ ਉਸਮਾਨ ਯਾਦਗਾਰ 'ਤੇ 62 ਫੁੱਟ ਉੱਚਾ ਕੌਮੀ ਝੰਡਾ ਲਹਿਰਾਇਆ। ਇਹ ਸਮਾਗਮ ਆਗਾਮੀ ਨੌਸ਼ਹਿਰਾ ਦਿਵਸ ਦੀਆਂ ਤਿਆਰੀਆਂ ਦੇ ਹਿੱਸੇ ਵਜੋਂ ਕਰਵਾਇਆ ਗਿਆ। ਨੌਸ਼ਹਿਰਾ ਦਿਵਸ ਹਰ ਸਾਲ 6 ਫਰਵਰੀ ਨੂੰ 1947-48 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਭਾਰਤੀ ਫ਼ੌਜ ਦੀ ਜਿੱਤ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਰੱਖਿਆ ਤਰਜਮਾਨ ਨੇ ਦੱਸਿਆ ਕਿ ਇਹ ਯਾਦਗਾਰ ਬ੍ਰਿਗੇਡੀਅਰ ਮੁਹੰਮਦ ਉਸਮਾਨ ਨੂੰ ਸਮਰਪਿਤ ਹੈ, ਜਿਨ੍ਹਾਂ ਨੂੰ 'ਨੌਸ਼ਹਿਰੇ ਦਾ ਸ਼ੇਰ' ਕਿਹਾ ਜਾਂਦਾ ਹੈ ਤੇ ਉਹ ਇਸ ਜੰਗ ਵਿੱਚ ਸ਼ਹੀਦ ਹੋਏ ਸਨ। ਨੌਸ਼ਹਿਰਾ ਬ੍ਰਿਗੇਡ ਦੇ ਕਮਾਂਡਰ ਨੇ ਸਥਾਨਕ ਲੋਕਾਂ ਅਤੇ ਨੌਜਵਾਨਾਂ ਦੀ ਮੌਜੂਦਗੀ ਵਿੱਚ ਤਿਰੰਗਾ ਲਹਿਰਾਇਆ। ਬੁਲਾਰੇ ਨੇ ਕਿਹਾ ਕਿ ਇਹ ਸਮਾਗਮ ਫੌਜ ਤੇ ਸਥਾਨਕ ਲੋਕਾਂ ਵਿਚਾਲੇ ਰਿਸ਼ਤੇ ਨੂੰ ਹੋਰ ਮਜ਼ਬੂਤ ਕਰੇਗਾ।



# ਦੇਸ਼ ਭਗਤ ਯੂਨੀਵਰਸਿਟੀ ਨੇ ਵਿਸ਼ਵ ਕੁਸ਼ਟ ਰੋਗ ਦਿਵਸ ਮਨਾਇਆ




ਮੰਡੀ ਗੋਬਿੰਦਗੜ੍ਹ, 3 ਫਰਵਰੀ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਨੇ ਸਕੂਲ ਆਫ਼ ਨਰਸਿੰਗ ਤੇ ਫੈਕਲਟੀ ਆਫ਼ ਫਾਰਮੇਸੀ ਦੀ ਅਗਵਾਈ ਹੇਠ ਸਾਂਝੇ ਉਪਰਾਲਿਆਂ ਰਾਹੀਂ ਜਾਗਰੂਕਤਾ, ਹਮਦਰਦੀ ਤੇ ਸਮਾਜਿਕ ਜ਼ਿੰਮੇਵਾਰੀ ਦੇ ਇੱਕ ਮਜ਼ਬੂਤ ਸੰਦੇਸ਼ ਦੇ ਨਾਲ ਵਿਸ਼ਵ ਕੁਸ਼ਟ ਰੋਗ ਦਿਵਸ ਡਿਪਟੀ ਡਾਇਰੈਕਟਰ ਡਾ. ਪ੍ਰਭਜੋਤ ਸਿੰਘ ਤੇ ਸਕੂਲ ਆਫ਼ ਨਰਸਿੰਗ ਦੀ ਪ੍ਰਿੰਸੀਪਲ ਲਪਸੰਪੂਰਨਜੋਤ ਕੌਰ ਦੀ ਅਗਵਾਈ ਹੇਠ ਮਨਾਇਆ ਗਿਆ। ਸਕੂਲ ਆਫ਼ ਨਰਸਿੰਗ ਵੱਲੋਂ ਹਮਦਰਦੀ, ਸਮਾਵੇਸ਼ੀ ਤੇ ਸਿਹਤ ਸੰਭਾਲ ਨੂੰ ਉਤਸ਼ਾਹਿਤ ਕਰਨ ਲਈ ਕੁਸ਼ਟ ਆਸ਼ਰਮ ਖੰਨਾ ਤੇ ਫਤਹਿਗੜ੍ਹ ਸਾਹਿਬ ਵਿਖੇ ਸਾਰਥਕ ਆਊਟਰੀਚ ਗਤੀਵਿਧੀਆਂ ਕੀਤੀਆਂ ਗਈਆਂ ਤੇ ਫੈਕਲਟੀ ਆਫ਼ ਫਾਰਮੇਸੀ ਵੱਲੋਂ ਸੰਸਥਾ ਦੀ ਇਨੋਵੇਸ਼ਨ ਕੌਂਸਲ ਤੇ ਇੰਟਰਨਲ ਕੁਆਲਿਟੀ ਅਸ਼ੋਰੈਂਸ ਸੈੱਲ ਦੇ ਸਹਿਯੋਗ ਨਾਲ ਸਿੱਖਿਆ ਤੇ ਵਿਦਿਆਰਥੀਆਂ ਦੀ ਸ਼ਮੂਲੀਅਤ 'ਤੇ ਕੇਂਦ੍ਰਿਤ ਇੱਕ ਰੋਜ਼ਾ ਜਾਗਰੂਕਤਾ ਪ੍ਰੋਗਰਾਮ ਕਰਵਾਇਆ। ਦੋਵੇਂ ਸਮਾਗਮਾਂ ਨੇ ਜਲਦੀ ਨਿਦਾਨ, ਸਹੀ ਇਲਾਜ ਤੇ ਭਾਈਚਾਰਕ ਸਵੀਕ੍ਰਿਤੀ 'ਤੇ ਜ਼ੋਰ ਦਿੱਤਾ ਜੋ ਕਿ ਸਿਹਤ ਸਿੱਖਿਆ ਤੇ ਸਮਾਜਿਕ ਜਾਗਰੂਕਤਾ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਾ ਹੈ। ਇਸਦਾ ਸੰਚਾਲਨ ਨਰਸਿੰਗ ਟਿਊਟਰ ਭੁਪਿੰਦਰ ਕੌਰ ਤੇ ਪੂਨਮ ਨੇ ਕੀਤਾ। ਫੈਕਲਟੀ ਤੇ ਨਰਸਿੰਗ ਵਿਦਿਆਰਥੀਆਂ ਨੇ ਸਿਹਤ ਸਿੱਖਿਆ ਸੈਸ਼ਨਾਂ, ਨਿਵਾਸੀਆਂ ਨਾਲ ਗੱਲਬਾਤ, ਜ਼ਰੂਰੀ ਵਸਤੂਆਂ ਦੀ ਵੰਡ ਤੇ ਪ੍ਰੇਰਨਾਦਾਇਕ ਸਹਾਇਤਾ, ਲਾਭਪਾਤਰੀਆਂ ਨੂੰ ਸਫਾਈ, ਬਿਮਾਰੀ ਦੀ ਰੋਕਥਾਮ ਤੇ ਨਿਯਮਤ ਇਲਾਜ ਬਾਰੇ ਸਿੱਖਿਅਤ ਕਰਨ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਉਨ੍ਹਾਂ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਦਾ ਉਨ੍ਹਾਂ ਦੇ ਨਿਰੰਤਰ ਉਤਸ਼ਾਹ ਤੇ ਦੂਰਦਰਸ਼ੀ ਸਮਰਥਨ ਲਈ ਧੰਨਵਾਦ ਕੀਤਾ। ਇਸ ਮੌਕੇ ਵਿਦਿਆਰਥੀਆਂ ਅਤੇ ਫੈਕਲਟੀ ਦੇ ਭਾਸ਼ਨ ਤੇ ਲੇਖ ਮੁਕਾਬਲੇ ਕਰਵਾਏ ਗਏ ਤੇ ਕੁਸ਼ਟ ਰੋਗ ਦੇ ਕਾਰਨ, ਲੱਛਣ, ਰੋਕਥਾਮ ਤੇ ਇਲਾਜ ਬਾਰੇ ਜਾਗਰੂਕ ਕੀਤਾ।

# ਸ੍ਰੀ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਮਨਾਇਆ

ਫਾਜ਼ਿਲਕਾ, 3 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸ੍ਰੀ ਗੁਰੂ ਰਵਿਦਾਸ ਸੇਵਾ ਸਮਿਤੀ (ਰਜਿ.) ਫਾਜ਼ਿਲਕਾ ਵੱਲੋਂ ਨਵੀਂ ਆਬਾਦੀ ਚੰਦੋਰ ਮੁਹੱਲਾ ਸਥਿਤ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਦੇ ਗੁਰੂਘਰ ਵਿੱਚ ਧੰਨ ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਗੁਰਪੁਰਬ ਬੜੀ ਸ਼ਰਧਾ ਤੇ ਸਤਿਕਾਰ ਨਾਲ ਦਿਨ ਐਤਵਾਰ ਨੂੰ ਮਨਾਇਆ ਗਿਆ।ਇਸ ਮੌਕੇ ਸ਼ਨੀਵਾਰ ਸ਼ਾਮ 8 ਵਜੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਨਾਮ ਦੀ ਸ਼ੋਭਾ ਯਾਤਰਾ (ਜਾਗੋ) ਕੱਢੀ ਗਈ।ਗੁਰਪੁਰਬ ਵਾਲੇ ਦਿਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਸਰੂਪ ਉੱਤੇ ਪੁਸ਼ਪਮਾਲਾ ਦੀ ਰਸਮ ਅਦਾ ਕੀਤੀ ਗਈ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਪਾਵਨ ਅੰਮ੍ਰਿਤਬਾਣੀ ਦੇ ਤਿੰਨ ਦਿਨਾਂ ਦੇ ਪਾਠ ਦਾ ਭੋਗ ਪਾਇਆ ਗਿਆ।ਉਪਰੰਤ ਬੱਚਿਆਂ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ 'ਤੇ ਆਧਾਰਿਤ ਧਾਰਮਿਕ ਪ੍ਰੋਗਰਾਮ ਪੇਸ਼ ਕੀਤੇ ਗਏ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਅੰਤ ਵਿੱਚ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸ਼ਾਮ ਨੂੰ ਜਗਤਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਕੇਕ ਕੱਟ ਕੇ ਗੁਰਪੁਰਬ ਦੀ ਖੁਸ਼ੀ ਮਨਾਈ ਗਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਸ਼ੀਕਾਂਤ ਨਾਗਪਾਲ (ਸਮਾਜਸੇਵੀ), ਪ੍ਰਧਾਨ ਸੋਸ਼ਲ ਵੈਲਫੇਅਰ ਸੋਸਾਇਟੀ (ਐਸਐਸ.ਟੀ. ਗ੍ਰੈਜੂਏਸ਼ਨ ਵੈਲਫੇਅਰ ਸੋਸਾਇਟੀ) ਫਾਜ਼ਿਲਕਾ ਦੀ ਪੂਰੀ ਟੀਮ, ਸ਼ੁਭਾਸ਼ ਚੰਦਰ ਮਾਸਟਰ, ਰਾਮ ਚੰਦ ਮਾਸਟਰ, ਮਾਸਟਰ ਅਸ਼ਵਨੀ, ਪੂਜਾ ਲੂਥਰਾ (ਸਮਾਜਸੇਵੀ/ਕੌਂਸਲਰ), ਰਮੇਸ਼ ਕਟਾਰੀਆ (ਪ੍ਰਧਾਨ, ਭਾਰਤੀ ਜਨਤਾ ਪਾਰਟੀ ਫਾਜ਼ਿਲਕਾ) ਆਦਿ ਪਹੁੰਚੇ।ਇਸ ਮੌਕੇ ਸੰਸਥਾ ਦੇ ਚੇਅਰਮੈਨ ਵਿਜੇ ਸਿਰੋਵਾ, ਉਪ ਚੇਅਰਮੈਨ ਰਵੀ ਕੁਮਾਰ, ਪ੍ਰਧਾਨ ਬੂਟਾ ਰਾਮ ਪਟਵਾਰੀ, ਉਪ ਪ੍ਰਧਾਨ ਦੇਸ ਰਾਜ, ਸਹਾਇਕ ਸਕੱਤਰ ਭਾਰਤ ਭੂਸ਼ਨ, ਖਜ਼ਾਨਚੀ ਬਨਵਾਰੀ ਲਾਲ, ਸਲਾਹਕਾਰ ਜਗਦੀਸ਼ ਚੰਦਰ, ਪ੍ਰੈੱਸ ਸਕੱਤਰ ਲਖਵਿੰਦਰ (ਲੱਕੀ), ਪ੍ਰਚਾਰ ਸਕੱਤਰ ਸੁਨੀਲ ਅਰੋੜਾ, ਜਗਦੀਸ਼ ਚੰਦਰ ਸਿਰੋਵਾ (ਮੈਂਬਰ), ਗੰਗਾ ਰਾਮ, ਰਮੇਸ਼ ਸਰੋਲਾ, ਜਸਵਿੰਦਰ ਮਾਸਟਰ, ਨਰਿੰਦਰ ਮਰੋੜੀਆ, ਕੁਲਦੀਪ ਕੁਮਾਰ, ਕਮਲ ਕਿਸ਼ੋਰ, ਨਵਜੋਤ ਰਵਿਦਾਸੀਆ, ਮਨੋਜ ਕੁਮਾਰ (ਮੋਨੂੰ), ਅਜੈ ਸਿਰੋਵਾ, ਸੈਮ, ਸੰਦੀਪ ਕੁਮਾਰ, ਸਾਗਰ ਕੁਮਾਰ, ਪਾਰਸ, ਦਿਵਾਂਸ਼ੂ, ਨਿਤਿਨ ਆਦਿ ਮੌਜੂਦ ਰਹੇ। ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਸ੍ਰੀ ਗੁਰੂ ਰਵਿਦਾਸ ਮਹਿਲਾ ਕੀਰਤਨ ਕਮੇਟੀ ਫਾਜ਼ਿਲਕਾ ਵੱਲੋਂ ਵਿਸ਼ੇਸ਼ ਸੇਵਾਵਾਂ ਨਿਭਾਈਆਂ ਗਈਆਂ।



# ਬਾਬਾ ਭੋਲਾ ਗਿਰੀ ਸਪੋਰਟਸ ਕਲੱਬ ਨੇ ਕ੍ਰਿਕਟ ਟੂਰਨਾਮੈਂਟ ਕਰਵਾਇਆ

ਫਾਜ਼ਿਲਕਾ, 3 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪਿੰਡ ਬੋਦੀ ਵਾਲਾ ਪੀਥਾ ਵਿੱਚ ਬਾਬਾ ਭੋਲਾ ਗਿਰੀ ਸਪੋਰਟਸ ਕਲੱਬ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ਾਲ ਕ੍ਰਿਕਟ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ। ਇਸ ਟੂਰਨਾਮੈਂਟ ਨੇ ਇਲਾਕੇ ਭਰ ਦੇ ਖੇਡ ਪ੍ਰੇਮੀਆਂ ਦਾ ਖਾਸ ਧਿਆਨ ਖਿੱਚਿਆ ਤੇ ਖਿਡਾਰੀਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ।ਟੂਰਨਾਮੈਂਟ ਵਿੱਚ ਕੁੱਲ 42 ਟੀਮਾਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ।ਇਸ ਟੂਰਨਾਮੈਂਟ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖ ਕੇ ਖੇਡਾਂ ਵੱਲ ਪ੍ਰੇਰਿਤ ਕਰਨਾ ਸੀ।ਕਲੱਬ ਦੇ ਮੈਂਬਰਾਂ ਨੇ ਦੱਸਿਆ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਹੀ ਨਹੀਂ, ਸਗੋਂ ਮਾਨਸਿਕ ਵਿਕਾਸ ਤੇ ਅਨੁਸ਼ਾਸਨ ਪੈਦਾ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਪੂਜਾ ਲੂਥਰਾ ਸਚਦੇਵਾ ਤੇ ਅਜੈ ਸਚਦੇਵਾ ਨੇ ਆਪਣੀ ਪੂਰੀ ਟੀਮ ਸਮੇਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ, ਜਿਸ ਨਾਲ ਸਮਾਗਮ ਦੀ ਸ਼ੋਭਾ ਹੋਰ ਵੀ ਵਧ ਗਈ।ਟੂਰਨਾਮੈਂਟ ਦਾ ਫਾਈਨਲ ਮੁਕਾਬਲਾ ਭਾਗੂ ਤੇ ਫ਼ਾਜ਼ਿਲਕਾ (ਰਾਹੁਲ ਵਾਰਡ) ਦੀਆਂ ਟੀਮਾਂ ਦਰਮਿਆਨ ਖੇਡਿਆ ਗਿਆ। ਆਖਿਰਕਾਰ ਫ਼ਾਜ਼ਿਲਕਾ (ਰਾਹੁਲ ਵਾਰਡ) ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਭਾਗੂ ਦੀ ਟੀਮ ਨੂੰ ਹਰਾਕੇ ਟੂਰਨਾਮੈਂਟ ਦੀ ਟ੍ਰਾਫੀ ਆਪਣੇ ਨਾਂ ਕੀਤੀ।ਇਸ ਮੌਕੇ ਬਾਬਾ ਭੋਲਾ ਗਿਰੀ ਸਪੋਰਟਸ ਕਲੱਬ ਦੇ ਮੈਂਬਰ ਰਮੇਸ਼ ਕੁਮਾਰ ਨੈਣ, ਪਵਨ ਕੁਮਾਰ ਨੈਣ, ਰਾਕੇਸ਼ ਕਨਸੁਜੀਆ, ਪ੍ਰਿੰਸ ਸ਼ਰਮਾ, ਸੌਰਵ ਨੈਣ, ਆਰਿਸ਼ ਨੈਣ, ਮੁਕੇਸ਼ ਨੈਣ, ਸਨੀ ਸਾਹੂ, ਆਸ਼ੀਸ਼ ਸਵਾਮੀ, ਕੁਲਦੀਪ ਨੈਣ (ਕੋਚ), ਸਰਪੰਚ ਸ਼ਕੀਲਾ ਦੇਵੀ, ਪੰਚਾਇਤ ਮੈਂਬਰ ਰਾਮਕਲੀ, ਰਾਮ ਨਰਾਇਣ ਨੈਣ, ਸਾਹਿਬ ਰਾਮ ਭਾਂਬੂ, ਰੂਘਵੀਰ ਨੈਣ, ਰਾਮਾਕਾਂਤ ਸ਼ਰਮਾ, ਕਮਲ ਨੈਣ ਤੇ ਸੁਰੇਸ਼ ਨੈਣ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਰਹੇ।



# ਪਸ਼ੂ ਪਾਲਣ ਵਿਭਾਗ ਨੇ ਪਸ਼ੂ ਭਲਾਈ 'ਤੇ ਜਾਗਰੂਕਤਾ ਕੈਂਪ ਲਗਾਇਆ

ਫਿਰੋਜ਼ਪੁਰ, 3 ਫਰਵਰੀ (ਤਿਵਾੜੀ): ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਵਿਭਾਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਵਿਭਾਗ ਦੇ ਮੁੱਖ ਸਕੱਤਰ ਰਾਹੁਲ ਭੰਡਾਰੀ ਦੀ ਯੋਗ ਅਗਵਾਈ ਹੇਠ ਤੇ ਪਰਮਦੀਪ ਸਿੰਘ ਵਾਲੀਆ, ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪੰਜਾਬ ਤੇ ਮਾਨਯੋਗ ਐਸ.ਡੀ.ਐਮ. ਲਿੰਧੀਆ, ਫ਼ਿਰੋਜ਼ਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਪਸ਼ੂ ਪਾਲਣ ਵਿਭਾਗ ਵੱਲੋਂ ਪਿੰਡ ਫੱਤੂਵਾਲਾ ਵਿਖੇ ਪਸ਼ੂ ਭਲਾਈ ਤੇ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦੌਰਾਨ ਡਾ. ਗੁਰਵਿੰਦਰ ਸਿੰਘ, ਸੀਨੀਅਰ ਵੈਟਰਨਰੀ ਅਫ਼ਸਰ, ਫਿਰੋਜ਼ਪੁਰ ਨੇ ਸੈਕਸਡ ਸੀਮਨ ਬਾਰੇ ਜਾਣਕਾਰੀ ਦਿੱਤੀ ਤੇ ਪਸ਼ੂਆਂ ਦਾ ਦੁੱਧ ਵਧਾਉਣ ਅਤੇ ਉਨ੍ਹਾਂ ਦੀ ਸਿਹਤ ਸਹੀ ਰੱਖਣ ਲਈ ਅਹਿਮ ਨੁਕਤੇ ਸਾਂਝੇ ਕੀਤੇ।ਉਨ੍ਹਾਂ ਨੇ ਪਸ਼ੂਆਂ ਦੇ ਗੱਭਣ ਨਾ ਹੋਣ ਦੀ ਸਮੱਸਿਆ ਜਿਵੇਂ ਕਿ ਐਨਸਟਰਸ ਤੇ ਰੀਪੀਟ ਬਰੀਡਿੰਗ ਬਾਰੇ ਵਿਸਥਾਰ ਵਿੱਚ ਦੱਸਿਆ। ਇਸ ਦੇ ਨਾਲ ਹੀ ਉਨ੍ਹਾਂ ਨੇ ਮੌਸਮ ਦੇ ਬਦਲਾਅ ਅਨੁਸਾਰ ਪਸ਼ੂਆਂ ਦੇ ਹਰੇ ਚਾਰੇ ਤੇ ਖ਼ੁਰਾਕ ਵਿੱਚ ਕੀਤੇ ਜਾਣ ਵਾਲੇ ਜ਼ਰੂਰੀ ਬਦਲਾਅ ਬਾਰੇ ਵੀ ਪਸ਼ੂ ਪਾਲਕਾਂ ਨੂੰ ਜਾਗਰੂਕ ਕੀਤਾ।ਇਸ ਮੌਕੇ ਡਾ. ਇਸ਼ਾ ਸੇਖਰੀ, ਵੈਟਰਨਰੀ ਅਫ਼ਸਰ ਨੇ ਪਸ਼ੂ ਪਾਲਕਾਂ ਨੂੰ ਕਿਸਾਨ ਕ੍ਰੈਡਿਟ ਕਾਰਡ ਸਕੀਮ ਦੇ ਫਾਇਦਿਆਂ ਬਾਰੇ ਵਿਸਥਾਰ ਵਿੱਚ ਦੱਸਿਆ।ਇਸ ਦੇ ਨਾਲ ਹੀ ਉਨ੍ਹਾਂ ਦੇ ਨਾਲ ਲੀਡ ਬੈਂਕ ਤੋਂ ਆਏ ਗਗਨ ਨੇ ਬੈਂਕ ਵੱਲੋਂ ਕੀਤੀ ਜਾਣ ਵਾਲੀ ਪੜਤਾਲ/ਤਫ਼ਤੀਸ਼ ਬਾਰੇ ਜਾਣਕਾਰੀ ਦਿੱਤੀ ਤੇ ਪਸ਼ੂ ਪਾਲਕਾਂ ਦੇ ਸਵਾਲਾਂ ਦੇ ਜਵਾਬ ਦਿੱਤੇ। ਇਸ ਉਪਰੰਤ ਡਾ. ਇਸ਼ਾ ਸੇਖਰੀ ਨੇ ਪਸ਼ੂ ਪਾਲਕਾਂ ਨੂੰ ਮੂੰਹ-ਖੁਰ ਦੀ ਬਿਮਾਰੀ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਸਰਕਾਰ ਵੱਲੋਂ ਲਗਾਏ ਜਾਣ ਵਾਲੇ ਟੀਕੇ ਜ਼ਰੂਰ ਲਗਵਾਉਣ ਦੀ ਗੁਜ਼ਾਰਿਸ਼ ਕੀਤੀ।ਡਾ. ਨੀਰਜ ਗਰੋਵਰ, ਵੈਟਰਨਰੀ ਅਫ਼ਸਰ (ਖਾਈ ਫੇਮੇ ਕੀ) ਨੇ ਲੰਪੀ ਸਕਿਨ ਬਿਮਾਰੀ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਫਰਵਰੀ ਤੋਂ ਇਸ ਦਾ ਟੀਕਾਕਰਨ ਸ਼ੁਰੂ ਹੋ ਰਿਹਾ ਹੈ ਤੇ ਪਸ਼ੂ ਪਾਲਕਾਂ ਨੂੰ ਗਾਵਾਂ ਦਾ ਇਹ ਟੀਕਾ ਲਗਵਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਗਲ਼ਘੋਟੂ ਦੀ ਬਿਮਾਰੀ ਤੇ ਬਦਲਦੇ ਮੌਸਮ ਵਿੱਚ ਪਸ਼ੂਆਂ ਦੀ ਸਾਂਭ-ਸੰਭਾਲ ਬਾਰੇ ਵੀ ਦੱਸਿਆ।



# ਰਿਮਟ ਹਸਪਤਾਲ 'ਚ ਮਰੀਜ਼ਾਂ ਦੀ ਸਹੂਲਤ ਲਈ ਮੁਫ਼ਤ ਮੈਡੀਕਲ ਕੈਂਪ ਭਲਕੇ

ਮੰਡੀ ਗੋਬਿੰਦਗੜ੍ਹ, 3 ਫਰਵਰੀ (ਸੂਦ): ਰਿਮਟ ਹਸਪਤਾਲ ਮੰਡੀ ਗੋਬਿੰਦਗੜ੍ਹ ਵਿੱਚ 5 ਫਰਵਰੀ ਨੂੰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਹਸਪਤਾਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਕੈਂਪ ਵਿਚ ਅੱਖਾਂ, ਕੰਨ, ਦਿਲ, ਹੱਡੀਆਂ ਤੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ। ਇਸ ਤੋਂ ਬਿਨਾਂ ਖ਼ੂਨ ਦੇ ਸਾਰੇ ਟੈਸਟ ਫਰੀ ਕੀਤੇ ਜਾਣਗੇ। ਪ੍ਰਬੰਧਕਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਅਲਟਰਾਸਾਊਂਡ, ਸੀਟੀ ਸਕੈਨ, ਈਸੀਜੀ, ਖ਼ੂਨ ਦੀ ਜਾਂਚ ਤੇ ਐਕਸਰੇ ਕਰਵਾਉਣ ਦੀ ਲੋੜ ਪਵੇ ਤਾਂ ਉਹ ਵੀ ਸਾਰੇ ਮੁਫ਼ਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਦਵਾਈਆਂ ਵੀ ਘੱਟ ਰੇਟ 'ਤੇ ਦਿੱਤੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਵਿਚ ਆਯੂਸ਼ਮਾਨ ਭਾਰਤ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਦੂਰਬੀਨ ਰਾਹੀਂ ਗੁਰਦੇ ਦੀ ਪੱਥਰੀ, ਦੂਰਬੀਨ ਰਾਹੀਂ ਗਦੂਦਾਂ, ਦੂਰਬੀਨ ਰਾਹੀਂ ਪਿਸ਼ਾਬ ਦੀ ਨਾਲੀ ਦੀ ਪੱਥਰੀ ਦਾ ਅਪਰੇਸ਼ਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਦੂਰਬੀਨ ਰਾਹੀਂ ਦਿਮਾਗ ਦੀ ਸਰਜਰੀ, ਦੂਰਬੀਨ ਰਾਹੀਂ ਰੀੜ ਦੀ ਹੱਡੀ ਦੀ ਸਰਜਰੀ ਅਤੇ ਨਵਜਾਤ ਬੱਚਿਆਂ ਦੀ ਦੇਖਭਾਲ ਆਦਿ ਦਾ ਵੀ ਪ੍ਰਬੰਧ ਹੈ।ਉਨ੍ਹਾਂ ਚੂਲੇ ਬਦਲਣ ਦਾ ਵੀ ਇਥੇ ਸਫ਼ਲ ਪ੍ਰਬੰਧ ਹੈ ਅਤੇ ਆਯੂਸ਼ਮਾਨ ਕਾਰਡ ਧਾਰਕਾਂ ਲਈ ਮੁਫ਼ਤ ਓਪੀਡੀ ਦਾ ਪ੍ਰਬੰਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹਸਪਤਾਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਿਮਟ ਮੈਡੀਕਲ ਕਾਲਜ ਅਤੇ ਹਸਪਤਾਲ ਵੱਲੋਂ ਲੋਕਾਂ ਨੂੰ ਪੂਰੀ ਬੌਡੀ ਦੇ ਟੈਸਟ ਕਰਵਾਉਣ ਦੀ ਵੀ ਸਹੂਲਤ ਦਿੱਤੀ ਗਈ ਹੈ।

# ਅਮਰੀਕਾ 'ਚ ਸੜਕ ਹਾਦਸੇ 'ਚ ਮਰੇ ਨੌਜਵਾਨ ਦਾ ਹੋਇਆ ਸਸਕਾਰ

ਭਿੱਖੀਵਿੰਡ, 3 ਫਰਵਰੀ (ਚ.ਨ.ਸ): ਇਥੋਂ ਥੋੜ੍ਹੀ ਦੂਰ ਕਸਬਾ ਖਾਲੜਾ ਦੇ ਨੌਜਵਾਨ ਦੀਪਕਰਨ ਸਿੰਘ, ਜਿਸ ਦੀ ਕੁਝ ਦਿਨ ਪਹਿਲਾਂ ਅਮਰੀਕਾ ਵਿੱਚ ਸੜਕ ਹਾਦਸੇ ਵਿੱਚ ਜਾਨ ਚਲੀ ਗਈ ਸੀ, ਦੀ ਦੇਹ ਉਸ ਦੇ ਜੱਦੀ ਪਿੰਡ ਪਹੁੰਚੀ।ਪਿਤਾ ਕੁਲਦੀਪ ਸਿੰਘ ਨੇ ਪੁੱਤਰ ਦੀ ਚਿਤਾ ਨੂੰ ਅਗਨ ਭੇਟ ਕੀਤਾ। ਦੀਪਕਰਨ ਦੀ ਮੌਤ ਨਾਲ ਜਿੱਥੇ ਪਰਿਵਾਰ ਸਦਮੇ ਵਿੱਚ ਹੈ, ਉਥੇ ਹੀ ਇਲਾਕੇ ਵਿੱਚ ਵੀ ਸੋਗ ਹੈ। ਮ੍ਰਿਤਕ ਦੇ ਪਿਤਾ ਕੁਲਦੀਪ ਸਿੰਘ ਅਤੇ ਚਾਚਾ ਗੁਰਜੀਤ ਸਿੰਘ ਨੇ ਦੱਸਿਆ ਕਿ ਅਮਰੀਕਾ 'ਚ ਸੜਕ ਹਾਦਸੇ ਦੌਰਾਨ ਉਨ੍ਹਾਂ ਦੇ ਪੁੱਤਰ ਦੀ ਮੌਤ ਹੋ ਗਈ ਸੀ।ਦੀਪਕਰਨ ਕਰੀਬ ਛੇ ਸਾਲ ਪਹਿਲਾਂ ਅਮਰੀਕਾ ਗਿਆ ਸੀ। 21 ਜਨਵਰੀ ਨੂੰ ਗੱਡੀ ਵਿੱਚ ਸਵਾਰ ਹੋ ਕੇ ਕੰਮ 'ਤੇ ਜਾਂਦੇ ਸਮੇਂ ਹਾਦਸਾ ਹੋ ਗਿਆ ਸੀ।ਪਿਤਾ ਨੇ ਦੱਸਿਆ ਕਿ ਉਸ ਨੇ ਜ਼ਮੀਨ ਵੇਚ ਕੇ ਤੇ ਰਿਸ਼ਤੇਦਾਰਾਂ ਤੋਂ ਪੈਸੇ ਫੜ ਕੇ ਪੁੱਤਰ ਨੂੰ ਵਿਦੇਸ਼ ਭੇਜਿਆ ਸੀ।ਵਿਦੇਸ਼ ਵਿੱਚ ਡਾਕਟਰਾਂ ਨੇ ਦੀਪਕਰਨ ਨੂੰ ਬਚਾਉਣ ਦੀ ਬਹੁਤ ਕੋਸ਼ਿਸ਼ ਕੀਤੀ ਪਰ ਬ੍ਰੇਨ ਡੈੱਡ ਹੋਣ ਕਾਰਨ ਉਸ ਦੀ ਮੌਤ ਹੋ ਗਈ।ਦੀਪਕਰਨ ਸਿੰਘ ਦੇ ਪਰਿਵਾਰ ਵਿੱਚ ਛੋਟਾ ਭਰਾ ਤੇ ਮਾਤਾ-ਪਿਤਾ ਹਨ।



# ਜ਼ਿਲ੍ਹੇ ਦੀਆਂ ਸਮੂਹ ਰੈਡ ਰਿਬਨ ਕਲੱਬਾਂ ਦੇ ਵੱਖ-ਵੱਖ ਮੁਕਾਬਲੇ ਕਰਵਾਏ

ਮੋਗਾ, 3 ਫਰਵਰੀ (ਗੁਰਦੇਵ ਖੁਰਾਣਾ/ਨਿਸ਼ੀ ਮਨਚੰਦਾ): ਡਾਇਰੈਕਟੋਰੇਟ ਯੁਵਕ ਸੇਵਾਵਾਂ ਵਿਭਾਗ ਪੰਜਾਬ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਤੇ ਪੰਜਾਬ ਏਡਜ਼ ਕੰਟਰੋਲ ਸੁਸਾਇਟੀ ਚੰਡੀਗੜ੍ਹ ਦੇ ਸਹਿਯੋਗ ਨਾਲ ਅੱਜ ਮਿਤੀ 22 ਜਨਵਰੀ ਨੂੰ ਦਵਿੰਦਰ ਸਿੰਘ ਲੋਟੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਮੋਗਾ ਦੀ ਅਗਵਾਈ ਹੇਠ ਡੀਐਮ ਕਾਲਜ ਆਫ ਐਜੂਕੇਸ਼ਨ ਮੋਗਾ ਵਿਖੇ ਜ਼ਿਲ੍ਹੇ ਦੀਆਂ ਸਮੂਹ ਰੈੱਡ ਰਿਬਨ ਕਲੱਬਾਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਜ਼ਿਲ੍ਹਾ ਮੋਗਾ ਦੇ 26 ਕਾਲਜਾਂ ਨੇ ਹਿੱਸਾ ਲਿਆ। ਅੱਜ ਪੋਸਟਰ ਬਣਾਉਣ, ਸਲੋਗਨ ਲਿਖਣ ਤੇ ਭਾਸ਼ਣ ਮੁਕਾਬਲੇ ਕਰਵਾਏ ਗਏ।ਇਹ ਮੁਕਾਬਲੇ ਐਚਆਈਵੀ/ ਏਡਜ਼, ਖੂਨਦਾਨ, ਟੀ.ਬੀ. ਬਾਰੇ ਜਾਗਰੂਕਤਾ ਤੇ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਵਿਸ਼ਿਆਂ 'ਤੇ ਕਰਵਾਏ ਗਏ।ਪ੍ਰੋਗਰਾਮ ਦੀ ਸ਼ੁਰੂਆਤ ਇੱਕ ਧਾਰਮਿਕ ਸ਼ਬਦ ਰਾਹੀਂ ਕੀਤੀ ਗਈ।ਭਾਸ਼ਣ ਮੁਕਾਬਲਿਆਂ ਦੀ ਜੱਜਮੈਂਟ ਮੇਜਰ ਪ੍ਰਦੀਪ ਕੁਮਾਰ ਤੇ ਡਾ. ਦੀਪਕ ਕੁਮਾਰ ਵੱਲੋਂ ਕੀਤੀ ਗਈ।ਪੋਸਟਰ ਬਣਾਉਣ ਤੇ ਸਲੋਗਨ ਲਿਖਣ ਮੁਕਾਬਲਿਆਂ ਦੀ ਜੱਜਮੈਂਟ ਦੀਪਕ ਸਿੰਘ ਵੱਲੋਂ ਕੀਤੀ ਗਈ।ਭਾਸ਼ਣ ਮੁਕਾਬਲੇ ਵਿੱਚ ਪਹਿਲਾ ਸਥਾਨ ਗੁਰੂ ਨਾਨਕ ਕਾਲਜ, ਮੋਗਾ ਨੇ ਦੂਜਾ ਸਥਾਨ ਡੀਐਮ ਕਾਲਜ ਆਫ ਐਜੂਕੇਸ਼ਨ ਮੋਗਾ ਨੇ ਤੇ ਤੀਜਾ ਸਥਾਨ ਐਸਡੀ ਕਾਲਜ ਫਾਰ ਵਿਮਨ ਮੋਗਾ ਨੇ ਪ੍ਰਾਪਤ ਕੀਤਾ।ਪੋਸਟਰ ਬਣਾਉਣ ਵਿੱਚ ਪਹਿਲਾ ਸਥਾਨ ਸੰਤ ਦਰਬਾਰਾ ਸਿੰਘ ਕਾਲਜ ਆਫ ਐਜੂਕੇਸ਼ਨ ਫਾਰ ਵਿਮਨ ਲੋਪੋਂ ਨੇ, ਦੂਜਾ ਸਥਾਨ ਸੰਤ ਬਾਬਾ ਭਾਗ ਸਿੰਘ ਮੈਮੋਰੀਅਲ ਗਰਲਜ਼ ਕਾਲਜ ਆਫ ਐਜੂਕੇਸ਼ਨ ਸੁਖਾਨੰਦ ਨੇ ਤੇ ਤੀਜਾ ਸਥਾਨ ਗੁਰੂ ਨਾਨਕ ਕਾਲਜ ਮੋਗਾ ਨੇ ਪ੍ਰਾਪਤ ਕੀਤਾ।ਮੁਕਾਬਲਿਆਂ ਦੀ ਜੱਜਮੈਂਟ ਲਈ ਆਏ ਹੋਏ ਸਾਰੇ ਜੱਜਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।



# ਚੋਣਾਂ ਨੂੰ ਮੁੱਖ ਰੱਖ ਕੇ ਬਲਾਕ ਪ੍ਰਧਾਨ ਜਗਵੀਰ ਸਲਾਣਾ ਦੀ ਪ੍ਰਧਾਨਗੀ ਹੇਠ ਕਾਂਗਰਸ ਦੀ ਮੀਟਿੰਗ



ਅਮਲੋਹ, 3 ਫਰਵਰੀ (ਜਸਵੰਤ ਸਿੰਘ): ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਦੇ ਅਮਲੋਹ ਦਫਤਰ ਵਿਖੇ ਬਲਾਕ ਕਾਂਗਰਸ ਕਮੇਟੀ ਅਮਲੋਹ ਦੀ ਮੀਟਿੰਗ ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਚਰਚਾ ਕੀਤੀ ਗਈ ਅਤੇ ਪਾਰਟੀ ਪ੍ਰੋਗਰਾਮਾਂ ਨੂੰ ਬੂਥ ਪੱਧਰ 'ਤੇ ਕਾਮਯਾਬ ਕਰਨ ਲਈ ਸੱਦਾ ਦਿੱਤਾ। ਇਸ ਮੌਕੇ ਬੂਥ ਪੱਧਰ ਦੀਆਂ ਕਮੇਟੀਆਂ ਨੂੰ ਪਾਰਟੀ ਨੀਤੀਆਂ ਨੂੰ ਲੈ ਕੇ ਮੀਟਿੰਗਾਂ ਕਰਕੇ ਘਰ-ਘਰ ਲੋਕਾਂ ਨਾਲ ਸੰਪਰਕ ਕਰਨ ਦੀ ਅਪੀਲ ਕੀਤੀ ਗਈ।ਮੀਟਿੰਗ ਵਿੱਚ ਐਡਵੋਕੇਟ ਯਾਦਵਿੰਦਰ ਪਾਲ ਸਿੰਘ, ਸ਼ਿਵ ਕੁਮਾਰ ਗਰਗ, ਰਾਕੇਸ਼ ਕੁਮਾਰ ਗੋਗੀ, ਹੈਪੀ ਸੂਦ, ਸਸ਼ੀ ਸ਼ਰਮਾ, ਪਰਮਜੀਤ ਭੱਦਲਥੂਹਾ, ਐਡਵੋਕੇਟ ਹਰਜਿੰਦਰ ਸਿੰਘ ਟਿੰਕਾ, ਭੂਸ਼ਣ ਸਰਮਾ, ਬਲਜੀਤ ਸਿੰਘ ਮਰਾਰੜੂ, ਗੁਰਮੀਤ ਸਿੰਘ ਟਿੱਬੀ, ਰਣਜੀਤ ਕੰਜਾਰੀ, ਬਿੱਟੂ ਬੁੱਗਾ, ਨਾਹਰ ਸਿੰਘ ਝੰਬਾਲਾ, ਬਲਵੀਰ ਮਿੰਟੂ, ਰਛਪਾਲ ਸਿੰਘ ਮੁੱਢੜੀਆਂ, ਜੋਗਿੰਦਰ ਸਿੰਘ ਮਛਰਾਏ, ਸੁਖਵਿੰਦਰ ਨੰਬਰਦਾਰ, ਜੱਗੀ ਵੜੈਚਾਂ, ਗੁਰਜੰਟ ਘੁੱਲੂ ਮਾਜਰਾ, ਸੁੱਖਾ ਖੁੰਮਣਾ, ਖਜ਼ਾਨਾ ਰਾਮ, ਵੀਰੂ ਰਾਮ, ਦਲਜੋਤ ਔਜਲਾ, ਪ੍ਰੀਤਮ ਸਿੰਘ ਬੈਣਾ, ਮਨਪ੍ਰੀਤ ਸਿੰਘ ਮਿੰਟਾ ਤੇ ਪ੍ਰਭਜੀਤ ਬੈਣਾ ਮੌਜੂਦ ਸਨ।

# ਮੰਤਰੀ ਮੁੰਡੀਆਂ ਨੇ ਧੁੱਸੀ ਬੰਨ੍ਹ ਦੇ ਨਿਰਮਾਣ ਕਾਰਜਾਂ ਦਾ ਕੀਤਾ ਉਦਘਾਟਨ



ਲੁਧਿਆਣਾ,3 ਫਰਵਰੀ (ਵਿਸ਼ਾਲ ਸ਼ਰਮਾ) : ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਅੱਜ ਸਸਰਾਲੀ ਕਲੋਨੀ ਵਿਖੇ, ਹੜ੍ਹਾਂ ਕਾਰਨ ਨੁਕਸਾਨੇ ਧੁੱਸੀ ਬੰਨ੍ਹ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਸੰਤ ਸਤਨਾਮ ਸਿੰਘ ਜੀ, ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ, ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਤੋਂ ਇਲਾਵਾ ਸਥਾਨਕ ਪਿੰਡਾਂ ਦੇ ਵਸਨੀਕ ਵੀ ਮੌਜੂਦ ਸਨ। ਕੈਬਨਿਟ ਮੰਤਰੀ ਮੁੰਡੀਆਂ ਨੇ ਸਤਲੁਜ ਦਰਿਆ ਦੇ ਨਾਲ ਲੱਗਦੇ ਪਿੰਡ ਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੁਗਾਉਣ ਲਈ ਜਾਣੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਬੀਤੇ ਬਰਸਾਤੀ ਮੌਸਮ ਦੌਰਾਨ ਜਦੋਂ ਸਾਰਾ ਪੰਜਾਬ ਹੜ੍ਹਾਂ ਦੀ ਮਾਰ ਝੱਲ ਰਿਹਾ ਸੀ ਤਾਂ ਸਸਰਾਲੀ ਕਲੋਨੀ ਦੇ ਵਸਨੀਕਾਂ ਨੇ ਵੀ ਬੇਹੱਦ ਔਕੜਾਂ ਦਾ ਸਾਹਮਣਾ ਕੀਤਾ ਸੀ। ਉਨ੍ਹਾਂ ਹੜ੍ਹ ਵਰਗੇ ਭਿਆਨਕ ਹਾਲਾਤਾਂ 'ਤੇ ਕਾਬੂ ਪਾਉਂਦਿਆਂ, ਸਥਾਨਕ ਵਸਨੀਕਾਂ ਨਾਲ ਵਾਅਦਾ ਕੀਤਾ ਸੀ ਕਿ ਸਸਰਾਲੀ ਵਿੱਚ ਧੁੱਸੀ ਬੰਨ੍ਹ ਨੂੰ ਹੋਰ ਮਜ਼ਬੂਤੀ ਨਾਲ ਤਿਆਰ ਕਰਵਾਇਆ ਜਾਵੇਗਾ, ਜਿਸ ਨੂੰ ਹੁਣ ਬੂਰ ਪਿਆ ਹੈ। ਕੈਬਨਿਟ ਮੰਤਰੀ ਹਰਦੀਪ ਸਿੰਘੁ ਮੁੰਡੀਆਂ ਨੇ ਕਿਹਾ ਇਸ ਪ੍ਰੋਜੈਕਟ ਤਹਿਤ ਕਰੀਬ 10.50 ਕਰੋੜ ਰੁਪਏ ਖਰਚ ਕੀਤੇ ਜਾਣਗੇ ਤਾਂ ਜੋ ਕਿਸਾਨ ਵੀਰਾਂ ਦੀ ਉਪਜਾਊ ਧਰਤੀ ਅਤੇ ਫਸਲਾਂ ਦਾ ਬਚਾਅ ਕੀਤਾ ਜਾ ਸਕੇ। ਇਸ ਮੌਕੇ ਕੈਬਨਿਟ ਮੰਤਰੀ ਵੱਲੋਂ ਜ਼ਿਲ੍ਹਾ ਪ੍ਰਸ਼ਾਸ਼ਨ, ਡਰੇਨੇਜ ਵਿਭਾਗ ਦੇ ਅਧਿਕਾਰੀਆਂ, ਭਾਰਤੀ ਫੌਜ ਦੇ ਜਵਾਨਾਂ, ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ (ਐਨ.ਡੀ.ਆਰ.ਐਫ) ਅਤੇ ਸਥਾਨਕ ਪਿੰਡ ਵਾਸੀਆਂ ਦੀ ਵੀ ਸ਼ਲਾਘਾ ਕੀਤੀ ਜਿਨ੍ਹਾਂ ਬੀਤੇ ਬਰਸਾਤੀ ਮੌਸਮ ਦੌਰਾਨ ਦਿਨ-ਰਾਤ ਚੱਟਾਨ ਵਾਂਗ ਖੜ੍ਹੇ ਹੋ ਕੇ ਹੜ੍ਹ ਵਰਗੇ ਹਾਲਾਤਾਂ ਤੋਂ ਪਾਰ ਪਾਇਆ ਸੀ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਇਹ ਯਕੀਨੀ ਬਣਾਉਣ ਲਈ ਵੀ ਨਿਰਦੇਸ਼ ਦਿੱਤੇ ਗਏ ਕਿ ਇਸ ਪ੍ਰੋਜੈਕਟ ਨੂੰ ਤੈਅ ਸਮਾਂ ਸੀਮਾਂ ਦੇ ਅੰਦਰ ਮੁਕੰਮਲ ਕਰ ਲਿਆ ਜਾਵੇ ਤਾਂ ਜੋ ਆਗਾਮੀ ਵਰਖਾ ਰੁੱਤ ਵਿੱਚ ਸਤਲੁਜ ਦਰਿਆ ਕੰਢੇ ਕਿਸਾਨਾਂ ਦੀਆਂ ਫਸਲਾਂ ਨੂੰ ਪਾਣੀ ਦੀ ਮਾਰ ਤੋਂ ਬਚਾਇਆ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਉਹ ਇਸ ਪ੍ਰੋਜੈਕਟ ਦੀ ਖੁੱਦ ਨੇੜਿਓਂ ਨਿਗਰਾਨੀ ਕਰਨਗੇ ਅਤੇ ਕਿਸੇ ਵੀ ਤਰ੍ਹਾਂ ਦੀ ਢਿੱਲ ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੁਹਰਾਇਆ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਪੰਜਾਬੀਆਂ ਦੀ ਹਰ ਬੁਨਿਆਦੀ ਲੋੜ ਦੀ ਪੂਰਤੀ ਲਈ ਵਚਨਬੱਧ ਹੈ।

# ਕੇਂਦਰੀ ਬਜਟ ਵਿੱਚ ਪੰਜਾਬ ਨੂੰ ਮਿਲਿਆ ਧੋਖਾ : ਨਿਧੀ ਗੁਪਤਾ



ਲੁਧਿਆਣਾ, 3 ਫਰਵਰੀ (ਵਿਸ਼ਾਲ ਸ਼ਰਮਾ): ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਪੇਸ਼ ਕੀਤੇ ਗਏ ਯੂਨੀਅਨ ਬਜਟ ਨੇ ਪੰਜਾਬ ਦੇ ਲੋਕਾਂ ਵਿੱਚ ਡੂੰਘੀ ਨਿਰਾਸ਼ਾ ਪੈਦਾ ਕਰ ਦਿੱਤੀ ਹੈ। ਆਮ ਆਦਮੀ ਪਾਰਟੀ ਦੀ ਲੁਧਿਆਣਾ ਸ਼ਹਿਰੀ ਦੀ ਸੈਕਟਰੀ ਅਤੇ ਵਾਰਡ 19 ਤੋਂ ਕੌਂਸਲਰ ਨਿਧੀ ਗੁਪਤਾ ਨੇ ਇਸ ਬਜਟ ਨੂੰ ਪੂਰੀ ਤਰ੍ਹਾਂ ਪੰਜਾਬ ਵਿਰੋਧੀ ਕਰਾਰ ਦਿੰਦਿਆਂ ਕਿਹਾ ਕਿ ਇਸ ਵਿੱਚ ਨਾ ਤਾਂ ਬਾਰਡਰ ਰਾਜ ਪੰਜਾਬ ਲਈ ਕੋਈ ਵਿਸ਼ੇਸ਼ ਆਰਥਿਕ ਪੈਕੇਜ ਦਾ ਐਲਾਨ ਹੈ ਅਤੇ ਨਾ ਹੀ ਰਾਜ ਦੀ ਇੰਡਸਟਰੀ ਨੂੰ ਕੋਈ ਰਾਹਤ ਦਿੱਤੀ ਗਈ ਹੈ।

ਉਨ੍ਹਾਂ ਨੇ ਯਾਦ ਕਰਵਾਇਆ ਕਿ ਪਿਛਲੇ ਸਾਲ ਪੰਜਾਬ ਨੂੰ ਭਿਆਨਕ ਬਾੜ੍ਹ ਦਾ ਸਾਹਮਣਾ ਕਰਨਾ ਪਿਆ ਸੀ, ਜਿਸ ਕਾਰਨ ਸ਼ਹਿਰੀ ਅਤੇ ਪੇਂਡੂ ਇਲਾਕਿਆਂ ਵਿੱਚ ਲੋਕਾਂ ਨੂੰ ਭਾਰੀ ਜਾਨ-ਮਾਲ ਦਾ ਨੁਕਸਾਨ ਹੋਇਆ। ਬਹੁਤ ਸਾਰੇ ਘਰ ਢੱਠ ਗਏ, ਪਸ਼ੂ ਮਰ ਗਏ ਅਤੇ ਲੋਕਾਂ ਨੂੰ ਵੱਡੀ ਤਬਾਹੀ ਦਾ ਸਾਹਮਣਾ ਕਰਨਾ ਪਿਆ। ਇਸ ਨੁਕਸਾਨ ਦੀ ਭਰਪਾਈ ਅਤੇ ਪ੍ਰਭਾਵਿਤ ਲੋਕਾਂ ਦੇ ਪੁਨਰਵਾਸ ਲਈ ਰਾਜ ਸਰਕਾਰ ਨੇ ਕੇਂਦਰ ਸਰਕਾਰ ਕੋਲੋਂ ਵਿਸ਼ੇਸ਼ ਆਰਥਿਕ ਪੈਕੇਜ ਦੀ ਮੰਗ ਕੀਤੀ ਸੀ, ਪਰ ਮੋਦੀ ਸਰਕਾਰ ਨੇ ਇਸ ਮੰਗ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਦਿੱਤਾ ਅਤੇ ਪੰਜਾਬ ਨੂੰ ਬੇਇੱਜ਼ਤ ਕੀਤਾ। ਨਿਧੀ ਗੁਪਤਾ ਨੇ ਅੱਗੇ ਕਿਹਾ ਕਿ ਰਾਜ ਦੀ ਐਮ.ਐਸ.ਐਮ.ਈ ਇੰਡਸਟਰੀ, ਜੋ ਮੰਦੀ ਦੀ ਮਾਰ ਝੱਲ ਰਹੀ ਹੈ, ਨੂੰ ਵੀ ਬਜਟ ਵਿੱਚ ਕੋਈ ਰਾਹਤ ਨਹੀਂ ਮਿਲੀ। ਉਦਯੋਗ ਨੇ ਕੇਂਦਰ ਨੂੰ ਪੱਤਰ ਲਿਖ ਕੇ GST ਰਿਫੰਡ ਨੂੰ ਸਮੇਂ ਸਿਰ ਦੇਣ ਲਈ ਵਿਸ਼ੇਸ਼ ਪ੍ਰਬੰਧ ਅਤੇ ਅਮਰੀਕਾ ਵੱਲੋਂ ਲਗਾਏ ਵਾਧੂ ਟੈਰਿਫ਼ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ ਟੈਕਸ ਵਿੱਚ ਛੋਟ ਦੀ ਮੰਗ ਕੀਤੀ ਸੀ, ਪਰ ਇਨ੍ਹਾਂ ਮੰਗਾਂ ਤੇ ਵੀ ਕੋਈ ਧਿਆਨ ਨਹੀਂ ਦਿੱਤਾ ਗਿਆ। ਇਸ ਕਾਰਨ ਉਨ੍ਹਾਂ ਨੇ ਇਸ ਬਜਟ ਨੂੰ ਪੂਰੀ ਤਰ੍ਹਾਂ ਫੇਲ੍ਹ ਅਤੇ ਪੰਜਾਬ ਵਿਰੋਧੀ ਦੱਸਿਆ। ਇਸ ਪੱਖਪਾਤ ਕਾਰਨ ਪਾਰਟੀ ਦੀ ਲੋਕਪ੍ਰਿਅਤਾ ਘਟਣੀ ਨਹੀਂ, ਸਗੋਂ ਵਧੇਗੀ। ਉਨ੍ਹਾਂ ਐਲਾਨ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਪਾਰਟੀ ਕੇਂਦਰ ਸਰਕਾਰ ਦੇ ਵਿਰੋਧ ਵਿੱਚ ਪ੍ਰੋਗਰਾਮ ਬਣਾਏਗੀ ਤਾਂ ਜੋ ਰਾਜ ਦੇ ਹਿਤਾਂ ਦੀ ਰਾਖੀ ਕੀਤੀ ਜਾ ਸਕੇ ਅਤੇ ਲੋਕਾਂ ਦੀਆਂ ਆਵਾਜ਼ਾਂ ਨੂੰ ਬੁਲੰਦ ਕੀਤਾ ਜਾ ਸਕੇ।

# ਸ਼੍ਰੋਮਣੀ ਅਕਾਲੀ ਦਲ ਵੱਲੋਂ 'ਮੈਨੂੰ ਮਾਣ ਅਕਾਲੀ ਹੋਣ ਦਾ' ਲਹਿਰ ਦਾ ਰਸਮੀ ਆਗਾਜ਼

## ਪਾਰਟੀ ਵਰਕਰ ਸੰਗਠਨ ਰੂਪ 'ਚ ਕੰਮ ਕਰਨ : ਕਲੇਰ



ਜਗਰਾਉ 3 ਫਰਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) -ਅੱਜ ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪਾਰਟੀ ਵਰਕਰਾਂ ਨੂੰ ਪ੍ਰਚਾਰ ਮੁਹਿੰਮ ਤੇਜ ਕਰਨ ਅਤੇ ਪਾਰਟੀ ਦੀ ਮਜਬੂਤੀ ਲਈ ਕੰਮ ਕਰਨ ਲਈ ਹੋਈ ਇਕ ਬੈਠਕ ਦੌਰਾਨ ਹਲਕਾ ਇੰਚਾਰਜ ਅਤੇ ਕੋਰ ਕਮੇਟੀ ਮੈਂਬਰ ਐੱਸ ਆਰ ਕਲੇਰ ਨੇ ਪਾਰਟੀ ਵਰਕਰਾਂ ਸੰਗਠਨ ਰੂਪ @ਚ ਕੰਮ ਕਰਨ ਦਾ ਸੱਦਾ ਦਿੱਤਾ।ਸ੍ਰੀ ਕਲੇਰ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਪੰਥ,ਪੰਜਾਬ ਤੇ ਪੰਜਾਬੀਆਂ ਦੀ ਆਪਣੀ ਖੇਤਰੀ ਪਾਰਟੀ ਹੈ ਜਿਸਨੇ ਹਮੇਸ਼ਾਂ ਹੀ ਪੰਜਾਬ ਦੇ ਹੱਕਾਂ ਦੀ ਲੜਾਈ ਲੜੀ ਹੈ। ਸ੍ਰੀ ਕਲੇਰ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਨਿਆਰੇ ਤੇ ਸ਼ਾਨਾਮੱਤੇ ਇਤਿਹਾਸ ਅਤੇ ਵਿਰਸੇ ਉਤੇ ਹਰ ਪੰਜਾਬੀ ਮਾਣ ਕਰਦਾ ਆਇਆ ਹੈ, ਕਰਦਾ ਹੈ ਤੇ ਹਮੇਸ਼ਾ ਕਰਦਾ ਰਹੇਗਾ। ਇਸ ਮੌਕੇ ਉਨ੍ਹਾਂ 'ਪਰਾਊਡ ਟੂ ਬੀ ਅਕਾਲੀ' ਲਹਿਰ ਦਾ ਆਗਾਜ਼ ਲਹਿਰ ਦਾ ਅਗਾਜ਼ ਕਰਦਿਆਂ ਆਖਿਆ ਕਿ ਇਹ ਲਹਿਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਚਾਰ ਅਤੇ ਪਾਸਾਰ ਲਈ ਅਹਿਮ ਰੋਲ ਅਦਾ ਕਰੇਗੀ। ਇਸ ਮੌਕੇ ਪਾਰਟੀ ਵਰਕਰਾਂ ਦੇ ਨਿੱਜੀ ਵਾਹਨਾਂ 'ਤੇ ਮੈਨੂੰ ਮਾਣ ਅਕਾਲੀ ਹੋਣ 'ਦਾ '(Proud To Be Akali) ਦੇ ਸਟਿੱਕਰ ਲਾ ਕੇ ਇਸ ਲਹਿਰ ਦੀ ਸ਼ੁਰੂਆਤ ਕੀਤੀ। ਇਸ ਮੌਕੇ ਵਾਰਟੀ ਵਰਕਰਾਂ ਵਲੋਂ ਇਸ ਮੁਹਿੰਮ ਨੂੰ ਹਲਕੇ ਦੇ ਸ਼ਹਿਰ, ਪਿੰਡ, ਮੁਹੱਲੇ ਤੇ ਘਰ-ਘਰ ਤੱਕ ਲਿਜਾਣ ਦਾ ਸੰਕਲਪ ਦ੍ਰਿੜ ਕੀਤਾ । ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ , ਸਰਕਲ ਪ੍ਰਧਾਨ ਸ਼ਿਵਰਾਜ ਸਿੰਘ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਨੰਬਰਦਾਰ ਸਤਨਾਮ ਸਿੰਘ ਬੱਸੂਵਾਲ, ਆਈ ਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਐਸ ਸੀ ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ਼ ਕੁਲਾਰਾਂ, ਸਾਬਕਾ ਸਰਪੰਚ ਸਰਪੰਚ ਸੁਰਿੰਦਰ ਸਿੰਘ ਪਰਜੀਆ ਬਿਹਾਰੀਪੁਰ, ਯੂਥ ਆਗੂ ਗੁਰਮੁੱਖ ਸਿੰਘ ਬੱਸੂਵਾਲ, ਆਗੂ ਮਨਦੀਪ ਸਿੰਘ ਭੰਮੀਪੁਰਾ, ਜਸਵੰਤ ਸਿੰਘ ਪੱਤੀ ਮੁਲਤਾਨੀ, ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਸਿੰਘ ਬਿੱਟੂ ਲੰਮੇ, ਸਰਪੰਚ ਪਰਮਿੰਦਰ ਸਿੰਘ ਕੋਠੇ ਫਤਿਹਦੀਨ, ਪ੍ਰਧਾਨ ਜਸਵੰਤ ਸਿੰਘ ਕੋਠੇ ਖੰਜੂਰਾਂ, ਬਲਵੰਤ ਸਿੰਘ ਬਾਦਲ ਹਠੂਰ, ਪ੍ਰਧਾਨ ਪਰਮਿੰਦਰ ਸਿੰਘ ਕੰਬੋ, ਪ੍ਰਧਾਨ ਸੁਖਮੰਦਰ ਸਿੰਘ ਮਾਣੂੰਕੇ, ਸਾਬਕਾ ਪੰਚ ਸਾਧੂ ਸਿੰਘ ਮਾਣੂੰਕੇ, ਸੱਤੀ ਗਗੜਾ ਤੇ ਹੋਰ ਹਾਜ਼ਰ।

# ਮਜੀਠੀਆ ਦੀ ਰਿਹਾਈ ਸੱਚ, ਸਬਰ ਅਤੇ ਇਨਸਾਫ਼ ਦੀ ਜਿੱਤ : ਸੋਖੀ



ਲੁਧਿਆਣਾ, 3 ਫਰਵਰੀ (ਰਵਿੰਦਰ ਸਿੰਘ ਨਿੱਝਰ): ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਰਿਹਾਈ ਦੇ ਉੱਪਰ ਖੁਸ਼ੀ ਜਾਹਰ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਪੰਜਾਬ ਅਤੇ ਹਲਕਾ ਆਤਮ ਨਗਰ ਦੇ ਇੰਚਾਰਜ ਜਗਬੀਰ ਸਿੰਘ ਸੋਖੀ ਨੇ ਕਿਹਾ ਕਿ ਉਹਨਾਂ ਦੀ ਰਿਹਾਈ ਦੇ ਨਾਲ ਸਮੁੱਚੇ ਅਕਾਲੀ ਦਲ ਅਤੇ ਪੰਜਾਬ ਹਿਤੈਸ਼ੀਆਂ ਦੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਸੋਖੀ ਨੇ ਇਸ ਰਿਹਾਈ ਨੂੰ ਸੱਚ, ਸਬਰ ਅਤੇ ਇਨਸਾਫ ਦੀ ਜਿੱਤ ਕਰਾਰ ਦਿੰਦਿਆਂ ਕਿਹਾ ਕਿ ਮਜੀਠੀਆ ਨੂੰ ਰਾਜਨੀਤਿਕ ਬਦਲੇ ਦੀ ਨੀਅਤ ਨਾਲ ਫਸਾਇਆ ਗਿਆ ਸੀ, ਪਰ ਅੰਤ ਵਿੱਚ ਕਾਨੂੰਨ ਅਤੇ ਨਿਆਂਪਾਲਿਕਾ ਨੇ ਨਿਰਪੱਖਤਾ ਨਾਲ ਆਪਣਾ ਕੰਮ ਕੀਤਾ ਹੈ। ਜਦਕਿ ਆਪ ਸਰਕਾਰ ਨੇ ਬਿਨਾਂ ਢੁੱਕਵੇਂ ਸਬੂਤਾਂ ਦੇ ਕੇਸ ਬਣਾਕੇ ਵਿਰੋਧੀ ਆਵਾਜ਼ਾਂ ਨੂੰ ਦਇਹ ਰਿਹਾਈ ਸਰਕਾਰ ਦੀ ਤਾਨਾਸ਼ਾਹੀ ਸੋਚ ਅਤੇ ਰਾਜਨੀਤਿਕ ਵੈਰ-ਵਿਰੋਧ ਦੀ ਨੀਤੀ 'ਤੇ ਕਰਾਰਾ ਝਟਕਾ ਹੈ। ਉਨਾ ਕਿਹਾ ਕਿ ਇਸ ਫੈਸਲੇ ਤੋਂ ਇਹ ਵੀ ਸਾਬਤ ਹੁੰਦਾ ਹੈ ਕਿ ਝੂਠ ਦੇ ਆਧਾਰ 'ਤੇ ਬਣਾਏ ਕੇਸ ਲੰਮਾ ਸਮਾਂ ਨਹੀਂ ਟਿਕਦੇ। ਇਸ ਮੌਕੇ ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਰਾਜਨੀਤਿਕ ਬਦਲੇ ਦੀ ਭਾਵਨਾ ਛੱਡ ਕੇ ਪੰਜਾਬ ਦੇ ਅਸਲ ਮੁੱਦਿਆਂ ਕਿਸਾਨਾਂ, ਵਪਾਰੀਆਂ ਦੀਆਂ ਮੁਸ਼ਕਿਲਾਂ, ਆਰਥਿਕ ਤੰਗੀ, ਬੇਰੁਜ਼ਗਾਰੀ, ਨਸ਼ਿਆਂ ਦੀ ਸਮੱਸਿਆ ਅਤੇ ਕਾਨੂੰਨ-ਵਿਵਸਥਾ ਵੱਲ ਧਿਆਨ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਬਿਕਰਮ ਮਜੀਠੀਆ ਦੀ ਰਿਹਾਈ ਨਾਲ ਅਕਾਲੀ ਦਲ ਹੋਰ ਮਜ਼ਬੂਤ ਹੋਇਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਅਕਾਲੀ ਦਲ ਲੋਕਾਂ ਦੇ ਭਰੋਸੇ ਨਾਲ ਸਰਕਾਰ ਦੀਆਂ ਨਾਕਾਮੀਆਂ ਨੂੰ ਬੇਨਕਾਬ ਕਰੇਗਾ।

# ਭਗਤ ਰਵਿਦਾਸ ਜੀ ਦੇ ਜਨਮ ਦਿਵਸ ਮੌਕੇ ਨਗਰ ਕੀਰਤਨ ਸਜਾਇਆ



ਲੁਧਿਆਣਾ 3 ਫਰਵਰੀ (ਰਵਿੰਦਰ ਸਿੰਘ ਨਿੱਝਰ) : ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਉੱਤੇ ਪਿੰਡ ਮੁੰਡੀਆਂ ਕਲ੍ਹਾਂ ਦੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛੱਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਕੱਢਿਆ ਗਿਆ। ਜੋ ਵੱਖ ਵੱਖ ਥਾਵਾਂ ਤੋਂ ਹੁੰਦਾ ਹੋਇਆ ਜਦੋਂ ਨਿਊ ਸੁੰਦਰ ਨਗਰ ਪੁੱਜਾ ਤਾਂ ਮਹਿਦੂਦਾਂ ਪਰਿਵਾਰ) ਵੱਲੋਂ ਉਸਦਾ ਭਰਵਾਂ ਸਵਾਗਤ ਕੀਤਾ ਗਿਆ। ਪੰਜ ਪਿਆਰਿਆਂ, ਗੁਰੂ ਘਰ ਦੇ ਵਜੀਰ ਸਮੇਤ ਹੋਰਨਾਂ ਮੋਹਤਬਰਾਂ ਨੂੰ ਮੈਨੇਜਿੰਗ ਡਾਇਰੈਕਟਰ ਗੁਰਿੰਦਰ ਕੌਰ ਮਹਿਦੂਦਾਂ, ਬਾਮਸੇਫ ਆਗੂ ਗੁਰਪ੍ਰੀਤ ਸਿੰਘ ਮਹਿਦੂਦਾਂ, ਲੇਖਕ ਹਰਸ਼ਦੀਪ ਸਿੰਘ ਮਹਿਦੂਦਾਂ, ਸ੍ਰੀ ਗੁਰੂ ਰਵਿਦਾਸ ਜੀ ਵਿਸ਼ਵ ਗਿਆਨਪੀਠ ਦੇ ਸੂਬਾ ਮੀਤ ਪ੍ਰਧਾਨ ਕਮਾਂਡਰ ਬਲਬੀਰ ਸਿੰਘ ਸਾਂਪਲਾ, ਬਲਜੀਤ ਸਿੰਘ ਬੱਲੀ, ਅਮਨਦੀਪ ਸਿੰਘ, ਜਗਜੀਤ ਸਿੰਘ ਜੱਗਾ ਅਤੇ ਸਵ ਲਾਲਜੀ ਪ੍ਰਤਾਪ ਗੌਤਮ ਦੀ ਪਤਨੀ ਲੀਲਾਵਤੀ ਵੱਲੋਂ ਸਿਰੋਪਾਓ ਭੇਟ ਕਰਦਿਆਂ ਸਨਮਾਨਿਤ ਕੀਤਾ ਗਿਆ। ਪਰਿਵਾਰ ਵੱਲੋਂ ਸੰਗਤ ਲਈ ਕੇਲਿਆਂ ਦਾ ਲੰਗਰ ਲਗਾਇਆ ਗਿਆ। ਗੁਰਦੁਆਰਾ ਕਮੇਟੀ ਵੱਲੋਂ ਗੁਰਿੰਦਰ ਕੌਰ ਮਹਿਦੂਦਾਂ ਨੂੰ ਸਨਮਾਨਿਤ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਤੇ ਚੱਲਣ ਦੀ ਬਜਾਏ ਸਾਡੇ ਲੀਡਰਾਂ ਨੇ ਅਪਣੇ ਘਰ ਭਰ ਲਏ। ਅਜਿਹੇ ਸਿਆਸਤਦਾਨਾਂ ਨੂੰ ਸਿਆਸੀ ਮੌਤ ਦੇ ਕੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਸਿਧਾਂਤਾ ਉੱਤੇ ਪਹਿਰਾ ਦੇਣ ਵਾਲੇ ਲੋਕਾਂ ਨੂੰ ਹੀ ਦੇਸ਼ ਅਤੇ ਸੂਬੇ ਦੀ ਸੱਤਾ ਸੰਭਾਲਣ ਦਾ ਸਕੰਲਪ ਹੀ ਗੁਰੂ ਰਵਿਦਾਸ ਜੀ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਇਸ ਮੌਕੇ ਸੁਖਬੀਰ ਸਿੰਘ, ਤਰਸੇਮ ਸਿੰਘ, ਗੁਰਚਰਨ ਸਿੰਘ, ਤੇਜਿੰਦਰ ਸਿੰਘ, ਰੋਬਨ ਸਿੰਘ, ਰਿੰਕੂ ਸਿੰਘ, ਕਿਰਨਦੀਪ ਕੌਰ ਨਾਫਰੇ ਅਤੇ ਹੋਰ ਹਾਜਰ ਸਨ।

# ਡੀ.ਸੀ. ਦੀ ਅਗਵਾਈ ਹੇਠ ਆਤਮਾ ਗਵਰਨਿੰਗ ਬੋਰਡ ਦੀ ਮੀਟਿੰਗ



ਲੁਧਿਆਣਾ, 3 ਫਰਵਰੀ (ਵਿਸ਼ਾਲ ਸ਼ਰਮਾ) : ਆਤਮਾ ਸਕੀਮ (ਕ੍ਰਿਸ਼ਨਾਤੀ ਯੋਜਨਾ), ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ, ਜਿਲ੍ਹਾ ਲੁਧਿਆਣਾ ਦਾ ਸਾਲ 2026-27 ਲਈ ਜਿਲ੍ਹਾ ਐਕਸ਼ਨ ਪਲਾਨ (ਡੀ.ਏ.ਪੀ) ਪਾਸ ਕਰਨ ਹਿੱਤ ਆਤਮਾ ਗਵਰਨਿੰਗ ਬੋਰਡ ਅਤੇ ਆਤਮਾ ਮੈਨੇਜਮੈਂਟ ਕਮੇਟੀ ਦੀ ਸਾਂਝੀ ਮੀਟਿੰਗ ਮੰਗਲਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਆਤਮਾ ਗਵਰਨਿੰਗ ਬੋਰਡ, ਜਿਲ੍ਹਾ ਲੁਧਿਆਣਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਦੌਰਾਨ ਜਸਪ੍ਰੀਤ ਸਿੰਘ ਖੇੜਾ, ਪ੍ਰੋਜੈਕਟ ਡਾਇਰੈਕਟਰ (ਆਤਮਾ)-ਕਮ-ਮੈਂਬਰ ਸਕੱਤਰ, ਆਤਮਾ ਗਵਰਨਿੰਗ ਬੋਰਡ, ਲੁਧਿਆਣਾ ਵੱਲੋਂ ਸਾਲ 2026-27 ਦੌਰਾਨ ਖੇਤੀਬਾੜੀ ਅਤੇ ਸਹਿਯੋਗੀ ਵਿਭਾਗਾਂ ਦੁਆਰਾ ਆਤਮਾ ਸਕੀਮ ਦੀਆਂ ਨਵੀਆਂ (2025) ਗਾਈਡਲਾਈਨਜ਼ ਦੇ ਮੱਦੇ ਨਜ਼ਰ, ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਜਿਸ ਵਿੱਚ ਕਿਸਾਨਾਂ ਦੇ ਰਾਜ ਤੋਂ ਬਾਹਰ, ਰਾਜ ਦੇ ਅੰਦਰ ਅਤੇ ਜਿਲ੍ਹੇ ਦੇ ਅੰਦਰ ਟ੍ਰੇਨਿੰਗਾਂ ਅਤੇ ਪ੍ਰਭਾਵੀ ਦੌਰੇ, ਪ੍ਰਦਰਸ਼ਨੀਆਂ, ਨਵੇਂ ਸਵੈ-ਸਹਾਇਤਾ ਸਮੂਹ ਅਤੇ ਖੁਰਾਕ ਸੁਰੱਖਿਆ ਸਮੂਹ ਬਣਾਉਣ, ਕਿਸਾਨ ਅਵਾਰਡ, ਕਿਸਾਨ ਮੇਲੇ, ਫਾਰਮ ਸਕੂਲ ਲਗਾਉਣ ਆਦਿ ਸ਼ਾਮਿਲ ਹਨ ਦੀ ਤਜਵੀਜ਼ ਬਾਰੇ ਸਮੂਹ ਹਾਊਸ ਨੂੰ ਜਾਣੂੰ ਕਰਵਾਇਆ ਗਿਆ।

# ਪੁਲਿਸ ਕਮਿਸ਼ਨਰ ਨੇ ਸਰਾਭਾ ਨਗਰ ਐਸ.ਐਚ.ਓ ਨੂੰ ਕੀਤਾ ਮੁਅੱਤਲ



ਲੁਧਿਆਣਾ, 3 ਫਰਵਰੀ (ਵਿਸ਼ਾਲ ਸ਼ਰਮਾ) : ਲੁਧਿਆਣਾ ਦੇ ਪੁਲਿਸ ਕਮਿਸ਼ਨਰ ਨੇ ਸਰਾਭਾ ਨਗਰ ਪੁਲਿਸ ਸਟੇਸ਼ਨ ਵਿਚ ਤਾਇਨਾਤ ਐਸ.ਐਚ.ਓ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ। ਸਟੇਸ਼ਨ ਹਾਊਸ ਅਫਸਰ (SHO) ਦੀ ਪਛਾਣ ਆਦਿਤਿਆ ਸ਼ਰਮਾ ਵਜੋਂ ਹੋਈ ਹੈ, ਜੋ ਕਿ ਸਰਾਭਾ ਨਗਰ ਪੁਲਿਸ ਸਟੇਸ਼ਨ ਵਿੱਚ ਤਾਇਨਾਤ ਸੀ। ਰਿਪੋਰਟਾਂ ਅਨੁਸਾਰ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਇਹ ਕਾਰਵਾਈ ਐਸ.ਐਚ.ਓ ਦੀ ਡਿਊਟੀ ਵਿੱਚ ਲਾਪਰਵਾਹੀ ਅਤੇ ਸੀਨੀਅਰ ਅਧਿਕਾਰੀਆਂ ਪ੍ਰਤੀ ਅਪਮਾਨਜਨਕ ਵਿਵਹਾਰ ਕਾਰਨ ਕੀਤੀ ਹੈ। ਇੰਸਪੈਕਟਰ ਆਦਿਤਿਆ ਸ਼ਰਮਾ ਨੂੰ ਇੱਕ ਵਿਸ਼ੇਸ਼ ਸਿਖਲਾਈ ਸੈਸ਼ਨ ਲਈ ਫਿਲੌਰ ਜਾਣਾ ਸੀ। ਸਰਕਾਰੀ ਆਦੇਸ਼ਾਂ ਦੇ ਬਾਵਜੂਦ, ਉਹ ਸਿਖਲਾਈ ਵਿੱਚ ਸ਼ਾਮਲ ਨਹੀਂ ਹੋਇਆ। ਉਸਨੇ ਕੁਝ ਸੀਨੀਅਰ ਅਧਿਕਾਰੀਆਂ ਨਾਲ ਵੀ ਕਥਿਤ ਤੌਰ ਤੇ ਦੁਰਵਿਵਹਾਰ ਵੀ ਕੀਤਾ। ਨਤੀਜੇ ਵਜੋਂ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਕਾਰਵਾਈ ਕੀਤੀ ਅਤੇ ਸਟੇਸ਼ਨ ਹਾਊਸ ਅਫ਼ਸਰ (SHO) ਨੂੰ ਮੁਅੱਤਲ ਕਰ ਦਿੱਤਾ।

# ਐਕਸੀਅਨ ਦਫ਼ਤਰ ਜਗਰਾਉਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ 7 ਫਰਵਰੀ ਤੋਂ



ਜਗਰਾਓਂ, 3 ਫਰਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਬਿਜਲੀ ਮੁਲਾਜ਼ਮਾਂ, ਅਧਿਕਾਰੀਆਂ ਅਤੇ ਪੈਨਸਨਰਜ਼ ਵਲੋਂ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ 7, 8, ਅਤੇ 9 ਫਰਵਰੀ ਨੂੰ ਐਕਸੀਅਨ ਦਫਤਰ ਜਗਰਾਉਂ ਵਿਖੇ ਪ੍ਰਕਾਸ਼ ਕਰਵਾਏ ਜਾ ਰਹੇ ਹਨ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸੁਖਮਿੰਦਰ ਸਿੰਘ ਵਜਾਨੀਆਂ ਸਟੈਨੋ ਨੇ ਦੱਸਿਆ ਕਿ 7 ਤੋਂ 9 ਫਰਵਰੀ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇਲਾਹੀ ਬਾਣੀ ਦਾ ਪ੍ਰਵਾਹ ਹੋਏਗਾ ਅਤੇ 09 ਫਰਵਰੀ ਨੂੰ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਦਰਬਾਰ ਹੋਏਗਾ। ਉਹਨਾਂ ਸਮੂਹ ਬਿਜਲੀ ਮੁਲਾਜ਼ਮਾਂ ਅਤੇ ਸੰਗਤਾਂ ਨੂੰ ਇਹਨਾਂ ਧਾਰਮਿਕ ਸਮਾਗਮਾਂ ਵਿੱਚ ਵੱਧ ਚੜ ਕੇ ਸ਼ਾਮਿਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਐਕਸੀਅਨ ਗੁਰਪ੍ਰੀਤਮਹਿੰਦਰ ਸਿੰਘ ਸਿੱਧੂ, ਇੰਜ:ਗੁਰਪ੍ਰੀਤ ਸਿੰਘ ਕੰਗ, ਇੰਜ:ਗੁਰਪ੍ਰੀਤ ਸਿੰਘ ਮੱਲੀ, ਜੋਗਿੰਦਰ ਸਿੰਘ ਚੀਮਨਾਂ, ਨਛੱਤਰ ਸਿੰਘ ਚਚਰਾੜੀ, ਬਲਦੇਵ ਸਿੰਘ ਪ੍ਰਧਾਨ, ਮੇਹਰ ਸਿੰਘ ਮਲਕ, ਜਗਤਾਰ ਸਿੰਘ ਮਲਕ, ਬਲਵੰਤ ਸਿੰਘ ਲੋਹਟ, ਹਰਚੰਦ ਸਿੰਘ ਬੱਸੀਆਂ, ਕੁਲਵੰਤ ਸਿੰਘ ਪ੍ਰਧਾਨ, ਬੂਟਾ ਸਿੰਘ ਮਲਕ, ਅਜਮੇਰ ਸਿੰਘ ਕਲੇਰ, ਮਨਜੀਤ ਸਿੰਘ ਸਵੱਦੀ, ਬਲਜੀਤ ਸਿੰਘ ਜੇਈ, ਜਗਦੀਸ਼ ਸਿੰਘ ਲੱਖਾ, ਅਵਤਾਰ ਸਿੰਘ ਕਲੇਰ, ਪਰਮਜੀਤ ਸਿੰਘ ਚੀਮਾਂ, ਭੁਪਿੰਦਰ ਸਿੰਘ ਸੇਖੋਂ, ਕੁਲਦੀਪ ਸਿੰਘ ਮਲਕ, ਗੁਰਿੰਦਰ ਸਿੰਘ ਡਾਂਗੀਆ, ਅਲੋਕ ਕੁਮਾਰ, ਜਸਪਾਲ ਸਿੰਘ ਸਿੱਧਵਾਂ ਬੇਟ, ਬਲਜੀਤ ਸਿੰਘ ਭੱਟੀ, ਮਨੀਸ਼ ਕੁਮਾਰ ਜੇਈ, ਸੁਖਦੇਵ ਗਰਗ, ਅਮ੍ਰਿਤਪਾਲ ਸਿੰਘ ਢੋਲਣ, ਦਿਵਾਸ਼ੂ ਗਰਗ, ਮਨਦੀਪ ਸਿੰਘ, ਸਤਿੰਦਰ ਸਿੰਘ, ਸੰਦੀਪ ਕੁਮਾਰ, ਦਲਜੀਤ ਸਿੰਘ ਜੇਈ, ਮਨਪ੍ਰੀਤ ਸਿੰਘ ਜੇਈ, ਹਰਦੀਪ ਸਿੰਘ ਢੋਲਣ ਆਦਿ ਵੀ ਹਾਜ਼ਰ ਸਨ।

# ਬਲਬੀਰ ਕਲਸੀ ਨੇ ਆਪਣੇ ਵਿਆਹ ਦੀ 50ਵੀਂ ਵਰ੍ਹੇਗੰਢ ਮਨਾਈ



ਲੁਧਿਆਣਾ 3 ਫਰਵਰੀ (ਰਵਿੰਦਰ ਸਿੰਘ ਨਿੱਝਰ): ਵਿਸ਼ਵਕਰਮਾ ਨਿਸ਼ਕਾਮ ਸੇਵਾ ਟਰੱਸਟ ਦੇ ਪ੍ਰਧਾਨ ਤੇ ਉੱਘੇ ਸਮਾਜ ਸੇਵਕ ਬਲਬੀਰ ਸਿੰਘ ਕਲਸੀ ਅਤੇ ਉਹਨਾਂ ਦੀ ਧਰਮ ਪਤਨੀ ਹਰਪਾਲ ਕੌਰ ਕਲਸੀ ਨੇ ਆਪਣੇ ਵਿਆਹ ਦੀ 50ਵੀਂ ਵਰ੍ਹੇਗੰਢ ਮਨਾਈ। ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਰਾਗੀ ਸਿੰਘਾਂ ਨੇ ਕੀਰਤਨ ਕੀਤਾ। ਬਾਅਦ ਵਿੱਚ ਪਰਿਵਾਰਿਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਸੁਨੇਹੀਆਂ ਨੇ ਰਲ ਕੇ ਕੇਕ ਕੱਟਣ ਦੀ ਰਸਮ ਅਦਾ ਕੀਤੀ। ਆਏ ਹੋਏ ਸੱਜਣਾਂ ਨੇ ਨੱਚ ਗਾ ਕੇ ਖੁਸ਼ੀਆਂ ਮਨਾਈਆਂ ਅਤੇ ਕਲਸੀ ਜੋੜੀ ਨੂੰ ਵਿਆਹ ਦੀ ਇਸ ਵਰ੍ਹੇਗੰਢ ਤੇ ਵਧਾਈਆਂ ਦਿੰਦਿਆਂ ਉਨਾਂ ਦੀ ਲੰਬੀ ਉਮਰ ਦੀ ਕਾਮਨਾ ਕੀਤੀ। ਇਸ ਮੌਕੇ ਸੀਨੀਅਰ ਕਾਂਗਰਸੀ ਨੇਤਾ ਡਾ ਓਂਕਾਰ ਚੰਦ ਸ਼ਰਮਾ, ਪਲਵਿੰਦਰ ਸਿੰਘ ਤੱਗੜ, ਰਜਿੰਦਰ ਸਿੰਘ ਬੇਦੀ, ਪ੍ਰਿੰਸੀਪਲ ਹਮੀਰ ਸਿੰਘ, ਗੁਰਮੀਤ ਸਿੰਘ ਚਾਨੇ, ਡਾ ਜਸਵੰਤ ਸਿੰਘ ਗੁਲਾਟੀ ਅਤੇ ਪਰਮਜੀਤ ਸਿੰਘ ਮਠਾੜੂ ਆਦਿ ਨੇ ਵੀ ਕਲਜੀ ਪਰਿਵਾਰ ਨੂੰ ਵਧਾਈਆਂ ਦਿੱਤੀਆਂ।

# ਅੰਮ੍ਰਿਤ ਸਾਗਰ ਪ੍ਰੀਵਾਰ ਵੱਲੋਂ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ ਲਗਾਇਆ



ਲੁਧਿਆਣਾ,3 ਫਰਵਰੀ (ਰਵਿੰਦਰ ਸਿੰਘ ਨਿੱਝਰ) ਸੰਸਾਰ ਭਰ ਵਿੱਚ ਵੱਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਜੋੜਨ ਦਾ ਨਿੱਘਾ ਉਪਰਾਲਾ ਕਰ ਰਹੀ ਪ੍ਰਮੁੱਖ ਮਿਊਜ਼ਿਕ ਕੰਪਨੀ ਅੰਮ੍ਰਿਤ ਸਾਗਰ ਦੇ ਪ੍ਰੀਵਾਰ ਵੱਲੋ ਆਪਣੇ ਸਹਿਯੋਗੀ ਸਾਥੀਆਂ ਦੇ ਨਿੱਘੇ ਸਹਿਯੋਗ ਨਾਲ ਗੁਰੂ ਸਾਹਿਬਾਨ ਵੱਲੋ ਬਖਸ਼ੇ ਸੇਵਾ ਦੇ ਸਕੰਲਪ ਤੇ ਪੂਰੀ ਦ੍ਰਿੜਤਾ ਨਾਲ ਪਹਿਰਾ ਦੇਂਦਿਆ ਹੋਇਆਛ।

ਹਰ ਮਹੀਨੇ ਦੀ ਪਹਿਲੀ ਤਾਰੀਖ਼ ਨੂੰ ਸੰਗਤਾਂ ਤੇ ਲੋੜਵੰਦਾਂ ਲਈ ਅਟੁੱਟ ਲੰਗਰ ਲਗਾਉਣ ਦੀ ਆਰੰਭ ਕੀਤੀ ਗਈ ਸੇਵਾ ਦਾ ਕਾਰਜ ਇੱਕ ਉੱਦਮੀ ਉਪਰਾਲਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਥ ਦੇ ਪ੍ਰਸਿੱਧ ਕਥਾਵਾਚਕ ਗਿਆਨੀ ਗਗਨਦੀਪ ਸਿੰਘ ਨੇ ਅੱਜ ਅੰਮ੍ਰਿਤ ਸਾਗਰ ਪ੍ਰੀਵਾਰ ਵੱਲੋ ਭਗਤ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲਗਾਏ ਗਏ ਗੁਰੂ ਦੇ ਅਟੁੱਟ ਲੰਗਰ ਨੂੰ ਵਰਤਾਉਣ ਲਈ ਸਤਿਗੁਰੂ ਦੇ ਚਰਨਾਂ ਵਿੱਚ ਅਰਦਾਸ ਕਰਨ ਉਪਰੰਤ ਕੀਤਾ। ਕੰਪਨੀ ਦੇ ਡਾਇਰੈਕਟਰ .ਬਲਬੀਰ ਸਿੰਘ ਭਾਟੀਆ ਅਤੇ ਕਰਨਪ੍ਰੀਤ ਸਿੰਘ ਭਾਟੀਆ ਨੇ ਦੱਸਿਆ ਕਿ ਅੰਮ੍ਰਿਤ ਸਾਗਰ ਪ੍ਰੀਵਾਰ ਵੱਲੋ ਲੋੜਵੰਦਾਂ ਦੀ ਮੱਦਦ ਲਈ ਹਰ ਮਹੀਨੇ ਗੁਰੂ ਦਾ ਅਟੁੱਟ ਲੰਗਰ ਲਗਾਇਆ ਜਾਂਦਾ ਹੈ।ਉੱਤਮ ਸਿੰਘ ਸਲੂਜਾ, ਇੰਦਰਬੀਰ ਸਿੰਘ ਬੱਤਰਾ, ਰਣਜੀਤ ਸਿੰਘ ਰਿੰਕੂ, ਅਮਰਜੀਤ ਸਿੰਘ ਭਾਟੀਆ, ਸ਼ਰਨਜੀਤ ਸਿੰਘ, ਜੋਗਿੰਦਰ ਸਿੰਘ ਸਲੂਜਾ, ਜਾਸਮੀਨ ਕੌਰ, ਅਮਨਪ੍ਰੀਤ ਕੌਰ, ਦਲਜੀਤ ਕੌਰ,ਜਗਤਾਰ ਸਿੰਘ ਰਤਨ ਜੋਤ ਸਿੰਘ, ਜਗਤਾਰ ਸਿੰਘ,ਬਾਬੂ ਨਿਵਾਜ਼ ਸਿੰਘ ਭਾਟੀਆ ਆਦਿ ਨੇ ਅਰਦਾਸ ਮੌਕੇ ਹਾਜ਼ਰੀ ਭਰੀ।

# ਸ਼ਹੀਦਾਂ ਦੀ ਧਰਤੀ ਹੋਂਦ ਚਿੱਲੜ ਵਿੱਚ ਇਨਸਾਫ਼ ਦੀ ਲਹਿਰ ਦੌੜਦੀ ਰਹਿੰਦੀ ਹੈ : ਗਿਆਸਪੁਰਾ



ਲੁਧਿਆਣਾ, 3 ਫਰਵਰੀ (ਵਿਸ਼ਾਲ ਸ਼ਰਮਾ) : ਹੋਂਦ ਚਿੱਲੜ (ਹਰਿਆਣਾ) ਦੀ ਧਰਤੀ ਜੋ 1984 ਦੇ ਕਤਲੇਆਮ ਦੀ ਚੁੱਪ ਗਵਾਹ ਸੀ ਇੱਕ ਵਾਰ ਫਿਰ ਇਨਸਾਫ਼ ਦੀ ਮੰਗ ਨਾਲ ਗੂੰਜ ਉੱਠੀ। 42 ਸਾਲ ਪਹਿਲਾਂ ਉਸੇ ਧਰਤੀ ਤੇ ਜਿੱਥੇ ਮਨੁੱਖਤਾ ਨੂੰ ਤੋੜਿਆ ਗਿਆ ਸੀ। ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਸ਼ਹੀਦਾਂ ਦੀ ਯਾਦ ਵਿੱਚ ਅਰਦਾਸ ਕੀਤੀ ਗਈ। ਇਸ ਸਮਾਗਮ ਦੀ ਅਗਵਾਈ ਹੋਂਦ ਚਿੱਲੜ ਤਾਲਮੇਲ ਕਮੇਟੀ ਦੇ ਮੁਖੀ ਅਤੇ ਪਾਇਲ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਕੀਤੀ। ਉਨ੍ਹਾਂ ਭਾਵੁਕ ਹੁੰਦਿਆਂ ਕਿਹਾ ਕਿ 32 ਨਿਰਦੋਸ਼ ਸਿੱਖਾਂ ਦਾ ਕਤਲੇਆਮ ਭਾਰਤੀ ਨਿਆਂ ਪ੍ਰਣਾਲੀ ਤੇ ਇੱਕ ਕਾਲਾ ਧੱਬਾ ਹੈ ਕਿਉਂਕਿ 42 ਸਾਲਾਂ ਬਾਅਦ ਵੀ ਦੋਸ਼ੀਆਂ ਨੂੰ ਸਜ਼ਾ ਨਹੀਂ ਮਿਲੀ ਹੈ। ਗਿਆਸਪੁਰਾ ਨੇ ਕਿਹਾ ਕਿ ਇਹ ਉਹੀ ਹੋਂਦ ਚਿੱਲੜ ਹੈ ਜਿੱਥੇ ਇੱਕ 2 ਸਾਲ ਦੇ ਬੱਚੇ ਨੂੰ ਕੰਧ ਨਾਲ ਮਾਰਿਆ ਗਿਆ ਸੀ 70 ਸਾਲ ਦੇ ਬਜ਼ੁਰਗਾਂ ਤੇ ਤੇਲ ਛਿੜਕ ਕੇ ਜ਼ਿੰਦਾ ਸਾੜ ਦਿੱਤਾ ਗਿਆ ਸੀ ਅਤੇ ਫੌਜੀ ਵਰਦੀ ਵਿੱਚ ਹੋਣ ਦੇ ਬਾਵਜੂਦ ਸਿਪਾਹੀ ਇੰਦਰਜੀਤ ਸਿੰਘ ਨੂੰ ਮਾਰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਕਤਲ ਨਹੀਂ ਸਨ, ਸਗੋਂ ਕਾਂਗਰਸ ਸਰਕਾਰ ਦੇ ਨੱਕ ਹੇਠ ਮਨੁੱਖਤਾ ਦਾ ਕਤਲੇਆਮ ਸੀ। ਉਨ੍ਹਾਂ ਦੱਸਿਆ ਕਿ ਕਤਲੇਆਮ ਦੇ ਸਮੇਂ ਪਿੰਡ ਵਿੱਚ ਇੱਕ ਵਿਆਹ ਸਮਾਰੋਹ ਚੱਲ ਰਿਹਾ ਸੀ ਇੱਕ ਪਾਸੇ ਸ਼ਹਿਨਾਈ ਵਜਾ ਰਹੀ ਸੀ ਦੂਜੇ ਪਾਸੇ ਮਾਸੂਮਾਂ ਦੀਆਂ ਚੀਕਾਂ ਅਸਮਾਨ ਨੂੰ ਛੂਹ ਰਹੀਆਂ ਸਨ ਪਰ ਪ੍ਰਸ਼ਾਸਨ ਪੁਲਿਸ ਅਤੇ ਸਰਕਾਰ ਪੂਰੀ ਤਰ੍ਹਾਂ ਗੈਰਹਾਜ਼ਰ ਸੀ। ਪ੍ਰੋਗਰਾਮ ਦੌਰਾਨ, ਸੰਗਤ ਨੂੰ ਉਹ ਸਾਰੀਆਂ ਥਾਵਾਂ ਦਿਖਾਈਆਂ ਗਈਆਂ ਜਿੱਥੇ ਬੇਰਹਿਮੀ ਦੀਆਂ ਸਾਰੀਆਂ ਹੱਦਾਂ ਪਾਰ ਕੀਤੀਆਂ ਗਈਆਂ ਸਨ ਉਹ ਕੰਧ ਜਿੱਥੇ ਇੱਕ ਮਾਸੂਮ ਨੂੰ ਮਾਰਿਆ ਗਿਆ ਸੀ ਅਤੇ ਉਹ ਜਗ੍ਹਾ ਜਿੱਥੇ ਬਜ਼ੁਰਗਾਂ ਨੂੰ ਅੱਗ ਲਗਾਈ ਗਈ ਸੀ। ਸੁਰਜੀਤ ਕੌਰ, ਜਿਸਨੇ ਕਤਲੇਆਮ ਦੌਰਾਨ ਆਪਣੇ 12 ਪਰਿਵਾਰਕ ਮੈਂਬਰਾਂ ਨੂੰ ਗੁਆ ਦਿੱਤਾ ਸੀ, ਵੀ ਇਸ ਮੌਕੇ ਮੌਜੂਦ ਸੀ। ਉਨ੍ਹਾਂ ਸੰਗਤ ਨੂੰ ਉਹ ਖੂਹ ਦਿਖਾਇਆ ਜਿੱਥੇ 32 ਮਾਸੂਮ ਸਿੱਖਾਂ ਨੂੰ ਬੇਰਹਿਮ ਭੀੜ ਨੇ ਸਾੜ ਕੇ ਸੁੱਟ ਦਿੱਤਾ ਸੀ। ਉਹ ਖੂਹ ਅਜੇ ਵੀ ਇਨਸਾਫ਼ ਦੇ ਕਤਲ ਦੀ ਚੁੱਪ ਗਵਾਹੀ ਦਿੰਦਾ ਹੈ। ਇੰਜੀਨੀਅਰ ਗਿਆਸਪੁਰਾ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਐਸ.ਪੀ ਰਾਮ ਕਿਸ਼ੋਰ, ਡੀ.ਐਸ.ਪੀ ਰਾਮ ਭਾਗ, ਰਾਮ ਕੁਮਾਰ ਅਤੇ ਹੋਰਾਂ ਵਿਰੁੱਧ ਇੱਕ ਪਟੀਸ਼ਨ 2017 ਤੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਲੰਬਿਤ ਹੈ, ਪਰ ਅਦਾਲਤਾਂ ਸਿਰਫ਼ ਮੁਲਤਵੀ ਹੀ ਕਰ ਰਹੀਆਂ ਹਨ। ਹੁਣ ਅਗਲੀ ਤਾਰੀਖ 10 ਅਪ੍ਰੈਲ, 2026 ਨਿਰਧਾਰਤ ਕੀਤੀ ਗਈ ਹੈ ਜੋ ਕਿ ਨਿਆਂ ਪ੍ਰਣਾਲੀ ਦੀ ਸੁਸਤਤਾ ਨੂੰ ਦਰਸਾਉਂਦੀ ਹੈ। ਇਸ ਸਮਾਗਮ ਦੌਰਾਨ, ਇਨਸਾਫ਼ ਦੀ ਘਾਟ ਅਤੇ ਭਾਜਪਾ ਸਰਕਾਰ ਦੀ ਚੁੱਪੀ ਦੇ ਵਿਰੋਧ ਵਿੱਚ ਪ੍ਰਤੀਕਾਤਮਕ ਤੌਰ ਤੇ ਪੁਤਲੇ ਸਾੜੇ ਗਏ। ਸੰਗਤ ਨੇ ਸਰਬਸੰਮਤੀ ਨਾਲ ਸਵਾਲ ਕੀਤਾ ਕੀ ਇਹ ਆਜ਼ਾਦ ਭਾਰਤ ਹੈ ਜਿੱਥੇ ਸੈਨਿਕ ਵੀ ਸੁਰੱਖਿਅਤ ਨਹੀਂ ਹਨ ਅਤੇ ਮਾਸੂਮਾਂ ਦੇ ਕਾਤਲ ਅਜੇ ਵੀ ਆਜ਼ਾਦ ਘੁੰਮਦੇ ਹਨ ? ਇਸ ਮੌਕੇ ਸੁਰਜੀਤ ਕੌਰ ਰਿਵਾੜੀ, ਗੋਪਾਲ ਦਾਸ ਰੇਵਾੜੀ, ਗੁਰਜੰਟ ਸਿੰਘ ਕਰਨਾਲ, ਅਵਿਨਾਸ਼ਪ੍ਰੀਤ ਸਿੰਘ ਬੈਂਸ, ਬੂਟਾ ਸਿੰਘ ਰਾਣੋ, ਕਵਲਜੀਤ ਸਿੰਘ ਬਿੱਟੂ, ਮਨਜੀਤ ਸਿੰਘ ਧਾਮੀ, ਐਸ.ਡੀ.ਓ ਨਿਰਮਲ ਸਿੰਘ, ਬੀ.ਕੇ. ਸਿੰਘ, ਸੁਖਵਿੰਦਰ ਸਿੰਘ ਨੋਨਾ, ਮਨਜੀਤ ਸਿੰਘ ਪੀ.ਏ., ਅਮਰਦੀਪ ਸਿੰਘ ਸਰਪੰਚ ਕੂਹਲੀ ਖੁਰਦ, ਹਰਦੀਪ ਸਿੰਘ ਅਜਨੌਦ, ਗੁਰਜਿੰਦਰ ਸਿੰਘ ਨਿੱਕਾ, ਦਲਵਿੰਦਰ ਸਿੰਘ ਝਬੇਵਾਲ ਆਦਿ ਸ਼ਾਮਿਲ ਸਨ।

# ਜੀ.ਟੀ.ਬੀ. ਨਗਰ ਐੱਫ ਬਲਾਕ ਨੂੰ ਢਾਹੁਣ ਅਤੇ ਕੋਲੋਨਾਈਜ਼ਰ ਤੇ ਐਫ਼.ਆਈ.ਆਰ. ਦੀ ਕਾਰਵਾਈ ਗਲਾਡਾ ਨੇ ਆਰੰਭੀ

ਲੁਧਿਆਣਾ, 3 ਫਰਵਰੀ (ਕਰਨੈਲ ਸਿੰਘ ਐੱਮ.ਏ.) : ਪਿਛਲੇ ਸਮੇਂ ਵਿੱਚ ਭਾਮੀਆਂ ਕਲਾਂ ਚੰਡੀਗੜ੍ਹ ਰੋਡ ਤੇ ਗੈਰ ਕਾਨੂੰਨੀ ਕੱਟੀ ਗਈ ਕਲੋਨੀ ਜੀ.ਟੀ.ਬੀ. ਨਗਰ ਦੇ ਐਫ ਬਲਾਕ ਦਾ ਮੁੱਦਾ ਕਾਫੀ ਗਰਮਾ ਗਿਆ ਹੈ ਅਤੇ ਇਸ ਵਿਚਲੇ ਪਲਾਟ ਧਾਰਕਾਂ ਨੇ ਵਿਕਾਸ ਨਾ ਹੋਣ ਦਾ ਮੁੱਦਾ ਗਲਾਡਾ ਕੋਲ ਜੋਰ ਸ਼ੋਰ ਨਾਲ ਚੁੱਕਿਆ ਸੀ। ਜਿਸ ਵਿੱਚ ਆਰਟੀਆਈ ਕਾਰਕੁੰਨ ਪਰਮਿੰਦਰ ਸਿੰਘ ਕਪੂਰ ਨੇ ਮੁੱਖ ਮੰਤਰੀ ਨੂੰ ਪੱਤਰ ਲਿਖ ਕੇ ਕਲੋਨੀ ਦੇ ਐਫ ਬਲਾਕ ਤੇ ਕਾਰਵਾਈ ਕਰਨ ਲਈ ਲਿਖਿਆ ਤਾਂ ਪਰਮਿੰਦਰ ਕਪੂਰ ਦੀ ਆਰਟੀਆਈ ਦੇ ਜਵਾਬ ਵਿੱਚ ਪੱਤਰ ਜਾਰੀ ਕਰਦਿਆਂ ਗਲਾਡਾ ਲੁਧਿਆਣਾ ਨੇ ਉਕਤ ਕਲੋਨੀ ਮਾਲਕ ਖ਼ਿਲਾਫ਼ ਐਫਆਈਆਰ ਦੀ ਪੁਲਿਸ ਨੂੰ ਸਿਫਾਰਿਸ਼ ਦੀ ਗੱਲ ਕਬੂਲੀ ਹੈ ਅਤੇ ਤੁਰੰਤ ਕਲੋਨੀ ਢਾਉਣ ਦੀ ਕਾਰਵਾਈ ਪਾਉਣ ਦੀ ਗੱਲ ਵੀ ਆਖੀ ਹੈ। ਗਲਾਡਾ ਵੱਲੋਂ ਆਰਟੀਆਈ ਦੇ ਜਵਾਬ ਵਿੱਚ ਜਾਰੀ ਕੀਤਾ ਗਿਆ ਪੱਤਰ ਸਾਡੇ ਪੱਤਰਕਾਰ ਦੇ ਹੱਥ ਲੱਗਾ ਹੈ ਜ਼ਿਕਰਯੋਗ ਹੈ ਕਿ ਕਲੋਨੀ ਵਾਸੀਆਂ ਵੱਲੋਂ ਸਹੂਲਤਾਂ ਦੀ ਮੰਗ ਤੇ ਗਲਾਡਾ ਨੇ ਲਿਖਿਆ ਹੈ ਕਿ ਇਹ ਕਲੋਨੀ ਕੰਪਾਉਂਡਿੰਗ ਲਈ ਅਪਲਾਈ ਨਹੀਂ ਕੀਤੀ ਗਈ ਅਤੇ ਐਨਓਸੀ ਨਾ ਹੋਣ ਕਾਰਨ ਇੱਥੇ ਵਿਕਾਸ ਕਾਰਜ ਨਹੀਂ ਹੋ ਸਕਦਾ । ਗਲਾਡਾ ਨੇ ਲਿਖਿਆ ਹੈ ਅਗਰ 70 ਫੀਸਦੀ ਪਲਾਟ ਧਾਰਕ ਕੰਪਾਊਂਡਿੰਗ ਲਈ ਅਪਲਾਈ ਇਕੱਠੇ ਕਰਦੇ ਹਨ ਤਾਂ ਵਿਕਾਸ ਈਡੀਸੀ ਫੰਡ ਵਿੱਚੋਂ ਹੁਣ ਸੰਭਵ ਹੈ ਪਰ ਹਾਲ ਦੀ ਘੜੀ ਜੀ.ਟੀ.ਬੀ. ਨਗਰ ਕਲੋਨੀ ਨੂੰ ਢਾਉਣ ਦੀ ਕਾਰਵਾਈ ਅਤੇ ਕੋਲੋਨਾਈਜ਼ਰ ਖਿਲਾਫ ਐਫਆਈਆਰ ਦਰਜ ਕਰਨ ਦੀ ਕਾਰਵਾਈ ਆਰੰਭੀ ਗਈ ਹੈ।

# ਦੂਜਾ ਜੂਨੀਅਰ ਏਸ਼ੀਆਈ ਅੰਤਰਰਾਸ਼ਟਰੀ ਸਾਫਟ ਟੈਨਿਸ ਮੁਕਾਬਲਾ 8 ਫਰਵਰੀ ਤੱਕ



ਲੁਧਿਆਣਾ, 3 ਫ਼ਰਵਰੀ: ਰਵਿੰਦਰ ਸਿੰਘ ਨਿੱਝਰ): ਦੂਜੀ ਜੂਨੀਅਰ ਏਸ਼ੀਆਈ ਸਾਫਟ ਟੈਨਿਸ ਚੈਂਪੀਅਨਸ਼ਿਪ 8 ਫ਼ਰਵਰੀ ਤੱਕ ਲੁਧਿਆਣਾ ਦੇ ਹਰਵੇਸਟ ਟੈਨਿਸ ਅਕੈਡਮੀ, ਜੱਸੋਵਾਲ ਵਿੱਚ ਕਰਵਾਈ ਜਾ ਰਹੀ ਹੈ। ਇਸ ਚੈਂਪੀਅਨਸ਼ਿਪ ਵਿੱਚ ਭਾਰਤ ਸਮੇਤ 23 ਦੇਸ਼ਾਂ ਦੇ ਲਗਭਗ 550 ਖਿਡਾਰੀ ਅਤੇ ਅਧਿਕਾਰੀ ਹਿੱਸਾ ਲੈਣਗੇ। ਸਾਫਟ ਟੈਨਿਸ ਐਸੋ ਪੰਜਾਬ ਦੇ ਜਨਰਲ ਸਕੱਤਰ ਨਰਿੰਦਰਪਾਲ ਸਿੰਘ ਨੇ ਦੱਸਿਆ ਕਿ ਇਸ ਮੁਕਾਬਲੇ ਨੂੰ ਸਫਲ ਬਣਾਉਣ ਲਈ ਐਸੋਸੀਏਸ਼ਨ ਦੇ ਪ੍ਰਧਾਨ ਅਨੁਮੀਤ ਸਿੰਘ ਹੀਰਾ ਸੋਢੀ ਸਮੇਤ ਐਮੇਚਰ ਸਾਫਟ ਟੈਨਿਸ ਫੈਡਰੇਸ਼ਨ ਆਫ ਇੰਡੀਆ ਦੇ ਸੁਦੇਸ਼ ਸਾਂਗਤੇ, ਐਨ. ਜੀ. ਵੇਗੜਾ, ਹੰਸਮੁਖ ਵੇਂਗੜਾ, ਅਨਿਕੇਤ ਖੋਂਦਾਦਰਾ, ਹਰਸ਼ਾਂਗ ਖੋਦਾਦਰਾ ਅਤੇ ਡਾ. ਪ੍ਰਦੀਪ ਕੁਮਾਰ ਸਿੰਘ ਦੀ ਦੇਖ-ਰੇਖ ਹੇਠ ਵੱਖ-ਵੱਖ ਕਮੇਟੀਆਂ ਬਣਾਈਆਂ ਗਈਆਂ ਹਨ। ਭਾਗ ਲੈਣ ਵਾਲੀਆਂ ਟੀਮਾਂ ਦਰਮਿਆਨ ਸ਼ਾਨਦਾਰ ਮੁਕਾਬਲੇ ਦੇਖਣ ਨੂੰ ਮਿਲਣ ਦੀ ਸੰਭਾਵਨਾ ਹੈ। ਚੈਂਪੀਅਨਸ਼ਿਪ ਦੌਰਾਨ ਹਰ ਰੋਜ਼ ਇਕਲ, ਯੁਗਲ ਅਤੇ ਮਿਸ਼ਰਤ ਯੁਗਲ ਵਰਗਾਂ ਵਿੱਚ ਮੁਕਾਬਲੇ ਕਰਵਾਏ ਜਾਣਗੇ। ਹਰ ਦਿਨ ਦੇ ਜੇਤੂਆਂ ਨੂੰ ਤਮਗੇ, ਸਰਟੀਫਿਕੇਟ ਅਤੇ ਹੋਰ ਇਨਾਮ ਦਿੱਤੇ ਜਾਣਗੇ। ਚੈਂਪੀਅਨਸ਼ਿਪ ਵਿੱਚ 50 ਤੋਂ ਵੱਧ ਅੰਤਰਰਾਸ਼ਟਰੀ ਖਿਡਾਰੀ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕਰਨਗੇ। ਇਨ੍ਹਾਂ ਵਿੱਚ 6 ਵਿਸ਼ਵ ਚੈਂਪੀਅਨਸ਼ਿਪ, 6 ਏਸ਼ੀਆਈ ਚੈਂਪੀਅਨਸ਼ਿਪ, 4 ਵਿਸ਼ਵ ਜੂਨੀਅਰ ਚੈਂਪੀਅਨਸ਼ਿਪ, ਇੱਕ ਏਸ਼ੀਆਈ ਜੂਨੀਅਰ, ਇੱਕ ਏਸ਼ੀਆਈ ਯੂਨੀਵਰਸਿਟੀ ਚੈਂਪੀਅਨਸ਼ਿਪ ਅਤੇ ਇੱਕ ਦੱਖਣੀ ਏਸ਼ੀਆਈ ਚੈਂਪੀਅਨਸ਼ਿਪ ਵਿੱਚ ਭਾਗ ਲੈ ਚੁੱਕੇ ਖਿਡਾਰੀ ਵੀ ਸ਼ਾਮਲ ਹਨ।

# ਮਾਤਾ ਪਰਮਜੀਤ ਕੌਰ ਨਮਿੱਤ ਸਰਧਾਂਜਲੀ ਸਮਾਗਮ ਵੱਖ-ਵੱਖ ਆਗੂਆਂ ਵੱਲੋ ਸਰਧਾਂਜਲੀਆਂ ਭੇਂਟ

ਪਾਇਲ, ਖੰਨਾ, ਲੁਧਿਆਣਾ, 3 ਫਰਵਰੀ (ਸੰਜੀਵ ਲਹਿਲ) : ਪਾਇਲ ਤੋਂ ਪੱਤਰਕਾਰ ਰਜਿੰਦਰ ਸਿੰਘ ਟੀਟਾ ਦੀ ਮਾਤਾ ਪਰਮਜੀਤ ਕੌਰ ਪਤਨੀ ਸਾਬਕਾ ਸੇਵਾ ਮੁਕਤ ਇੰਸਪੈਕਟਰ ਕਰਨੈਲ ਸਿੰਘ ਨਮਿੱਤ ਸਰਧਾਂਜਲੀ ਸਮਾਗਮ ਗੁਰਦੁਆਰਾ ਕਲਗੀਧਰ ਸਾਹਿਬ ਪਾਇਲ ਵਿਖੇ ਹੋਇਆ । ਇਸ ਮੌਕੇ ਸ਼ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਇੰਜਨੀਅਰ ਜਗਦੇਵ ਸਿੰਘ ਬੋਪਾਰਾਏ, ਸਾਬਕਾ ਵਿਧਾਇਕ ਲਖਵੀਰ ਸਿੰਘ ਪਾਇਲ, ਪੰਜਾਬ ਜਰਨਿਸਟ ਯੂਨੀਅਨ ਦੇ ਸੂਬਾ ਪ੍ਰਧਾਨ ਡਾ .ਹਰਜਿੰਦਰ ਸਿੰਘ ਲਾਲ, ਪ੍ਰਧਾਨ ਸੰਦੀਪ ਸਿੰਘ ਰੁਪਾਲੋ, ਸਾਬਕਾ ਪ੍ਰਧਾਨ ਮਲਕੀਤ ਸਿੰਘ ਮਲਕੀਤ ਸਿੰਘ ਗੋਗਾ ਨੇ ਮਾਤਾ ਪਰਮਜੀਤ ਕੌਰ ਨੂੰ ਸਰਧਾਂਜਲੀ ਭੇਂਟ ਕਰਦਿਆਂ ਕਿਹਾ ਕਿ ਮਾਤਾ ਪਰਮਜੀਤ ਕੌਰ ਨੇ ਆਪਣਾ ਸਾਰਾ ਜੀਵਨ ਗੁਰਸਿੱਖੀ ਦੇ ਸਿਧਾਤਾਂ ਤੇ ਚੱਲਦਿਆਂ ਬਤੀਤ ਕੀਤਾ ਅਤੇ ਵਿੱਦਿਆਂ ਦੇ ਮਹੱਤਵ ਨੂੰ ਸਮਝਦਿਆਂ ਆਪਣੇ ਧੀਆਂ ਪੁੱਤਰਾਂ ਨੂੰ ਚੰਗੀ ਸਿੱਖਿਆ ਗ੍ਰਹਿਣ ਕਰਵਾਈ । ਉਨ੍ਹਾਂ ਆਪਣੇ ਧੀਆਂ ਪੁੱਤਰਾਂ ਨੂੰ ਸਮਾਜ ਸੇਵੀ ਕੰਮਾਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ,ਉਨ੍ਹਾਂ ਦੀਆਂ ਸਿੱਖਿਆਵਾਂ ਤੇ ਚੱਲਦਿਆਂ ਅੱਜ ਪਰਿਵਾਰ ਸਮਾਜ ਸੇਵੀ ਕੰਮਾਂ ਵਿਚ ਅਹਿਮ ਭੂਮਿਕਾ ਨਿਭਾ ਰਿਹਾ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਰਤੀ ਜਨਤਾ ਪਾਰਟੀ ਦੇ ਆਗੂ ਪ੍ਰੋ.ਭੁਪਿੰਦਰ ਸਿੰਘ ਚੀਮਾਂ, ਜਥੇਦਾਰ ਸੰਤਾ ਸਿੰਘ ਉਮੈਦੂਪੁਰੀ,ਪ੍ਰਧਾਨ ਗੁਰਦਰਸ਼ਨ ਸਿੰਘ ਕੂਹਲੀ, ਆਮ ਆਦਮੀ ਪਾਰਟੀ ਦੇ ਆਗੂ ਰਮਨ ਚਾਂਦੀ ਪਾਇਲ, ਜਸਪਰੀਤ ਸਿੰਘ ਬੀਜਾ, ਹਰਪਾਲ ਸਿੰਘ ਜੱਲ੍ਹਾ, ਜਸਵੀਰ ਸਿੰਘ ਨਿਜ਼ਾਮਪੁਰ, ਅਵਤਾਰ ਸਿੰਘ ਧਮੋਟ, ਭਾਰਤੀ ਕਿਸਾਨ ਯੂਨੀਅਨ ਏਕਤਾਂ ਉਗਰਾਹਾ ਦੇ ਆਗੂ ਸੁਦਾਗਰ ਸਿੰਘ ਘੁਡਾਣੀ, ਡਾ ਮਲਕੀਤ ਸਿੰਘ ਬਠਿੰਡਾ, ਡਾ. ਤਿਰਲੋਚਨ ਸਿਘ ਪਾਇਲ, ਸਾਬਕਾ ਪ੍ਰਿੰਸੀਪਲ ਮੇਜਰ ਸਿੰਘ ,ਸਰਪੰਚ ਮਨਦੀਪ ਸਿੰਘ ਸ਼ਾਹਪੁਰ, ਸਰਪੰਚ ਹਰਵਿੰਦਰ ਸਿੰਘ ਅਲੂਣਾ ਪੱਲ੍ਹਾ, ਪ੍ਰਧਾਨ ਪਿਰਤਪਾਲ ਸਿੰਘ ਪਾਇਲ, ਐਡਵੋਕੇਟ ਸ਼ਮਸੇਰ ਸਿੰਘ , ਗੁਰਸੇਵਕ ਸਿੰਘ ਮਠਾੜੂ, ਗੁਰਪਰੀਤ ਸਿੰਘ ਖੱਟੜਾ, ਨਿਰਮਲ ਸਿੰਘ ਪਾਇਲ, ਕੌਂਸਲਰ ਬਲਬੀਰ ਸਿੰਘ ਪਾਇਲ, ਵਿਜੈ ਕੁਮਾਰ ਨੇਤਾ, ਅਧਿਆਪਕ ਆਗੂ ਗੁਰਤੇਗ ਸਿੰਘ , ਜੰਗ ਰਣਯੋਧ ਸਿੰਘ , ਜੰਗਸ਼ਮਸ਼ੇਰ ਸਿੰਘ ,ਗਿਆਨ ਸਿੰਘ, ਜਸਵੰਤ ਸਿੰਘ , ਤਰੁਨ ਕੁਮਾਰ ਸੋਨੀ ਪਾਇਲ, ਕਰਨੈਲ ਸਿੰਘ ਜੱਲਾ, ਰਾਮਪਾਲ ਸੱਚਦੇਵਾ, ਸਮਾਜ ਸੇਵੀ ਅਵਤਾਰ ਸਿੰਘ ਜਰਗੜੀ ਹਾਜ਼ਰ ਸਨ ।ਸਟੇਜ ਸਕੱਤਰ ਦੀ ਜਿੰਮੇਵਾਰੀ ਡਾ.ਸੁਰਿੰਦਰ ਸਿੰਘ ਸਾਹਪੁਰ ਵੱਲੋ ਨਿਭਾਈ ਗਈ ।

# ਜਸਬੀਰ ਦੂਆ ਦੀ ਪਤਨੀ ਨਮਿੱਤ ਸ਼ਰਧਾਂਜਲੀ ਸਮਾਗਮ



ਲੁਧਿਆਣਾ 3 ਫਰਵਰੀ (ਰਵਿੰਦਰ ਸਿੰਘ ਨਿੱਝਰ) ਪੰਜਾਬ ਵਿਕਾਸ ਮੰਚ ਦੇ ਪ੍ਰਧਾਨ ਜਸਬੀਰ ਸਿੰਘ ਦੂਆ ਦੀ ਧਰਮ ਪਤਨੀ, ਬਾਵਾ ਉਂਕਾਰ ਦਾਸ ਦੀ ਛੋਟੀ ਭਰਜਾਈ, ਕਰਨ ਦੂਆ ਅਤੇ ਐਡਵੋਕੇਟ ਮਨੀ ਦੂਆ ਦੀ ਮਾਤਾ ਜਗਦੀਸ਼ ਕੌਰ ਦੂਆ ਜੋ ਕਿ ਬੀਤੇ ਦਿਨੀ ਅਕਾਲ ਚਲਾਣਾ ਕਰ ਗਏ ਸਨ ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਹਨਾਂ ਦੇ ਗ੍ਰਹਿ ਵਿਖੇ ਪਾਏ ਗਏ। ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਸਿੰਘ ਸਭਾ ਫੇਸ ਵਨ ਦੁਗਰੀ ਵਿਖੇ ਹੋਈ। ਰਾਗੀ ਸਿੰਘ ਭਾਈ ਹਰਦੀਪ ਸਿੰਘ ਅਤੇ ਭੁਪਿੰਦਰ ਸਿੰਘ ਨੇ ਵੈਰਾਗਮਈ ਕੀਰਤਨ ਕੀਤਾ।ਇਸ ਸਮਾਗਮ ਵਿੱਚ ਵਿਧਾਇਕ ਪੱਪੀ ਪਰਾਸ਼ਰ, ਸਾਬਕਾ ਮੰਤਰੀ ਮਹੇਸ਼ ਇੰਦਰ ਸਿੰਘ ਗਰੇਵਾਲ, ਸੀਨੀਅਰ ਭਾਜਪਾ ਨੇਤਾ ਗੁਰਦੀਪ ਸਿੰਘ ਗੋਸ਼ਾ ਅਤੇ ਜ਼ਿਲ੍ਹਾ ਬਾਰ ਕੌਂਸਲ ਦੇ ਪ੍ਰਧਾਨ ਵਿਪਨ ਸੱਗੜ ਨੇ ਵਿਛੜੀ ਆਤਮਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਾਗਮ ਵਿੱਚ ਹਾਜ਼ਰ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਵਿਛੜੀ ਆਤਮਾ ਨੂੰ ਸੇਜਲ ਅੱਖਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ। ਇਸ ਸਮਾਗਮ ਵਿੱਚ ਵਿਧਾਇਕ ਕੁਲਵੰਤ ਸਿੰਘ ਸਿੱਧੂ, ਕੌਂਸਲਰ ਮਨਪ੍ਰੀਤ ਸਿੰਘ ਮੰਨਾ, ਗਗਨਦੀਪ ਸਿੰਘ ਜੌਨੀ, ਜਰਨੈਲ ਸਿੰਘ, ਦਵਿੰਦਰ ਸਿੰਘ ਪਾਲੀ, ਬਲਬੀਰ ਸਿੰਘ ਭਾਟੀਆ ਅੰਮ੍ਰਿਤ ਸਾਗਰ, ਭਗਵਿੰਦਰਪਾਲ ਗੋਲਡੀ, ਹਰਪ੍ਰੀਤ ਸਿੰਘ ਦੂਆ, ਸੀ ਪੀ ਦੂਆ, ਓਗੁਰਮੀਤ ਸਿੰਘ, ਪਰਮਜੀਤ ਸਿੰਘ ਦੂਆ, ਪਵਨਦੀਪ ਸਿੰਘ, ਸਰਬਜੀਤ ਸਿੰਘ ਜਨਕਪੁਰੀ, ਰਸਪਾਲ ਸਿੰਘ, ਮਨਜੀਤ ਸਿੰਘ, ਐਡਵੋਕੇਟ ਪਰਉਪਕਾਰ ਸਿੰਘ ਘੁੰਮਣ, ਸੰਜੀਵ ਮਲਹੋਤਰਾ, ਕਰਨ ਵੇਦੀ, ਪ੍ਰੇਮ ਸਿੰਘ, , ਹਰਪ੍ਰੀਤ ਸਿੰਘ ਸ਼ੰਕਰ, ਬਲਜੀਤ ਸਿੰਘ, ਦਵਿੰਦਰ ਸਿੰਘ ਕਾਲਾ, ਜਗਜੀਤ ਸਿੰਘ ਹੈਪੀ, ਰਤਨ ਸਿੰਘ ਕਮਾਲਪੁਰੀ, ਕਮਲਜੀਤ ਦੂਆ, ਕੁਲਵਿੰਦਰ ਸਿੰਘ ਬੈਨੀਪਾਲ, ਗਗਨਦੀਪ ਸੈਣੀ, ਰਚਨ ਸੋਨੀ, ਹਰਪ੍ਰੀਤ ਡੰਗ, ਜਗਮੋਹਣ ਸਿੰਘ ਦਿੱਲੀ, ਹਿਮਾਂਸ਼ੂ ਵਾਲੀਆ, ਗਗਨ ਵੇਦੀ, ਰਵਿੰਦਰ ਪਾਲ ਸਿੰਘ ਖਾਲਸਾ, ਕੁਲਵਿੰਦਰ ਸਿੰਘ ਉਬਰਾਏ ਅਤੇ ਐਡਵੋਕੇਟ ਚੇਤਨ ਵਰਮਾ ਆਦਿ ਵੀ ਹਾਜ਼ਰ ਸਨ।

# ਫਾਈਬਰ ਭਰਪੂਰ ਖਾਣਾ ਵਧਦੀ ਉਮਰ ਦੇ ਅਸਰ ਤੋਂ ਤੁਹਾਡੇ ਦਿਮਾਗ਼ ਨੂੰ ਕਿਵੇਂ ਬਚਾ ਸਕਦੈ ?

ਮੇਲਿਸਾ ਹੋਗਨਬੂਮ

**ਫਾਈਬਰ** ਖਾਣ ਨਾਲ ਸਾਡੀ ਸਿਹਤ ਸੁਧਰ ਸਕਦੀ ਹੈ, ਉਮਰ ਲੰਬੀ ਹੋ ਸਕਦੀ ਹੈ ਅਤੇ ਦਿਮਾਗੀ ਸਿਹਤ ਬਚੀ ਰਹਿ ਸਕਦੀ ਹੈ। ਪਰ ਸਾਡੇ ਵਿੱਚੋਂ ਅਜੇ ਵੀ ਬਹੁਤ ਸਾਰੇ ਲੋਕਾਂ ਵਿੱਚ ਇਸ "ਜ਼ਰੂਰੀ ਪੌਸ਼ਟਿਕ ਤੱਤ" ਦੀ ਘਾਟ ਹੈ। ਅਜਿਹੀ ਖੁਰਾਕ ਜਿਸ ਵਿਚ ਸਾਬਤ ਅਨਾਜ, ਫਲ, ਦਾਲਾਂ, ਗਿਰੀਆਂ ਅਤੇ ਬੀਜ ਹੋਣ, ਉਹ ਸਾਡੇ ਸਰੀਰ ਅਤੇ ਦਿਮਾਗ ਦੋਵਾਂ ਲਈ ਬਹੁਤ ਫਾਇਦੇਮੰਦ ਹੋ ਸਕਦੇ ਹਨ ਕਿਉਕਿ ਇਹ ਖੁਰਾਕ ਵਿਚ ਰੇਸ਼ੇ ਭਰਪੂਰ ਮਾਤਰਾ 'ਚ ਹੁੰਦੇ ਹਨ ਨਵੀਆਂ ਖੋਜਾਂ ਦੱਸਦੀਆਂ ਹਨ ਕਿ ਫਾਈਬਰ, ਗੱਟ ਮਾਈਕ੍ਰੋਬਾਇਓਮ ਨੂੰ ਸ਼ਕਤੀ ਦਿੰਦਾ ਹੈ ਨਾਲ ਹੀ ਆਂਦਰਾਂ ਅਤੇ ਦਿਮਾਗ ਦੇ ਵਿਚਕਾਰ ਸੰਚਾਰ ਚੈਨਲ ਨੂੰ ਵੀ ਮਜ਼ਬੂਤ ਕਰਦਾ ਹੈ, ਜਿਸ ਨਾਲ ਬੌਧਿਕ ਸ਼ਕਤੀ ਵਿੱਚ ਨਿਘਾਰ ਦੇ ਲੱਛਣਾਂ ਦੀ ਗਤੀ ਵਿੱਚ ਕਮੀ ਆਉਂਦੀ ਹੈ ਐਬਰਡੀਨ ਯੂਨੀਵਰਸਿਟੀ ਦੇ ਰੋਵੇਟ ਇੰਸਟੀਚਿਊਟ ਤੋਂ ਇੰਟਸਟਾਈਨਲ ਬਾਇਓਲੋਜੀ ਦੇ ਪ੍ਰੋਫੈਸਰ ਕੈਰਨ ਸਕਾਟ ਦੱਸਦੇ ਹਨ ਕਿ ਰੇਸ਼ੇ ਦੀ ਮਾਤਰਾ ਵਧਾਉਣਾ ਬੌਧਿਕ ਸਿਹਤ (ਕਾਨੇਟਿਵ ਹੈਲਥ) ਲਈ ਸਭ ਤੋਂ ਪ੍ਰਭਾਵਸ਼ਾਲੀ ਖੁਰਾਕੀ ਤਬਦੀਲੀਆਂ ਵਿੱਚੋਂ ਇੱਕ ਹੈ। ਭੋਜਨ ਵਿੱਚ ਰੇਸ਼ੇ ਦੀ ਕਮੀ ਹੋਣਾ ਮਾੜੀ ਸਿਹਤ ਲਈ ਬਹੁਤ ਖ਼ਤਰਨਾਕ ਮੰਨੀ ਗਈ ਹੈ। ਫਿਰ ਵੀ ਸਾਡੇ ਵਿਚੋਂ ਬਹੁਤ ਸਾਰੇ ਲੋਕ ਇਸਨੂੰ ਢੁਕਵੀ ਮਾਤਰਾ ਵਿਚ ਨਹੀ ਉਪਯੋਗ ਨਹੀ ਕਰਦੇ। ਅਮਰੀਕਾ ਵਿੱਚ ਲਗਭਗ 97% ਆਦਮੀ ਅਤੇ 90% ਔਰਤਾਂ ਢੁਕਵੀ ਮਾਤਰਾ ਵਿੱਚ ਰੇਸ਼ੇ ਨਹੀ ਖਾਂਦੇ। ਜ਼ਿਆਦਾਤਰ ਲੋਕ ਸਿਫਾਰਿਸ਼ ਕੀਤੀ ਗਈ ਰੋਜ਼ਾਨਾ ਮਾਤਰਾ ਦੀ ਅੱਧੇ ਤੋਂ ਵੀ ਘੱਟ ਰੇਸ਼ੇ ਖਾਂਦੇ ਹਨ। ਯੂਕੇ ਵਿਚ 90% ਤੋਂ ਵੱਧ ਬਾਲਗਾਂ ਵਿਚ ਇਸ ਦੀ ਕਮੀ ਹੈ ਨਾਲ ਹੀ ਹੋਰ ਬਹੁਤ ਸਾਰੇ ਦੇਸਾਂ ਵਿੱਚ ਵੀ ਇਸੇ ਤਰ੍ਹਾਂ ਦੀ ਕਮੀ ਦੇਖੀ ਗਈ ਹੈ ਫਾਈਬਰ ਇੰਨਾ ਲਾਭਦਾਇਕ ਕਿਉ ਹੈ, ਅਤੇ ਅਸੀ ਇਸਨੂੰ ਹੋਰ ਕਿਵੇਂ ਖਾ ਸਕਦੇ ਹਾਂ?

## ਗਟ ਫੀਲਿੰਗ: ਫਾਈਬਰ ਕਿਵੇਂ ਕੰਮ ਕਰਦਾ ਹੈ

ਰੇਸ਼ਾ ਜਾਂ ਫਾਈਬਰ ਅਸਲ ਵਿੱਚ ਇੱਕ ਕਾਰਬੋਹਾਈਡ੍ਰੇਟ ਹੈ ਜਿਸ ਨੂੰ ਪਾਚਨ ਐਨਜ਼ਾਈਮ ਆਸਾਨੀ ਨਾਲ ਤੋੜ ਨਹੀ ਸਕਦੇ। ਇਸ ਕਰਕੇ ਜ਼ਿਆਦਾਤਰ ਫਾਈਬਰ ਉਵੇਂ-ਜਿਵੇਂ ਹੀ ਆਂਦਰਾਂ ਵਿਚੋਂ ਲੰਘ ਜਾਂਦੇ ਹਨ ਫਾਈਬਰ ਮਲ ਦੀ ਮਾਤਰਾ ਵਧਾਉਂਦੇ ਹਨ। ਫਾਈਬਰ ਪੇਟ ਸਾਫ਼ ਰੱਖਣ ਵਿੱਚ ਮਦਦ ਕਰਦੇ ਹਨ। ਇਸ ਨਾਲ ਪੇਟ ਕਾਫ਼ੀ ਦੇਰ ਤੱਕ ਭਰਿਆ ਰਹਿੰਦਾ ਹੈ ਅਤੇ ਭੋਜਨ ਹੌਲੀ-ਹੌਲੀ ਹਜ਼ਮ ਹੋਣ ਕਾਰਨ ਬਲੱਡ ਸ਼ੂਗਰ ਵੀ ਇੱਕਦਮ ਨਹੀ ਵਧਦੀ। ਜਿਹੜੇ ਲੋਕ ਪ੍ਰਤੀ ਦਿਨ ਜ਼ਿਆਦਾ ਮਾਤਰਾ ਵਿਚ ਸਾਬਤ ਅਨਾਜ ਖਾਣ ਵਾਲਿਆਂ ਵਿੱਚ ਰਿਫਾਇੰਡ ਅਨਾਜ ਖਾਣ ਵਾਲਿਆਂ ਨਾਲੋਂ ਬੀਐਮਆਈ ਅਤੇ ਪੇਟ ਦੀ ਚਰਬੀ ਘੱਟ ਹੁੰਦੀ ਹੈ। ਡੰਡੀ ਯੂਨੀਵਰਸਿਟੀ ਦੇ ਐਕਸਪੈਰੀਮੈਂਟਲ ਗੈਸਟ੍ਰੋਐਂਟਰੋਲੋਜੀ ਦੇ ਪ੍ਰੋਫੈਸਰ ਐਮਰੀਟਸ ਜੌਨ ਕਮਿੰਗਜ਼ ਕਹਿੰਦੇ ਹਨ ਕਿ ਭਰਪੂਰ ਫਾਈਬਰ ਵਾਲੀ ਖੁਰਾਕ, ਉਮਰ ਵਧਾਉਣ ਵਿਚ ਮਦਦ ਕਰ ਸਕਦੀ ਹੈ ਇਸ ਲਈ ਇਸ ਨੂੰ ਜ਼ਰੂਰੀ ਪੌਸ਼ਟਿਕ ਤੱਤ ਮੰਨਿਆ ਜਾਣਾ ਚਾਹੀਦਾ ਹੈ। ਕਮਿੰਗਸ ਦੇ ਸਹਿਯੋਗ ਨਾਲ ਲਿਖੀ ਇੱਕ ਸਮੀਖਿਆ ਵਿਚ ਮਿਲਿਆ ਹੈ ਕਿ ਜਿਨ੍ਹਾਂ ਨੇ ਜ਼ਿਆਦਾ ਫਾਈਬਰ ਖਾਧਾ, ਉਨ੍ਹਾਂ ਵਿੱਚ ਘੱਟ ਖਾਣ ਵਾਲਿਆਂ ਦੇ ਮੁਕਾਬਲੇ ਮੌਤ ਦਰ 15-30% ਘੱਟ ਗਈ। ਫਾਈਬਰ ਦੀ ਸਹੀ ਮਾਤਰਾ, ਜੋ ਖੋਜਕਰਤਾਵਾਂ ਅਨੁਸਾਰ 30 ਗ੍ਰਾਮ ਪ੍ਰਤੀ ਦਿਨ ਹੈ, ਉਸ ਨਾਲ ਦਿਲ ਦੀ ਬਿਮਾਰੀ, ਸਟ੍ਰੋਕ, ਟਾਈਪ 2 ਸ਼ੂਗਰ ਅਤੇ ਕੋਲਨ ਕੈਂਸਰ ਦੇ ਖ਼ਤਰੇ ਨੂੰ ਘਟਾਉਂਦੀ ਹੈ ਅਤੇ ਪ੍ਰਤੀ 1,000 ਲੋਕਾਂ ਵਿੱਚ 13 ਮੌਤਾਂ ਘੱਟ ਹੁੰਦੀਆਂ ਹਨ। ਸਭ ਤੋਂ ਵੱਧ ਫ਼ਾਇਦੇ ਪ੍ਰਤੀ ਦਿਨ 25-29 ਗ੍ਰਾਮ ਫਾਈਬਰ ਖਾਣ 'ਤੇ ਦੇਖੇ ਗਏ। ਇਸਨੂੰ ਪ੍ਰਾਪਤ ਕਰਨ ਲਈ ਤੁਸੀ ਹਰ ਖਾਣੇ ਅਤੇ ਸਨੈਕ ਵਿਚ ਫਲਾਂ ਜਾਂ ਸਬਜ਼ੀਆਂ ਦੀ ਮਾਤਰਾ ਦੀ ਮਾਤਰਾ ਵਧਾ ਸਕਦੇ ਹੋ। ਉਦਾਹਰਣ ਵਜੋਂ, ਬੇਕਡ ਬੀਨਜ਼ ਨਾਲ ਛਿਲਕੇ ਵਾਲਾ ਆਲੂ ਅਤੇ ਇੱਕ ਸੇਬ ਲਗਭਗ 15.7 ਗ੍ਰਾਮ ਫਾਈਬਰ ਦਿੰਦਾ ਹੈ। ਗਿਰੀਆਂ ਅਤੇ ਬੀਜ ਖਾਣ ਨਾਲ ਵੀ ਫਾਈਬਰ ਦਾ ਸੇਵਨ ਵਧਦਾ ਹੈ। ਮੁੱਠੀਭਰ ਗਿਰੀਆਂ (ਲਗਭਗ 30 ਗ੍ਰਾਮ) ਵਿੱਚ 3.8 ਗ੍ਰਾਮ ਰੇਸ਼ੇ ਹੁੰਦੇ ਹਨ। ਇਸ ਦਾ ਸਭ ਤੋਂ ਵੱਡਾ ਅਸਰ ਆਂਦਰਾਂ ਵਿੱਚ ਮੌਜੂਦ ਮਾਈਕ੍ਰੋਬਾਇਓਮ ਅਤੇ ਫਾਈਬਰ ਦਰਮਿਆਨ ਹੋਵੇਗਾ। ਕਮਿੰਗਜ਼ ਦੱਸਦੇ ਹਨ ਕਿ ਜਦੋਂ ਸਾਡੀਆਂ ਆਂਦਰਾਂ ਦੇ ਬੈਕਟੀਰੀਆ ਫਾਈਬਰ ਨੂੰ ਹਜ਼ਮ ਕਰਦੇ ਹਨ, ਤਾਂ ਲਾਭਦਾਇਕ ਉਪ-ਉਤਪਾਦ ਪੈਦਾ ਹੁੰਦੇ ਹਨ, ਜਿਸ ਵਿੱਚ ਸ਼ਾਰਟ-ਚੇਨ ਫੈਟੀ ਐਸਿਡ ਐਸੀਟੇਟ, ਪ੍ਰੋਪੀਓਨੇਟ ਅਤੇ ਬਿਊਟੀਰੇਟ ਸ਼ਾਮਲ ਹਨ।

ਇਹ ਉਹ ਪਾਚਕ ਉਤਪਾਦ ਹਨ ਜੋ ਸੈੱਲਾਂ ਨੂੰ ਮਹੱਤਵਪੂਰਨ ਊਰਜਾ ਦਿੰਦੇ ਹਨ ਅਤੇ ਮੌਤ ਦਰ ਵਿੱਚ ਮਹੱਤਵਪੂਰਨ ਕਮੀ ਨਾਲ ਜੁੜੇ ਹੋਏ ਹਨ। ਇਹ ਸਾਰਾ ਅਸਰ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਫਾਈਬਰ ਸਾਡੇ ਪੇਟ ਦੇ ਬੈਕਟੀਰੀਆ ਨਾਲ ਮਿਲ ਕੇ ਕਿਵੇਂ ਕੰਮ ਕਰਦੇ ਹਨ।



## ਫਾਈਬਰ ਦਿਮਾਗ ਦੀ ਰੱਖਿਆ ਕਿਵੇਂ ਕਰਦਾ ਹੈ ?

ਸਕਾਟ ਨੇ ਦਸਿਆ ਕਿ ਹੁਣ ਦਿਮਾਗੀ ਸਿਹਤ ਲਈ ਜ਼ਿਆਦਾ ਫਾਈਬਰ ਵਾਲੀ ਖੁਰਾਕ ਨੂੰ ਖਾਸ ਤੌਰ 'ਤੇ ਮਹੱਤਵਪੂਰਨ ਮੰਨਿਆ ਜਾਂਦਾ ਹੈ। ਉਹ ਕਹਿੰਦੇ ਹਨ ਕਿ ਫੈਟੀ-ਐਸਿਡ ਬਿਊਟੀਰੇਟ ਦੀ ਮੌਜੂਦਗੀ ਆਂਦਰਾਂ ਦੀ ਪਰਤ ਬਣੀ ਰਹਿੰਦੀ ਹੈ, ਇਸ ਨਾਲ ਖ਼ਤਰਨਾਕ ਤੱਤਾਂ ਦੇ ਖੂਨ ਦੇ ਪ੍ਰਵਾਹ ਵਿੱਚ ਦਾਖਲ ਹੋ ਕੇ ਦਿਮਾਗ਼ ਉੱਤੇ ਅਸਰ ਪਾਉਣ ਦਾ ਖ਼ਤਰਾ ਘਟਦਾ ਹੈ। ਇਸੇ ਕਾਰਨ ਆਂਦਰਾਂ ਦਾ ਮਾਈਕ੍ਰੋਬਾਇਓਟਾ ਦਿਮਾਗ (ਸੋਚਣ ਸ਼ਕਤੀ) ਨੂੰ ਬਿਹਤਰ ਬਣਾ ਸਕਦਾ ਹੈ। "ਤੁਸੀ ਜਿੰਨਾ ਜ਼ਿਆਦਾ ਫਾਈਬਰ ਖਾਓਗੇ, ਓਨਾ ਹੀ ਜ਼ਿਆਦਾ ਬਿਊਟੀਰੇਟ ਪੈਦਾ ਹੋਵੇਗਾ, ਓਨੇ ਹੀ ਸਹੀ ਢੰਗ ਨਾਲ ਕਾਗਨੀਸ਼ਨ ਨੂੰ ਬਰਕਰਾਰ ਰੱਖਿਆ ਜਾ ਸਕਦਾ ਹੈ। ਸਾਲ 2022 ਦਾ ਅਧਿਐਨ ਜਿਸ ਵਿਚ 3,700 ਤੋਂ ਵੱਧ ਬਾਲਗ ਸ਼ਾਮਲ ਕੀਤੇ ਗਏ, ਉਸ ਵਿਚ ਦੇਖਿਆ ਗਿਆ ਕਿ ਉੱਚ ਖੁਰਾਕ ਫਾਈਬਰ ਦਾ ਸੇਵਨ ਕਰਨ ਵਾਲੇ ਵਿਅਕਤੀਆਂ ਵਿਚ ਡਿਮੈਂਸ਼ੀਆ (ਭੁੱਲਣ ਦੀ ਬਿਮਾਰੀ) ਹੋਣ ਦਾ ਖ਼ਤਰਾ ਘੱਟ ਹੁੰਦਾ ਹੈ। ਜਿਨ੍ਹਾਂ ਨੇ ਘੱਟ ਫਾਈਬਰ ਖਾਧਾ ਉਨ੍ਹਾਂ ਨੂੰ ਵਧੇਰੇ ਖ਼ਤਰਾ ਦੇਖਿਆ ਗਿਆ। ਇਸੇ ਤਰ੍ਹਾਂ, ਉਦਾਹਰਣ ਵਜੋ 60 ਸਾਲ ਤੋਂ ਵੱਡੇ ਬਾਲਗਾਂ ਦੇ ਇੱਕ ਹੋਰ ਅਧਿਐਨ ਵਿੱਚ ਸਾਹਮਣੇ ਆਇਆ ਕਿ ਜਿਨ੍ਹਾਂ ਲੋਕਾਂ ਦੀ ਖੁਰਾਕ ਵਿਚ ਡਾਇਟਰੀ ਫਾਈਬਰ ਜ਼ਿਆਦਾ ਸੀ, ਉਨ੍ਹਾਂ ਨੇ ਬੋਧਾਤਮਕ ਕਾਰਜ (ਕਾਗਨਿਟੇਵ ਫੰਕਸ਼ਨ) ਵਿੱਚ ਵਾਧਾ ਦੇਖਿਆ ਗਿਆ। ਜਿਨ੍ਹਾਂ ਲੋਕਾਂ ਨੇ ਰੋਜ਼ਾਨਾ ਪ੍ਰੀਬਾਇਓਟਿਕ ਫਾਈਬਰ ਸਪਲੀਮੈਂਟ ਦਾ ਸੇਵਨ ਕੀਤਾ, ਉਨ੍ਹਾਂ ਨੇ ਨਕਲੀ ਗੋਲ਼ੀਆਂ (ਪਲੇਸਬੋ) ਵਾਲਿਆਂ ਨਾਲੋਂ ਤਿੰਨ ਮਹੀਨਿਆਂ ਵਿੱਚ ਬੋਧਿਕ ਟੈਸਟਾਂ ਵਿੱਚ ਬਿਹਤਰ ਨਤੀਜੇ ਦਿਖਾਏ। ਪ੍ਰੀਬਾਇਓਟਿਕਸ ਸਧਾਰਨ ਫਾਈਬਰ ਹਨ ਜੋ ਆਂਦਰਾਂ ਵਿੱਚ ਬੈਕਟੀਰੀਆ ਨੂੰ ਲਾਭ ਪਹੁੰਚਾਉਂਦੇ ਹਨ ਅਤੇ ਸਪਲੀਮੈਂਟਸ ਵਜੋ ਖਾਏ ਜਾ ਸਕਦੇ ਹਨ। ਮਲ ਦੇ ਨਮੂਨਿਆਂ ਦੀ ਜਾਂਚ ਤੋਂ ਪਤਾ ਲੱਗਿਆ ਕਿ ਫਾਈਬਰ ਸਪਲੀਮੈਂਟ ਨੇ ਅਧਿਐਨ ਵਿੱਚ ਸ਼ਾਮਲ ਲੋਕਾਂ ਦੀਆਂ ਆਂਦਰਾਂ ਦੇ ਮਾਈਕ੍ਰੋਬਾਇਓਮ ਨੂੰ ਬਦਲ ਦਿੱਤਾ, ਜਿਸ ਨਾਲ ਲਾਭਦਾਇਕ ਬੈਕਟੀਰੀਆ ਜਿਵੇਂ ਬਿਫਿਡੋਬੈਕਟੀਰੀਅਮ ਦੇ ਪੱਧਰ ਵਿੱਚ ਵਾਧਾ ਹੋਇਆ। ਕਿੰਗਜ਼ ਕਾਲਜ ਲੰਡਨ ਤੋਂ ਜੈਰੀਐਟ੍ਰਿਕ (ਬਜ਼ੁਰਗਾਂ) ਮੈਡੀਸਨ ਦੇ ਕਲੀਨਿਕਲ ਲੈਕਚਰਾਰ, ਮੈਰੀ ਨੀ ਲੋਚਲੇਨ ਨੇ ਇਸ ਅਧਿਐਨ ਦੀ ਅਗਵਾਈ ਕੀਤੀ ਅਤੇ ਦਾਅਵਾ ਕੀਤਾ ਕਿ ਇਸ ਅਧਿਐਨ ਨਾਲ ਖੁਰਾਕ ਰਾਹੀ ਬਜ਼ੁਰਗਾਂ ਦੀ ਦਿਮਾਗੀ ਸਿਹਤ ਅਤੇ ਯਾਦਦਾਸ਼ਤ ਨੂੰ ਵਧਾਉਣ ਵਿੱਚ ਮਦਦ ਕੀਤੀ ਜਾਵੇਗੀ। "ਮਾਈਕ੍ਰੋਬਾਇਓਮ ਬਾਰੇ ਦਿਲਚਸਪ ਗੱਲ ਇਹ ਹੈ ਕਿ ਇਹ ਨਰਮ ਹੁੰਦਾ ਹੈ ਅਤੇ ਕੁਝ ਰੋਗਾਣੂ ਸਿਹਤ ਨਾਲ ਹਾਂਮੁਖੀ ਢੰਗ ਨਾਲ ਜੁੜੇ ਹੋਏ ਲੱਗਦੇ ਹਨ।"




ਨੀ ਲੋਚਲੇਨ ਇਹ ਜਾਣਨਾ ਚਾਹੁੰਦੇ ਹਨ ਕਿ ਅਸੀ ਪੇਟ (ਆਂਦਰਾਂ) ਦੇ ਬੈਕਟੀਰੀਆ ਦੀ ਵਰਤੋਂ ਕਰਕੇ, ਵਧਦੀ ਉਮਰ ਦੇ ਨਾਲ ਸਰੀਰ ਅਤੇ ਦਿਮਾਗ ਵਿੱਚ ਆਉਣ ਵਾਲੀ ਕਮਜ਼ੋਰੀ ਨੂੰ ਕਿਵੇਂ ਰੋਕ ਸਕਦੇ ਹਾਂ। ਉਨ੍ਹਾਂ ਨੇ ਕਿਹਾ ਕਿ "ਇਹ ਇੱਕ ਅਣਵਰਤਿਆ ਸਰੋਤ ਹੈ ਅਤੇ ਇੱਕ ਘੱਟ ਖੋਜਿਆ ਖੇਤਰ ਹੈ ਜਿਸ ਬਾਰੇ ਅਸੀ ਬਹੁਤ ਕੁਝ ਸਿੱਖ ਰਹੇ ਹਾਂ" ਅਤੇ ਇਹ "ਬੁੱਢਾ ਹੋਣਾ ਆਸਾਨ ਬਣਾ ਸਕਦਾ ਹੈ"। ਖੋਜ ਇਹ ਵੀ ਦਰਸਾਉਂਦੀ ਹੈ ਕਿ ਵੱਡੇ ਪੱਧਰ 'ਤੇ ਬਿਊਟੀਰੇਟ ਬਣਨ ਦਾ ਡਿਪਰੈਸ਼ਨ, ਬਿਹਤਰ ਨੀਂਦ ਅਤੇ ਬਿਹਤਰ ਕਾਗਨੇਟਿਵ ਕਾਰਜ 'ਤੇ ਹਾਂਮੁਖੀ ਅਸਰ ਪੈਂਦਾ ਹੈ। ਮਿਸਾਲ ਵਜੋਂ, ਬਿਊਟੀਰੇਟ ਪੈਦਾ ਕਰਨ ਵਾਲੇ ਬੈਕਟੀਰੀਆ ਨੂੰ ਵਧੇਰੇ ਤੰਦਰੁਸਤੀ ਦੇ ਨਾਲ-ਨਾਲ ਮਾਨਸਿਕ ਬਿਮਾਰੀ ਘਟਾਉਣ ਨਾਲ ਜੋੜਿਆ ਗਿਆ ਹੈ। ਹਾਲ ਹੀ ਵਿਚ, ਸਕਾਟ ਦੀ ਟੀਮ ਦੇ ਦੇਖਿਆ ਕਿ ਅਲਜ਼ਾਈਮਰ ਰੋਗ ਵਾਲੇ ਮਰੀਜ਼ਾਂ ਦੇ ਮਲ ਦੇ ਨਮੂਨਿਆਂ ਵਿੱਚ ਪ੍ਰੋ-ਇਨਫਲੇਮੇਟਰੀ ਮਾਰਕਰਾਂ ਦੀ ਗਿਣਤੀ ਜ਼ਿਆਦਾ ਸੀ ਅਤੇ ਬਿਊਟੀਰੇਟ ਪੈਦਾ ਕਰਨ ਵਾਲੇ ਬੈਕਟੀਰੀਆ ਦੀ ਗਿਣਤੀ ਘੱਟ ਸੀ, ਬਿਊਟੀਰੇਟ ਵੀ ਘੱਟ ਸੀ। ਉਹ ਕਹਿੰਦੇ ਹਨ ਕਿ "ਇਹ ਬਿਊਟੀਰੇਟ ਅਤੇ ਦਿਮਾਗ ਵਿਚਕਾਰ ਸਬੰਧ ਨਾਲ ਜੁੜਦਾ ਹੈ ਅਤੇ ਇਹ ਇੱਕ ਕੋ-ਰੀਲੇਸ਼ਨਲ ਅਧਿਐਨ ਸੀ।" ਇਸ ਤੋਂ ਇਹ ਵੀ ਪਤਾ ਲੱਗਦਾ ਹੈ ਕਿ ਸਾਡੀਆਂ ਆਂਦਰਾਂ ਦੇ ਬੈਕਟੀਰੀਆ ਵਿੱਚ ਹੋਣ ਵਾਲੀ ਤਬਦੀਲੀ ਦਾ ਸਿੱਧਾ ਅਸਰ ਦਿਮਾਗ ਦੀ ਸਿਹਤ 'ਤੇ ਪੈਂਦਾ ਹੈ, ਅਤੇ ਹੁਣ ਇਸ ਗੱਲ ਦੇ ਪੱਕੇ ਸਬੂਤ ਵੀ ਮਿਲ ਰਹੇ ਹਨ।

## ਜ਼ਿਆਦਾ ਫਾਈਬਰ ਕਿਵੇਂ ਖਾਈਏ ?

ਖੋਜ ਨੇ ਦਰਸਾਇਆ ਹੈ ਕਿ ਲੰਬੇ ਸਿਹਤਮੰਦ ਜੀਵਨ ਵਾਲੇ ਵਿਅਕਤੀਆਂ ਵਿੱਚ ਆਂਦਰਾਂ ਦੇ ਵਿਭਿੰਨਤਾ ਭਰਪੂਰ ਮਾਈਕ੍ਰੋਬਾਇਓਮ ਹੁੰਦੇ ਹਨ। ਕਮਿੰਗਜ਼ ਕਹਿੰਦੇ ਹਨ ਕਿ ਵੱਖ-ਵੱਖ ਰੂਪਾਂ ਦੇ ਫਾਈਬਰ ਵਾਲੀ ਖੁਰਾਕ ਇਸ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਵਿਚ ਮਦਦ ਕਰਦੀ ਹੈ। ਪੌਦਿਆਂ-ਅਧਾਰਿਤ ਭੋਜਨ, ਖਾਸ ਕਰਕੇ ਦਾਲਾਂ ਨੂੰ ਵਧਾਉਣਾ ਇੱਕ ਸਹੀ ਕਦਮ ਹੈ ਕਿਉਂਕਿ ਮਟਰ, ਬੀਨਜ਼ ਅਤੇ ਦਾਲਾਂ ਵਿੱਚ ਫਾਈਬਰ ਦੀ ਮਾਤਰਾ ਵੱਧ ਹੁੰਦੀ ਹੈ। ਕੁਝ ਸੌਖੇ ਢੰਗਾਂ ਵਿੱਚ ਪੈਨਕੇਕ ਬੈਟਰ ਵਿੱਚ ਛੋਲਿਆਂ ਨੂੰ ਮਿਲਾਉਣਾ ਜਾਂ ਪਾਸਤੇ ਵਿੱਚ ਮਟਰ ਪਾਉਣਾ ਸ਼ਾਮਲ ਹੋ ਸਕਦਾ ਹੈ। ਇਸ ਤੋਂ ਇਲਾਵਾ ਫਾਈਬਰ ਸਪਲੀਮੈਂਟਸ ਵਿੱਚ ਵੀ ਮਿਲ ਸਕਦਾ ਹੈ, ਜੋ ਕਿ ਖਾਸ ਤੌਰ 'ਤੇ ਉਨ੍ਹਾਂ ਲੋਕਾਂ ਲਈ ਲਾਭਦਾਇਕ ਹੈ ਜਿਨ੍ਹਾਂ ਨੂੰ ਚੱਬਣ ਜਾਂ ਨਿਗਲਣ ਵਿੱਚ ਔਖਿਆਈ ਆਉਂਦੀ ਹੈ, ਜਿਵੇਂ ਪਾਰਕਿੰਸਨਸ ਬਿਮਾਰੀ ਵਾਲੇ ਵਿਅਕਤੀ ਹੋ ਸਕਦੇ ਹਨ। ਸਕਾਟ ਅਨੁਸਾਰ, ਫਾਈਬਰ ਦੇ ਫਾਇਦੇ ਇੰਨੇ ਜ਼ਿਆਦਾ ਹਨ ਕਿ "ਆਪਣੇ ਫਾਈਬਰ ਦੀ ਮਾਤਰਾ ਵਧਾਉਣਾ ਅਸਲ ਵਿੱਚ ਸਭ ਤੋਂ ਵੱਧ ਲਾਭਦਾਇਕ ਚੀਜ਼ ਹੈ" ਜੋ ਲੋਕ ਆਪਣੀ ਸਮੁੱਚੀ ਸਿਹਤ ਲਈ ਕਰ ਸਕਦੇ ਹਨ।

# ਡਿਪ੍ਰੈਸ਼ਨ: ਜਾਣਕਾਰੀ, ਕਿਸਮਾਂ, ਕਾਰਨ, ਲੱਛਣ ਅਤੇ ਮਨੋਵਿਗਿਆਨਕ ਇਲਾਜ



**ਡਿਪ੍ਰੈਸ਼ਨ** ਇੱਕ ਆਮ ਪਰ ਗੰਭੀਰ ਮਾਨਸਿਕ ਸਿਹਤ ਦੀ ਅਵਸਥਾ ਹੈ, ਜੋ ਦੁਨੀਆ ਭਰ ਵਿੱਚ ਲੱਖਾਂ ਲੋਕਾਂ ਨੂੰ ਪ੍ਰਭਾਵਿਤ ਕਰਦੀ ਹੈ। ਇਹ ਸਿਰਫ਼ ਕਦੇ-ਕਦੇ ਹੋਣ ਵਾਲੀ ਉਦਾਸੀ ਨਹੀ, ਬਲਕਿ ਇੱਕ ਐਸੀ ਮਨੋਵਿਗਿਆਨਕ ਬਿਮਾਰੀ ਹੈ ਜੋ ਵਿਅਕਤੀ ਦੇ ਵਿਚਾਰਾਂ, ਭਾਵਨਾਵਾਂ, ਵਿਹਾਰ ਅਤੇ ਰੋਜ਼ਾਨਾ ਦੇ ਕੰਮਾਂ ਨੂੰ ਡੂੰਘੇ ਤੌਰ 'ਤੇ ਪ੍ਰਭਾਵਿਤ ਕਰਦੀ ਹੈ। ਡਿਪ੍ਰੈਸ਼ਨ ਵਾਲੇ ਵਿਅਕਤੀਆਂ ਲਈ ਆਮ ਕੰਮ ਕਰਨਾ ਵੀ ਬਹੁਤ ਮੁਸ਼ਕਲ ਹੋ ਜਾਂਦਾ ਹੈ, ਅਤੇ ਕਈ ਵਾਰ ਇਹ ਉਨ੍ਹਾਂ ਦੀ ਨਿੱਜੀ, ਪਰਿਵਾਰਕ ਅਤੇ ਪ੍ਰੋਫੈਸ਼ਨਲ ਜ਼ਿੰਦਗੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦਾ ਹੈ। ਵਿਸ਼ਵ ਸਿਹਤ ਸੰਸਥਾ ਮੁਤਾਬਕ, ਡਿਪ੍ਰੈਸ਼ਨ ਦੁਨੀਆ ਵਿੱਚ ਅਪਾਹਜਤਾ ਦੇ ਮੁੱਖ ਕਾਰਨਾਂ ਵਿੱਚੋਂ ਇੱਕ ਹੈ।

## ਜਾਣ-ਪਛਾਣ

ਡਿਪ੍ਰੈਸ਼ਨ ਦੀ ਮੁੱਖ-ਪਛਾਣ ਲੰਬੇ ਸਮੇਂ ਤੱਕ ਰਹਿਣ ਵਾਲੀ ਉਦਾਸੀ, ਨਿਰਾਸ਼ਾ, ਉਤਸ਼ਾਹ ਦੀ ਘਾਟ ਅਤੇ ਉਹਨਾਂ ਗਤੀਵਿਧੀਆਂ ਵਿੱਚ ਅਨੰਦ ਦਾ ਘਟ ਜਾਣਾ ਹੈ ਜਿਨ੍ਹਾਂ ਦਾ ਵਿਅਕਤੀ ਪਹਿਲਾਂ ਆਨੰਦ ਲੈਂਦਾ ਸੀ। ਇਹ ਭਾਵਨਾਤਮਕ, ਸੰਜੋਗਾਤਮਕ ਅਤੇ ਸ਼ਾਰੀਰਕ ਤੌਰ ਤੇ ਪ੍ਰਭਾਵ ਪਾਉਂਦਾ ਹੈ। ਹਾਲਾਂਕਿ ਇਹ ਇੱਕ ਗੰਭੀਰ ਬਿਮਾਰੀ ਹੈ, ਪਰ ਸਹੀ ਇਲਾਜ ਅਤੇ ਸਮੇਂ ਸਿਰ ਮਦਦ ਨਾਲ ਪੂਰੀ ਤਰ੍ਹਾਂ ਠੀਕ ਹੋਣਾ ਸੰਭਵ ਹੈ।

## ਡਿਪ੍ਰੈਸ਼ਨ ਦੀਆਂ ਕਿਸਮਾਂ

1.**ਮੇਜਰ ਡਿਪ੍ਰੈਸਿਵ ਡਿਸਆਰਡਰ (MDD):** ਇਸ ਵਿੱਚ ਗਹਿਰੀ ਉਦਾਸੀ, ਥਕਾਵਟ, ਅਨੰਦ ਦੀ ਕਮੀ ਅਤੇ ਨੀਂਦ/ਭੁੱਖ ਵਿੱਚ ਬਦਲਾਅ ਘੱਟੋ-ਘੱਟ ਦੋ ਹਫ਼ਤੇ ਜਾਂ ਇਸ ਤੋਂ ਵੱਧ ਰਹਿੰਦੇ ਹਨ।
2.**ਪ੍ਰਿਸਿਸਟੈਂਟ ਡਿਪ੍ਰੈਸਿਵ ਡਿਸਆਰਡਰ (Dysthymia):** ਦੋ ਸਾਲ ਜਾਂ ਇਸ ਤੋਂ ਵੱਧ ਸਮੇਂ ਤੱਕ ਚੱਲਣ ਵਾਲਾ ਹਲਕਾ ਜਾਂ ਮੱਧਮ ਸਤਰ ਤੇ ਡਿੱਗੇ ਹੋਏ ਮਨ ਦੀ ਅਵਸਥਾ ਹੈ ।
3.**ਪੋਸਟਪਾਰਟਮ ਡਿਪ੍ਰੈਸ਼ਨ:** ਬੱਚਾ ਜੰਮਣ ਤੋਂ ਬਾਅਦ ਕਈ ਔਰਤਾਂ ਵਿੱਚ ਹੋਣ ਵਾਲਾ ਡਿਪ੍ਰੈਸ਼ਨ।
4.**ਸੀਜ਼ਨਲ ਅਫੈਕਟਿਵ ਡਿਸਆਰਡਰ (SAD):** ਖ਼ਾਸ ਕਰਕੇ ਸਰਦੀਆਂ ਦੇ ਮਹੀਨਿਆਂ ਵਿੱਚ ਰੋਸ਼ਨੀ ਦੀ ਘਾਟ ਕਰਕੇ ਹੋਣ ਵਾਲਾ ਡਿਪ੍ਰੈਸ਼ਨ।
5.**ਅਟਿਪਿਕਲ ਡਿਪ੍ਰੈਸ਼ਨ:** ਕੁਝ ਸਥਿਤੀਆਂ ਵਿੱਚ ਮੂਡ ਆਰਜੀ ਤੌਰ 'ਤੇ ਬਿਹਤਰ ਹੋ ਸਕਦਾ ਹੈ, ਪਰ ਆਮ ਤੌਰ ਤੇ ਉਦਾਸੀ ਕਾਇਮ ਰਹਿੰਦੀ ਹੈ।

## ਡਿਪ੍ਰੈਸ਼ਨ ਦੇ ਕਾਰਨ

ਡਿਪ੍ਰੈਸ਼ਨ ਇੱਕੋ ਕਾਰਨ ਨਾਲ ਨਹੀ ਹੁੰਦਾ, ਇਸ 'ਤੇ ਕਈ ਕਾਰਕ ਮਿਲ ਕੇ ਪ੍ਰਭਾਵ ਪਾਂਦੇ ਹਨ:
·**ਜੈਵਿਕ ਕਾਰਨ:** ਦਿਮਾਗ ਵਿੱਚ ਰਸਾਇਣਿਕ ਪਦਾਰਥਾਂ (ਨਿਊਰੋਟ੍ਰਾਂਸਮਿੱਟਰ) ਦਾ ਅਸੰਤੁਲਨ।


ਡਾਕਟਰ ਕੁਲਦੀਪ ਸਿੰਘ (ਅੰਬਾਲਾ)
+91-98960-63134

·**ਜਨਮਜਾਤ ਕਾਰਨ:** ਪਰਿਵਾਰ ਵਿੱਚ ਡਿਪ੍ਰੈਸ਼ਨ ਦਾ ਇਤਿਹਾਸ।
·**ਮਨੋਵਿਗਿਆਨਕ ਕਾਰਨ:** ਨਕਾਰਾਤਮਕ ਸੋਚ, ਘੱਟ ਆਤਮ-ਵਿਸ਼ਵਾਸ, ਪੁਰਾਨੇ ਸਦਮੇ ਅਤੇ ਲੰਬੇ ਸਮੇਂ ਦਾ ਤਣਾਅ।
·**ਸਮਾਜਿਕ ਅਤੇ ਆਲਾ-ਦੁਆਲਾ ਕਾਰਨ:** ਰਿਸ਼ਤਿਆਂ ਵਿੱਚ ਤਣਾਅ, ਨੌਕਰੀ ਦੀ ਸਮੱਸਿਆ, ਆਰਥਿਕ ਮੁਸ਼ਕਲਾਂ, ਕਿਸੇ ਪਿਆਰੇ ਦੀ ਮੌਤ, ਇਕਾਂਤਵਾਸ।
·**ਮੈਡੀਕਲ ਕਾਰਨ:** ਲੰਬੀ ਬਿਮਾਰੀਆਂ, ਹਾਰਮੋਨਲ ਸਮੱਸਿਆਵਾਂ ਅਤੇ ਥਾਇਰਾਇਡ ਡਿਸਆਰਡਰ ਵੀ ਪ੍ਰਭਾਵਿਤ ਕਰ ਸਕਦੇ ਹਨ।

## ਡਿਪ੍ਰੈਸ਼ਨ ਦੇ ਲੱਛਣ

•ਲਗਾਤਾਰ ਉਦਾਸੀ, ਨਿਰਾਸ਼ਾ ਜਾਂ ਖਾਲੀਪਨ
•ਥਕਾਵਟ ਅਤੇ ਤਾਕਤ ਦੀ ਘਾਟ
•ਅਨੰਦ ਅਤੇ ਉਤਸ਼ਾਹ ਵਿੱਚ ਕਮੀ
•ਨੀਂਦ ਵਿੱਚ ਬਦਲਾਅ-ਬਹੁਤ ਜ਼ਿਆਦਾ ਜਾਂ ਬਹੁਤ ਘੱਟ ਨੀਂਦ
•ਭੁੱਖ ਅਤੇ ਵਜ਼ਨ ਵਿੱਚ ਤਬਦੀਲੀ
•ਗਲਤੀ ਦਾ ਬੇਵਜ੍ਹਾ ਪਛਤਾਵਾ ਜਾਂ ਆਪਣੇ ਆਪ ਨੂੰ ਬੇਕਾਰ ਸਮਝਣਾ
•ਧਿਆਨ, ਯਾਦਦਾਸ਼ਤ ਅਤੇ ਫੈਸਲੇ ਕਰਨ ਦੀ ਸਮਰੱਥਾ ਵਿੱਚ ਕਮੀ
•ਗੰਭੀਰ ਮਾਮਲਿਆਂ ਵਿੱਚ ਆਪਣਾ ਨੁਕਸਾਨ ਕਰਨ ਦੇ ਜਾਂ ਆਤਮਹਤਿਆ ਸਬੰਧੀ ਵਿਚਾਰ।

## ਮਨੋਵਿਗਿਆਨਕ ਇਲਾਜ

ਡਿਪ੍ਰੈਸ਼ਨ ਦਾ ਇਲਾਜ ਸੰਭਵ ਅਤੇ ਬਹੁਤ ਪ੍ਰਭਾਵਸ਼ਾਲੀ ਹੈ:
·**ਕਾਗਨੀਟਿਵ ਬਿਹੇਵਿਅਰਲ ਥੈਰਪੀ (CBT):** ਨਕਾਰਾਤਮਕ ਵਿਚਾਰਾਂ ਅਤੇ ਵਿਹਾਰਾਂ ਨੂੰ ਬਦਲਣ ਵਿੱਚ ਸਭ ਤੋਂ ਪ੍ਰਭਾਵਸ਼ਾਲੀ ਥੈਰੇਪੀ ਹੈ ।
·**ਇੰਟਰਪਰਸਨਲ ਥੈਰਪੀ (IPT):** ਰਿਸ਼ਤਿਆਂ ਅਤੇ ਸਮਾਜਿਕ ਭਾਵਨਾਵਾਂ ਵਿੱਚ ਸੁਧਾਰ ਕਰਦੀ ਹੈ।
·**ਕੌਂਸਲਿੰਗ ਅਤੇ ਮਾਨਸਿਕ ਸਹਾਇਤਾ:** ਤਣਾਅ ਦੀ ਰੋਕਥਾਮ, ਭਾਵਨਾਵਾਂ ਦੀ ਸਮਝ ਅਤੇ ਸਮੱਸਿਆ ਹੱਲ ਕਰਨ ਵਿੱਚ ਮਦਦਗਾਰ।
·**ਮਾਈਂਡਫੁਲਨੈੱਸ ਅਤੇ ਰੀਲੈਕਸੇਸ਼ਨ ਤਕਨੀਕਾਂ:** ਚਿੰਤਾ ਘਟਾਉਣ ਅਤੇ ਮਨ ਨੂੰ ਸ਼ਾਂਤ ਕਰਨ ਲਈ ਉਪਯੋਗੀ।
·**ਜੀਵਨਸ਼ੈਲੀ ਵਿੱਚ ਸੁਧਾਰ:** ਰੋਜ਼ਾਨਾ ਕਸਰਤ, ਸਿਹਤਮੰਦ ਭੋਜਨ, ਪੂਰੀ ਨੀਂਦ ਅਤੇ ਸਮਾਜਕ ਰਿਸ਼ਤੇ ਇਲਾਜ ਨੂੰ ਤੇਜ਼ ਕਰਦੇ ਹਨ। ਡਿਪ੍ਰੈਸ਼ਨ ਇੱਕ ਇਲਾਜਯੋਗ ਬਿਮਾਰੀ ਹੈ-ਸਮੇਂ ਸਿਰ ਪਛਾਣ ਅਤੇ ਸਹੀ ਮਨੋਵਿਗਿਆਨਕ ਇਲਾਜ ਨਾਲ ਵਿਅਕਤੀ ਮੁੜ ਸਹੀ, ਸਿਹਤਮੰਦ ਅਤੇ ਖੁਸ਼ਹਾਲ ਜੀਵਨ ਜੀ ਸਕਦਾ ਹੈ।

# ਉਦਾਸ ਨਹੀਂ ਹੋਈਦਾ ਬੀਬਾ...

ਗੁਰਬਖ਼ਸ਼ ਸਿੰਘ ਭੰਡਾਲ

**ਉਦਾਸ** ਨਹੀ ਹੋਈਦਾ। ਬੜੀ ਖ਼ਤਰਨਾਕ ਹੁੰਦੀ ਏ ਉਦਾਸੀ। ਉਦਾਸ ਪਲਾਂ ਵਿੱਚ ਸਿਰਫ਼ ਹਉਕੇ ਤੇ ਹਾਵੇ ਉੱਗਦੇ ਹਨ। ਕਦੇ ਉਦਾਸੀ ਦਸਤਕ ਦੇਵੇ ਤਾਂ ਇਸ ਤੋਂ ਪਾਸਾ ਵੱਟਣਾ ਜ਼ਰੂਰੀ ਹੁੰਦਾ ਹੈ। ਉਦਾਸ ਚਿਹਰਿਆਂ ਤੋਂ ਹਾਸੀ, ਖ਼ੁਮਾਰੀ ਅਤੇ ਹੁਲਾਸ ਉੱਡ ਜਾਂਦਾ ਹੈ। ਮਿਟ ਜਾਂਦੇ ਹਨ ਚਾਅ ਅਤੇ ਆਸ। ਚਿਹਰੇ ਉੱਪਰ ਉੱਗੀਆਂ ਝੁਰੜੀਆਂ ਵਿੱਚ ਉਦਾਸੀ ਦੀਆਂ ਉਲਝੀਆਂ ਲਕੀਰਾਂ ਤਕਦੀਰ ਨੂੰ ਹੀ ਉਲਝਾ ਦਿੰਦੀਆਂ ਹਨ। ਉੱਦਮ ਉਦਾਸ ਹੋ ਜਾਣ ਤਾਂ ਨਵੇਂ ਹੰਭਲਿਆਂ ਦਾ ਹੌਸਲਾ ਪਸਤ ਹੋ ਜਾਂਦਾ ਹੈ। ਨਵੀਆਂ ਪਹਿਲਕਦਮੀਆਂ ਰੁਕ ਜਾਂਦੀਆਂ ਹਨ। ਨਵੀਆਂ ਪੇਸ਼ਕਦਮੀਆਂ ਨਾਲ ਹੋਣ ਵਾਲੀਆਂ ਵਿਲੱਖਣ ਪ੍ਰਾਪਤੀਆਂ ਸਿਸਕੀਆਂ ਬਣ ਜਾਂਦੀਆਂ ਹਨ। ਉੱਦਮ ਦਾ ਜਲੌਅ ਤਾਂ ਹਮੇਸ਼ਾਂ ਜਾਰੀ ਰਹਿਣਾ ਚਾਹੀਦਾ ਹੈ। ਉਦਾਸ ਰੁੱਤ ਵਿੱਚ ਕੁਝ ਵੀ ਮਨ ਨੂੰ ਨਹੀ ਭਾਉਂਦਾ। ਚਿੱਤ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰਹਿੰਦਾ ਹੈ। ਉਦਾਸ ਰੁੱਤ



ਸਾਡੇ ਆਲੇ-ਦੁਆਲੇ ਨੂੰ ਉਦਾਸ ਪਰਤ ਨਾਲ ਹੀ ਢੱਕ ਲੈਂਦੀ ਹੈ। ਉਦਾਸ ਮੌਸਮਾਂ ਵਿੱਚ ਬਹਾਰ ਨਹੀ ਆਉਂਦੀ। ਫੁੱਲ ਨਹੀ ਖਿੜਦੇ। ਲਗਰਾਂ ਨਹੀ ਫੁੱਟਦੀਆਂ। ਕੂਲੇ ਪੱਤਿਆਂ ਦੇ ਲਿਬਾਸ ਤੋਂ ਵਿਰਵੀਆਂ ਟਹਿਣੀਆਂ ਖ਼ੁਦ ਨੂੰ ਨੰਗਾ ਮਹਿਸੂਸ ਕਰਦੀਆਂ ਹਨ। ਸੂਰਜ ਦੀ ਧੁੱਪ ਵਿਚਲਾ ਖੇੜਾ ਗਾਇਬ ਹੁੰਦਾ ਹੈ ਅਤੇ ਸਾਡੀ ਚੇਤਨਾ ਵਿੱਚ ਦੁਪਹਿਰ ਸੋਨਰੰਗੀ ਨਹੀ ਹੁੰਦੀ। ਮਰਨਹਾਰਾ ਬੰਦਾ ਆਪਣੇ ਸਾਹਾਂ ਨੂੰ ਘੜੀਸਣ ਲੱਗਦਾ ਹੈ। ਕਲਮ ਉਦਾਸ ਹੋ ਜਾਵੇ ਤਾਂ ਪੁੰਗਰਨ ਵਾਲੇ ਸ਼ਬਦ ਹਉਕਾ ਬਣਦੇ ਹਨ। ਸਫ਼ਿਆਂ ਨੂੰ ਕੋਰੇਪਣ ਦਾ ਦਰਦ ਹੰਢਾਉਣਾ ਪੈਂਦਾ ਹੈ। ਸ਼ਬਦਾਂ ਦੀ ਹਿੱਕ 'ਚ ਜਗਣ ਵਾਲੇ ਅਰਥਾਂ ਦੇ ਦੀਵੇ ਬਣ ਜਾਂਦੇ ਹਨ। ਹਉਕਾ ਤੇ ਹਟਕੋਰੇ ਭਰਦਾ ਚਾਨਣ ਭਲਾਂ ਕਿਸੇ ਦੇ ਮੱਥੇ ਨੂੰ ਕਿਵੇਂ ਉਜਿਆਰਾ ਕਰੇਗਾ? ਸੋਚ ਉਦਾਸ ਹੋ ਜਾਵੇ ਤਾਂ ਖ਼ਿਆਲਾਂ ਦੀਆਂ ਫੁੱਲਝੜੀਆਂ ਫੁੱਸ ਹੋ ਕੇ ਰਹਿ ਜਾਂਦੀਆਂ ਹਨ। ਖ਼ਾਬਾਂ ਵਿੱਚ ਉੱਗਣ ਵਾਲੇ ਤਾਰੇ ਮਰਸੀਆ ਬਣ ਜਾਂਦੇ ਹਨ ਅਤੇ ਮਰਸੀਆ ਕਦੇ ਵੀ ਜਿਉਣ ਦਾ ਸਬਕ ਨਹੀ ਦੇ ਸਕਦਾ। ਸੁਪਨਾ ਉਦਾਸ ਹੋ ਜਾਵੇ ਤਾਂ ਸਾਡੀਆਂ ਸੰਭਾਵਨਾਵਾਂ ਵਿੱਚ ਮਾਤਮ ਉੱਗਦਾ ਹੈ। ਨਵੀਆਂ ਸਫਲਤਾਵਾਂ ਸਰਾਪੀਆਂ ਜਾਂਦੀਆਂ ਹਨ ਅਤੇ ਸੁਪਨਿਆਂ ਦਾ ਧੁਖਣਾ ਬੰਦੇ ਦੀ ਬਿਰਤੀ ਨੂੰ ਬਰਬਾਦ ਕਰ ਦਿੰਦਾ ਹੈ। ਬਲਦੇ ਸਿਵਿਆਂ ਵਿੱਚੋ ਜਿਉਣ ਨੂੰ ਕਿਵੇਂ ਕਿਆਸੋਗੇ? ਖਿੜ ਰਹੇ ਫੁੱਲ, ਹੱਸਦੇ ਬੱਚੇ ਅਤੇ ਉਮੰਗਾਂ ਨਾਲ ਲਬਰੇਜ਼ ਜਵਾਨ ਦਿਲਾਂ ਦਾ ਸੁਪਨਾ ਬਣੋਗੇ ਤਾਂ ਸੁਪਨਈ ਰੰਗਤ ਵਿੱਚ ਰੰਗੇ ਜਾਵੋਗੇ। ਘੋਰ ਉਦਾਸੀ ਦਾ ਰੂਪ ਦੇਖਣ ਲਈ ਕਦੇ ਬ੍ਰਾਂਡੇਡ ਕੱਪੜੇ ਪਹਿਨਣ ਵਾਲੇ ਸ਼ਖ਼ਸ ਦੀ ਲਾਸ਼ ਨੂੰ ਦੇਖਣਾ। ਭਲਾ! ਬੇਮੈਚ ਚਿੱਟੇ ਕੱਫ਼ਣ 'ਚ ਲਿਪਟੀ ਲਾਸ਼, ਕਿੰਝ ਕਹੇ ਕਿ ਕੱਫ਼ਣ ਤਾਂ ਮੇਚ ਹੀ ਨਹੀ ਆਉਂਦਾ। ਵੈਸੇ ਕੱਫ਼ਣ ਵੀ ਕੇਹੀ ਚੀਜ਼ ਏ ਜੋ ਖ਼ਰੀਦਦਾ ਉਹ ਪਾਉਂਦਾ ਨਹੀ, ਜਿਸ 'ਤੇ ਪਾਇਆ ਜਾਂਦਾ ਉਹ ਖ਼ੁਦ ਪਾ ਨਹੀ ਸਕਦਾ ਅਤੇ ਜਿਸਨੂੰ ਦਿਖਾਉਣ ਲਈ ਪਾਇਆ ਜਾਂਦਾ, ਉਹ ਤਾਂ ਦੇਖ ਹੀ ਨਹੀ ਸਕਦਾ। ਘੋਰ ਉਦਾਸੀ 'ਚ ਬੰਦਾ ਵੀ ਇੱਕ ਬੇਕੱਫ਼ਣੀ ਲਾਸ਼ ਹੀ ਤਾਂ ਹੁੰਦਾ ਹੈ, ਤੁਰਦੀ ਫਿਰਦੀ ਲਾਸ਼ ਜੋ ਖ਼ੁਦ ਤੋਂ ਬੇਸੁੱਧ ਹੋ ਕੇ ਸਿਵਿਆਂ ਵੱਲ ਨੂੰ ਤੁਰੀ ਜਾਂਦੀ ਹੈ। ਬਸਤਾ ਉਦਾਸ ਹੋ ਜਾਵੇ ਤਾਂ ਇਸ ਵਿੱਚੋ ਕਿਤਾਬਾਂ ਅਤੇ ਕਾਪੀਆਂ ਗਾਇਬ ਹੋ ਜਾਂਦੀਆਂ ਹਨ। ਇਸ ਦਾ ਖਾਲੀਪਣ ਭਰਦੀਆਂ ਨੇ ਬੰਦੂਕਾਂ, ਬਰੂਦ ਅਤੇ ਬਰਬਾਦੀ। ਕਦੇ ਵੀ ਬਸਤੇ ਨੂੰ ਉਦਾਸ ਨਾ ਹੋਣ ਦਿਓ ਸਗੋਂ ਇਸ ਵਿੱਚ ਪਈਆਂ ਪੈਨਸਲਾਂ ਨਾਲ ਕੋਰੇ ਕਾਗਜ਼ਾਂ 'ਤੇ ਕੁਝ ਤਾਂ ਅਜਿਹਾ ਲਿਖੋ ਜੋ ਬੰਦੇ ਦਾ ਜਿਉਣ-ਸਬੱਬ ਬਣ ਜਾਣ। ਸ਼ਬਦ ਉਦਾਸ ਹੋ ਜਾਣ ਤਾਂ ਤੁਹਾਡੇ ਅੰਦਰ ਇੱਕ ਕਬਰ ਉੱਗਦੀ ਹੈ ਜੋ ਹੌਲੀ ਹੌਲੀ ਤੁਹਾਨੂੰ ਵੀ ਕਬਰ ਬਣਾ ਦਿੰਦੀ ਹੈ। ਇਸ ਤੋਂ ਪਹਿਲਾਂ ਕਿ ਸਾਡੇ ਅੰਦਰ ਕਬਰਾਂ ਉੱਗਣ ਲੱਗਣ ਕੁਝ ਤਾਂ ਆਪਣੀ ਰੂਹ ਵਰਗਾ ਸੱਚਾ ਸੁੱਚਾ ਅਤੇ ਸੰਜੀਵ ਸ਼ਬਦ ਲਿਖੀਏ। ਯਾਦ ਰਹੇ ਬੰਦਾ ਲਿਖੇ ਹੋਏ ਸ਼ਬਦਾਂ ਦਾ ਗੁਲਾਮ ਹੁੰਦਾ ਹੈ, ਪਰ ਉਹ ਅਣਲਿਖੇ ਸ਼ਬਦਾਂ ਦਾ ਹਮੇਸ਼ਾਂ ਬਾਦਸ਼ਾਹ ਹੁੰਦਾ ਹੈ। ਅਣਲਿਖੇ ਸ਼ਬਦਾਂ ਨਾਲ ਕੁਝ ਕੁ ਜਿਉਣ ਜੋਗਾ ਲਿਖ ਜਾਣਾ ਹੀ ਸ਼ੁਭ-ਕਰਮਨ ਦਾ ਰੂਪ ਧਾਰਦਾ ਹੈ। ਦਰਿਆ ਉਦਾਸ ਹੋ ਜਾਵੇ ਤਾਂ ਇਸ ਵਿੱਚ ਬਰੇਤੇ ਉੱਗਦੇ ਹਨ। ਕੰਢਿਆਂ 'ਤੇ ਉਜਾੜ ਅਤੇ ਸੁੰਨਸਾਨ। ਦਰਿਆ 'ਤੇ ਰੁੱਸੇ ਕੰਢਿਆਂ ਨੂੰ ਮਿਲਾਉਣ ਵਾਲੇ ਪਾਣੀ ਦਾ ਤਰਲਾ ਏ ਕਿ ਕਦੇ ਵੀ ਦਰਿਆ ਨੂੰ ਉਦਾਸ ਨਾ ਹੋਣ ਦਿਓ। ਦਰਿਆ ਨਾ ਰਹੇ ਤਾਂ ਮਨੁੱਖੀ ਸੱਭਿਅਤਾ ਨੂੰ ਮਿਟਣ ਲੱਗਿਆਂ ਬਹੁਤੀ ਦੇਰ ਨਹੀ ਲੱਗਣੀ। ਖੇਤ ਉਦਾਸ ਹੋ ਜਾਣ ਤਾਂ ਇਨ੍ਹਾਂ ਵਿੱਚ ਖ਼ੁਦਕੁਸ਼ੀਆਂ ਉੱਗਦੀਆਂ ਹਨ। ਬੰਨੇ ਬਣਦੇ ਨੇ ਕਬਰਾਂ ਅਤੇ ਆੜ੍ਹਾਂ ਵਿੱਚ ਵਗਦਾ ਏ ਆਪਣਿਆਂ ਦਾ ਲਹੂ। ਇਸ ਤੋਂ ਪਹਿਲਾਂ ਕਿ ਬੰਦੇ ਜੰਮਣ ਵਾਲੀਆਂ ਜ਼ਮੀਨਾਂ ਮਾਤਮ ਪੈਦਾ ਕਰਨ ਲੱਗ ਪੈਣ, ਖੇਤਾਂ ਦਾ ਵਾਸਤਾ ਜ਼ਰੂਰ ਸੁਣਨਾ। ਇਨ੍ਹਾਂ ਦੀ ਹਿੱਕ 'ਚ ਸੁੱਚਮ ਦਾ ਬੀਜ ਬੀਜੋ ਤਾਂ ਕਿ ਇਸ ਵਿੱਚ ਉੱਗਣ ਵਾਲੀ ਬੰਦਿਆਈ ਤੇ ਚੰਗਿਆਈ ਭਰੇ ਭੜੋਲਿਆਂ ਦਾ ਵਰਦਾਨ ਬਣੇ। ਖੂਹ ਉਦਾਸ ਹੋ ਜਾਣ ਤਾਂ ਖਾਮੋਸ਼ ਹੋ ਜਾਂਦਾ ਹੈ ਪਾੜ੍ਹਛੇ ਵਿੱਚ ਪੈਂਦੇ ਪਾਣੀ ਦਾ ਸੰਗੀਤ। ਪਾਣੀਆਂ ਲਈ ਜੰਗ ਵਾਲੀ ਮਾਨਸਿਕਤਾ ਆਪਣਿਆਂ ਦੇ ਸੀਰਮੇ ਪੀਣ ਨੂੰ ਕਾਹਲੀ ਅਤੇ ਇਸ ਕਾਹਲ ਵਿੱਚ ਬੰਦਾ ਆਪਾ ਹੀ ਗਵਾ ਬਹਿੰਦਾ ਹੈ। ਖੂਹਾਂ 'ਤੇ ਤਾਂ ਰੱਬ ਵੱਸਦਾ ਸੀ। ਉਸ ਰੱਬ ਨੂੰ ਮੋੜ ਲਿਆਵੋ ਅਤੇ ਆਪਣੀਆਂ ਤਰਜੀਹਾਂ ਨਾਲ ਤਦਬੀਰਾਂ ਸਿੰਝ ਕੇ ਮਾਣਮੱਤੀ ਜੀਵਨ-ਸ਼ੈਲੀ ਅਪਣਾਵੋ। ਸੂਰਜ ਉਦਾਸ ਹੋ ਜਾਵੇ ਤਾਂ ਪਲੱਤਣਾਂ ਵਰਗਾ ਦਿਨ ਚੜ੍ਹਦਾ ਹੈ। ਮਰਨਾਊ ਜਿਹੀ ਪੀਲੀ ਧੁੱਪ ਹੀ ਹੁੰਦੀ ਹੈ ਜੋ ਧੁੰਦ ਅਤੇ ਸੀਤ ਤੋਂ ਤ੍ਰਿਹੰਦੀ, ਖ਼ੁਦ ਹੀ ਖ਼ੁਦਕੁਸ਼ੀ ਕਰ ਲੈਂਦੀ ਹੈ; ਦਰਿਆ ਨੂੰ ਉਦਾਸ ਨਾ ਹੋਣ ਦਿਓ

ਬਰੇਤੇ ਜੀਰ ਜਾਣਗੇ ਦਰਿਆ
ਤੇ ਪਿਆਸ ਚੜ੍ਹ ਜਾਵੇਗੀ ਸੂਲੀ।
ਸ਼ਬਦਾਂ 'ਚ ਸਿਸਕੀ ਨਾ ਧਰੋ
ਵਰਕਿਆਂ 'ਤੇ ਉੱਗ ਪੈਣਗੀਆਂ ਘਰਾਲਾਂ
ਵਾਕਾਂ 'ਚ ਸਿੰਮ ਆਉਣੀ ਸਿੱਲ
ਤੇ ਲਿਖਤ ਦਾ ਜ਼ਰਜ਼ਰੀਪਣ
ਨਿਗਲ ਜਾਵੇਗਾ ਤਵਾਰੀਖ਼ੀ ਤਹਿਰੀਕ।
ਸੁਪਨੇ ਦੀ ਅੱਖ 'ਚ ਕਸੀਰ ਨਾ ਪਾਓ।
ਪੈਦਾ ਹੋਏ ਧੁੰਦਲਕੇ 'ਚ
ਸੰਦਲੀ ਪੈੜਾਂ ਦਾ ਰੁੱਸਿਆ ਸਿਰਨਾਵਾਂ
ਪੁੱਛ ਦੇਵੇਗਾ ਮੰਜ਼ਿਲ ਦੇ ਮੱਥੇ ਤੋਂ
ਸਿਰਲੇਖ।
ਸੇਜ਼ ਨੂੰ ਸੱਖਣੇਪਣ ਨਾ ਸਰਾਪੋ
ਸਿਲਵਟਾਂ ਦਾ ਦਰਦ
ਕਮਰੇ ਦੀ ਚੁੱਪ 'ਚ
ਗੁਣਗੁਣਾਵੇਗਾ ਮਾਤਮੀ ਸੁਰਾਂ।
ਕਮਰੇ ਨੂੰ ਖਾਮੋਸ਼ੀ ਨਾ ਵਣਜੋ
ਗੁਟਕਦੇ ਹਾਸਿਆਂ ਦੀ ਚੀਸ
ਕਮਰੇ ਦੀ ਫਿਜ਼ਾ ਨੂੰ ਲਾ ਦੇਵੇਗੀ ਰੋਣ
ਤੇ ਹਉਕਿਆਂ ਦਾ ਸੇਕ
ਸਾੜ ਕੇ ਰਾਖ ਕਰੇਗਾ
ਰੀਝਾਂ ਦੇ ਕਪਾਹੀ ਫੁੱਲ।
ਘਰ ਨੂੰ ਕਮਰਿਆਂ 'ਚ ਤਕਸੀਮ ਨਾ ਕਰੋ
ਨਿੱਕੇ ਨਿੱਕੇ ਘੁਰਨਿਆਂ 'ਚ ਵੰਡਿਆ
ਘਰ ਦਾ ਪ੍ਰਤਾਪੀ ਸਰੂਪ
ਘਰ ਨੂੰ ਮਕਾਨ ਬਣਾ ਦੇਵੇਗਾ।
ਚੁੱਲ੍ਹੇ 'ਚ ਬਲਦੀ ਅੱਗ ਨਾ ਬੁਝਾਓ
ਤੌੜੀ ਵਿੱਚ ਰਿੱਝਦੇ ਸਾਗ ਦੀ ਮਹਿਕ
ਬਦਬੂ ਬਣ ਚੌਕੇ ਵਿੱਚ ਫੈਲੀ
ਤਾਂ ਜੀਆਂ ਦੇ ਰੱਜ ਨੇ
ਕਰ ਲੈਣੀ ਹੈ ਖ਼ੁਦਕੁਸ਼ੀ।
ਵਿਹੜੇ ਦੀ ਰੌਣਕ ਨੂੰ ਨਾ ਰੁਸਾਓ
ਅਜਿਹਾ ਨਾ ਹੋਵੇ
ਕਿ ਫਲੀਆਂ ਧਰੇਕਾਂ
ਜਵਾਨੀ ਦੀ ਦਹਿਲੀਜ਼ ਤੋਂ ਤਿਲ੍ਹਕ
ਫਿਜ਼ਾ ਦਾ ਰੁਦਨ ਬਣ ਜਾਣ।
ਅੰਬਰ 'ਚ ਗਹਿਰ ਨਾ ਚਿਤਾਰੋ
ਸੂਰਜ ਦੀ ਅੱਖ ਵਿੱਚ ਉਤਰਿਆ
ਮੋਤੀਆ
ਕੁਦਰਤੀ ਰਹਿਮਤਾਂ ਲਈ ਵਰਜਣਾ ਬਣ
ਧਰਤ ਨੂੰ ਖੰਡਰਾਤ ਬਣਾ ਦੇਵੇਗਾ।
ਖ਼ਿਆਲਾਂ ਦੀ ਵਸੀਹਤਾ ਨਾ ਸੰਗੋੜੋ
ਆਪੋ ਆਪਣੇ ਖੋਲ 'ਚ ਸਿਮਟਿਆਂ
ਉਚੇਰੀ ਪਰਵਾਜ਼
ਤੇ ਨਿਰਾਲਾ ਅੰਦਾਜ਼
ਸੂਲੀ 'ਤੇ ਟੰਗੇ ਜਾਣਗੇ।
ਅੰਦਰਲੇ ਸਫ਼ਰ ਤੋਂ ਨਾ ਹਟੋ
ਬਾਹਰੀ ਸਫ਼ਰ ਦੀਆਂ ਤਰੇੜਾਂ
ਅੰਦਰੂਨੀ ਯਾਤਰਾ ਨੂੰ ਵਰਜ
ਅੰਤਰੀਵੀ ਸੰਤਾਪ ਬਣ ਜਾਣਗੀਆਂ।
ਆਪੇ ਦੇ ਸਨਮੁੱਖ ਹੋਣ ਤੋਂ ਨਾ ਘਬਰਾਵੋ
ਖ਼ੁਦ ਨੂੰ ਮਿਲ ਕੇ
ਪ੍ਰਾਪਤ ਸਕੂਨ ਤੋਂ ਵਿਰਵਾ ਹੋ
ਆਪਣੀਆਂ ਤਰਜੀਹਾਂ ਵੀ ਭੁੱਲ ਜਾਵੋਗੇ।
ਕਦੇ ਬਹੁਤੇ ਹੀ ਉਦਾਸ ਹੋਵੋ
ਤਾਂ ਖਿੜੀ ਬਹਾਰ
ਸੁੱਚੇ ਵਿਚਾਰ
ਚੱਜ-ਅਚਾਰ
ਦੁਮੇਲੜਾ-ਕਿਰਦਾਰ
ਤੇ ਸੁਖਨ ਸੰਸਾਰ
ਦੀ ਉਦਾਸੀ 'ਤੇ ਨਿਕਲ ਜਾਣਾ।
ਜੇ ਜ਼ਿਆਦਾ ਹੀ ਉਦਾਸ ਹੋਵੋ
ਤਾਂ ਬਾਬੇ ਦੀ ਉਦਾਸੀ ਦਾ ਧਿਆਨ
ਧਰਨਾ
ਬਾਕੀ ਉਦਾਸੀਆਂ
ਬੇਅਰਥ
ਬੇਲੋੜੀਆਂ
ਬੇਮਤਲਬ
ਬੇਹੂਦਾ
ਤੇ ਬੇਗਾਨੀਆਂ ਹੋ ਜਾਣਗੀਆਂ।
ਤੁਸੀ ਖ਼ੁਦ ਹੀ
ਆਪਣੀ ਉਦਾਸੀ
ਉਦਾਸੀ ਦੇ ਰਾਹਗੀਰ
ਤੇ ਤਲਬ-ਤਸ਼ਬੀਹ ਬਣ ਜਾਵੋਗੇ।
ਅਜਿਹੀ ਉਦਾਸੀ 'ਤੇ ਜ਼ਰੂਰ ਨਿਕਲਣਾ।

ਉਦਾਸੀ ਦੀ ਸੰਘਣੀ ਧੁੰਦ ਨਾਲ ਜੀਵਨ ਰਾਹ ਦਿਸਣੋਂ ਹੀ ਹਟ ਜਾਂਦੇ ਹਨ। ਜਦ ਜ਼ਿੰਦਗੀ ਦੇ ਪਲ ਪਲ ਨੂੰ ਜਿਉਣਾ ਇੱਕ ਮਜਬੂਰੀ ਬਣ ਜਾਵੇ ਤਾਂ ਸਾਹਾਂ ਦਾ ਸਾਥ ਵੀ ਸਾਥ ਦੇਣ ਤੋਂ ਕੰਨੀ ਕਤਰਾਵੇ। ਜ਼ਿੰਦਗੀ ਇੱਕ ਸ਼ੀਸ਼ਾ ਹੈ। ਉਦਾਸ ਚਿਹਰਿਆਂ ਵਿੱਚੋ ਮਾਯੂਸੀ ਹੀ ਨਜ਼ਰ ਆਉਂਦੀ ਹੈ, ਜਦੋਂਕਿ ਹੱਸਦੇ ਚਿਹਰੇ ਖੇੜਿਆਂ ਦਾ ਦਸਤਾਵੇਜ਼ ਹੁੰਦੇ ਹਨ। ਉਦਾਸੀ ਬਹੁਤ ਵੱਡੀ ਤਾਕਤ ਹੈ। ਕਈ ਵਾਰ ਉਦਾਸ ਪਲਾਂ ਵਿੱਚ ਅਜਿਹਾ ਕੁਹਣੀ ਮੋੜ ਕੱਟਦਾ ਕਿ ਬੰਦਾ ਖ਼ੁਦ ਵੀ ਹੈਰਾਨ ਹੁੰਦਾ ਕਿ ਉਦਾਸੀ ਨੂੰ ਇੰਝ ਵੀ ਉਲਥਾਇਆ ਜਾ ਸਕਦਾ ਹੈ। ਇੱਕ ਅਜਿਹਾ ਹੀ ਪਲ ਜੋ ਸਦਾ ਮੇਰੇ ਚੇਤਿਆਂ ਵਿੱਚ ਤਾਜ਼ਾ ਰਹਿੰਦਾ ਹੈ। ਜਦੋਂ ਮੈਂ ਉਸਨੂੰ ਚਿਤਵਦਾ ਹਾਂ ਤਾਂ ਹਲੂਣਿਆ ਜਾਂਦਾ ਹਾਂ। ਮੈਂ ਆਪਣੇ ਪਿਤਾ ਜੀ ਨਾਲ ਜੂਨ ਦੇ ਮਹੀਨੇ ਖੇਤਾਂ ਵਿੱਚ ਰੂੜੀ ਪਾ ਰਿਹਾ ਸਾਂ। ਜਦ ਮੇਰੇ ਜਮਾਤੀ ਨੇ ਦੱਸਿਆ ਕਿ ਤੂੰ ਪ੍ਰੈਪ ਵਿੱਚੋ ਫੇਲ੍ਹ ਹੋ ਗਿਆ ਏਂ ਤਾਂ ਮੇਰੇ ਪਿਤਾ ਜੀ ਇਕਦਮ ਉਦਾਸ ਹੋ ਗਏ। ਨਿਰਾਸ਼ਤਾ ਅਤੇ ਮਾਯੂਸੀ ਦੀ ਪਰਤ ਉਨ੍ਹਾਂ ਦੇ ਚਿਹਰੇ 'ਤੇ ਫੈਲ ਗਈ। ਉਨ੍ਹਾਂ ਦੇ ਦੀਦਿਆਂ ਵਿੱਚ ਉਤਰੀ ਸਿੱਲ ਨੂੰ ਦੇਖ ਕੇ ਮੇਰਾ ਮਨ ਵਲੂੰਧਰਿਆ ਗਿਆ। ਇਸ ਉਦਾਸ ਦ੍ਰਿਸ਼ ਨੇ ਮੇਰੇ ਮਨ ਨੂੰ ਕੇਹਾ ਹਲੂਣਾ ਦਿੱਤਾ ਕਿ ਮੈਂ ਮਨ ਵਿੱਚ ਪਿਤਾ ਜੀ ਦੇ ਨੈਣਾਂ ਵਿੱਚ ਖ਼ੁਸ਼ੀ ਦੇ ਹੰਝੂ ਲਿਆਉਣ ਦਾ ਪ੍ਰਣ ਕਰ ਲਿਆ ਅਤੇ ਉਦਾਸੀ ਦੀ ਪਰਤ ਵਿੱਚੋ ਮਿਲੀ ਦ੍ਰਿੜਤਾ ਲਿਆ ਕੇ ਹੀ ਪੇਂਡੂ ਜਵਾਕ ਨੇ ਐੱਮਐੱਸੀ ਤੇ ਪੀਐੱਚ. ਡੀ ਵੀ ਕਰ ਲਈ। ਪੰਜਾਬ ਦੇ ਕਾਲਜਾਂ ਅਤੇ ਅਮਰੀਕਾ ਦੀ ਯੂਨੀਵਰਸਿਟੀ ਵਿੱਚ ਪਿਛਲੇ 48 ਸਾਲਾਂ ਤੋਂ ਫਜ਼ਿਕਸ ਪੜ੍ਹਾ ਰਿਹਾ ਹਾਂ। ਦਰਅਸਲ, ਦੇਖਣਾ ਇਹ ਹੁੰਦਾ ਕਿ ਉਦਾਸੀ ਤੁਹਾਨੂੰ ਚੜ੍ਹਦੀਆਂ ਕਲਾਂ ਵੱਲ ਧਕੇਲਦੀ ਹੈ ਜਾਂ ਤੁਸੀ ਉਦਾਸ ਪਲਾਂ ਦੀ ਤਲੀ 'ਤੇ ਨਵੇਂ ਸੁਪਨਿਆਂ ਅਤੇ ਸਫਲਤਾਵਾਂ ਦਾ ਇਤਿਹਾਸ ਉੱਕਰਦੇ ਹੋ। ਉਦਾਸੀ ਸਿਰਜਣਾਤਮਕ ਵੀ ਅਤੇ ਕਿਰਿਆਤਮਕ ਵੀ ਹੁੰਦੀ ਹੈ। ਸਾਰਥਿਕ ਵੀ ਅਤੇ ਸਰੋਕਾਰੀ ਵੀ। ਨਕਾਰਾਤਮਕ ਵੀ ਅਤੇ ਸਕਾਰਾਤਮਕ ਵੀ। ਖ਼ੁਦ ਦਾ ਸਿਵਾ ਸੇਕਣ ਵੰਨੀ ਉਲਾਰ ਵੀ, ਪਰ ਆਪਣੀ ਤਰਜੀਹਾਂ ਨੂੰ ਆਪਣੀ ਤਕਦੀਰ ਸਿਰਜਣ ਦਾ ਵੱਲ ਵੀ। ਇਹ ਤਾਂ ਬੰਦੇ 'ਤੇ ਨਿਰਭਰ ਹੈ ਕਿ ਉਸ ਦੀ ਮਾਨਸਿਕਤਾ ਨੇ ਕਿਹੜੀ ਤਦਬੀਰ ਨੂੰ ਆਪਣੀ ਤਸ਼ਬੀਹ ਬਣਾਉਣਾ ਹੈ। ਮੈਂ ਅਕਸਰ ਜਦ ਉਦਾਸ ਹੁੰਦਾ ਹਾਂ ਤਾਂ ਸੋਚਦਾ ਹਾਂ ਕਿ ਮੈਂ ਕਿਉ ਉਦਾਸ ਹਾਂ? ਇਸ ਦੇ ਕੀ ਕਾਰਨ ਹਨ? ਇਸ ਉਦਾਸੀ ਵਿੱਚੋ ਮੈਂ ਕੀ ਲਾਹਾ ਖੱਟਾਂਗਾ ਜਾਂ ਕਿਹੜਾ ਘਾਟਾ ਪਵੇਗਾ? ਕਈ ਵਾਰ ਤਾਂ ਇਹ ਉਦਾਸੀ ਨਿਰਮੂਲ ਹੁੰਦੀ ਹੈ। ਖਾਹ-ਮਖਾਹ ਅਸੀ ਆਪਣੀਆਂ ਗਿਣਤੀਆਂ ਮਿਣਤੀਆਂ ਵਿੱਚ ਉਲਝੇ ਖ਼ੁਦ ਨੂੰ ਉਦਾਸੀ ਦੀ ਦਲਦਲ ਵਿੱਚ ਅਜਿਹਾ ਫਸਾ ਲੈਂਦੇ ਹਾਂ ਕਿ ਇਸ ਵਿੱਚੋ ਨਿਕਲਣਾ ਜੀਵਨ ਦਾ ਜੰਜਾਲ ਬਣ ਜਾਂਦਾ ਹੈ। ਨਿਰਮੂਲ, ਬੇਵਜ੍ਹਾ ਅਤੇ ਅਕਾਰਥ ਜਾਪਦੀ ਉਦਾਸੀ ਨੂੰ ਆਪਣੇ ਨੇੜੇ ਨਾ ਫਟਕਣ ਦੇਵੋ। ਸਗੋਂ ਉਦਾਸੀ ਨੂੰ ਹੁਲਾਸ ਦਾ ਵਰਦਾਨ ਦਿਓ ਤਾਂ ਕਿ ਉਦਾਸੀ ਵਿੱਚ ਬੇਅਰਥ ਗਵਾਉਣ ਵਾਲੇ ਪਲਾਂ ਵਿੱਚ ਜੀਵਨ ਨੂੰ ਜੀਅ ਭਰ ਕੇ ਜੀਵੋ ਤਾਂ ਕਿ ਹਰ ਕੋਈ ਰਸ਼ਕ ਕਰੇ ਕਿ ਜ਼ਿੰਦਗੀ ਨੂੰ ਇੰਝ ਵੀ ਜੀਵਿਆ ਜਾ ਸਕਦਾ ਹੈ। ਸਵੇਰੇ ਸਵੇਰੇ ਬਿਰਖ ਤੋਂ ਜਦ ਪੰਛੀ ਉਡਾਰੀ ਮਾਰਦੇ ਹਨ ਤਾਂ ਬਿਰਖ ਕਦੇ ਵੀ ਉਦਾਸ ਨਹੀ ਹੁੰਦਾ ਕਿਉਕਿ ਉਸ ਨੂੰ ਪਤਾ ਹੁੰਦਾ ਹੈ ਕਿ ਸ਼ਾਮ ਪੈਂਦਿਆਂ ਹੀ ਇਨ੍ਹਾਂ ਨੇ ਆਲ੍ਹਣਿਆਂ ਵਿੱਚ ਪਰਤ ਆਉਣਾ ਹੈ। ਬੱਚਿਆਂ ਨੂੰ ਸਕੂਲੇ ਤੋਰ ਕੇ ਮਾਂ ਕਦੇ ਵੀ ਉਦਾਸ ਨਹੀ ਹੁੰਦੀ ਸਗੋਂ ਉਹ ਛੁੱਟੀ ਦੇ ਵਕਤ ਬਾਹਰਲਾ ਬੂਹਾ ਖੋਲ੍ਹ ਕੇ ਆਉਂਦੇ ਬੱਚਿਆਂ ਨੂੰ ਲਈ ਬਾਹਾਂ ਫੈਲਾਈ ਖੜ੍ਹੀ ਹੁੰਦੀ ਹੈ।

ਬਾਹਰਲੇ ਗੇਟ ਨੂੰ ਜਿੰਦਰਾ ਲਾਉਣ 'ਤੇ ਘਰ ਉਦਾਸ ਹੋ ਜਾਂਦਾ ਹੈ ਕਿਉਕਿ ਉਸ ਨੂੰ ਖਦਸ਼ਾ ਹੁੰਦਾ ਕਿ ਕੀ ਪਤਾ ਹੱਥੀ ਜਿੰਦਰਾ ਲਾਉਣ ਵਾਲਿਆਂ ਨੇ ਆ ਕੇ ਬੂਹਾ ਖੋਲ੍ਹਣਾ ਹੈ ਜਾਂ ਉਸ ਦੀ ਅਗਲੀ ਪੀੜ੍ਹੀ ਜਿੰਦਰੇ ਖੋਲ੍ਹੇਗੀ ਜਾਂ ਸਿਰਫ਼ ਜੰਗਾਲ ਹੀ ਜਿੰਦਰੇ ਨੂੰ ਖਾ ਜਾਵੇਗਾ? ਸ਼ਾਇਦ ਅਜਿਹੇ ਉਦਾਸ ਪਲਾਂ ਦਾ ਹੀ ਖ਼ਿਆਲ ਆਉਂਦਾ ਹੈ ਕਿ ਮੈਂ ਘਰੋਂ ਪ੍ਰਦੇਸ ਨੂੰ ਤੁਰਨ ਲੱਗਿਆਂ ਕਦੇ ਵੀ ਹੱਥੀ ਘਰ ਨੂੰ ਜਿੰਦਰਾ ਲਾ ਕੇ ਨਹੀ ਆਉਂਦਾ ਅਤੇ ਜਦੋਂ ਵੀ ਮੈਂ ਆਪਣੇ ਘਰ ਪਰਤਦਾ ਹਾਂ ਤਾਂ ਮੇਰੇ ਜਾਣ ਤੋਂ ਪਹਿਲਾਂ ਘਰ ਦੇ ਬੂਹੇ ਖੁੱਲ੍ਹੇ ਹੁੰਦੇ ਹਨ। ਮੈਨੂੰ ਜਾਪਦਾ ਹੈ ਕਿ ਘਰ ਖੁੱਲ੍ਹੀਆਂ ਬਾਹਾਂ ਨਾਲ ਘਰਵਾਲਿਆਂ ਨੂੰ ਮਿਲ ਕੇ ਬਹੁਤ ਸਕੂਨ ਮਹਿਸੂਸ ਕਰਦਾ ਹੈ। ਖੁੱਲ੍ਹੇ ਬੂਹੀ ਪ੍ਰਦੇਸ ਜਾਣ ਅਤੇ ਵਾਪਸ ਪਰਤਣ ਵਾਲੇ ਲੋਕ ਕਦੇ ਵੀ ਘਰ ਤੋਂ ਦੂਰ ਨਹੀ ਹੁੰਦੇ ਕਿਉਕਿ ਪ੍ਰਦੇਸ ਵਿੱਚ ਰਹਿੰਦਿਆਂ ਵੀ ਖੁੱਲ੍ਹੇ ਦਰਾਂ ਵਾਲਾ ਘਰ ਉਨ੍ਹਾਂ ਦੇ ਅੰਦਰ ਵੱਸਦਾ ਹੈ। ਵਾਸਤਾ ਈ! ਘਰ ਨੂੰ ਕਦੇ ਵੀ ਉਦਾਸ ਨਾ ਹੋਣ ਦਿਓ ਕਿਉਕਿ ਘਰ ਨੂੰ ਲੱਗਾ ਹੋਇਆ ਝੋਰਾ ਹੀ ਘਰ ਨੂੰ ਅੰਦਰੋ ਅੰਦਰੀ ਖਾ ਜਾਂਦਾ ਹੈ। ਘਰ ਪਹਿਲ ਮਕਾਨ ਬਣਦਾ ਹੈ ਅਤੇ ਫਿਰ ਹੌਲੀ ਹੌਲੀ ਬੇਅਬਾਦ ਜੂਹ ਦਾ ਤਿੜਕਿਆ ਬਿੰਬ ਬਣ ਕੇ, ਘਰਵਾਲਿਆਂ ਦੇ ਨਾਮ ਤੋਂ ਵੀ ਮੁਨਕਰ ਹੋ ਜਾਂਦਾ ਹੈ।

ਜੇ ਉਦਾਸੀ 'ਤੇ ਨਿਕਲਣ ਦਾ ਬਹੁਤਾ ਹੀ ਚਿੱਤ ਕਰੇ ਤਾਂ ਬਾਬੇ ਨਾਨਕ ਵਰਗੀ ਕਿਸੇ ਲੰਮੀ ਉਦਾਸੀ 'ਤੇ ਨਿਕਲਣਾ, ਤੁਹਾਡੇ ਲਈ ਉਦਾਸੀ ਦੇ ਅਰਥ ਬਦਲ ਜਾਣਗੇ। ਉਦਾਸ ਫਿਜ਼ਾ ਵਿੱਚ ਹਾਸਿਆਂ ਦੇ ਹੋਕਰੇ ਲਾਉਣ, ਕੁਮਲਾਈ ਸੋਚ ਵਿੱਚ ਬਹਾਰਾਂ ਦੇ ਸੁਪਨੇ ਉਗਾਉਣ ਅਤੇ ਬੁੱਝੇ ਹੋਏ ਦੀਦਿਆਂ ਵਿੱਚ ਚਮਕ ਪੈਦਾ ਕਰਨ ਅਤੇ ਹਟਕੋਰੇ ਭਰਦੇ ਚਿਰਾਗਾਂ ਨੂੰ ਆਲਿਆਂ ਵਿੱਚ ਡੰਗਣ ਵਾਲੇ ਲੋਕ ਸੁਰਖ਼ ਪਲਾਂ ਦੀ ਨਿਸ਼ਾਨਦੇਹੀ ਹੁੰਦੇ ਹਨ ਜੋ ਸੰਧੂਰੀ ਵਕਤਾਂ ਦਾ ਮਾਣ ਬਣਦੇ ਹਨ। ਤੁਸੀ ਵੀ ਤਾਂ ਅਜਿਹਾ ਮਾਣ ਬਣ ਸਕਦੇ। ਫਿਰ ਐਵੇਂ ਕਾਹਤੋਂ ਉਦਾਸੀ ਵਿੱਚ ਝੂਰਦੇ ਹੋ।


ਪੰਜਾਬ ਐਂਡ ਸਿੰਧ ਬੈਂਕ (ਭਾਰਤ ਸਰਕਾਰ ਦਾ ਅਦਾਰਾ)
ਜ਼ੋਨਲ ਦਫਤਰ ਪੰਚਕੂਲਾ: ਐਸਸੀਓ 76, ਪਹਿਲੀ ਮੰਜ਼ਿਲ ਸੈਕਟਰ 5, ਪੰਚਕੂਲਾ
ਈ-ਨਿਲਾਮੀ ਵਿਕਰੀ ਸੂਚਨਾ

ਅਚੱਲ ਸੰਪੱਤੀ/ਾਂ ਦੀ ਵਿਕਰੀ ਲਈ ਈ-ਨਿਲਾਮੀ ਲਈ ਜਨਤਕ ਸੂਚਨਾ
ਬਿਆਨਾ ਰਕਮ ਅਤੇ ਦਸਤਾਵੇਜ਼ਾਂ (ਆਨਲਾਈਨ) ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ ਅਤੇ ਸਮਾਂ 09.03.2026 ਨੂੰ 05:00 PM ਤੱਕ/ਪਹਿਲਾਂ
ਸੁਰੱਖਿਅਤ ਸੰਪੱਤੀ ਦੀ ਈ-ਨਿਲਾਮੀ ਸੂਚਨਾ ਅਤੇ 10.03.2026 ਨੂੰ ਦੁਪਹਿਰ 12.00 ਤੋਂ ਬਾ.ਦੁ. 02.00 PM ਵਜੇ ਤੱਕ

ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਤਹਿਤ ਬੈਂਕ ਨੂੰ ਚਾਰਜ ਕੀਤੀ ਗਈ ਅਚੱਲ ਜਾਇਦਾਦ ਦੀ ਵਿਕਰੀ। ਜਦੋਂ ਕਿ, ਪੰਜਾਬ ਐਂਡ ਸਿੰਧ ਬੈਂਕ ਦੇ ਅਧਿਕਾਰਤ ਅਧਿਕਾਰੀ ਨੇ ਹਰੇਕ ਖਾਤੇ ਦੇ ਵਿਰੁੱਧ ਦੱਸੀਆਂ ਮਿਤੀਆਂ 'ਤੇ ਧਾਰਾ 13(2) ਦੇ ਤਹਿਤ ਜਾਰੀ ਨੋਟਿਸ ਦੇ ਅਨੁਸਾਰ ਹੇਠ ਲਿਖੀ ਜਾਇਦਾਦ ਦਾ ਕਬਜ਼ਾ ਲੈ ਲਿਆ ਸੀ, ਜਿਸ ਵਿੱਚ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਾਲ ਪੜ੍ਹਿਆ ਗਿਆ ਹੈ, ਹੇਠ ਦਿੱਤੇ ਕਰਜ਼ਾ ਖਾਤੇ ਵਿੱਚ "ਜਿਵੇਂ ਹੈ ਜਿੱਥੇ ਹੈ" 'ਤੇ ਵੇਚਣ ਦਾ ਅਧਿਕਾਰ ਹੈ। ਬੈਂਕ ਦੇ ਬਕਾਏ ਅਤੇ ਵਿਆਜ ਦੀ ਪ੍ਰਾਪਤੀ ਲਈ "ਅਤੇ" ਜਿਵੇਂ ਕਿ ਇੱਥੇ ਦੱਸਿਆ ਗਿਆ ਹੈ, "ਜਿਵੇਂ ਹੈ ਜੋ ਹੈ ਦੇ ਆਧਾਰ 'ਤੇ", "ਜੋ ਵੀ ਹੈ ਉੱਥੇ ਅਧਾਰ ਹੈ" ਅਤੇ ਬਕਾਏ ਦੀ ਅਦਾਇਗੀ ਕਰਨ ਵਿੱਚ ਅਸਫਲ ਰਹਿਣ 'ਤੇ, ਉਕਤ ਐਕਟ ਦੀ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਹੇਠ ਹਸਤਾਖਰ ਕਰਨ ਵਾਲੇ ਉਕਤ ਜਾਇਦਾਦਾਂ ਦੀ ਵਿਕਰੀ ਦੁਆਰਾ ਬੈਂਕ ਦੇ ਬਕਾਏ ਦੀ ਪ੍ਰਾਪਤੀ ਦਾ ਪ੍ਰਸਤਾਵ ਰੱਖਦੇ ਹਨ। ਵਿਕਰੀ ਹੇਠ ਹਸਤਾਖਰ ਕਰਨ ਵਾਲੇ ਦੁਆਰਾ ਵੈੱਬ ਪੋਰਟਲ ਵੈੱਬਸਾਈਟ https://baanknet.com 'ਤੇ ਪ੍ਰਦਾਨ ਕੀਤੇ ਗਏ ਈ-ਆਕਸ਼ਨ ਪਲੇਟਫਾਰਮ ਰਾਹੀਂ ਕੀਤੀ ਜਾਵੇਗੀ।

| ਸ਼ਾਖਾ ਅਤੇ ਕਰਜ਼ਦਾਰਾਂ/ ਜ਼ਾਮਨਾਂ ਦੇ ਨਾਮ | ਸੰਪੱਤੀ/ਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ ਅਤੇ ਦਰਸਾਈ ਬਕਾਇਆ ਰਕਮ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ | ਅਧਿਕਾਰਤ ਅਧਿਕਾਰੀ ਦਾ ਨਾਮ ਸੰਪਰਕ ਨੰਬਰ | ਸੰਪੱਤੀ ਦੀ ਤਸਵੀਰ ਲਈ ਕਿਊਆਰ ਕੋਡ | ਸਥਾਨ ਲਈ ਕਿਊਆਰ ਕੋਡ | ਸਰਵਿਸ ਪ੍ਰੋਵਾਈਡਰ ਲਈ ਕਿਊਆਰ ਕੋਡ |
|---|---|---|---|---|---|---|---|
| ਬੀ/ਓ : ਸੈਕਟਰ 16, ਪੰਚਕੂਲਾ ਕਰਜ਼ਦਾਰ: ਸ੍ਰੀ ਮੁਹੰਮਦ ਰਿਆਜ਼ੂਦੀਨ ਪੁੱਤਰ ਸ੍ਰੀ ਮਦੀਨ ਮੀਆਂ, ਵਾਸੀ ਫਲੈਟ ਨੰਬਰ 219, ਦੂਜੀ ਮੰਜ਼ਿਲ, ਬਿਸ਼ਨਪੁਰਾ ਕੋਪ੍ਰੇਟਿਵ ਹਾਊਸ ਬਿਲਡਿੰਗ ਸੋਸਾਇਟੀ ਲਿਮਟਿਡ, ਡਰੀਮ ਲੈਂਡ ਅਪਾਰਟਮੈਂਟਸ, ਵਸੰਤ ਵਿਹਾਰ-2, ਪਿੰਡ-ਹਿਮਤਗੜ੍ਹ, ਬੋਲੀ ਸਾਹਿਬ ਗੁਰਦੁਆਰੇ ਨੇੜੇ, ਜ਼ੀਰਕਪੁਰ ਜ਼ਿਲ੍ਹਾ ਮੋਹਾਲੀ | ਫਲੈਟ ਨੰਬਰ 219, ਦੂਜੀ ਮੰਜ਼ਿਲ, ਬਿਸ਼ਨਪੁਰਾ, ਕੋਪ੍ਰੇਟਿਵ ਹਾਊਸ ਬਿਲਡਿੰਗ ਸੋਸਾਇਟੀ ਲਿਮਟਿਡ, ਡਰੀਮ ਲੈਂਡ ਅਪਾਰਟਮੈਂਟਸ, ਵਸੰਤ ਵਿਹਾਰ-2, ਪਿੰਡ-ਹਿਮਤਗੜ੍ਹ, ਬੋਲੀ ਸਾਹਿਬ ਗੁਰਦੁਆਰੇ ਦੇ ਨੇੜੇ, ਜ਼ੀਰਕਪੁਰ, ਮੁਹਾਲੀ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਮੁਹੰਮਦ ਰਿਆਜ਼ੂਦੀਨ ਪੁੱਤਰ ਸ਼ਾਹ ਮਦੀਨ ਮੀਆਂ ਦੇ ਨਾਮ 'ਤੇ, ਅਲਾਟਮੈਂਟ ਪੱਤਰ ਨੰਬਰ 150 ਮਿਤੀ 16.01.2012 ਅਤੇ 23.01.2013 ਦੇ ਤ੍ਰਿਪੱਖੀ ਸਮਝੌਤੇ ਰਾਹੀਂ ਦਰਜ ਹੈ, ਜਿਸਦੀ ਹੱਦਬੰਦੀ ਇਸ ਪ੍ਰਕਾਰ ਹੈ: ਪੂਰਬ: ਖੁੱਲ੍ਹਾ ਅਸਮਾਨ, ਪੱਛਮ: ਹੋਰਾਂ ਲਈ, ਉੱਤਰ: ਦੂਜਿਆਂ ਦਾ ਫਲੈਟ, ਦੱਖਣ: ਦੂਜਿਆਂ ਦਾ ਫਲੈਟ। (ਕਬਜ਼ੇ ਦੀ ਕਿਸਮ: ਸੰਕੇਤਕ) | ਮੰਗ ਸੂਚਨਾ 19.09.2017 ਰੁ. 12,64,458.40 ਅਨੁਸਾਰ 31.08.2017 ਜਮ੍ਹਾਂ ਵਿਆਜ ਅਤੇ ਹੋਰ ਖਰਚਿਆਂ 01.09.2017 ਤੱਕ | Rs. 15,54,000/- / Rs. 1,55,400/- / Rs. 15,500/- | ਸ੍ਰੀ ਸੁਮਨਪ੍ਰੀਤ Mobile No. 7838198025 | | | |
| ਬੀ/ਓ : ਸੈਕਟਰ 16, ਪੰਚਕੂਲਾ ਕਰਜ਼ਦਾਰ:- (1) ਮੁਹੰਮਦ ਮੋਦੀਨ (2) ਅਨਵਾਰੀ ਬੇਗਮ, (3) ਸ੍ਰੀ ਪ੍ਰੇਮ ਚੰਦ ਸਿੰਗਲਾ, (4) ਸ੍ਰੀ ਭਗੀਰਥ ਪ੍ਰਸਾਦਿ | ਅਚੱਲ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਮਕਾਨ/ਫਲੈਟ ਨੰਬਰ 219, ਪਹਿਲੀ ਮੰਜ਼ਿਲ, ਬਿਸ਼ਨਪੁਰਾ, ਕੋਪ੍ਰੇਟਿਵ ਹਾਊਸ ਬਿਲਡਿੰਗ ਸੋਸਾਇਟੀ ਲਿਮਟਿਡ, ਡਰੀਮ ਲੈਂਡ ਅਪਾਰਟਮੈਂਟਸ, ਵਸੰਤ ਵਿਹਾਰ-2, ਪਿੰਡ-ਹਿਮਤਗੜ੍ਹ, ਜ਼ੀਰਕਪੁਰ, ਜ਼ਿਲ੍ਹਾ ਮੋਹਾਲੀ ਪੰਜਾਬ ਸ਼ਾਮਲ ਹੈ। (ਕਬਜ਼ੇ ਦੀ ਕਿਸਮ: ਸੰਕੇਤਕ) | ਮੰਗ ਸੂਚਨਾ 20.01.2016 ਰੁ. 14,55,754.50 ਅਨੁਸਾਰ 31.12.2015 ਜਮ੍ਹਾਂ ਅਗਲੇਰੇ ਵਿਆਜ, ਹੋਰ ਖਰਚਿਆਂ ਸਮੇਤ | Rs. 15,54,000/- / Rs. 1,55,400/- / Rs. 15,500/- | ਸ੍ਰੀ ਸੁਮਨਪ੍ਰੀਤ Mobile No. 7838198025 | | | |
| ਬੀ/ਓ : ਸੈਕਟਰ 16, ਪੰਚਕੂਲਾ ਕਰਜ਼ਦਾਰ: (1) ਸ੍ਰੀ ਗੰਗਾ ਸਿੰਘ ਮਹਿਤਾ ਪੁੱਤਰ ਸ੍ਰੀ ਉਦੈ ਸਿੰਘ, 40-ਏ, ਸ਼ਿਵਾ ਐਨਕਲੇਵ ਭਾਵ ਮੋਹਾਲੀ ਪੰਜਾਬ 140507, ਦੂਜਾ ਪਤਾ: 43ਏ, ਹਰਮਿਲਾਪ ਨਗਰ ਬਲਟਾਣਾ, ਜ਼ੀਰਕਪੁਰ ਪੰਜਾਬ-140604, (2) ਬੇਬੀ ਬਿਸ਼ਟ ਪਤਨੀ ਗੰਗਾ ਸਿੰਘ ਮਹਿਤਾ, 40ਏ, ਸ਼ਿਵਾ ਐਨਕਲੇਵ, ਭਾਵਾਤ ਮੋਹਾਲੀ ਪੰਜਾਬ, ਦੂਜਾ ਪਤਾ: 43ਏ, ਹਰਮਿਲਾਪ ਨਗਰ ਬਲਟਾਣਾ, (3) ਐੱਸ. ਵਿਕਰਮ ਸਿੰਘ ਪੁੱਤਰ ਸ੍ਰੀ ਅੰਗਦ ਸਿੰਘ, ਮਕਾਨ ਨੰ: 12ਏ, ਸੈਕਟਰ 14, ਪੰਚਕੂਲਾ-134109 | ਮਕਾਨ ਨੰਬਰ 40 ਏ, ਸ਼ਿਵਾ ਐਨਕਲੇਵ ਭਵਤ ਨਗਰ ਕੌਂਸਲ, ਜ਼ੀਰਕਪੁਰ ਦਾ ਬਰਾਬਰੀ ਵਾਲਾ ਗਿਰਵੀਨਾਮਾ, ਮਾਲਕੀ ਡੀਡ(ਾਂ) ਵਿਕਰੀ ਡੀਡ ਨੰਬਰ 4063 ਮਿਤੀ 08.06.2011 ਦਾ ਵੇਰਵਾ। ਜਾਇਦਾਦ ਦੀ ਹੱਦਬੰਦੀ ਹੇਠ ਲਿਖੇ ਅਨੁਸਾਰ ਹੈ: ਉੱਤਰ: ਮਕਾਨ ਨੰਬਰ 41 ਏ, ਦੱਖਣ: ਮਕਾਨ ਨੰਬਰ 39 ਏ, ਪੂਰਬ: ਪੀਸੀਸੀ ਸਟਰੀਟ (22 ਚੌੜੀ), ਪੱਛਮ: ਮਕਾਨ ਨੰਬਰ 40। (ਕਬਜ਼ੇ ਦੀ ਕਿਸਮ: ਸੰਕੇਤਕ) | ਮੰਗ ਸੂਚਨਾ 28.06.2025 ਰੁ. 6,49,825.57 ਅਨੁਸਾਰ 31.05.2015 ਜਮ੍ਹਾਂ ਅਗਲੇਰੇ ਵਿਆਜ, ਹੋਰ ਖਰਚਿਆਂ ਸਮੇਤ | Rs. 21,50,000/- / Rs. 2,15,000/- / Rs. 22,000/- | ਸ੍ਰੀ ਸੁਮਨਪ੍ਰੀਤ Mobile No. 7838198025 | | | |

ਹੋਰ ਨਿਯਮ ਅਤੇ ਸ਼ਰਤਾਂ:- a) ਜਾਇਦਾਦ ਸਾਰੇ ਮੌਜੂਦਾ ਅਤੇ ਹੋਰ ਬੋਝਾਂ ਸਮੇਤ ਵੇਚੀ ਜਾ ਰਹੀ ਹੈ, ਭਾਵੇਂ ਬੈਂਕ ਨੂੰ ਪਤਾ ਹੋਵੇ ਜਾਂ ਅਣਜਾਣ। ਅਧਿਕਾਰਤ ਅਧਿਕਾਰੀ/ਸੁਰੱਖਿਅਤ ਲੈਣਦਾਰ ਕਿਸੇ ਵੀ ਤੀਜੀ ਧਿਰ ਦੇ ਦਾਅਵਿਆਂ/ਅਧਿਕਾਰਾਂ/ਬਕਾਇਆਂ ਲਈ ਕਿਸੇ ਵੀ ਤਰ੍ਹਾਂ ਜ਼ਿੰਮੇਵਾਰ ਨਹੀਂ ਹੋਵੇਗਾ। ਖਰੀਦਦਾਰ ਨੂੰ ਆਪਣੀ ਸੰਤੁਸ਼ਟੀ ਲਈ ਜਾਇਦਾਦ ਨਾਲ ਸਬੰਧਤ ਸਾਰੇ ਪਹਿਲੂਆਂ 'ਤੇ ਉਚਿਤ ਜਾਂਚ ਕਰਨੀ ਚਾਹੀਦੀ ਹੈ। ਬੋਲੀਕਾਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਬੋਲੀ ਜਮ੍ਹਾ ਕਰਨ ਤੋਂ ਪਹਿਲਾਂ ਸੁਰੱਖਿਅਤ ਜਾਇਦਾਦ ਨਾਲ ਸਬੰਧਤ ਹੋਰ ਵੇਰਵਿਆਂ ਦੇ ਸਿਰਲੇਖ ਅਤੇ ਸ਼ੁੱਧਤਾ ਨਾਲ ਸੰਤੁਸ਼ਟ ਹੋਣ ਅਤੇ ਸਬੰਧਤ ਅਧਿਕਾਰੀਆਂ ਤੋਂ ਉਨ੍ਹਾਂ ਦੀ ਸੰਤੁਸ਼ਟੀ ਲਈ ਕਿਸੇ ਵੀ ਹੋਰ ਬਕਾਏ/ਦੇਣਦਾਰੀਆਂ/ਬੋਝ ਦਾ ਪਤਾ ਲਗਾਉਣ। ਖਰੀਦਦਾਰ ਬਾਅਦ ਵਿੱਚ ਇਸ ਸਬੰਧ ਵਿੱਚ ਅਧਿਕਾਰਤ ਅਧਿਕਾਰੀ/ਸੁਰੱਖਿਅਤ ਲੈਣਦਾਰਾਂ ਵਿਰੁੱਧ ਕੋਈ ਦਾਅਵਾ ਕਰਨ ਦਾ ਹੱਕਦਾਰ ਨਹੀਂ ਹੋਵੇਗਾ। b) ਕਿਸੇ ਵੀ ਰਕਮ ਦੇ ਭੁਗਤਾਨ ਵਿੱਚ ਕਿਸੇ ਵੀ ਡਿਫਾਲਟ ਦੀ ਸਥਿਤੀ ਵਿੱਚ, ਜਾਂ ਜੇਕਰ ਖਰੀਦਦਾਰ/ਬੋਲੀਦਾਰ ਵੱਲੋਂ ਉਪਰੋਕਤ ਸਮਾਂ ਸੀਮਾ ਦੇ ਅੰਦਰ ਡਿਫਾਲਟ ਦੇ ਕਾਰਨਾਂ ਕਰਕੇ ਵਿਕਰੀ ਪੂਰੀ ਨਹੀਂ ਹੁੰਦੀ ਹੈ, ਤਾਂ ਬੈਂਕ ਉਦੋਂ ਤੱਕ ਖਰੀਦਦਾਰ/ਬੋਲੀਦਾਰ ਦੁਆਰਾ ਅਦਾ ਕੀਤੇ ਗਏ ਸਾਰੇ ਪੈਸੇ ਜ਼ਬਤ ਕਰਨ ਅਤੇ ਸੁਰੱਖਿਅਤ ਸੰਪਤੀ(ਆਂ) ਨੂੰ ਦੁਬਾਰਾ ਵਿਕਰੀ ਲਈ ਰੱਖਣ ਦਾ ਹੱਕਦਾਰ ਹੋਵੇਗਾ, ਆਪਣੇ ਪੂਰਨ ਵਿਵੇਕ ਨਾਲ। c) ਨਿਲਾਮੀ/ਬੋਲੀ ਸਿਰਫ "ਆਨਲਾਈਨ ਇਲੈਕਟ੍ਰਾਨਿਕ ਬੋਲੀ" ਰਾਹੀਂ ਵੈੱਬਸਾਈਟ https://baanknet.com ਰਾਹੀਂ ਹੋਵੇਗੀ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਈ-ਨਿਲਾਮੀ ਵਿਕਰੀ ਕਾਰਵਾਈ ਵਿੱਚ ਹਿੱਸਾ ਲੈਣ ਤੋਂ ਪਹਿਲਾਂ ਵਿਸਤ੍ਰਿਤ ਸ਼ਰਤਾਂ ਲਈ ਵੈੱਬਸਾਈਟ ਨੂੰ ਦੇਖਣ। d) ਜਾਇਦਾਦ ਦਾ ਨਿਰੀਖਣ 02.03.2026 ਨੂੰ ਸਵੇਰੇ 10.00 ਵਜੇ ਤੋਂ ਸ਼ਾਮ 5.00 ਵਜੇ ਤੱਕ ਕੀਤਾ ਜਾ ਸਕਦਾ ਹੈ। e) ਜਾਇਦਾਦ ਨੂੰ ਉਸ ਕੀਮਤ 'ਤੇ ਵੇਚਿਆ ਜਾਵੇਗਾ ਜੋ ਰਿਜ਼ਰਵ ਕੀਮਤ ਤੋਂ ਵੱਧ ਹੈ ਅਤੇ ਭਾਗ ਲੈਣ ਵਾਲੇ ਬੋਲੀਕਾਰ ਨਿਲਾਮੀ ਪ੍ਰਕਿਰਿਆ ਦੌਰਾਨ ਆਪਣੀ ਪੇਸ਼ਕਸ਼ ਨੂੰ ਹੋਰ ਬਿਹਤਰ ਬਣਾ ਸਕਦੇ ਹਨ। f) ਰਿਜ਼ਰਵ ਕੀਮਤ ਦਾ 10% ਬਿਆਨਾ ਰਕਮ ਰਕਮ (M/s PSB Alliance Pvt. Ltd.) ਦੇ ਈ-ਵਾਲਿਟ ਵਿੱਚ ਜਮ੍ਹਾਂ ਕਰਵਾਈ ਜਾਣੀ ਹੈ, (ਸੰਪਰਕ ਨੰਬਰ 7046612345/ 6354910172/ 8291220220/ 9892219848/ 8160205051, ਈਮੇਲ: support.BAANKNET@psballiance.com/ support.ebkray@procureBDG.com) (BAANKNET.COM) ਪੋਰਟਲ 'ਤੇ ਸਿੱਧੇ ਜਾਂ ਉਸ ਵਿੱਚ ਚਲਾਨ ਤਿਆਰ ਕਰਕੇ ਉਕਤ ਚਲਾਨ ਵਿੱਚ ਦੱਸੇ ਗਏ ਖਾਤੇ ਦੇ ਵੇਰਵਿਆਂ ਵਿੱਚ RTGS/NEFT ਰਾਹੀਂ ਬਿਆਨਾ ਰਕਮ ਜਮ੍ਹਾ ਕਰਵਾਉਣ ਲਈ। i) ਬਿਆਨਾ ਰਕਮ ਦਾ ਭੁਗਤਾਨ ਕਰਨ ਤੋਂ ਬਾਅਦ, ਇੱਛੁਕ ਬੋਲੀਕਾਰਾਂ ਨੂੰ ਹੇਠ ਲਿਖੇ ਦਸਤਾਵੇਜ਼ਾਂ/ਵੇਰਵਿਆਂ ਦੀ ਇੱਕ ਕਾਪੀ 09.03.2026 ਨੂੰ ਜਾਂ ਇਸ ਤੋਂ ਪਹਿਲਾਂ ਸ਼ਾਮ 05.00 ਵਜੇ ਤੱਕ, ਉੱਪਰ ਦੱਸੀ ਗਈ ਪੰਜਾਬ ਐਂਡ ਸਿੰਧ ਬੈਂਕ ਦੀ ਸਬੰਧਤ ਸ਼ਾਖਾ ਨੂੰ ਹੱਥੀਂ ਜਾਂ ਈਮੇਲ ਰਾਹੀਂ ਜਮ੍ਹਾਂ ਕਰਾਉਣੀ ਚਾਹੀਦੀ ਹੈ। ii) ਪੈਨ ਕਾਰਡ, ਆਈਡੀ ਪਰੂਫ ਅਤੇ ਪਤੇ ਦੇ ਸਬੂਤ ਦੀਆਂ ਫੋਟੋਕਾਪੀਆਂ। ਹਾਲਾਂਕਿ, ਸਫਲ ਬੋਲੀਕਾਰ ਨੂੰ ਬੋਲੀ ਦੀ ਰਕਮ ਦੇ 25% ਦੀ ਬਕਾਇਆ ਰਕਮ ਦਾ ਭੁਗਤਾਨ ਕਰਨ ਵੇਲੇ ਬੈਂਕ ਨੂੰ ਇਹ ਦਸਤਾਵੇਜ਼ ਅਸਲ ਵਿੱਚ ਪੇਸ਼ ਕਰਨੇ ਪੈਣਗੇ। iii) ਬੋਲੀਕਾਰਾਂ ਦਾ ਨਾਮ। ਸੰਪਰਕ ਨੰਬਰ। ਪਤਾ, ਈ-ਮੇਲ ਆਈਡੀ। iv) ਈਐਮਡੀ ਦੀ ਔਨਲਾਈਨ ਰਿਫੰਡ ਲਈ ਬੋਲੀਕਾਰ ਦੇ ਖਾਤੇ ਦੇ ਵੇਰਵੇ। g) ਅਸਫਲ ਬੋਲੀਕਾਰ ਦੁਆਰਾ ਜਮ੍ਹਾਂ ਕੀਤੀ ਗਈ ਈਐਮਡੀ ਉਹਨਾਂ ਨੂੰ ਵਾਪਸ ਕੀਤੀ ਜਾਵੇਗੀ। ਈਐਮਡੀ 'ਤੇ ਕੋਈ ਵਿਆਜ ਨਹੀਂ ਹੋਵੇਗਾ। h) ਨਿਲਾਮੀ ਉੱਪਰ ਦੱਸੇ ਅਨੁਸਾਰ ਰਿਜ਼ਰਵ ਕੀਮਤ 'ਤੇ ਸ਼ੁਰੂ ਹੋਵੇਗੀ। ਬੋਲੀਕਾਰ ਉੱਪਰ ਦੱਸੇ ਅਨੁਸਾਰ ਆਪਣੀਆਂ ਪੇਸ਼ਕਸ਼ਾਂ ਨੂੰ ਗੁਣਾ ਰਕਮ ਵਿੱਚ ਸੁਧਾਰ ਕਰਨਗੇ। "ਔਨਲਾਈਨ" ਨਿਲਾਮੀ ਦੇ ਬੰਦ ਹੋਣ 'ਤੇ ਸਭ ਤੋਂ ਵੱਧ ਬੋਲੀ (ਰਿਜ਼ਰਵ ਕੀਮਤ ਤੋਂ ਉੱਪਰ) ਜਮ੍ਹਾਂ ਕਰਵਾਉਣ ਵਾਲੇ ਬੋਲੀਕਾਰ ਨੂੰ ਸਫਲ ਬੋਲੀਕਾਰ ਘੋਸ਼ਿਤ ਕੀਤਾ ਜਾਵੇਗਾ। ਸੁਰੱਖਿਅਤ ਲੈਣਦਾਰ ਦੁਆਰਾ ਇਸਦੀ ਪੁਸ਼ਟੀ ਦੇ ਅਧੀਨ, ਵਿਕਰੀ ਸਫਲ ਬੋਲੀਕਾਰ ਦੇ ਹੱਕ ਵਿੱਚ ਪੁਸ਼ਟੀ ਕੀਤੀ ਜਾਵੇਗੀ। i) ਸਫਲ ਬੋਲੀਕਾਰ ਨੂੰ ਸਫਲ ਬੋਲੀਕਾਰ ਘੋਸ਼ਿਤ ਕਰਨ ਦੇ ਅਗਲੇ ਕੰਮਕਾਜੀ ਦਿਨ ਤੱਕ ਵਿਕਰੀ ਕੀਮਤ ਦਾ 25% (ਪਹਿਲਾਂ ਹੀ ਅਦਾ ਕੀਤੀ ਗਈ ਬਿਆਨਾ ਰਕਮ ਸਮੇਤ) ਜਮ੍ਹਾਂ ਕਰਵਾਉਣਾ ਪਵੇਗਾ ਅਤੇ ਸੁਰੱਖਿਅਤ ਲੈਣਦਾਰ ਦੁਆਰਾ ਵਿਕਰੀ ਦੀ ਪੁਸ਼ਟੀ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਬਕਾਇਆ ਰਕਮ। ਜੇਕਰ ਸਫਲ ਬੋਲੀਕਾਰ ਵਿਕਰੀ ਕੀਮਤ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿੰਦਾ ਹੈ, ਤਾਂ ਉਸ ਦੁਆਰਾ ਕੀਤੀ ਗਈ ਜਮ੍ਹਾਂ ਰਕਮ ਅਧਿਕਾਰਤ ਅਧਿਕਾਰੀ ਦੁਆਰਾ ਬਿਨਾਂ ਕਿਸੇ ਨੋਟਿਸ ਦੇ ਜ਼ਬਤ ਕਰ ਲਈ ਜਾਵੇਗੀ ਅਤੇ ਜਾਇਦਾਦ ਨੂੰ ਤੁਰੰਤ ਦੁਬਾਰਾ ਵਿਕਰੀ ਲਈ ਰੱਖਿਆ ਜਾਵੇਗਾ। j) 50.00 ਲੱਖ ਰੁਪਏ (ਪੰਜਾਹ ਲੱਖ ਰੁਪਏ) ਅਤੇ ਇਸ ਤੋਂ ਵੱਧ ਦੀ ਵਿਕਰੀ ਦੀ ਰਕਮ ਲਈ, ਸਫਲ ਬੋਲੀਕਾਰ ਨੂੰ ਵਿਕਰੀ ਦੀ ਰਕਮ 'ਤੇ 1% ਦੀ ਦਰ ਨਾਲ TDS ਕੱਟਣਾ ਪਵੇਗਾ ਅਤੇ TDS ਸਰਟੀਫਿਕੇਟ ਦੀ ਅਸਲ ਰਸੀਦ ਬੈਂਕ ਨੂੰ ਜਮ੍ਹਾਂ ਕਰਾਉਣੀ ਪਵੇਗੀ। k) ਲਾਗੂ ਹੋਣ 'ਤੇ, ਸਟੈਂਪ ਡਿਊਟੀ/GST ਰਜਿਸਟ੍ਰੇਸ਼ਨ ਖਰਚੇ ਆਦਿ ਲਈ ਸਾਰੇ ਖਰਚੇ ਸਿਰਫ ਸਫਲ ਬੋਲੀਕਾਰ ਦੁਆਰਾ ਹੀ ਸਹਿਣ ਕੀਤੇ ਜਾਣਗੇ। l) ਅਧਿਕਾਰਤ ਅਧਿਕਾਰੀ ਕੋਲ ਕੋਈ ਕਾਰਨ ਦੱਸੇ ਬਿਨਾਂ ਈ-ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਨੂੰ ਮੁਲਤਵੀ/ਰੱਦ ਕਰਨ ਜਾਂ ਬਦਲਣ ਦਾ ਅਧਿਕਾਰ ਰਾਖਵਾਂ ਹੈ। ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ ਕਿਰਪਾ ਕਰਕੇ https://baanknet.com ਜਾਂ https://www.punjabandsindbank.co.in ਵੇਖੋ।

ਸਰਫਾਇਸੀ ਐਕਟ, 2002 ਦੇ ਨਿਯਮ 9(1) ਅਤੇ 8(6) ਦੇ ਤਹਿਤ ਕਾਨੂੰਨੀ 30 ਦਿਨਾਂ ਦੀ ਵਿਕਰੀ ਨੋਟਿਸ

ਇਸ ਨੂੰ ਉਪਰੋਕਤ ਦੱਸੀ ਗਈ ਮਿਤੀ ਨੂੰ ਈ-ਨਿਲਾਮੀ ਵਿਕਰੀ ਕਰਵਾਉਣ ਬਾਰੇ ਉਕਤ ਕਰਜ਼ੇ ਦੇ ਕਰਜ਼ਦਾਰ/ਾਂ ਅਤੇ ਜ਼ਾਮਨਾਂ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੀ ਧਾਰਾ 8(6)/ਨਿਯਮ 9(1) ਦੇ ਤਹਿਤ ਨੋਟਿਸ ਵਜੋਂ ਵੀ ਮੰਨਿਆ ਜਾ ਸਕਦਾ ਹੈ।

ਮਿਤੀ: 03.02.2026 ਸਥਾਨ : ਪੰਚਕੂਲਾ ਅਧਿਕਾਰਤ ਅਧਿਕਾਰੀ, ਪੰਜਾਬ ਅਤੇ ਸਿੰਧ ਬੈਂਕ

# ਮਾਈਕਲ ਸਹੋਤਾ ਵੱਲੋਂ ਨੌਜਵਾਨਾਂ ਲਈ "ਯੁੱਧ ਨਸ਼ਿਆਂ ਵਿਰੁੱਧ" ਜਾਗਰੂਕਤਾ ਸੈਮੀਨਾਰ



ਧਾਰੀਵਾਲ, 3 ਫਰਵਰੀ (ਅਸ਼ੋਕ ਕੁਮਾਰ): ਨਸ਼ਾ ਮੁਕਤੀ ਮੋਰਚਾ ਦੇ ਬਲਾਕ ਕੋਆਰਡੀਨੇਟਰ ਮਾਈਕਲ ਸਹੋਤਾ ਵਲੋਂ ਨੌਜਵਾਨਾਂ ਲਈ **"ਯੁੱਧ ਨਸ਼ਿਆਂ ਵਿਰੁੱਧ"** ਜਾਗਰੂਕਤਾ ਸੈਮੀਨਾਰ ਲੁਧਿਆਣਾ ਮਹੱਲਾ ਧਾਰੀਵਾਲ ਵਿਖੇ ਆਯੋਜਨ ਕੀਤਾ ਗਿਆ।

ਇਸ ਸੈਮੀਨਾਰ ਦਾ ਮੁੱਖ ਉਦੇਸ਼ ਨੌਜਵਾਨਾਂ ਵਿੱਚ ਨਸ਼ਿਆਂ ਦੇ ਖਤਰਨਾਕ ਪ੍ਰਭਾਵ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਸਿਹਤਮੰਦ ਅਤੇ ਸਫਲ ਜੀਵਨ ਜੀਣ ਲਈ ਪ੍ਰੇਰਿਤ ਕਰਨਾ ਸੀ। ਸੈਮੀਨਾਰ ਵਿੱਚ ਬਹੁਤ ਸਾਰੇ ਨੌਜਵਾਨਾਂ ਨੇ ਹਿੱਸਾ ਲਿਆ ਅਤੇ ਉਨ੍ਹਾਂ ਨੇ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨ ਬਾਰੇ ਜਾਣਕਾਰੀ ਪ੍ਰਾਪਤ ਕੀਤੀ।

ਮਾਈਕਲ ਸਹੋਤਾ ਨੇ ਨੌਜਵਾਨਾਂ ਨੂੰ ਸਮਝਾਇਆ ਕਿ ਨਸ਼ਾ ਵਿਅਕਤੀ ਦੀ ਸਿਹਤ ਨੂੰ ਹੀ ਨਹੀ, ਸਗੋਂ ਪਰਿਵਾਰ ਅਤੇ ਸਮਾਜ ਨੂੰ ਵੀ ਤਬਾਹ ਕਰਦਾ ਹੈ। ਉਨ੍ਹਾਂ ਨੇ ਨਸ਼ਿਆਂ ਨਾਲ ਜੁੜੇ ਕਾਨੂੰਨੀ ਨੁਕਸਾਨ, ਨੌਜਵਾਨਾਂ ਦੀ ਪੜ੍ਹਾਈ ਅਤੇ ਭਵਿੱਖ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਵੀ ਜਾਣੂ ਕਰਵਾਇਆ। ਮਾਈਕਲ ਸਹੋਤਾ ਨੇ ਨੌਜਵਾਨਾਂ ਨੂੰ ਖੇਡਾਂ, ਸਿਹਤਮੰਦ ਰੁਚੀਆਂ ਅਤੇ ਸਮਾਜ ਸੇਵਾ ਵਿੱਚ ਸ਼ਾਮਿਲ ਹੋਣ ਦੀ ਪ੍ਰੇਰਣਾ ਦਿੱਤੀ ਤਾਂ ਜੋ ਉਹ ਨਸ਼ਿਆਂ ਤੋਂ ਦੂਰ ਰਹਿ ਸਕਣ ਅਤੇ ਆਪਣੇ ਜੀਵਨ ਨੂੰ ਉਤਸ਼ਾਹ ਮਈ ਬਣਾ ਸਕਣ। ਸੈਮੀਨਾਰ ਵਿੱਚ ਨਸ਼ਾ ਛੱਡ ਚੁੱਕੇ ਵਿਅਕਤੀਆਂ ਨੇ ਵੀ ਆਪਣੇ ਅਨੁਭਵ ਸਾਂਝੇ ਕੀਤੇ, ਜਿਸ ਨਾਲ ਨੌਜਵਾਨਾਂ ਵਿੱਚ ਸਕਾਰਾਤਮਕ ਸੋਚ, ਜਾਗਰੂਕਤਾ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਲਗਨ ਪੈਦਾ ਹੋਈ।

ਸੈਮੀਨਾਰ ਦੇ ਅੰਤ ਵਿੱਚ ਨੌਜਵਾਨਾਂ ਨੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਹੋਰਾਂ ਨੂੰ ਵੀ ਜਾਗਰੂਕ ਕਰਨ ਦਾ ਸੰਕਲਪ ਲਿਆ। ਇਹ ਸੈਮੀਨਾਰ ਨਸ਼ਾ ਮੁਕਤ ਸਮਾਜ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਸਾਬਤ ਹੋਇਆ।

# "ਪੋਸ਼ਣ ਵੀ ਪੜ੍ਹਾਈ ਵੀ" ਮੁਹਿੰਮ ਤਹਿਤ ਆਂਗਨਵਾੜੀ ਵਰਕਰਾਂ ਨੂੰ ਦਿੱਤੀ ਸਿਖਲਾਈ



ਗੁਰਦਾਸਪੁਰ, 3 ਫਰਵਰੀ (ਜਗੀਰ ਸਿੰਘ ਮੰਡ): ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾ ਅਤੇ ਸ੍ਰੀਮਤੀ ਜਸਮੀਤ ਕੌਰ, ਜਿਲ੍ਹਾ ਪ੍ਰੋਗਰਾਮ ਅਫਸਰ, ਗੁਰਦਾਸਪੁਰ ਦੀ ਅਗਵਾਈ ਹੇਠ ਅੱਜ ਜਿਲ੍ਹਾ ਗੁਰਦਾਸਪੁਰ ਦੇ ਬਲਾਕ ਗੁਰਦਾਸਪੁਰ ਵਿੱਚ ਨਾਰੀ ਸ਼ਕਤੀ ਕੇਂਦਰ ਵਿੱਚ ਆਂਗਣਵਾੜੀ ਵਰਕਰਾਂ ਦੀ "ਪੋਸ਼ਣ ਵੀ ਪੜ੍ਹਾਈ ਵੀ" ਮੁਹਿੰਮ ਤਹਿਤ ਟ੍ਰੇਨਿਗ ਦੀ ਸੁਰੂਆਤ ਕੀਤੀ ਗਈ।

ਇਸ ਮੌਕੇ ਸ੍ਰੀਮਤੀ ਕੁਸ਼ਮ ਸਰਮਾ ਬਾਲ ਵਿਕਾਸ ਪ੍ਰੋਜੈਕਟ ਅਫਸਰ, ਗੁਰਦਾਸਪੁਰ (ਵਾਧੂ ਚਾਰਜ) ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਟ੍ਰੇਨਿੰਗ ਦੀ ਮੁੱਖ ਉਦੇਸ ਆਂਗਣਵਾੜੀ ਸੈਂਟਰਾ ਵਿੱਚ 0-6 ਸਾਲ ਦੇ ਬੱਚਿਆ ਨੂੰ ਅਰਲੀ ਚਾਈਲਡ ਹੁਡ ਕੇਅਰ ਐਂਡ ਐਜੂਕੇਸ਼ਨ ਸਿੱਖਿਆ ਦੇਣ ਲੀ ਆਗਣਵਾਰੀ ਵਰਕਰਾ ਨੂੰ ਪ੍ਰੇਰਿਤ ਕਰਨਾ ਹੈ ਤਾ ਜੋ ਆਂਗਣਵਾੜੀ ਸੈਂਟਰਾ ਵਿੱਚ ਬੱਚਿਆ ਦਾ ਸਰਵਪੱਖੀ ਵਿਕਾਸ ਦੇ ਉਦੇਸ਼ ਪ੍ਰਾਪਤ ਕੀਤੇ ਜਾ ਸਕੇ ਅਤੇ ਸਕਸ਼ਮ ਆਂ ਸੈਂਟਰਾ ਨੂੰ ਲਰਨਿੰਗ ਸੈਂਟਰਾ ਵੱਜੋ ਵਿਕਸਿਤ ਕੀਤਾ ਜਾ ਸਕੇ।

ਉਹਨਾ ਦੱਸਿਆ ਕਿ ਬੈਚ ਅਧੀਨ 4 ਫਰਵਰੀ ਤੱਕ ਟ੍ਰੇਨਿੰਗ ਮੁਕੰਮਲ ਕਰਵਾਈ ਜਾਵੇਗੀ। ਜਿਸ ਵਿੱਚ ਬਲਾਕ ਗੁਰਦਾਸਪੁਰ ਦੇ 107 ਆਂਗਣਵਾੜੀ ਵਰਕਰਾ ਨੂੰ ਟ੍ਰੇਨਿੰਗ ਦਿੱਤੀ ਜਾਵੇਗੀ।

ਇਸ ਮੌਕੇ ਸ੍ਰੀਮਤੀ ਕਮਲਪ੍ਰੀਤ ਕੌਰ ਡਿਸਟ੍ਰਿਕ ਕੋਆਰਡੀਨੇਟਰ, ਸ੍ਰੀਮਤੀ ਬਲਜੀਤ ਕੌਰ, ਕੁਲਵੰਤ ਕੌਰ ਅਤੇ ਕਮਲੇਸ਼ ਰਾਣੀ, ਅਕਵਿੰਦਰ ਕੌਰ ਸੁਪਰਵਾਈਜਰ ਬਲਾਕ ਗੁਰਦਾਸਪੁਰ, ਬਲਜਿੰਦਰ ਸਿੰਘ ਮੀਡੀਆ ਡਾਕੂਮੈਟ ਅਸਿਸਟੈਟ, ਗਗਨਦੀਪ, ਅਤੇ ਆਕੁਸ਼ ਸਰਮਾ ਬਲਾਕ ਕੋਆਰਡੀਨੇਟਰ, ਹਰਪ੍ਰੀਤ ਕੌਰ ਅੱਤਰੀ ਅਤੇ ਪ੍ਰਥਮ ਐਜੂਕੇਸ਼ਨ ਫਾਉਡੇਸ਼ਨ ਟੀਮ ਕਾਮਨੀ ਠਾਕੁਰ ਅਤੇ ਪ੍ਰਿਅੰਕਾ, ਪੋਸ਼ਣ ਵੀ ਪੜ੍ਹਾਈ ਵੀ ਟ੍ਰੇਨਿੰਗ ਟੀਮ ਨੇ ਵਰਕਰਾ ਨੂੰ ਟ੍ਰੇਨਿੰਗ ਕਰਵਾਈ ਗਈ।

# ਲਾਧੂਪੁਰ 'ਚ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ

ਕਾਹਨੂੰਵਾਨ, 3 ਫਰਵਰੀ (ਕੁਲਜੀਤ ਸਿੰਘ ਖੋਖਰ): ਸੁਤੰਤਰਤਾ ਸੰਗਰਾਮੀ ਬਾਪੂ ਗੁਰਚਰਨ ਸਿੰਘ ਸਮਾਰਕ ਲਾਧੂਪੁਰ ਵਿਖੇ ਸ਼ਹੀਦ ਭਾਈ ਸਰਵਨ ਸਿੰਘ ਲਾਧੂਪੁਰ ਦੀ 33 ਵੀ ਬਰਸੀ ਤੇ ਕੌਮ ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਸ਼ਹੀਦੀ ਸਮਾਗਮ ਬਾਪੂ ਗੁਰਚਰਨ ਸਿੰਘ ਫਰੀਡਮ ਫਾਈਟਰ ਚੈਰੀਟੇਬਲ ਟਰੱਸਟ ਤੇ ਪਰਿਵਾਰ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਟਰਸਟ ਦੇ ਪ੍ਰਧਾਨ ਬਖ਼ਤਾਵਰ ਸਿੰਘ ਲਾਧੂਪੁਰ ਨੇ ਦੱਸਿਆ ਕਿ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪੈਣ ਉਪਰੰਤ ਭਾਈ ਸਤਨਾਮ ਸਿੰਘ ਹਜ਼ੂਰੀ ਰਾਗੀ ਦੇ ਜੱਥੇ ਨੇ ਗੁਰਬਾਣੀ ਦਾ ਕੀਰਤਨ ਕੀਤਾ ,ਉਪਰੰਤ ਕਵੀਸ਼ਰ ਸਰਦਾਰ ਅਜੀਤ ਸਿੰਘ ਦਰਦੀ ਦੇ ਜੱਥੇ ਨੇ ਸ਼ਹੀਦੀ ਵਾਰਾਂ ਸੁਣਾ ਕੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਸਿੱਖ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸ਼ਹੀਦੀ ਸਮਾਗਮ ਵਿੱਚ ਸਰਦਾਰ ਹਰਬੰਸ ਸਿੰਘ ਜੀ ਮੰਝਪੁਰ, ਪ੍ਰਿੰਸੀਪਲ ਸੁਲੱਖਣ ਸਿੰਘ ਗੁਰਾਇਆ, ਸ਼ਹੀਦ ਭਾਈ ਨੰਦ ਤੁਗਲਵਾਲਾ ਦੀ ਪਤਨੀ ਬੀਬੀ ਕੁਲਵਿੰਦਰ ਕੌਰ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਸਿੱਖ ਯੂਥ ਭਿੰਡਰਾਂਵਾਲਾ, ਸਰਦਾਰ ਦਿਲਬਾਗ ਸਿੰਘ ਦਲ ਖਾਲਸਾ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਹਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਭਿੰਦਾ, ਜਸਪਾਲ ਸਿੰਘ ਨੈਣੇਕੋਟ, ਸਰਦਾਰ ਜਗੀਰ ਸਿੰਘ ਬਹਿਰੀਨ, ਐਡਵੋਕੇਟ ਨਗਿੰਦਰ ਸਿੰਘ ਸਿੱਧਵਾਂ, ਬਲਵੀਰ ਸਿੰਘ ਮੱਲੀ ਨੇ ਸ਼ਹੀਦ ਭਾਈ ਸਰਵਣ ਸਿੰਘ ਦੇ ਜੀਵਨ ਤੇ ਪਰਿਵਾਰ ਦੇ ਪਿਛੋਕੜ ਬਾਰੇ ਦੱਸਦੇ ਹੋਏ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਦਿੱਤੀਆਂ।



ਬਖ਼ਤਾਵਰ ਸਿੰਘ ਨੇ ਸਰਕਾਰ ਦੀ ਮਨੂਵਾਦੀ ਨੀਤੀ ਨੂੰ ਲਾਗੂ ਕਰਨ ਅਤੇ ਸਿੱਖ ਕੌਮ ਵਿੱਚ ਗੁਰੂ ਗ੍ਰੰਥ ਸਾਹਿਬ ਵਿੱਚ ਗੁਰੂਆਂ ਤੋਂ ਇਲਾਵਾ ਭਗਤਾਂ ਦੀ ਬਾਣੀ ਦੇ ਬਾਰੇ ਪਾਏ ਜਾ ਰਹੇ ਭੁਲੇਖਿਆਂ ਤੋਂ ਜਾਣੂ ਕਰਵਾਇਆ। ਇਸ ਪ੍ਰੋਗਰਾਮ ਦੇ ਸਟੇਜ ਸੈਕਟਰੀ ਦੀ ਡਿਊਟੀ ਸਰਦਾਰ ਜਸਵਿੰਦਰ ਸਿੰਘ ਕਥਾਵਾਚਕ ਕਾਹਨੂੰਵਾਨ ਨੇ ਨਿਭਾਈ।

ਭਾਈ ਸਰਵਣ ਸਿੰਘ ਦੀ ਬੇਟੀ ਰਮਨੀਤ ਕੌਰ, ਭਰਾ ਅਮਰਜੀਤ ਸਿੰਘ, ਜਗੀਰ ਸਿੰਘ ਵਿਸ਼ੇਸ਼ ਤੌਰ ਤੇ ਬਹਿਰੀਨ ਤੋਂ ਇਸ ਪ੍ਰੋਗਰਾਮ ਵਿੱਚ ਪਹੁੰਚੇ।ਇਹਨਾਂ ਤੋਂ ਇਲਾਵਾ ਸ਼ਹੀਦਾਂ ਦੇ ਪਰਿਵਾਰ ਵੱਡੀ ਗਿਣਤੀ ਵਿੱਚ ਪਹੁੰਚੇ ਤੇ ਬਾਪੂ ਗੁਰਚਰਨ ਸਿੰਘ ਫਰੀਡਮ ਫਾਈਟਰ ਚੈਰੀਟੇਬਲ ਟਰਸਟ ਵੱਲੋਂ ਸਨਮਾਨ ਚਿੰਨ ਤੇ ਸਰੋਪੇ ਦੇ ਕੇ ਉਹਨਾਂ ਦਾ ਸਨਮਾਨ ਕੀਤਾ ਗਿਆ। ਇਸ ਵਿੱਚ ਸਤਨਾਮ ਸਿੰਘ ਸੱਤਾ ਨੰਗਲ ਝੌਰ ਦਾ ਕਾਫੀ ਸਹਿਯੋਗ ਰਿਹਾ। ਇਹਨਾਂ ਤੋਂ ਇਲਾਵਾ ਸ. ਅਵਤਾਰ ਸਿੰਘ ਰੰਧਾਵਾ (ਸਿੰਘਪੁਰਾ), ਮਾਸਟਰ ਭਜਨ ਸਿੰਘ, ਮੇਹਰ ਸਿੰਘ , ਸਲਵੰਤ ਸਿੰਘ, ਕੁਲਵੰਤ ਸਿੰਘ ਬਿੱਲੂ, ਭਗਤ ਸਿੰਘ, ਭੁਪਿੰਦਰ ਸਿੰਘ, ਮਨਜੀਤ ਸਿੰਘ , ਗਿਆਨੀ ਗੁਰਪਾਲ ਸਿੰਘ, ਅਮਰਿੰਦਰ ਸਿੰਘ (ਸਰਪੰਚ), ਬਲਵਿੰਦਰ ਸਿੰਘ ਨੰਬਰਦਾਰ ਤੇ ਦਰਸ਼ਨ ਸਿੰਘ (ਸੱਲੋਪੁਰ) ਤੇ ਹੋਰ ਬਹੁਤ ਸਾਰੇ ਲੋਕਾਂ ਨੇ ਹਾਜ਼ਰੀ ਭਰੀ।

# ਸਰਕਾਰ ਵੱਲੋਂ ਅਵਾਜਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਬਣਾਈਆਂ ਜਾ ਰਹੀਆਂ ਨੇ ਸੜਕਾਂ: ਈ.ਟੀ.ਓ.

ਸ਼ਹੀਦ ਭਗਤ ਸਿੰਘ ਨਗਰ, 3 ਫਰਵਰੀ (ਸੁਖਦੇਵ ਸਿੰਘ ਉੜਾਪੜ): ਪੰਜਾਬ ਦੇ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਵਲੋਂ ਅੱਜ ਰਾਹੋ ਤੋਂ ਜਾਡਲਾ ਤੱਕ 7.49 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਲਗਭਗ 11 ਕਿਲੋਮੀਟਰ ਨਵੀ ਸੜਕ ਜੋ ਕਿ 15 ਦਸੰਬਰ ਨੂੰ ਬਣ ਕੇ ਤਿਆਰ ਹੋਈ ਸੀ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਸੜਕ ਦੀ ਚੈਕਿੰਗ ਕੁਆਲਟੀ ਕੰਟਰੋਲ ਟੀਮ ਨਾਲ ਕੀਤੀ ਜਾ ਰਹੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕ ਦਾ ਸੈਂਪਲ ਲੈ ਕੇ ਤੁਰੰਤ ਕੁਆਲਟੀ ਟੈਸਟ ਲਈ ਲੈਬ ਵਿੱਚ ਭੇਜੇ ਜਾਣ ਅਤੇ ਜੋ ਵੀ ਰਿਪੋਰਟ ਸਾਹਮਣੇ ਆਉਂਦੀ ਹੈ ਉਸ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ।



ਉਨ੍ਹਾਂ ਅਧਿਕਾਰੀਆ ਨੂੰ ਇਹ ਵੀ ਹਦਾਇਤ ਕੀਤੀ ਕਿ ਸੜਕ ਦੇ ਕਿਨਾਰੇ ਬਰਮਾਂ ਅਤੇ ਵਾਈਟ ਲਾਈਨਿੰਗ ਪੂਰੀ ਹੋਣ ਤੱਕ ਅਤੇ ਕੁਆਲਟੀ ਕੰਟਰੋਲ ਦੀ ਰਿਪੋਰਟ ਆਉਣ ਤੋਂ ਪਹਿਲਾਂ ਕੋਈ ਅਦਾਇਗੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਸੂਬੇ ਵਿੱਚ ਬਿਹਤਰ ਅਵਾਜਾਈ ਨੂੰ ਯਕੀਨੀ ਬਣਾਉਣ ਲਈ 45000 ਕਿਲੋਮੀਟਰ ਸੜਕਾਂ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਮੌਜੂਦਾ ਸਰਕਾਰ ਦੀ ਅਗਵਾਈ ਵਿੱਚ ਸੂਬੇ ਅੰਦਰ ਏਨੇ ਵੱਡੇ ਪੱਧਰ ਤੇ ਸੜਕਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ 31 ਮਾਰਚ ਤੱਕ ਇਹ ਸੜਕ ਬਣਕੇ ਤਿਆਰ ਹੋ ਜਾਣਗੀਆਂ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕੋਈ ਵੀ ਸੜਕ ਭਾਵੇ ਸਟੇਟ ਹਾਈਵੇ ਹੈ ਜਾਂ ਲਿੰਕ ਰੋਡ ਹੋਵੇ ਖਸਤਾ ਹਾਲਤ ਵਿੱਚ ਨਹੀ ਮਿਲੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਤੋਂ ਇਲਾਵੇ ਸੂਬੇ ਵਿੱਚ ਬਣਾਏ ਗਏ ਫਲਾਇੰਗ ਸਕੁਐਡ ਵਲੋਂ ਵੀ ਸੜਕਾਂ ਦਾ ਨਿਰੀਖਣ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਨਵੀਆਂ ਬਣਾਈਆਂ ਗਈਆਂ ਸੜਕਾਂ ਦੀ ਮਿਆਦ 5 ਸਾਲ ਹੁੰਦੀ ਹੈ ਪਰ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ 7 ਸਾਲ ਤੱਕ ਇਹਨਾਂ ਦੀ ਮੁਰੰਮਤ ਕਰਵਾਉਣ ਦੀ ਲੋੜ ਨਾ ਪਵੇ। ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕਾਂ ਦੀ ਮਜ਼ਬੂਤੀ ਉਪਰ ਕਿਸੇ ਵੀ ਤਰ੍ਹਾਂ ਦਾ ਕੋਈ ਸਮਝੌਤਾ ਨਹੀ ਕੀਤਾ ਜਾਵੇ ਅਤੇ ਅਣਗਹਿਲੀ ਪਾਏ ਜਾਣ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਕੈਬਨਿਟ ਮੰਤਰੀ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਸੜਕਾਂ ਦੀ ਮਜ਼ਬੂਤੀ ਦਾ ਧਿਆਨ ਰੱਖਣ ਅਤੇ ਜੇਕਰ ਉਹਨਾਂ ਦੇ ਧਿਆਨ ਸੜਕਾਂ ਸਬੰਧੀ ਕੋਈ ਮਾਮਲਾ ਧਿਆਨ ਵਿੱਚ ਆਉਂਦਾ ਹੈ ਤਾਂ ਉਹ ਵਿਭਾਗੀ ਅਧਿਕਾਰੀਆਂ ਜਾਂ ਉਹਨਾਂ ਦੇ ਧਿਆਨ ਵਿੱਚ ਜਰੂਰ ਲਿਆਉਣ ਤਾਂ ਜੋ ਇਸ ਨੂੰ ਸਮੇਂ ਸਿਰ ਦਰੁਸਤ ਕਰਵਾਇਆ ਜਾ ਸਕੇ। ਉਨ੍ਹਾਂ ਸੜਕ ਨਿਰਮਾਣ ਠੇਕੇਦਾਰਾਂ ਨੂੰ ਵੀ ਹਦਾਇਤ ਕੀਤੀ ਕਿ ਸੜਕਾਂ ਨੂੰ ਮਿਆਰੀ ਅਤੇ ਗੁਣਵੱਤਾ ਭਰਪੂਰ ਬਣਾਉਣ ਅਤੇ ਜੇਕਰ ਸੜਕਾਂ ਦੀ ਹਾਲਤ ਖਰਾਬ ਹੁੰਦੀ ਹੈ ਤਾਂ ਉਹਨਾਂ ਨੂੰ ਇਸ ਦੀ ਮੁਕੰਮਲ ਕਰਨੀ ਪਵੇਗੀ ਤੇ ਸਖ਼ਤ ਕਾਰਵਾਈ ਦਾ ਸਾਹਮਣਾ ਵੀ ਕਰਨਾ ਪਵੇਗਾ।

ਇਸ ਤੋਂ ਇਲਾਵਾ ਕੈਬਨਿਟ ਮੰਤਰੀ ਵਲੋਂ ਪਿੰਡ ਮੁਜੱਫਰਪੁਰ ਵਿਚੋਂ 4186 ਸਕੇਅਰ ਫੁੱਟ ਵਿੱਚ ਬਣ ਰਹੇ ਪੀ.ਐਚ.ਸੀ. ਸੈਂਟਰ ਜੋ ਅਪ੍ਰੈਲ 2026 'ਚ ਬਣਕੇ ਤਿਆਰ ਹੋਣਾ ਹੈ ਦਾ ਨਿਰੀਖਣ ਕੀਤਾ ਗਿਆ। ਉਨ੍ਹਾਂ ਕਿਹਾ ਨਿਰੀਖਣ ਦੌਰਾਨ ਇਮਾਰਤ ਦੇ ਨਿਰਮਾਣ ਵਿੱਚ ਵਰਤੀ ਜਾ ਰਹੀ ਸਮੱਗਰੀ ਜਿਵੇਂ ਸਰੀਆ, ਸੀਮੇਂਟ, ਇੱਟਾਂ, ਰੇਤਾਂ ਆਦਿ ਦੇ ਸੈਂਪਲ ਲਏ ਗਏ। ਉਨ੍ਹਾਂ ਕਿਹਾ ਕਿ ਇਹਨਾਂ ਸੈਂਪਲਾਂ ਨੂੰ ਪਟਿਆਲਾ ਲੈਬ ਵਿਖੇ ਜਾਂਚ ਲਈ ਭੇਜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਵਿਭਾਗ ਵਲੋਂ ਸੜਕਾਂ ਤੇ ਇਮਾਰਤਾਂ ਦੇ ਨਿਰਮਾਣ ਵਿੱਚ ਕੰਮ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀ ਕੀਤਾ ਜਾਵੇਗਾ।

# ਅੱਜ ਬਿਜਲੀ ਰਹੇਗੀ ਬੰਦ




ਗੜ੍ਹਦੀਵਾਲਾ, 3 ਫਰਵਰੀ (ਗੌਰਵ): ਸਹਾਇਕ ਕਾਰਜਕਾਰੀ ਇੰਜੀਨੀਅਰ ਦਰਸ਼ਵੀਰ ਸਿੰਘ ਪੀ.ਐਸ.ਪੀ.ਸੀ.ਐਲ ਸਬ ਡਵੀਜਨ ਗੜ੍ਹਦੀਵਾਲਾ ਵਲੋ ਇਲਾਕੇ ਦੇ ਸਮੂਹ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 66 ਕੇ ਵੀ ਸਬ ਸਟੇਸ਼ਨ ਖੁਣ-ਖੁਣ ਕਲਾਂ ਦੀ ਜਰੂਰੀ ਮੁਰੰਮਤ ਦੌਰਾਨ ਇਸ ਸਬ ਸਟੇਸ਼ਨ ਤੋਂ ਚਲਦੇ ਖਾਨਪੁਰ ਯੂ.ਪੀ.ਐਸ ਫੀਡਰ, ਧੁੱਗਾ-2 ਏ ਪੀ, ਦਵਾਖਰੀ ਏ ਪੀ ਅਤੇ ਜੱਕੋਵਾਲ ਦੀ ਬ੍ਰਾਂਚ ਦੀ ਸਪਲਾਈ ਮਿਤੀ 04.02.26 ਨੂੰ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਬੰਦ ਰਹੇਗੀ। ਜਿਸ ਨਾਲ ਧੁੱਗਾ ਕਲਾਂ, ਖਾਨਪੁਰ, ਚੱਤੋਵਾਲ,ਦੇਹਰੀਵਾਲ, ਸੇਖੂਪੁਰ ਕਲਾਂ, ਭੱਟੀਆਂ, ਅੰਬਾਲਾ ਜੱਟਾਂ, ਅਲੱੜ ਪਿੰਡ, ਜੋਹਲਾਂ, ਦਵਾਖਰੀ, ਕੂਮਪੁਰ, ਨੰਗਲ ਦਾਤਾ, ਕਾਲਾ ਝਿੰਗੜ, ਤੂਰਾਂ ਆਦਿ ਪਿੰਡਾਂ ਦੀ ਸਪਲਾਈ ਬੰਦ ਰਹੇਗੀ।

# ਟਾਂਡਾ ਦੇ ਸਰਕਾਰੀ ਸਕੂਲਾਂ 'ਚ ਕਰਵਾਏ ਕਰੀਅਰ ਗਾਈਡੈਂਸ ਪ੍ਰੋਗਰਾਮ : ਰਮਨਦੀਪ ਕੌਰ



ਟਾਂਡਾ, 3 ਫਰਵਰੀ (ਅਰਜੁਨ ਜੈਨ): ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਟਾਂਡਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਟਾਂਡਾ ਵਿਖੇ ਪੜ੍ਹ ਰਹੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਕਰੀਅਰ ਦੀ ਚੋਣ ਸਬੰਧੀ ਕਰੀਅਰ ਗਾਈਡੈਂਸ ਪ੍ਰੋਗਰਾਮ ਕਰਵਾਇਆ ਗਿਆ। ਇਸ ਕਰੀਅਰ ਗਾਈਡੈਂਸ ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਪਲੇਸਮੈਂਟ ਅਫ਼ਸਰ ਰਾਕੇਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਰੋਜ਼ਗਾਰ ਬਿਊਰੋ ਦੀ ਮਹੱਤਤਾ ਬਾਰੇ ਦੱਸਦੇ ਹੋਏ ਰੋਜ਼ਗਾਰ ਬਿਊਰੋ ਰਾਹੀ ਦਿੱਤੀਆਂ ਜਾਂਦੀਆਂ ਸਹੂਲਤਾਂ, ਜਿਵੇਂ ਕਿ ਬੱਚਿਆਂ ਦੇ ਭਵਿੱਖ ਦੇ ਕਰੀਅਰ ਲਈ ਕੀਤੀ ਜਾਂਦੀ ਕਰੀਅਰ ਕਾਉਂਸਲਿੰਗ, ਪਲੇਸਮੈਂਟ ਸੈੱਲ ਦੁਆਰਾ ਕੀਤੇ ਜਾਂਦੇ ਨੌਕਰੀਆਂ ਦੇ ਉਪਰਾਲੇ, ਸਵੈ-ਰੋਜ਼ਗਾਰ ਸਕੀਮਾਂ ਅਤੇ ਵੱਖ-ਵੱਖ ਸਰਕਾਰੀ ਨੌਕਰੀਆਂ ਬਾਰੇ ਜਾਣਕਾਰੀ ਦਿੱਤੀ।

ਇਸ ਤੋਂ ਇਲਾਵਾ ਫੂਡ ਕਰਾਫਟ ਇੰਸਟੀਚਿਊਟ ਹੁਸ਼ਿਆਰਪੁਰ ਦੇ ਜ਼ਿਲ੍ਹਾ ਕੁਆਰਡੀਨੇਟਰ ਅਸ਼ਵਨੀ ਕੁਮਾਰ ਕੁੰਡਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਕਿੱਤਾ ਮੁਖੀ ਕੋਰਸ ਕਰਨ ਤੋਂ ਬਾਅਦ ਵਿਦਿਆਰਥੀ ਆਪਣਾ ਕੰਮ ਸਥਾਪਿਤ ਕਰਕੇ ਦੂਜਿਆਂ ਨੂੰ ਵੀ ਰੋਜ਼ਗਾਰ ਦੇਣ ਦੇ ਕਾਬਿਲ ਹੋ ਸਕਦੇ ਹਨ।

ਇਸ ਕਰੀਅਰ ਗਾਈਡੈਂਸ ਪ੍ਰੋਗਰਾਮ ਦੌਰਾਨ ਉਪਰੋਕਤ ਦੋਵੇਂ ਸਕੂਲਾਂ ਦੇ ਸਮੂਹ ਸਟਾਫ ਅਤੇ 190 ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਪੂਰਵਕ ਇਸ ਪ੍ਰੋਗਰਾਮ ਵਿਚ ਭਾਗ ਲਿਆ।

ਇਸ ਮੌਕੇ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਟਾਂਡਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਟਾਂਡਾ ਨੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਦਾ ਦਿਲੋ ਧੰਨਵਾਦ ਕਰਦੇ ਹੋਏ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸੈਮੀਨਾਰ ਲਗਾਉਣ ਲਈ ਕਿਹਾ।

# 3 ਏਕੜ ਜ਼ਮੀਨ 'ਚ ਬਣੇਗਾ ਅਧੁਨਿਕ ਓਲਡ ਏਜ ਹੋਮ: ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ

ਮੋਹਾਲੀ, 3 ਫਰਵਰੀ (ਹਰਦੀਪ ਕੌਰ): ਸ਼ਹਿਰ ਦੇ ਬਜ਼ੁਰਗਾਂ ਲਈ ਓਲਡ ਏਜ ਹੋਮ ਬਣਾਉਣ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਹੁਣ ਹਕੀਕਤ ਬਣਨ ਵੱਲ ਵਧ ਰਹੀ ਹੈ ਅਤੇ ਇਸ ਦੇ ਪਿੱਛੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਦੀ ਲਗਾਤਾਰ ਕਾਨੂੰਨੀ ਪੈਰਵੀ ਅਤੇ ਸਮਾਜਿਕ ਮਿਹਨਤ ਨੂੰ ਵੱਡੀ ਕਾਮਯਾਬੀ ਮਿਲੀ ਹੈ। ਹਾਈ ਕੋਰਟ ਵਿੱਚ ਕੀਤੀ ਗਈ 11 ਸਾਲ ਦੀ ਲੜਾਈ ਅਤੇ ਪੇਸ਼ੀਆਂ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਮੋਹਾਲੀ ਵਿੱਚ ਅਧੁਨਿਕ ਓਲਡ ਏਜ ਹੋਮ ਬਣਾਉਣ ਦੀ ਪ੍ਰਕਿਰਿਆ ਨੂੰ ਹਰੀ ਝੰਡੀ ਮਿਲ ਗਈ ਹੈ। ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਬੇਦੀ ਨੇ ਕਿਹਾ ਕਿ ਬਜ਼ੁਰਗਾਂ ਦੀ ਸੁਰੱਖਿਆ, ਸਨਮਾਨ ਅਤੇ ਸੰਭਾਲ ਲਈ ਸ਼ੁਰੂ ਕੀਤਾ ਗਿਆ ਇਹ ਸੰਘਰਸ਼ ਹੁਣ ਜ਼ਮੀਨੀ ਪੱਧਰ 'ਤੇ ਅਮਲ ਵੱਲ ਵਧ ਰਿਹਾ ਹੈ, ਜੋ ਮੋਹਾਲੀ ਦੇ ਬਜ਼ੁਰਗਾਂ ਲਈ ਵੱਡੀ ਰਾਹਤ ਸਾਬਤ ਹੋਵੇਗਾ।



ਉਨ੍ਹਾਂ ਦੱਸਿਆ ਕਿ ਤਪਾ ਵਿੱਚ ਬਣੇ ਓਲਡ ਏਜ ਹੋਮ ਦੇ ਮਾਡਲ ਨੂੰ ਧਿਆਨ ਵਿੱਚ ਰੱਖਦੇ ਹੋਏ ਮੋਹਾਲੀ ਲਈ ਯੋਜਨਾ ਤਿਆਰ ਕੀਤੀ ਗਈ ਹੈ। ਬੇਦੀ ਮੁਤਾਬਕ, ਗਮਾਡਾ ਵੱਲੋਂ ਤਿੰਨ ਏਕੜ ਜ਼ਮੀਨ ਮੁਫ਼ਤ ਮੁਹੱਈਆ ਕਰਵਾਈ ਜਾਵੇਗੀ।

**ਪ੍ਰੋਜੈਕਟ ਦੀਆਂ ਮੁੱਖ ਜਾਣਕਾਰੀਆਂ:** ਡਿਪਟੀ ਮੇਅਰ ਬੇਦੀ ਨੇ ਦੱਸਿਆ ਕਿ ਮੋਹਾਲੀ ਵਿੱਚ ਬਣਨ ਵਾਲਾ ਇਹ ਓਲਡ ਏਜ ਹੋਮ ਤਿੰਨ ਏਕੜ 'ਚ ਫੈਲਿਆ ਹੋਇਆ ਅਧੁਨਿਕ ਕੈਂਪਸ ਹੋਵੇਗਾ, ਜਿਸ ਲਈ ਗਮਾਡਾ ਵੱਲੋਂ ਜ਼ਮੀਨ ਮੁਫ਼ਤ ਦਿੱਤੀ ਜਾ ਰਹੀ ਹੈ। ਇਸ ਕੇਂਦਰ ਵਿੱਚ ਲਗਭਗ ਇੱਕ ਸੌ ਪੰਜਾਹ ਬਜ਼ੁਰਗਾਂ ਦੀ ਰਹਾਇਸ਼ ਸਮਰਥਾ ਹੋਵੇਗੀ ਤੇ ਇਸਦਾ ਡਿਜ਼ਾਇਨ ਤਪਾ ਮੰਡੀ ਵਿੱਚ ਪਹਿਲਾਂ ਤੋਂ ਚੱਲ ਰਹੇ ਓਲਡ ਏਜ ਹੋਮ ਦੇ ਅਧਾਰ 'ਤੇ ਤਿਆਰ ਕੀਤਾ ਜਾਵੇਗਾ।

ਡਿਪਟੀ ਮੇਅਰ ਨੇ ਕਿਹਾ ਕਿ ਮੋਹਾਲੀ ਦੇ ਬਹੁਤ ਸਾਰੇ ਬਜ਼ੁਰਗ ਅੱਜ ਇਕੱਲੇਪਨ ਦਾ ਸਾਹਮਣਾ ਕਰ ਰਹੇ ਹਨ, ਕਿਉਂਕਿ ਉਨ੍ਹਾਂ ਦੇ ਬੱਚੇ ਵਿਦੇਸ਼ਾਂ ਜਾਂ ਹੋਰ ਸ਼ਹਿਰਾਂ ਵਿੱਚ ਵੱਸਦੇ ਹਨ। **ਓਲਡ ਏਜ ਹੋਮ ਵਿੱਚ ਉਪਲਬਧ ਸਹੂਲਤਾਂ:** ਉਹਨਾਂ ਦੱਸਿਆ ਕਿ ਇਸ ਕੇਂਦਰ ਵਿੱਚ ਚੌਵੀ ਘੰਟੇ ਐਂਬੂਲੈਂਸ ਸੇਵਾ, ਐਮਰਜੈਂਸੀ ਮੈਡੀਕਲ ਸਹੂਲਤਾਂ, ਨਿਯਮਿਤ ਡਾਕਟਰੀ ਜਾਂਚ ਅਤੇ ਫਿਜ਼ੀਓਥੈਰਪੀ ਦੀ ਵਿਵਸਥਾ ਹੋਵੇਗੀ। ਬਜ਼ੁਰਗਾਂ ਲਈ ਮੁਫ਼ਤ ਭੋਜਨ, ਰਾਸ਼ਨ, ਅਖਬਾਰ ਤੇ ਮਨੋਰੰਜਨ ਸਹੂਲਤਾਂ ਦਿੱਤੀਆਂ ਜਾਣਗੀਆਂ। ਪੂਰਾ ਕੈਂਪਸ ਸੁਰੱਖਿਅਤ ਹੋਵੇਗਾ ਤੇ ਉੱਥੇ ਨਿਗਰਾਨੀ ਪ੍ਰਣਾਲੀ ਦੇ ਨਾਲ ਸਟਾਫ ਲਈ ਵੱਖਰੇ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਹ ਯੋਜਨਾ 2007 ਵਿੱਚ ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਵੱਲੋਂ ਬਣਾਏ ਕਾਨੂੰਨ ਦੀ ਆਤਮਾ ਦੇ ਅਨੁਸਾਰ ਹੈ, ਜਿਸਦਾ ਮਕਸਦ ਬਜ਼ੁਰਗਾਂ ਦੀ ਭਲਾਈ ਲਈ ਓਲਡ ਏਜ ਹੋਮ ਸਥਾਪਿਤ ਕਰਨਾ ਹੈ। ਪੰਜਾਬ ਸਰਕਾਰ ਵੱਲੋਂ ਹਾਈ ਕੋਰਟ ਵਿੱਚ ਦਿੱਤੇ ਹਲਫ਼ਨਾਮੇ ਅਨੁਸਾਰ 21 ਜ਼ਿਲ੍ਹਿਆਂ ਵਿੱਚ ਅਜਿਹੇ ਕੇਂਦਰ ਬਣਾਉਣ ਦੀ ਪ੍ਰਕਿਰਿਆ ਨੂੰ ਲਾਗੂ ਕਰਵਾਉਣ ਲਈ ਉਹ ਲਗਾਤਾਰ ਕਾਨੂੰਨੀ ਪੱਧਰ 'ਤੇ ਯਤਨ ਕਰਦੇ ਰਹੇ ਹਨ।

**ਡਿਪਟੀ ਮੇਅਰ ਦਾ ਬਿਆਨ:** ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਕਿਹਾ ਕਿ ਇਹ ਮੋਹਾਲੀ ਦੇ ਬਜ਼ੁਰਗਾਂ ਦੀ ਵੱਡੀ ਜਿੱਤ ਹੈ ਤੇ ਉਹ ਯਕੀਨੀ ਬਣਾਉਣਗੇ ਕਿ ਇਹ ਪ੍ਰੋਜੈਕਟ ਸਿਰਫ਼ ਐਲਾਨ ਤੱਕ ਸੀਮਿਤ ਨਾ ਰਹੇ, ਸਗੋਂ ਪੂਰੀ ਤਰ੍ਹਾਂ ਤਿਆਰ ਹੋ ਕੇ ਸਹੂਲਤਾਂ ਸਮੇਤ ਚੱਲੂ ਵੀ ਹੋਵੇ। ਇਸ ਮੌਕੇ ਬ੍ਰਿਗ. ਜਗਦੇਵ ਸਿੰਘ, ਪ੍ਰਧਾਨ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਮੋਹਾਲੀ, ਆਰ.ਪੀ. ਵਿਗ, ਗੁਰਮੀਤ ਸਿੰਘ ਸਿਆਣ, ਅਜੈਬ ਸਿੰਘ ਬਾਕਰਪੁਰ, ਗੁਰਪ੍ਰੀਤ ਸਿੰਘ, ਗੁਰਵਿੰਦਰ ਸਿੰਘ ਬੈਂਸ ਸੀ-ਸੈਲ ਤੇ ਮੋਹਾਲੀ ਦੇ ਹੋਰ ਸੀਨੀਅਰ ਸਿਟੀਜ਼ਨ ਵੀ ਮੌਜੂਦ ਸਨ। ਇਸ ਫੈਸਲੇ ਨਾਲ ਮੋਹਾਲੀ 'ਚ ਸਮਾਜਿਕ ਸੁਰੱਖਿਆ ਢਾਂਚੇ ਨੂੰ ਮਜ਼ਬੂਤੀ ਮਿਲਣ ਦੀ ਉਮੀਦ ਕੀਤੀ ਜਾ ਰਹੀ ਹੈ ਤੇ ਬਜ਼ੁਰਗਾਂ ਲਈ ਸਨਮਾਨਜਨਕ ਜੀਵਨ ਵੱਲ ਇਹ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ।

# ਖ਼ਾਲਸਾ ਕਾਲਜ ਵਿਖੇ ਇੰਟਰ-ਸਕੂਲ ਮੁਕਾਬਲੇ

ਸ੍ਰੀ ਅਨੰਦਪੁਰ ਸਾਹਿਬ, 3 ਫਰਵਰੀ (ਤਰਲੋਚਨ ਸਿੰਘ, ਹਰਪ੍ਰੀਤ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿੱਚ ਅੱਜ ਇੰਟਰ-ਸਕੂਲ ਮੁਕਾਬਲਿਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਨ੍ਹਾਂ ਮੁਕਾਬਲਿਆਂ ਵਿੱਚ ਸ੍ਰੀ ਅਨੰਦਪੁਰ ਸਾਹਿਬ, ਨੂਰਪੁਰ ਬੇਦੀ, ਨੰਗਲ, ਕੀਰਤਪੁਰ ਸਾਹਿਬ, ਰੋਪੜ, ਹਿਮਾਚਲ ਦੇ ਨਾਲਾਗੜ੍ਹ, ਊਨਾ ਆਦਿ ਇਲਾਕਿਆਂ ਦੇ ਲਗਭਗ 50 ਸਕੂਲਾਂ ਤੋਂ 800 ਦੇ ਕਰੀਬ ਵਿਦਿਆਰਥੀ ਭਾਗ ਲੈ ਰਹੇ ਹਨ।

ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਤ ਹੈ ਅਤੇ ਨੈਕ ਬੈਂਗਲੋਰ ਵੱਲੋਂ "ਏ" ਗਰੇਡ ਨਾਲ ਪ੍ਰਮਾਣਿਤ ਹੈ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਇਲਾਕੇ ਦੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ, ਵਿਦਿਆਰਥੀਆਂ ਵਿਚ ਸੱਭਿਆਚਾਰਕ ਅਤੇ ਨੈਤਿਕ ਮੁੱਲਾਂ ਨੂੰ ਉਭਾਰਨ ਲਈ ਕਾਲਜ ਵੱਲੋਂ ਇਹ ਉਪਰਾਲਾ ਕੀਤਾ ਜਾ ਰਿਹਾ ਹੈ।

ਡਾ. ਜਸਵੀਰ ਸਿੰਘ ਨੇ ਦੱਸਿਆ ਕਿ ਮੁਕਾਬਲਿਆਂ ਦੌਰਾਨ ਗਰੁੱਪ ਸ਼ਬਦ ਗਾਇਨ, ਦਸਤਾਰ ਬੰਦੀ, ਲੋਕ ਗੀਤ, ਸੋਲੋ ਗਾਇਨ, ਪੋਸਟਰ ਤਿਆਰ ਕਰਨਾ ਅਤੇ ਚਿੱਤਰਕਾਰੀ, ਰੰਗੋਲੀ, ਕਵਿਤਾ ਉਚਾਰਨ, ਭਾਸ਼ਣ ਪ੍ਰਤੀਯੋਗਤਾ, ਪ੍ਰਸ਼ਨੋਤਰੀ, ਨਿਬੰਧ ਲੇਖਨ, ਸਲੋਗਨ ਲੇਖਨ, ਯੋਗ ਅਭਿਆਸ, ਮਾਡਲ ਮੇਕਿੰਗ ਅਤੇ ਗਣਿਤ ਓਲੰਪਿਆਡ ਵਰਗੀਆਂ ਅਨੇਕਾਂ ਪ੍ਰਤੀਯੋਗਤਾਵਾਂ ਕਰਵਾਈਆਂ ਜਾ ਰਹੀਆਂ ਹਨ।

ਇਹ ਮੁਕਾਬਲਿਆਂ ਦ ਆਯੋਜਨ ਕੋਆਰਡੀਨੇਟਰ ਡਾ. ਗੁਰਪ੍ਰੀਤ ਕੌਰ ਦੀ ਦੇਖ ਰੇਖ ਸੁਚੱਜੇ ਅਤੇ ਸਫਲ ਢੰਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਕਾਲਜ ਪ੍ਰਬੰਧਕਾਂ ਵੱਲੋਂ ਇਲਾਕੇ ਦੇ ਪ੍ਰਿੰਸੀਪਲਾਂ, ਮੁੱਖ ਅਧਿਆਪਕਾਂ ਅਤੇ ਅਧਿਆਪਕਾਂ ਨੂੰ ਅਪੀਲ ਕੀਤੀ ਗਈ ਕੇ ਉਹ ਵੱਧ ਚੜ੍ਹ ਕੇ ਆਪਣੇ ਵਿਦਿਆਰਥੀਆਂ ਨੂੰ ਇਹਨਾਂ ਮੁਕਾਬਲਿਆਂ ਵਿੱਚ ਲੈਕੇ ਆਉਣ ਤਾਂ ਜੋ ਵਿਦਿਆਰਥੀ ਆਪਣੀ ਪ੍ਰਤਿਭਾ ਦੇ ਜੌਹਰ ਦਿਖਾ ਸਕਣ।

# ਮਜੀਠੀਆ ਦੀ ਜ਼ਮਾਨਤ ਤੇ ਜਤਿੰਦਰ ਸਿੰਘ ਲੱਧਾ ਮੁੰਡਾ ਵੱਲੋਂ ਸੁਪਰੀਮ ਕੋਰਟ ਦੇ ਫ਼ੈਸਲੇ ਦਾ ਸਵਾਗਤ



ਸ੍ਰੀ ਹਰਗੋਬਿੰਦਪੁਰ ਸਾਹਿਬ, 4 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ ਜਗੀਰ ਸਿੰਘ ਮੰਡ): ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਬੀਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਲੱਧਾ ਮੁੰਡਾ ਨੇ ਮਾਝੇ ਦੇ ਨਿਧੜਕ ਜਰਨੈਲ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਮਾਨਯੋਗ ਸੁਪਰੀਮ ਕੋਰਟ ਵੱਲੋਂ ਜ਼ਮਾਨਤ ਦਿੱਤੇ ਜਾਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਲੱਧਾ ਮੁੰਡਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨਿਆਪਾਲਿਕਾ 'ਤੇ ਸਮਾਜ ਦਾ ਹਮੇਸ਼ਾ ਯਕੀਨ ਰਿਹਾ ਹੈ ਅਤੇ ਹਰ ਵਿਅਕਤੀ ਅਦਾਲਤਾਂ ਤੋਂ ਇਨਸਾਫ਼ ਦੀ ਆਸ ਰੱਖਦਾ ਹੈ।

ਉਨ੍ਹਾਂ ਕਿਹਾ ਕਿ ਮਾਨਯੋਗ ਸੁਪਰੀਮ ਕੋਰਟ ਦਾ ਬਿਕਰਮ ਸਿੰਘ ਮਜੀਠੀਆ ਸਬੰਧੀ ਇਹ ਇਕ ਚੰਗਾ ਫੈਸਲਾ ਹੈ, ਜਿਸ ਨਾਲ ਨਿਰਪੱਖ ਨਿਆਪ੍ਰਣਾਲੀ 'ਤੇ ਭਰੋਸਾ ਹੋਰ ਮਜ਼ਬੂਤ ਹੋਵੇਗਾ ਤੇ ਉਨ੍ਹਾਂ ਵੱਲੋਂ ਮਾਨਯੋਗ ਅਦਾਲਤ ਦਾ ਧੰਨਵਾਦ ਕੀਤਾ ਮਜੀਠੀਆ ਸਾਹਿਬ ਨੂੰ ਵਧਾਈ ਦਿੱਤੀ। ਉਨ੍ਹਾਂ ਆਖਿਆ ਕਿ ਮਜੀਠੀਆ ਦੇ ਨੂੰ ਜ਼ਮਾਨਤ ਮਿਲਣ ਨਾਲ ਸ਼੍ਰੋਮਣੀ ਅਕਾਲੀ ਦਲ ਹੋਰ ਮਜ਼ਬੂਤ ਹੋਵੇਗਾ। ਕਿਉਕਿ ਸੂਬੇ ਵਰਕਰ ਅਤੇ ਆਗੂ ਮਜੀਠੀਆ ਨਾਲ ਚਟਾਨ ਵਾਂਗ ਖੜ੍ਹੇ ਹਨ।

# ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ 'ਤੇ ਘਣੀਏ ਕੇ ਬਾਂਗਰ 'ਚ ਧਾਰਮਿਕ ਸਮਾਗਮ

ਬਟਾਲਾ, 3 ਫਰਵਰੀ (ਸੁਖਦੇਵ ਸਿੰਘ ਰੰਧਾਵਾ, ਬਲਬੀਰ ਸੋਹਲ)- ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜਾ ਪਿੰਡ ਘਣੀਏ ਕੇ ਬਾਂਗਰ ਦੀ ਸਾਧ ਸੰਗਤ ਵੱਲੋਂ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਹਰ ਸਾਲ ਦੀ ਤਰ੍ਹਾਂ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਰੱਖੇ ਲੜੀਵਾਰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਖੁੱਲੇ ਪੰਡਾਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਵੀਸ਼ਰ ਜਥਿਆਂ ਜਿਨਾਂ ਵਿੱਚ ਗਿਆਨੀ ਕੁਲਦੀਪ ਸਿੰਘ ਘਣੀਏ ਕੇ ਬਾਂਗਰਕਵੀਸ਼ਰੀ ਜਥਾ, ਗਿਆਨੀ ਗੁਰਮੇਜ ਸਿੰਘ ਬੀ ਏ ਤੇ ਗਿਆਨੀ ਜਰਨੈਲ ਸਿੰਘ ਬੈਂਸ ਜਲੰਧਰ ਦੇ ਢਾਡੀ ਜਥੇ ਨੇ ਬੀਰਰਸੀ ਵਾਰਾਂ ਗਾ ਕੇ ਸ਼ਾਨਾਮਤੇ ਸਿੱਖ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ। ਸਟੇਜ ਦੀ ਸਮੁੱਚੀ ਭੂਮਿਕਾ ਡਾਕਟਰ ਹਰਵਿੰਦਰ ਸਿੰਘ ਨੇ ਬਾਖੂਬੀ ਨਿਭਾਈ।



ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਤਰਲੋਕ ਸਿੰਘ, ਅਜੀਤ ਸਿੰਘ, ਸਰਪੰਚ ਗੁਰਸਰਨ ਸਿੰਘ ਲਾਡਾ, ਬਰਿੰਦਰਜੀਤ ਸਿੰਘ, ਰਵਿੰਦਰ ਸਿੰਘ, ਹਰਭਜਨ ਸਿੰਘ ਸਾਬੀ, ਰਣਜੀਤ ਸਿੰਘ ਸੈਕਟਰੀ, ਗੁੰਥੀ ਭਾਈ ਹਰਪ੍ਰੀਤ ਸਿੰਘ,ਬਾਬਾ ਸੁਖਦੇਵ ਸਿੰਘ, ਡਾਕਟਰ ਅਮਰਜੀਤ ਸਿੰਘ,ਮਨਜੀਤ ਸਿੰਘ, ਮਾਸਟਰ ਬਲਰਾਜ ਸਿੰਘ,ਕੁਲਦੀਪ ਸਿੰਘ ਦੋਧੀ,ਪ੍ਰਗਟ ਸਿੰਘ, ਪ੍ਰਧਾਨ ਦਵਿੰਦਰ ਸਿੰਘ ਰੰਧਾਵਾ, ਪਲਕਦੀਪ ਸਿੰਘ, ਸਤਿੰਦਰ ਸਿੰਘ ਬੱਬੂ, ਸੰਦੀਪ ਸਿੰਘ, ਦਿਲਪ੍ਰੀਤ ਸਿੰਘ, ਰਾਜਬੀਰ ਸਿੰਘ, ਡਾਕਟਰ ਹਰਵਿੰਦਰ ਸਿੰਘ, ਗੁਰਕੀਰਤ ਸਿੰਘ, ਗੁਰਨੂਰ ਸਿੰਘ,ਜਸਕੀਰਤ ਸਿੰਘ, ਦਿਲਪ੍ਰੀਤ ਸਿੰਘ, ਗੁਰਸਿਮਰਨ ਸਿੰਘ, ਬਲਵਿੰਦਰ ਸਿੰਘ, ਬਾਪੂ ਕਿਰਪਾਲ ਸਿੰਘ, ਗੁਰਬੀਰ ਸਿੰਘ, ਰਾਮ ਸਿੰਘ, ਦਲਜੀਤ ਸਿੰਘ ਕਾਲੀ, ਸਰਬਪ੍ਰੀਤ ਸਿੰਘ, ਹਰਮਨਪ੍ਰੀਤ ਸਿੰਘ, ਕਰਨਬੀਰ ਸਿੰਘ, ਗੁਰਸਹਜਪ੍ਰੀਤ ਸਿੰਘ ਆਦਿ ਸੰਗਤਾਂ ਵਿੱਚ ਹਾਜ਼ਰ ਸਨ।

[redacted]

**ਪੰਜਾਬ ਸਰਕਾਰ**

ਥੋੜ੍ਹੇ ਸਮੇਂ ਦਾ ਟੈਂਡਰ ਸੂਚਨਾ ਹਵਾਲਾ ਨੰ. ਈ-ਟੈਂਡਰ-ਈਓ/ਐਮਸੀ/ਦਸੂਹਾ/2025-26/14

ਵਿਭਾਗ : ਨਗਰ ਕੌਂਸਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਫੁੱਟਕਲ ਕੰਮਾਂ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ।

ਸ਼ੁਰੂਆਤੀ ਮਿਤੀ ਅਤੇ ਸਮਾਂ : ਮਿਤੀ : 03.02.2026 ਸਮਾਂ : ਸਵੇਰੇ 10.00 ਵਜੇ

ਬੰਦ ਹੋਣ ਦੀ ਮਿਤੀ ਅਤੇ ਸਮਾਂ : ਮਿਤੀ : 16.02.2026 ਸਮਾਂ : ਸ਼ਾਮ 05.00 ਵਜੇ

ਵੇਰਵਿਆਂ ਲਈ ਲਾਗਆਨ ਕਰੋ : http://eproc.punjab.gov.in

ਨੋਟ : ਟੈਂਡਰ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।

ਸਹੀ/- ਪ੍ਰਧਾਨ,
ਨਗਰ ਕੌਂਸਲ, ਦਸੂਹਾ

ਸਹੀ/- ਕਾਰਜਕਾਰੀ ਅਧਿਕਾਰੀ,
ਨਗਰ ਕੌਂਸਲ, ਦਸੂਹਾ

RO.No.PR-Advt.No. 1256/12/2025-26/7798/Dated CHD : 03/02/2026

ਚੰਡੀਗੜ੍ਹ ਹਾਊਸਿੰਗ ਬੋਰਡ
ਚੰਡੀਗੜ੍ਹ ਪ੍ਰਸ਼ਾਸਨ ਦਾ ਇਕ ਅਦਾਰਾ

8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

**ਜਨਤਕ ਸੂਚਨਾ**

ਸ੍ਰੀ ਸਨਿਲ ਚਾਵਲਾ ਸਪੁੱਤਰ ਸ੍ਰੀ ਧਰਮ ਪਾਲ ਚਾਵਲਾ ਨੇ ਰਿਹਾਇਸ਼ੀ ਇਕਾਈ ਨੰ. 3039-2, ਸੈਕਟਰ 44-ਡੀ, ਚੰਡੀਗੜ੍ਹ ਦੇ ਸਬੰਧ ਵਿਚ ਕਬਜ਼ਾ ਪੱਤਰ, ਐਨਡੀਸੀ, ਵਟਾਂਦਰਾ ਪੱਤਰ ਅਤੇ ਤਬਾਦਲਾ ਪੱਤਰ ਮਿਤੀ 16.11.2005 ਦੇ ਦਸਤਾਵੇਜ਼ ਗੁੰਮ ਹੋਣ ਦੇ ਕਾਰਨ ਇਨ੍ਹਾਂ ਦਾ ਦੂਪਰਤੀ ਉਤਾਰਾ ਜਾਰੀ ਕਰਨ ਲਈ ਚੰਡੀਗੜ੍ਹ ਹਾਊਸਿੰਗ ਬੋਰਡ ਕੋਲ ਪਹੁੰਚ ਕੀਤੀ ਹੈ। ਉਨ੍ਹਾਂ ਨੇ ਉਕਤ ਦਰਸਾਏ ਦਸਤਾਵੇਜ਼ਾਂ ਦੇ ਗੁੰਮ ਹੋਣ ਸਬੰਧੀ ਮਿਤੀ 16.01.2026 ਨੂੰ ਚੰਡੀਗੜ੍ਹ ਪੁਲਿਸ ਕੋਲ ਪੰਜੀਕ੍ਰਿਤ ਲੜੀ ਨੰ. 237274, ਐਲਆਰ ਨੰ. 2026/001577 'ਤੇ ਪੀਐਸ 34 ਵਿਚ ਗੁੰਮ ਹੋਈ ਵਸਤੂ ਦੀ ਸੂਚਨਾ ਰਿਪੋਰਟ ਵੀ ਪੇਸ਼ ਕੀਤੀ ਹੈ। ਕੋਈ ਵੀ ਵਿਅਕਤੀ ਜਿਸ ਨੂੰ ਬਿਨੈਕਾਰ ਨੂੰ ਉਕਤ ਦਰਸਾਈ ਰਿਹਾਇਸ਼ੀ ਇਕਾਈ ਦਾ ਕਬਜ਼ਾ ਪੱਤਰ, ਐਨਡੀਸੀ, ਵਟਾਂਦਰਾ ਪੱਤਰ ਅਤੇ ਤਬਾਦਲਾ ਪੱਤਰ ਮਿਤੀ 16.11.2005 ਦਾ ਦੂਪਰਤੀ ਉਤਾਰਾ ਜਾਰੀ ਕਰਨ ਦੇ ਖਿਲਾਫ਼ ਕੋਈ ਵੀ ਇਤਰਾਜ਼ ਹੋਵੇ, ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 15 ਦਿਨਾਂ ਦੇ ਅੰਦਰ ਲਿਖਤ ਵਿਚ ਨਿਮਨ ਹਸਤਾਖ਼ਰੀ ਕੋਲ ਇਤਰਾਜ਼ ਦਰਜ ਕਰ ਸਕਦਾ/ਸਕਦੀ ਹੈ। ਜੇਕਰ ਉਪਰੋਕਤ ਦਰਸਾਏ ਅਸਲ ਦਸਤਾਵੇਜ਼ ਕਿਸੇ ਨੂੰ ਮਿਲ ਜਾਣ ਤਾਂ ਉਹ ਉਪਰੋਕਤ ਦਰਸਾਏ ਪੁਲਿਸ ਸਟੇਸ਼ਨ ਜਾਂ ਨਿਮਨ ਹਸਤਾਖ਼ਰੀ ਦੇ ਦਫ਼ਤਰ ਵਿਚ ਜਮ੍ਹਾਂ ਕਰਵਾਏ। ਜਿਸ ਤੋਂ ਅਸਫ਼ਲ ਰਹਿਣ 'ਤੇ ਦਸਤਾਵੇਜ਼ ਜਾਰੀ ਕਰ ਦਿੱਤੇ ਜਾਣਗੇ। ਇਸ ਤੋਂ ਬਾਅਦ, ਕਿਸੇ ਵੀ ਵਿਅਕਤੀ ਨੂੰ ਉਕਤ ਦਰਸਾਏ ਮੂਲ ਦਸਤਾਵੇਜ਼ ਲੱਭ ਜਾਣ ਦੀ ਸੂਰਤ ਵਿਚ, ਇਨ੍ਹਾਂ ਨੂੰ ਉਕਤ ਦਰਸਾਏ ਪੁਲਿਸ ਸਟੇਸ਼ਨ ਜਾਂ ਨਿਮਨ ਹਸਤਾਖ਼ਰੀ ਦੇ ਦਫ਼ਤਰ ਵਿਚ ਜਮ੍ਹਾਂ ਕਰਵਾ ਦਿੱਤਾ ਜਾਵੇ।

ਸਕੱਤਰ
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ

# ਨੰਗਲ ਟਰੱਕ ਯੂਨੀਅਨ ਦੇ ਕਰੋੜਾਂ ਰੁਪਏ ਦੇ ਘਪਲੇ ਦੀ ਜਾਂਚ ਕਰਵਾਈ ਜਾਵੇ: ਐਡ. ਅਰਵਿੰਦ ਮਿੱਤਲ

ਸ੍ਰੀ ਅਨੰਦਪੁਰ ਸਾਹਿਬ, 3 ਫਰਵਰੀ (ਤਰਲੋਚਨ ਸਿੰਘ, ਹਰਪ੍ਰੀਤ ਸਿੰਘ): ਨੰਗਲ ਟਰੱਕ ਯੂਨੀਅਨ ਵਿੱਚ ਸਾਹਮਣੇ ਆਏ ਕਰੋੜਾਂ ਰੁਪਏ ਦੇ ਘਪਲੇ ਨੂੰ ਲੈ ਕੇ ਸਿਆਸਤ ਗਰਮਾ ਗਈ ਹੈ। ਪੰਜਾਬ ਭਾਜਪਾ ਦੇ ਸਾਬਕਾ ਸਕੱਤਰ ਅਤੇ ਨੌਜਵਾਨ ਭਾਜਪਾ ਆਗੂ ਐਡਵੋਕੇਟ ਅਰਵਿੰਦ ਮਿੱਤਲ ਨੇ ਇਸ ਮਾਮਲੇ ਦੀ ਜਾਂਚ ਹਾਈਕੋਰਟ ਦੇ ਕਿਸੇ ਰਿਟਾਇਰਡ ਜੱਜ ਦੀ ਨਿਗਰਾਨੀ ਹੇਠ ਕਰਵਾਉਣ ਦੀ ਮੰਗ ਕੀਤੀ ਹੈ। ਉਹਨਾਂ ਕਿਹਾ ਕਿ ਕੇਵਲ ਇਸ ਤਰੀਕੇ ਨਾਲ ਹੀ ਸੱਚ ਸਾਹਮਣੇ ਆ ਸਕਦਾ ਹੈ ਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋ ਸਕਦੀ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਐਡਵੋਕੇਟ ਅਰਵਿੰਦ ਮਿੱਤਲ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਵੱਲੋਂ ਚਾਰ ਸਾਲਾਂ ਬਾਅਦ ਅਚਾਨਕ ਟਰੱਕ ਯੂਨੀਅਨ ਦੀ ਕਮੇਟੀ ਨੂੰ ਸਸਪੈਂਡ ਕਰਨਾ ਲੋਕਾਂ ਨਾਲ ਸਿਰਫ਼ ਡਰਾਮਾ ਕਰਨ ਦੇ ਬਰਾਬਰ ਹੈ। ਉਹਨਾਂ ਕਿਹਾ ਕਿ ਜੇ ਸਰਕਾਰ ਨੀਅਤ ਵਿੱਚ ਸਾਫ਼ ਹੁੰਦੀ ਤਾਂ ਇਹ ਕਾਰਵਾਈ ਕਾਫ਼ੀ ਪਹਿਲਾਂ ਕੀਤੀ ਜਾ ਸਕਦੀ ਸੀ। ਚੋਣਾਂ ਨੇੜੇ ਆਉਂਦਿਆਂ ਹੁਣ ਇਹ ਕਦਮ ਚੁੱਕਣਾ ਸਿਰਫ਼ ਸਿਆਸੀ ਨਾਟਕ ਹੈ।



ਮਿੱਤਲ ਨੇ ਦੋਸ਼ ਲਗਾਇਆ ਕਿ ਨੰਗਲ ਟਰੱਕ ਯੂਨੀਅਨ, ਜੋ ਕਿ ਪੰਜਾਬ ਦੀਆਂ ਸਭ ਤੋਂ ਵੱਡੀਆਂ ਟਰੱਕ ਯੂਨੀਅਨਾਂ ਵਿੱਚੋਂ ਇੱਕ ਹੈ, ਉਸਨੂੰ ਸਰਕਾਰ ਵੱਲੋਂ ਰਾਜਨੀਤੀ ਦਾ ਸ਼ਿਕਾਰ ਬਣਾਇਆ ਜਾ ਰਿਹਾ ਹੈ ਟਰਾਂਸਪੋਰਟਰਾਂ ਦੇ ਹੱਕਾਂ ਦੀ ਸੁਰੱਖਿਆ ਕਰਨ ਦੀ ਬਜਾਏ ਉਨ੍ਹਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਪਿਛਲੀ ਸਰਕਾਰ ਦੇ ਸਮੇਂ ਵੀ ਟਰਾਂਸਪੋਰਟਰਾਂ ਦੇ ਹੱਕਾਂ ਦਾ ਘਾਣ ਕੀਤਾ ਗਿਆ ਆਪਣੇ ਜਿਸ ਦੇ ਵਿਰੋਧ ਵਿੱਚ ਟਰੱਕ ਯੂਨੀਅਨ ਮੈਂਬਰਾਂ ਨੇ ਪਿੰਡ ਪੱਧਰ ਤੱਕ ਸੰਘਰਸ਼ ਕੀਤਾ, ਅਤੇ ਮੌਜੂਦਾ ਸਰਕਾਰ ਦੇ ਵਾਅਦਿਆਂ ਤੇ ਭਰੋਸਾ ਕਰਕੇ ਵੱਡੇ ਸਮਰਥਨ ਨਾਲ ਵੋਟਾਂ ਵਿੱਚ ਜਤਾਇਆਉਹਨਾਂ ਕਿਹਾ ਕਿ ਬਦਲਾਅ ਦੇ ਨਾਅਰੇ ਨਾਲ ਸੱਤਾ ਵਿੱਚ ਆਈ ਮੌਜੂਦਾ ਸਰਕਾਰ ਵੀ ਚਾਰ ਸਾਲਾਂ ਦੌਰਾਨ ਟਰਾਂਸਪੋਰਟਰਾਂ ਦੇ ਹੱਕਾਂ ਦੀ ਰਾਖੀ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ। ਪੀਏਸੀਐਲ ਤੋਂ ਜੋ ਰੋਜ਼ਗਾਰ ਟਰਾਂਸਪੋਰਟਰਾਂ ਨੂੰ ਮਿਲਣਾ ਚਾਹੀਦਾ ਸੀ, ਉਹ ਅਜੇ ਤੱਕ ਨਹੀ ਮਿਲਿਆ, ਜਿਸ ਕਾਰਨ ਟਰਾਂਸਪੋਰਟਰਾਂ ਵਿੱਚ ਭਾਰੀ ਰੋਸ ਹੈ। ਐਡਵੋਕੇਟ ਮਿੱਤਲ ਨੇ ਦੋਸ਼ ਲਗਾਇਆ ਕਿ ਮੌਜੂਦਾ ਸਰਕਾਰ ਦੀ ਸ਼ਹਿ 'ਤੇ ਪਿਛਲੇ ਦਿਨਾਂ ਦੌਰਾਨ ਟਰੱਕ ਯੂਨੀਅਨ ਦੇ ਪ੍ਰਧਾਨ ਖ਼ਿਲਾਫ਼ ਮੈਂਬਰਾਂ ਵੱਲੋਂ ਕੀਤੀ ਗਈ ਕਾਰਵਾਈ ਨੂੰ ਵੀ ਦਬਾਇਆ ਗਿਆ। ਮੈਂਬਰਾਂ ਵੱਲੋਂ ਪ੍ਰਧਾਨ ਨੂੰ ਹਟਾਉਣ ਤੋਂ ਬਾਅਦ ਮੰਤਰੀ ਦੀ ਸ਼ਹਿ 'ਤੇ ਉਸੇ ਪ੍ਰਧਾਨ ਨੂੰ ਦੁਬਾਰਾ ਕੁਰਸੀ 'ਤੇ ਬਿਠਾਇਆ ਗਿਆ।

ਉਹਨਾਂ ਕਿਹਾ ਕਿ 8 ਤੋਂ 10 ਮਹੀਨੇ ਤੱਕ ਜਾਂਚ ਰਿਪੋਰਟਾਂ ਨੂੰ ਦੱਬ ਕੇ ਰੱਖਣਾ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਹੈ, ਪਰ ਲੋਕ ਹੁਣ ਸਭ ਕੁਝ ਸਮਝ ਚੁੱਕੇ ਹਨ। ਐਡਵੋਕੇਟ ਮਿੱਤਲ ਨੇ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਨੂੰ ਬਾਹਰ ਦਾ ਰਸਤਾ ਵਿਖਾਉਣ ਦਾ ਮਨ ਬਣਾ ਚੁੱਕੇ ਹਨ। ਭਾਜਪਾ ਦੀ ਸਰਕਾਰ ਬਣਨ ਉਪਰੰਤ ਨੰਗਲ ਟਰੱਕ ਯੂਨੀਅਨ ਘਪਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇਗੀ ਤੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾ ਦਿਵਾਈ ਜਾਵੇਗੀ।

**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉੱਤਰ ਰੇਲਵੇ, ਅੰਬਾਲਾ ਛਾਉਣੀ ਦੁਆਰਾ ਈ-ਨੀਲਾਮੀ ਕੀਤੀ ਜਾਵੇਗੀ (ਟੇਬਲ ਅਨੁਸਾਰ)। ਜਿਸ ਦਾ ਵੇਰਵਾ ਵੈਬਸਾਈਟ IREPS ਉਤੇ ਮੌਜੂਦ ਹੈ। ਈ-ਨੀਲਾਮੀ ਲੀਜ਼ਿੰਗ ਦੀ ਬਿਆਨਾ ਰਾਸ਼ੀ, ਬੋਲੀ ਦੀ 5% ਹੋਵੇਗੀ ਅਤੇ ਬੋਲੀ, ਘਟ ਤੋਂ ਘਟ ਬੋਲੀ ਮੁੱਲ ਤੋਂ 0.2% ਵਧਾ ਕੇ ਲਗਾਉਣੀ ਹੋਵੇਗੀ।

**ਨੀਲਾਮੀ ਕੈਟਲਾਗ ਨੰ.: UMB-Mix-06-26, ਰੇਟ ਯੂਨਿਟ: ਸਲਾਨਾ ਲਾਈਸੈਂਸ ਫੀਸ**

**ਸ਼ੁਰੂ ਹੋਣ ਦੀ ਮਿਤੀ ਤੇ ਸਮਾਂ : 13.06.2026 ਨੂੰ 12:00 ਵਜੇ**

| ਲ. ਨੰ. | ਲਾਟ ਨੰ. ਅਤੇ ਵੇਰਵਾ | ਨੀਲਾਮੀ ਸਮਾਪਤ ਹੋਣ ਦੀ ਮਿਤੀ ਤੇ ਸਮਾਂ |
|---|---|---|
| 1 | Catg-UMB-MET-GMU-177-26-1 (ਖਾਨ ਪਾਨ- ਜਨਰਲ ਮਾਈਨਰ ਯੂਨਿਟ) (ਜੀਐਮਯੂ) (ਆਕਾਰ 10' X 6') ਸਟਾਲ ਨੰਬਰ-2 ਸਾਧਾਰਨ ਸ਼੍ਰੇਣੀ ਦੇ ਲਈ ਪਲੇਟਫਾਰਮ ਨੰਬਰ-1, ਮਲੇਰਕੋਟਲਾ (MET) ਰੇਲਵੇ ਸਟੇਸ਼ਨ ਉਤੇ। | 13.02.2026 ਨੂੰ 12:30 ਵਜੇ |
| 2 | Catg-UMB-BXC-GMU-176-26-1 (ਖਾਨ ਪਾਨ- ਜਨਰਲ ਮਾਈਨਰ ਯੂਨਿਟ) (ਜੀਐਮਯੂ) (ਆਕਾਰ 10' X 6') ਸਾਧਾਰਨ ਸ਼੍ਰੇਣੀ ਦੇ ਲਈ ਪਲੇਟਫਾਰਮ ਨੰਬਰ-1, ਬਰਵਾਲਾ (BXC) ਰੇਲਵੇ ਸਟੇਸ਼ਨ ਉਤੇ। | 13.02.2026 ਨੂੰ 12:40 ਵਜੇ |
| 3 | Catg-UMB-BTI-SMU-175-25-1 (ਖਾਨ ਪਾਨ- ਸਪੈਸ਼ਲ ਮਾਈਨਰ ਯੂਨਿਟ (ਐਸਐਮਯੂ) (ਆਕਾਰ 2.51 x 3:42 ਵਰਗ ਮੀਟਰ) ਸਟਾਲ ਨੰਬਰ-01, ਅਨੁਸੂਚਿਤ ਜਾਤੀ (ਐਸਸੀ) ਸ਼੍ਰੇਣੀ ਦੇ ਲਈ ਸਰਕੂਲੇਟਿੰਗ ਖੇਤਰ ਦੇ ਬਠਿੰਡਾ (BTI)ਰੇਲਵੇ ਸਟੇਸ਼ਨ ਉਤੇ। | 13.02.2026 ਨੂੰ 12:50 ਵਜੇ |

ਨੋਟ: ਈ-ਨੀਲਾਮੀ ਦੀ ਵਧੇਰੇ ਜਾਣਕਾਰੀ ਲਈ ਸਾਰੇ ਭਾਵੀ ਨਿਵਿਦਾਕਰਤਾ ਰੇਲਵੇ ਵੈਬਸਾਈਟ www.ireps.gov.in ਨੂੰ ਦੇਖੋ। 367/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਮਾਝਾ-ਦੁਆਬਾ
ਆਸ ਪਾਸ

## ਗੋਬਿੰਦ ਸਿੰਘ ਸੰਧੂ ਦੇ ਵਿਆਹ ’ਤੇ ਹੋਈ ਬੱਜਰ ਗ਼ਲਤੀ, ਸਿੰਘ ਸਾਹਿਬ ਕਸੂਰਵਾਰਾਂ ਨੂੰ ਤਲਬ ਕਰਨ : ਸਖੀਰਾ



ਅੰਮ੍ਰਿਤਸਰ, 3 ਫਰਵਰੀ (ਬਬਲੂ ਮਹਾਜਨ): ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਤੇ ਸਾਬਕਾ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਦੇ ਦੋਹਤਰੇ ਗੋਬਿੰਦ ਸਿੰਘ ਸੰਧੂ ਦੀ ਬਰਾਤ ਮੌਕੇ ਝੁਲਾਏ ਗਏ ਛਤਰ, ਕੀਤੇ ਚੌਰ ਸਾਹਿਬ ਦੀ ਨਾਭੁੱਲਣਯੋਗ ਗਲਤੀ ਨੇ ਸਮੁੱਚੇ ਪੰਥ ਤੇ ਕੌਮ ਦੇ ਹਿਰਦਿਆਂ ਨੂੰ ਵਲੂੰਦਰ ਕੇ ਰੱਖ ਦਿੱਤਾ ਹੈ, ਜਿਸ ਨੂੰ ਲੈ ਕੇ ਵੱਖ-ਵੱਖ ਕੌਮੀ ਤੇ ਪੰਥਕ ਆਗੂਆਂ ਦੇ ਵੱਲੋਂ ਬਿਆਨਬਾਜ਼ੀ ਕਰਕੇ ਇਸ ਸਮੁੱਚੇ ਸਿਲਸਿਲੇ ਦੀ ਕਰੜੀ ਨਿੰਦਿਆ ਕੀਤੀ ਜਾ ਰਹੀ ਹੈ। ਇਸੇ ਸਿਲਸਲੇ ਤਹਿਤ ਸੰਨ 2015 ਦੇ ਸਰਬੱਤ ਖਾਲਸਾ ਸੰਮੇਲਨ ਦੇ ਮੁੱਖ ਪ੍ਰਬੰਧਕ ਭਾਈ ਜਰਨੈਲ ਸਿੰਘ ਸਖੀਰਾ ਨੇ ਇਸਨੂੰ ਇੱਕ ਬੱਜਰ ਗਲਤੀ ਗਰਦਾਨਦਿਆਂ ਇਸਦੀ ਤੁਲਨਾ ਕਿਸੇ ਸਮੇਂ ਡੇਰਾ ਸੱਚਾ ਸੌਦਾ ਸਿਰਸਾ ਦੇ ਮੁੱਖੀ ਰਾਮ ਰਹੀਮ ਦੇ ਵੱਲੋਂ ਕੀਤੀ ਗਈ ਗਲਤੀ ਅਤੇ ਘੋਰ ਅਪਰਾਧ ਤੋਂ ਵੱਧ ਦੱਸਿਆ ਹੈ। ਭਾਈ ਜਰਨੈਲ ਸਿੰਘ ਸਖੀਰਾ ਨੇ ਇਸ ਗਲਤੀ ਦੇ ਲਈ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਕਾਰਜਕਾਰੀ ਜੱਥੇਦਾਰ ਸਿੰਘ ਸਾਹਿਬ ਭਾਈ ਧਿਆਨ ਸਿੰਘ ਮੰਡ ਨੂੰ ਕਸੂਰਵਾਰਾਂ ਨੂੰ ਧਾਰਮਿਕ ਸਜਾ ਲਗਾਉਣ ਦੀ ਮੰਗ ਕੀਤੀ ਹੈ। ਭਾਈ ਸਖੀਰਾ ਨੇ ਕਿਹਾ ਕਿ ਕੌਮ ਤੇ ਪੰਥਕ ਵਿਰਾਸਤੀ ਰਹੁ-ਰੀਤਾਂ, ਰਵਾਇਤਾਂ ਤੇ ਪਰੰਪਰਾਵਾਂ ਦੀ ਦੁਹਾਈ ਪਾਉਣ ਵਾਲੇ ਪਰਿਵਾਰ ਦੇ ਵੱਲੋਂ ਅਜਿਹੀ ਨਾਬਖਸ਼ਣਯੋਗ ਗਲਤੀ ਕਰਨਾ ਜਿਸਦੀ ਕੌਮ ਤੇ ਪੰਥ ਦੇ ਕੋਲ ਮੁਆਫੀ ਦਿੱਤੇ ਜਾਣ ਦੀ ਤਾਕਤ ਲਿਆਕਤ ਹੀ ਨਹੀਂ। ਉਨ੍ਹਾਂ ਕਿਹਾ ਕਿ ਅਜਿਹੇ ਪੇਚੀਦਾ ਮਾਮਲਿਆਂ ਦੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਦਖਲ ਅੰਦਾਜੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਸ ਗਲਤੀ ਦੀ ਸਧਾਰਨ ਰੂਪ ਵਿੱਚ ਮੁਆਫੀ ਮੰਗੇ ਜਾਣ ਲਈ ਕੌਮ ਤੇ ਪੰਥ ਦੀ ਕਚਿਹਰੀ ਵਿੱਚ ਕੋਈ ਥਾਂ ਨਹੀਂ ਹੈ। ਭਾਈ ਸਖੀਰਾ ਨੇ ਕਿਹਾ ਕਿ ਗੋਬਿੰਦ ਸਿੰਘ ਸੰਧੂ ਦਾ ਇਹ ਵਿਆਹ ਕੌਮ ਤੇ ਪੰਥਕ ਹਲਕਿਆਂ ਦੇ ਵਿੱਚ ਚਰਚਾ ਦਾ ਵਿਸ਼ਾ ਬਣ ਚੁੱਕਾ ਹੈ ਤੇ ਇੱਕ ਵੱਕਾਰੀ ਪਰਿਵਾਰ ਦੇ ਕੋਲੋਂ ਇਹ ਬੱਜਰ ਗਲਤੀ ਦੀ ਮੁਆਫੀ ਦਾ ਹੱਕ ਸਿਰਫ ਤੇ ਸਿਰਫ ਸ੍ਰੀ ਅਕਾਲ ਤਖਤ ਸਾਹਿਬ ਦੇ ਕੋਲ ਹੈ। ਪਰ ਇਸ ਤੋਂ ਪਹਿਲਾਂ ਜੱਥੇਦਾਰ ਸਿੰਘ ਸਾਬ ਭਾਈ ਧਿਆਨ ਸਿੰਘ ਮੰਡ ਦੇ ਵੱਲੋਂ ਸਜਾ ਲਗਾਉਣਾ ਲਾਜ਼ਮੀ ਅਤੇ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿਦੇਸ਼ ਦੇ ਪੰਥਕ ਦਰਦੀਆਂ ਤੇ ਪੰਥਕ ਹਿਤੈਸ਼ੀਆਂ ਦੇ ਵੱਲੋਂ ਮਾਨ ਪਰਿਵਾਰ ਨੂੰ ਕਟਿਹਰੇ ਨੂੰ ਵਿੱਚ ਖੜਾ ਕਰ ਲਿਆ ਗਿਆ ਹੈ। ਜਿਸਦੇ ਉਹ ਜਵਾਬ ਦੇਹ ਹਨ। ਭਾਈ ਜਰਨੈਲ ਸਿੰਘ ਸਖੀਰਾ ਨੇ ਕਿਹਾ ਕਿ ਅਗਰ ਇਸ ਗੰਭੀਰ ਧਾਰਮਿਕ ਮਾਮਲੇ ਨੂੰ ਲੈ ਕੇ ਇੱਕ ਵੱਕਾਰੀ ਤੇ ਸਰਕਦਾ ਪਰਿਵਾਰ ਦੇ ਖਿਲਾਫ ਅਗਰ ਕੋਈ ਕਾਰਵਾਈ ਨਹੀਂ ਹੁੰਦੀ ਤਾਂ ਫਿਰ ਅਜਿਹੀਆਂ ਘਟਨਾਵਾਂ ਗੈਰ ਸਿੱਖ ਵਰਗਾਂ ਤੇ ਧਰਮਾਂ ਦੇ ਮਜਾਕ ਬਣ ਕੇ ਰਹਿ ਜਾਣਗੀਆਂ। ਉਨ੍ਹਾਂ ਕਿਹਾ ਕਿ ਸੱਚਾਈ ਤੋਂ ਮੂੰਹ ਨਹੀਂ ਮੋੜਿਆ ਜਾ ਸੱਕਦਾ। ਇਸ ਲਈ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਕਾਰਜਕਾਰੀ ਜੱਥੇਦਾਰ ਸਿੰਘ ਸਾਹਿਬ ਭਾਈ ਧਿਆਨ ਸਿੰਘ ਮੰਡ ਨੂੰ ਵੀ ਆਪਣਾ ਸਟੈਂਡ ਤੇ ਪੱਖ ਸ਼ਪੱਸ਼ਟ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਮੁੱਚੀ ਕੌਮ ਤੇ ਪੰਥ ਦੀਆਂ ਨਜ਼ਰਾਂ ਇਸ ਮਾਮਲੇ ਤੇ ਟਿੱਕੀਆਂ ਹੋਈਆ ਹਨ।

ਪੰਜਾਬ ਸਰਕਾਰ ਦਾ ਗ਼ਰੀਬ ਤੇ ਹਾਸ਼ੀਏ ’ਤੇ ਖੜ੍ਹੇ ਵਰਗਾਂ ਲਈ ਵੱਡਾ ਕਦਮ

## ਅਸ਼ੀਰਵਾਦ ਸਕੀਮ ਹੁਣ ਸੇਵਾ ਕੇਂਦਰਾਂ ਰਾਹੀਂ ਲਾਗੂ ਹੋਈ : ਧਾਲੀਵਾਲ



ਅਜਨਾਲਾ, 3 ਫਰਵਰੀ (ਸੁਖਦੇਵ ਸਿੰਘ ਖਾਲਸਾ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਗਰੀਬ, ਪੱਛੜੇ ਅਤੇ ਹਾਸ਼ੀਏ ’ਤੇ ਖੜ੍ਹੇ ਵਰਗਾਂ ਦੀ ਭਲਾਈ ਲਈ ਲਗਾਤਾਰ ਲੋਕ-ਹਿਤੈਸ਼ੀ ਫੈਸਲੇ ਲਏ ਜਾ ਰਹੇ ਹਨ। ਇਸੇ ਦਿਸ਼ਾ ਵਿੱਚ ਅਸ਼ੀਰਵਾਦ ਸਕੀਮ ਨੂੰ ਹੋਰ ਪਾਰਦਰਸ਼ੀ, ਸੁਚਾਰੂ ਅਤੇ ਲੋਕ-ਮਿਤਰ ਬਣਾਉਣ ਲਈ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੈ ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਆਨਲਾਈਨ ਪੋਰਟਲ ਨੂੰ ਸੇਵਾ ਕੇਂਦਰਾਂ ਨਾਲ ਸਾਂਝੇ ਤੌਰ ’ਤੇ ਜੋੜ ਕੇ ਅਧਿਕਾਰਕ ਤੌਰ ’ਤੇ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਅਸ਼ੀਰਵਾਦ ਸਕੀਮ ਅਧੀਨ ਲਾਭ ਪ੍ਰਾਪਤ ਕਰਨ ਲਈ ਅਰਜ਼ੀਆਂ ਸਿਰਫ਼ ਸੇਵਾ ਕੇਂਦਰਾਂ ਰਾਹੀਂ ਹੀ ਦਾਖ਼ਲ ਕੀਤੀਆਂ ਜਾ ਸਕਣਗੀਆਂ, ਜਿਸ ਨਾਲ ਸਕੀਮ ਦੀ ਕਾਰਗੁਜ਼ਾਰੀ ਹੋਰ ਪ੍ਰਭਾਵਸ਼ਾਲੀ ਅਤੇ ਜਵਾਬਦੇਹ ਬਣੇਗੀ। ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਹੈ ਕਿ ਸਰਕਾਰੀ ਭਲਾਈ ਸਕੀਮਾਂ ਦਾ ਹਰ ਇੱਕ ਰੁਪਇਆ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਹੱਕਦਾਰ ਲਾਭਪਾਤਰੀ ਤੱਕ ਪਹੁੰਚੇ। ਉਨ੍ਹਾਂ ਕਿਹਾ ਕਿ ਸੇਵਾ ਕੇਂਦਰਾਂ ਰਾਹੀਂ ਅਰਜ਼ੀਆਂ ਲੈਣ ਨਾਲ ਭ੍ਰਿਸ਼ਟਾਚਾਰ, ਦਲਾਲੀ ਅਤੇ ਗਲਤ ਵਰਤੋਂ ’ਤੇ ਨੱਥ ਪਵੇਗੀ ਅਤੇ ਲੋਕਾਂ ਦਾ ਸਰਕਾਰੀ ਪ੍ਰਣਾਲੀ ’ਤੇ ਭਰੋਸਾ ਹੋਰ ਮਜ਼ਬੂਤ ਹੋਵੇਗਾ। ਇਹ ਪਹਿਲ ਧੀਆਂ ਦੀ ਇੱਜ਼ਤ, ਸਮਾਜਿਕ ਸੁਰੱਖਿਆ ਅਤੇ ਪਾਰਦਰਸ਼ੀ ਪ੍ਰਸ਼ਾਸਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਅਸ਼ੀਰਵਾਦ ਸਕੀਮ ਪੰਜਾਬ ਸਰਕਾਰ ਦੀ ਇੱਕ ਪ੍ਰਮੁੱਖ ਭਲਾਈ ਯੋਜਨਾ ਹੈ। ਇਸ ਸਕੀਮ ਅਧੀਨ ਅਨੁਸੂਚਿਤ ਜਾਤੀਆਂ, ਈਸਾਈ ਭਾਈਚਾਰੇ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਅਤੇ ਹਰ ਜਾਤੀ ਦੀ ਵਿਧਵਾਵਾਂ ਦੀਆਂ ਧੀਆਂ ਅਤੇ ਅਨੁਸੂਚਿਤ ਜਾਤੀ ਦੀਆਂ ਵਿਧਵਾਵਾਂ ਅਤੇ ਤਲਾਕਸ਼ੁਦਾ ਔਰਤਾਂ ਦੇ ਵਿਆਹ ਸਮੇਂ 51,000 ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪਹਿਲਾਂ ਲਾਭਪਾਤਰੀਆਂ ਨੂੰ ਦਸਤਾਵੇਜ਼ਾਂ ਸਮੇਤ ਅਰਜ਼ੀਆਂ ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ ਦੇ ਤਹਿਸੀਲ ਦਫ਼ਤਰਾਂ ਵਿੱਚ ਜਮ੍ਹਾਂ ਕਰਵਾਉਣੀਆਂ ਪੈਂਦੀਆਂ ਸਨ, ਜਿਸ ਕਾਰਨ ਕਾਰਵਾਈ ਵਿੱਚ ਦੇਰੀ ਅਤੇ ਤਕਨੀਕੀ ਖਾਮੀਆਂ ਆਉਂਦੀਆਂ ਸਨ। ਉਨ੍ਹਾਂ ਅੱਗੇ ਕਿਹਾ ਕਿ ਬਾਅਦ ਵਿੱਚ ਸਕੀਮ ਨੂੰ ਆਨਲਾਈਨ ਕਰਨ ਦੇ ਬਾਵਜੂਦ ਨਿੱਜੀ ਸਾਇਬਰ ਕੈਫ਼ਿਆਂ ਵੱਲੋਂ ਵੱਧ ਫੀਸ ਲੈਣ ਸੰਬੰਧੀ ਸ਼ਿਕਾਇਤਾਂ ਮਿਲਦੀਆਂ ਰਹੀਆਂ। ਸ. ਧਾਲੀਵਾਲ ਨੇ ਕਿਹਾ ਕਿ ਇਨ੍ਹਾਂ ਸਭ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਰਕਾਰ ਨੇ ਹੁਣ ਅਸ਼ੀਰਵਾਦ ਪੋਰਟਲ ਨੂੰ ਸੇਵਾ ਕੇਂਦਰਾਂ ਨਾਲ ਜੋੜ ਦਿੱਤਾ ਹੈ। ਇਸ ਨਾਲ ਲਾਭਪਾਤਰੀ ਆਪਣੇ ਨੇੜਲੇ ਸੇਵਾ ਕੇਂਦਰ ਤੋਂ ਘੱਟ ਖ਼ਰਚ ’ਤੇ ਆਸਾਨ ਅਤੇ ਪੂਰੀ ਤਰ੍ਹਾਂ ਪਾਰਦਰਸ਼ੀ ਢੰਗ ਨਾਲ ਸਕੀਮ ਦਾ ਲਾਭ ਲੈ ਸਕਣਗੇ।

## ਚੀਫ ਖ਼ਾਲਸਾ ਦੀਵਾਨ ਵੱਲੋਂ ਪੰਜਵੀਂ ਜਮਾਤ ਲਈ ਬੋਰਡ ਤਰਜ਼ ਦੀਆਂ ਪ੍ਰੀਖਿਆਵਾਂ ਸ਼ੁਰੂ

ਅੰਮ੍ਰਿਤਸਰ, 3 ਫਰਵਰੀ (ਬਬਲੂ ਮਹਾਜਨ ) :ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਦੀ ਅਗਵਾਈ ਹੇਠ ਸਕੂਲਾਂ ਦੇ ਵਿਕਾਸ—ਵਿਸਥਾਰ ਅਤੇ ਪ੍ਰਬੰਧਕੀ ਸੁਧਾਰ ਦੇ ਮਨੋਰਥ ਨਾਲ ਸੀ.ਕੇ.ਡੀ ਮੈਨੇਜਮੈਂਟ ਵੱਲੋਂ ਪ੍ਰਿੰਸੀਪਲ ਸਾਹਿਬਾਨ ਨਾਲ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਚੀਫ਼ ਖ਼ਾਲਸਾ ਦੀਵਾਨ ਵੱਲੋਂ ਵਿਦਿਆਰਥੀਆਂ ਨੂੰ ਛੋਟੀ ਉਮਰ ਤੋ ਹੀ ਬੋਰਡ ਇਮਤਿਹਾਨਾਂ ਦੀ ਤਿਆਰੀ ਵੱਲ ਮੋੜਨ ਦੇ ਮਨੋਰਥ ਨਾਲ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਅੱਠਵੀਂ ਜਮਾਤ ਦੀਆਂ ਸੀ.ਕੇ.ਡੀ ਬੋਰਡ ਪ੍ਰੀਖਿਆਵਾਂ ਦੀ ਸਫਲਤਾ ਤੋ ਬਾਅਦ ਹੁਣ ਦੀਵਾਨ ਵੱਲੋਂ ਜਮਾਤ ਪੰਜਵੀਂ ਲਈ ਵੀ ਸੀ.ਕੇ.ਡੀ ਬੋਰਡ ਤਰਜ਼ ਦੀਆਂ ਪ੍ਰੀਖਿਆਵਾਂ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਪੰਜਵੀਂ ਜਮਾਤ ਤੋ ਹੀ ਇਸ ਤਰ੍ਹਾਂ ਦੀ ਪ੍ਰੀਖਿਆ ਪ੍ਰਣਾਲੀ ਨਾਲ ਬੱਚਿਆਂ ਵਿਚ ਆਤਮ—ਵਿਸ਼ਵਾਸ ਅਤੇ ਪ੍ਰੀਖਿਆਈ ਦਬਾਅ ਨੂੰ ਸਮਝਣ ਦੀ ਸਮਰੱਥਾ ਵਿਕਸਤ ਹੋਵੇਗੀ ਜੋ ਅੱਗੇ ਚੱਲ ਕੇ ਦਸਵੀਂ ਅਤੇ ਬਾਰ੍ਹਵੀਂ ਬੋਰਡ ਪ੍ਰੀਖਿਆਵਾਂ ਵਿਚ ਉਹਨਾਂ ਦੀ ਮਜ਼ਬੂਤ ਨੀਂਹ ਬਣੇਗੀ। ਇਸ ਮੌਕੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਸ਼ਹਿਰਾਂ ਅਤੇ ਪੇਂਡੂ ਸੀ.ਕੇ.ਡੀ ਸਕੂਲਾਂ ਦੇ ਬੱਚਿਆਂ ਨੂੰ ਹਰ ਪੱਖੋਂ ਵੱਧ ਤੋ ਵੱਧ ਵਿਕਸਿਤ ਮਾਹੌਲ ਦੇਣ ਅਤੇ ਉੱਚ ਤਕਨੀਕੀ ਸੁਵਿਧਾਵਾਂ ਪ੍ਰਦਾਨ ਕਰਨ, ਪ੍ਰੀ—ਪ੍ਰਾਇਮਰੀ ਵਿੰਗ ਦੇ ਸੁੰਦਰੀਕਰਨ ਅਤੇ ਅਪਗ੍ਰੇਡ ਕਰਨ ਦੀ ਲੋੜ ’ਤੇ ਜ਼ੋਰ ਦਿੱਤਾ।ਇਸ ਮੌਕੇ ਮੀਤ ਪ੍ਰਧਾਨ ਸ੍ਰ.ਸੰਤੋਖ ਸਿੰਘ ਸੇਠੀ ਵੱਲੋਂ ਪ੍ਰਿੰਸੀਪਲ ਸਾਹਿਬਾਨ ਨੂੰ ਸਕੂਲ ਵਿਚ ਸਾਫ ਪਾਣੀ, ਸਾਫ ਬਾਥਰੂਮ, ਅਨੁਸ਼ਾਸਨ ਦਾ ਖਾਸ ਧਿਆਨ ਰੱਖਦਿਆਂ ਸਕੂਲਾਂ ਦੇ ਪ੍ਰਬੰਧਨ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਕੂਲ ਕਮੇਟੀਆਂ ਬਣਾਉਣ ਲਈ ਕਿਹਾ ਗਿਆ।ਇਸ ਮੌਕੇ ਪ੍ਰਿੰਸੀਪਲਜ਼ ਸਾਹਿਬਾਨ ਨੇ ਸਕੂਲ ਪ੍ਰਬੰਧਨ ਪ੍ਰਤੀ ਆਪਣੇ ਸੁਝਾਅ ਅਤੇ ਤਜ਼ਰਬੇ ਸਾਂਝੇ ਕੀਤੇ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਲਾਈਟ ਐਂਡ ਸਾਊਂਡ ਜੀਵੇ ਪੰਜਾਬ ਅਤੇ ਸਾਲਾਨਾ ਦਿਵਸ ਦੀਆਂ ਰੌਣਕਾਂ



ਅੰਮ੍ਰਿਤਸਰ, 3 ਫਰਵਰੀ ( ਗੁਰਦਿਆਲ ਸਿੰਘ) : ਚੀਫ ਖਾਲਸਾ ਦੀਵਾਨ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਨੇ ਸਕੂਲ ਦੇ ਵਿਹੜੇ ਵਿੱਚ ਲਾਇਟ ਐਂਡ ਸਾਊਂਡ ਜੀਵੇ ਪੰਜਾਬ ਅਤੇ ਸਾਲਾਨਾ ਦਿਵਸ ਸਮਾਰੋਹ 2026 ਬਹੁਤ ਉਤਸ਼ਾਹ, ਸ਼ਰਧਾ ਅਤੇ ਸੱਭਿਆਚਾਰਕ ਰੰਗਾਂ ਨਾਲ ਮਨਾਇਆ। ਇਹ ਸਲਾਨਾ ਸਮਾਗਮ ਸੰਸਥਾ ਦੀ ਅਕਾਦਮਿਕ ਉੱਤਮਤਾ, ਸੱਭਿਆਚਾਰਕ ਕਦਰਾਂ-ਕੀਮਤਾਂ ਅਤੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਸੁੰਦਰਤਾ ਨਾਲ ਦਰਸਾਉਣ ਹਿੱਤ ਕਰਵਾਇਆ ਗਿਆ। ਇਸ ਮੌਕੇ ਤੇ ਮੈਂਬਰ ਲੈਜਿਸਲੇਟਿਵ ਅਸੈਂਬਲੀ ਅਤੇ ਪ੍ਰੈਜੀਡੈਂਟ ਚੀਫ ਖਾਲਸਾ ਦੀਵਾਨ ਅੰਮ੍ਰਿਤਸਰ ,ਡਾ : ਇੰਦਰਬੀਰ ਸਿੰਘ ਜੀ ਨਿਜਰ ਉਚੇਚੇ ਤੌਰ ਤੇ ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਾਮਿਲ ਹੋਏ। ਜਿਨਾਂ ਨੂੰ ਸਕੂਲ ਦੇ ਵਿਹੜੇ ਵਿੱਚ ਵਿੱਚ ਫੁੱਲਾਂ ਦੇ ਗੁਲਦਸਤੇ ਦੇ ਕੇ ਸਨਮਾਨਿਤ ਕੀਤਾ ਗਿਆ। ਇਹਨਾਂ ਤੋਂ ਇਲਾਵਾ ਚੀਫ ਖਾਲਸਾ ਦੀਵਾਨ ਦੇ ਮੀਤ ਪ੍ਰਧਾਨ ਸ੍ਰ. ਸੰਤੋਖ ਸਿੰਘ ਜੀ ਸੇਠੀ ਸਰਦਾਰ ਰਮਨੀਕ ਸਿੰਘ ਆਨਰੇਰੀ ਸਕੱਤਰ , ਆਦਰਸ਼ਪਿੰਦਰ ਸਿੰਘ ਮਾਨ, ਸਰਦਾਰ ਰਣਦੀਪ ਸਿੰਘ ,ਸਰਦਾਰ ਕਵਲਜੀਤ ਸਿੰਘ ,ਸਰਦਾਰ ਸਰਜੋਤ ਸਿੰਘ ਸਾਹਣੀ ਸਮੇਤ ਸੀਕੇਡੀ ਅੰਮ੍ਰਿਤਸਰ ਕਮੇਟੀ ਦੇ ਹੋਰ ਬਹੁਤ ਸਾਰੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ , ਇਸ ਤੋਂ ਇਲਾਵਾ ਲੋਕਲ ਕਮੇਟੀ ਮੈਂਬਰ ਰਵਿੰਦਰ ਸਿੰਘ ਔਨਰੇਰੀ ਸਕੱਤਰ ਲੋਕਲ ਕਮੇਟੀ ਗੁਰਬੀਰ ਸਿੰਘ ਢਿੱਲੋ ਬਲਦੇਵ ਸਿੰਘ ,ਕੁਲਦੀਪ ਸਿੰਘ ਕੋਹਾੜਕਾ , ਮਨਜੀਤ ਸਿੰਘ ਢਿੱਲੋਂ, ਗੁਰਚਰਨਪ੍ਰੀਤ ਸਿੰਘ ,ਅਮਰਿੰਦਰ ਸਿੰਘ, ਜਗਜੀਤ ਸਿੰਘ ,ਸਤਵਿੰਦਰ ਸਿੰਘ ਹਰਿੰਦਰ ਪਾਲ ਸਿੰਘ ਚਾਵਲਾ ,ਗੁਰਦਰਸ਼ਨ ਸਿੰਘ ,ਪ੍ਰਭਜੋਤ ਸਿੰਘ, ਰੇਸ਼ਮ ਸਿੰਘ ਆਦਿ ਨੇ ਸਮਾਗਮ ਦੀ ਸ਼ੋਭਾ ਵਧਾਈ। ਇਸ ਵਿਸ਼ੇਸ਼ ਮੌਕੇ ਉੱਤੇ ਅਦਾਕਾਰ ਸਰਦਾਰ ਮਹਾਵੀਰ ਸਿੰਘ ਭੁੱਲਰ ਅਤੇ ਮੰਚ ਰੰਗ ਮੰਚ ਇੰਡੀਆ ਦੇ ਪ੍ਰਧਾਨ ਸ਼੍ਰੀ ਕੇਵਲ ਧਾਲੀਵਾਲ ਜੀ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ ਅਤੇ ਉਹਨਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ । ਸਮਾਗਮ ਦੀ ਸ਼ੁਰੂਆਤ ਸਕੂਲ ਸ਼ਬਦ ਨਾਲ ਕੀਤੀ ਗਈ ਜਿਸ ਨਾਲ ਇੱਕ ਅਧਿਆਤਮਿਕ ਮਾਹੌਲ ਪੈਦਾ ਹੋਇਆ ਅਤੇ ਸਮਾਗਮ ਦੀ ਸਫਲਤਾ ਲਈ ਆਸ਼ੀਰਵਾਦ ਮੰਗਿਆ ਗਿਆ।ਇਸ ਤੋਂ ਬਾਅਦ ਪ੍ਰਧਾਨ ਲੋਕਲ ਕਮੇਟੀ ਅਤੇ ਮੈਂਬਰ ਇਨਚਾਰਜ ਸਕੂਲ ,ਸਰਦਾਰ ਹਰਜੀਤ ਸਿੰਘ ਜੀ ਨੇ ਆਏ ਹੋਏ ਸਾਰੇ ਹੀ ਸਤਿਕਾਰਯੋਗ ਮਹਿਮਾਨਾਂ, ਵੱਖ ਵੱਖ ਸਕੂਲਾਂ ਦੇ ਪ੍ਰਿੰਸੀਪਲਾਂ , ਮਾਪਿਆਂ, ਸਾਬਕਾ ਵਿਦਿਆਰਥੀਆਂ, ਸਟਾਫ ਮੈਂਬਰਾਂ ਅਤੇ ਸਾਬਕਾ ਵਿਦਿਆਰਥੀਆਂ ਦਾ ਤਹਿ ਦਿਲ ਤੋਂ ਸਵਾਗਤ ਕੀਤਾ ਅਤੇ ਕਿਹਾ ਕਿ ਅੱਜ ਦਾ ਇਹ ਸਾਰਾ ਪ੍ਰੋਗਰਾਮ ਜਿੱਥੇ ਕਿ ਪੰਜਾਬ ਦੇ ਯੋਧਿਆਂ ਦੀ ਬਹਾਦਰੀ ਦਲੇਰੀ ਅਤੇ ਅਮੀਰ ਵਿਰਸੇ ਨੂੰ ਦਰਸਾਏਗਾ ਉਥੇ ਨਾਲ ਦੀ ਨਾਲ ਮਾਪਿਆਂ ਅਤੇ ਖਾਸ ਤੌਰ ਤੇ ਲੀਹਾਂ ਤੋਂ ਭਟਕੀ ਹੋਈ ਨੌਜਵਾਨ ਪੀੜੀ ਤੇ ਇੱਕ ਅਮਿਟ ਛਾਪ ਛੱਡ ਕੇ ਜਾਏਗਾ।ਸਮਾਗਮ ਦੀ ਸ਼ੁਰੂਆਤ ਵਿੱਚ ਸ਼ਾਨਦਾਰ ਕਲਾਸੀਕਲ ਸਵਾਗਤ ਡਾਂਸ ਨੇ ਦਰਸ਼ਕਾਂ ਦਾ ਦਿਲ ਜਿੱਤਿਆ।ਕਿੰਡਰਗਾਰਟਨ ਦੇ ਨੰਨੇ ਮੁੰਨੇ ਬੱਚਿਆਂ ਦੁਆਰਾ ਬਾਰਬੀ ਡਾਂਸ ਨੇ ਸਾਰਿਆਂ ਨੂੰ ਮੰਤਰਮੁਗਧ ਕਰ ਦਿੱਤਾ, ਜਿਸ ਦੀ ਦਰਸ਼ਕਾਂ ਦੁਆਰਾ ਜ਼ੋਰਦਾਰ ਪ੍ਰਸ਼ੰਸਾ ਕੀਤੀ ਗਈ। ਇਸ ਤੋਂ ਇਲਾਵਾ ਛੋਟੇ ਬੱਚਿਆਂ ਦੁਆਰਾ ਵੱਖ ਵੱਖ ਡਾਂਸ ਪੇਸ਼ ਕੀਤੇ ਗਏ ਅਤੇ ਦਰਸ਼ਕਾਂ ਦਾ ਮਨ ਮੋਹਿਆ ਗਿਆ।

## ਬੈਲਜੀਅਮ ਦੇ ਖੋਜ ਵਿਦਵਾਨਾਂ ਨੇ ਕੀਤਾ ਖ਼ਾਲਸਾ ਕਾਲਜ ਦਾ ਦੌਰਾ

### 16 ਮੈਂਬਰੀ ਵਫ਼ਦ ਨੂੰ ਇਤਿਹਾਸਕ ਨਾਯਾਬ ਵਿਰਸੇ ਨੇ ਕੀਤਾ ਮੋਹਿਤ



ਅੰਮ੍ਰਿਤਸਰ, 3 ਫ਼ਰਵਰੀ (ਗੁਰਦਿਆਲ ਸਿੰਘ) :ਇਤਿਹਾਸਕ ਖਾਲਸਾ ਕਾਲਜ ਕੈਂਪਸ ਦਾ ਬੈਲਜੀਅਮ ਦੀ ਲੂਵਨ ਯੂਨੀਵਰਸਿਟੀ ਤੋਂ ਆਏ ਅਧਿਆਪਕਾਂ, ਖੋਜ਼ ਵਿਦਵਾਨਾਂ ਅਤੇ ਵਿਦਿਆਰਥੀਆਂ ਸਮੇਤ 16 ਮੈਂਬਰੀ ਉੱਚ ਪੱਧਰੀ ਵਫ਼ਦ ਨੇ ਦੌਰਾ ਕੀਤਾ। ਸੰਨ 1892 ’ਚ ਬਣੇ ਇਸ ਸ਼ਾਨਦਾਰ ਵਿਰਾਸਤੀ ਭਵਨ ਅਤੇ ਸਿੱਖ ਇਤਿਹਾਸ ਰਿਸਰਚ ਸੈਂਟਰ ’ਚ ਸੰਭਾਲੀਆਂ ਗਈਆਂ ਅਮੂਲ ਧਰੋਹਰਾਂ ਨੂੰ ਦੇਖ ਕੇ ਵਫ਼ਦ ਦੇ ਮੈਂਬਰ ਬਹੁਤ ਪ੍ਰਭਾਵਿਤ ਹੋਏ। ਇਸ ਦੌਰਾਨ ਉਨ੍ਹਾਂ ਨੇ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਸੰਖੇਪ ਵਿਚਾਰ-ਵਟਾਂਦਰਾ ਵੀ ਕੀਤਾ। ਇਹ ਵਫ਼ਦ ਡਾ. ਬਰਟ ਬਰੂਕਆਰਟ, ਪ੍ਰੋਫੈਸਰ ਵਰਲਡ ਰਿਲੀਜਨ, ਲੂਵਨ ਯੂਨੀਵਰਸਿਟੀ (ਬਰੱਸਲਜ਼ ਨੇੜੇ) ਦੀ ਅਗਵਾਈ ਕੈਂਪਸ ਪੁੱਜਾ। ਜੁਕਤ ਵਫ਼ਦ ਦਾ ਕੈਂਪਸ ’ਚ ਪਹੁੰਚਣ ’ਤੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਅਤੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਵਫ਼ਦ ਦਾ ਸਵਾਗਤ ਕੀਤਾ। ਕੌਂਸਲ ਦੇ ਮੈਂਬਰ ਅਤੇ ਕਾਲਜ ਦੇ ਗਲੋਬਲ ਐਲੂਮਨੀ ਕਨਵੀਨਰ ਡਾ. ਦਵਿੰਦਰ ਸਿੰਘ ਛੀਨਾ ਦੇ ਸਹਿਯੋਗ ਨਾਲ ਪਹੁੰਚੇ ਉਕਤ ਯੂਰਪੀ ਵਫ਼ਦ ਨੇ ਕਿਹਾ ਕਿ ਉਹ ਪੰਜਾਬ ਦੀ ਧਨੀ ਸੱਭਿਆਚਾਰਕ ਵਿਰਾਸਤ ਨੂੰ ਸਮਝਣ ਅਤੇ ਸਿੱਖ ਵਾਸਤੂਕਲਾ ਤੇ ਇਤਿਹਾਸ ਦੀ ਖੋਜ ਲਈ ਪੰਜਾਬ ਦੌਰੇ ’ਤੇ ਆਏ ਹਨ। ਇਸ ਮੌਕੇ ਡਾ. ਛੀਨਾ ਨੇ ਕਿਹਾ ਕਿ ਵਫ਼ਦ ਨੇ ਸਿੱਖ ਇਤਿਹਾਸ ਖੋਜ਼ ਕੇਂਦਰ ਦੇ 100 ਸਾਲ ਤੋਂ ਵਧੇਰੇ ਇਤਿਹਾਸਕ ਦਸਤਾਵੇਜੀ ਭੰਡਾਰ ਜਿਨ੍ਹਾਂ ’ਚ ਨਾਯਾਬ ਵਸਤੂਆਂ, ਦੁਲੱਭ ਕਿਤਾਬਾਂ, ਜਰਨਲਾਂ ਅਤੇ ਮਿਊਜ਼ੀਅਮ ਨੂੰ ਵੇਖਿਆ। ਇਸ ਦੇ ਨਾਲ ਉਨ੍ਹਾਂ 300 ਏਕੜ ’ਚ ਫੈਲੇ ਵਿਸ਼ਾਲ ਕੈਂਪਸ ਅਤੇ ਇੰਡੋ-ਸਾਰਾਸੈਨਿਕ ਵਾਸਤੂਕਲਾ ਲਈ ਪ੍ਰਸਿੱਧ ਸ਼ਾਨਦਾਰ ਭਵਨ ਦਾ ਜਾਇਜ਼ਾ ਲਿਆ। ਇਸ ਮੌਕੇ ਡਾ. ਛੀਨਾ ਅਤੇ ਡਾ. ਰਾਜਬੀਰ ਸਿੰਘ ਨੇ ਵਫ਼ਦ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਕਾਲਜ ਦੀ ਵਿਰਾਸਤੀ ਇਮਾਰਤ ਸੱਭਿਆਚਾਰਕ ਮਿਲਾਪ ਅਤੇ ਧਰਮਨਿਰਪੇਖ ਰਵਾਇਤਾਂ ਦੀ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਕੈਂਪਸ ਦੀਆਂ ਵਿਸ਼ੇਸ਼ਤਾਵਾਂ ਨੂੰ ਸੰਭਾਲਣ ਇਸ ਤੋਂ ਇਲਾਵਾ ਆਧੁਨਿਕ ਅਕਾਦਮਿਕ ਲੋੜਾਂ ਦੇ ਨਾਲ-ਨਾਲ ਵਿਰਾਸਤੀ ਸੁੰਦਰਤਾ ਨੂੰ ਕਾਇਮ ਰੱਖਿਆ ਗਿਆ ਹੈ। ਇਸ ਮੌਕੇ ਵਫ਼ਦ ਦਾ ਸਵਾਗਤ ਕਰਦਿਆਂ ਸ: ਛੀਨਾ ਨੇ ਕਿਹਾ ਕਿ ਬੈਲਜੀਅਮ ਦੇ ਅਕਾਦਮਿਕ ਜਗਤ ਨਾਲ ਜੁੜੇ ਵਿਦਵਾਨਾਂ ਦਾ ਸਵਾਗਤ ਕਰਨਾ ਕਾਲਜ ਲਈ ਮਾਣ ਅਤੇ ਖੁਸ਼ੀ ਦੀ ਗੱਲ ਹੈ, ਕਿਉਂਕਿ ਇਹ ਸੰਸਥਾ ਸਿੱਖਿਆ, ਵਿਰਾਸਤ ਅਤੇ ਸੱਭਿਆਚਾਰਕ ਯਾਦਾਂ ਦੇ ਮਿਲਾਪ ਦਾ ਕੇਂਦਰ ਹੈ। ਉਨ੍ਹਾਂ ਕਿਹਾ ਕਿ ਕੈਂਪਸ ਖ਼ੁਦ ’ਚ ਇਕ ਜਿਉਂਦਾ ਜਾਗਦਾ ਪੁਰਾਲੇਖ ਹੈ। ਇਸ ਦੀ ਵਾਸਤੂਕਲਾ ਸਿੱਖ, ਮੁਗਲ ਅਤੇ ਇੰਡੋ-ਸਾਰਾਸੈਨਿਕ ਸ਼ੈਲੀਆਂ ਦਾ ਇਕ ਸ਼ਾਨਦਾਰ ਮਿਸ਼ਰਣ ਪੰਜਾਬ ਦੀ ਸੱਭਿਆਚਾਰਕ ਵਿਭਿੰਨਤਾ ਨੂੰ ਦਰਸਾਉਂਦਾ ਹੈ ਅਤੇ ਵੰਡ ਦੀ ਥਾਂ ਸੰਵਾਦ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਸੌ ਸਾਲ ਤੋਂ ਵਧੇਰੇ ਸਮੇਂ ਦੌਰਾਨ ਇਸ ਸੰਸਥਾ ਨੇ ਬਰਤਾਨਵੀ ਰਾਜ, ਸੁਧਾਰ ਅੰਦੋਲਨ, ਆਜ਼ਾਦੀ, ਵੰਡ ਅਤੇ ਆਧੁਨਿਕ ਭਾਰਤ ਦੇ ਵਿਕਾਸ ਨੂੰ ਵੇਖਿਆ ਹੈ ਅਤੇ ਹਰ ਦੌਰ ’ਚ ਸਿੱਖਿਆ ਅਤੇ ਸੇਵਾ ਦਾ ਕੇਂਦਰ ਬਣੀ ਰਹੀ ਹੈ।

## ਮੁੱਖ ਮੰਤਰੀ ਸਿਹਤ ਯੋਜਨਾਂ ਦੇ ਕਾਰਡ ਬਣਾਉਣ ਲਈ ਲਗਾਏ 57 ਵਿਸ਼ੇਸ਼ ਕੈਂਪ



ਅੰਮ੍ਰਿਤਸਰ, 3 ਫਰਵਰੀ (ਬਬਲੂ ਮਹਾਜਨ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਬਣਨੇ ਸ਼ੁਰੂ ਹੋ ਗਏ ਹਨ। ਅੱਜ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਵਿੱਚ 57 ਮੋਬਾਇਲ ਕੈਂਪ ਲਗਾ ਕੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਕੀਤੀ ਗਈ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਚੱਲ ਰਹੇ 41 ਸੁਵਿਧਾ ਕੇਂਦਰਾਂ ਅਤੇ 486 ਕਾਮਨ ਸਰਵਿਸ ਸੈਂਟਰਾਂ ਵਿੱਚ ਵੀ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਏ ਜਾ ਰਹੇ ਹਨ।ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਵੱਲੋਂ ਅੱਜ ਜ਼ਿਲ੍ਹੇ ਵਿੱਚ ਲੱਗੇ ਵਿਸ਼ੇਸ਼ ਕੈਂਪਾਂ ਦਾ ਮੌਕੇ ਤੇ ਜਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਸਿਹਤ ਯੋਜਨਾ ਦਾ ਕਾਰਡ ਬਣਾਉਣ ਆਏ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਲੋਕਾਂ ਨੂੰ ਵੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਪ੍ਰੇਰਿਤ ਕਰਨ।ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਵੀ ਸਿਹਤ ਯੋਜਨਾ ਦੇ ਕਾਰਡ ਬਣਨੇ ਸ਼ੁਰੂ ਹੋ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰੇਕ ਨਾਗਰਿਕ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਾ ਕੇ ਦਿੱਤਾ ਜਾਣਾ ਹੈ ਜਿਸ ਨਾਲ ਹਰ ਪਰਿਵਾਰ ਨੂੰ 10 ਲੱਖ ਰੁਪਏ ਸਲਾਨਾਂ ਦਾ ਸਿਹਤ ਬੀਮਾ ਕਵਰ ਹੋਵੇਗਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੇ 89 ਨਾਮੀ ਹਸਪਤਾਲ ਮੁਫ਼ਤ ਇਲਾਜ ਲਈ ਸੂਚੀਬੱਧ ਕੀਤੇ ਗਏ ਹਨ। ਇਨਾਂ ਸੂਚੀਬੱਧ ਸੰਸਥਾਵਾਂ ਵਿਚੋਂ ਕਿਸੇ ਵੀ ਸੰਸਥਾਨ ਵਿਚੋਂ ਲਾਭਪਾਤਰੀ ਆਪਣਾ ਮੁਫ਼ਤ ਇਲਾਜ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ, ਗੁਰੂ ਨਾਨਕ ਦੇਵ ਹਸਪਤਾਲ, ਸਿਵਲ ਹਸਪਤਾਲ ਅੰਮ੍ਰਿਤਸਰ, ਸਬ ਡਿਵੀਜ਼ਨਲ ਹਸਪਤਾਲ ਅਜਨਾਲਾ ਤੇ ਬਾਬਾ ਬਕਾਲਾ ਵਿਖੇ ਵੀ ਇਹ ਕਾਰਡ ਬਣਨਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਰਿਵਾਰ ਦੇ ਘੱਟੋ ਘੱਟ ਦੋ ਮੈਂਬਰਾਂ ਦਾ ਇਕੱਠੇ ਜਾਣਾ ਜਰੂਰੀ ਹੈ, ਜਿਹੜਾ ਮੈਂਬਰ 18 ਸਾਲ ਤੋਂ ਘੱਟ ਹਨ, ਉਸ ਨੂੰ ਆਪਣਾ ਜਨਮ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਜਾਣਾ ਜ਼ਰੂਰੀ ਹੈ ਅਤੇ ਜਿਹੜਾ ਮੈਂਬਰ 18 ਸਾਲ ਤੋਂ ਉੱਤੇ ਹੈ ਉਸ ਨੂੰ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਲੈ ਕੇ ਜਾਣਾ ਜ਼ਰੂਰੀ ਹੈ ।

## ਐਡੀਸ਼ਨਲ ਕਮਿਸ਼ਨਰ ਵੱਲੋਂ ਵਿਸ਼ਵ ਬੈਂਕ ਸਹਾਇਤਾ ਪ੍ਰਾਪਤ ਸਰਫ਼ੇਸ ਵਾਟਰ ਪ੍ਰੋਜੈਕਟ ਦੀ ਪ੍ਰਗਤੀ ਦੀ ਸਮੀਖਿਆ

ਅੰਮ੍ਰਿਤਸਰ, 3 ਫਰਵਰੀ (ਗੁਰਦਿਆਲ ਸਿੰਘ):ਨਗਰ ਨਿਗਮ ਅੰਮ੍ਰਿਤਸਰ ਦੇ ਕਮਿਸ਼ਨਰ ਸ਼੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਨਿਰਦੇਸ਼ਾਂ ਅਨੁਸਾਰ, ਅੱਜ ਨਗਰ ਨਿਗਮ ਅੰਮ੍ਰਿਤਸਰ ਦੇ ਐਡੀਸ਼ਨਲ ਕਮਿਸ਼ਨਰ ਸ਼੍ਰੀ ਸੁਰਿੰਦਰ ਸਿੰਘ ਦੀ ਅਧਿਆਏਤਾਤਾ ਹੇਠ ਵਿਸ਼ਵ ਬੈਂਕ ਸਹਾਇਤਾ ਪ੍ਰਾਪਤ ਸਰਫ਼ੇਸ ਵਾਟਰ ਪ੍ਰੋਜੈਕਟ ਨਾਲ ਸੰਬੰਧਿਤ ਵੱਖ-ਵੱਖ ਕੰਮਾਂ ਦੀ ਪ੍ਰਗਤੀ ਦੀ ਸਮੀਖਿਆ ਲਈ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਐਲ ਐਂਡ ਟੀ ਕੰਪਨੀ ਦੇ ਪ੍ਰੋਜੈਕਟ ਡਾਇਰੈਕਟਰ ਸ਼੍ਰੀ ਸੰਜੇ ਕੁਮਾਰ, ਆਈਵੀਏ ਵੱਲੋਂ ਸ਼੍ਰੀ ਸੋਨੀ, ਪ੍ਰੋਜੈਕਟ ਡਾਇਰੈਕਟਰ ਸ਼੍ਰੀ ਕੁਲਦੀਪ ਸਿੰਘ ਸੈਣੀ, ਏਪੀਡੀ ਸ਼੍ਰੀ ਐਨ.ਪੀ. ਸਿੰਘ ਅਤੇ ਪੀਆਈਯੂ ਤੋਂ ਸੁਪਰਿੰਟੈਂਡਿੰਗ ਇੰਜੀਨੀਅਰ ਸ਼੍ਰੀ ਜਤਿੰਦਰ ਵਾਸੁਦੇਵ ਸਮੇਤ ਹੋਰ ਸੰਬੰਧਿਤ ਅਧਿਕਾਰੀ ਹਾਜ਼ਰ ਸਨ।ਮੀਟਿੰਗ ਦੌਰਾਨ ਪਾਈਪਲਾਈਨਾਂ ਵਿਛਾਉਣ, ਵਾਟਰ ਟ੍ਰੀਟਮੈਂਟ ਪਲਾਂਟਾਂ ਅਤੇ ਓਵਰ ਹੈੱਡ ਸਰਵਿਸ ਰਿਜ਼ਰਵਾਇਰਾਂ ਦੇ ਨਿਰਮਾਣ ਸਮੇਤ ਚੱਲ ਰਹੇ ਕੰਮਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਐਡੀਸ਼ਨਲ ਕਮਿਸ਼ਨਰ ਵੱਲੋਂ ਐਲ ਐਂਡ ਟੀ ਕੰਪਨੀ ਨੂੰ ਮੈਨਪਾਵਰ ਵਧਾ ਕੇ ਕੰਮ ਦੀ ਰਫ਼ਤਾਰ ਤੇਜ਼ ਕਰਨ ਅਤੇ ਸਾਰੇ ਕੰਮ ਨਿਰਧਾਰਿਤ ਸਮੇਂ ਅੰਦਰ ਪੂਰੇ ਕਰਨ ਦੇ ਨਿਰਦੇਸ਼ ਦਿੱਤੇ ਗਏ, ਨਾਲ ਹੀ ਕੰਮ ਦੌਰਾਨ ਜਨਤਾ ਦੀ ਸੁਵਿਧਾ ਦਾ ਧਿਆਨ ਰੱਖਣ ਲਈ ਕਿਹਾ ਗਿਆ।ਪ੍ਰੈਸ ਨੂੰ ਜਾਰੀ ਬਿਆਨ ਵਿੱਚ ਐਡੀਸ਼ਨਲ ਕਮਿਸ਼ਨਰ ਨੇ ਦੱਸਿਆ ਕਿ ਸਰਫ਼ੇਸ ਵਾਟਰ ਪ੍ਰੋਜੈਕਟ ਦਾ ਕੰਮ ਪੂਰੀ ਗਤੀ ਨਾਲ ਚੱਲ ਰਿਹਾ ਹੈ ਅਤੇ ਇਸ ਸਮੇਂ ਪਾਈਪਲਾਈਨ ਵਿਛਾਉਣ ਦਾ ਕੰਮ ਜਾਰੀ ਹੈ। ਉਨ੍ਹਾਂ ਦੱਸਿਆ ਕਿ ਵਾਟਰ ਟ੍ਰੀਟਮੈਂਟ ਪਲਾਂਟਾਂ ਦਾ ਲਗਭਗ 86 ਪ੍ਰਤੀਸ਼ਤ ਕੰਮ ਪੂਰਾ ਹੋ ਚੁੱਕਾ ਹੈ, ਜਦਕਿ 38 ਓਐਚਐਸਆਰ ਇਸ ਵੇਲੇ ਨਿਰਮਾਣ ਅਧੀਨ ਹਨ, ਜੋ ਕਿ ਐਲ ਐਂਡ ਟੀ ਕੰਪਨੀ ਵੱਲੋਂ ਦਿੱਤੇ ਭਰੋਸੇ ਅਨੁਸਾਰ ਜਲਦ ਤੋਂ ਜਲਦ ਪੂਰੇ ਕੀਤੇ ਜਾਣਗੇ। ਓਐਚਐਸਆਰਾਂ ਦੇ ਕੰਮ ਨੂੰ ਤੇਜ਼ ਕਰਨ ਲਈ ਕੰਪਨੀ ਨੂੰ ਮਜ਼ਦੂਰਾਂ ਦੀ ਗਿਣਤੀ ਦੋਗੁਣੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।ਐਡੀਸ਼ਨਲ ਕਮਿਸ਼ਨਰ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਨਗਰ ਨਿਗਮ ਅੰਮ੍ਰਿਤਸਰ ਦੇ ਰਿਕਾਰਡਾਂ ਦੀ ਡਿਜ਼ੀਟਾਈਜ਼ੇਸ਼ਨ ਦਾ ਕੰਮ ਪ੍ਰਗਤੀ ਅਧੀਨ ਹੈ, ਜਿਸ ਨਾਲ ਸੰਸਥਾਗਤ ਆਧੁਨਿਕੀਕਰਨ ਨੂੰ ਵੱਡਾ ਉਤਸ਼ਾਹ ਮਿਲੇਗਾ। ਨਗਰ ਨਿਗਮ ਦੇ ਵੱਖ-ਵੱਖ ਰਿਕਾਰਡ ਰੂਮਾਂ ਵਿੱਚ ਕੰਪੈਕਟਰ ਲਗਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਪ੍ਰੋਜੈਕਟ ਅਧੀਨ ਜੀ.ਆਈ.ਐਸ. ਆਧਾਰਿਤ ਸਰਵੇਖਣ ਦਾ ਕੰਮ ਵੀ ਜਾਰੀ ਹੈ ਅਤੇ ਲਕਸ਼ਿਤ 4 ਲੱਖ ਸੰਪਤੀਆਂ ਵਿੱਚੋਂ ਲਗਭਗ 32,000 ਸੰਪਤੀਆਂ ਦਾ ਸਰਵੇਖਣ ਪੂਰਾ ਕੀਤਾ ਜਾ ਚੁੱਕਾ ਹੈ। ਇਸ ਕੰਮ ਲਈ 30 ਸਰਵੇਅਰਾਂ ਦੀ ਇੱਕ ਟੀਮ ਮੈਦਾਨ ਵਿੱਚ ਤਾਇਨਾਤ ਕੀਤੀ ਗਈ ਹੈ।

## ਗੁਰਦੁਆਰਾ ਪਲਾਹ ਸਾਹਿਬ ਵਿਖੇ ਨਵੀਂ ਲੰਗਰ ਇਮਾਰਤ ਦੀ ਨੀਂਹ ਰੱਖੀ ਗਈ

### ਸ਼੍ਰੋਮਣੀ ਕਮੇਟੀ ਸੰਗਤਾਂ ਦੀ ਸਹੂਲਤ ਲਈ ਹਮੇਸ਼ਾਂ ਵਚਨਬੱਧ: ਬਿਕਰਮਜੀਤ ਸਿੰਘ



ਅੰਮ੍ਰਿਤਸਰ, 3 ਫਰਵਰੀ (ਬਬਲੂ ਮਹਾਜਨ) : ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਪਾਵਨ ਇਤਿਹਾਸਿਕ ਅਸਥਾਨ ਗੁਰਦੁਆਰਾ ਪਲਾਹ ਸਾਹਿਬ ਵਿਖੇ ਨਿਤ ਵਧ ਰਹੀ ਸੰਗਤਾਂ ਦੀ ਆਮਦ ਨੂੰ ਵੇਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਡੇ ਪੱਧਰ ’ਤੇ ਵਿਸਥਾਰ ਕਾਰਜ ਸ਼ੁਰੂ ਕੀਤੇ ਹਨ ਜਿਨ੍ਹਾਂ ਦੀ ਸੇਵਾ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੂੰ ਸੌਂਪੀ ਗਈ ਹੈ। ਸੋ ਅੱਜ ਲੰਗਰ ਦੀ ਨਵੀਂ ਇਮਾਰਤ ਤਿਆਰ ਕਰਨ ਲਈ ਅਰਦਾਸ ਉਪਰੰਤ ਸੇਵਾ ਦਾ ਟੱਪਾ ਲਗਾਇਆ, ਜੋ ਮੁਕੰਮਲ ਹੋਣ ਤੇ ਸੰਗਤਾਂ ਵੱਡੀ ਸਹੂਲਤ ਮਿਲੇਗੀ ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਜੀ ਨੇ ਸੇਵਾ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਤੇ ਸੰਗਤਾਂ ਦੇ ਸਹਿਯੋਗ ਨਾਲ ਅਖੰਡ ਪਾਠਾਂ ਲਈ 13 ਕਮਰੇ, ਸੁਖਆਸਨ ਅਸਥਾਨ ਅਤੇ ਵਾਸ਼ਰੂਮਾਂ ਦੀ ਉਸਾਰੀ ਜੋਰਾਂ ਤੇ ਚੱਲ ਰਹੀ ਹੈ। ਅੱਜ ਲੰਗਰ ਦੀ ਨਵੀਂ ਇਮਾਰਤ ਦੀ ਉਸਾਰੀ ਲਈ ਟੱਪਾ ਗਾਇਆ ਗਿਆ ਹੈ, ਜੋ ਗੁਰਦੁਆਰਾ ਸਾਹਿਬ ਦੇ ਪ੍ਰਬੰਧਾਂ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗਾ। ਬਾਬਾ ਜੀ ਨੇ ਕਿਹਾ ਕਿ ਨਵੀਂ ਇਮਾਰਤ ਵਿੱਚ ਲੰਗਰ ਤਿਆਰ ਕਰਨ ਤੋਂ ਇਲਾਵਾ ਬਰਤਨ ਸਾਫ਼ ਕਰਨ ਸੁਵਿਧਾ , ਲੰਗਰ ਦੀਆਂ ਰਸਦਾਂ ਲਈ ਵੱਡੀ ਸਟੋਰੇਜ਼ ਅਤੇ ਸਟੋਰ ਕੀਪਰ ਦਾ ਦਫ਼ਤਰ ਵੀ ਸ਼ਾਮਲ ਹੋਵੇਗਾ। ਇਸ ਤੋਂ ਇਲਾਵਾ, ਇੱਕ ਅਤਿ ਆਧੁਨਿਕ ਲੰਗਰ ਹਾਲ ਤਿਆਰ ਕੀਤਾ ਜਾਵੇਗਾ, ਜਿਸ ਵਿੱਚ ਲਗਭਗ 1100 ਸੰਗਤਾਂ ਇੱਕ ਵਾਰ ਵਿੱਚ ਬੈਠ ਕੇ ਲੰਗਰ ਛੱਕ ਸਕਣਗੀਆਂ। ਇਹ ਹਾਲ ਨਵੀਨਤਮ ਤਕਨੀਕਾਂ ਨਾਲ ਲੈਸ ਹੋਵੇਗਾ, ਜਿਸ ਵਿੱਚ ਵੈਂਟੀਲੇਸ਼ਨ ਸਿਸਟਮ, ਕੁਦਰਤੀ ਰੌਸ਼ਨੀ ਦੀ ਵਿਵਸਥਾ, ਪ੍ਰਦੂਸ਼ਣ ਰੋਕੂ ਯੰਤਰ ਅਤੇ ਸੁਰੱਖਿਆ ਉਪਕਰਨ ਸ਼ਾਮਲ ਹੋਣਗੇ।ਬਾਬਾ ਸੁਖਵਿੰਦਰ ਸਿੰਘ ਜੀ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਭਾਵੇਂ ਪਹਿਲੇ ਪੜਾਅ ਵਿੱਚ ਇੱਕ ਮੰਜ਼ਿਲ ਹੀ ਮੁਕੰਮਲ ਕੀਤੀ ਜਾਵੇਗੀ, ਪਰ ਭਵਿੱਖ ਵਿੱਚ ਵਿਸਥਾਰ ਨੂੰ ਧਿਆਨ ਵਿੱਚ ਰੱਖਦਿਆਂ ਇਸ ਦੀ ਨੀਂਹ ਤਿੰਨ ਮੰਜ਼ਿਲਾਂ ਤੱਕ ਅਧਾਰਿਤ ਰੱਖੀ ਗਈ ਹੈ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਇਸ ਕਾਰਜ ਤੋਂ ਇਲਾਵਾ, ਪੜਾਅ-ਦਰ-ਪੜਾਅ ਵਿਸ਼ਾਲ ਪਾਰਕਿੰਗ, ਅਤਿ ਆਧੁਨਿਕ ਸਰਾਂ ਅਤੇ ਪ੍ਰਬੰਧਕੀ ਬਲਾਕ ਦੀ ਉਸਾਰੀ ਵੀ ਕੀਤੀ ਜਾਵੇਗੀ।ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਬਿਕਰਮਜੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾਂ ਮਰਿਆਦਾ ਨੂੰ ਬਰਕਰਾਰ ਰੱਖਦਿਆਂ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਸੁੱਖ-ਸਹੂਲਤ ਲਈ ਵਚਨਬੱਧ ਹੈ। ਉਨ੍ਹਾਂ ਨੇ ਮਹਾਂਪੁਰਖਾਂ ਵੱਲੋਂ ਮਿਆਰੀ ਅਤੇ ਵੱਡੇ ਪੱਧਰ ’ਤੇ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਮਹਾਂਪੁਰਖਾਂ ਨੂੰ ਤਨ, ਮਨ ਅਤੇ ਧਨ ਨਾਲ ਸਹਿਯੋਗ ਕਰਨ। ਇਸ ਮੌਕੇ ਸ ਸੁਖਜਿੰਦਰ ਸਿੰਘ ਐਕਸੀਐਨ, ਸ ਸਤਬੀਰ ਸਿੰਘ ਜੇਈ, ਬਾਬਾ ਸੋਹਨ ਸਿੰਘ, ਬਾਬਾ ਅਵਤਾਰ ਸਿੰਘ, ਬਾਬਾ ਨਾਜਰ ਸਿੰਘ, ਬਾਬਾ ਕਰਨ ਸਿੰਘ, ਸ ਰਣਜੀਤ ਸਿੰਘ ਗੋਲਡੀ, ਸੁਖਵਿੰਦਰ ਸਿੰਘ ਵਾਹਲਾ, ਮਾਲਕ ਸਿੰਘ ਸੰਧੂ, ਬਲਵਿੰਦਰ ਸਿੰਘ ਚੇਅਰਮੈਨ, ਮਾਸਟਰ ਪ੍ਰਦੀਪ ਸਿੰਘ, ਗੁਰਪ੍ਰੀਤ ਸਿੰਘ, ਸੁਰਜਨ ਸਿੰਘ ,ਬਾਪੂ ਜਗੀਰ ਸਿੰਘ, ਭਾਈ ਸਾਹਿਬ ਸਿੰਘ, ਸੁਖਮਨਪ੍ਰੀਤ ਸਿੰਘ, ਹਰਮਨਦੀਪ ਸਿੰਘ, ਬਾਬਾ ਜੋਧਬੀਰ ਸਿੰਘ,ਬਾਬਾ ਮਨਜੀਤ ਸਿੰਘ ਝਬਾਲ, ਸੁਖਵਿੰਦਰ ਸਿੰਘ ਵਾਹਲਾ, ਮਾਲਕ ਸਿੰਘ ਸੰਧੂ, ਬਲਵਿੰਦਰ ਸਿੰਘ ਚੇਅਰਮੈਨ, ਮਾਸਟਰ ਪ੍ਰਦੀਪ ਸਿੰਘ, ਗੁਰਪ੍ਰੀਤ ਸਿੰਘ, ਸੁਰਜਨ ਸਿੰਘ ,ਬਾਪੂ ਜਗੀਰ ਸਿੰਘ, ਭਾਈ ਸਾਹਿਬ ਸਿੰਘ, ਸੁਖਮਨਪ੍ਰੀਤ ਸਿੰਘ, ਹਰਮਨਦੀਪ ਸਿੰਘ, ਬਾਬਾ ਜੋਧਬੀਰ ਸਿੰਘ,ਬਾਬਾ ਮਨਜੀਤ ਸਿੰਘ ਝਬਾਲਬਾਬਾ ਨਿਰਮਲ ਸਿੰਘ, ਬਾਬਾ ਫਤਿਹ ਸਿੰਘ, ਬਾਬਾ ਪਰਮਜੀਤ ਸਿੰਘ, ਹੈੱਡ ਮਿਸਤਰੀ ਭਾਈ ਅਮਰੀਕ ਸਿੰਘ, ਬਾਬਾ ਯਾਦਵਿੰਦਰ ਸਿੰਘ, ਬਾਬਾ ਗੁਰਿੰਦਰ ਸਿੰਘ ਲੱਕੀ , ਬਾਬਾ ਜਗਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਪੱਤਰਕਾਰ ਨਿਰਵੈਰ ਗਿੱਲ ਨੂੰ ਸਦਮਾ, ਪਿਤਾ ਦਾ ਦੇਹਾਂਤ



ਅਜਨਾਲਾ, 3 ਫਰਵਰੀ (ਸੁਖਦੇਵ ਸਿੰਘ ਖਾਲਸਾ): ਜ਼ਿਲ੍ਹਾ ਅੰਮ੍ਰਿਤਸਰ ਦੇ ਅਜਨਾਲਾ ਸ਼ਹਿਰ ਤੋਂ ਜੱਗ ਬਾਣੀ ਦੇ ਸੀਨੀਅਰ ਪੱਤਰਕਾਰ ਨਿਰਵੈਰ ਸਿੰਘ ਗਿੱਲ ਚੇਤਨਪੁਰਾ ਸਮੇਤ ਸਮੁੱਚੇ ਗਿੱਲ ਪਰਿਵਾਰ ਨੂੰ ਅੱਜ ਉਸ ਵੇਲੇ ਗਹਿਰਾ ਸਦਮਾ ਪਹੁੰਚਿਆ ਜਦ ਉਹਨਾਂ ਦੇ ਸਤਿਕਾਰਯੋਗ ਪਿਤਾ ਜੀ ਸ ਸਤਪਾਲ ਸਿੰਘ ਗਿੱਲ ਸਵੇਰੇ ਤੜਕਸਾਰ ਅਚਾਨਕ ਅਕਾਲ ਚਲਾਣਾ ਕਰ ਗਏ ਅਤੇ ਉਹਨਾਂ ਦਾ ਅੰਤਿਮ ਸੰਸਕਾਰ ਬਾਅਦ ਦੁਪਹਿਰ ਚੇਤਨਪੁਰਾ ਦੇ ਸ਼ਮਸ਼ਾਨ ਘਾਟ ਵਿਖੇ ਕਰ ਦਿੱਤਾ ਗਿਆ ਇਸ ਦੁੱਖ ਦੀ ਘੜੀ ’ਚ ਸ਼ਾਮਿਲ ਹੁੰਦਿਆਂ ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ,ਸ਼੍ਰੋਮਣੀ ਅਕਾਲੀ ਦਲ ਦੇ ਅਜਨਾਲਾ ਦਾ ਹਲਕਾ ਇੰਚਾਰਜ ਜੋਧ ਸਿੰਘ ਸਮਰਾ,ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ,ਗੁਰਚਰਨ ਸਿੰਘ ਛੀਨਾ,ਸਾਬਕਾ ਵਿਧਾਇਕ ਅਮਰਪਾਲ ਸਿੰਘ ਬੋਨੀ,ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ,ਜਸਬੀਰ ਸਿੰਘ ਰਾਜਾ ਸਰਪੰਚ ਚੇਤਨਪੁਰਾ,ਸਮਾਜ ਸੇਵੀ ਦਿਲਬਾਗ ਸਿੰਘ ਖਤਰਾਏ ਕਲਾਂ,ਖੇਤੀਬਾੜੀ ਵਿਸਥਾਰ ਅਫਸਰ ਪ੍ਰਭਦੀਪ ਸਿੰਘ ਗਿੱਲ,ਸੁਖਵੰਤ ਸਿੰਘ ਚੇਤਨਪੁਰੀ,ਡਾਕਟਰ ਸੁਰਜੀਤ ਸਿੰਘ ਚੇਤਨਪੁਰਾ, ਅਜੀਤ ਤੋਂ ਗੁਰਪ੍ਰੀਤ ਸਿੰਘ ਪੱਤਰਕਾਰ,ਸ਼ਰਨਜੀਤ ਸਿੰਘ ਗਿੱਲ ਪੱਤਰਕਾਰ,ਰਣਬੀਰ ਸਿੰਘ ਮਿੰਟੂ ਪੱਤਰਕਾਰ,ਕੁਲਦੀਪ ਸਿੰਘ ਸੰਧੂ ਨੰਗਲ ਪੱਤਰਕਾਰ,ਡਾ ਸੰਦੀਪ ਸਿੰਘ,ਰੇਸ਼ਮ ਸਿੰਘ,ਤਾਜਬੀਰ ਸਿੰਘ, ਸਰਬੱਤ ਦਾ ਭਲਾ ਟਰਸਟ ਦੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ ਆਦਿ ਵੱਖ-ਵੱਖ ਸ਼ਖਸੀਅਤਾਂ ਅਤੇ ਆਗੂਆਂ ਨੇ ਗਿੱਲ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।

## ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਲਾਈਫ ਸਕਿਲਸ ਵਿਸ਼ੇ ’ਤੇ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ



ਅੰਮ੍ਰਿਤਸਰ, 3 ਫਰਵਰੀ (ਗੁਰਦਿਆਲ ਸਿੰਘ ) : ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਪਲੇਸਮੈਂਟ ਐਂਡ ਕਰੀਅਰ ਐਨਹਾਂਸਮੈਂਟ ਡਾਇਰੈਕਟੋਰੇਟ ਵੱਲੋਂ ਦੋ ਦਿਨਾਂ ਲਾਈਫ ਸਕਿੱਲਜ਼ ’ਤੇ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਦਾ ਮਕਸਦ ਵਿਦਿਆਰਥੀਆਂ ਵਿਚ ਜ਼ਿੰਦਗੀ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਆਤਮ ਵਿਸ਼ਵਾਸ ਅਤੇ ਹੌਸਲਾ ਭਰਨਾ ਸੀ। ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਮੁੱਖ ਬੁਲਾਰੇ ਮਨਿੰਦਰ ਸਿੰਘ ਸੈਹਮੀ, ਜੋ ਕਿ ਕੇ.ਐੱਲ.ਏ.ਡੀ. (ਕੀਪ ਲਰਨਿੰਗ ਐਂਡ ਡਿਵੈਲਪਿੰਗ) ਐਡਵਾਈਜ਼ਰੀ ਦੇ ਫਾਊਂਡਰ ਅਤੇ ਹਿਲਟੀ ਇੰਡੀਆ ਦੇ ਸਾਬਕਾ ਸੀ.ਈ.ਓ. ਹਨ, ਨੇ ਵਿਦਿਆਰਥੀਆਂ ਨੂੰ ਬਹੁਤ ਹੀ ਦਿਲਚਸਪ ਅਤੇ ਇੰਟਰੈਕਟਿਵ ਸੈਸ਼ਨਾਂ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਜ਼ਿੰਦਗੀ ਦੀਆਂ 10 ਜ਼ਰੂਰੀ ਸਕਿੱਲਾਂ ਬਾਰੇ ਵਿਸਥਾਰ ਨਾਲ ਦੱਸਿਆ ਜਿਵੇਂ ਕਿ ਸਵੈ-ਜਾਗਰੂਕਤਾ, ਹਮਦਰਦੀ, ਆਪਸੀ ਰਿਸ਼ਤੇ, ਫੈਸਲਾ ਲੈਣਾ, ਅਸਰਦਾਰ ਸੰਚਾਰ, ਕ੍ਰਿਏਟਿਵ ਸੋਚ, ਸਮੱਸਿਆ ਹੱਲ ਕਰਨਾ, ਭਾਵਨਾਵਾਂ ਅਤੇ ਤਣਾਅ ਨਾਲ ਨਿਭਣਾ ਆਦਿ।ਉਨ੍ਹਾਂ ਨੇ ਗੋਲ ਸੈੱਟ ਕਰਨ, ਸਕਾਰਾਤਮਕ ਸੋਚ ਅਤੇ ਲਗਾਤਾਰ ਆਪਣੇ ਆਪ ਨੂੰ ਬਿਹਤਰ ਬਣਾਉਣ ਦੀ ਮਹੱਤਤਾ ’ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਇਹ ਗੱਲਾਂ ਹੀ ਜ਼ਿੰਦਗੀ ਵਿੱਚ ਸਫਲਤਾ ਦੀ ਕੁੰਜੀ ਹਨ। ਮਨਿੰਦਰ ਸਿੰਘ ਨੇ ਅਸਲ ਜ਼ਿੰਦਗੀ ਦੇ ਉਦਾਹਰਣਾਂ ਨਾਲ ਸਮਝਾਇਆ ਕਿ ਪੜ੍ਹਾਈ ਨਾਲ ਨਾਲ ਨਰਮ ਸਕਿੱਲਾਂ ਵੀ ਨੌਕਰੀ ਅਤੇ ਕਰੀਅਰ ਵਿੱਚ ਕਿੰਨੀ ਵੱਡੀ ਭੂਮਿਕਾ ਨਿਭਾਉਂਦੀਆਂ ਹਨ। ਵਿਦਿਆਰਥੀਆਂ ਨੂੰ ਆਪਣੇ ਆਪ ਨੂੰ ਸਮਝਣ, ਗੋਲ ਬਣਾਉਣ ਅਤੇ ਪੂਰਨ ਵਿਕਾਸ ’ਤੇ ਧਿਆਨ ਦੇਣ ਲਈ ਪ੍ਰੇਰਿਤ ਕੀਤਾ।ਡੀਨ ਅਕੈਡਮਿਕ ਅਫੇਅਰਜ਼ ਡਾ. ਹਰਵਿੰਦਰ ਸਿੰਘ ਸੈਣੀ ਨਾਲ ਹੋਈ ਵਿਸ਼ੇਸ਼ ਗੱਲਬਾਤ ਵਿੱਚ ਵੀ ਉਨ੍ਹਾਂ ਨੇ ਪ੍ਰੋਫੈਸ਼ਨਲ ਸਫਲਤਾ ਲਈ ਲਾਈਫ ਸਕਿੱਲਜ਼ ਦੀ ਬਹੁਤ ਮਹੱਤਤਾ ਦੱਸੀ। ਡਾਇਰੈਕਟਰ ਡਾ. ਅਮਿਤ ਚੋਪੜਾ ਨੇ ਮਹਿਮਾਨ ਦਾ ਸਵਾਗਤ ਕਰਦਿਆਂ ਉਨ੍ਹਾਂ ਦੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਵਾਲੇ ਵਿਚਾਰਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਅਜਿਹੇ ਪ੍ਰੋਗਰਾਮਾਂ ਵਿੱਚ ਜ਼ਰੂਰ ਹਿੱਸਾ ਲੈਣ ਲਈ ਕਿਹਾ ਤਾਂ ਜੋ ਕਾਰਪੋਰੇਟ ਦੁਨੀਆ ਲਈ ਤਿਆਰ ਹੋ ਸਕਣ।ਦੋਵੇਂ ਦਿਨਾਂ ਦੇ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਸਵਾਲ-ਜਵਾਬ ਵਿੱਚ ਹਿੱਸਾ ਲਿਆ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਪੂਰੇ ਪ੍ਰੋਗਰਾਮ ਨੂੰ ਵਿਦਿਆਰਥੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਸਾਰੇ ਪ੍ਰਤੀਭਾਗੀ ਆਪਣੇ ਆਪ ਨੂੰ ਬਿਹਤਰ ਬਣਾਉਣ ਅਤੇ ਜੀਵਨ ਭਰ ਸਿੱਖਣ ਦੀ ਭਾਵਨਾ ਨਾਲ ਭਰਪੂਰ ਹੋ ਕੇ ਵਾਪਸ ਗਏ।

## ਮਜੀਠੀਆ ਦੀ ਰਿਹਾਈ 'ਤੇ ਅਕਾਲੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ



ਮੱਲਾਂ ਵਾਲਾ , 3 ਫਰਵਰੀ : ਹਰਪਾਲ ਸਿੰਘ ਖਾਲਸਾ :ਸ਼੍ਰੋਮਣੀ ਅਕਾਲੀ ਦਲ ( ਬਾਦਲ) ਨੇਤਾ ਬਿਕਰਮ ਸਿੰਘ ਮਜੀਠੀਆ ਦੀ ਨਾਭਾ ਜੇਲ੍ਹ ਤੋਂ ਰਿਹਾਈ ਹੋਣ ਦੀ ਖ਼ਬਰ ਮਿਲਦੇ ਹੀ ਅਕਾਲੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਇਸ ਮੌਕੇ ਮੱਲਾਂ ਵਾਲਾ ਦੇ ਮੇਨ ਚੌਕ ਵਿੱਚ ਅਕਾਲੀ ਵਰਕਰਾਂ ਵੱਲੋਂ ਲੱਡੂ ਵੰਡੇ ਗਏ, ਪਟਾਕੇ ਚਲਾਏ ਗਏ ਅਤੇ ਬਿਕਰਮ ਸਿੰਘ ਮਜੀਠੀਆ ਜ਼ਿੰਦਾਬਾਦ ਤੇ ਸ਼੍ਰੋਮਣੀ ਅਕਾਲੀ ਦਲ ਜ਼ਿੰਦਾਬਾਦ ਦੇ ਨਾਅਰੇ ਲਗਾ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।ਅਕਾਲੀ ਆਗੂਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਾਨ ਸਰਕਾਰ ਵੱਲੋਂ ਜਿਸ ਕੇਸ ਤਹਿਤ ਮਜੀਠੀਆ ਨੂੰ ਜੇਲ੍ਹ ਭੇਜਿਆ ਗਿਆ ਸੀ, ਉਸ ਸਬੰਧੀ ਕੋਈ ਵੀ ਪੁਖਤਾ ਸਬੂਤ ਪੇਸ਼ ਨਹੀਂ ਕੀਤਾ ਜਾ ਸਕਿਆ। ਇਸ ਕਾਰਨ ਮਾਨਯੋਗ ਸੁਪਰੀਮ ਕੋਰਟ ਵੱਲੋਂ ਉਨ੍ਹਾਂ ਨੂੰ ਜ਼ਮਾਨਤ 'ਤੇ ਰਿਹਾ ਕਰਨ ਦਾ ਫੈਸਲਾ ਸੁਣਾਇਆ ਗਿਆ।ਇਸ ਮੌਕੇ ਗੁਰਪਿੰਦਰ ਸਿੰਘ ਆਸਿਫ਼ਵਾਲਾ (ਕੌਮੀ ਜਨਰਲ ਸਕੱਤਰ, ਯੂਥ ਅਕਾਲੀ ਦਲ ਪੰਜਾਬ), ਜਸਵਿੰਦਰ ਸਿੰਘ ਭੁੱਲਰ (ਸਰਕਲ ਪ੍ਰਧਾਨ), ਅਜੈ ਸੋਈ, ਮਨਜੀਤ ਸਿੰਘ, ਕੁਲਦੀਪ ਸਿੰਘ ਡੋਗਰਾ (ਮੈਂਬਰ ਕੋਰ ਕਮੇਟੀ), ਨਛੱਤਰ ਸਿੰਘ ਸੰਧੂ, ਬਲਜਿੰਦਰ ਸਿੰਘ, ਰਜਿੰਦਰ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਮੌਜੂਦ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਵਰਕਸ਼ਾਪ ਦਾ ਆਯੋਜਨ



ਫਤਿਹਗੜ੍ਹ ਸਾਹਿਬ, 3 ਫਰਵਰੀ (ਹਰਪ੍ਰੀਤ ਕੌਰ ਟਿਵਾਣਾ)ਸੀ.ਐਸ.ਆਰ.ਆਈ. ਸੈੱਲ ਵੱਲੋਂ ਵਿਭਾਗ ਫਿਜ਼ਿਕਸ ਦੇ ਸਹਿਯੋਗ ਨਾਲ ਬੇਸਿਕਸ ਆਫ਼ ਇਲੈਕਟ੍ਰਿਕਲ ਐਂਡ ਇਲੈਕਟ੍ਰਾਨਿਕ ਕੰਪੋਨੈਂਟਸ ਵਿਸ਼ੇ ਉੱਤੇ ਇੱਕ ਹਫ਼ਤੇ ਦੀ ਵਰਕਸ਼ਾਪ ਸਫ਼ਲਤਾਪੂਰਵਕ ਆਯੋਜਿਤ ਕੀਤੀ ਗਈ। ਵਰਕਸ਼ਾਪ ਦਾ ਮੰਤਵ ਵਿਦਿਆਰਥੀਆਂ ਵਿੱਚ ਇਲੈਕਟ੍ਰਾਨਿਕਸ ਸੰਬੰਧੀ ਮੂਲ ਗਿਆਨ ਮਜ਼ਬੂਤ ਕਰਨਾ ਅਤੇ ਉਨ੍ਹਾਂ ਦੇ ਪ੍ਰੈਕਟੀਕਲ ਹੁਨਰਾਂ ਨੂੰ ਨਿਖਾਰਨਾ ਸੀ। ਵਰਕਸ਼ਾਪ ਵਿੱਚ ਰਜ਼ਿਸਟਰ, ਕੈਪੀਸੀਟਰ, ਇੰਡਕਟਰ, ਡਾਯੋਡ, ਟ੍ਰਾਂਜ਼ਿਸਟਰ, ਸੀ.ਆਰ.ਓ. ਅਤੇ ਫੰਕਸ਼ਨ ਜੈਨਰੇਟਰ ਆਦਿ ਮੁੱਖ ਕੰਪੋਨੈਂਟਾਂ ਬਾਰੇ ਵਿਸ਼ੇਸ਼ਗਿਆਨ ਲੈਕਚਰ ਸ਼ਾਮਲ ਸਨ।ਵਰਕਸ਼ਾਪ ਦਾ ਸੰਚਾਲਨ ਡਾ. ਸੁਖਦੀਪ ਸਿੰਘ, ਅਸਿਸਟੈਂਟ ਪ੍ਰੋਫੈਸਰ, ਵਿਭਾਗ ਫਿਜ਼ਿਕਸ ਵੱਲੋਂ ਕੀਤਾ ਗਿਆ ਅਤੇ ਫਿਜ਼ਿਕਸ, ਮੈਥਮੈਟਿਕਸ ਅਤੇ ਫਿਜ਼ਿਓਥੈਰੇਪੀ ਵਿਭਾਗਾਂ ਦੇ ਲਗਭਗ 100 ਵਿਦਿਆਰਥੀਆਂ ਨੇ ਹੁਲਾਰੇ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਸਿਧਾਂਤਕ ਤੇ ਪ੍ਰੈਕਟੀਕਲ ਦੋਹਾਂ ਸੈਸ਼ਨਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਵਰਕਸ਼ਾਪ ਦੀ ਸ਼ੁਰੂਆਤ ਪ੍ਰੋ. (ਡਾ.) ਤੇਜਬੀਰ ਸਿੰਘ, ਚੇਅਰਮੈਨ, ਕੌਂਸਲ ਫਾਰ ਸਾਇੰਟਿਫਿਕ ਰਿਸਰਚ ਐਂਡ ਇਨੋਵੇਸ਼ਨ ਦੇ ਲੈਕਚਰ ਨਾਲ ਹੋਈ, ਜਿਸ ਵਿੱਚ ਉਨ੍ਹਾਂ ਨੇ ਬੇਸਿਕ ਪੈਸਿਵ ਕੰਪੋਨੈਂਟਾਂ ਅਤੇ ਉਨ੍ਹਾਂ ਦੇ ਐਪਲੀਕੇਸ਼ਨਜ਼ ਬਾਰੇ ਸਪੱਸ਼ਟ ਅਤੇ ਵਿਸਤ੍ਰਿਤ ਜਾਣਕਾਰੀ ਦਿੱਤੀ। ਡਾ. ਪ੍ਰੀਤ ਕੌਰ, ਹੈੱਡ, ਵਿਭਾਗ ਫਿਜ਼ਿਕਸ ਨੇ ਵਿਦਿਆਰਥੀਆਂ ਨੂੰ ਮੂਲ ਇਲੈਕਟ੍ਰਾਨਿਕ ਕੰਪੋਨੈਂਟਾਂ ਨਾਲ ਜਾਣੂ ਕਰਵਾ ਕੇ ਉਨ੍ਹਾਂ ਦੀ ਸੰਕਲਪਕ ਸਮਝ ਨੂੰ ਹੋਰ ਮਜ਼ਬੂਤ ਕੀਤਾ। ਡਾ. ਨਵਜੋਤ ਕੌਰ, ਅਸਿਸਟੈਂਟ ਪ੍ਰੋਫੈਸਰ, ਵਿਭਾਗ ਫਿਜ਼ਿਕਸ ਨੇ ਸੀ.ਆਰ.ਓ. ਅਤੇ ਫੰਕਸ਼ਨ ਜੈਨਰੇਟਰ ਬਾਰੇ ਜਾਣਕਾਰੀਪੂਰਨ ਲੈਕਚਰ ਦਿੱਤਾ ਅਤੇ ਉਨ੍ਹਾਂ ਦੇ ਕੰਮ ਕਰਨ ਦੇ ਤਰੀਕੇ ਤੇ ਪ੍ਰਯੋਗਸ਼ੀਲ ਵਰਤੋਂ ਬਾਰੇ ਵਿਸਥਾਰ ਨਾਲ ਸਮਝਾਇਆ।ਪ੍ਰੈਕਟੀਕਲ ਸੈਸ਼ਨਾਂ ਦੌਰਾਨ ਡਾ. ਸੁਖਦੀਪ ਸਿੰਘ ਨੇ ਵੱਖ-ਵੱਖ ਇਲੈਕਟ੍ਰਾਨਿਕ ਕੰਪੋਨੈਂਟਾਂ ਦੀ ਵਰਤੋਂ ਕਰਕੇ ਸਰਕਿਟ ਤਿਆਰ ਕਰਨ ਦੀ ਪ੍ਰੈਕਟਿਸ ਕਰਵਾਈ। ਵਿਦਿਆਰਥੀਆਂ ਨੇ ਕੰਪੋਨੈਂਟ ਟੈਸਟ ਕਰਨਾ, ਬੇਸਿਕ ਸਰਕਿਟ ਬਣਾਉਣਾ ਅਤੇ ਉਨ੍ਹਾਂ ਦੇ ਕੰਮਕਾਜ ਨੂੰ ਸਮਝਣਾ ਵੀ ਸਿੱਖਿਆ। ਇਸ ਦੌਰਾਨ ਇੰਟੀਗ੍ਰੇਟਿਡ ਸਰਕਿਟਸ ਦੀਆਂ ਬੁਨਿਆਦੀਆਂ ਨਾਲ ਵੀ ਜਾਣੂ ਕਰਵਾਇਆ ਗਿਆ। ਵਰਕਸ਼ਾਪ ਦੇ ਆਖਰੀ ਦਿਨ ਜਸਪ੍ਰੀਤ ਕੌਰ, ਅਸਿਸਟੈਂਟ ਪ੍ਰੋਫੈਸਰ, ਵਿਭਾਗ ਫਿਜ਼ਿਕਸ ਵੱਲੋਂ ਇਲੈਕਟ੍ਰਾਨਿਕ ਕੰਪੋਨੈਂਟਾਂ ਦੇ ਵਿਆਪਕ ਵਰਤੋਂ ਨਾਲ ਸਬੰਧਿਤ ਡੌਕਯੂਮੈਂਟਰੀ ਪ੍ਰਦਰਸ਼ਿਤ ਕੀਤੀ ਗਈ।ਵਰਕਸ਼ਾਪ ਨੇ ਵਿਦਿਆਰਥੀਆਂ ਦੀ ਮੂਲ ਜਾਣਕਾਰੀ ਅਤੇ ਹੱਥ-ਉੱਤੇ ਹੁਨਰਾਂ ਨੂੰ ਨਿਖਾਰਨ ਦੇ ਆਪਣੇ ਲਕਸ਼ ਨੂੰ ਸਫ਼ਲਤਾਪੂਰਵਕ ਪ੍ਰਾਪਤ ਕੀਤਾ।ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ-ਚਾਂਸਲਰ ਨੇ ਵਰਕਸ਼ਾਪ ਦੀ ਸਫ਼ਲ ਅਯੋਜਨਾ ਲਈ ਸਾਰੇ ਟੀਮ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਸੀ.ਐਸ.ਆਰ.ਆਈ. ਸੈੱਲ ਤੇ ਫਿਜ਼ਿਕਸ ਵਿਭਾਗ ਦੀ ਸਕਿਲ-ਬੇਸਡ ਲਰਨਿੰਗ ਨੂੰ ਉਤਸ਼ਾਹਿਤ ਕਰਨ ਲਈ ਕੀਤੀ ਜਾ ਰਹੀ ਮਹੱਤਵਪੂਰਨ ਯੋਗਦਾਨ ਲਈ ਸ੍ਰਾਹਨਾ ਕੀਤੀ। ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿੱਲਿੰਗ, ਡੀਨ, ਅਕਾਦਮਿਕ ਮਾਮਲੇ ਨੇ ਵੀ ਇਸ ਪਹਿਲ ਦੀ ਪ੍ਰਸ਼ੰਸਾ ਕੀਤੀ ਅਤੇ ਵਿਦਿਆਰਥੀਆਂ ਦੀ ਤਕਨੀਕੀ ਸਮਰੱਥਾ ਤੇ ਰੋਜ਼ਗਾਰ ਯੋਗਤਾ ਵਧਾਉਣ ਵਿੱਚ ਅਜੇਹੀਆਂ ਪ੍ਰੈਕਟੀਕਲ ਮੁਹਿੰਮਾਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਇਹ ਵਰਕਸ਼ਾਪ ਯੂਨੀਵਰਸਿਟੀ ਵੱਲੋਂ ਤਕਨੀਕੀ ਨਿਪੁੰਨਤਾ ਅਤੇ ਅਨੁਭਵੀ ਅਧਿਐਨ ਨੂੰ ਪ੍ਰੋਤਸਾਹਿਤ ਕਰਨ ਦੇ ਵਚਨਬੱਧ ਯਤਨਾਂ ਦਾ ਪ੍ਰਮਾਣ ਹੈ।

## ਕੇਂਦਰ ਦੀ ਭਾਜਪਾ ਸਰਕਾਰ ਕਦੋਂ ਤੱਕ ਪੰਜਾਬ ਨਾਲ ਕਰੇਗੀ ਸੌਤੇਲਾ ਵਤੀਰਾ : ਰਾਜੀਵ ਸ਼ਰਮਾ



ਤਲਵਾੜਾ, 3 ਫਰਵਰੀ (ਜਗਮੋਹਨ ਸ਼ਰਮਾ) :ਪੰਜਾਬ ਨਾਲ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਲਗਾਤਾਰ ਕੀਤੇ ਜਾ ਰਹੇ ਸੌਤੇਲੇ ਸਲੂਕ 'ਤੇ ਸਖ਼ਤ ਸਵਾਲ ਖੜੇ ਹੋ ਰਹੇ ਹਨ। ਭਾਜਪਾ ਦਾ ਇਹ ਬਿਆਨ ਕਿ ਰਾਜ ਆਪਣੇ ਆਪ ਆਤਮਨਿਰਭਰ ਬਣਨ, ਅਸਲ ਵਿੱਚ ਰਾਜਾਂ ਤੋਂ ਜ਼ਿੰਮੇਵਾਰੀਆਂ ਤੋਂ ਪੱਲਾ ਝਾੜਨ ਦੇ ਬਰਾਬਰ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਦਸੂਹਾ ਦੇ ਕਾਂਗਰਸ ਸੀਨੀਅਰ ਆਗੂ ਰਾਜੀਵ ਸ਼ਰਮਾ ਨੇ ਕੀਤਾ। ਉਹਨਾਂ ਕਿਹਾ ਕਿ ਕੇਂਦਰ ਦੀ ਇਹ ਸੋਚ ਦਰਸਾਉਂਦੀ ਹੈ ਕਿ ਰਾਜ ਕੇਂਦਰ 'ਤੇ ਨਿਰਭਰ ਨਾ ਰਹਿਣ ਅਤੇ ਆਪਣੀਆਂ ਸਮੱਸਿਆਵਾਂ ਆਪਣੇ ਆਪ ਹੀ ਹੱਲ ਕਰਨ, ਜੋ ਕਿ ਸਹਿਕਾਰੀ ਸੰਘੀ ਢਾਂਚੇ ਦੇ ਬਿਲਕੁਲ ਉਲਟ ਹੈ।ਸਾਲ 2022 ਤੱਕ ਕਿਸਾਨਾਂ ਦੀ ਆਮਦਨ ਦੋਗੁਣੀ ਕਰਨ ਦੇ ਵਾਅਦੇ ਕਰਨ ਵਾਲੀ ਭਾਜਪਾ ਸਰਕਾਰ ਨੇ 2026 ਦੇ ਕੇਂਦਰੀ ਬਜਟ ਵਿੱਚ ਕਿਸਾਨਾਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਹੈ। ਬਜਟ ਵਿੱਚ ਕਿਸਾਨਾਂ ਦੀ ਭਲਾਈ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ, ਸਗੋਂ ਜ਼ਖ਼ਮਾਂ 'ਤੇ ਨਮਕ ਛਿੜਕਣ ਵਰਗਾ ਰਵੱਈਆ ਅਪਣਾਇਆ ਗਿਆ ਹੈ।ਪੰਜਾਬ ਪਿਛਲੇ ਕਈ ਸਾਲਾਂ ਤੋਂ ਬਾਰ-ਬਾਰ ਆਉਂਦੀਆਂ ਬਾਢਾਂ ਦੀ ਮਾਰ ਝੱਲ ਰਿਹਾ ਹੈ। ਇਸ ਸਾਲ ਵੀ ਭਾਰੀ ਬਾਢਾਂ ਕਾਰਨ ਕਿਸਾਨਾਂ ਦੀਆਂ ਫਸਲਾਂ, ਘਰਾਂ ਅਤੇ ਬੁਨਿਆਦੀ ਢਾਂਚੇ ਨੂੰ ਵੱਡਾ ਨੁਕਸਾਨ ਹੋਇਆ, ਪਰ ਇਸ ਦੇ ਬਾਵਜੂਦ ਕੇਂਦਰ ਵੱਲੋਂ ਪੰਜਾਬ ਲਈ ਕੋਈ ਖ਼ਾਸ ਜਾਂ ਵਿਸ਼ੇਸ਼ ਰਾਹਤ ਪੈਕੇਜ ਦਾ ਐਲਾਨ ਨਹੀਂ ਕੀਤਾ ਗਿਆ। ਲੋਕਾਂ ਨੂੰ ਹੁਣ ਸਪੱਸ਼ਟ ਹੋ ਗਿਆ ਹੈ ਕਿ ਖਾਲੀ ਵਾਅਦਿਆਂ ਨਾਲ ਪੰਜਾਬ ਦਾ ਭਲਾ ਨਹੀਂ ਹੋ ਸਕਦਾ। ਇਸ ਲਈ ਪੰਜਾਬ ਦੇ ਲੋਕ ਅਗਾਮੀ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾ ਕੇ ਸੂਬੇ ਨੂੰ ਮੁੜ ਵਿਕਾਸ ਦੀ ਪਟੜੀ 'ਤੇ ਲਿਆਉਣ ਦਾ ਮਨ ਬਣਾ ਚੁੱਕੇ ਹਨ।

## ਬਲਬੀਰ ਸਿੰਘ ਪੰਨੂ ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ



ਬਟਾਲਾ,3 ਫਰਵਰੀ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ)-ਪਿੰਡ ਸਾਰਚੂਰ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਜਿਵੇਂ ਕਿ 28 ਲੱਖ ਦੀ ਲਾਗਤ ਨਾਲ ਖੇਡ ਸਟੇਡੀਅਮ, 6 ਕਿਲੋਮੀਟਰ ਸੜਕ ਲਾਗਤ 90 ਲੱਖ, ਸ਼ਮਸ਼ਾਨ ਘਾਟ ਲਾਗਤ 15 ਲੱਖ, ਨਿਕਾਸੀ ਪਾਣੀ ਦੀ ਸਫਾਈ ਲਈ ਲਾਗਤ 43 ਲੱਖ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਬਲਬੀਰ ਸਿੰਘ ਪੰਨੂ ਨੇ ਕਿਹਾ ਕਿ ਹਲਕੇ ਤੇ ਵਿਕਾਸ ਵਾਸਤੇ ਗਰਾਂਟ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਪਿੰਡ ਸਾਰਚੂਰ ਵਿਖੇ ਵੱਖ ਵੱਖ ਕਾਰਜਾਂ ਦਾ ਦਾ ਅੱਜ ਉਦਘਾਟਨ ਕੀਤਾ ਗਿਆ ਹੈ ਇਸ ਵਿੱਚ ਕੁਝ ਕੰਮ ਬੜੀ ਤੇਜ਼ੀ ਨਾਲ ਚੱਲ ਰਹੇ ਹਨ ਤੇ ਕੁਝ ਕੰਮ ਪੂਰੇ ਹੋ ਚੁੱਕੇ ਹਨ ਮੈਂ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਵਾਉਣਾ ਹਾਂ ਕਿ ਕੋਈ ਵੀ ਕੰਮ ਅਧੂਰਾ ਨਹੀਂ ਰਹਿਣ ਦਿੱਤਾ ਜਾਵੇਗਾ॥ ਇਸ ਮੌਕੇ ਹਲਕਾ ਸੰਗਠਨ ਇੰਚਾਰਜ ਗਗਨਦੀਪ ਪੰਨੂ ਬਲਾਕ ਪ੍ਰਧਾਨ ਰਘਬੀਰ ਸਿੰਘ ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ ਬਲਾਕ ਪ੍ਰਧਾਨ ਮਲਜਿੰਦਰ ਸਿੰਘ ਸਰਪੰਚ ਸਤਿੰਦਰ ਕੌਰ ਬਾਜਵਾ, ਸੁੱਖ ਬਾਜਵਾ ਮੈਂਬਰ ਪੰਚਾਇਤ, ਗੁਰਿੰਦਰ ਸਿੰਘ ਮੈਂਬਰ ਪੰਚਾਇਤ, ਚੈਂਚਲ ਸਿੰਘ ਮੈਂਬਰ ਪੰਚਾਇਤ, ਮਨਜੀਤ ਸਿੰਘ ਮੈਂਬਰ ਪੰਚਾਇਤ, ਦੀਪਕ ਮਸੀਹ ਮੈਂਬਰ ਪੰਚਾਇਤ, ਕਾਲਾ ਮਸੀਹ ਨਰਿੰਦਰ ਸਿੰਘ ਗੁਰਦੀਪ ਸਿੰਘ ਬਾਜਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ

## ਸੁਪਰੀਮ ਕੋਰਟ ਵੱਲੋਂ ਬਿਕਰਮ ਮਜੀਠੀਆ ਨੂੰ ਮਿਲੀ ਰਾਹਤ ਸੱਚ ਦੀ ਜਿੱਤ: ਇੰਦਰਜੀਤ ਸਿੰਘ ਪਡੋਰੀ

### ਝੂਠੇ ਕੇਸਾਂ ਨਾਲ ਸੱਚ ਨਹੀਂ ਦਬਾਇਆ ਜਾ ਸਕਦਾ, 2027 ਵਿੱਚ ਲੋਕ ਦੇਣਗੇ ਕਰਾਰਾ ਜਵਾਬ: ਪਡੋਰੀ




ਅੰਮ੍ਰਿਤਸਰ (ਬਬਲੂ ਮਹਾਜਨ )ਵਾਰਡ ਨੰਬਰ 43 ਤੋਂ ਕੌਂਸਲਰ ਅਤੇ ਸੀਨੀਅਰ ਅਕਾਲੀ ਆਗੂ ਸਰਦਾਰ ਇੰਦਰਜੀਤ ਸਿੰਘ ਪਡੋਰੀ ਨੇ ਸਾਬਕਾ ਕੈਬਨਟ ਮੰਤਰੀ ਸ: ਬਿਕਰਮ ਸਿੰਘ ਮਜੀਠੀਆ ਨੂੰ ਸੁਪਰੀਮ ਕੋਰਟ ਵੱਲੋਂ ਮਿਲੀ ਵੱਡੀ ਰਾਹਤ 'ਤੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਇਹ ਰਿਹਾਈ ਸੱਚ ਦੀ ਜਿੱਤ ਹੈ ।ਉਨ੍ਹਾਂ ਕਿਹਾ ਕਿ ਲੋਕ ਸਰਕਾਰ ਦੀਆਂ
ਲੋਕ ਮਾਰੂ ਨੀਤੀਆਂ ਤੋਂ ਭਲੀਭਾਂਤ ਜਾਣੂ ਹੋ ਚੁੱਕੇ ਹਨ, ਜਿਸ ਦਾ ਜਵਾਬ ਉਹ 2027 ਵਿੱਚ ਆ ਰਹੀਆਂ ਚੋਣਾਂ ਦੌਰਾਨ ਦੇਣਗੇ ਉਨ੍ਹਾਂ ਕਿਹਾ ਕਿ ਰੱਬ ਦੇ ਘਰ ਦੇਰ ਹੈ ਪਰ ਅੰਧੇਰ ਨਹੀਂ, ਭਾਵੇਂ ਕਿ ਫੈਸਲਾ ਆਉਣ 'ਚ ਦੇਰ ਲੱਗੀ ਪਰ ਇਸ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਝੂਠ ਜਿੰਨ੍ਹਾਂ ਮਰਜ਼ੀ ਜ਼ੋਰ ਲਗਾ ਲਵੇ ਇਕ ਨਾ ਇਕ ਦਿਨ ਹਾਰ ਦਾ ਮੂੰਹ ਹੀ ਨਸੀਬ ਹੁੰਦਾ ਹੈ।
ਉਨ੍ਹਾਂ ਕਿਹਾ ਕਿ ਸ: ਮਜੀਠੀਆ ਨੂੰ ਜਿੱਥੇ ਸੁਪਰੀਮ ਕੋਰਟ ਨੇ ਵੱਡੀ ਰਾਹਤ ਪ੍ਰਦਾਨ ਕਰਦਿਆਂ ਜ਼ਮਾਨਤ ਦੀ ਅਰਜ਼ੀ ਮੰਜ਼ੂਰ ਕੀਤੀ ਹੈ, ਉਥੇ ਸੂਬਾ ਸਰਕਾਰ ਨੂੰ ਆੜੇ ਹੱਥੀਂ ਵੀ ਲਿਆ ਹੈ ।ਉਨ੍ਹਾਂ ਕਿਹਾ ਰੰਜਿਸ਼ ਤਹਿਤ ਡਰੱਗ ਅਤੇ ਆਮਦਨ ਤੋਂ ਵਧੇਰੇ ਜਾਇਦਾਦ ਸਬੰਧੀ 2 ਝੂਠੇ ਪਰਚੇ ਦਰਜ ਕਰਵਾਏ, ਜਿਸ ਤਹਿਤ ਉਨ੍ਹਾਂ ਨੂੰ ਜੇਲ੍ਹ ਵਿੱਚ ਰੱਖਿਆ ।ਉਨ੍ਹਾਂ ਕਿਹਾ ਕਿ ਸ: ਮਜੀਠੀਆ
ਨੂੰ ਰਾਜਨੀਤਿਕ ਬਦਲਾਖੋਰੀ ਦੇ ਤਹਿਤ ਝੂਠੇ ਕੇਸਾਂ 'ਚ ਫਸਾਇਆ ਗਿਆ ਸੀ, ਪਰ ਅੱਜ ਅਦਾਲਤ ਦੇ ਫ਼ੈਸਲੇ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਸੱਚ ਨੂੰ ਕਦੇ ਦਬਾਇਆ ਨਹੀਂ ਜਾ ਸਕਦਾ ।ਉਨ੍ਹਾਂ ਕਿਹਾ ਕਿ ਇਹ ਜ਼ਮਾਨਤ ਉਨ੍ਹਾਂ ਲੋਕਾਂ ਲਈ ਵੀ ਸਖ਼ਤ ਸੁਨੇਹਾ ਹੈ ਜੋ ਸਰਕਾਰੀ ਏਜੰਸੀਆਂ ਦਾ ਗਲਤ ਇਸਤੇਮਾਲ ਕਰਕੇ ਵਿਰੋਧੀਆਂ ਦੀ ਆਵਾਜ਼ ਦਬਾਉਣਾ ਚਾਹੁੰਦੇ ਹਨ।.
ਉਨ੍ਹਾਂ ਕਿਹਾ ਕਿ ਸ: ਮਜੀਠੀਆ ਨੇ ਹਮੇਸ਼ਾਂ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਦੀ ਲੜਾਈ ਲੜੀ ਹੈ ਅਤੇ ਭਵਿੱਖ 'ਚ ਵੀ ਉਹ ਹੋਰ ਵੱਧ ਜੋਸ਼ ਨਾਲ ਲੋਕਾਂ ਦੀ ਸੇਵਾ ਕਰਦੇ ਰਹਿਣਗੇ ।ਉਨ੍ਹਾਂ ਨੇ ਮਾਣਯੋਗ ਅਦਾਲਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨਸਾਫ਼ ਪ੍ਰਣਾਲੀ 'ਤੇ ਲੋਕਾਂ ਦਾ ਵਿਸ਼ਵਾਸ ਅਜੇ ਵੀ ਕਾਇਮ ਹੈ।

## ਮਾਨਸਿਕ ਪਰੇਸ਼ਾਨੀ ਕਾਰਨ ਕੋ-ਆਪਰੇਟਿਵ ਇੰਸਪੈਕਟਰ ਨੇ ਖ਼ੁਦ ਨੂੰ ਮਾਰੀ ਗੋਲੀ

ਬਠਿੰਡਾ,3 ਫਰਵਰੀ ( ਦੀਪਕ ਸ਼ਰਮਾ)ਬਠਿੰਡਾ ਤੋਂ ਇੱਕ ਬਹੁਤ ਹੀ ਮੰਦਭਾਗੀ ਅਤੇ ਦਿਲ ਚੀਰਵੀਂ ਖ਼ਬਰ ਸਾਹਮਣੇ ਆਈ ਹੈ, ਜਿੱਥੇ ਇੱਕ ਹੋਣਹਾਰ ਨੌਜਵਾਨ ਅਧਿਕਾਰੀ ਨੇ ਮਾਨਸਿਕ ਪਰੇਸ਼ਾਨੀ ਦੇ ਚਲਦਿਆਂ ਆਪਣੀ ਜ਼ਿੰਦਗੀ ਖ਼ਤਮ ਕਰ ਲਈ। ਰਿੰਗ ਰੋਡ ਦੇ ਨਜ਼ਦੀਕ ਪੈਰਿਸ ਸਿਟੀ ਕਲੋਨੀ ਕੋਲ ਇੱਕ ਕਾਰ ਵਿੱਚੋਂ ਕੋ-ਆਪਰੇਟਿਵ ਸੁਸਾਇਟੀ ਦੇ ਇੰਸਪੈਕਟਰ ਦੀ ਲਾਸ਼ ਮਿਲਣ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈਮ੍ਰਿਤਕ ਦੀ ਪਛਾਣ ਵਿਰਾਟ ਗ੍ਰੀਨ ਕਲੋਨੀ ਦੇ ਰਹਿਣ ਵਾਲੇ 31 ਸਾਲਾ ਦਲਵੀਰ ਸਿੰਘ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਦਲਵੀਰ ਸਿੰਘ ਨੇ ਆਪਣੀ ਲਾਇਸੈਂਸੀ ਪਿਸਤੌਲ ਨਾਲ ਖ਼ੁਦ ਨੂੰ ਗੋਲੀ ਮਾਰ ਕੇ ਆਤਮ ਹੱਤਿਆ ਕਰ ਲਈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਕੈਨਾਲ ਦੀ ਪੁਲਿਸ ਮੌਕੇ ਤੇ ਪਹੁੰਚੀ ਅਤੇ ਕਾਰ ਵਿੱਚੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀਪੁਲਿਸ ਨੂੰ ਮੌਕੇ ਤੋਂ ਇੱਕ ਸੁਸਾਈਡ ਨੋਟ ਵੀ ਬਰਾਮਦ ਹੋਇਆ ਹੈ। ਐੱਸ.ਪੀ. ਸਿਟੀ ਨਰਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਨੇ ਆਪਣੇ ਆਖ਼ਰੀ ਸ਼ਬਦਾਂ ਵਿੱਚ ਮਾਨਸਿਕ ਪਰੇਸ਼ਾਨੀ ਨੂੰ ਹੀ ਇਸ ਖ਼ੌਫ਼ਨਾਕ ਕਦਮ ਦਾ ਕਾਰਨ ਦੱਸਿਆ ਹੈ। ਪਰਿਵਾਰਕ ਮੈਂਬਰਾਂ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਪੁਸ਼ਟੀ ਕੀਤੀ ਹੈ ਕਿ ਦਲਵੀਰ ਸਿੰਘ ਪਿਛਲੇ ਕੁਝ ਸਮੇਂ ਤੋਂ ਮਾਨਸਿਕ ਬਿਮਾਰੀ ਨਾਲ ਜੂਝ ਰਿਹਾ ਸੀ ਅਤੇ ਉਸ ਦਾ ਇਲਾਜ ਵੀ ਚੱਲ ਰਿਹਾ ਸੀ।ਥਾਣਾ ਕੈਨਾਲ ਪੁਲਿਸ ਨੇ ਪਰਿਵਾਰ ਦੇ ਬਿਆਨਾਂ ਦੇ ਆਧਾਰ ਤੇ ਧਾਰਾ 194 ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਪੰਜੋਖਰਾ ਸਾਹਿਬ ਤੋਂ ਆਉਣ ਵਾਲੇ ਨਗਰ ਕੀਰਤਨ ਦੇ ਪ੍ਰਬੰਧਾਂ ਦੀ ਉਲੀਕੀ ਗਈ ਰੂਪ ਰੇਖਾ



ਫਤਿਹਗੜ੍ਹ ਸਾਹਿਬ : 3 ਫਰਵਰੀ : (ਹਰਪ੍ਰੀਤ ਕੌਰ ਟਿਵਾਣਾ): ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਜਨਮਦਿਹਾੜੇ ਨੂੰ ਸਮਰਪਿਤ 9 ਫਰਵਰੀ 2026 ਨੂੰ ਗੁਰਦੁਆਰਾ ਪੰਜੋਖਰਾ ਸਾਹਿਬ (ਅੰਬਾਲਾ) ਤੋਂ ਗੁਰਦੁਆਰਾ ਯਾਦਗਾਰ ਬਾਬਾ ਮੋਤੀ ਰਾਮ ਮਹਿਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਪੰਹਚ ਰਹੇ ਵਿਸ਼ਾਲ ਨਗਰ ਕੀਰਤਨ ਦੀਆਂ ਤਿਆਰੀਆਂ ਲਈ ਸਾਰੇ ਪ੍ਰਬੰਧ ਮੁਕੰਮਲ ਕਰਨ ਉਪਰੰਤ ਚੇਅਰਮੈਨ ਨਿਰਮਲ ਸਿੰਘ ਐਸ ਐਸ ਆਪਣੇ ਟਰੱਸਟੀਆਂ ਨਾਲ ਗੁਰੂਦੁਆਰਾ ਪੰਜੋਖਰਾ ਸਾਹਿਬ ਵਿਖੇ ਪਹੁੰਚੇ ਜਿਥੇ ਗੁਰਦੁਆਰਾ ਪੰਜੋਖਰਾ ਸਾਹਿਬ ਦੇ ਮੈਨੇਜਰ ਅਮਰਿੰਦਰ ਸਿੰਘ, ਸਕੱਤਰ ਕੁਲਦੀਪ ਸਿੰਘ, ਹੈਡ ਗ੍ਰੰਥੀ ਬੂਟਾ ਸਿੰਘ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਚੇਅਰਮੈਨ ਨਿਰਮਲ ਸਿੰਘ ਐਸ ਐਸ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਗੁਰਦੁਆਰਾ ਪੰਜੋਖਰਾ ਸਾਹਿਬ ਦੇ ਪ੍ਰਬੰਧਕਾਂ ਵੱਲੋ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ 9 ਫਰਵਰੀ ਨੂੰ ਸਵੇਰੇ 9 ਵਜੇ ਨਗਰ ਕੀਰਤਨ ਗੁਰਦੁਆਰਾ ਪੰਜੋਖਰਾ ਸਾਹਿਬ ਤੋ ਫਤਿਹਗੜ੍ਹ ਸਾਹਿਬ ਲਈ ਰਵਾਨਾ ਹੋਵੇਗਾ ਜਿਥੇ ਰਸਤੇ ਵਿੱਚ ਸਿੱਖ ਸੰਗਤਾਂ, ਪ੍ਰਬੰਧਕ ਕਮੇਟੀਆਂ, ਗੁਰਦੁਆਰਾ ਕਮੇਟੀਆਂ, ਸਮਾਜ ਸੇਵੀਆਂ ਵੱਲੋ. ਦੁੱਧ, ਚਾਹ ਬਰੈਡ, ਫਲ ਫਰੂਟ ਤੇ ਪ੍ਰਸਾਦਿਆਂ ਦੇ ਲੰਗਰ ਲਾਏ ਜਾਣਗੇ। ਇਸ ਮੌਕੇ ਗੁਰਦੁਆਰਾ ਪੰਜੋਖਰਾ ਸਾਹਿਬ ਤੇ ਮੈਨੇਜਰ ਅਮਰਿੰਦਰ ਸਿੰਘ ਤੇ ਹੈਡ ਗ੍ਰੰਥੀ ਸਰਦਾਰ ਬੂਟਾ ਸਿੰਘ ਨੇ ਦੱਸਿਆ ਕਿ ਨਗਰ ਕੀਤਰਨ ਲਈ ਉਨ੍ਹਾਂ ਵੱਲੋਂ ਪੂਰੀ ਤਿਆਰੀਆਂ ਕਰ ਲਈਆਂ ਹਨ ਤੇ ਸੰਗਤਾਂ ਨੂੰ ਵੀ ਨਗਰ ਕੀਰਤਨ ਵਿੱਚ ਸ਼ਾਮਿਲ ਹੋਣ ਲਈ ਬੇਨਤੀਆਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਸੁਖਦੇਵ ਸਿੰਘ ਰਾਜ, ਸ੍ਰ ਬਲਦੇਵ ਸਿੰਘ ਦੁਸਾਂਝ, ਹੈਡ ਗ੍ਰੰਥੀ ਹਰਦੀਪ ਸਿੰਘ, ਮੈਨੇਜਰ ਨਵਜੋਤ ਸਿੰਘ, ਬਲਦੇਵ ਸਿੰਘ ਲੁਹਾਰਾ, ਐਡਵੋਕੇਟ ਸੰਦੀਪ ਕਸ਼ਿਅਪ, ਰਾਜਕੁਮਾਰ ਪਾਤੜਾਂ, ਅਮੀਚੰਦ ਮਾਛੀਵਾੜਾ, ਗੁਰਚਰਨ ਸਿੰਘ ਧਨੌਲਾ, ਮਹਿੰਦਰ ਸਿੰਘ ਮੋਰਿੰਡਾ, ਪਰਮਜੀਤ ਸਿੰਘ ਖੰਨਾ, ਮਹਿੰਦਰ ਸਿੰਘ ਖੰਨਾ, ਸੰਦੀਪ ਕੌਰ ਚੰਡੀਗੜ੍ਹ, ਜੋਗਿੰਦਰਪਾਲ ਸਿੰਘ, ਕੁਲਦੀਪ ਸਿੰਘ ਜੇ ਈ. ਰਾਮ ਸਿੰਘ ਨੰਡਿਆਲੀ, ਕਰਮ ਸਿੰਘ, ਮੈਨੇਜਰ ਨਵਜੋਤ ਸਿੰਘ, ਸੁੱਚਾ ਸਿੰਘ, ਤਾਰਾ ਸਿੰਘ, ਬੀਬੀ ਬਲਜਿੰਦਰ ਕੌਰ, ਜਸਪਾਲ ਸਿੰਘ ਕਲੋਦੀ, ਬਨਾਰਸੀ ਦਾਸ, ਦਰਸ਼ਨ ਸਿੰਘ ਪਾਇਲ, ਰਾਏ ਸਿੰਘ, ਬਲਵੀਰ ਸਿੰਘ ਆਦਿ ਸਾਮਿਲ ਹਨ।

## ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤੀ) ਨੂੰ ਮਜ਼ਬੂਤ ਕਰਨ ਲਈ ਮੀਟਿੰਗ 25 ਨੂੰ



ਫਤਿਹਗੜ੍ਹ ਸਾਹਿਬ, 3 ਫਰਵਰੀ (ਹਰਪ੍ਰੀਤ ਕੌਰ ਟਿਵਾਣਾ) ਪੰਜਾਬ ਵਿੱਚ ਪੰਥ ਦੀ ਸਰਕਾਰ ਬਨਾਉਣ ਲਈ ਪੰਥਕ ਸ਼ਕਤੀ ਨੂੰ ਮਜ਼ਬੂਤ ਕਰਨ ਦੀ ਸਖਤ ਜ਼ਰੂਰਤ ਹੈ । ਇਸ ਲਈ ਲੋਕ ਲਹਿਰ ਬਨਾਉਣ ਅਤੇ ਪੰਜਾਬੀਆਂ ਨੂੰ ਜਾਗਰੂਕ ਕਰਨ ਦੀ ਵੀ ਵੱਡੀ ਜ਼ਰੂਰਤ ਹੈ । ਇਸ ਸੰਧਰਵ ਵਿੱਚ ਹੀ ਸ਼੍ਰੋਮਣੀ ਅਕਾਲੀ ਦੱਲ ( ਪੁਨਰਸੁਰਜੀਤੀ ) ਦੀ ਇੱਕ ਵਿਸ਼ੇਸ਼ ਮੀਟਿੰਗ ਮਿਤੀ 25 ਫਰਵਰੀ 2026 ਨੂੰ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਰੱਖੀ ਗਈ ਹੈ । ਜਿਸ ਦੀ ਤਿਆਰੀ ਲਈ ਸਰਕਲ ਪ੍ਰਧਾਨਾਂ ਦੀ ਇੱਕ ਵਿਸ਼ੇਸ਼ ਮੀਟਿੰਗ ਮਨਦੀਪ ਸਿੰਘ ਤਰਖਾਣ ਮਾਜਰਾ ਜ਼ਿਲਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ , ਜਿਸ ਵਿੱਚ ਅਕਾਲੀ ਦੱਲ ਦੀ ਸਨੀਅਰ ਲੀਡਰਸਿੱਪ ਵੀ ਨੇ ਵੀ ਸਮੂਲੀਅਤ ਕੀਤੀ । ਇਸ ਮੌਕੇ ਬੋਲਦਿਆਂ ਪਾਰਟੀ ਦੇ ਸੀਨੀਅਰ ਆਗੂ ਰਣਬੀਰ ਸਿੰਘ ਪੂਨੀਆਂ ਬੀਬੀਪੁਰ, ਜਥੇਦਾਰ ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਕਮੇਟੀ , ਹਰਵੇਲ ਸਿੰਘ ਮਾਧੋਪੁਰ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਅਮਰਇੰਦਰ ਸਿੰਘ ਲਿਬੜਾ ਨੇ ਕਿਹਾ ਕਿ ਇਸ ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦੱਲ ਪੁਨਰ ਸੁਰਜੀਤੀ ਨੂੰ ਮਜ਼ਬੂਤ ਕਰਨ ਲਈ ਪਿੰਡ ਪੱਧਰ ਤੱਕ ਸੰਗਤਾਂ ਨੂੰ ਲਾਮਵੰਦ ਕਰਨ ਲਈ ਵਿਚਾਰਾਂ ਕੀਤੀਆਂ ਗਈਆਂ । ਮੀਟਿੰਗ ਦੀ ਕਾਰਵਾਈ ਜੱਸਾ ਸਿੰਘ ਆਹਲੂਵਾਲੀਆ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ ਨੇ ਚਲਾਈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨਜੀਤ ਸਿੰਘ ਖਾਲਸਪੁਰ, ਦਰਬਾਰਾ ਸਿੰਘ ਰੰਧਾਵਾ, ਬਲਤੇਜ ਸਿੰਘ ਮਹਿਮੂਦਪੁਰ, ਅਮਰਜੀਤ ਸਿੰਘ ਮੁੜਝੀਆ, ਪਰਮਜੀਤ ਸਿੰਘ , ਡਾ. ਮਨਜੀਤ ਸਿੰਘ, ਸਰਿੰਦਰ ਸਿੰਘ ਸੁਹਾਗਹੇੜੀ, ਅਜੀਤ ਸਿੰਘ ਸਰਕਲ ਪ੍ਰਧਾਨ , ਜਰਨੈਲ ਸਿੰਘ ਸਰਕਲ ਪ੍ਰਧਾਨ, ਕੇਸਰ f ਭੁਪਿੰਦਰ ਸਿੰਘ ਸਰਕਲ ਪ੍ਰਧਾਨ ਸਮੇਤ ਵੱਡੀ ਗਿਣਤੀ ਵਿੱਚ ਵਰਕਰਾਂ ਸ਼ਾਮਲ ਹੋਏ ।

## ਭਗਤ ਰਵਿਦਾਸ ਸਾਰਿਆਂ ਲਈ ਪ੍ਰੇਰਨਾ ਸਰੋਤ: ਜਥੇਦਾਰ ਗਾਗਾ/ਨੰਗਲਾ





ਲਹਿਰਾਗਾਗਾ 3 ਫਰਵਰੀ (ਗੁਰਦੀਪ ਸਿੰਘ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਹਲਕਾ ਇੰਚਾਰਜ ਜਥੇਦਾਰ ਪ੍ਰਗਟ ਸਿੰਘ ਗਾਗਾ ਅਤੇ ਅਕਾਲੀ ਦਲ ਦੇ ਸੀਨੀਅਰ ਆਗੂ ਜਥੇਦਾਰ ਜਗਦੀਪ ਸਿੰਘ ਨੰਗਲਾ ਸਾਬਕਾ ਸਰਪੰਚ ਨੇ ਸ਼੍ਰੋਮਣੀ ਭਗਤ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਦੀਆਂ ਪੰਜਾਬ ਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਭਗਤ ਗੁਰੂ ਰਵਿਦਾਸ ਜੀ ਇੱਕ ਮਹਾਨ ਕ੍ਰਾਂਤੀਕਾਰੀ ਮਹਾਂਪੁਰਸ਼ ਸਨ, ਜਿਨਾਂ ਵੱਲੋਂ ਵਿਖਾਇਆ ਮਾਰਗ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਸਰੋਤ ਹੈ, ਜਥੇਦਾਰ ਗਾਗਾ ਅਤੇ ਜਥੇਦਾਰ ਨੰਗਲਾ ਨੇ ਕਿਹਾ ਕਿ ਭਗਤ ਰਵਿਦਾਸ ਜੀ ਨੇ ਸਾਰੀ ਜਿੰਦਗੀ ਪੂਰੀ ਦ੍ਰਿੜਤਾ ਅਤੇ ਸਿਦਕਦਿਲੀ ਨਾਲ ਭਾਰਤੀਆਂ ਅੰਦਰ ਫੈਲੇ ਵਰਣਵੰਡ ,ਜਾਤ ਪਾਤ ਦੇ ਸਿਸਟਮ, ਊਚ ਨੀਚ ਦੀ ਨਖਿੱਧ ਧਾਰਨਾ ਵਿਰੁੱਧ ਅਤੇ ਮਨੁੱਖੀ ਬਰਾਬਰੀ ਅਤੇ ਮਨੁੱਖੀ ਅਧਿਕਾਰਾਂ ਲਈ ਸੰਘਰਸ਼ ਕੀਤਾ। ਉਹਨਾਂ ਕਿਹਾ ਕਿ ਸਿੱਖ ਧਰਮ ਦੇ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਭਗਤ ਰਵਿਦਾਸ ਜੀ ਵੱਲੋਂ ਰਚੀ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕਰਕੇ ਉਨ੍ਹਾਂ ਨੂੰ ਵੱਡਾ ਮਾਣ ਸਨਮਾਨ ਦਿੱਤਾ ਅਤੇ ਦਸ਼ਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ਼ਬਦ ਨੂੰ ਸ਼ਬਦ ਗੁਰੂ ਦਾ ਦਰਜਾ ਦੇ ਕੇ ਭਗਤ ਰਵਿਦਾਸ ਜੀ ਦੀ ਬਾਣੀ ਨੂੰ ਵੀ ਗੁਰੂ ਦਾ ਦਰਜਾ ਦਿੱਤਾ, ਜਥੇਦਾਰ ਗਾਗਾ ਅਤੇ ਜਥੇਦਾਰ ਨੰਗਲਾ ਨੇ ਅੱਗੇ ਗੱਲਬਾਤ ਕਰਦਿਆਂ ਅੱਗੇ ਕਿਹਾ ਕਿ ਅਖੌਤੀ ਆਧੁਨਿਕ ਵਿਗਿਆਨਿਕ ਯੁੱਗ ਵਿੱਚ ਭਾਰਤੀ ਜਨਤਾ ਵਿੱਚ ਜਾਤ ਪਾਤ ਦਾ ਕੋਹੜ, ਊਚ ਨੀਚ ਦੀ ਭਾਵਨਾ, ਵਰਣਵੰਡ ਦੀ ਸੋਚ ਹਾਲੇ ਵੀ ਪ੍ਰਫੁੱਲਤ ਹੋ ਰਹੀ ਹੈ, ਜਿਸ ਨਾਲ ਸਮੁੱਚਾ ਦੇਸ਼ ਕਮਜ਼ੋਰ ਹੋ ਰਿਹਾ ਹੈ, ਉਹਨਾਂ ਕਿਹਾ ਕਿ ਆਓ ਆਪਾਂ ਸਾਰੇ ਮਿਲ ਕੇ ਇਸ ਨਖਿੱਧ ਸੋਚ ਅਤੇ ਗੈਰ ਕੁਦਰਤੀ ਵਰਤਾਰੇ ਦਾ ਡੱਟ ਕੇ ਵਿਰੋਧ ਕਰੀਏ,ਤਾਂ ਕਿ ਅਸੀਂ ਉਨਾਂ ਵਲੋਂ ਦਰਸਾਏ ਮਾਰਗ ਤੇ ਚੱਲ ਸਕੀਏ,

## ਭੋਜੋਵਾਲੀ ਅਕੈਡਮੀ ਵਿਖੇ ਸਲਾਨਾ ਗੁਰਮਤਿ ਸਮਾਗਮ 5 ਅਤੇ 6 ਫਰਵਰੀ ਨੂੰ, - ਜੱਖਲਾਂ



ਧੂਰੀ, 3 ਫ਼ਰਵਰੀ (ਰਾਜੇਸ਼ਵਰ ਪਿੰਟੂ) - ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਦੀ ਪਵਿੱਤਰ ਯਾਦ ਨੂੰ ਸਮਰਪਿਤ, ਸੰਤ ਅਤਰ ਸਿੰਘ ਅਕਾਲ ਅਕੈਡਮੀ ਭੋਜੋਵਾਲੀ ਵਿਖੇ ਸਲਾਨਾ ਗੁਰਮਤਿ ਸਮਾਗਮ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਕੈਡਮੀ ਦੇ ਚੇਅਰਮੈਨ ਭਾਈ ਕਰਮਜੀਤ ਸਿੰਘ ਜੱਖਲਾ ਨੇ ਦੱਸਿਆ ਕਿ ਇਹ ਸਮਾਗਮ 5 ਅਤੇ 6 ਫਰਵਰੀ ਨੂੰ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ।ਉਨ੍ਹਾਂ ਦੱਸਿਆ ਕਿ ਦਸ਼ਮੇਸ਼ ਚੈਰੀਟੇਬਲ ਟਰਸਟ ਅਤੇ ਇਲਾਕਾ ਨਿਵਾਸੀਆਂ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸਮਾਗਮ ਦੌਰਾਨ ਸੰਤ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ ਅਤੇ ਹੋਰ ਉੱਘੇ ਮਹਾਂਪੁਰਸ਼ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਗਤਾਂ ਨੂੰ ਹਰੀ ਜਸ ਅਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕਰਨਗੇ। ਸਮਾਗਮ ਦਾ ਮੁੱਖ ਆਕਰਸ਼ਣ ਅਕੈਡਮੀ ਦੇ ਵਿਦਿਆਰਥੀ ਹੋਣਗੇ, ਜੋ ਆਪਣੀ ਸੁਰੀਲੀ ਆਵਾਜ਼ ਵਿੱਚ ਰਸਭਿੰਨਾ ਕੀਰਤਨ ਗਾਇਨ ਕਰਕੇ ਆਈਆਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।ਚੇਅਰਮੈਨ ਜੱਖਲਾ ਨੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਦੋਵਾਂ ਦਿਨਾਂ ਦੇ ਸਮਾਗਮਾਂ ਵਿੱਚ ਹੁੰਮ-ਹੁਮਾ ਕੇ ਪਹੁੰਚਣ ਅਤੇ ਗੁਰੂ ਜੀ ਦਾ ਜਸ ਸਰਵਣ ਕਰਕੇ ਆਪਣਾ ਜੀਵਨ ਸਫਲ ਕਰਨ। ਅਕੈਡਮੀ ਪ੍ਰਬੰਧਕਾਂ ਵੱਲੋਂ ਸਮਾਗਮ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ ਤਾਂ ਜੋ ਸੰਗਤਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ।

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼-ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ।



ਗੜਦੀਵਾਲਾ 3 ਜਨਵਰੀ (ਗੌਰਵ )ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸਕੱਤਰ (ਸਿੱਖਿਆ) ਸ. ਸੁਖਮਿੰਦਰ ਸਿੰਘ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼-ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕੀਤਾ ਗਿਆ। ਕਾਲਜ ਦੇ ਵਿਦਿਆਰਥੀਆਂ ਦੁਆਰਾ ਸੰਗਤੀ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਗਿਆ। ਇਸ ਉਪਰੰਤ ਭਾਈ ਅਵਤਾਰ ਸਿੰਘ ਹੁਸ਼ਿਆਰਪੁਰ ਵਾਲੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਰਸ ਭਿੰਨੇ ਕੀਰਤਨ ਰਾਹੀਂ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਵਿਦਿਆਰਥੀਆਂ ਦੇ ਦਸਤਾਰ ਅਤੇ ਦੁਮਾਲਾ ਸਜਾਉਣ ਮੁਕਾਬਲੇ ਕਰਵਾਏ ਗਏ। ਇਸ ਧਾਰਮਿਕ ਸਮਾਗਮ ਵਿੱਚ ਇਲਾਕੇ ਦੀਆਂ ਵੱਖ-ਵੱਖ ਸੰਸਥਾਵਾਂ ਦੇ ਪ੍ਰਿੰਸੀਪਲ ਸਾਹਿਬਾਨ, ਸਟਾਫ਼ ਮੈਂਬਰ, ਵਿਦਿਆਰਥੀ ਅਤੇ ਇਲਾਕੇ ਦੀਆਂ ਸੰਗਤਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ੂਰੀ ਵਿੱਚ ਹਾਜ਼ਰੀ ਭਰੀ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼-ਪੁਰਬ ਦੀ ਵਧਾਈ ਦਿੰਦਿਆਂ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਵਿਦਿਆਰਥੀਆਂ ਨੂੰ ਗੁਰੂਆਂ ਦੇ ਦਰਸਾਏ ਮਾਰਗ ਤੇ ਚੱਲ ਕੇ ਸਮਾਜ ਦੇ ਸਾਰਥਕ ਕਾਰਜਾਂ ਵਿੱਚ ਯੋਗਦਾਨ ਪਾਉਣ ਦਾ ਸੁਨੇਹਾ ਦਿੱਤਾ।

## ਸਰਕਾਰੀ ਸੇਵਾਵਾਂ ਦੀ ਸਮਾਂਬੱਧ ਸਪੁਰਦਗੀ 'ਤੇ ਜ਼ੋਰ : ਵੀ.ਕੇ. ਜੰਜੂਆ

### ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਮੁੱਖ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ



ਫਤਹਿਗੜ੍ਹ ਸਾਹਿਬ, 3 ਫਰਵਰੀ: (ਹਰਪ੍ਰੀਤ ਕੌਰ ਟਿਵਾਣਾ) ਇਹ ਸਿਖਲਾਈ ਸੈਸ਼ਨ ਭਾਰਤ ਸਰਕਾਰ ਦੁਆਰਾ ਸਪਾਂਸਰ ਕੀਤੇ ਪ੍ਰੋਜੈਕਟ, ਪੰਜਾਬ ਵਿੱਚ ਪੈਂਡੈਂਸੀ ਪ੍ਰਬੰਧਨ ਲਈ ਕੇਂਦਰੀਕ੍ਰਿਤ ਯੂਨੀਫਾਈਡ ਡਿਜੀਟਲ ਸੇਵਾਵਾਂ ਪੋਰਟਲ ਅਤੇ ਡੇਟਾ ਰਿਪੋਜ਼ਟਰੀ ਦਾ ਵਿਕਾਸ ਅਧੀਨ ਡਿਪਟੀ ਕਮਿਸ਼ਨਰ ਦਫ਼ਤਰ, ਫਤਿਹਗੜ੍ਹ ਸਾਹਿਬ; ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ ਅਤੇ ਪ੍ਰਸ਼ਾਸਨ ਸੁਧਾਰ ਅਤੇ ਸੂਚਨਾ ਤਕਨਾਲੋਜੀ ਵਿਭਾਗ ਦੇ ਸਹਿਯੋਗ ਨਾਲ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਨਾਗਰਿਕਾਂ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਸਰਕਾਰੀ ਸੇਵਾਵਾਂ ਪ੍ਰਦਾਨ ਕਰਨਾ ਸਰਕਾਰੀ ਕਰਮਚਾਰੀਆਂ ਦਾ ਫਰਜ਼ ਹੈ, ਅਤੇ ਇਸ ਸਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਸੋਨਾ ਥਿੰਦ, ਵਧੀਕ ਡਿਪਟੀ ਕਮਿਸ਼ਨਰ ਸ਼੍ਰੀਮਤੀ ਪੂਜਾ ਸਿਆਲ ਗਰੇਵਾਲ ਅਤੇ ਡਾ. ਨਯਨ, ਸਕੱਤਰ, ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਵੀ ਮੌਜੂਦ ਸਨ।ਸ਼੍ਰੀ ਵੀ.ਕੇ. ਜੰਜੂਆ ਨੇ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਮਾਂਬੱਧ ਅਤੇ ਜ਼ਿੰਮੇਵਾਰ ਢੰਗ ਨਾਲ ਆਪਣੀਆਂ ਡਿਊਟੀਆਂ ਨਿਭਾਉਣ। ਮੀਟਿੰਗ ਦੌਰਾਨ, ਇਹ ਦੱਸਿਆ ਗਿਆ ਕਿ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਜ਼ਿਲ੍ਹੇ ਦੇ ਸਾਰੇ ਵਿਭਾਗਾਂ ਤੋਂ ਡੇਟਾ ਇਕੱਠਾ ਕਰਨਗੇ ਅਤੇ ਇਸਨੂੰ ਕਮਿਸ਼ਨ ਨੂੰ ਭੇਜਣਗੇ, ਜਿਸ ਵਿੱਚ ਡਰਾਈਵਿੰਗ ਲਾਇਸੈਂਸ, ਇਮਾਰਤ ਯੋਜਨਾਵਾਂ ਅਤੇ ਹੋਰ ਨਾਗਰਿਕ ਸੇਵਾਵਾਂ ਨਾਲ ਸਬੰਧਤ ਡੇਟਾ ਸ਼ਾਮਲ ਹੈ। ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਏਡੀਸੀ (ਜਨਰਲ) ਦੁਆਰਾ ਡੇਟਾ ਦੇ ਵਿਸਤ੍ਰਿਤ ਵਿਸ਼ਲੇਸ਼ਣ ਤੋਂ ਬਾਅਦ ਹੀ ਰਿਪੋਰਟ ਭੇਜੀ ਜਾਵੇ।ਮੀਟਿੰਗ ਵਿੱਚ ਨਗਰ ਕੌਂਸਲਾਂ ਅਤੇ ਸਾਰੇ ਵਿਭਾਗਾਂ ਦੇ ਮਨੋਨੀਤ ਅਧਿਕਾਰੀਆਂ ਅਤੇ ਅਪੀਲੀ ਅਧਿਕਾਰੀਆਂ ਦੀ ਭੂਮਿਕਾ ਬਾਰੇ ਵੀ ਚਰਚਾ ਕੀਤੀ ਗਈ। ਪ੍ਰੋਗਰਾਮ ਦੌਰਾਨ, ਸ਼੍ਰੀ ਜੰਜੂਆ ਨੇ ਦੱਸਿਆ ਕਿ ਆਟੋ-ਅਪੀਲ ਮੋਡੀਊਲ ਨੂੰ ਲਾਈਵ ਕੀਤਾ ਗਿਆ ਹੈ ਅਤੇ ਅਪੀਲਾਂ ਏਡੀਸੀਜ਼ ਦੇ ਖਾਤਿਆਂ ਵਿੱਚ ਭੇਜੀਆਂ ਜਾ ਰਹੀਆਂ ਹਨ।ਅਧਿਕਾਰੀਆਂ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਵੀ.ਕੇ. ਜੰਜੂਆ ਨੇ ਕਿਹਾ ਕਿ ਕਨੈਕਟ ਪੰਜਾਬ ਵੈੱਬਸਾਈਟ ਤੇ ਉਪਲਬਧ ਅਪੀਲੀ ਮੋਡੀਊਲ ਰਾਹੀਂ, ਨਾਗਰਿਕ ਉਨ੍ਹਾਂ ਮਾਮਲਿਆਂ ਵਿੱਚ ਅਪੀਲ ਦਾਇਰ ਕਰ ਸਕਦੇ ਹਨ ਜਿੱਥੇ ਸੇਵਾਵਾਂ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪ੍ਰਦਾਨ ਨਹੀਂ ਕੀਤੀਆਂ ਜਾਂਦੀਆਂ ਹਨ।ਕਮਿਸ਼ਨਰ ਨੇ ਅੱਗੇ ਸਪੱਸ਼ਟ ਕੀਤਾ ਕਿ ਅਪੀਲੀ ਅਥਾਰਟੀ ਕੋਲ_ 5,000 ਤੱਕ ਦਾ ਜੁਰਮਾਨਾ ਲਗਾਉਣ ਦੀ ਸ਼ਕਤੀ ਹੈ। ਇਹ ਕਿਹਾ ਗਿਆ ਸੀ ਕਿ ਅਜਿਹੇ ਮਾਮਲਿਆਂ ਦੀ ਸਖ਼ਤੀ ਨਾਲ ਜਾਂਚ ਕੀਤੀ ਜਾਵੇਗੀ, ਅਤੇ ਜਿੱਥੇ ਬਿਨਾਂ ਕਿਸੇ ਜਾਇਜ਼ ਕਾਰਨ ਦੇ ਇਤਰਾਜ਼ ਉਠਾਏ ਜਾਂਦੇ ਹਨ, ਤਾਂ ਐਕਟ ਦੀ ਧਾਰਾ 16(3) ਦੇ ਤਹਿਤ ਪ੍ਰਤੀ ਕੇਸ_ 10,000 ਤੱਕ ਦਾ ਜੁਰਮਾਨਾ ਲਗਾਇਆ ਜਾਵੇਗਾ।ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਟੁਕੜੇ-ਟੁਕੜੇ ਇਤਰਾਜ਼ ਉਠਾਉਣਾ ਅਤੇ ਬਿਨਾਂ ਕਿਸੇ ਜਾਇਜ਼ ਕਾਰਨ ਦੇ ਕਿਸੇ ਵੀ ਅਰਜ਼ੀ ਨੂੰ ਕਈ ਵਾਰ ਰੱਦ ਕਰਨਾ ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਡਿਲੀਵਰੀ ਆਫ਼ ਪਬਲਿਕ ਸਰਵਿਸਿਜ਼ ਐਕਟ, 2018 ਦੀ ਧਾਰਾ 6(1) ਅਤੇ 6(2) ਦੀ ਸਿੱਧੀ ਉਲੰਘਣਾ ਹੈ, ਜੋ ਇਹ ਹੁਕਮ ਦਿੰਦੀ ਹੈ ਕਿ ਹਰੇਕ ਪੂਰੀ ਅਰਜ਼ੀ ਦਾ ਨਿਪਟਾਰਾ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਕੀਤਾ ਜਾਣਾ ਚਾਹੀਦਾ ਹੈ ਜਾਂ ਜਾਇਜ਼ ਕਾਰਨਾਂ ਨਾਲ ਰੱਦ ਕੀਤਾ ਜਾਣਾ ਚਾਹੀਦਾ ਹੈ।ਮੁੱਖ ਕਮਿਸ਼ਨਰ ਨੇ ਨਿਰਦੇਸ਼ ਦਿੱਤੇ ਕਿ ਸੇਵਾ ਕੇਂਦਰਾਂ, ਸਾਂਝ ਕੇਂਦਰਾਂ ਅਤੇ ਫਰਦ ਕੇਂਦਰਾਂ ਤੇ ਸੂਚਨਾ ਬੋਰਡ ਲਗਾਏ ਜਾਣ ਤਾਂ ਜੋ ਨਾਗਰਿਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਬਾਰੇ ਜਾਣੂ ਕਰਵਾਇਆ ਜਾ ਸਕੇ।

## ਰਿਸ਼ਵਤ ਲੈਣ ਦੇ ਦੋਸ਼ ਹੇਠ ਕਲਰਕ ਗ੍ਰਿਫ਼ਤਾਰ



ਬਠਿੰਡਾ, 3 ਫਰਵਰੀ( ਦੀਪਕ ਸ਼ਰਮਾ)ਬਠਿੰਡਾ ਦੇ ਜ਼ਿਲ੍ਹਾ ਟ੍ਰਾਂਸਪੋਰਟ ਦਫ਼ਤਰ ਵਿੱਚ ਉਸ ਵੇਲੇ ਹੜਕੰਪ ਮਚ ਗਿਆ ਜਦੋਂ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਖ਼ਿਲਾਫ਼ ਸਖ਼ਤੀ ਦਿਖਾਉਂਦੇ ਹੋਏ ਇੱਕ ਕਲਰਕ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਦਬੋਚ ਲਿਆ। ਲੋਕਾਂ ਦੀਆਂ ਫ਼ਾਈਲਾਂ ਰੋਕ ਕੇ ਆਪਣੀਆਂ ਜੇਬਾਂ ਭਰਨ ਵਾਲੇ ਇਸ ਮੁਲਾਜ਼ਮ ਦੀ ਪਛਾਣ ਡੇਵਿਡ ਕੁਮਾਰ ਵਜੋਂ ਹੋਈ ਹੈ, ਜੋ ਕਾਫ਼ੀ ਸਮੇਂ ਤੋਂ ਲੋਕਾਂ ਨੂੰ ਕੰਮਾਂ ਬਦਲੇ ਪ੍ਰੇਸ਼ਾਨ ਕਰ ਰਿਹਾ ਸੀ।ਪ੍ਰਾਪਤ ਜਾਣਕਾਰੀ ਅਨੁਸਾਰ ਰਾਜੀਵ ਕੁਮਾਰ ਨਾਮੀ ਵਿਅਕਤੀ ਨੇ ਵਿਜੀਲੈਂਸ ਕੋਲ ਸ਼ਿਕਾਇਤ ਦਰਜ ਕਰਵਾਈ ਸੀ ਕਿ ਡੇਵਿਡ ਕੁਮਾਰ ਵਾਹਨਾਂ ਦੀ ਅਪਰੂਵਲ ਦੇਣ ਦੇ ਨਾਂ ਤੇ ਲਗਾਤਾਰ ਰਿਸ਼ਵਤ ਦੀ ਮੰਗ ਕਰ ਰਿਹਾ ਸੀ। ਸ਼ਿਕਾਇਤਕਰਤਾ ਨੇ ਦੱਸਿਆ ਕਿ ਪੈਸੇ ਨਾ ਦੇਣ ਕਾਰਨ ਉਸ ਦੇ ਕੰਮ ਨੂੰ ਜਾਣਬੁੱਝ ਕੇ ਲਟਕਾਇਆ ਜਾ ਰਿਹਾ ਸੀ। ਇਸ ਸ਼ਿਕਾਇਤ ਦੀ ਪੁਸ਼ਟੀ ਹੋਣ ਤੋਂ ਬਾਅਦ ਵਿਜੀਲੈਂਸ ਦੀ ਟੀਮ ਨੇ ਅੱਜ ਦੁਪਹਿਰ ਸਮੇਂ ਜ਼ਿਲ੍ਹਾ ਟ੍ਰਾਂਸਪੋਰਟ ਦਫ਼ਤਰ ਵਿੱਚ ਅਚਾਨਕ ਛਾਪਾ ਮਾਰਿਆ ਅਤੇ ਡੇਵਿਡ ਕੁਮਾਰ ਨੂੰ 2700 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ਤੇ ਹੀ ਗ੍ਰਿਫ਼ਤਾਰ ਕਰ ਲਿਆ।ਵਿਜੀਲੈਂਸ ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਹੁਣ ਇਸ ਗੱਲ ਦੀ ਵੀ ਗਹਿਰਾਈ ਨਾਲ ਜਾਂਚ ਕਰ ਰਹੀ ਹੈ ਕਿ ਕੀ ਇਸ ਰਿਸ਼ਵਤਖ਼ੋਰੀ ਵਿੱਚ ਦਫ਼ਤਰ ਦੇ ਹੋਰ ਵੀ ਕੋਈ ਉੱਚ ਅਧਿਕਾਰੀ ਜਾਂ ਕਰਮਚਾਰੀ ਸ਼ਾਮਲ ਹਨ।

# ਤਿੰਨ ਮਹੀਨੇ 'ਚ ਤਿੰਨ ਕਰੋੜ ਲਾਭਪਾਤਰੀਆਂ ਨੂੰ ਜਾਰੀ ਕੀਤੇ ਜਾਣਗੇ ਸਿਹਤ ਯੋਜਨਾ ਕਾਰਡ : ਅਮਨ ਅਰੋੜਾ



ਸੁਨਾਮ ਊਧਮ ਸਿੰਘ ਵਾਲਾ, 3 ਫਰਵਰੀ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਸ਼ੁਰੂ ਕੀਤੀ 'ਮੁੱਖ ਮੰਤਰੀ ਸਿਹਤ ਯੋਜਨਾ' ਦਾ ਲਾਭ ਹਰੇਕ ਪਰਿਵਾਰ ਨੂੰ ਯਕੀਨੀ ਬਣਾਉਣ ਲਈ ਤਿੰਨ ਮਹੀਨੇ ਵਿੱਚ ਸੂਬੇ ਦੇ ਤਿੰਨ ਕਰੋੜ ਲਾਭਪਾਤਰੀਆਂ ਨੂੰ ਸਿਹਤ ਯੋਜਨਾ ਕਾਰਡ ਜਾਰੀ ਕੀਤੇ ਜਾਣਗੇ। ਇਸ ਟੀਚੇ ਨੂੰ ਪੂਰਾ ਕਰਨ ਲਈ ਪਿੰਡ ਪਿੰਡ ਕੈਂਪ ਲਗਾਉਣੇ ਸ਼ੁਰੂ ਕਰ ਦਿੱਤੇ ਗਏ ਹਨ। ਵਿਧਾਨ ਸਭਾ ਹਲਕਾ ਸੁਨਾਮ ਊਧਮ ਸਿੰਘ ਵਾਲਾ ਦੇ ਪਿੰਡ ਸ਼ੇਰੋਂ ਵਿਖੇ ਕੈਂਪ ਦੌਰਾਨ ਹਾਜ਼ਰੀ ਲਗਾਉਂਦਿਆਂ ਅਮਨ ਅਰੋੜਾ ਨੇ ਕਿਹਾ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ। ਉਹਨਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਨੇ ਪਿੰਡਾਂ ਤੇ ਮੁਹੱਲਿਆਂ ਵਿੱਚ ਲਗਭਗ 1,000 ਮੁਹੱਲਾ ਕਲੀਨਿਕ ਬਣਾਏ ਹਨ। ਪਿਛਲੇ 75 ਸਾਲਾਂ ਵਿੱਚ, ਸਾਰੀਆਂ ਸਰਕਾਰਾਂ ਨੇ ਮਿਲ ਕੇ ਸਿਰਫ਼ 400 ਪ੍ਰਾਇਮਰੀ ਹੈਲਥ ਸੈਂਟਰ ਖੋਲ੍ਹੇ ਹਨ, ਜਦੋਂ ਕਿ ਮੌਜੂਦਾ ਸਰਕਾਰ ਨੇ ਸਿਰਫ਼ ਚਾਰ ਸਾਲਾਂ ਵਿੱਚ 1,000 ਮੁਹੱਲਾ ਕਲੀਨਿਕ ਬਣਾਏ ਹਨ ਤੇ ਹੋਰ 500 ਨਿਰਮਾਣ ਅਧੀਨ ਹਨ। ਅਗਲੇ ਚਾਰ ਤੋਂ ਪੰਜ ਮਹੀਨਿਆਂ ਵਿੱਚ, 2,500 'ਪਿੰਡ ਕਲੀਨਿਕ' ਖੋਲ੍ਹੇ ਜਾਣਗੇ। ਉਹਨਾਂ ਕਿਹਾ ਕਿ ਪਹਿਲਾਂ, ਪੰਜਾਬ ਦੇ ਸਰਕਾਰੀ ਹਸਪਤਾਲਾਂ ਨੂੰ ਡਾਕਟਰਾਂ ਦੀ ਭਾਰੀ ਘਾਟ ਦਾ ਸਾਹਮਣਾ ਕਰਨਾ ਪਿਆ ਸੀ।

ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ, 1100 ਮਾਹਰ ਡਾਕਟਰਾਂ ਦੀ ਭਰਤੀ ਕੀਤੀ ਗਈ ਹੈ, ਤੇ ਹੁਣ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਕੋਈ ਕਮੀ ਨਹੀਂ ਹੈ। ਕਈ ਵਾਰ ਕੋਈ ਬਿਮਾਰੀ ਇੰਨੀ ਗੰਭੀਰ ਹੋ ਜਾਂਦੀ ਹੈ ਕਿ ਕਿਸੇ ਨੂੰ ਪ੍ਰਾਈਵੇਟ ਹਸਪਤਾਲ ਜਾਣਾ ਪੈਂਦਾ ਹੈ। 'ਬਹੁਤ ਸਾਰੇ ਲੋਕ ਇਲਾਜ ਲਈ ਪ੍ਰਾਈਵੇਟ ਹਸਪਤਾਲਾਂ ਦੀ ਚੋਣ ਕਰਦੇ ਹਨ। ਇਸ ਲਈ, ਅੱਜ ਅਜਿਹੀ ਯੋਜਨਾ ਲਾਗੂ ਕੀਤੀ ਗਈ ਹੈ ਜਿਸ ਦੇ ਤਹਿਤ ਪੰਜਾਬ ਦੇ ਸਭ ਤੋਂ ਵਧੀਆ ਪ੍ਰਾਈਵੇਟ ਹਸਪਤਾਲ, ਜਿੱਥੇ ਸਭ ਤੋਂ ਅਮੀਰ ਲੋਕ ਵੀ ਇਲਾਜ ਲਈ ਜਾਂਦੇ ਹਨ, ਹੁਣ ਸਭ ਤੋਂ ਗਰੀਬ ਕਿਸਾਨ, ਮਜ਼ਦੂਰ ਤੇ ਰਿਕਸ਼ਾ ਚਾਲਕ ਲਈ ਵੀ ਇਲਾਜ ਲਈ ਜਾ ਸਕਣਗੇ। ਉਨ੍ਹਾਂ ਨੂੰ ਪੈਸੇ ਦੀ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਹੋਵੇਗੀ।' ਇਹ ਪਹਿਲੀ ਵਾਰ ਹੈ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ ਤੇ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਨੇ ਦੇਸ਼ ਦੇ ਸਾਹਮਣੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਇਸ ਯੋਜਨਾ ਤਹਿਤ 900 ਦੇ ਕਰੀਬ ਸਰਕਾਰੀ ਤੇ ਨਿੱਜੀ ਹਸਪਤਾਲ ਪਹਿਲਾਂ ਹੀ ਸੂਚੀਬੱਧ ਕੀਤੇ ਜਾ ਚੁੱਕੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਹਸਪਤਾਲ ਸ਼ਾਮਲ ਕੀਤੇ ਜਾਣਗੇ। ਇਸ ਸਕੀਮ ਵਿੱਚ 2356 ਤੋਂ ਵੱਧ ਇਲਾਜ ਪੈਕੇਜ ਸ਼ਾਮਲ ਕੀਤੇ ਗਏ ਹਨ, ਜਦੋਂ ਕਿ ਪਹਿਲਾਂ ਇਹ ਪੈਕੇਜ ਸਿਰਫ਼ 1600 ਸਨ। ਇਸ ਸਿਹਤ ਯੋਜਨਾ ਅਧੀਨ ਆਰਥੋਪੀਡਿਕਸ, ਜਨਰਲ ਮੈਡੀਸਨ,ਕਾਰਡੀਓਲੋਜੀ, ਨਿਊਰੋਲੋਜੀ, ਨੈਫਰੋਲੋਜੀ, ਯੂਰੋਲੋਜੀ, ਓਨਕੋਲੋਜੀ ਸਮੇਤ ਹੋਰ ਵਿਸ਼ੇਸ਼ ਇਲਾਜ ਸੇਵਾਵਾਂ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾਣਗੀਆਂ। ਇਨ੍ਹਾਂ ਹਸਪਤਾਲਾਂ ਨੂੰ ਇਲਾਜ ਤੋਂ ਬਾਅਦ 15 ਦਿਨਾਂ ਦੇ ਅੰਦਰ ਇਲਾਜ ਦੀ ਲਾਗਤ ਦਾ ਭੁਗਤਾਨ ਕਰ ਦਿੱਤਾ ਜਾਵੇਗਾ ਤੇ ਰਾਜ ਸਰਕਾਰ ਪਹਿਲਾਂ ਹੀ ਬੀਮਾ ਕੰਪਨੀ ਨੂੰ ਐਡਵਾਂਸ ਪ੍ਰੀਮੀਅਮ ਅਦਾ ਕਰ ਚੁੱਕੀ ਹੈ। ਇਸ ਮੌਕੇ ਐੱਸ ਡੀ ਐੱਮ ਪ੍ਰਮੋਦ ਸਿੰਗਲਾ ਤੇ ਵੱਡੀ ਗਿਣਤੀ ਵਿੱਚ ਆਮ ਲੋਕ ਹਾਜ਼ਰ ਸਨ।

# ਭਗਤ ਰਵਿਦਾਸ ਦੇ ਜਨਮ ਦਿਵਸ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



ਧਰਮਗੜ੍ਹ, 3 ਫ਼ਰਵਰੀ (ਗੁਰਪ੍ਰੀਤ ਸਿੰਘ ਲਿੱਟ): ਗੁਰੂ ਰਵੀਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਵੱਖ ਵੱਖ ਪਿੰਡਾਂ ਵਿੱਚ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਇਸੇ ਲੜੀ ਤਹਿਤ ਪਿੰਡ ਫਲੇੜਾ ਵਿਖੇ ਰਵੀਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ ਜੋ ਰਵੀਦਾਸ ਮੰਦਰ ਤੋਂ ਸ਼ੁਰੂ ਹੋ ਕੇ ਵੱਖ-ਵੱਖ ਪੜਾਵਾਂ ਤੋਂ ਹੁੰਦੇ ਹੋਏ ਜਿਸ ਦੀ ਸਮਾਪਤੀ ਗੁਰਦਵਾਰਾ ਸਾਹਿਬ ਵਿਖੇ ਕੀਤੀ ਗਈ ਜਿਸ ਵਿੱਚ ਵੱਖ ਵੱਖ ਢਾਡੀ ਜੱਥੇ ਤੇ ਕਵੀਸ਼ਰ ਜਥਿਆਂ ਵੱਲੋਂ ਸੰਗਤਾਂ ਨੂੰ ਭਗਤ ਰਵੀਦਾਸ ਜੀ ਦੇ ਜੀਵਨ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ ਗਿਆ ਤੇ ਉਨ੍ਹਾਂ ਦੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਬਾਣੀ ਬਾਰੇ ਵੀ ਵਿਸਥਾਰ ਸਹਿਤ ਚਾਨਣਾ ਪਾਉਂਦਿਆਂ ਉਹਨਾਂ ਵੱਲੋਂ ਸਮਾਜ ਲਈ ਕੀਤੇ ਕਾਰਜਾਂ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ ਗਿਆ। ਸੰਗਤਾਂ ਨੂੰ ਭਗਤ ਰਵੀਦਾਸ ਜੀ ਦੇ ਬਚਨਾਂ ਉਪਰ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਉ.ਐਸ.ਡੀ ਤਪਿੰਦਰ ਸਿੰਘ ਸੋਹੀ ਵੱਲੋਂ ਹਾਜ਼ਰੀ ਭਰੀ ਗਈ ਨਾਲ ਹੀ ਵਿੱਤ ਮੰਤਰੀ ਵੱਲੋਂ ਰਵੀਦਾਸ ਮੰਦਰ ਦੇ ਵਿਕਾਸ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਵੀ ਜਾਰੀ ਕੀਤੀ ਗਈ ਮੰਦਰ ਕਮੇਟੀ ਵੱਲੋਂ ਮੰਤਰੀ ਹਰਪਾਲ ਸਿੰਘ ਚੀਮਾ ਦਾ ਗ੍ਰਾਂਟ ਜਾਰੀ ਕਰਨ ਤੇ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਤੇ ਸੰਗਤਾਂ ਵੱਲੋਂ ਵੱਖ ਵੱਖ ਪੜਾਵਾਂ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਸਮੂਹ ਗ੍ਰਾਮ ਪੰਚਾਇਤ ਤੇ ਗੁਰਦਵਾਰਾ ਕਮੇਟੀ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਗਈ।

# ਹਾਈਵੇਅ 'ਤੇ ਬਣਿਆ 'ਮੌਤ ਦਾ ਜੰਪ' ਬੇਕਾਬੂ ਹੋ ਕੇ ਦਰੱਖ਼ਤ ਨਾਲ ਟਕਰਾਈ ਕਾਰ, ਇੱਕ ਦੀ ਮੌਤ, ਦੂਜਾ ਗੰਭੀਰ ਜ਼ਖ਼ਮੀ

ਬਠਿੰਡਾ, 3 ਫਰਵਰੀ (ਦੀਪਕ ਸ਼ਰਮਾ): ਬਠਿੰਡਾ-ਸ੍ਰੀ ਅੰਮ੍ਰਿਤਸਰ ਕੌਮੀ ਸ਼ਾਹ ਮਾਰਗ 'ਤੇ ਸਥਿਤ ਐਨ.ਐਫ਼.ਐਲ ਚੌਂਕ ਨੇੜੇ ਸੋਮਵਾਰ ਦੇਰ ਸ਼ਾਮ ਵਾਪਰੇ ਦਰਦਨਾਕ ਹਾਦਸੇ ਵਿੱਚ ਗਿਆਰਵੀਂ ਜਮਾਤ ਦੇ ਇੱਕ ਵਿਦਿਆਰਥੀ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਇੱਕ ਹੋਰ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ। ਹਾਦਸਾ ਇੰਨਾ ਜ਼ਬਰਦਸਤ ਸੀ ਕਿ ਟੱਕਰ ਤੋਂ ਬਾਅਦ ਕਾਰ ਦੇ ਪਰਖੱਚੇ ਉੱਡ ਗਏ। ਦੱਸਿਆ ਜਾ ਰਿਹਾ ਹੈ ਕਿ ਇਸ ਹਾਦਸੇ ਦਾ ਅਸਲ ਕਾਰਨ ਸੜਕ 'ਤੇ ਬੀ.ਐੱਸ.ਐੱਨ.ਐੱਲ ਵੱਲੋਂ ਬਣਾਇਆ ਗਿਆ ਇੱਕ ਖ਼ਤਰਨਾਕ 'ਡੱਗ' ਬਣਿਆ। ਜਾਣਕਾਰੀ ਮੁਤਾਬਕ, ਤੇਜ਼ ਰਫ਼ਤਾਰ ਕਾਰ ਜਿਵੇਂ ਹੀ ਹਾਈਵੇਅ 'ਤੇ ਉੱਭਰੇ ਹੋਏ ਇਸ ਡੱਗ ਉੱਪਰ ਚੜ੍ਹੀ, ਤਾਂ ਉਹ ਪੂਰੀ ਤਰ੍ਹਾਂ ਬੇਕਾਬੂ ਹੋ ਕੇ ਹਵਾ ਵਿੱਚ ਉਛਲ ਗਈ। ਸੰਤੁਲਨ ਵਿਗੜਨ ਕਾਰਨ ਕਾਰ ਸਿੱਧੀ ਸੜਕ ਕਿਨਾਰੇ ਲੱਗੇ ਦਰੱਖ਼ਤ ਨਾਲ ਜਾ ਟਕਰਾਈ। ਪ੍ਰਤੱਖਦਰਸ਼ੀਆਂ ਅਨੁਸਾਰ ਜੇਕਰ ਸੜਕ ਦੀ ਬਣਤਰ ਸਹੀ ਹੁੰਦੀ ਤੇ ਇਹ ਡੱਗ ਉੱਚਾ-ਨੀਵਾਂ ਨਾ ਹੁੰਦਾ, ਤਾਂ ਸ਼ਾਇਦ ਅੱਜ ਇੱਕ ਮਾਸੂਮ ਦੀ ਜਾਨ ਬਚ ਸਕਦੀ ਸੀ।

ਮ੍ਰਿਤਕ ਵਿਦਿਆਰਥੀ ਪ੍ਰਭਵੀਰ ਸਿੰਘ ਤੇ ਜ਼ਖ਼ਮੀ ਦੀ ਪਛਾਣ ਸ਼ਾਨ ਦਿਲਰਾਜ ਸਿੰਘ ਵਜੋਂ ਹੋਈ ਹੈ। ਦੋਵੇਂ ਸੇਂਟ ਜੇਵੀਅਰ ਵਰਲਡ ਸਕੂਲ, ਬਠਿੰਡਾ ਦੇ ਵਿਦਿਆਰਥੀ ਸਨ। ਹਾਦਸੇ ਦੀ ਖ਼ਬਰ ਸੁਣਦਿਆਂ ਹੀ ਸਕੂਲ ਤੇ ਪੂਰੇ ਸ਼ਹਿਰ ਵਿੱਚ ਗ਼ਮ ਦਾ ਮਾਹੌਲ ਹੈ। ਜ਼ਖ਼ਮੀ ਸ਼ਾਨ ਦਿਲਰਾਜ ਸਿੰਘ ਨੂੰ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ।

ਦੱਸਣਾ ਬਣਦਾ ਹੈ ਕਿ ਐਨ.ਐਫ਼.ਐਲ ਚੌਂਕ ਨੇੜੇ ਸੜਕ ਦੀ ਮਾੜੀ ਹਾਲਤ ਲੰਮੇ ਸਮੇਂ ਤੋਂ ਲੋਕਾਂ ਲਈ ਜੀਅ ਦਾ ਜੰਜਾਲ ਬਣੀ ਹੋਈ ਹੈ। ਸਬੰਧਤ ਵਿਭਾਗ ਵੱਲੋਂ ਵਾਰ-ਵਾਰ ਹੋਣ ਵਾਲੀਆਂ ਮੌਤਾਂ ਦੇ ਬਾਵਜੂਦ ਸੜਕ ਦੀ ਮੁਰੰਮਤ ਨਾ ਕਰਵਾਉਣਾ ਪ੍ਰਸ਼ਾਸਨਿਕ ਅਣਗਹਿਲੀ 'ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ। ਸੂਚਨਾ ਮਿਲਣ 'ਤੇ ਪਹੁੰਚੀ ਪੁਲਿਸ ਨੇ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਪਹੁੰਚਾਇਆ ਅਤੇ ਅਗਲੀ ਕਾਰਵਾਈ ਸ਼ੁਰ ਕਰ ਦਿੱਤੀ। ਸ਼ਹਿਰ ਵਾਸੀਆਂ ਨੇ ਮੰਗ ਕੀਤੀ ਹੈ ਕਿ ਐਨ.ਐਫ਼.ਐਲ ਚੌਂਕ ਨੇੜੇ ਸੜਕ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ ਅਤੇ ਇਸ ਮੌਤ ਦੇ ਜ਼ਿੰਮੇਵਾਰ ਵਿਭਾਗਾਂ ਦੇ ਅਧਿਕਾਰੀਆਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਜੋ ਹੋਰ ਚਿਰਾਗ ਬੁਝਣ ਤੋਂ ਬਚ ਸਕਣ।

# ਸੰਗਰੂਰ ਜ਼ਿਲ੍ਹੇ 'ਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਲਗਾਏ ਜਾਣਗੇ ਵਿਸ਼ੇਸ਼ ਕੈਂਪ

ਸੰਗਰੂਰ, 3 ਫਰਵਰੀ (ਹਰਕੰਵਲ ਸਿੰਘ ਹੈਪੀ): ਸੰਗਰੂਰ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੀ ਜ਼ਮੀਨੀ ਪੱਧਰ 'ਤੇ



ਸੁਚੱਜੀ ਅਤੇ ਪ੍ਰਭਾਵਸ਼ਾਲੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀ ਰਾਹੁਲ ਚਾਬਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇੱਕ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਕਰਾਇਆ ਗਿਆ। ਜਿਸ ਵਿਚ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਜ਼ਿਲ੍ਹੇ ਭਰ ਵਿੱਚ ਲਗਾਏ ਜਾਣ ਵਾਲੇ 40 ਸਿਹਤ ਕੈਂਪਾਂ ਲਈ ਸਿਖਲਾਈ ਦਿੱਤੀ ਗਈ। ਸਿਖਲਾਈ ਸੈਸ਼ਨ ਦੌਰਾਨ ਅਧਿਕਾਰੀਆਂ ਨੂੰ ਆਧਾਰ-ਅਧਾਰਤ ਕੇਵਾਈਸੀ ਰਜਿਸਟ੍ਰੇਸ਼ਨ ਦੀ ਪੂਰੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ, ਤਾਂ ਜੋ ਸਿਹਤ ਕੈਂਪਾਂ ਵਿੱਚ ਆਉਣ ਵਾਲੇ ਨਾਗਰਿਕਾਂ ਦੀ ਮੌਕੇ 'ਤੇ ਹੀ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾ ਸਕੇ। ਇਨ੍ਹਾਂ ਕੈਂਪਾਂ ਦੇ ਜ਼ਰੀਏ ਜ਼ਿਲ੍ਹੇ ਦੇ ਹਜ਼ਾਰਾਂ ਨਿਵਾਸੀਆਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ।

ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਸਰਕਾਰ ਦੀ ਇੱਕ ਲੋਕਪੱਖੀ ਪਹਿਲਕਦਮੀ ਹੈ। ਇਸ ਯੋਜਨਾ ਤਹਿਤ ਪੰਜਾਬ ਦਾ ਹਰੇਕ ਨਾਗਰਿਕ ਬਿਨਾਂ ਕਿਸੇ ਆਮਦਨ ਸੀਮਾ, ਸ਼ਰਤ ਜਾਂ ਪਾਬੰਦੀ ਦੇ 10 ਲੱਖ ਰੁਪਏ ਤੱਕ ਦਾ ਮੁਫ਼ਤ ਡਾਕਟਰੀ ਇਲਾਜ ਪ੍ਰਾਪਤ ਕਰਨ ਦਾ ਹੱਕਦਾਰ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਯੋਜਨਾ ਅਮੀਰ-ਗਰੀਬ ਜਾਂ ਸਰਕਾਰੀ-ਨਿੱਜੀ ਕਰਮਚਾਰੀਆਂ ਵਿਚਕਾਰ ਕੋਈ ਭੇਦਭਾਵ ਨਹੀਂ ਕਰਦੀ ਅਤੇ ਹਰ ਵਰਗ ਲਈ ਬਰਾਬਰ ਸਿਹਤ ਸਹੂਲਤਾਂ ਨੂੰ ਯਕੀਨੀ ਬਣਾਉਂਦੀ ਹੈ, ਜਿਸ ਨਾਲ ਇਲਾਜ ਨਾਲ ਜੁੜਿਆ ਵਿੱਤੀ ਬੋਝ ਅਤੇ ਡਰ ਦੂਰ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਯੋਜਨਾ ਨੂੰ ਸੁਚਾਰੂ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕਰਨ ਲਈ ਡੀਏਸੀ ਕੰਪਲੈਕਸ, ਸੰਗਰੂਰ ਵਿੱਚ ਇੱਕ ਸਮਰਪਿਤ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ। ਇਸ ਕੰਟਰੋਲ ਰੂਮ ਵਿੱਚ ਜ਼ਿਲ੍ਹਾ ਸੂਚਨਾ ਵਿਗਿਆਨ ਅਧਿਕਾਰੀ, ਜ਼ਿਲ੍ਹਾ ਤਕਨੀਕੀ ਕੋਆਰਡੀਨੇਟਰ, ਮਾਸਟਰ ਟ੍ਰੇਨਰ ਅਤੇ ਜ਼ਿਲ੍ਹਾ ਗਤੀਸ਼ੀਲਤਾ ਕੋਆਰਡੀਨੇਟਰ ਤਾਇਨਾਤ ਕੀਤੇ ਗਏ ਹਨ, ਜੋ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਰਜਿਸਟ੍ਰੇਸ਼ਨ ਲਈ ਆਮ ਜਨਤਾ ਨੂੰ ਲੋੜੀਂਦੀ ਤਕਨੀਕੀ ਅਤੇ ਹੋਰ ਸਹਾਇਤਾ ਪ੍ਰਦਾਨ ਕਰਨਗੇ। ਸਿਖਲਾਈ ਪ੍ਰੋਗਰਾਮ ਦੌਰਾਨ ਸਹਾਇਕ ਕਮਿਸ਼ਨਰ ਕਿਰਪਾਲਵੀਰ ਸਿੰਘ, ਜ਼ਿਲ੍ਹਾ ਸੂਚਨਾ ਅਫਸਰ ਅਕਸ਼ੇ ਕੁਮਾਰ, ਡੀਐਫਐਸਸੀ ਗੁਰਪ੍ਰੀਤ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਕਰਮਚਾਰੀ ਮੌਜੂਦ ਸਨ।

# ਸਰਕਾਰੀ ਹਾਈ ਸਕੂਲ ਵਿਖੇ ਮਿਸ਼ਨ ਲਾਈਫ਼ ਤਹਿਤ ਸਮਾਗਮ



ਲਹਿਰਾਗਾਗਾ, 3 ਫਰਵਰੀ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਵੱਲੋਂ ਚਲਾਏ ਜਾ ਰਹੇ ਵਾਤਾਵਰਨ ਐਜੂਕੇਸ਼ਨ ਪ੍ਰੋਗਰਾਮ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਸੰਗਰੂਰ( ਸੈ.ਸਿ) ਤਰਵਿੰਦਰ ਕੌਰ ਤੇ ਉੱਪ ਜ਼ਿਲ੍ਹਾ ਅਫ਼ਸਰ ਸੰਗਰੂਰ (ਸੈ.ਸਿ) ਮਨਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਹਾਈ ਸਕੂਲ ਚੂੜਲ ਕਲਾਂ ਵਿਖੇ ਵਾਤਾਵਰਨ ਸੰਭਾਲ ਸਬੰਧੀ ਗਤੀਵਿਧੀਆਂ ਕਰਵਾਈਆਂ ਗਈਆਂ ਇਸ ਤਹਿਤ ਮਿਸ਼ਨ ਲਾਈਫ ਅਧੀਨ ਛੇਵੀਂ, ਸੱਤਵੀਂ ਅਤੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਪੁਰਾਣੇ ਵਰਤੋਂ ਵਿੱਚ ਨਾ ਆਉਣ ਵਾਲੇ ਕੱਪੜਿਆਂ ਦੇ ਥੈਲੇ ਬਣਾਏ ਗਏ। ਸੱਤਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਕੰਮਪੋਸਟ ਖਾਦ ਦੇ ਫਾਇਦਿਆਂ ਤੋਂ ਜਾਣੂ ਕਰਵਾਉਣ ਲਈ ਐਕਟੀਵਿਟੀ ਕਾਰਵਾਈ ਗਈ।ਇਸ ਮੌਕੇ ਸਵੇਰ ਦੀ ਸਭਾ ਵਿੱਚ ਪਲਾਸਟਿਕ ਦੀ ਵਰਤੋਂ ਨਾ ਕਰਨ ਸਬੰਧੀ ਸਹੁੰ ਚੁਕਾਈ ਗਈ।

ਇਸ ਮੌਕੇ ਸਕੂਲ ਇੰਚਾਰਜ ਸੀਪ ਤੇ ਸਾਰੇ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ ਤੇ ਉਹਨਾਂ ਨੇ ਵਿਦਿਆਰਥੀਆਂ ਦੇ ਵਾਤਾਵਰਨ ਬਚਾਉਣ ਲਈ ਚੁੱਕੇ ਕਦਮ ਦੀ ਸ਼ਲਾਂਘਾ ਕੀਤੀ ਗਈ।

# ਪੰਜਾਬ ਸਰਕਾਰ ਬਜ਼ੁਰਗਾਂ ਨੂੰ ਸਨਮਾਨਯੋਗ ਤੇ ਸੁਰੱਖਿਅਤ ਜੀਵਨ ਮੁਹੱਈਆ ਕਰਵਾਉਣ ਲਈ ਵਚਨਬੱਧ : ਵਿਧਾਇਕ ਗਿੱਲ

ਬਠਿੰਡਾ, 3 ਫਰਵਰੀ (ਸਵਰਨ ਸਿੰਘ ਭਗਤਾ): ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਸ਼ੁਰੂ ਕੀਤੇ ਗਏ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਦੀ ਜ਼ਿਲ੍ਹਾ ਪੱਧਰੀ ਸ਼ੁਰੂਆਤ ਅੱਜ ਸਥਾਨਕ ਬਲਵੰਤ ਗਾਰਗੀ ਆਡੀਟੋਰੀਅਮ ਵਿਖੇ ਵਿਸ਼ੇਸ਼ ਸਮਾਗਮ ਨਾਲ ਕੀਤੀ ਗਈ। ਇਸ ਮੌਕੇ ਬੋਲਦਿਆਂ ਜਗਰੂਪ ਸਿੰਘ ਗਿੱਲ ਵਿਧਾਇਕ ਬਠਿੰਡਾ ਨੇ ਕਿਹਾ ਕਿ ਪੰਜਾਬ ਸਰਕਾਰ ਬਜ਼ੁਰਗਾਂ ਨੂੰ ਸਨਮਾਨਯੋਗ ਤੇ ਸੁਰੱਖਿਅਤ ਜੀਵਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਚਲਾਈ ਜਾ ਰਹੀ ਇਸ ਵਿਸ਼ੇਸ਼ ਮੁਹਿੰਮ ਤਹਿਤ ਬਜ਼ੁਰਗਾਂ ਨੂੰ ਮਾਣ ਸਨਮਾਨ ਤੇ ਉਨ੍ਹਾਂ ਲਈ ਪੰਜਾਬ ਸਰਕਾਰ ਦੀਆਂ ਵਿਸ਼ੇਸ਼ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।

ਡੀ.ਸੀ. ਰਾਜੇਸ਼ ਧੀਮਾਨ ਨੇ ਕਿਹਾ ਕਿ "ਸਾਡੇ ਬਜ਼ੁਰਗ ਸਾਡਾ ਮਾਣ" ਪੰਜਾਬ ਸਰਕਾਰ ਦੀ ਨਿਵੇਕਲੀ ਪਹਿਲ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗ ਸਾਡੇ ਸਮਾਜ ਦੀ ਨੀਂਹ ਹਨ ਅਤੇ ਇਨ੍ਹਾਂ ਦੇ ਵਡਮੁੱਲੇ ਯੋਗਦਾਨ ਦਾ ਮੁੱਲ ਪਾਉਣਾ ਸਾਡਾ ਫਰਜ਼ ਹੈ। ਡੀ.ਸੀ. ਨੇ ਮੌਕੇ 'ਤੇ ਮੌਜੂਦ ਸਮੂਹ ਬਜ਼ੁਰਗਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਬਜ਼ੁਰਗਾਂ ਦੇ ਯਤਨ ਸਦਕਾ ਹੀ ਅੱਜ ਅਸੀਂ ਪ੍ਰਗਤੀਸ਼ੀਲ ਸਮਾਜ 'ਚ ਵਿਚਰ ਰਹੇ ਹਾਂ।



ਰਾਜੇਸ਼ ਧੀਮਾਨ ਡੀ.ਸੀ. ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਬਜ਼ੁਰਗਾਂ ਦੀ ਸਿਹਤ ਦਾ ਧਿਆਨ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਬੀਮਾ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰੇਕ ਪਰਿਵਾਰ ਦਾ 10 ਲੱਖ ਦਾ ਸਿਹਤ ਬੀਮਾ ਕਾਰਡ ਬਣੇਗਾ ਤੇ ਲੋਕ ਆਪਣਾ 10 ਲੱਖ ਤੱਕ ਦਾ ਸਾਲਾਨਾ ਇਲਾਜ ਸਰਕਾਰੀ ਤੇ ਮਨਜ਼ੂਰਸ਼ੁਦਾ ਪ੍ਰਾਈਵੇਟ ਹਸਪਤਾਲਾਂ ਵਿੱਚ ਕਰਵਾ ਸਕਣਗੇ ਤੇ ਇਹ ਇਲਾਜ ਹਸਪਤਾਲਾਂ 'ਚ ਬਿਲਕੁਲ ਮੁਫ਼ਤ ਹੋਵੇਗਾ।

ਇਕੱਠ ਨੂੰ ਸੰਬੋਧਨ ਕਰਦਿਆਂ ਮੇਅਰ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਬਜ਼ੁਰਗਾਂ ਦੇ ਤਜ਼ਰਬੇ ਨੌਜਵਾਨ ਪੀੜ੍ਹੀ ਲਈ ਸਿਹਤ ਦਾ ਪਿਟਾਰਾ ਹਨ। ਇਸ ਮੌਕੇ ਬਿਕਰਮ ਸਿੰਘ ਲਵਲੀ, ਅਮਰਦੀਪ ਸਿੰਘ ਰਾਜਨ ਚੇਅਰਮੈਨ ਬਠਿੰਡਾ ਕੇਂਦਰੀ ਸਹਿਕਾਰਤਾ ਬੈਂਕ, ਰਾਕੇਸ਼ ਪੁਰੀ ਚੇਅਰਮੈਨ ਪੰਜਾਬ ਸਟੇਟ ਜੰਗਲਾਤ ਕਾਰਪੋਰੇਸ਼ਨ, ਜਤਿੰਦਰ ਸਿੰਘ ਭੱਲਾ ਚੇਅਰਮੈਨ ਨਗਰ ਸੁਧਾਰ ਟ੍ਰਸਟ ਬਠਿੰਡਾ, ਹਰਪਾਲ ਸਿੰਘ ਖੁਰਮੀ, ਸਹਾਇਕ ਕਮਿਸ਼ਨਰ (ਜਨਰਲ) ਗਗਨਦੀਪ ਸਿੰਘ, ਮੁੱਖ ਮੰਤਰੀ ਖੇਤਰੀ ਫੀਲਡ ਅਫਸਰ ਰਮਨਜੀਤ, ਜ਼ਿਲਾ ਸਮਾਜਿਕ ਸੁਰੱਖਿਆ ਅਫਸਰ ਅਰਸ਼ਦੀਪ ਕੌਰ ਤੇ ਹੋਰ ਪਤਵੰਤੇ ਆਦਿ ਹਾਜ਼ਰ ਸਨ।

# ਸਾਡਾ ਏਜੰਡਾ ਕਾਗਜ਼ੀ ਨਹੀਂ, ਭਗਤ ਰਵਿਦਾਸ ਜੀ ਦੀ ਵਿਚਾਧਾਰਾ ਨੂੰ ਪ੍ਰੈਕਟੀਕਲ ਰੂਪ 'ਚ ਲਾਗੂ ਕਰਨੈ : ਇੰਜੀ ਅਮਨ ਬੋਧ

ਖਨੌਰੀ, 2 ਫਰਵਰੀ (ਓਮਪ੍ਰਕਾਸ਼ ਮੁਆਲ): ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਦਿਹਾੜਾ ਮੌਕੇ ਜਿੱਥੇ ਪੰਜਾਬ ਦੇ ਨਾਲ ਨਾਲ ਪੂਰੇ ਭਾਰਤ 'ਚ ਪ੍ਰਕਾਸ਼ ਦਿਹਾੜਾ ਮਨਾਇਆ ਗਿਆ। ਉਥੇ ਹੀ ਖਨੌਰੀ ਮੰਡੀ ਨੇੜਲੇ ਪਿੰਡਾਂ ਵਿੱਚ ਵੀ ਬੜੀ ਸ਼ਰਧਾ ਭਾਵਨਾ ਹੇਠ ਨਗਰ ਕੀਰਤਨ ਸਜਾਏ ਗਏ ਤੇ ਗੁਰੂ ਜੀਆਂ ਦਾ ਪ੍ਰਕਾਸ਼ ਦਿਹਾੜਾ ਉਤਸ਼ਾਹ ਨਾਲ ਮਨਾਇਆ ਗਿਆ। ਇਸ ਬਾਰੇ ਬਸਪਾ ਜ਼ਿਲ੍ਹਾ ਕੋਆਰਡੀਨੇਟਰ ਅਤੇ ਹਲਕਾ ਲਹਿਰਾ



ਦੇ ਇੰਚਾਰਜ ਇੰਜੀ. ਅਮਨ ਬੋਧ ਵਲੋਂ ਸਮੂਹ ਪ੍ਰਬੰਧਕਾਂ ਸੰਗਤਾਂ ਤੇ ਪ੍ਰੋਗਰਾਮਾਂ ਵਿੱਚ ਹਾਜ਼ਰ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਪ੍ਰਗਟ ਕਰਦਿਆਂ ਦੱਸਿਆ ਕਿ ਇਸ ਮੌਕੇ ਛੋਟੇ-ਛੋਟੇ ਸਕੂਲੀ ਬੱਚਿਆਂ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ, ਮਹਾਤਮਾ ਬੁੱਧ, ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਆਦਿ ਬਹੁਜਨ ਮਹਾਂਪੁਰਸ਼ਾਂ ਦੀਆਂ ਤਸਵੀਰਾਂ ਨਾਲ ਪਿੰਡ ਚੱਠਾ ਗੋਬਿੰਦਪੁਰਾ ਤੇ ਬਨਾਰਸੀ ਵਿਚ ਸਜਾਈਆਂ ਝਾਕੀਆਂ ਦੌਰਾਨ ਬਹੁਤ ਸੁੰਦਰ ਤੇ ਮਨਮੋਹਣੇ ਦ੍ਰਿਸ਼ ਪੇਸ ਕੀਤੇ। ਇਸ ਮੌਕੇ ਸਰਪੰਚ ਸੁਰੇਸ਼ ਕੁਮਾਰ ਬਨਾਰਸੀ, ਗੁਲਾਬ ਛਾਛੀਆ ਬਸਪਾ, ਸ਼ੰਭੂ ਰੰਗਾ ਚੱਠਾ ਗੋਬਿੰਦਪੁਰਾ, ਬਸਪਾ ਆਗੂ ਸੁਰੇਸ਼ ਬਨਾਰਸੀ, ਸਾਬਕਾ ਸਰਪੰਚ ਪੂਰਨ, ਰਾਮ ਗੋਪਾਲ, ਰਘਵੀਰ ਸਿੰਘ ਆਦਿ ਆਗੂ ਹਾਜਰ ਸਨ।

# ਨਹਿਰ 'ਚ ਡਿੱਗੀ ਕਾਰ, ਚਾਲਕ ਕਾਰ ਸਮੇਤ ਲਾਪਤਾ

ਮਲੋਟ/ਲੰਬੀ, 3 ਫਰਵਰੀ (ਅਮਨਦੀਪ ਸਿੰਘ ਮਹਿਰਾ): ਸੋਮਵਾਰ ਦੀ ਦੇਰ ਸ਼ਾਮ ਰਾਜਸਥਾਨ ਅਤੇ ਸਰਹਿੰਦ ਫੀਡਰ ਜੋੜੀਆਂ ਨਹਿਰਾਂ ਦੇ ਆਦਨੀਆਂ ਵਾਲੇ ਪੁਲ ਨੇੜੇ ਇੱਕ ਕਾਰ ਨਹਿਰ ਵਿੱਚ ਡਿੱਗ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਕਾਰ ਵਿੱਚ ਸਵਾਰ ਵਿਅਕਤੀ ਦੇ ਲਾਪਤਾ ਹੋਣ ਕਾਰਨ ਇਲਾਕੇ ਵਿੱਚ ਚਿੰਤਾ ਦਾ ਮਾਹੌਲ ਬਣ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਕਾਰ ਚਾਲਕ ਦੀ ਪਛਾਣ ਹਰਦੀਪ ਸਿੰਘ ਪੁੱਤਰ ਦੇਸਾ ਸਿੰਘ ਉਮਰ ਕਰੀਬ 45 ਸਾਲ ਵਾਸੀ ਲੰਬੀ



ਵਜੋਂ ਹੋਈ ਹੈ, ਜੋ ਇੱਕ ਪ੍ਰਾਈਵੇਟ ਬੈਂਕ ਵਿੱਚ ਨੌਕਰੀ ਕਰਦਾ ਸੀ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਕੇ 'ਤੇ ਪਹੁੰਚ ਗਏ ਅਤੇ ਲੰਬੀ ਪੁਲਿਸ ਨੂੰ ਸੂਚਿਤ ਕੀਤਾ ਗਿਆ। ਪੁਲਿਸ ਵੱਲੋਂ ਤੁਰੰਤ ਐਨਡੀਆਰਐਫ ਦੀਆਂ ਟੀਮਾਂ ਨੂੰ ਮੌਕੇ 'ਤੇ ਬੁਲਾਇਆ ਗਿਆ, ਜਿਨ੍ਹਾਂ ਨੇ ਨਹਿਰ ਵਿੱਚ ਕਾਰ ਅਤੇ ਚਾਲਕ ਦੀ ਭਾਲ ਸ਼ੁਰੂ ਕਰ ਦਿੱਤੀ। ਕਈ ਘੰਟਿਆਂ ਦੀ ਮਸ਼ੱਕਤ ਦੇ ਬਾਵਜੂਦ ਮੰਗਲਵਾਰ ਸ਼ਾਮ ਕਰੀਬ 6 ਵਜੇ ਤੱਕ ਕਾਰ ਅਤੇ ਚਾਲਕ ਦਾ ਕੋਈ ਪਤਾ ਨਹੀਂ ਲੱਗ ਸਕਿਆ। ਖਬਰ ਲਿਖੇ ਜਾਣ ਤੱਕ ਐਨਡੀਆਰਐਫ ਦੀਆਂ ਟੀਮਾਂ ਅਤੇ ਪਿੰਡ ਵਾਸੀਆਂ ਵੱਲੋਂ ਭਾਲ ਜਾਰੀ ਸੀ।

ਉਧਰ ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਮਾਮਲੇ ਸਬੰਧੀ ਪਰਿਵਾਰ ਵੱਲੋਂ ਅਜੇ ਤੱਕ ਕੋਈ ਬਿਆਨ ਦਰਜ ਨਹੀਂ ਕਰਵਾਇਆ ਗਿਆ। ਇਸ ਕਰਕੇ ਇਹ ਸਪੱਸ਼ਟ ਨਹੀਂ ਹੋ ਸਕਿਆ ਕਿ ਕਾਰ ਤਕਨੀਕੀ ਨੁਕਸ ਕਾਰਨ ਬੇਕਾਬੂ ਹੋ ਕੇ ਨਹਿਰ ਵਿੱਚ ਡਿੱਗੀ ਹੈ ਜਾਂ ਘਰੇਲੂ ਕਲੇਸ਼ ਦੇ ਚਲਦਿਆਂ ਚਾਲਕ ਵੱਲੋਂ ਖੁਦਕੁਸ਼ੀ ਵਰਗਾ ਕਦਮ ਚੁੱਕਿਆ ਗਿਆ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਨਸ਼ਿਆਂ ਵਿਰੁੱਧ ਜੰਗ ਤਹਿਤ ਦਲਵੀਰ ਸਿੰਘ ਢਿੱਲੋਂ ਵੱਲੋਂ 'ਪਿੰਡਾਂ ਦੇ ਪਹਿਰੇਦਾਰ' ਬਣਨ ਦਾ ਸੱਦਾ

ਧੂਰੀ 3 ਫ਼ਰਵਰੀ (ਰਾਜੇਸ਼ਵਰ ਪਿੰਟੂ): ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ



ਧੂਰੀ ਵਿਖੇ ਵਿਸ਼ੇਸ਼ ਗੱਲਬਾਤ ਕਰਦਿਆਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਲੋਕ ਲਹਿਰ ਸਿਰਜਣ ਦਾ ਹੋਕਾ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਕੋੜ੍ਹ ਪੰਜਾਬ ਦੀ ਜਵਾਨੀ ਨੂੰ ਅੰਦਰੋਂ-ਅੰਦਰੀ ਖੋਖਲਾ ਕਰ ਰਿਹਾ ਹੈ ਤੇ ਇਸ ਭਿਆਨਕ ਬਿਮਾਰੀ ਨੂੰ ਸਿਰਫ਼ ਸਰਕਾਰੀ ਤੰਤਰ ਨਾਲ ਨਹੀਂ, ਸਗੋਂ ਹਰ ਪੰਜਾਬੀ ਦੇ ਸਹਿਯੋਗ ਨਾਲ ਹੀ ਖ਼ਤਮ ਕੀਤਾ ਜਾ ਸਕਦਾ ਹੈ। ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਨਸ਼ਾ ਮੁਕਤ ਪੰਜਾਬ ਸਿਰਜਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਐਲਾਨ ਕੀਤਾ ਕਿ ਜਿਹੜੇ ਨੌਜਵਾਨ ਇਸ ਗੰਧਲੇ ਦਲਦਲ ਵਿੱਚ ਫਸ ਚੁੱਕੇ ਹਨ, ਸਰਕਾਰ ਉਨ੍ਹਾਂ ਦਾ ਇਲਾਜ ਬਿਲਕੁੱਲ ਮੁਫ਼ਤ ਕਰਵਾਏਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ ਤੋਂ ਪ੍ਰਭਾਵਿਤ ਨੌਜਵਾਨਾਂ ਬਾਰੇ ਜਾਣਕਾਰੀ ਸਾਂਝੀ ਕਰਨ ਤਾਂ ਜੋ ਉਨ੍ਹਾਂ ਨੂੰ ਮੁੱਖ ਧਾਰਾ ਵਿੱਚ ਵਾਪਸ ਲਿਆਂਦਾ ਜਾ ਸਕੇ।

ਜਾਣਕਾਰੀ ਦਿੰਦਿਆਂ ਢਿੱਲੋਂ ਨੇ ਦੱਸਿਆ ਕਿ ਪਿੰਡਾਂ ਵਿੱਚ 'ਪਹਿਰੇਦਾਰ' ਤਿਆਰ ਕੀਤੇ ਜਾ ਰਹੇ ਹਨ। ਇਸ ਮੁਹਿੰਮ ਨਾਲ ਜੁੜਨ ਲਈ ਸਰਕਾਰ ਵੱਲੋਂ ਵਿਸ਼ੇਸ਼ ਨੰਬਰ 98991-00002 ਜਾਰੀ ਕੀਤਾ ਗਿਆ ਹੈ। ਕੋਈ ਵੀ ਵਿਅਕਤੀ ਇਸ ਨੰਬਰ 'ਤੇ ਮਿਸਡ ਕਾਲ ਕਰਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦਾ ਹੈ ਅਤੇ ਨਸ਼ਾ ਤਸਕਰਾਂ ਵਿਰੁੱਧ ਸਰਕਾਰ ਦੀ ਬਾਂਹ ਬਣ ਸਕਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਮਾਰਚ 2025 ਤੋਂ ਸ਼ੁਰੂ ਹੋਈ ਇਸ ਜੰਗ ਨੂੰ ਹੁਣ ਇੱਕ ਵਿਆਪਕ ਜਨਤਕ ਅੰਦੋਲਨ ਵਿੱਚ ਬਦਲ ਦਿੱਤਾ ਗਿਆ ਹੈ।

ਇਸ ਮੌਕੇ ਉਨ੍ਹਾਂ ਦੇ ਨਾਲ ਕੌਂਸਲਰ ਪੁਸ਼ਪਿੰਦਰ ਸ਼ਰਮਾ, ਤਰਸੇਮ ਕਲਸੀ ਤੇ ਦਰਸ਼ਨ ਪਾਠਕ ਸਮੇਤ ਹੋਰ ਕਈ ਆਗੂ ਹਾਜ਼ਰ ਸਨ, ਜਿਨ੍ਹਾਂ ਨੇ ਸਰਕਾਰ ਦੀ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਦਾ ਅਹਿਦ ਲਿਆ।

# ਪਰਮਿੰਦਰ ਸਿੰਘ ਢੀਂਡਸਾ ਵੱਲੋਂ ਖ਼ੂਨਦਾਨ, ਡਾਕਟਰੀ ਤੇ ਅੱਖਾਂ ਦੇ ਕੈਂਪਾਂ ਦਾ ਉਦਘਾਟਨ



ਕੌਹਰੀਆਂ, 3 ਫਰਵਰੀ (ਅਵਤਾਰ ਸਿੰਘ ਜਟਾਣਾ): ਪਿੰਡ ਸੰਗਤੀਵਾਲਾ ਵਿਖੇ ਧੰਨ-ਧੰਨ ਬਾਬਾ ਵੱਡਭਾਗ ਸਿੰਘ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ, ਬਾਬਾ ਕਰਮ ਸਿੰਘ ਸੰਗਤੀਵਾਲਾ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਵਿਸ਼ਾਲ ਖੂਨਦਾਨ, ਅੱਖਾਂ ਦਾ ਚੈੱਕਅਪ ਤੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮਾਨਵਤਾ ਭਲਾਈ ਕਾਰਜ ਦਾ ਉਦਘਾਟਨ ਸਾਬਕਾ ਖਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਵੱਲੋਂ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਬਾਬਾ ਕਰਮ ਸਿੰਘ ਸੰਗਤੀਵਾਲਾ ਦੇ ਗ੍ਰਹਿ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਦੀ ਸੰਪੂਰਨਤਾ ਤੇ ਸ਼ੁਕਰਾਨੇ ਦੀ ਅਰਦਾਸ ਨਾਲ ਹੋਈ।

ਇਸ ਮੌਕੇ ਹੈਡ ਗ੍ਰੰਥੀ ਭਾਈ ਰਾਮ ਸਿੰਘ ਜੀ ਵੱਲੋਂ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਪਰਮਿੰਦਰ ਸਿੰਘ ਢੀਡਸਾ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਗੁਰੂ ਸਾਹਿਬ ਅੱਗੇ ਸੀਸ ਨਿਵਾਇਆ ਤੇ ਇਸ ਪਰਉਪਕਾਰੀ ਕਾਰਜ ਦੀ ਸ਼ਲਾਘਾ ਕੀਤੀ। ਇਸ ਉਪਰੰਤ ਗੁਰਦੁਆਰਾ ਸਾਹਿਬ ਵਿਖੇ ਨੀਲਕੰਠ ਹਸਪਤਾਲ (ਸੁਨਾਮ) ਤੇ ਗੁਰੂ ਨਾਨਕ ਦੇਵ ਬਲੱਡ ਸੈਂਟਰ (ਸੰਗਰੂਰ) ਦੇ ਸਹਿਯੋਗ ਨਾਲ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਖੂਨਦਾਨੀਆਂ ਵੱਲੋਂ ਮਾਨਵਤਾ ਦੇ ਭਲੇ ਲਈ ਖੂਨਦਾਨ ਕੀਤਾ ਗਿਆ। ਇਸ ਮੌਕੇ ਇਲਾਕੇ ਦੀਆਂ ਮਹਾਨ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ ਮੁੱਖ ਸੇਵਾਦਾਰ ਬਾਬਾ ਕਰਮ ਸਿੰਘ, ਬਾਬਾ ਗੁਰਵਿੰਦਰ ਸਿੰਘ ਕਾਲਾ ਤੇ ਗੁਰਸੇਵਕ ਸਿੰਘ ਬਿਗੜਵਾਲ ਨੇ ਸਮੂਹ ਸੰਗਤਾਂ ਅਤੇ ਆਈਆਂ ਸ਼ਖ਼ਸੀਅਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਮਾਤ-ਭਾਸ਼ਾ ਦੀ ਹੋਣੀ ਨੂੰ ਸਮਰਪਿਤ ਗੀਤ ਲੋਕ ਅਰਪਣ



ਧੂਰੀ, 3 ਫ਼ਰਵਰੀ (ਅਮਨ ਗਰਗ): ਪੰਜਾਬੀ ਸਾਹਿਤ ਸਭਾ ਧੂਰੀ ਵੱਲੋਂ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ ਇੱਕ ਪ੍ਰਭਾਵਸ਼ਾਲੀ ਮਹੀਨਾਵਾਰ ਸਾਹਿਤਕ ਸਮਾਗਮ ਕਰਵਾਇਆ ਗਿਆ। ਪ੍ਰਿੰਸੀਪਲ ਕਿਰਪਾਲ ਸਿੰਘ ਜਵੰਧਾ, ਡਾ.ਇਕਬਾਲ ਸਿੰਘ, ਦਲਬਾਰ ਸਿੰਘ ਚੱਠੇ ਅਤੇ ਭਾਸ਼ਾ ਵਿਗਿਆਨੀ ਜੰਗ ਸਿੰਘ ਫ਼ੱਟੜ ਦੇ ਪ੍ਰਧਾਨਗੀ ਮੰਡਲ ਹੇਠ ਹੋਏ ਇਸ ਸਮਾਗਮ ਦੀ ਸ਼ੁਰੂਆਤ ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਨੇ ਕੀਤੀ। ਉਨ੍ਹਾਂ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਤੇ ਵਧੀਕ ਜ਼ਿਲ੍ਹਾ ਸੈਸ਼ਨ ਜੱਜ ਨਿਯੁਕਤ ਹੋਣ 'ਤੇ ਜਗਜੀਤ ਸਿੰਘ ਕਲਸੀ ਨੂੰ ਮੁਬਾਰਕਬਾਦ ਦਿੱਤੀ ਤੇ ਇਸ ਮੌਕੇ ਵਿਛੜ ਚੁੱਕੀਆਂ ਸਾਹਿਤਕ ਤੇ ਕਲਾਤਮਕ ਸ਼ਖ਼ਸੀਅਤਾਂ ਨੂੰ ਨਿੱਘੀ ਸ਼ਰਧਾਂਜਲੀ ਵੀ ਭੇਟ ਕੀਤੀ ਗਈ। ਸਮਾਗਮ ਦੇ ਦੂਜੇ ਪੜਾਅ ਵਿੱਚ ਛੰਦ-ਸ਼ਾਸਤਰੀ ਜੰਗ ਸਿੰਘ ਫ਼ੱਟੜ ਨੇ 'ਕਵਿਤਾ ਸਕੂਲ' ਦੇ ਅਧੀਨ ਸਿਖਿਆਰਥੀਆਂ ਨੂੰ ਕਵਿਤਾ ਦੀਆਂ ਬਾਰੀਕੀਆਂ ਬਾਰੇ ਦੂਜਾ ਪਾਠ ਪੜ੍ਹਾਇਆ।

ਇਸ ਸਮਾਗਮ ਦਾ ਵਿਸ਼ੇਸ਼ ਖਿੱਚ ਦਾ ਕੇਂਦਰ ਮੂਲ ਚੰਦ ਸ਼ਰਮਾ ਦੁਆਰਾ ਲਿਖਿਆ ਸੱਭਿਆਚਾਰਕ ਗੀਤ "ਮਾਤ-ਭਾਸ਼ਾ ਦੀ ਹੋਣੀ" ਰਿਹਾ। ਨਵਤੇਜ ਗੁਰਨੇ ਅਤੇ ਮਨਿੰਦਰ ਪ੍ਰੀਤ ਸਿੰਘ ਦੇ ਸਹਿਯੋਗ ਨਾਲ ਇਹ ਗੀਤ ਮਨਸੁਈ ਬੁੱਧੀ ਦੀ ਸਹਾਇਤਾ ਨਾਲ ਰਿਕਾਰਡ ਕੀਤਾ ਗਿਆ ਹੈ। ਇਸ ਮੌਕੇ ਬੁਲਾਰਿਆਂ ਨੇ ਪੰਜਾਬ ਰਾਜ ਭਾਸ਼ਾ ਐਕਟ ਨੂੰ ਸਖ਼ਤੀ ਨਾਲ ਲਾਗੂ ਕਰਨ ਦੀ ਮੰਗ ਕੀਤੀ ਤਾਂ ਜੋ ਪੰਜਾਬੀ ਨੂੰ ਰੋਜ਼ਗਾਰ, ਵਪਾਰ ਅਤੇ ਦਫ਼ਤਰੀ ਕੰਮਕਾਜ ਦੀ ਮੁੱਖ ਭਾਸ਼ਾ ਬਣਾਇਆ ਜਾ ਸਕੇ।

ਅੰਤਿਮ ਦੌਰ ਵਿੱਚ ਜਨਰਲ ਸਕੱਤਰ ਚਰਨਜੀਤ ਸਿੰਘ ਮੀਮਸਾ ਦੇ ਸੰਚਾਲਨ ਹੇਠ ਇੱਕ ਵਿਸ਼ਾਲ ਕਵੀ ਦਰਬਾਰ ਸਜਾਇਆ ਗਿਆ। ਜਿਸ ਵਿੱਚ ਜਗਦੇਵ ਸ਼ਰਮਾ ਬੁਗਰਾ, ਭਿੰਦਰ ਪਾਲ ਕਾਂਝਲਾ ਅਤੇ ਹੋਰ ਕਈ ਨਾਮਵਰ ਕਵੀਆਂ ਨੇ ਆਪਣੀਆਂ ਤਾਜ਼ਾ ਰਚਨਾਵਾਂ ਨਾਲ ਹਾਜ਼ਰੀ ਲਗਵਾਈ। ਵੀਤ ਬਾਦਸ਼ਾਹਪੁਰੀ ਨੇ ਸਭ ਦਾ ਧੰਨਵਾਦ ਕਰਦਿਆਂ ਨਵੇਂ ਲੇਖਕਾਂ ਦੀਆਂ ਕਿਤਾਬਾਂ ਆਪਣੇ ਖਰਚੇ 'ਤੇ ਛਾਪਣ ਦਾ ਐਲਾਨ ਕੀਤਾ, ਜੋ ਸਾਹਿਤ ਪ੍ਰੇਮੀਆਂ ਲਈ ਇੱਕ ਸ਼ਲਾਘਾਯੋਗ ਕਦਮ ਹੈ।

# ਸ਼ਹੀਦ ਬਚਨ ਸਿੰਘ ਯਾਦਗਾਰੀ 50ਵਾਂ ਅੰਤਰਰਾਸ਼ਟਰੀ ਕਬੱਡੀ ਕੱਪ ਇੱਕ ਮਾਰਚ ਨੂੰ



ਦਿੜ੍ਹਬਾ ਮੰਡੀ, 3 ਫਰਵਰੀ (ਹੈਪੀ): ਪੰਜਾਬੀਆਂ ਦੀ ਮਾਂ ਖੇਡ ਕਬੱਡੀ ਚ ਆਪਣੀਆਂ ਵਿਲੱਖਣ ਪਹਿਚਾਣ ਬਣਾਉਣ ਵਾਲੇ ਸ਼ਹਿਰ ਦਿੜ੍ਹਬਾ ਵਿਖੇ ਹਰ ਸਾਲ ਦੀ ਤਰਾਂ ਇਸ ਵਾਰ ਵੀ ਸ਼ਹੀਦ ਬਚਨ ਸਿੰਘ ਯਾਦਗਾਰੀ ਸਟੇਡੀਅਮ ਦਿੜ੍ਹਬਾ ਵਿਖੇ ਸੋਸ਼ਲ ਯੂਥ ਸਪੋਰਟਸ ਕਲੱਬ ਦਿੜ੍ਹਬਾ ਵੱਲੋਂ ਸ਼ਹੀਦ ਬਚਨ ਸਿੰਘ ਯਾਦਗਾਰੀ 50ਵਾਂ ਕਬੱਡੀ ਕੱਪ 1 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ ਜਿਸ ਦੀ ਵੱਖਰੀ ਹੀ ਵਿਲੱਖਣਤਾ ਹੋਵੇਗੀ। ਕਰਵਾਏ ਜਾ ਰਹੇ ਇਸ ਕਬੱਡੀ ਕੱਪ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਕਰਨ ਘੁਮਾਣ ਕਨੇਡਾ, ਕਸ਼ਮੀਰ ਸਿੰਘ ਰੋੜੇਵਾਲ ਤੇ ਬਲਕਾਰ ਸਿੰਘ ਘੁਮਾਣ ਨੇ ਪ੍ਰੈਸ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰਾਂ ਇਸ ਵਾਰ ਵੀ ਸਹੀਦ ਬਚਨ ਸਿੰਘ ਯਾਦਗਾਰੀ ਅੰਤਰਰਾਸਟਰੀ 50ਵਾਂ ਕਬੱਡੀ ਕੱਪ ਕਲੱਬ ਦੇ ਪ੍ਰਧਾਨ ਤੇ ਅੰਤਰਰਾਸਟਰੀ ਕਬੱਡੀ ਕੋਚ ਸਵਰਗੀ ਗੁਰਮੇਲ ਸਿੰਘ ਦਿੜ੍ਹਬਾ ਨੂੰ ਸਮਰਪਿਤ ਕਰਵਾਇਆ ਜਾ ਰਿਹਾ ਹੈ ਅਤੇ ਗੋਲਡਨ ਜੁਬਲੀ ਮਨਾਈ ਜਾਵੇਗੀ , ਜਿਸ ਦੀਆਂ ਤਿਆਰੀਆਂ ਪੂਰੀ ਸਰਗਰਮੀਆਂ ਨਾਲ ਸ਼ੁਰੂ ਕਰ ਦਿੱਤੀਆਂ ਹਨ। ਉਹਨਾਂ ਦੱਸਿਆ ਕਿ ਇਸ ਕੱਪ ਵਿੱਚ ਕਬੱਡੀ ਆਲ ਓਪਨ ਦੀਆਂ ਵੱਡੀਆਂ ਟੀਮਾਂ ਹਿੱਸਾ ਲੈਣਗੀਆਂ। ਇਸ ਤੋਂ ਇਲਾਵਾ ਕੁੜੀਆਂ ਦੇ ਸ਼ੋਅ ਮੈਚ ਵੀ ਕਰਵਾਏ ਜਾਣਗੇ। ਕਰਨ ਕਨੇਡਾ ਨੇ ਅੱਗੇ ਦੱਸਿਆ ਕਿ ਖਿਡਾਰੀਆਂ ਅਤੇ ਦਰਸ਼ਕਾਂ ਦੇ ਮਨੋਰੰਜਨ ਲਈ ਸ਼ਾਮ ਨੂੰ ਉੱਘੇ ਗਾਇਕ ਬੱਬੂ ਮਾਨ ਖੁੱਲ੍ਹੇ ਅਖਾੜੇ ਰਾਹੀਂ ਦਰਸ਼ਕਾਂ ਦਾ ਮਨੋਰੰਜਨ ਕਰਨਗੇ। ਇਸ ਖੇਡ ਮੇਲੇ ਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਤੇ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਵੀ ਮੁੱਖ ਮਹਿਮਾਨ ਤੌਰ ਤੇ ਸ਼ਾਮਲ ਹੋਣਗੇ।

ਇਸ ਮੌਕੇ ਉਹਨਾਂ ਨਾਲ ਕਬੱਡੀ ਕੋਚ ਕਸਮੀਰ ਸਿੰਘ ਰੋੜੇਵਾਲ, ਕਬੱਡੀ ਕੋਚ ਜਸਪਾਲ ਸਿੰਘ ਪਾਲਾ, ਭੁਪਿੰਦਰ ਸਿੰਘ ਨਿੱਕਾ, ਹਰਦੇਵ ਸਿੰਘ ਨਹਿਲ ਗੁੱਜਰਾਂ, ਬਲਕਾਰ ਸਿੰਘ ਘੁਮਾਣ, ਸੁਖਪਾਲ ਸਿੰਘ ਗੁੱਜਰਾਂ, ਰਾਮ ਸਿੰਘ ਨਾਗਰੀ, ਜਸਵੀਰ ਰਿੰਕਾ ਢੰਡੋਲੀ ਕਲਾਂ,ਅਮਨ ਸਿੰਘ, ਗੋਰਾ ਸਿੰਘ ਕੌਹਰੀਆਂ ਆਦਿ ਪ੍ਰਮੁੱਖ ਵਿਅਕਤੀ ਹਾਜ਼ਰ ਸਨ।

# ਮਾਤਾ ਜਸਵੀਰ ਕੌਰ ਗਿੱਲ ਨਮਿਤ ਸ਼ਰਧਾਂਜਲੀ ਸਮਾਗਮ ਹੋਇਆ

ਭਗਤਾ ਭਾਈ ਕਾ 3 ਫਰਵਰੀ (ਸਵਰਨ ਸਿੰਘ ਭਗਤਾ): ਪ੍ਰੈੱਸ ਕਲੱਬ ਭਗਤਾ ਭਾਈਕਾ ਦੀ ਤਿੰਨ ਮੈਂਬਰੀ ਅਨੁਸਾਸਨੀ ਕਮੇਟੀ ਦੇ ਮੈਂਬਰ ਤੇ ਸੀਨੀਅਰ ਪੱਤਰਕਾਰ ਹਰਜੀਤ ਸਿੰਘ ਗਿੱਲ ਦੇ ਸਤਿਕਾਰਯੋਗ ਮਾਤਾ ਜਸਵੀਰ ਕੌਰ (ਧਰਮ-ਪਤਨੀ ਗੁਰਮੇਲ ਸਿੰਘ ਢਿੱਲਵਾਂ ਵਾਲਾ) ਨਮਿਤ ਸਰਧਾਂਜਲੀ ਸਮਾਗਮ ਗੁਰਦੁਆਰਾ ਹਰਗੋਬਿੰਦਸਰ ਪਾਤਸ਼ਾਹੀ ਛੇਵੀਂ ਪਿੰਡ ਢਿੱਲਵਾਂ ਵਾਲਾ ਵਿਖੇ ਹੋਇਆ।ਇਸ ਸ਼ਰਧਾਂਜਲੀ ਸਮਾਗਮ ਦੌਰਾਨ ਕਥਾ ਵਾਚਕ ਅਤੇ ਉੱਘੇ ਕੀਰਤਨੀਏ ਭਾਈ ਪਲਵਿੰਦਰ ਸਿੰਘ ਕੋਠਾ ਗੁਰੂ ਵਾਲਿਆ ਨੇ ਵਿਰਾਗਮਈ ਕੀਰਤਨ ਕੀਤਾ।ਸਮਾਗਮ ਦੌਰਾਨ ਵੱਖ-ਵੱਖ ਧਾਰਮਿਕ, ਸਮਾਜਿਕ, ਰਾਜਨੀਤਕ, ਸਮਾਜ ਸੇਵੀ ਜਥੇਬੰਦੀਆ ਅਤੇ ਇਲਾਕੇ ਦੀਆਂ ਪੰਚਾਇਤਾਂ ਨੇ ਵੱਡੀ ਦੀ ਗਿਣਤੀ 'ਚ ਸਿਰਕਤ ਕੀਤੀ। ਇਸ ਸਮੇਂ ਵੱਖ ਵੱਖ ਬੁਲਾਰਿਆਂ ਨੇ ਮਾਤਾ ਜਸਵੀਰ ਕੌਰ ਦੇ ਮਿਠਬੋਲੜੇ ਸੁਭਾਅ ਅਤੇ ਸਮਾਜ ਸੇਵਾ ਦੇ ਖੇਤਰ ਵਿਚ ਪਾਏ ਜਾਂਦੇ ਯੋਗਦਾਨ ਦੀ ਸ਼ਲਾਘਾ ਕੀਤੀ। ਇਸ ਮੌਕੇ ਬਲਕਾਰ ਸਿੰਘ ਸਿੱਧੂ ਵਿਧਾਇਕ ਹਲਕਾ ਰਾਮਪੁਰਾ ਫੂਲ, ਜਤਿੰਦਰ ਸਿੰਘ ਭੱਲਾ ਚੇਅਰਮੈਨ ਨਗਰ ਸੁਧਾਰ ਟਰੱਸਟ ਬਠਿੰਡਾ, ਜਾਟ ਮਹਾਸਭਾ ਦੇ ਪ੍ਰਧਾਨ ਹਰਪ੍ਰੀਤ ਸਿੰਘ



ਸਾਹੂਵਾਲਾ (ਹਰਿਆਣਾ), ਸੀਨੀਅਰ ਅਕਾਲੀ ਆਗੂ ਕਰਨਲ ਦਰਸ਼ਨ ਸਿੰਘ ਸਮਾਧ ਭਾਈ, ਸਮਾਜ ਸੇਵੀ ਆਗੂ ਗੁਲਾਬ ਚੰਦ ਸਿੰਗਲਾ ਆਦਿ ਨੇ ਕਿਹਾ ਕਿ ਮਾਂ ਦਾ ਦਰਜਾ ਸਭ ਤੋਂ ਉੱਪਰ ਹੈ।

ਇਸ ਦੌਰਾਨ ਸਿਕੰਦਰ ਸਿੰਘ ਮਲੂਕਾ ਸਾਬਕਾ ਮੰਤਰੀ, ਗੁਰਪ੍ਰੀਤ ਸਿੰਘ ਕਾਂਗੜ ਸਾਬਕਾ ਮੰਤਰੀ, ਇੰਦਰਜੀਤ ਸਿੰਘ ਮਾਨ ਚੇਅਰਮੈਨ ਮਾਰਕਫ਼ੈਡ ਪੰਜਾਬ, ਤੀਰਥ ਸਿੰਘ ਮਾਹਲਾ ਸੀਨੀਅਰ ਆਗੂ ਅਕਾਲੀ ਦਲ, ਜੈ ਸਿੰਘ ਛਿੱਬਰ ਸੂਬਾ ਪ੍ਰਧਾਨ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟਸ ਯੂਨੀਅਨ, ਸੰਤੋਖ ਸਿੰਘ ਗਿੱਲ ਸੂਬਾ ਜਨਰਲ ਸਕੱਤਰ, ਸੁਖਨੈਬ ਸਿੰਘ ਸਿੱਧੂ ਜਿਲ੍ਹਾ ਜਨਰਲ ਸਕੱਤਰ ਬਠਿੰਡਾ, ਵੀਰਪਾਲ ਭਗਤਾ ਸੂਬਾ ਸਕੱਤਰ, ਰਾਜਿੰਦਰ ਮਰਾਹੜ ਜ਼ਿਲ੍ਹਾ ਮੀਤ ਪ੍ਰਧਾਨ, ਸੁਖਪਾਲ ਸਿੰਘ ਸੋਨੀ ਪ੍ਰਧਾਨ ਪ੍ਰੈਸ ਕਲੱਬ ਭਗਤਾ, ਪਰਵੀਨ ਗਰਗ ਮੈਂਬਰ ਜ਼ਿਲ੍ਹਾ ਕਮੇਟੀ, ਰਾਕੇਸ਼ ਕੁਮਾਰ ਗੋਇਲ, ਜਗਮੋਹਨ ਲਾਲ ਕੌਂਸਲਰ, ਮਨਜੀਤ ਸਿੰਘ ਧੁੰਨਾ, ਗੁਰਪਾਲ ਸਿੰਘ ਢਿੱਲਵਾ, ਦੀਪੂ ਢਿੱਲਵਾ ਵਾਲਾ, ਇਕੱਤਰ ਸਿੰਘ ਬਰਾਜ, ਸੁਖਜਿੰਦਰ ਸਿੰਘ ਖਾਨਦਾਨ, ਰਾਜਿੰਦਰਪਾਲ ਸਰਮਾ, ਸਵਰਨ ਸਿੰਘ ਭਗਤਾ, ਸਿਕੰਦਰ ਬਰਾੜ, ਢਾਡੀ ਬਲਵਿੰਦਰ ਸਿੰਘ ਭਗਤਾ, ਸੁਖਚੈਨ ਕਲਿਆਣ, ਗੁਰਮੇਲ ਸਿੰਘ ਐਸਡੀਓ ਭਗਤਾ,ਇਕਬਾਲ ਸਿੰਘ ਮੰਗੇਵਾਲਾ, ਜੋਰਾ ਸਿੰਘ ਸੰਧੂ ਐਮਸੀ ਫਿਰੋਜ਼ਪੁਰ,ਹਰਦੀਪ ਸਿੰਘ ਸਿੱਧੂ ਮਾਨਸਾ, ਅਮਨਦੀਪ ਸਿੰਘ ਜੇਈ,ਰਣਧੀਰ ਸਿੰਘ ਬਰਾਜ, ਜਥੇਦਾਰ ਪ੍ਰਗਟ ਸਿੰਘ ਭੋਡੀਪੁਰਾ ਤੋਂ ਇਲਾਵਾ ਬੀਕੇਯੂ ਲੱਖੋਵਾਲ, ਕ੍ਰਾਂਤੀਕਾਰੀ ਪੰਜਾਬ, ਉਗਰਾਹਾਂ ਦੇ ਆਗੂਆਂ ਨੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।

# ਕੇਂਦਰੀ ਬਜਟ ਵਿਕਸਤ ਭਾਰਤ ਦੀ ਮਜ਼ਬੂਤ ਨੀਂਹ ਰੱਖਦੈ : ਜਗਦੀਪ ਸਿੰਘ ਚੀਮਾ

ਸੁਨਾਮ 3 ਫਰਵਰੀ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) ਭਾਜਪਾ ਜ਼ਿਲ੍ਹਾ ਸੰਗਰੂਰ ਦੇ ਵੱਲੋਂ ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਦੀ ਅਗਵਾਈ ਹੇਠ ਸੁਨਾਮ ਊਧਮ ਸਿੰਘ ਵਾਲਾ ਵਿਖੇ ਕੇਂਦਰੀ ਬਜਟ 2026-27 ਤੇ ਇੱਕ ਵਿਸ਼ੇਸ਼ ਪ੍ਰੈਸ ਕਾਨਫਰੰਸ ਰੱਖੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ ਤੇ ਭਾਜਪਾ ਪੰਜਾਬ ਦੇ ਸੀਨੀਅਰ ਆਗੂ ਜਗਦੀਪ ਸਿੰਘ ਚੀਮਾ ਪਹੁੰਚੇ। ਇਸ ਪ੍ਰੈਸ ਕਾਨਫਰੰਸ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਜਗਦੀਪ ਸਿੰਘ ਚੀਮਾਂ ਨੇ ਭਾਜਪਾ ਦੇ ਸਾਬਵਣੇ ਕੇਂਦਰੀ ਬਜਟ ਨੂੰ ਸਮੁੱਚੇ ਵਿਕਾਸ ਲਈ ਲਾਭਦਾਇਕ ਦੱਸਿਆ। ਇਸ ਬਜਟ ਤੇ ਚਰਚਾ ਕਰਦਿਆਂ ਜਗਦੀਪ ਸਿੰਘ ਚੀਮਾਂ ਨੇ ਕਿਹਾ ਕਿ ਇਸ ਸਾਲ ਦੇ ਆਮ ਬਜਟ ਵਿੱਚ ਖੇਤੀਬਾੜੀ, ਸਿੱਖਿਆ,ਸੈਰ-ਸਪਾਟਾ ਤੇ ਸਿਹਤ ਸਹੂਲਤਾਂ ਦੇ ਵਿਸਥਾਰ ਤੇ ਜ਼ੋਰ ਦਿੱਤਾ ਜਾਵੇਗਾ। ਨੌਜਵਾਨਾਂ, ਔਰਤਾਂ, ਗਰੀਬਾਂ, ਕਿਸਾਨਾਂ ਤੇ ਪਿੰਡਾਂ ਦੇ ਵਿਕਾਸ ਨੂੰ ਤਰਜੀਹ ਦਿੱਤੀ ਗਈ ਹੈ। ਇਹ ਬਜਟ ਸਬਕਾ ਸਾਥ,ਸਬਕਾ ਵਿਕਾਸ,ਸਬਕਾ ਵਿਸ਼ਵਾਸ ਤੇ ਸਬਕਾ ਪ੍ਰਯਾਸ ਦੇ ਨਾਅਰੇ ਤੇ ਅਧਾਰਤ ਹੈ।ਚੀਮਾਂ ਨੇ ਕਿਹਾ ਕਿ ਇਹ ਬਜਟ ਦੇਸ਼ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਦਾ ਹੈ, ਰੁਜ਼ਗਾਰ ਪ੍ਰਦਾਨ ਕਰਦਾ ਹੈ ਅਤੇ ਇੱਕ ਵਿਕਸਤ ਭਾਰਤ ਦੀ ਨੀਂਹ ਰੱਖਦਾ ਹੈ।

ਚੀਮਾ ਨੇ ਕਿਹਾ ਕਿ ਮੋਦੀ ਸਰਕਾਰ ਦਾ ਬਜਟ ਰੱਖਿਆ ਖੇਤਰ,ਕਿਸਾਨਾਂ ਦੀ ਆਮਦਨ, ਮਹੱਤਵਪੂਰਨ ਖਣਿਜ, ਡੇਟਾ



ਸੈਂਟਰ, ਬੁਨਿਆਦੀ ਢਾਂਚਾ, ਰੁਜ਼ਗਾਰ ਤੇ ਆਰਥਿਕਤਾ ਤੇ ਕੇਂਦ੍ਰਿਤ ਹੈ। ਇਹ ਬਜਟ ਮੱਧ ਵਰਗ, ਉਦਯੋਗ,ਸਟਾਰਟਅੱਪਸ ਤੇ ਨਿਵੇਸ਼ਕਾਂ ਲਈ ਬਹੁਤ ਕੁਝ ਪੇਸ਼ ਕਰਦਾ ਹੈ। ਬਜਟ ਨੂੰ ਮੁੱਖ ਵਿਸ਼ੇਸ਼ਤਾਵਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ: ਸੰਪੂਰਨ ਤੇ ਸਮਾਵੇਸ਼ੀ ਵਿਕਾਸ ਤੇ ਜ਼ੋਰ, ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚਣ ਦੇ ਯਤਨ, ਬੁਨਿਆਦੀ ਢਾਂਚਾ ਵਿਕਾਸ ਤੇ ਨਿਵੇਸ਼, ਸੰਭਾਵਨਾਵਾਂ ਨੂੰ ਬਾਹਰ ਕੱਢਣ ਲਈ ਉਤਸ਼ਾਹਿਤ ਕਰਨਾ, ਹਰੇ ਵਿਕਾਸ ਤੇ ਮਜ਼ਬੂਤ ਧਿਆਨ, ਨੌਜਵਾਨਾਂ ਦੇ ਉਤਸ਼ਾਹ ਨੂੰ ਵਰਤਣਾ ਅਤੇ ਵਿੱਤੀ ਖੇਤਰ ਨੂੰ ਉਤਸ਼ਾਹਿਤ ਕਰਨਾ।

ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਕਿਹਾ ਕਿ ਕੇਂਦਰੀ ਬਜਟ 2026-27 ਇੱਕ ਵਿਕਸਤ ਭਾਰਤ ਦੀ ਮਜ਼ਬੂਤ ਨੀਂਹ ਰੱਖਦਾ ਹੈ। ਦਾਮਨ ਬਾਜਵਾ ਨੇ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਪੇਸ਼ ਕੀਤਾ ਗਿਆ ਬਜਟ ਸਮਾਜ ਦੇ ਹਰ ਵਰਗ ਲਈ ਸੰਤੁਲਿਤ ਦੇਖਭਾਲ ਪ੍ਰਦਾਨ ਕਰਦਾ ਹੈ,ਜਿਸ ਵਿੱਚ ਨੌਜਵਾਨ, ਕਿਸਾਨ, ਮਾਲੀ, ਔਰਤਾਂ, ਵਪਾਰੀ, ਕਰਮਚਾਰੀ, SME ਤੇ ਮੱਧ ਵਰਗ ਸ਼ਾਮਲ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੂੰ ਲਗਾਤਾਰ ਨੌਵਾਂ ਕੇਂਦਰੀ ਬਜਟ ਪੇਸ਼ ਕਰਨ ਲਈ ਵਧਾਈ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਇਹ ਬਜਟ ਦੇਸ਼ ਨੂੰ ਸਵੈ-ਨਿਰਭਰ ਅਤੇ ਸਸ਼ਕਤ ਬਣਾਉਣ ਲਈ ਇੱਕ ਸਪੱਸ਼ਟ ਰੋਡਮੈਪ ਪੇਸ਼ ਕਰਦਾ ਹੈ। ਇਸ ਮੌਕੇ ਜ਼ਿਲ੍ਹਾ ਬਜਟ ਕਮੇਟੀ ਦੇ ਮੈਂਬਰ ਸੰਜੇ ਗੋਇਲ ਖੜਿਆਲੀਆਂ, ਰਾਜੀਵ ਮੱਖਣ ਸੁਨਾਮ, ਵਿਜੇ ਗੋਇਲ ਲੌਂਗੋਵਾਲ, ਪਰਮਜੀਤ ਸਿੰਘ ਮੱਟੂ ਦਿੜ੍ਹਬਾ ਅਤੇ ਸ਼ੰਕਰ ਬਾਂਸਲ ਆਦਿ ਹਾਜ਼ਰ ਸਨ।

# ਵਾਈਐਸ ਪਬਲਿਕ ਸਕੂਲ ਨੇ ਐਨ.ਡੀ.ਏ. ਅਤੇ ਰੱਖਿਆ ਸੇਵਾਵਾਂ 'ਤੇ ਜਾਣਕਾਰੀ ਭਰਪੂਰ ਸੈਸ਼ਨ ਕਰਵਾਇਆ




ਬਰਨਾਲਾ, 3 ਫਰਵਰੀ (ਇਸ਼ਨ ਕੰਗ) : ਵਾਈਐਸ ਪਬਲਿਕ ਸਕੂਲ, ਜੋ ਕਿ ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਹੈ ਅਤੇ ਸਰਵਪੱਖੀ ਸਿੱਖਿਆ ਪ੍ਰਤੀ ਆਪਣੀ ਵਚਨਬੱਧਤਾ ਲਈ ਪ੍ਰਸਿੱਧ ਹੈ, ਨੇ ਕਲਾਸ 11ਵੀਂ ਅਤੇ 12ਵੀਂ ਦੇ ਵਿਦਿਆਰਥੀਆਂ ਲਈ ਨੈਸ਼ਨਲ ਡਿਫੈਂਸ ਅਕੈਡਮੀ (ਐਨਡੀਏ) ਅਤੇ ਹੋਰ ਮੁੱਖ ਰੱਖਿਆ ਸੇਵਾਵਾਂ ਬਾਰੇ ਇੱਕ ਜਾਣਕਾਰੀ ਭਰਪੂਰ ਅਤੇ ਪ੍ਰੇਰਣਾਦਾਇਕ ਸੈਸ਼ਨ ਦਾ ਸਫਲ ਆਯੋਜਨ ਕੀਤਾ। ਇਸ ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਰੱਖਿਆ ਖੇਤਰ ਵਿੱਚ ਉਪਲਬਧ ਮਾਣਯੋਗ ਕਰੀਅਰ ਮੌਕਿਆਂ ਬਾਰੇ ਜਾਗਰੂਕ ਕਰਨਾ ਸੀ। ਸੈਸ਼ਨ ਦੌਰਾਨ ਭਾਰਤੀ ਫੌਜ (ਐਨਡੀਏ), ਭਾਰਤੀ ਨੇਵੀ, ਭਾਰਤੀ ਏਅਰ ਫੋਰਸ, ਭਾਰਤੀ ਕੋਸਟ ਗਾਰਡ, ਸੀਏਪੀਐਫ, ਡੀਆਰਡੀਓ ਅਤੇ ਵੱਖ-ਵੱਖ ਤਕਨੀਕੀ ਐਂਟਰੀਆਂ ਸੰਬੰਧੀ ਵਿਸਥਾਰਪੂਰਕ ਜਾਣਕਾਰੀ ਪ੍ਰਦਾਨ ਕੀਤੀ ਗਈ। ਵਿਦਿਆਰਥੀਆਂ ਨੂੰ ਯੋਗਤਾ ਮਾਪਦੰਡ, ਚੋਣ ਪ੍ਰਕਿਰਿਆ, ਪ੍ਰੀਖਿਆ ਪੈਟਰਨ, ਟ੍ਰੇਨਿੰਗ ਪ੍ਰਣਾਲੀ ਅਤੇ ਲੰਬੇ ਸਮੇਂ ਦੇ ਕਰੀਅਰ ਮੌਕਿਆਂ ਬਾਰੇ ਵਿਵਹਾਰਕ ਮਾਰਗਦਰਸ਼ਨ ਦਿੱਤਾ ਗਿਆ। ਸੈਸ਼ਨ ਦਾ ਮਕਸਦ ਵਿਦਿਆਰਥੀਆਂ ਨੂੰ ਰੱਖਿਆ ਸੇਵਾਵਾਂ ਨਾਲ ਜੁੜੇ ਕਰੀਅਰ ਬਾਰੇ ਸਪੱਸ਼ਟਤਾ ਪ੍ਰਦਾਨ ਕਰਨਾ ਅਤੇ ਦੇਸ਼ ਸੇਵਾ ਲਈ ਲੋੜੀਂਦੇ ਅਨੁਸ਼ਾਸਨ, ਸਮਰਪਣ ਅਤੇ ਤਿਆਰੀ ਦੀ ਮਹੱਤਤਾ ਨੂੰ ਸਮਝਾਉਣਾ ਸੀ। ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਭਵਿੱਖੀ ਕਰੀਅਰ ਸੰਬੰਧੀ ਮਹੱਤਵਪੂਰਨ ਪ੍ਰਸ਼ਨ ਪੁੱਛੇ। ਕਈ ਵਿਦਿਆਰਥੀਆਂ ਨੇ ਸਾਂਝਾ ਕੀਤਾ ਕਿ ਇਸ ਸੈਸ਼ਨ ਨਾਲ ਉਨ੍ਹਾਂ ਨੂੰ ਆਪਣੇ ਭਵਿੱਖ ਲਈ ਸਹੀ ਦਿਸ਼ਾ ਮਿਲੀ ਅਤੇ ਰੱਖਿਆ ਸੇਵਾਵਾਂ ਪ੍ਰਤੀ ਉਨ੍ਹਾਂ ਦੀ ਸੋਚ ਹੋਰ ਵਿਸ਼ਾਲ ਹੋਈ। ਕੁੱਲ ਮਿਲਾ ਕੇ ਇਹ ਸੈਸ਼ਨ ਵਿਦਿਆਰਥੀਆਂ ਲਈ ਬਹੁਤ ਹੀ ਪ੍ਰੇਰਣਾਦਾਇਕ, ਲਾਭਕਾਰੀ ਅਤੇ ਕਰੀਅਰ-ਨਿਰਮਾਣ ਅਨੁਭਵ ਸਾਬਤ ਹੋਇਆ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਮੋਹਿਤ ਜਿੰਦਲ ਨੇ ਕਿਹਾ, 'ਵਾਈਐਸ ਪਬਲਿਕ ਸਕੂਲ ਵਿੱਚ ਅਸੀਂ ਜ਼ਿੰਮੇਵਾਰ ਅਤੇ ਆਤਮਵਿਸ਼ਵਾਸੀ ਵਿਅਕਤੀਆਂ ਦੀ ਤਿਆਰੀ 'ਤੇ ਵਿਸ਼ਵਾਸ ਰੱਖਦੇ ਹਾਂ। ਇਸ ਤਰ੍ਹਾਂ ਦੇ ਸੈਸ਼ਨ ਵਿਦਿਆਰਥੀਆਂ ਨੂੰ ਰੱਖਿਆ ਸੇਵਾਵਾਂ ਵਰਗੇ ਮਾਣਯੋਗ ਕਰੀਅਰ ਵਿਕਲਪਾਂ ਨਾਲ ਜੋੜਦੇ ਹਨ ਅਤੇ ਉਨ੍ਹਾਂ ਨੂੰ ਆਪਣੇ ਲਕਸ਼ ਪ੍ਰਾਪਤ ਕਰਨ ਲਈ ਸਹੀ ਮਾਰਗਦਰਸ਼ਨ ਦਿੰਦੇ ਹਨ।' ਸੈਸ਼ਨ ਦਾ ਸਮਾਪਨ ਇੱਕ ਪ੍ਰੇਰਣਾਦਾਇਕ ਨੋਟ ਨਾਲ ਹੋਇਆ, ਜੋ ਕਿ ਸਕੂਲ ਦੀ ਉਸ ਦੂਰਦਰਸ਼ੀ ਸੋਚ ਨੂੰ ਦਰਸਾਉਂਦਾ ਹੈ, ਜਿਸ ਅਧੀਨ ਵਿਦਿਆਰਥੀਆਂ ਨੂੰ ਗਿਆਨ, ਮੁੱਲਾਂ ਅਤੇ ਉਦੇਸ਼ ਨਾਲ ਜਾਣੂੰ ਕਰਵਾਇਆ ਜਾਂਦਾ ਹੈ।

# ਹਿਮਾਂਕ ਗਰਗ ਨੇ ਬਣਾਇਆ ਵਿਸ਼ਵ ਰਿਕਾਰਡ; ਡਿਪਟੀ ਕਮਿਸ਼ਨਰ ਵੱਲੋਂ ਸਨਮਾਨਿਤ



ਬਰਨਾਲਾ, 3 ਫਰਵਰੀ (ਬਘੇਲ ਸਿੰਘ ਧਾਲੀਵਾਲ) : ਬਰਨਾਲਾ ਦੇ ਵਸਨੀਕ 14 ਸਾਲਾ ਹੋਣਹਾਰ ਵਿਦਿਆਰਥੀ ਹਿਮਾਂਕ ਗਰਗ ਨੇ ਅੰਤਰਰਾਸ਼ਟਰੀ ਰਿਕਾਰਡ ਪੁਸਤਕ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਬਰਨਾਲਾ ਅਤੇ ਸੂਬੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮਾਣਮੱਤੀ ਪ੍ਰਾਪਤੀ ਲਈ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਹਿਮਾਂਕ ਗਰਗ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਅਤੇ ਭਵਿੱਖ ਵਿੱਚ ਹੋਰ ਵੀ ਵੱਡੀਆਂ ਮੱਲਾਂ ਮਾਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਅਜਿਹੇ ਵਿਦਿਆਰਥੀ ਬਾਕੀਆਂ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਹਿਮਾਂਕ ਗਰਗ ਦੇ ਪਿਤਾ ਸੰਜੀਵ ਗਰਗ, ਮਾਤਾ ਸ੍ਰੀਮਤੀ ਰਿਤੂ, ਅਧਿਆਪਕ ਅਸ਼ੀਸ਼ ਸਿੰਗਲਾ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਬਰਨਾਲਾ ਦੇ ਹਿਮਾਂਕ ਨੇ ਵਿਸ਼ਵ ਰਿਕਾਰਡ ਬਣਾ ਕੇ ਸਿਰਫ਼ ਬਰਨਾਲਾ ਅਤੇ ਪੂਰੇ ਪੰਜਾਬ ਦਾ ਨਾਮ ਵਧਾਇਆ ਹੈ। ਹਿਮਾਂਕ ਗਰਗ ਨੇ ਸਿਰਫ਼ 43.05 ਸਕਿੰਟਾਂ ਵਿੱਚ ਚਾਰ ਅੰਕਾਂ ਨੂੰ ਦੋ ਅੰਕਾਂ ਨਾਲ ਭਾਗ ਦੇ 50 ਪ੍ਰਸ਼ਨ ਹੱਲ ਕਰਕੇ ਸਭ ਤੋਂ ਤੇਜ਼ ਹੱਲ ਕਰਨ ਦਾ ਵਿਸ਼ਵ ਰਿਕਾਰਡ ਕਾਇਮ ਕੀਤਾ ਹੈ। ਉਨ੍ਹਾਂ ਹਿਮਾਂਕ ਗਰਗ ਨੂੰ ਪ੍ਰਸੰਸ਼ਾ ਪੱਤਰ ਨਾਲ ਸਨਮਾਨਿਤ ਕੀਤਾ। 14 ਸਾਲਾ ਹਿਮਾਂਕ ਗਰਗ ਵਾਈ ਐੱਸ ਸਕੂਲ ਵਿੱਚ 10ਵੀਂ ਦਾ ਵਿਦਿਆਰਥੀ ਹੈ ਅਤੇ ਨਾਲ ਐਬੇਕਸ (ਮੈਂਟਲ ਮੈਥ) ਦੀ ਕੋਚਿੰਗ ਲੈ ਰਿਹਾ ਹੈ। ਹਿਮਾਂਕ ਗਰਗ ਦਾ ਕਹਿਣਾ ਹੈ ਕਿ ਉਹ ਹੁਣ ਗਿੰਨੀਜ਼ ਵਿਸ਼ਵ ਰਿਕਾਰਡ ਲਈ ਤਿਆਰੀ ਕਰ ਰਿਹਾ ਹੈ।

# ਡਿਜੀਟਲ ਯੁੱਗ 'ਚ ਸਾਈਬਰ ਸੁਰੱਖਿਆ ਦੀ ਜਾਣਕਾਰੀ ਅਤਿ ਜ਼ਰੂਰੀ : ਮਹਿੰਦਰ ਪਾਲ ਗਰਗ

## ਡਿਜੀਟਲ ਗ੍ਰਿਫ਼ਤਾਰੀ ਰਾਹੀਂ ਲੋਕਾਂ ਨੂੰ ਬਣਾਇਆ ਜਾ ਰਿਹੈ ਠੱਗੀ ਦਾ ਸ਼ਿਕਾਰ : ਮੋਨਿਕਾ ਗਰਗ



ਬਰਨਾਲਾ 3 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਅੱਜ ਦੇ ਡਿਜੀਟਲ ਯੁੱਗ ਵਿੱਚ, ਜਿੱਥੇ ਟੈਕਨਾਲੋਜੀ ਨੇ ਜੀਵਨ ਨੂੰ ਅਸਾਨ ਬਣਾ ਦਿੱਤਾ ਹੈ, ਉੱਥੇ ਕੁਝ ਲੋਕ ਇਸ ਟੈਕਨਾਲੋਜੀ ਦੀ ਵਰਤੋਂ ਕਰਕੇ ਲੋਕਾਂ ਨਾਲ ਠੱਗੀ ਮਾਰ ਰਹੇ ਹਨ। ਇਸ ਵਿਸੇ਼ ਤੇ ਵਿਚਾਰ ਸਾਂਝੇ ਕਰਦਿਆਂ ਮਹਿੰਦਰ ਪਾਲ ਗਰਗ ਕੰਪਿਊਟਰ ਫੈਕਲਟੀ ਸ ਹ ਸ ਨਾਈਵਾਲਾ, ਮੋਨਿਕਾ ਰਾਣੀ ਗਰਗ ਕੰਪਿਊਟਰ ਫੈਕਲਟੀ ਸ ਮਿ ਸ ਰਾਏਸਰ ਪਟਿਆਲਾ ਅਤੇ ਹਰਪ੍ਰੀਤ ਸਿੰਘ ਕੰਪਿਊਟਰ ਫੈਕਲਟੀ ਸ ਕੰ ਸ ਸ ਸਕੂਲ ਬਰਨਾਲਾ ਨੇ ਕਿਹਾ ਕਿ ਅੱਜ ਕੱਲ੍ਹ ਲੋਕਾਂ ਨੂੰ ਡਿਜੀਟਲ ਗ੍ਰਿਫ਼ਤਾਰ ਕਰਨ ਦੀਆਂ ਖ਼ਬਰਾਂ ਸੁਰਖੀਆਂ ਬਣ ਰਹੀਆਂ ਹਨ। ਅਸਲ ਵਿੱਚ ਇਹ ਇੱਕ ਨਵਾਂ ਢੰਗ ਹੈ, ਜਿੱਥੇ ਠੱਗ ਲੋਕਾਂ ਨੂੰ ਡਰਾ ਕੇ ਉਹਨਾਂ ਤੋਂ ਪੈਸੇ ਲੁੱਟਦੇ ਹਨ। ਆਓ ਜਾਣਦੇ ਹਾਂ ਕਿ ਡਿਜੀਟਲ ਗ੍ਰਿਫ਼ਤਾਰੀ ਕੀ ਹੈ ਅਤੇ ਇਸ ਤੋਂ ਬਚਣ ਲਈ ਕੀ ਕਰਨਾ ਚਾਹੀਦਾ ਹੈ। ਕੀ ਹੈ ਡਿਜੀਟਲ ਗ੍ਰਿਫ਼ਤਾਰੀ? ਡਿਜੀਟਲ ਗ੍ਰਿਫ਼ਤਾਰੀ ਵਿੱਚ ਸਾਈਬਰ ਠੱਗ ਇੱਕ ਆਮ ਨਾਗਰਿਕ ਨੂੰ ਟੈਲੀਫ਼ੋਨ ਦੁਆਰਾ ਸੰਪਰਕ ਕਰਦੇ ਹਨ। ਠੱਗ ਆਪਣੇ ਆਪ ਨੂੰ ਪੁਲਿਸ, ਸੀ ਬੀ ਆਈ ਅਫ਼ਸਰ ਜਾਂ ਕੋਈ ਹੋਰ ਅਧਿਕਾਰੀ ਦੱਸਦੇ ਹਨ ਅਤੇ ਕਹਿੰਦੇ ਹਨ ਕਿ ਤੁਹਾਡੇ ਖਿਲਾਫ਼ ਕੋਈ ਸ਼ਿਕਾਇਤ ਦਰਜ਼ ਹੈ ਜਾਂ ਤੁਹਾਡੇ ਨਜ਼ਦੀਕੀ ਥਾਣੇ ਦਾ ਨਾਂ ਲੈ ਕੇ ਕਹਿੰਦੇ ਹਨ ਕਿ ਅਸੀਂ ਇਸ ਥਾਣੇ ਵਿੱਚੋਂ ਬੋਲ ਰਹੇ ਹਾਂ, ਅਸੀਂ ਤੁਹਾਡਾ ਬੇਟਾ, ਭਰਾ ਜਾਂ ਹੋਰ ਰਿਸ਼ਤੇਦਾਰ ਫੜ੍ਹਿਆ ਹੈ। ਪਹਿਲਾਂ ਉਹ ਫ਼ੋਨ 'ਤੇ ਪੀੜ੍ਹਤ ਵਿਅਕਤੀ ਨੂੰ ਡਰਾਉਂਦੇ ਹਨ ਅਤੇ ਘਰ ਤੋਂ ਬਾਹਰ ਨਿਕਲਣ ਤੋਂ ਮਨਾਂ ਕਰਦੇ ਹਨ। ਫਿਰ ਉਹ ਦੂਜੇ ਫ਼ੋਨ ਤੋਂ ਪੀੜ੍ਹਤ ਵਿਅਕਤੀ ਨੂੰ ਮਦਦ ਕਰਨ ਦਾ ਭਰੋਸਾ ਦਿੰਦੇ ਹਨ ਅਤੇ ਇਸ ਮੋਬਾਈਲ ਐਪ ਨੂੰ ਡਾਊਨਲੋਡ ਕਰਨ ਲਈ ਕਹਿੰਦੇ ਹਨ। ਉਹਨਾਂ ਦੇ ਕਹੇ ਅਨੁਸਾਰ ਪੀੜ੍ਹਤ ਵਿਅਕਤੀ ਇਹ ਮੋਬਾਈਲ ਐਪ ਡਾਊਨਲੋਡ ਕਰ ਲੈਂਦਾ ਹੈ, ਜਦ ਕਿ ਇਹ ਐਪ ਠੱਗਾਂ ਦੁਆਰਾ ਠੱਗੀ ਕਰਨ ਦੇ ਉਪਕਰਣ ਵਜੋਂ ਵਰਤਿਆ ਜਾਂਦਾ ਹੈ। ਫਿਰ ਠੱਗ ਕੇਸ ਸੈੱਟਲ ਕਰਨ ਲਈ ਕੁੱਝ ਪੈਸੇ ਦੀ ਡਿਮਾਂਡ ਕਰਦੇ ਹਨ। ਪੀੜ੍ਹਤ ਵਿਅਕਤੀ ਡਰਦੇ ਹੋਏ ਪੈਸੇ ਦੇ ਦਿੰਦਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਵਿਕਾਸ ਕੁਮਾਰ ਕੰਪਿਊਟਰ ਫੈਕਲਟੀ ਸ ਹ ਸ ਗੁਰਮ, ਸੌਰਵ ਕੁਮਾਰ ਕੰਪਿਊਟਰ ਫੈਕਲਟੀ ਸ਼ਹੀਦ ਬੀਬੀ ਕਿਰਨਜੀਤ ਕੌਰ ਮੈਮੋਰੀਅਲ ਸਕੂਲ ਆਫ਼ ਐਮੀਨੈਂਸ ਮਹਿਲ ਕਲਾਂ ਅਤੇ ਤਰੁਣ ਕੁਮਾਰ ਕੰਪਿਊਟਰ ਫੈਕਲਟੀ ਸ ਹ ਸ ਠੁੱਲੇਵਾਲ ਨੇ ਕਿਹਾ ਕਿ ਸਾਨੂੰ ਇਸ ਤੋਂ ਬਚਣ ਲਈ ਕੀ ਕਰਨਾ ਚਾਹੀਦਾ ਹੈ? ਜੇ ਕੋਈ ਤੁਹਾਨੂੰ ਪੁਲਿਸ ਜਾਂ ਅਧਿਕਾਰੀ ਬਣਕੇ ਡਰਾਉਂਦਾ ਹੈ, ਤਾਂ ਘਬਰਾਓ ਨਾ, ਬਲਕਿ ਇਸ ਸਬੰਧੀ ਤੁਰੰਤ ਆਪਣੇ ਪਰਿਵਾਰਿਕ ਮੈਂਬਰਾਂ ਜਾਂ ਦੋਸਤਾਂ ਨਾਲ ਇਸ ਬਾਰੇ ਗੱਲ ਕਰੋ। ਆਪਣੇ ਨਜ਼ਦੀਕੀ ਪੁਲਿਸ ਸਟੇਸ਼ਨ ਜਾਂ ਸਾਈਬਰ ਸੈੱਲ ਵਿੱਚ ਇਸਦੀ ਸ਼ਿਕਾਇਤ ਦਰਜ਼ ਕਰਾਓ। ਠੱਗਾਂ ਦੀ ਮੰਗ ਨੂੰ ਨਜ਼ਰਅੰਦਾਜ਼ ਕਰੋ ਅਤੇ ਆਪਣੇ ਭਰੋਸੇਯੋਗ ਸੰਸਥਾਨਾਂ ਤੇ ਵਿਸ਼ਵਾਸ ਰੱਖੋ। ਡਿਜੀਟਲ ਯੁੱਗ ਵਿੱਚ ਸਾਵਧਾਨ ਰਹਿਣਾ ਹੀ ਸੁਰੱਖਿਆ ਦੀ ਗਾਰੰਟੀ ਹੈ। ਜੇਕਰ ਤੁਸੀਂ ਸਮੇਂ 'ਤੇ ਸਹੀ ਕਾਰਵਾਈ ਕਰਦੇ ਹੋ, ਤਾਂ ਸਾਈਬਰ ਠੱਗੀ ਤੋਂ ਬਚਿਆ ਜਾ ਸਕਦਾ ਹੈ।

# ਮਿਹਨਤ, ਲਗਨ, ਦਲੇਰੀ ਸ਼ਾਂਤ ਸੁਭਾਅ ਅਤੇ ਆਸਥਾ ਦੇ ਪੁੰਜ ਸਨ ਮਾਤਾ ਬਿਮਲਾ ਭੁਟਾਨੀ



ਬਰਨਾਲਾ 3 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਸਵ: ਮਾਤਾ ਬਿਮਲਾ ਭੁਟਾਨੀ ਪਰਮਾਤਮਾ ਵੱਲੋਂ ਬਖ਼ਸ਼ੀ ਹੋਈ ਸੁਆਸਾਂ ਦੀ ਪੂੰਜੀ ਸਮੇਟਦੇ ਹੋਏ 86 ਸਾਲ ਦੀ ਉਮਰ ਚ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਮਾਤਾ ਬਿਮਲਾ ਭੁਟਾਨੀ ਦਾ ਜਨਮ 21ਅਪ੍ਰੈਲ 1940 ਨੂੰ ਲਹਿੰਦੇ ਪੰਜਾਬ ਪਿੰਡ ਪਿੰਡੀ ਘੇਵ ਵੰਡ ਤੋਂ ਪਹਿਲਾਂ ਜੋ ਕਿ ਹੁਣ ਪਾਕਿਸਤਾਨ ਵਿੱਚ ਹੈ ਵਿਖੇ ਪਿਤਾ ਗਿਆਨ ਚੰਦ ਆਹੂਜਾ ਦੇ ਘਰ ਮਾਤਾ ਇਸ਼ਵਰੀ ਦੀ ਕੁੱਖੋਂ ਹਇਆ।ਇਹਨਾਂ ਦਾ ਵਿਆਹ 20 ਸਾਲ ਦੀ ਉਮਰ ਚ ਸਵ: ਸ਼੍ਰੀ ਜੈ ਕ੍ਰਿਸ਼ਨ ਲਾਲ ਭੁਟਾਨੀ ਨਾਲ ਹੋਇਆ। ਮਾਤਾ ਬਿਮਲਾ ਬਚਪਨ ਤੋਂ ਹੀ ਬਹੁਤ ਮਿਹਨਤੀ, ਦਲੇਰ ਅਤੇ ਧਾਰਮਿਕ ਰੁਚੀਆਂ ਵਾਲੇ ਸਨ। ਰੋਜ਼ਾਨਾ ਨਿੱਤ ਨੇਮ ਸੁਭਾ ਸ਼ਾਮ ਮਰਿਯਾਦਾ ਅਨੁਸਾਰ ਪਾਠ ਕਰਨਾ ਉਹਨਾਂ ਦਾ ਨਿਯਮ ਸੀ। ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਦਿਵਾਈ। ਉਹਨਾਂ ਦੇ ਸਮਾਜ ਸੇਵੀ ਪੁੱਤਰ ਹਰਿੰਦਰ ਅਤੇ ਰਾਜੇਸ਼ ਭੁਟਾਨੀ ਨੇ ਦੱਸਿਆ ਕਿ ਮਾਤਾ ਬਿਮਲਾ ਭੁਟਾਨੀ ਨੇ ਆਪਣੇ ਪੁੱਤਰਾਂ ਨੂੰ ਮਿਹਨਤ, ਲਗਨ, ਸਮਾਜ ਸੇਵਾ, ਇਮਾਨਦਾਰੀ ਦਾ ਸਬਕ ਪੜ੍ਹਾਇਆ ਅਤੇ ਉਨਾਂ ਨੂੰ ਆਪਣੇ ਪੈਰਾਂ ਸਿਰ ਖੜ੍ਹਾ ਕੀਤਾ। 35 ਸਾਲ ਬਤੌਰ ਅਧਿਆਪਕ ਸੇਵਾ ਨਿਭਾਈ ਅਤੇ ਹੈੱਡ ਟੀਚਰ ਰਿਟਾਇਰ ਹੋਏ।ਪਿਛਲੇ ਕੁਝ ਸਮੇਂ ਤੋਂ ਸਿਹਤ ਠੀਕ ਨਾ ਹੋਣ ਕਾਰਣ ਆਪਣੇ ਪੁੱਤਰਾਂ, ਪੋਤਿਆਂ, ਪੜੋਤਿਆਂ, ਰਿਸ਼ਤੇਦਾਰਾਂ ਅਤੇ ਸਨੇਹੀਆਂ ਨੂੰ 22 ਜਨਵਰੀ 2026 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨਾਂ ਨਮਿੱਤ ਰੱਖੇ ਸ੍ਰੀ ਸਹਿਜ ਪਾਠ ਦਾ ਭੋਗ ਅੱਜ ਮਿਤੀ 3 ਫਰਵਰੀ ਦਿਨ ਮੰਗਲਵਾਰ ਨੂੰ ਗੁਰੂਦੁਆਰਾ ਸਾਹਿਬ ਬੀਬੀ ਪ$ਧਾਨ ਕੌਰ ਨੇੜੇ ਬੱਸ ਸਟੈਂਡ ਬਰਨਾਲਾ ਵਿਖੇ ਬਾਅਦ ਦੁਪਹਿਰ 12 ਵਜੇ ਤੋਂ 1 ਵਜੇ ਤੱਕ ਪਵੇਗਾ। ਆਪ ਜੀ ਨੂੰ ਭੋਗ ਅਤੇ ਅੰਤਿਮ ਅਰਦਾਸ ਚ ਸ਼ਾਮਲ ਹੋਣ ਲਈ ਬੇਨਤੀ ਕੀਤੀ ਜਾਂਦੀ ਹੈ।

# ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਦੀ ਡੀ.ਸੀ. ਨਾਲ ਹੋਈ ਮੀਟਿੰਗ



ਬਰਨਾਲਾ, 3 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਉਪਕਾਰ ਕੋਆਰਡੀਨੇਸ਼ਨ ਸੁਸਾਇਟੀ (ਰਜਿ.) ਬਰਨਾਲਾ ਵੱਲੋਂ ਬਰਨਾਲਾ ਜ਼ਿਲ੍ਹਾ ਦੇ ਨਵੇਂ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਜੀ ਆਈ ਏ ਐਸ ਨਾਲ ਇਸ ਜਿਲ੍ਹੇ ਵਿੱਚ ਬਤੌਰ ਡਿਪਟੀ ਕਮਿਸ਼ਨਰ ਹਾਜ਼ਰ ਹੋਣ ਤੇ ਉਨ੍ਹਾਂ ਦੇ ਨਾਲ ਪਲੇਠੀ ਮੁਲਾਕਾਤ ਕੀਤੀ ਗਈ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਨੀਰਜ ਕੁਮਾਰ ਸਿੰਗਲਾ ਪ੍ਰਧਾਨ ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਰਜਿਸਟਰਡ ਬਰਨਾਲਾ ਨੇ ਦੱਸਿਆ ਕਿ ਇਸ ਮੁਲਾਕਾਤ ਮੌਕੇ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਸੋਸਾਇਟੀ ਦੇ ਮਨੋਰਥ ਅਤੇ ਕੀਤੇ ਜਾ ਰਹੇ ਕੰਮਾਂ ਬਾਰੇ ਵਿਸਥਾਰ ਵਿੱਚ ਦੱਸਿਆ ਗਿਆ ਅਤੇ ਪੰਜਾਬ ਸਰਕਾਰ ਵੱਲੋਂ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਵਿੱਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ ਡਿਪਟੀ ਕਮਿਸ਼ਨਰ ਬਰਨਾਲਾ ਵੱਲੋਂ ਸੋਸਾਇਟੀ ਦੇ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ ਗਈ ਅਤੇ ਓਹਨਾਂ ਵੱਲੋਂ ਕਿਹਾ ਗਿਆ ਕਿ ਸੋਸਾਇਟੀ ਵਲੋਂ ਨਸ਼ਿਆਂ ਅਤੇ ਭਰੂਣ ਹੱਤਿਆ ਵਿਰੁੱਧ ਕੀਤੇ ਜਾ ਰਹੇ ਕੰਮ ਲਗਾਤਾਰ ਜਾਰੀ ਰੱਖੇ ਜਾਣ ਅਤੇ ਇਸ ਮੁਹਿੰਮ ਵਿੱਚ ਜਿਲ੍ਹਾ ਪ੍ਰਸ਼ਾਸਨ ਸੋਸਾਇਟੀ ਦੇ ਬਿਲਕੁਲ ਨਾਲ ਹੈ ਤਾਂ ਜੋ ਇਹਨਾਂ ਕੁਰੀਤੀਆਂ ਦਾ ਖਾਤਮਾ ਕੀਤਾ ਜਾ ਸਕੇ। ਇਸ ਮੌਕੇ ਸਰਬਸੁਖਜੀਤ ਸਿੰਘ ਸੀਤਲ ਉਪ ਪ੍ਰਧਾਨ, ਸੁਭਾਸ਼ ਭਾਰਤੀ ਜਨਰਲ ਸਕੱਤਰ, ਵਿਜੇ ਗੁਪਤਾ ਸਲਾਹਕਾਰ, ਵਿਸ਼ਾਲ ਕੁਮਾਰ ਗਰਗ ਖ਼ਜ਼ਾਨਚੀ, ਮੁਕੇਸ਼ ਕਾਂਸਲ ਹਾਜ਼ਰ ਸਨ।

# ਗਰੀਨ ਫ਼ੀਲਡ ਕਾਨਵੈਂਟ ਸਕੂਲ ਵਿਖੇ ਵਿਦਿਆਰਥੀਆਂ ਦੀਆਂ ਰਸਾਇਣਕ ਵਿਗਿਆਨ ਨਾਲ ਸਬੰਧਿਤ ਗਤੀਵਿਧੀਆਂ ਕਰਵਾਈਆਂ



ਧਨੌਲਾ, 3 ਫਰਵਰੀ (ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ ਪ੍ਰੈਕਟੀਕਲ ਤਰੀਕੇ ਨਾਲ ਮੁਹੱਈਆ ਕਰਵਾਈ ਜਾਂਦੀ ਸਿੱਖਿਆ ਦੇ ਤਹਿਤ ਅੱਜ ਰਸਾਇਣਕ ਵਿਗਿਆਨ ਦੀਆਂ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਦੌਰਾਨ ਅਸਿਸਟੈਂਟ ਕੋਆਡੀਨੇਟਰ ਨੌਵਲਪ੍ਰੀਤ ਦੁਆਰਾ ਬੱਚਿਆਂ ਨੂੰ ਸਾਇੰਸ ਲੈਬ ਵਿੱਚ ਲਿਜਾ ਕੇ ਉਨ੍ਹਾਂ ਸਾਰੇ ਕੈਮੀਕਲਜ਼ ਬਾਰੇ ਵਿਸਥਾਰਪੂਰਵਕ ਤਰੀਕੇ ਨਾਲ ਚਾਨਣਾ ਪਾਇਆ ਗਿਆ ਜਿਹੜੇ ਆਪਸ ਵਿੱਚ ਮਿਲ ਕੇ ਕੰਮ ਕਰਦੇ ਹਨ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਸਾਰੇ ਤੇਜ਼ਾਬਾਂ ਦੀਆਂ ਕਿਸਮਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਉਪਰੰਤ ਵਿਦਿਆਰਥੀਆਂ ਵੱਲੋਂ ਅਧਿਆਪਕਾ ਦੁਆਰਾ ਦੱਸੇ ਗਏ ਨੁਕਤਿਆਂ ਤੋਂ ਸਿੱਖਦੇ ਹੋਏ ਸਾਰੇ ਕੈਮੀਕਲਜ਼ਾਂ ਦੀ ਵਰਤੋਂ ਕਰਕੇ ਪ੍ਰਯੋਗੀ ਤਰੀਕੇ ਨਾਲ ਕਰਕੇ ਦਿਖਾਇਆ ਗਿਆ। ਇਸੇ ਲੜੀ ਵਿੱਚ ਉਹਨਾਂ ਨੇ ਲੈਕਟਿਕ ਐਸਿਡ ਬਾਰੇ ਚਾਨਣਾ ਪਾਇਆ ਕਿ ਜਿਹੜਾ ਦਹੀ ਆਪਾਂ ਖਾਂਦੇ ਹਾਂ ਉਸ ਵਿੱਚ ਲੈਕਟਿਕ ਐਸਿਡ ਹੁੰਦਾ ਹੈ ਜੋ ਕਿ ਉਸ ਨੂੰ ਖੱਟਾ ਰੱਖਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਬੇਕਿੰਗ ਸੋਡੇ ਬਾਰੇ ਦੱਸਿਆ ਜੋ ਰੋਜ਼ਮਰਾ ਦੀ ਜ਼ਿੰਦਗੀ ਵਿੱਚ ਵਰਤਿਆ ਜਾਂਦਾ ਹੈ ਜਿਵੇਂ ਕਿ ਕੇਕ, ਪੇਸਟਰੀ ਆਦਿ ਵਿੱਚ ਵਰਤ ਕਿ ਉਸ ਨੂੰ ਨਰਮ ਰੱਖਿਆ ਜਾ ਸਕਦਾ ਹੈ। ਇਸ ਮੌਕੇ ਰਸਾਇਣਾਂ ਨੂੰ ਆਪਸ ਵਿੱਚ ਮਿਲਾ ਕੇ ਤਿਆਰ ਕੀਤੇ ਜਾਂਦੇ ਘੋਲਾਂ ਬਾਰੇ ਵੀ ਬੱਚਿਆਂ ਨੂੰ ਬਾਰੀਕੀ ਨਾਲ ਦੱਸਿਆ ਗਿਆ। ਇਸ ਮੌਕੇ ਚੇਅਰਮੈਨ ਸ. ਸੁਖਮਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਇਹ ਗਤੀਵਿਧੀਆਂ ਉਹਨਾਂ ਬੱਚਿਆਂ ਲਈ ਵਧੇਰੇ ਲਾਹੇਵੰਦ ਹੁੰਦੀਆਂ ਹਨ, ਜਿਹੜੇ ਵਿਦਿਆਰਥੀ ਮੈਡੀਕਲ ਅਤੇ ਨਾਨ ਮੈਡੀਕਲ ਖੇਤਰ ਵਿੱਚ ਜਾਣਾ ਚਾਹੁੰਦੇ ਹੋਣ ,ਕਿਸੇ ਬੱਚੇ ਨੇ ਇੰਜਨੀਅਰ ਬਣਨਾ ਹੁੰਦਾ ਹੈ ਤੇ ਕਿਸੇ ਫਾਰਮੇਸੀ ਵੱਲ ਜਾਣਾ ਹੁੰਦਾ ਹੈ। ਜੇਕਰ ਉਹਨਾਂ ਨੂੰ ਪਹਿਲਾਂ ਤੋਂ ਹੀ ਇਸ ਤਰ੍ਹਾਂ ਪ੍ਰਯੋਗੀ ਤਰੀਕੇ ਨਾਲ ਲੈਬਾਂ ਵਿੱਚ ਸਿੱਖਿਆ ਮਿਲੇਗੀ ਤਾਂ ਉਹ ਆਪਣੇ ਖੇਤਰ ਵਿੱਚ ਬੜੀ ਆਸਾਨੀ ਨਾਲ ਟੀਚੇ ਸਰ ਕਰ ਸਕਣਗੇ।ਇਸ ਮੌਕੇ ਪ੍ਰਿੰਸੀਪਲ ਡਾ.ਮਨਪ੍ਰੀਤ ਕੌਰ,ਵਾਈਸ ਪ੍ਰਿੰਸੀਪਲ ਜਸਵੀਰ ਕੌਰ ਅਤੇ ਮੈਡਮ ਸੰਦੀਪ ਕੌਰ ਹਾਜ਼ਰ ਸਨ।

# ਕੇਂਦਰੀ ਬਜਟ ਲੋਕ ਵਿਰੋਧੀ, ਜਾਦੂਈ ਅੰਕੜਿਆਂ ਦੀ ਪਟਾਰੀ ਲੋਕਾਂ ਨੂੰ ਧੱਕੇ, ਕਾਰਪੋਰੇਟਾਂ ਨੂੰ ਗੱਫ਼ੇ

ਬਰਨਾਲਾ 3 ਫਰਵਰੀ (ਬਘੇਲ ਸਿੰਘ ਧਾਲੀਵਾਲ) : ਬੀਜੇਪੀ ਦੀ ਅਗਵਾਈ ਵਾਲੀ ਮੋਦੀ ਸਰਕਾਰ ਦੀ ਵਿੱਤ ਮੰਤਰੀ ਸੀਤਾ ਰਮਨ ਨੇ 3-0 ਪਾਰੀ ਦਾ 9ਵਾਂ 2026-27 ਦੇ 53.50 ਲੱਖ ਕਰੋੜ ਰੁਪਏ ਦਾ ਕੇਂਦਰੀ ਬੱਜਟ ਉੱਪਰ ਇਨਕਲਾਬੀ ਕੇਂਦਰ ਪੰਜਾਬ ਨੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਇਸ ਬੱਜਟ ਨੂੰ ਜਾਦੂਈ ਅੰਕੜਿਆਂ ਦੀ ਖੇਡ ਕਰਾਰ ਦਿੰਦਿਆਂ ਲੋਕ ਵਿਰੋਧੀ ਕਰਾਰ ਦਿੱਤਾ ਹੈ। ਇਨਕਲਾਬੀ ਕੇਂਦਰ, ਪੰਜਾਬ ਦੇ ਪ੍ਰਧਾਨ ਸਾਥੀ ਨਰਾਇਣ ਦੱਤ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿ ਕਿਹਾ ਕਿ ਕਿਸੇ ਮੁਲਕ ਦਾ ਪੇਸ਼ ਕੀਤੇ ਜਾਣ ਵਾਲੀ ਬਜਟ ਮੁਲਕ ਦੀ ਸਿਆਸੀ ਆਰਥਿਕਤਾ ਦੀ ਨਿਸ਼ਾਨਦੇਹੀ ਕਰਦਾ ਹੁੰਦਾ ਹੈ ਪਰ 1990-91 ਤੋਂ ਬਾਅਦ ਕੇਂਦਰੀ ਹਾਕਮਾਂ ਵੱਲੋਂ ਸ਼ੁਰੂ ਕੀਤੀ ਸਾਮਰਾਜੀ ਦਿਸ਼ਾ ਨਿਰਦੇਸ਼ਤ ਆਰਥਿਕ ਸੁਧਾਰਾਂ ਦੀ ਪ੍ਰਕਿਰਿਆ ਨੇ ਲੋਕਾਂ ਨੂੰ ਵਿਸਾਰਨਾ ਅਤੇ ਸਮਾਰਾਜੀ ਦੇਸੀ ਬਦੇਸ਼ੀ ਕਾਰਪੋਰੇਟ ਘਰਾਣਿਆਂ ਦੇ ਪੱਖ ਵਿੱਚ ਹਰ ਬਜਟ ਦੀਆਂ ਤਰਜੀਹਾਂ ਦੀ ਸੁਰ ਬਹੁਤ ਤੇਜ਼ੀ ਨਾਲ ਬਦਲ ਰਹੀ ਹੈ। ਜੇਕਰ ਕੌਮਾਂਤਰੀ ਪੱਧਰ 'ਤੇ ਭਾਰਤੀ ਆਰਥਿਕਤਾ ਦੀ ਗੱਲ ਕਰਨੀ ਹੋਵੇ ਤਾਂ ਭਾਰਤੀ ਰੁਪਿਆ 92 ਰੁਪਏ ਪ੍ਰਤੀ ਡਾਲਰ ਦੀ ਸਿਖਰਲੀ ਨਿਵਾਣ ਨੂੰ ਛੋਹ ਗਿਆ ਹੈ। ਮੁਲਕ ਦੀ 145 ਕਰੋੜ ਵਸੋਂ ਵਿੱਚੋਂ ਕਿਰਤੀ ਲੋਕਾਂ ਦੀ ਰੱਤ ਅਤੇ ਕੁਦਰਤੀ ਸ੍ਰੋਤ ਲੁੱਟਕੇ ਅਮੀਰ ਹੋਈ ਅਤੇ ਹੋ ਰਹੀ 10% ਉੱਪਰਲੀ ਧਨ, ਦੌਲਤ ਨਾਲ ਮਾਲੋਮਾਲ ਅਮੀਰ ਵਸੋਂ ਨੂੰ ਛੱਡਕੇ ਹੇਠਲੀ 80% ਤੋਂ ਵਧੇਰੇ ਵਸੋਂ ਨੂੰ ਵਿਸਾਰ ਦਿੱਤਾ ਹੈ। ਬੱਜਟ ਵਿੱਚ 2014 ਵਿੱਚ ਸੱਤਾ ਹਾਸਲ ਕਰਨ ਮੌਕੇ ਕਿਸਾਨਾਂ ਨਾਲ ਡਾ. ਸਵਾਮੀਨਾਥਨ ਕਮਿਸ਼ਨ ਅਤੇ ਰਾਮ ਚੰਦ ਕਮੇਟੀ ਦੀਆਂ ਸਿਫਾਰਸ਼ਾਂ ਅਨੁਸਾਰ ਸੀ-2+50% ਮੁਨਾਫ਼ਾ ਜੋੜਕੇ ਕਿਸਾਨਾਂ ਦੀ ਆਮਦਨ 2022 ਤੱਕ ਦੁੱਗਣੀ ਕਰਨ ਦੇ ਵਾਅਦੇ ਰਫੂ ਚੱਕਰ ਹੋ ਗਏ ਹਨ। ਇਸੇ ਤਰ੍ਹਾਂ ਕਿਸਾਨਾਂ-ਮਜ਼ਦੂਰਾਂ ਦੇ ਕਰਜ ਮੁਆਫ਼ੀ ਦੂਰ ਦੀ ਕੌਡੀ ਹੋ ਗਈ ਹੈ। ਕਣਕ, ਝੋਨੇ ਦਾ ਫਸਲੀ ਚੱਕਰ ਪਾਣੀ ਦਾ ਗੰਭੀਰ ਸੰਕਟ ਪੈਦਾ ਕਰ ਰਿਹਾ ਹੈ। ਕੇਂਦਰ ਸਰਕਾਰ ਦੀਆਂ ਖੇਤੀ ਵਿਰੋਧੀ ਨੀਤੀਆਂ ਖਾਸ ਕਰ ਬੀਜ ਬਿਲ ਅਤੇ ਯੂਰੋਪ ਸਮੇਤ ਹੋਰਨਾਂ ਦੇਸ਼ਾਂ ਨਾਲ ਕੀਤੇ ਜਾ ਰਹੇ ਟੈਕਸ ਮੁਕਤ ਸਮਝੌਤਿਦਆਂ ਖਿਲਾਫ਼ ਮੁਲਕ ਦੇ ਕਿਸਾਨ ਸੰਘਰਸ਼ ਦੇ ਰਾਹ ਪਏ ਹੋਏ ਹਨ। ਮਜ਼ਦੂਰਾਂ ਲਈ ਰੁਜ਼ਗਾਰ ਗਰੰਟੀ ਮਨਰੇਗਾ ਯੋਜਨਾ ਦਾ ਨਾਂ ਬਦਲ ਕੇ ਇਸ ਨੂੰ ਆਪਣੇ ਫਿਰਕੂ ਫਾਸ਼ੀ ਏਜੰਡੇ ਤਹਿਤ ਹਿੰਦੂਤਵੀ ਪੁੱਠ ਚਾੜਦਿਆਂ ਵਿਕਸਤ ਭਾਰਤ(ਵੀਬੀ) ਜੀ.ਰਾਮ.ਜੀ. ਦਾ ਨਾਂ ਹੀ ਨਹੀਂ ਰੱਖਿਆ ਸਗੋਂ ਇਸ ਵਿੱਚੋਂ ਕੇਂਦਰ ਵੱਲੋਂ ਪਾਇਆ ਜਾਂਦਾ 90% ਹਿੱਸਾ ਘਟਾਕੇ 60% ਕਰ ਦਿੱਤਾ ਹੈ। 12 ਕਰੋੜ ਤੋਂ ਵੱਧ ਮਨਰੇਗਾ ਕਾਰਡ ਹੋਲਡਰਾਂ ਲਈ 2025-26 ਦੇ 86000 ਕਰੋੜ ਰੁਪਏ ਦੇ ਮੁਕਾਬਲੇ 2026-27 ਦੇ ਬਜਟ ਵਿੱਚ 95692 ਹਜ਼ਾਰ ਕਰੋੜ ਦਾ ਮਾਮੂਲੀ ਵਾਧਾ ਕੀਤਾ ਹੈ। 2025-26 ਦੇ ਬਜਟ ਵਿੱਚ ਇਸ ਸਕੀਮ ਲਈ ਰੱਖੇ 67 ਹਜ਼ਾਰ ਕਰੋੜ ਰੁਪਏ ਵਿੱਚੋਂ ਸਿਰਫ਼ 17 ਹਜ਼ਾਰ ਕਰੋੜ ਰੁਪਏ ਹੀ ਖਰਚ ਕੀਤੇ ਗਏ। ਮੁਲਕ ਅੰਦਰ ਇੱਕ ਪਾਸੇ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਸਾਮਰਾਜੀ ਦਿਸ਼ਾ ਨਿਰਦੇਸ਼ਤ ਨੀਤੀਆਂ ਕਾਰਨ ਸਾਡੇ ਮੁਲਕ ਦਾ ਭੁੱਖਮਰੀ ਵਿੱਚ 125 ਮੁਲਕਾਂ ਵਿੱਚੋਂ 105ਵਾਂ ਨੰਬਰ ਹੈ। ਭਾਰਤ ਦੀ ਚੌਥਾ ਹਿੱਸਾ ਵਸੋਂ ਹਾਲੇ ਵੀ ਗਰੀਬੀ ਰੇਖਾ ਤੋਂ ਹੇਠਾਂ ਰਹਿੰਦੀ ਗਰੀਬੀ ਦੂਰ ਕਰਨ ਦੇ ਵਾਅਦਿਆਂ ਦਾ ਮੂੰਹ ਚਿੜਾ ਰਹੀ ਹੈ। ਇਸੇ ਕਰਕੇ ਭੁੱਖਮਰੀ ਸੂਚਕ ਅੰਕ ਵਿੱਚ ਮੁਲਕ ਦਾ 109 ਮੁਲਕਾਂ ਵਿੱਚੋਂ 66ਵਾਂ ਸਥਾਨ ਹੈ। ਦੂਜੇ ਪਾਸੇ ਅਰਬਪਤੀਆਂ ਦੀ ਗਿਣਤੀ ਅਮਰ ਵੇਲ ਵਾਂਗ ਵਧਦੀ ਹੋਈ ਵਧਕੇ 284 ਦੇ ਅੰਕੜੇ ਨੂੰ ਪਾਰ ਕਰ ਗਈ ਹੈ। ਇਨ੍ਹਾਂ ਦੀ ਜਾਇਦਾਦ ਵਿੱਚ 263% ਦਾ ਵਾਧਾ ਹੋਇਆ ਹੈ,

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਵੱਖ-ਵੱਖ ਥਾਈਂ ਲੱਗੇ ਵਿਸ਼ੇਸ਼ ਕੈਂਪ



ਬਰਨਾਲਾ, 3 ਫਰਵਰੀ (ਚਮਕੌਰ ਸਿੰਘ ਗੱਗੀ) : ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਕਾਰਡ ਬਣਾਉਣ ਲਈ ਅੱਜ ਜ਼ਿਲ੍ਹੇ ਵਿੱਚ ਵੱਖ- ਵੱਖ ਥਾਵਾਂ 'ਤੇ ਕੈਂਪ ਲਾਏ ਗਏ। ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਅੱਜ ਜ਼ਿਲ੍ਹੇ ਵਿੱਚ 19 ਥਾਵਾਂ ਤੇ ਕੈਂਪ ਲਾਏ ਗਏ। ਇਸ ਸਕੀਮ ਅਧੀਨ ਪਿੰਡ ਬਡਬਰ, ਬਰਨਾਲਾ ਸ਼ਹਿਰ ਵਾਰਡ ਨੰਬਰ 7, ਹੰਡਿਆਇਆ ਵਾਰਡ ਨੰਬਰ 11, ਭੱਦਲਵਢ, ਭਗਤਪੁਰਾ (ਮੌੜ ਨਾਭਾ), ਭੈਣੀ ਫੱਤਾ, ਭੋਤਨਾ, ਛਾਪਾ, ਦੀਪਗੜ੍ਹ, ਧੂਰਕੋਟ, ਗਹਿਲ, ਕੁਤਬਾ, ਨੈਣੇਵਾਲ, ਨਿਹਾਲੂਵਾਲ, ਪੱਖੋਂ ਕਲਾਂ, ਪੰਧੇਰ, ਸਹਿਜੜਾ, ਸੇਖਾ ਤੇ ਠੁੱਲੀਵਾਲ ਵਿੱਚ ਕੈਂਪ ਲਗਾਏ ਗਏ। ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ਤਹਿਤ ਐੱਸਡੀਐਮਜ਼ ਅਤੇ ਹੋਰ ਅਧਿਕਾਰੀਆਂ ਵਲੋਂ ਸਬ ਡਿਵੀਜ਼ਨਾਂ ਵਿੱਚ ਕੈਂਪਾਂ ਦਾ ਜਾਇਜ਼ਾ ਲਿਆ ਗਿਆ। ਭਲਕੇ ਵੀ ਇਨ੍ਹਾਂ ਥਾਵਾਂ ਤੇ ਕੈਂਪ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬਾਕੀ ਪਿੰਡਾਂ ਅਤੇ ਵਾਰਡਾਂ ਵਿੱਚ ਵੀ ਕੈਂਪ ਲਾਏ ਜਾਣਗੇ।

# ਬਰਨਾਲਾ ਪੁਲਿਸ ਵੱਲੋਂ ਜਾਅਲੀ ਵੀਜ਼ੇ 'ਤੇ ਵਿਦੇਸ਼ੀ ਰਿਸ਼ਤੇਦਾਰ ਬਣ ਕੇ ਠੱਗੀ ਕਰਨ ਵਾਲਾ ਸਾਇਬਰ ਗਿਰੋਹ ਬੇਨਕਾਬ, 4 ਗ੍ਰਿਫ਼ਤਾਰ



ਬਰਨਾਲਾ, 3 ਫਰਵਰੀ (ਬਘੇਲ ਸਿੰਘ ਧਾਲੀਵਾਲ\ਚਮਕੌਰ ਸਿੰਘ ਗੱਗੀ) : ਬਰਨਾਲਾ ਪੁਲਿਸ ਨੇ ਇੱਕ ਠੱਗੀਆ ਮਾਰਨ ਵਾਲੇ ਗਿਰੋਹ ਦਾ ਪਰਦਾਫ਼ਾਸ਼ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦਿਆ ਸਤਵੀਰ ਸਿੰਘ ਪੀ.ਪੀ.ਐੱਸ. ਉਪ=ਕਪਤਾਨ ਪੁਲਿਸ ਸਾਇਬਰ ਕਰਾਈਮ ਦੱਸਿਆ ਕਿ ਮਹੁੰਮਦ ਸਰਫਰਾਜ਼ ਆਲਮ, (ਆਈ.ਪੀ.ਐਸ ) ਸੀਨੀਅਰ ਕਪਤਾਨ ਪੁਲਿਸ , ਬਰਲਾਲਾ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਕਾਰਵਾਈ ਕਰਦੇ ਹੋਏ ਬਰਨਾਲਾ ਪੁਲਿਸ ਵੱਲੋਂ ਪਾਕਿਸਤਾਨ ਵਿੱਚ ਬੈਠੇ ਵਿਅਕਤੀਆ ਨਾਲ ਮਿਲ ਕੇ ਬਾਹਰਲੇ ਰਿਸ਼ਤੇਦਾਰ ਬਣਕੇ ਅਤੇ ਜਾਅਲੀ ਵੀਜ਼ੇ ਲਗਵਾਉਣ ਦੇ ਨਾਮ ਤੇ ਫੇਕ ਵੱਟਸਐਪ ਨੰਬਰਾਂ ਅਤੇ ਜਾਲੀ ਬੈਂਕ ਖਾਤਿਆ ਦੀ ਵਰਤੋ ਕਰਕੇ ਠੱਗੀਆਂ ਮਾਰਨ ਵਾਲੇ ਗਿਰੋਹ ਦਾ ਪਰਦਾਫ਼ਾਸ਼ ਕੀਤਾ।ਉਹਨਾਂ ਦੱਸਿਆ ਕਿ ਸਾਈਬਰ ਕਾਰੀਮ , ਬਰਨਾਲਾ ਵਿਖੇ ਬਾਹਰਲੇ ਰਿਸ਼ਤੇਦਾਰ ਬਣਕੇ 10 ਲੱਖ 19,000 ਰੁਪਏ ਠੱਗੀ ਮਾਰਨ ਸੰਬੰਧੀ ਆਤਮਾ ਸਿੰਘ ਪੁੱਤਰ ਨਾਹਰ ਸਿੰਘ ਵਾਸੀ ਲੋਹਵੜ੍ਹ, ਜ਼ਿਲ੍ਹਾ ਬਰਨਾਲਾ ਦੇ ਬਿਆਨ 'ਤੇ ਮੁਕੱਦਮਾ ਨੰਬਰ 04 ਮਿਤੀ 31.01.2026 ਅ\ਧ 318 (4 ) ਬੀ.ਐਨ.ਐਸ. × 66(ਡੀ ) ਆਈ. ਟੀ . ਐਕਟ 2000 ਥਾਣਾ ਸਾਈਬਰ ਕਰਾਇਮ, ਬਰਨਾਲਾ ਵਿਖੇ ਰਜਿਸਟਰ ਕੀਤਾ ਗਿਆ ਸੀ , ਜਿਸ ਦੌਰਾਨ ਕਾਰਵਾਈ ਕਰਦੇ ਹੋਏ 04 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ , ਉਕਤ ਮੁਲਜ਼ਮਾ ਵਿਚ ਲਵਦੀਪ ਸਿੰਘ ਉਰਫ ਲਵਲੀ ਵਾਸੀ ਜੱਲੋਕੇ, ਜਿਲ੍ਹਾ ਫਿਰੋਜ਼ਪੁਰ, ਮਲਕੀਤ ਸਿੰਘ ਉਰਫ ਕੀਤੂ ਵਾਸੀ ਜੱਲੋਕੇ, ਜਿਲ੍ਹਾਂ ਫਿਰੋਜ਼ਪੁਰ, ਲਖਵਿੰਦਰ ਸਿੰਘ ਵਾਸੀ ਸੇਵਾ ਵਾਲਾ ਮਮਦੋਟ, ਜਿਲ੍ਹਾਂ ਫਿਰੋਜ਼ਪੁਰੇ ਅਤੇ ਸੁਖਪ੍ਰੀਤ ਸਿੰਘ ਵਾਸੀ ਛਾਂਗਾ ਖੁਰਦ, ਜ਼ਿਲ੍ਹਾ ਫਿਰੋਜ਼ਪੁਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਇਹ ਗੈਂਗ ਆਮ ਭੋਲੇ ਭਾਲੇ ਲੋਕਾਂ ਨੂੰ ਲਾਲਚ ਦੇ ਕੇ ਬੈਂਕ ਖਾਤੇ ਖੁਲਵਾਉਂਦੇ ਸਨ। ਫਿਰ ਇਹ ਫੇਕ ਨੰਬਰਾਂ (+1(506) 406 8565 ਅਤੇ +60 16-403 2354) ਦੀ ਵਰਤੋਂ ਕਰਕੇ ਆਮ ਲੋਕਾਂ ਨੂੰ ਉਹਨਾਂ ਦੇ ਬਾਹਰਲੇ ਦੇਸ਼ ਦੇ ਰਿਸ਼ਤੇਦਾਰ ਬਣਕੇ ਅਤੇ ਬਾਹਰਲੇ ਦੇਸ਼ ਵੀਜ਼ਾ ਏਜੰਟ ਬਣਕੇ ਕਾਲ ਕਰਦੇ ਸਨ। ਫਿਰ ਉਹਨਾਂ ਲੋਕਾਂ ਨੂੰ ਗੁੰਮਰਾਹ ਕਰਕੇ ਉਕਤ ਖਾਤਿਆ ਵਿੱਚ ਪੈਸੇ ਪਵਾ ਲੈਂਦੇ ਸਨ। ਇਹ ਮੁਲਜ਼ਮ ਪੰਜਾਬ ਤੋਂ ਇਲਾਵਾ ਹੋਰ ਰਾਜਾਂ ਵਿੱਚ ਵੀ ਠੱਗੀਆਂ ਮਾਰਦੇ ਸਨ, ਜਿਸ ਸੰਬੰਧੀ ਮੁਕੱਦਮਾਂ ਉਕਤ ਦੀ ਟੈਕਨੀਕਲ ਤਰੀਕੇ ਨਾਲ ਤਫਦੀਸ਼ ਕੀਤੀ ਜਾ ਰਹੀ ਹੈ ਅਤੇ ਮੁਲਜ਼ਮਾਂ ਦੇ ਬੈਂਕ ਖਾਤਿਆਂ ਦੀ ਜਾਣਕਾਰੀ ਹਾਸਿਲ ਕੀਤੀ ਜਾ ਰਹੀ ਹੈ। ਹੁਣ ਤੱਕ ਦੀ ਕੀਤੀ ਗਈ ਪੁੱਛਗਿੱਛ ਤੋਂ ਇਹ ਜਾਣਕਾਰੀ ਮਿਲੀ ਕਿ ਮਲਕੀਤ ਸਿੰਘ ਉਰਫ ਕੀਤੂ ਮੈਕਸੀਕੋ ਤੋਂ ਡਿਪੋਰਟ ਹੋ ਕੇ ਆਇਆ ਸੀ , ਜਿਸ ਦੌਰਾਨ ਉਸ ਦੇ ਪਾਕਿਸਤਾਨ ਅਤੇ ਦੁੰਬਈ ਵਿੱਚ ਰਹਿੰਦੇ ਵਿਅਕਤੀਆ ਨਾਲ ਲਿੰਕ ਬਣੇ ਅਤੇ ਉਹਨਾਂ ਨੇ ਬਾਦ ਮਿਲ ਕੇ ਆਪਣਾ ਇੱਕ ਗਿਰੋਹ ਬਣਾ ਕੇ ਠੱਗੀਆਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ ਸਨ।

# ਜ਼ਿਲ੍ਹਾ ਬਰਨਾਲਾ ਵਿੱਚ ਪ੍ਰੈਗਾਬਾਲਿਨ (75 mg ਤੋਂ ਵੱਧ) ਰੱਖਣ, ਸਟੋਰ ਕਰਨ ਅਤੇ ਵਿਕਰੀ 'ਤੇ ਪਾਬੰਦੀ : ਜ਼ਿਲ੍ਹਾ ਮੈਜਿਸਟ੍ਰੇਟ

ਬਰਨਾਲਾ, 3 ਫ਼ਰਵਰੀ (ਬਘੇਲ ਸਿੰਘ ਧਾਲੀਵਾਲ): ਜ਼ਿਲ੍ਹਾ ਮੈਜਿਸਟ੍ਰੇਟ ਬਰਨਾਲਾ ਨੇ ਸੁਰੱਖਿਆ ਸੰਘਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਬਰਨਾਲਾ ਵਿੱਚ ਪ੍ਰੈਗਾਬਾਲਿਨ (75 mg ਤੋਂ ਵੱਧ) ਕੈਪਸੂਲ/ਗੋਲੀਆਂ/ਪਾਊਡਰ/ ਤਰਲ ਨੂੰ ਰੱਖਣ, ਸਟੋਰ ਕਰਨ ਅਤੇ ਵਿਕਰੀ ਤੇ ਤੁਰੰਤ ਪ੍ਰਭਾਵ ਨਾਲ ਪੂਰੀ ਤਰ੍ਹਾਂ ਪਾਬੰਦੀ ਲਗਾਈ ਗਈ ਹੈ। ਇਸ ਸਬੰਧੀ ਜਾਰੀ ਹੁਕਮ ਤਹਿਤ ਹੋਲਸੇਲਰ, ਰਿਟੇਲਰ, ਕੈਮਿਸਟ, ਮੈਡੀਕਲ ਸਟੋਰ ਮਾਲਕ, ਹਸਪਤਾਲਾਂ ਵਿੱਚ ਮੌਜੂਦ ਫ਼ਾਰਮੇਸੀ ਜਾਂ ਹੋਰ ਕੋਈ ਵੀ ਵਿਅਕਤੀ ਪ੍ਰੈਗਾਬਾਲਿਨ (75 ਐਮਜੀ ਤੱਕ) ਬਿਨਾਂ ਅਸਲੀ ਪ੍ਰਿਸਕ੍ਰਿਪਸ਼ਨ ਸਲਿਪ ਦੇ ਨਹੀਂ ਵੇਚ ਸਕਦੇ। ਇਸ ਤੋਂ ਇਲਾਵਾ ਉਨ੍ਹਾਂ ਨੂੰ ਪ੍ਰੈਗਾਬਾਲਿਨ (75 ਐਮਜੀ ਤੱਕ) ਦੀ ਖਰੀਦ ਅਤੇ ਵਿਕਰੀ ਦਾ ਪੂਰਾ ਰਿਕਾਰਡ ਰੱਖਣਾ ਹੋਵੇਗਾ ਅਤੇ ਅਸਲੀ ਪ੍ਰਿਸਕ੍ਰਿਪਸ਼ਨ ਸਲਿਪ 'ਤੇ ਕੈਮਿਸਟ/ ਰੀਟੇਲਰ ਦਾ ਨਾਮ, ਦਵਾਈ ਦੀ ਤਰੀਕ, ਦਿੱਤੀਆਂ ਗੋਲੀਆਂ ਦੀ ਗਿਣਤੀ, ਦਵਾਈ ਦਾ ਨਾਮ ਸਮੇਤ ਮਾਤਰਾ ਆਦਿ ਜਾਣਕਾਰੀ ਸਮੇਤ ਆਪਣੀ ਸਟੈਂਪ ਲਗਾਉਣੀ ਹੋਵੇਗੀ। ਹੁਕਮਾਂ ਅਨੁਸਾਰ ਹੋਲਸੇਲਰ, ਰਿਟੇਲਰ, ਕੈਮਿਸਟ, ਮੈਡੀਕਲ ਸਟੋਰ ਮਾਲਕ ਜਾਂ ਹਸਪਤਾਲਾਂ ਦੀਆਂ ਫਾਰਮੇਸੀਆਂ ਇਹ ਯਕੀਨੀ ਬਣਾਉਣਗੀਆਂ ਕਿ ਅਸਲੀ ਪ੍ਰਿਸਕ੍ਰਿਪਸ਼ਨ ਸਲਿਪ ਸਲਿਪ 'ਤੇ ਦਿੱਤੀ ਪ੍ਰੈਗਾਬਾਲਿਨ ਗੋਲੀ ਪਹਿਲਾਂ ਕਿਸੇ ਹੋਰ ਦੁਕਾਨ ਤੋਂ ਨਹੀਂ ਦਿੱਤੀ ਗਈ। ਉਹ ਇਹ ਵੀ ਯਕੀਨੀ ਬਣਾਉਣਗੇ ਕਿ ਦਿੱਤੀਆਂ ਜਾਣ ਵਾਲੀਆਂ ਗੋਲੀਆਂ / ਕੈਪਸੂਲ ਪ੍ਰਿਸਕ੍ਰਿਪਸ਼ਨ ਵਿੱਚ ਲਿਖੀ ਮਿਆਦ ਤੋਂ ਵੱਧ ਨਾ ਹੋਣ। ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਹੁਕਮਾਂ ਨੂੰ ਲਾਗੂ ਕਰਵਾਉਣ ਲਈ ਡਰੱਗ ਇੰਸਪੈਕਟਰ ਅਤੇ ਪੁਲੀਸ ਦੀਆਂ ਸਾਂਝੀਆਂ ਟੀਮਾਂ ਵਲੋਂ ਲਗਾਤਾਰ ਅਚਨਚੇਤੀ ਚੈਕਿੰਗਾਂ ਕੀਤੀਆਂ ਜਾਣਗੀਆਂ। ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮਾਂ ਤਹਿਤ ਜ਼ਿਲ੍ਹਾ ਬਰਨਾਲਾ ਅੰਦਰ ਗਊ-ਵੰਸ਼ ਦੀ ਬਿਨਾਂ ਕਿਸੇ ਦਸਤਾਵੇਜ਼ੀ ਸਬੂਤ ਦੇ ਢੋਆ ਢੁਆਈ 'ਤੇ ਪਾਬੰਦੀ ਲਗਾਈ ਗਈ ਹੈ ਅਤੇ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜਨ ਤੋਂ ਪਹਿਲਾਂ ਗਊ ਵੰਸ਼ ਦੀ ਕਿਸੇ ਵੀ ਤਰਾਂ ਨਾਲ ਢੋਆ ਢੁਆਈ 'ਤੇ ਪੂਰਨ ਪਾਬੰਦੀ ਹੋਵੇਗੀ। ਉਨ੍ਹਾਂ ਕਿਹਾ ਕਿ ਜਿਹੜੇ ਲੋਕਾਂ ਨੇ ਗਊਵੰਸ਼ ਰੱਖੇ ਹੋਏ ਹਨ, ਉਨ੍ਹਾਂ ਨੂੰ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਕੋਲੋਂ ਰਜਿਸਟਰਡ ਕਰਵਾਉਣ ਤਾਂ ਕਿ ਗਊਵੰਸ਼ ਨੂੰ ਲੈ ਕੇ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ। ਉਪਰੋਕਤ ਹੁਕਮ 14 ਮਾਰਚ 2026 ਤੱਕ ਲਾਗੂ ਰਹਣਗੇ।

# ਕਾਂਗਰਸੀ ਉਮੀਦਵਾਰ ਨਗਰ ਕੌਂਸਲ ਚੋਣਾਂ ਵਿੱਚ ਝਾੜੂ ਦਾ ਪੱਲਾ ਫੜਨ ਲਈ ਤਰਲੋਮੱਛੀ



ਭਦੌੜ, 3 ਫਰਵਰੀ (ਸੁਖਵਿੰਦਰ ਪਲਾਹਾ) : ਇਸ ਸਾਲ ਆ ਰਹੀਆਂ ਨਗਰ ਕੌਂਸਲ ਚੋਣਾਂ ਵਿੱਚ ਹੁਣ ਤੋਂ ਹੀ ਕੌਂਸਲਰ ਬਣਨ ਦੇ ਚਾਹਵਾਨ ਆਪੋ ਆਪਣੇ ਵਾਰਡਾਂ ਵਿੱਚ ਚੋਣਾਂ ਲੜਨ ਲਈ ਵੋਟਰਾਂ ਨਾਲ ਸਬੰਧ ਕਾਇਮ ਕਰ ਰਹੇ ਹਨ, ਕਿਉਂਕਿ ਨਗਰ ਕੌਂਸਲ ਚੋਣਾਂ ਦਾ ਐਲਾਨ ਕਿਸੇ ਵੇਲੇ ਵੀ ਸੰਭਵ ਹੋ ਸਕਦਾ ਹੈ, ਜਿਸ ਕਰਕੇ ਦਿਨ ਵੇਲੇ ਕੌਂਸਲਰ ਬਣਨ ਦੇ ਸੁਪਨੇ ਵੇਖਣ ਵਾਲੇ ਹੁਣ ਤੋਂ ਹੀ ਵੋਟਰਾਂ ਨੂੰ ਭਰਮਾਉਣ ਵਿੱਚ ਲੱਗ ਚੁੱਕੇ ਹਨ। ਇੱਥੇ ਜ਼ਿਕਰਯੋਗ ਹੈ ਕਿ ਇੱਕ ਕਾਂਗਰਸੀ ਪਰਿਵਾਰ ਦਾ ਨੌਜਵਾਨ ਇਸ ਵਾਰ ਕੌਂਸਲਰ ਬਣਨ ਦਾ ਸੁਪਨਾ ਵੇਖ ਰਿਹਾ ਹੈ, ਜਿਸ ਦਾ ਪਿਛੋਕੜ ਸ਼ੁਰੂ ਤੋਂ ਹੀ ਕਾਂਗਰਸ ਨਾਲ ਜੁੜਿਆ ਹੋਇਆ ਹੈ। ਜ਼ਿਕਰ ਯੋਗ ਹੈ ਕਿ ਪਿਛਲੀਆਂ 22 ਮਈ 2015 ਵਾਲੀਆਂ ਨਗਰ ਕੌਂਸਲ ਚੋਣਾਂ ਵੀ ਉਸ ਨੌਜਵਾਨ ਵੱਲੋਂ ਕਾਂਗਰਸ ਦੇ ਚੋਣ ਨਿਸ਼ਾਨ 'ਤੇ ਆਪਣੀ ਮਾਤਾ ਨੂੰ ਚੋਣਾਂ ਲੜਾਈਆਂ ਗਈਆਂ ਸਨ, ਜਿਸ ਵਿੱਚ ਉਸ ਨੂੰ ਹਾਰ ਦਾ ਮੂੰਹ ਵੇਖਣਾ ਪਿਆ ਸੀ,ਪਰ ਅੱਜ ਕੱਲ ਉਹ ਨੌਜਵਾਨ ਆਮ ਆਦਮੀ ਪਾਰਟੀ ਦੀਆਂ ਮਹਿਫਲਾਂ ਦਾ ਸ਼ਿੰਗਾਰ ਬਣਿਆ ਹੋਇਆ ਹੈ।ਆਮ ਆਦਮੀ ਪਾਰਟੀ ਦਾ ਕੋਈ ਵੀ ਲੀਡਰ ਭਦੌੜ ਵਿੱਚ ਆਵੇ ਤਾਂ ਚੋਰੀ ਛੁਪੇ ਉਹ ਨੌਜਵਾਨ ਉੱਥੇ ਪਹੁੰਚ ਹੀ ਜਾਂਦਾ ਹੈ, ਪਰ ਹੋਰਾਂ ਤੋਂ ਆਪਣੇ ਨਜ਼ਰਾਂ ਬਚਾਉਂਦਾ ਨਜ਼ਰ ਆਉਂਦਾ ਹੈ।ਹੁਣ ਵੇਖਣਾ ਇਹ ਹੈ ਕਿ ਆਮ ਆਦਮੀ ਪਾਰਟੀ ਉਸ ਨੂੰ ਟਿਕਟ ਨਿਵਾਜ਼ ਕੇ ਆਪਣਾ ਉਮੀਦਵਾਰ ਬਣਾਉਂਦੀ ਹੈ ਜਾਂ ਫਿਰ ਉਸ ਨੌਜਵਾਨ ਦੇ ਕਾਂਗਰਸ ਪ੍ਰਤੀ ਮੋਹ ਨੂੰ ਧਿਆਨ ਵਿੱਚ ਰੱਖਦੇ ਹੋਏ ਉਸਨੂੰ ਲਾਂਭੇ ਕਰਕੇ ਉਸ ਤੋਂ ਆਪਣਾ ਪੱਲਾ ਝਾੜਦੀ ਹੈ। ਇਹ ਆਉਣ ਵਾਲਾ ਸਮਾਂ ਹੀ ਦੱਸੇਗਾ ਕਿ, ਊਠ ਕਿਸ ਕਰਵਟ ਬੈਠਦਾ ਹੈ।

# ਮਾਨਤਾ ਪ੍ਰਾਪਤ ਯੂਥ ਕਲੱਬ ਯੁਵਕ ਸੇਵਾਵਾਂ ਵਿਭਾਗ 'ਚ ਕਾਰਗੁਜ਼ਾਰੀ ਦੀ ਰਿਪੋਰਟ ਕਰਨ : ਡੀ.ਸੀ.



ਬਰਨਾਲਾ, 3 ਫਰਵਰੀ (ਬਘੇਲ ਸਿੰਘ ਧਾਲੀਵਾਲ) : ਯੁਵਕ ਕਲੱਬ ਪਾਲਿਸੀ 2025 ਤਹਿਤ ਯੂਥ ਕਲੱਬਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਜਾਵੇਗੀ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ, ਆਈ.ਏ.ਐੱਸ. ਨੇ ਕਿਹਾ ਕਿ ਪੰਜਾਬ ਸਰਕਾਰ ਯੁਵਕ ਸੇਵਾਵਾਂ, ਵਿਭਾਗ ਪੰਜਾਬ ਵੱਲੋਂ ਪ੍ਰਵਾਨਗੀ ਉਪਰੰਤ ਯੂਥ ਕਲੱਬ ਪਾਲਿਸੀ 2025 ਦੀ ਨੋਟੀਫੀਕੇਸ਼ਨ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਜ਼ਿਲ੍ਹਾ ਬਰਨਾਲਾ ਦੇ ਯੁਵਕ ਸੇਵਾਵਾਂ ਕਲੱਬਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਦੱਸਿਆ ਕਿ ਯੂਥ ਕਲੱਬ ਐਫੀਲੀਏਸ਼ਨ ਪਾਲਿਸੀ 2025 ਦੇ ਤਹਿਤ ਯੁਵਕ ਸੇਵਾਵਾਂ ਵਿਭਾਗ ਨਾਲ ਸਬੰਧਤ ਯੂਥ ਕਲੱਬਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਕੇ (ਗੈਰ ਸਰਗਰਮ) ਯੂਥ ਕਲੱਬਾ ਨੂੰ ਰੱਦ ਕਰਨ ਦਾ ਫੈਸਲਾ 21 ਜਨਵਰੀ 2026 ਨੂੰ ਪ੍ਰਕਾਸ਼ਿਤ ਪਬਲਿਕ ਨੋਟਿਸ ਰਾਹੀਂ ਲਿਆ ਗਿਆ ਹੈ। ਇਸ ਲਈ ਉਨ੍ਹਾਂ ਵਿਭਾਗ ਨਾਲ ਮਾਨਤਾ ਯੂਥ ਕਲੱਬਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਜ਼ਿਲ੍ਹੇ ਦੇ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਬਰਨਾਲਾ (ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ) ਦੇ ਦਫ਼ਤਰ ਵਿੱਚ ਪਹੁੰਚ ਕੇ ਪੰਜਾਬ ਸਰਕਾਰ ਵੱਲੋਂ ਜਾਰੀ ਨੋਟਿਸ ਦੀ ਪਾਲਣਾ ਹਿੱਤ 45 ਦਿਨ ਦੇ ਅੰਦਰ—ਅੰਦਰ ਆਪਣੇ ਕਲੱਬ ਦੀ ਪਿਛਲੇ ਤਿੰਨ ਸਾਲਾਂ (2023 ਤੋਂ 24, 2024 ਤੋਂ 25 ਅਤੇ 2025 ਤੋਂ 26) ਦੀ ਕਾਰਗੁਜ਼ਾਰੀ ਦਾ ਵੇਰਵਾ ਸਬੂਤਾਂ ਸਹਿਤ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਨਵੀ ਯੂਥ ਪਾਲਿਸੀ ਤਹਿਤ ਕਲੱਬਾਂ ਵੱਲੋਂ ਕਾਰਗੁਜ਼ਾਰੀ ਰਿਪੋਰਟ ਨਿਰਧਾਰਿਤ ਸਮੇਂ ਅੰਦਰ ਜਮ੍ਹਾਂ ਕਰਵਾਉਣੀ ਜ਼ਰੂਰੀ ਹੋਵੇਗੀ।

ਸ੍ਰੀ ਅਰੁਣ ਕੁਮਾਰ ਡਾਇਰੈਕਟਰ, ਯੁਵਕ ਸੇਵਾਵਾਂ ਨੇ ਦੱਸਿਆ ਕਿ ਇਸ ਮੌਕੇ ਵਿਭਾਗ ਨਾਲ 447 ਯੁਵਕ ਸੇਵਾਵਾਂ ਕਲੱਬ ਐਫੀਲੀਏਟਿਡ ਹਨ ਅਤੇ ਇਨ੍ਹਾਂ ਵਿੱਚੋਂ ਬਹੁਤੇ ਕਲੱਬਾਂ ਦੀ ਕਾਰਗੁਜ਼ਾਰੀ ਸੰਤੋਖਜਨਕ ਨਹੀਂ ਹੈ।

# ਬੀ.ਵੀ.ਐਮ. ਇੰਟਰਨੈਸ਼ਨਲ ਸਕੂਲ ਵਿਖੇ 'Fun Frolic Carnival' ਸ਼ੁਰੂ




ਬਰਨਾਲਾ, 3 ਫਰਵਰੀ (ਇਸ਼ਨ ਕੰਗ) : ਬੀਵੀਐਮ ਇੰਟਰਨੈਸ਼ਨਲ ਸਕੂਲ, ਬਰਨਾਲਾ ਵਿਖੇ ਆਯੋਜਿਤ ਸ਼ਾਨਦਾਰ ਫਨ ਫ੍ਰੌਲਿਕ ਕਾਰਨੀਵਲ 2026 ਇੱਕ ਅਭੁੱਲ ਅਨੁਭਵ ਸਾਬਤ ਹੋਇਆ। ਸਕੂਲ ਪ੍ਰਬੰਧਨ ਦੀ ਸ਼ਾਨਦਾਰ ਯੋਜਨਾਬੰਦੀ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਨਾਲ, ਫਨ ਫ੍ਰੌਲਿਕ ਕਾਰਨੀਵਲ 2026 ਦਾ ਆਯੋਜਨ ਬੀਵੀਐਮ ਇੰਟਰਨੈਸ਼ਨਲ ਸਕੂਲ ਵਿਖੇ ਬਹੁਤ ਖੁਸ਼ੀ ਅਤੇ ਸ਼ਾਨੋ-ਸ਼ੌਕਤ ਨਾਲ ਕੀਤਾ ਗਿਆ। ਇਹ ਦੋ ਦਿਨਾਂ ਦਾ ਮੈਗਾ ਪ੍ਰੋਗਰਾਮ ਵਿਦਿਆਰਥੀਆਂ, ਮਾਪਿਆਂ ਅਤੇ ਦਰਸ਼ਕਾਂ ਦੀ ਅਣਥੱਕ ਮਿਹਨਤ ਸਦਕਾ ਬਹੁਤ ਵੱਡੀ ਸਫਲਤਾ ਰਿਹਾ। ਪ੍ਰੋਗਰਾਮ ਦਾ ਉਦਘਾਟਨ ਸਕੂਲ ਦੇ ਚੇਅਰਮੈਨ ਸ਼੍ਰੀ ਪ੍ਰਮੋਦ ਅਰੋੜਾ, ਡਾਇਰੈਕਟਰ ਸ਼੍ਰੀ ਨਿਖਿਲ ਅਰੋੜਾ, ਡਾਇਰੈਕਟਰ ਮੈਡਮ ਸ਼੍ਰੀਮਤੀ ਗੀਤਾ ਅਰੋੜਾ, ਸ਼੍ਰੀਮਤੀ ਨੇਹੁਲ ਅਰੋੜਾ ਅਤੇ ਸ਼੍ਰੀ ਵਿਵੇਕ ਸਿੰਧਵਾਨੀ ਨੇ ਗੁਬਾਰੇ ਉਡਾ ਕੇ ਕੀਤਾ। ਉਦਘਾਟਨੀ ਸਮਾਰੋਹ ਸਕੂਲ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਸਵਾਗਤੀ ਗੀਤ ਅਤੇ ਸੱਭਿਆਚਾਰਕ ਨਾਚ ਨਾਲ ਮਨਮੋਹਕ ਰਿਹਾ। ਰੰਗ-ਬਿਰੰਗੇ ਪਹਿਰਾਵੇ ਵਿੱਚ ਸਜੇ ਬੱਚਿਆਂ ਨੇ ਆਪਣੇ ਮਨਮੋਹਕ ਪ੍ਰਦਰਸ਼ਨਾਂ ਨਾਲ ਮਹਿਮਾਨਾਂ ਅਤੇ ਦਰਸ਼ਕਾਂ ਨੂੰ ਮੋਹਿਤ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ, ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਨਿੰਦਰਜੀਤ ਕੌਰ ਧਾਲੀਵਾਲ ਨੇ ਸਾਰੇ ਮਹਿਮਾਨਾਂ, ਅਧਿਆਪਕਾਂ, ਸਟਾਫ਼ ਅਤੇ ਵਿਦਿਆਰਥੀਆਂ ਦਾ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਲਈ ਧੰਨਵਾਦ ਕੀਤਾ। ਸਕੂਲ ਦੇ ਚੇਅਰਮੈਨ ਸ਼੍ਰੀ ਪ੍ਰਮੋਦ ਅਰੋੜਾ, ਡਾਇਰੈਕਟਰ ਸ਼੍ਰੀ ਨਿਖਿਲ ਅਰੋੜਾ, ਸ਼੍ਰੀਮਤੀ ਗੀਤਾ ਅਰੋੜਾ ਅਤੇ ਸ਼੍ਰੀਮਤੀ ਨੇਹੁਲ ਅਰੋੜਾ ਨੇ ਇਸ ਮੈਗਾ ਈਵੈਂਟ ਦੀ ਸ਼ਾਨਦਾਰ ਸਫਲਤਾ ਦੀ ਪ੍ਰਸ਼ੰਸਾ ਕੀਤੀ ਅਤੇ ਪੂਰੀ ਟੀਮ ਨੂੰ ਇਸ ਸ਼ਾਨਦਾਰ ਈਵੈਂਟ ਦੇ ਆਯੋਜਨ ਲਈ ਵਧਾਈ ਦਿੱਤੀ। ਫਨ ਫ੍ਰੌਲਿਕ ਕਾਰਨੀਵਲ 2026 ਨਾ ਸਿਰਫ਼ ਵਿਦਿਆਰਥੀਆਂ ਲਈ ਇੱਕ ਯਾਦਗਾਰੀ ਅਨੁਭਵ ਸਾਬਤ ਹੋਇਆ ਬਲਕਿ ਇਹ ਸ਼ਹਿਰ ਦੀ ਚਰਚਾ ਵੀ ਬਣ ਗਿਆ।



# ਪਟਿਆਲਾ-ਆਸ/ਪਾਸ



## ਰਣਜੋਧ ਸਿੰਘ ਹਡਾਨਾ ਵੱਲੋਂ ਬੀ.ਡੀ.ਪੀ.ਓ. ਭੁਨਰਹੇੜੀ ਦਫ਼ਤਰ ਵਿਖੇ ਸੈਕਟਰੀਆਂ ਤੇ ਪੰਚਾਇਤਾਂ ਨਾਲ ਮੀਟਿੰਗ



ਭੁਨਰਹੇੜੀ, 3 ਫ਼ਰਵਰੀ (ਗੁਰਜੀਤ ਸਿੰਘ ਢੋਟ) :ਹਲਕਾ ਸਨੌਰ ਦੇ ਸਰਬਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ ਵੱਲੋਂ ਅੱਜ ਬੀ.ਡੀ.ਪੀ.ਓ. ਦਫ਼ਤਰ ਭੁਨਰਹੇੜੀ ਵਿਖੇ 152 ਪਿੰਡਾਂ ਨਾਲ ਸਬੰਧਤ ਪੰਚਾਇਤ ਸੈਕਟਰੀਆਂ, ਗ੍ਰਾਮ ਪੰਚਾਇਤਾਂ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨਾਲ ਇੱਕ ਵਿਸ਼ੇਸ਼ ਰਿਵਿਊ ਮੀਟਿੰਗ ਕੀਤੀ ਗਈ। ਸਵੇਰੇ ਤੜਕਸਾਰ ਤੋਂ ਦੇਰ ਸ਼ਾਮ ਤੱਕ ਚੱਲੀ ਇਸ ਮੀਟਿੰਗ ਦਾ ਮੁੱਖ ਉਦੇਸ਼ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣਾ ਅਤੇ ਰੁਕੇ ਹੋਏ ਕੰਮਾਂ ਨੂੰ ਤੈਅ ਸਮੇਂ ਅੰਦਰ ਮੁਕੰਮਲ ਕਰਨ ਲਈ ਰੂਪ-ਰੇਖਾ ਤਿਆਰ ਕਰਨਾ ਸੀ। ਇਸ ਮੌਕੇ ਪੰਚਾਇਤ ਅਫ਼ਸਰ ਸੰਦੀਪ ਸਿੰਘ ਤੋਂ ਇਲਾਵਾ ਪੰਚਾਇਤ ਸੈਕਟਰੀ, ਸਰਪੰਚ, ਪੰਚ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।ਮੀਟਿੰਗ ਦੌਰਾਨ ਰਣਜੋਧ ਸਿੰਘ ਹਡਾਨਾ ਨੇ ਅਧਿਕਾਰੀਆਂ ਅਤੇ ਪੰਚਾਇਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੀ ਨੁਹਾਰ ਬਦਲਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਪਿਛਲੀਆਂ ਸਰਕਾਰਾਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਹਿਲਾਂ ਵਿਕਾਸ ਕਾਰਜਾਂ ਦੇ ਨਾਂ 'ਤੇ ਸਿਰਫ਼ ਸਿਆਸਤ ਹੁੰਦੀ ਸੀ ਅਤੇ ਫੰਡਾਂ ਦੀ ਦੁਰਵਰਤੋਂ ਆਮ ਗੱਲ ਸੀ, ਪਰ 'ਆਮ ਆਦਮੀ ਪਾਰਟੀ' ਦੇ ਰਾਜ ਵਿੱਚ ਹਰ ਇੱਕ ਪੈਸਾ ਜਨਤਾ ਦੀ ਭਲਾਈ ਲਈ ਖ਼ਰਚਿਆ ਜਾ ਰਿਹਾ ਹੈ। ਇਸ ਮੌਕੇ ਹਾਜ਼ਰ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨੇ ਰਣਜੋਧ ਹਡਾਨਾ ਦੇ ਇਸ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤੀ। ਸਰਪੰਚਾਂ ਨੇ ਕਿਹਾ ਕਿ ਪਹਿਲਾਂ ਉਨ੍ਹਾਂ ਨੂੰ ਆਪਣੇ ਕੰਮ ਕਰਵਾਉਣ ਲਈ ਦਫ਼ਤਰਾਂ ਦੇ ਗੇੜੇ ਮਾਰਨੇ ਪੈਂਦੇ ਸਨ ਪਰ ਹੁਣ ਹਡਾਨਾ ਦੀ ਸਰਗਰਮੀ ਕਾਰਨ ਪ੍ਰਸ਼ਾਸਨ ਖ਼ੁਦ ਜਵਾਬਦੇਹ ਬਣਿਆ ਹੈ।

## ਦਾਣਾ ਮੰਡੀ ਪੰਜੋਲਾ 'ਚ 6 ਨੂੰ ਹੋਵੇਗੀ ਭਾਜਪਾ ਦੀ ਇਤਿਹਾਸਕ ਰੈਲੀ : ਅਸ਼ੋਕ ਗੁੱਜਰ



ਡਕਾਲਾ/ਬਲਬੇੜ੍ਹਾ, 3 ਫਰਵਰੀ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਨੇੜਲੇ ਪਿੰਡ ਪੰਜੋਲਾ ਦੀ ਅਨਾਜ ਮੰਡੀ 'ਚ ਭਾਜਪਾ ਦੀ 6 ਫਰਵਰੀ ਨੂੰ ਹੋਣ ਵਾਲੀ ਵਿਸ਼ਾਲ ਰੈਲੀ ਦਾ ਜਾਇਜ਼ਾ ਲੈਣ ਲਈ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਿਆਸੀ ਸਲਾਹਕਾਰ ਅਸ਼ੋਕ ਗੁੱਜਰ ਡਾਂਡ ਅਤੇ ਸਤਪਾਲ ਸਿੰਘ ਪੂਨੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਅਸ਼ੋਕ ਗੁੱਜਰ ਡਾਂਡ ਨੇ ਦੱਸਿਆ ਕਿ ਰੈਲੀ 'ਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸਮੇਤ ਪੰਜਾਬ ਦੀ ਸਮੁੱਚੀ ਭਾਜਪਾ ਲੀਡਰਸ਼ਿਪ ਸ਼ਿਰਕਤ ਕਰੇਗੀ।ਇਸ ਰੈਲੀ 'ਚ ਸਾਰੇ ਵਰਗਾਂ ਤੋਂ ਲੋਕ ਪਹੁੰਚ ਕੇ ਹਰਿਆਣਾ ਦੇ ਮੁੱਖ ਮੰਤਰੀ ਅਤੇ ਪੰਜਾਬ ਭਾਜਪਾ ਦੀ ਸਮੁੱਚੀ ਲੀਡਰਸ਼ਿਪ ਦੇ ਵਿਚਾਰ ਸੁਣਨਗੇ। ਉਨ੍ਹਾਂ ਦੱਸਿਆ ਕਿ ਰੈਲੀ ਦੀਆਂ ਸਮੁੱਚੀਆਂ ਤਿਆਰੀਆਂ ਹੋ ਚੁੱਕੀਆਂ ਹਨ ਅਤੇ ਲੋਕਾਂ ਵਿਚ ਵਿਸ਼ੇਸ਼ ਤੌਰ 'ਤੇ ਨੌਜਵਾਨਾਂ 'ਚ ਰੈਲੀ ਵਿੱਚ ਪਹੁੰਚਣ ਲਈ ਵਿਸ਼ੇਸ਼ ਉਤਸ਼ਾਹ ਹੈ।

## 'ਵਿਕਸਤ ਭਾਰਤ ਜੀ ਰਾਮ ਜੀ ਸਕੀਮ' ਮਜ਼ਦੂਰ ਵਰਗ ਲਈ ਵਰਦਾਨ ਸਾਬਤ ਹੋਵੇਗੀ: ਬੀਬਾ ਜੈ ਇੰਦਰ ਕੌਰ




ਪਾਤੜਾਂ,3 ਫਰਵਰੀ (ਹਰਮਿੰਦਰ ਕਰਤਾਰਪੁਰ): 'ਵਿਕਸਤ ਭਾਰਤ ਜੀ ਰਾਮ ਜੀ ਸਕੀਮ' ਲੋੜਵੰਦ ਅਤੇ ਮਜ਼ਦੂਰ ਪਰਿਵਾਰਾਂ ਲਈ ਵਰਦਾਨ ਸਾਬਤ ਹੋਣ ਜਾ ਰਹੀ, ਕਿਉਂਕਿ ਇਸ ਸਕੀਮ ਅਧੀਨ ਮਜ਼ਦੂਰਾਂ ਨੂੰ 125 ਦਿਨ ਕੰਮ ਦੇਣ ਦੇ ਨਾਲ ਝੋਨੇ ਅਤੇ ਕਣਕ ਦੀ ਬਿਜਾਈ ਵਾਲੇ 60 ਦਿਨਾਂ ਦੀ ਵਾਧੂ ਦਿਹਾੜੀ ਦਿੱਤੀ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਪਿੰਡ ਸ਼ੁਤਰਾਣਾ ਦੇ ਰਾਧੇ ਕ੍ਰਿਸ਼ਨਾ ਮੰਦਰ ਵਿੱਚ ਵਿਧਾਨ ਹਲਕਾ ਸ਼ੁਤਰਾਣਾ ਭਾਜਪਾ ਦੇ ਇੰਚਾਰਜ ਨਰਾਇਣ ਸਿੰਘ ਨਰਸੋਤ ਅਤੇ ਯੂਥ ਆਗੂ ਨਿਰੰਕਾਰ ਸਿੰਘ ਸੰਧੂ ਦੀ ਅਗਵਾਈ ਵਿੱਚ ਇਕੱਤਰ ਹੋਈ ਵੱਡੀ ਜਨ ਸਭਾ ਨੂੰ ਸੰਬੋਧਨ ਕਰਦਿਆਂ ਭਾਜਪਾ ਦੀ ਸੀਨੀਅਰ ਆਗੂ ਬੀਬਾ ਜੈ ਇੰਦਰ ਕੌਰ ਵੱਲੋਂ ਕੀਤਾ ਗਿਆ। ਭਾਜਪਾ ਆਗੂ ਬੀਬਾ ਜੈ ਇੰਦਰ ਕੌਰ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਵੱਲੋਂ ਕੇਂਦਰ ਸਰਕਾਰ ਵਿਰੁੱਧ ਗਲਤ ਬਿਆਨਬਾਜ਼ੀ ਕੀਤੀ ਜਾ ਰਹੀ ਹੈ ਕਿ ਇਸ ਸਕੀਮ ਨੂੰ ਬੰਦ ਕਰ ਦਿੱਤਾ ਗਿਆ ਹੈ ,ਜਦ ਕਿ ਅਸਲ ਸੱਚਾਈ ਇਹ ਹੈ ਕਿ ਇਸ ਸਕੀਮ ਰਾਹੀਂ ਕੀਤੇ ਜਾ ਰਹੇ ਭ੍ਰਿਸ਼ਟਾਚਾਰ ਨੂੰ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬੰਦ ਕਰ ਦਿੱਤਾ ਗਿਆ ਅਤੇ ਮਜ਼ਦੂਰ ਵਰਗ ਨੂੰ ਵੱਧ ਦਿਹਾੜੀ ਅਤੇ 125 ਦਿਨ ਦਾ ਕੰਮ ਦੇਣ ਦੀ ਗਰੰਟੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇੱਕ ਅਪ੍ਰੈਲ ਤੋਂ 'ਵਿਕਸਤ ਭਾਰਤ ਜੀ ਰਾਮ ਜੀ' ਸਕੀਮ ਅਧੀਨ ਆਉਣ ਵਾਲੇ ਮਜ਼ਦੂਰਾਂ ਦੀ ਕੇਂਦਰੀ ਟੀਮ ਵੱਲੋਂ ਬਾਇਓਮੈਟ੍ਰਿਕ ਰਾਹੀਂ ਨਿਸ਼ਾਨ ਦੇਹੀ ਕੀਤੀ ਜਾਵੇਗੀ, ਤਾਂ ਜੋ ਅਸਲ ਲੋੜਵੰਦ ਅਤੇ ਮਜ਼ਦੂਰ ਪਰਿਵਾਰਾਂ ਨੂੰ ਹੀ ਇਸ ਸਕੀਮ ਦਾ ਫਾਇਦਾ ਮਿਲ ਸਕੇ।ਬੀਬਾ ਜੈ ਇੰਦਰ ਕੌਰ ਨੇ ਕਿਹਾ ਕਿ ਭਾਜਪਾ ਦੀ ਕੇਂਦਰ ਸਰਕਾਰ ਮਜ਼ਦੂਰਾਂ, ਕਿਸਾਨਾਂ ਅਤੇ ਵਿਉਪਾਰੀਆਂ ਦੇ ਨਾਲ ਚੱਟਾਨ ਵਾਂਗ ਖੜੀ ਹੈ। ਕਿਸੇ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਵਿਧਾਨ ਸਭਾ ਹਲਕਾ ਸ਼ੁਤਰਾਣਾ ਭਾਜਪਾ ਦੇ ਇੰਚਾਰਜ ਨਰਾਇਣ ਸਿੰਘ ਨਰਸੋਤ, ਯੂਥ ਭਾਜਪਾ ਆਗੂ ਨਿਰੰਕਾਰ ਸਿੰਘ ਸੰਧੂ, ਸਾਬਕਾ ਚੇਅਰਮੈਨ ਤਰਲੋਚਨ ਸ਼ੇਰਗੜ ,ਬਾਬੂ ਕੀਮਤ ਰਾਏ ਸਿੰਗਲਾ, ਜ਼ਿਲ੍ਹਾ ਪ੍ਰਧਾਨ ਹਰਮੇਸ਼ ਗੋਇਲ ਵੱਲੋਂ ਵੀ ਕੇਂਦਰ ਸਰਕਾਰ ਦੀ ਲੋਕ ਪੱਖੀ ਨੀਤੀਆਂ ਨੂੰ ਲੋਕਾਂ ਸਾਹਮਣੇ ਰੱਖਿਆ ਗਿਆ।ਇਸ ਮੌਕੇ ਰਮੇਸ਼ ਕੁਮਾਰ ਕੁੱਕੂ, ਮੁਖਤਿਆਰ ਸਿੰਘ ਮੋਖਾ, ਜਸਕਰਨ ਸਿੰਘ ਵਿਰਕ,ਦੇਵ ਕੁਮਾਰ ਬਲਾਕ ਸੰਮਤੀ ਮੈਂਬਰ, ਸਤਪਾਲ ਸ਼ਰਮਾ ਮੈਂਬਰ ਪੰਚਾਇਤ,ਲਾਲ ਅਤੇ ਸਤੀਸ਼ ਕੁਮਾਰ ਗਰਗ, ਡਾ. ਜੀਵਨ ਦੱਤ ਸ਼ੈਲੀ, ਬਗੀਚਾ ਸਿੰਘ ਦੁਤਾਲ,ਸਰਦੂਲ ਸਿੰਘ ਸੰਧੂ ਆਦਿ ਹਾਜ਼ਰ ਸਨ।

## 'ਸਾਡੇ ਬਜ਼ੁਰਗ ਸਾਡਾ ਮਾਣ' ਤਹਿਤ ਬਜ਼ੁਰਗਾਂ ਲਈ ਯੋਗਾ ਕੈਂਪ ਲਗਾਇਆ

ਪਟਿਆਲਾ, 3 ਫਰਵਰੀ (ਰੁਪਾਣਾ) : ਸਾਡੇ ਬਜ਼ੁਰਗ ਸਾਡਾ ਮਾਣ ਤਹਿਤ ਸੀਨੀਅਰ ਸਿਟੀਜ਼ਨ ਐਕਟ 2025-26 ਤਹਿਤ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਅਤੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ ਬਲਜੀਤ ਕੌਰ ਦੀ ਅਗਵਾਈ ਹੇਠ ਅੱਜ ਪਟਿਆਲਾ ਜ਼ਿਲ੍ਹੇ ਦੇ ਬਿਰਧ ਘਰ ਵਿੱਚ ਬਜ਼ੁਰਗਾਂ ਦੀ ਸਿਹਤ ਅਤੇ ਭਲਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਯੋਗਾ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਸੈਸ਼ਨ ਧੰਨਾ ਭਗਤ ਬਿਰਧ ਆਸ਼ਰਮ ਅਤੇ ਐਜੂਕੇਸ਼ਨ ਚੈਰੀਟੇਬਲ ਸੋਸਾਇਟੀ, ਅਲੀਪੁਰ ਅਰਾਈਆਂ ਵਿਖੇ ਕਰਵਾਇਆ ਗਿਆ। ਇਸ ਮੌਕੇ 60



ਤੋਂ 70 ਬਜ਼ੁਰਗਾਂ ਨੇ ਭਰਪੂਰ ਉਤਸ਼ਾਹ ਨਾਲ ਭਾਗ ਲਿਆ। ਯੋਗਾ ਅਧਿਆਪਕਾਂ ਵੱਲੋਂ ਬਜ਼ੁਰਗਾਂ ਨੂੰ ਸਰੀਰਕ ਤੰਦਰੁਸਤੀ ਅਤੇ ਮਾਨਸਿਕ ਸਥਿਰਤਾ ਲਈ ਸੌਖੇ ਯੋਗ ਆਸਨਾਂ ਅਤੇ ਪ੍ਰਾਣਾਯਾਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਸਮਾਜਿਕ ਸੁਰਖਿਆ ਅਫ਼ਸਰ ਸ਼੍ਰੀਮਤੀ ਜੋਬਨਦੀਪ ਕੌਰ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਬਜ਼ੁਰਗਾਂ ਨੂੰ ਨਿਯਮਿਤ ਯੋਗ ਅਭਿਆਸ ਰਾਹੀਂ ਸਿਹਤਮੰਦ ਅਤੇ ਸਰਗਰਮ ਜੀਵਨ ਜਿਉਣ ਲਈ ਪ੍ਰੇਰਿਤ ਕੀਤਾ ਗਿਆ। ਬਜ਼ੁਰਗਾਂ ਨੇ ਪੰਜਾਬ ਸਰਕਾਰ ਦੀ ਇਸ ਪਹਿਲ ਦੀ ਭਰਪੂਰ ਪ੍ਰਸ਼ੰਸਾ ਕੀਤੀ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਉਣ ਦੀ ਮੰਗ ਕੀਤੀ।

## ਕੇਂਦਰੀ ਬਜਟ ਨੇ ਕੀਤਾ ਨਿਰਾਸ਼, ਪੰਜਾਬ ਤੇ ਕਿਸਾਨ ਨੂੰ ਕਰਜ਼ਾ ਮੁਕਤ ਕੀਤਾ ਜਾਵੇ : ਪ੍ਰੋ. ਬਡੂੰਗਰ

ਪਟਿਆਲਾ, 3 ਫਰਵਰੀ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕੇਂਦਰ ਸਰਕਾਰ ਵੱਲੋਂ ਲਿਆਂਦੇ ਬਜਟ 'ਤੇ ਆਪਣੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੇਸ਼ ਕੀਤੇ ਬਜਟ ਨੇ ਕਾਫੀ ਨਿਰਾਸ਼ ਕੀਤਾ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਬਜਟ ਵਿਚ ਆਮ ਵਰਗ ਨੂੰ ਬਾਹਰ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਚਾਹੁੰਦੀ ਤਾਂ ਲਿਆਂਦੇ ਬਜਟ ਵਿਚ ਪੰਜਾਬ ਤੇ ਪੰਜਾਬ ਦੇ ਕਿਸਾਨ ਨੂੰ ਕਰਜ਼ਾ ਮੁਕਤ ਕੀਤਾ ਜਾ ਸਕਦਾ ਪਰ ਅਜਿਹਾ ਨਹੀਂ ਹੋਇਆ। ਉਨ੍ਹਾਂ ਕੇਂਦਰੀ ਖਜ਼ਾਨਾ ਮੰਤਰੀ ਸੀਤਾਰਮਨ ਨੂੰ ਅਪੀਲ ਕਰਦਿਆਂ ਕਿਹਾ ਕਿ ਭਾਰਤ ਦੀ ਜੰਗ ਏ ਅਜ਼ਾਦੀ, ਭਾਰਤ ਦੀਆਂ ਸਰਹੱਦਾਂ ਦੀ ਰਾਖੀ, ਭਾਰਤੀ ਅੰਨ ਭੰਡਾਰ ਨੂੰ ਪ੍ਰਫੁੱਲਤ ਕਰਨ, ਹਰ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਸੰਕਟਾਂ ਵਿਚ ਪਾਏ ਗਏ ਯੋਗਦਾਨ ਭਾਵ ਭਾਰਤ ਦੇ ਵਿਕਾਸ ਵਿਚ ਪਾਏ ਭਰਪੂਰ ਯੋਗਦਾਨ ਨੂੰ ਮੁੱਖ ਰੱਖਦਿਆਂ ਪੰਜਾਬ ਨੂੰ ਵਿਸ਼ੇਸ਼ ਪੈਕੇਜ ਦੇ ਕੇ ਪੰਜਾਬ ਅਤੇ ਪੰਜਾਬੀ ਕਿਸਾਨ ਨੂੰ ਕਰਜ਼ਾ ਮੁਕਤ ਕੀਤਾ ਜਾਵੇ। ਪ੍ਰੋ. ਬਡੂੰਗਰ ਨੇ ਕਿਹਾ ਕਿ ਜੇ ਪੰਜਾਬ ਮਜ਼ਬੂਤ ਹੈ, ਤਾਂ ਭਾਰਤ ਵੀ ਮਜ਼ਬੂਤ ਰਹੇਗਾ।



## ਨਸ਼ੇ ਦਾ ਸੇਵਨ ਕਰਨ ਦੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 3 ਫਰਵਰੀ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਨੇ ਰਾਮ ਕਰਨ ਵਾਸੀ ਪਿੰਡ ਰਸੂਲਪੁਰ ਸੈਦਾ ਵਿਰੁੱਧ ਧਾਰਾ 27,61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਜਤਿੰਦਰ ਕੁਮਾਰ ਸਮੇਤ ਪੁਲਿਸ ਪਾਰਟੀ ਟੀ-ਪੁਆਇੰਟ ਰੇਲਵੇ ਲਾਇਨ ਪਟਿਆਲਾ ਮੌਜੂਦ ਸੀ, ਜੋ ਸ਼ੱਕੀ ਹਾਲਤ ਵਿੱਚ ਬੈਠੇ ਦੋਸ਼ੀ ਨੂੰ ਕਾਬੂ ਕਰਨ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ। ਇਸੇ ਤਰ੍ਹਾਂ ਥਾਣਾ ਸਦਰ ਪਟਿਆਲਾ ਨੇ ਕਥਿਤ ਦੋਸ਼ੀ ਗੁਰਮੀਤ ਸਿੰਘ ਵਾਸੀ ਪਿੰਡ ਬਲਬੇੜਾ ਵਿਰੁੱਧ ਧਾਰਾ 27,61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ, ਜੋ ਸੇਫ ਪੰਜਾਬ ਐਪ ਪਰ ਉਕਤ ਦੋਸ਼ੀ ਖਿਲਾਫ ਕੰਪਲੇਂਟ ਮੌਸੂਲ ਹੋਣ ਕਾਰਨ ਉਕਤ ਦੋਸ਼ੀ ਨੂੰ ਕਾਬੂ ਕਰਕੇ ਉਸਦਾ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

## ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲਗਾਇਆ ਖ਼ੂਨਦਾਨ



ਡਕਾਲਾ/ਬਲਬੇੜ੍ਹਾ, 3 ਫਰਵਰੀ (ਗੁਰਸੇਵਕ ਸਿੰਘ) : ਸ੍ਰੀ ਗੁਰੂ ਰਵਿਦਾਸ ਸਭਾ ਕਰਹਾਲੀ ਸਾਹਿਬ ਵੱਲੋਂ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਪਿੰਡ ਕਰਹਾਲੀ ਸਾਹਿਬ ਵਿਖੇ, ਖ਼ੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਗਲੋਬਲ ਆਈਕੋਨ ਅਵਾਰਡੀ ਡਾ. ਇਕਬਾਲ ਸਿੰਘ ਮੈਡੀਕਲ ਕਾਲਜ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਆਪਣੀ ਟੀਮ ਸਮੇਤ ਪਹੁੰਚੇ। ਇਸ ਮੌਕੇ ਖ਼ੂਨਦਾਨ ਕੈਂਪ ਵਿੱਚ ਮਾਸਟਰ ਅਵਤਾਰ ਸਿੰਘ, ਗੁਰਸੇਵਕ ਸਿੰਘ, ਨਿਰਮਲ ਸਿੰਘ, ਗੁਰਲਾਲ ਸਿੰਘ, ਟਹਿਲ ਸਿੰਘ, ਹਾਕਮ ਸਿੰਘ, ਬਿੱਟੂ ਸਿੰਘ, ਜਸਵੀਰ ਸਿੰਘ, ਕੁਲਵਿੰਦਰ ਕੌਰ, ਅਤੇ ਅਮਨਦੀਪ ਕੌਰ ਸਮੇਤ 18 ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ। ਇਸ ਮੌਕੇ ਡਾ.ਇਕਬਾਲ ਸਿੰਘ ਨੇ ਕਿਹਾ ਕਿ ਅਨਮੋਲ ਜ਼ਿੰਦਗੀਆਂ ਬਚਾਉਣ ਲਈ ਖ਼ੂਨਦਾਨ ਕਰਨਾ ਬਹੁਤ ਜ਼ਰੂਰੀ ਹੈ।ਭਗਤ ਰਵਿਦਾਸ ਜੀ ਸਭਾ ਦੇ ਮੁੱਖ ਸੇਵਾਦਾਰ ਜਸਵੀਰ ਸਿੰਘ ਵੱਲੋਂ ਸਮੂਹ ਖ਼ੂਨਦਾਨੀਆਂ ਨੂੰ ਸਨਮਾਨ ਚਿੰਨ,ਮੈਡਲ,ਅਤੇ ਸਰਟੀਫਿਕੇਟ ਦੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਐੱਮਐੱਲਏ.ਚੇਤਨ ਸਿੰਘ ਜੌੜਾਮਾਜਰਾ, ਸਮਾਣਾ ਹਲਕਾ ਇੰਚਾਰਜ ਕਾਕਾ ਰਜਿੰਦਰ ਸਿੰਘ, ਸੁਰਜੀਤ ਸਿੰਘ ਰੱਖੜਾ, ਗੁਰਸ਼ਰਨ ਕੌਰ ਰੰਧਾਵਾ, ਬੀਬਾ ਜੈਇੰਦਰ ਕੌਰ ਭਾਜਪਾ, ਸੰਦੀਪ ਸਿੰਗਲਾ, ਸੁਰਿੰਦਰ ਸਿੰਘ ਖੇੜਕੀ, ਸਰਪੰਚ ਅਵਤਾਰ ਸਿੰਘ ਕਰਹਾਲੀ ਸਾਹਿਬ, ਮਲਕੀਤ ਸਿੰਘ, ਡਾ.ਮਨਦੀਪ ਸਿੰਘ, ਹੈੱਡ ਗ੍ਰੰਥੀ ਭਾਈ ਸਤਪਾਲ ਸਿੰਘ, ਗ੍ਰੰਥੀ ਭਾਈ ਰਣਜੀਤ ਸਿੰਘ,ਅਤੇ ਪਾਲਾ ਸਿੰਘ ਆਦਿ ਹਾਜ਼ਰ ਸੀ।

## ਸਕੂਲ ਨੈਸ਼ਨਲ ਖੇਡਾਂ 'ਚ ਸਕੂਲ ਆਫ ਐਮੀਨੈਂਸ ਫ਼ੀਲਖ਼ਾਨਾ ਦੀ ਝੰਡੀ



ਪਟਿਆਲਾ, 3 ਫਰਵਰੀ (ਰੁਪਾਣਾ) : ਸਕੂਲ ਆਫ ਐਮੀਨੈਂਸ ਫੀਲਖਾਨਾ ਪਟਿਆਲਾ ਦੇ ਦੋ ਦਸਵੀਂ ਜਮਾਤ ਦੇ ਖਿਡਾਰੀ ਰਬਲੀਨ ਕੌਰ ਅਤੇ ਗੁਰਬਾਜ ਸਿੰਘ ਦਾ ਸਕੂਲ ਆਉਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਸਕੂਲ ਦੇ ਪ੍ਰਿੰਸੀਪਲ ਡਾਕਟਰ ਰਜਨੀਸ਼ ਗੁਪਤਾ ਜੀ ਦੀ ਯੋਗ ਅਗਵਾਈ ਵਿੱਚ ਸਕੂਲ ਦੇ ਇਨ੍ਹਾਂ ਦੋਨਾਂ ਵਿਦਿਆਰਥੀਆਂ ਨੇ ਸਕੂਲ ਨੈਸ਼ਨਲ ਖੇਡਾਂ ਜੋ ਕਿ ਛੱਤੀਸਗੜ੍ਹ ਵਿਖੇ ਕਰਵਾਈਆਂ ਗਈਆਂ ਵਿੱਚ ਗਤਕਾ ਖੇਡ ਵਿੱਚੋਂ ਰਬਲੀਨ ਕੌਰ ਨੇ ਪੂਰੇ ਭਾਰਤ ਵਿੱਚ ਪਹਿਲਾ ਸਥਾਨ ਅਤੇ ਗੁਰਬਾਜ ਸਿੰਘ ਨੇ ਵਿਅਕਤੀਗਤ ਇਵੈਂਟ ਵਿੱਚ ਦੂਜਾ ਅਤੇ ਟੀਮ ਇਵੈਂਟ ਵਿੱਚ ਤੀਜਾ ਸਥਾਨ ਹਾਸਿਲ ਕਰਕੇ ਸਕੂਲ ਦਾ ਅਤੇ ਪੰਜਾਬ ਦਾ ਨਾਮ ਰਾਸ਼ਟਰੀ ਪੱਧਰ ਤੇ ਰੋਸ਼ਨ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾਕਟਰ ਰਜਨੀਸ਼ ਗੁਪਤਾ ਨੇ ਖਿਡਾਰੀਆਂ ਨੂੰ ਅਤੇ ਉਨਾਂ ਦੇ ਮਾਪਿਆਂ ਨੂੰ ਉਹਨਾਂ ਦੀ ਇਸ ਪ੍ਰਾਪਤੀ ਲਈ ਵਧਾਈ ਦਿੱਤੀ। ਇਸ ਮੌਕੇ ਸਰੀਰਿਕ ਸਿੱਖਿਆ ਵਿਭਾਗ ਦੇ ਅਧਿਆਪਕ ਰੁਪਿੰਦਰ ਕੌਰ , ਸੁਮਨ ਕੁਮਾਰੀ, ਬਲਵਿੰਦਰ ਸਿੰਘ ਜੱਸਲ ਅਤੇ ਡਾਕਟਰ ਮਨਦੀਪ ਕੁਮਾਰ ਦੇ ਨਾਲ ਸਕੂਲ ਦੇ ਹੋਰ ਸੀਨੀਅਰ ਅਧਿਆਪਕ ਕਵਲਜੀਤ ਸਿੰਘ ਧਾਲੀਵਾਲ, ਸਿਮਰਨ ਕੌਰ ਅਤੇ ਪਰਮਜੀਤ ਸਿੰਘ ਵੀ ਮੌਜੂਦ ਸਨ।

## ਜੌੜਾਮਾਜਰਾ ਦੀ ਟੀਮ ਦੇ ਉਦਮ ਸਦਕਾ ਪਿੰਡਾਂ ਤੇ ਸ਼ਹਿਰ ਦੇ ਵਾਰਡਾਂ 'ਚ ਲੱਗ ਰਹੇ ਨੇ ਕੈਂਪ : ਰਿਚਾ ਗੋਇਲ



ਸਮਾਣਾ, 3 ਫਰਵਰੀ (ਵਿਜੇ ਕੁਮਾਰ/ਜਵੰਦਾ/ਅਮਿਤ/ਸੁਖਜਿੰਦਰ): : ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਲੋਕਾਂ ਦੇ ਘਰਾਂ ਨੇੜੇ ਹੀ ਬਣਾਉਣ ਲਈ ਸ਼ੁਰੂ ਕੀਤੇ ਕੈਂਪਾਂ ਨੂੰ ਅੱਜ ਸਮਾਣਾ ਦੇ ਪਿੰਡਾਂ ਤੇ ਵਾਰਡਾਂ ਵਿੱਚ ਭਰਵਾਂ ਹੁੰਗਾਰਾ ਮਿਲਿਆ ਹੈ। ਐਸ.ਡੀ.ਐਮ ਸਮਾਣਾ ਰਿਚਾ ਗੋਇਲ ਨੇ ਦੱਸਿਆ ਕਿ ਅੱਜ ਜ਼ਿਲ੍ਹਾ ਪਰਿਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਹਰਜਿੰਦਰ ਸਿੰਘ ਮਿੰਟੂ ਜੌੜਾਮਾਜਰਾ ਤੇ ਮਾਰਕਿਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਸਮੇਤ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਟੀਮ ਵੱਲੋਂ ਦਿੱਤੇ ਸਹਿਯੋਗ ਸਦਕਾ ਪਿੰਡਾਂ ਵਿੱਚ ਪਰਿਵਾਰਾਂ ਨੂੰ ਇਸ ਸਕੀਮ ਦਾ ਲਾਭ ਦੇਣ ਲਈ ਕਾਰਡ ਬਣਾਏ ਜਾ ਰਹੇ ਹਨ। ਰਿਚਾ ਗੋਇਲ ਨੇ ਦੱਸਿਆ ਕਿ ਪਿੰਡ ਗੱਜੂਮਾਜਰਾ, ਗਾਜੀਪੁਰ, ਖੱਤਰੀਵਾਲਾ, ਫ਼ਤਹਿਪੁਰ ਅਤੇ ਸ਼ਹਿਰ ਦੀ ਵਾਰਡ ਨੰਬਰ 4 ਅਤੇ 19 ਵਿਖੇ ਲਗਾਏ ਗਏ ਇਨ੍ਹਾਂ ਕੈਂਪਾਂ ਵਿੱਚ ਲੋਕਾਂ ਨੇ ਵੱਡੀ ਗਿਣਤੀ ਪੁੱਜ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਵਾਏ ਹਨ। ਉਨ੍ਹਾਂ ਕਿਹਾ ਕਿ ਇਸ ਤਹਿਤ ਸਾਰੇ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਸਹੂਲਤ ਦਾ ਲਾਭ ਸਾਰੇ ਸਰਕਾਰੀ ਅਤੇ ਇੰਪੈਨਲਡ ਨਿੱਜੀ ਹਸਪਤਾਲਾਂ ਵਿੱਚ ਮਿਲੇਗਾ। ਇਸ ਮੌਕੇ ਜ਼ਿਲ੍ਹਾ ਪਰਿਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ ਅਤੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਨੇ ਕਿਹਾ ਕਿ ਇਸ ਯੋਜਨਾ ਤਹਿਤ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਅਤੇ ਮੁਫ਼ਤ ਇਲਾਜ ਦਾ ਵੱਡਾ ਲਾਭ ਮਿਲਣਾ ਸ਼ੁਰੂ ਹੋ ਗਿਆ ਹੈ। ਉਨ੍ਹਾਂ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਯੋਜਨਾ ਤਹਿਤ ਰਜਿਸਟ੍ਰੇਸ਼ਨ ਕਰਵਾਉਣ ਲਈ ਕਿਸੇ ਵੀ ਕਾਮਨ ਸਰਵਿਸ ਸੈਂਟਰਾਂ ਵਿੱਚ ਜਾਣ ਅਤੇ ਲਗਾਏ ਜਾ ਰਹੇ ਕੈਂਪਾਂ ਵਿੱਚ ਜਾਣ ਵੇਲੇ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਆਪਣੇ ਨਾਲ ਰੱਖਣ।

## ਪੂਰਨਮਾਸ਼ੀ ਦੇ ਸ਼ੁਭ ਦਿਹਾੜੇ 'ਤੇ ਪਿੰਗਲਾ ਆਸ਼ਰਮ 'ਚ ਚਲਾਇਆ ਭੰਡਾਰਾ



ਸਮਾਣਾ, 3 ਫਰਵਰੀ (ਵਿਜੇ ਕੁਮਾਰ) : ਪਿੰਗਲਾ ਆਸ਼ਰਮ ਭੰਡਾਰਾ ਕਮੇਟੀ ਵੱਲੋਂ ਚਾਚਾ ਫਕੀਰ ਚੰਦ ਦੀ ਅਗਵਾਈ ਵਿਚ ਪੂਰਨਮਾਸ਼ੀ ਅਤੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਸਥਾਨਕ ਪਿੰਗਲਾ ਆਸ਼ਰਮ 'ਚ ਭੰਡਾਰੇ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਉਚੇਚੇ ਤੌਰ 'ਤੇ ਮਾਤਾ ਅਨੀਤਾ ਜੀ, ਨਿਤੇਸ਼ ਸ਼ੁਕਲਾ ਰਿਸ਼ੀਕੇਸ਼ ਵਾਲਿਆਂ ਨੇ ਸ਼ਿਰਕਤ ਕਰਦਿਆਂ ਭੰਡਾਰਾ ਵਰਤਾਉਣ ਦੀ ਪ੍ਰੀਕਿਰਿਆ ਆਪਣੇ ਹੱਥੀ ਸ਼ੁਰੂ ਕੀਤੀ। ਇਸ ਮੌਕੇ ਉਨ੍ਹਾਂ ਨਾਲ ਡਾ: ਸ਼ਾਮ ਲਾਲ , ਕਾਂਤਾ ਰਾਣੀ, ਸੀਤਾ ਰਾਮ ਗੁਪਤਾ, ਯੋਗਰਾਜ, ਸ਼ਿਵ ਨਾਰਾਇਣ, ਜਤਿੰਦਰ ਗਰਗ,ਤਰਸੇਮ ਚੰਦ, ਪ੍ਰਦੀਪ ਮਿੰਕਾ, ਵਿਕਾਸ ਛੋਟੂ, ਆਦਿ ਵੀ ਮੌਜੂਦ ਰਹੇ।

## ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਡੀ.ਸੀ. ਦਾ ਸਵਾਗਤ



ਭੁਨਰਹੇੜੀ, 3 ਫਰਵਰੀ (ਗੁਰਜੀਤ ਸਿੰਘ ਢੋਟ) : ਨਵ ਨਿਯੁਕਤ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੂੰ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਫੁੱਲਾਂ ਦੇ ਬੁੱਕੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਿਸ਼ਨ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਸਟਾਰ ਬਲੱਡ ਡੋਨਰ ਗੁਰਬਚਨ ਸਿੰਘ ਠੇਕੇਦਾਰ, ਅਮਿਤ ਸ਼ਰਮਾ ਤੇ ਸਰਪੰਚ ਵਿੱਕੀ ਸੁਨਿਆਰਹੇੜੀ ਹਾਜ਼ਰ ਸਨ। ਇਸ ਮੌਕੇ ਗਰੁੱਪ ਦੀਆਂ ਗਤੀਵਿਧੀਆਂ ਸੰਬੰਧੀ ਜਾਣਕਾਰੀ ਦਿੰਦਿਆਂ ਹਰਦੀਪ ਸਿੰਘ ਸਨੌਰ ਨੇ ਦੱਸਿਆ ਕਿ ਗਰੁੱਪ ਵੱਲੋਂ ਪਿਛਲੇ 20 ਸਾਲਾਂ ਤੋਂ ਖ਼ੂਨਦਾਨ ਸੇਵਾ ਅਤੇ ਬੂਟੇ ਲਾਉਣ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਪਿਛਲੇ 14 ਸਾਲਾਂ ਤੋਂ ਹਰ ਮਹੀਨੇ ਬਲੱਡ ਬੈਂਕ ਵਿਖੇ ਖ਼ੂਨਦਾਨ ਕੈਂਪ ਲਗਾਏ ਜਾਂਦੇ ਹਨ, ਤਾਂ ਜੋ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖ਼ੂਨ ਮਿਲ ਸਕੇ। ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਖੇ 5 ਫਰਵਰੀ ਨੂੰ ਲਗਾਏ ਜਾਣ ਵਾਲੇ ਖ਼ੂਨਦਾਨ ਕੈਂਪ ਵਿਚ ਵਲੰਟੀਅਰਾਂ ਦੀ ਹੌਸਲਾ ਅਫਜਾਈ ਕਰਨ ਵਾਸਤੇ ਡਿਪਟੀ ਕਮਿਸ਼ਨਰ ਨੂੰ ਸੱਦਾ ਪੱਤਰ ਵੀ ਸੌਂਪਿਆ, ਜਿਸ ਸੰਬੰਧੀ ਉਨ੍ਹਾਂ ਨੇ ਖ਼ੂਨਦਾਨ ਕੈਂਪ ਵਿਚ ਪਹੁੰਚਣ ਦਾ ਭਰੋਸਾ ਦਿੱਤਾ।

## 82 ਗ੍ਰਾਮ ਹੈਰੋਇਨ ਬ੍ਰਾਮਦ

ਪਟਿਆਲਾ, 3 ਫਰਵਰੀ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਹਰਮਨਜੋਤ ਸਿੰਘ ਵਾਸੀ ਬਹਾਦਰ ਕਲੋਨੀ ਨੇੜੇ ਭਾਂਬਰੀ ਹਸਪਤਾਲ ਅਮਲੋਹ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਰੁੱਧ ਧਾਰਾ 21, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਤੇਜਿੰਦਰ ਸਿੰਘ ਸਮੇਤ ਪੁਲਿਸ ਰਾਜਪੁਰਾ ਕਲੋਨੀ ਪਟਿਆਲਾ ਕੋਲ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 82 ਗ੍ਰਾਮ ਹੈਰੋਇਨ ਬ੍ਰਾਮਦ ਹੋਈ।

## ਡੇਰਾ ਬਿਆਸ ਮੁਖੀ ਗੁਰਿੰਦਰ ਸਿੰਘ ਢਿੱਲੋਂ ਦਾ ਨਾਭਾ ਪਹੁੰਚਣ 'ਤੇ ਦੇਵ ਮਾਨ ਵੱਲੋਂ ਨਿੱਘਾ ਸਵਾਗਤ



ਨਾਭਾ, 3 ਫਰਵਰੀ (ਬਲਜਿੰਦਰ ਮਾਨ) : ਨਾਭਾ ਦੇ ਹੀਰਾ ਮਹਿਲ ਵਿਖੇ ਰਿਆਸਤ-ਏ-ਨਾਭਾ ਦੇ ਮਹਾਰਾਜਾ ਹੀਰਾ ਸਿੰਘ ਤੇ ਮਹਾਰਾਜਾ ਰਿਪੁਦਮਨ ਸਿੰਘ ਦੇ ਵੰਸ਼ਜ ਭਾਨੂੰਪ੍ਰਤਾਪ ਸਿੰਘ ਤੇ ਰਾਣੀ ਪ੍ਰੀਤੀ ਸਿੰਘ ਨਾਭਾ ਦੇ ਪੁੱਤਰ ਕੰਵਰ ਅਭੀਉਦੇਪ੍ਰਤਾਪ ਸਿੰਘ ਦੀ ਦਸਤਾਰ ਬੰਦੀ ਦੀ ਰਸਮ ਦਾ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਮੌਕੇ ਡੇਰਾ ਬਿਆਸ ਮੁਖੀ ਗੁਰਿੰਦਰ ਸਿੰਘ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਹਨਾਂ ਦਾ ਨਾਭਾ ਪਹੁੰਚਣ 'ਤੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਬਾਬਾ ਸਿਮਰ ਸਿੰਘ, ਰਾਜਵੀਰ ਸਿੰਘ ਪਟਿਆਲਾ, ਜਗਤ ਸਿੰਘ, ਤੇਜਿੰਦਰ ਸਿੰਘ ਖਹਿਰਾ, ਭੁਪਿੰਦਰ ਸਿੰਘ ਕੱਲਰ ਮਾਜਰੀ , ਜਸਵੀਰ ਸਿੰਘ ਛਿੰਦਾ, ਸੁਖਦੀਪ ਸਿੰਘ ਖਹਿਰਾ ਆਦਿ ਹਾਜ਼ਰ ਸਨ।

## ਹਰਪ੍ਰੀਤ ਕੌਰ ਮੁਖਮੇਲਪੁਰਾ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਵਰਕਰਾਂ ਨਾਲ ਮੀਟਿੰਗ



ਘਨੌਰ, 3 ਫਰਵਰੀ (ਰਾਜਿੰਦਰ ਸਿੰਘ ਕੰਬੋਜ) : ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਸਾਬਕਾ ਵਿਧਾਇਕ ਹਰਪ੍ਰੀਤ ਕੌਰ ਮੁਖਮੇਲਪੁਰਾ ਨੇ ਕਈ ਦਰਜ਼ਨਾਂ ਪਿੰਡਾਂ ਵਿੱਚ ਵਰਕਰਾਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਦਾ ਮੁੱਖ ਮਕਸਦ ਪਾਰਟੀ ਦੀ ਜ਼ਮੀਨੀ ਸਥਿਤੀ ਨੂੰ ਮਜ਼ਬੂਤ ਕਰਨਾ ਅਤੇ 2027 ਦੀਆਂ ਚੋਣਾਂ ਵਿੱਚ ਅਕਾਲੀ ਦਲ ਦੀ ਸਰਕਾਰ ਲਈ ਤਿਆਰੀਆਂ ਨੂੰ ਤੇਜ਼ ਕਰਨਾ ਸੀ। ਮੁਖਮੇਲਪੁਰਾ ਨੇ ਇਸ ਮੌਕੇ 'ਤੇ ਵਰਕਰਾਂ ਨੂੰ ਪ੍ਰੇਰਿਤ ਕੀਤਾ ਕਿ ਹਰ ਹਲਕੇ ਵਿੱਚ ਜ਼ਮੀਨੀ ਤੌਰ 'ਤੇ ਮਿਹਨਤ ਕਰਕੇ ਪਾਰਟੀ ਦੀ ਮਜ਼ਬੂਤੀ ਨੂੰ ਯਕੀਨੀ ਬਣਾਇਆ ਜਾਵੇ। ਮੀਟਿੰਗ ਦੌਰਾਨ ਮੁਖਮੇਲਪੁਰਾ ਨੇ ਖ਼ੁਸ਼ੀ ਜਾਹਿਰ ਕਰਦੇ ਹੋਏ ਕਿਹਾ ਕਿ ਬਿਕਰਮਜੀਤ ਸਿੰਘ ਮਜੀਠਿਆ ਦੀ ਜ਼ਮਾਨਤ ਅਤੇ ਸੁਪਰੀਮ ਕੋਰਟ ਵੱਲੋਂ ਮਿਲੀ ਰਾਹਤ ਨੇ ਅਕਾਲੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪੈਦਾ ਕੀਤੀ ਹੈ। ਅਕਾਲੀ ਦਲ ਦੇ ਵਰਕਰਾਂ ਨੇ ਵੀ ਮੀਟਿੰਗ ਦੌਰਾਨ ਆਪਣੀ ਦ੍ਰਿੜ੍ਹਤਾ ਦਿਖਾਈ ਅਤੇ ਕਈਆਂ ਨੇ ਵਾਅਦਾ ਕੀਤਾ ਕਿ ਉਹ ਹਰ ਹਲਕੇ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਅਤੇ ਪਾਰਟੀ ਦੀ ਰਣਨੀਤੀ ਨੂੰ ਸਮਰੱਥ ਬਣਾਉਣ ਵਿੱਚ ਪੂਰੀ ਤਰ੍ਹਾਂ ਸਹਿਯੋਗ ਦੇਣਗੇ। ਮੁਖਮੇਲਪੁਰਾ ਨੇ ਆਖਿਰਕਾਰ ਵਾਅਦਾ ਕੀਤਾ ਕਿ ਚਟਾਨ ਵਾਂਗ ਆਪਣੇ ਵਰਕਰਾਂ ਦੇ ਨਾਲ ਦੁੱਖ-ਸੁੱਖ ਵਿੱਚ ਹਮੇਸ਼ਾ ਹਾਜ਼ਰ ਰਹਾਂਗੀ। ਇਸ ਮੌਕੇ ਬਹਾਦਰ ਸਿੰਘ ਖੈਰਪੁਰ ਜੱਟਾਂ,ਮੇਵਾ ਸਿੰਘ ਸਰਾਲਾ ਕਲਾਂ, ਸਰਬਜੀਤ ਸਿੰਘ ਭੋਗਲਾ, ਅਵਤਾਰ ਸਿੰਘ ਕਪੂਰੀ, ਦਰਸਨ ਸਿੰਘ ਸੀਲ, ਸਰਦੂਲ ਸਿੰਘ ਚਮਾਰੂ, ਅਜੈਬ ਸਿੰਘ ਮੰਜੋਲੀ, ਸੁਖਵਿੰਦਰ ਸਿੰਘ, ਗੁਰਦੀਪ ਸਿੰਘ ਸਰਾਲਾ ਤੇ ਭਾਰੀ ਗਿਣਤੀ ਵਿਚ ਅਕਾਲੀ ਵਰਕਰ ਮੌਜੂਦ ਸਨ।

## ਚੇਅਰਮੈਨ ਹਰਪਾਲ ਜੁਨੇਜਾ ਦਾ ਅਹੁਦਾ ਸੰਭਾਲਣ 'ਤੇ ਸਨਮਾਨ



ਪਟਿਆਲਾ, 3 ਫਰਵਰੀ (ਚ.ਨ.ਸ.) :ਆਮ ਆਦਮੀ ਪਾਰਟੀ ਦੇ ਸੀਨੀਅਰ ਨੌਜਵਾਨ ਆਗੂ ਹਰਪਾਲ ਜੁਨੇਜਾ ਵੱਲੋਂ ਪੀਆਰਟੀਸੀ ਦੇ ਚੇਅਰਮੈਨ ਦਾ ਅਹੁਦਾ ਸੰਭਾਲਣ 'ਤੇ ਨਵੇਂ ਬੱਸ ਸਟੈਂਡ ਸ਼ਾਪਕੀਪਰ ਐਸੋਸੀਏਸ਼ਨ ਅਤੇ ਫੋਟੋਗ੍ਰਾਫਰ ਵੈਲਫੇਅਰ ਕਲੱਬ ਵੱਲੋਂ ਉਨ੍ਹਾਂ ਦਾ ਭਰਪੂਰ ਸਨਮਾਨ ਕੀਤਾ ਗਿਆ।ਇਸ ਮੌਕੇ ਨਵੇਂ ਬੱਸ ਸਟੈਂਡ ਸ਼ਾਪਕੀਪਰ ਐਸੋਸੀਏਸ਼ਨ ਦੇ ਪ੍ਰਧਾਨ ਸੁਰੇਸ਼ ਸਚਦੇਵਾ, ਸਕੱਤਰ ਚਰਨਜੀਤ ਸਿੰਘ ਅਤੇ ਫੋਟੋਗ੍ਰਾਫਰ ਵੈਲਫੇਅਰ ਕਲੱਬ ਦੇ ਚੇਅਰਮੈਨ ਦਰਸ਼ਨ ਆਹੂਜਾ ਤੇ ਚਿਰਾਗ ਆਹੂਜਾ ਵੱਲੋਂ ਹਰਪਾਲ ਜੁਨੇਜਾ ਨੂੰ ਮੂੰਹ ਮਿੱਠਾ ਕਰਵਾ ਕੇ ਵਧਾਈਆਂ ਦਿੱਤੀਆਂ ਗਈਆਂ। ਸਨਮਾਨ ਸਮਾਰੋਹ ਦੌਰਾਨ ਹਰਪਾਲ ਜੁਨੇਜਾ ਨੇ ਨਵੇਂ ਬੱਸ ਸਟੈਂਡ ਸ਼ਾਪਕੀਪਰ ਐਸੋਸੀਏਸ਼ਨ ਦਾ ਧੰਨਵਾਦ ਕੀਤਾ।

## ਮੰਡੋਰ ਸਕੂਲ ਵਿਖੇ ਬਾਲ ਵਿਆਹ ਵਿਰੋਧੀ ਜਾਗਰੂਕਤਾ ਸੈਮੀਨਾਰ

ਦੇਵੀਗੜ੍ਹ, 3 ਫਰਵਰੀ (ਗੁਰਜੀਤ ਸਿੰਘ ਢੋਟ) : ਨੈਸ਼ਨਲ ਕਾਨੂੰਨੀ ਸੇਵਾਵਾਂ ਅਥਾਰਟੀ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਮਾਨਯੋਗ ਅਵਤਾਰ ਸਿੰਘ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੀ ਸਰਪ੍ਰਸਤੀ ਅਤੇ ਮਾਨਯੋਗ ਮਾਨੀ ਅਰੋੜਾ ਚੀਫ਼ ਜੁਡੀਸ਼ਲ ਮੈਜਿਸਟਰੇਟ ਕਮ ਇੰਚਾਰਜ ਸੈਕਟਰੀ ਵੱਲੋਂ ਮਿਲੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਬਾਲ ਵਿਆਹ ਮੁਕਤ ਭਾਰਤ ਅਭਿਆਨ ਦੇ ਤਹਿਤ ਕਾਨੂੰਨੀ ਸੇਵਾਵਾਂ ਅਤੇ ਬਾਲ ਵਿਆਹ ਵਿਰੋਧੀ ਜਾਗਰੂਕਤਾ ਸੈਮੀਨਾਰ ਸਕੂਲ ਆਫ਼ ਐਮੀਨੈਂਸ ਮੰਡੋਰ ਵਿਖੇ ਆਯੋਜਿਤ ਕੀਤਾ ਗਿਆ। ਸੈਮੀਨਾਰ ਵਿੱਚ ਉੱਘੇ ਸਮਾਜਸੇਵੀ ਤੇ ਮੋਟੀਵੇਸ਼ਨਲ ਸਪੀਕਰ ਭਗਵਾਨ ਦਾਸ ਗੁਪਤਾ, ਪੈਰਾ ਲੀਗਲ ਵਲੰਟੀਅਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵੱਲੋਂ ਮੁਫ਼ਤ ਕਾਨੂੰਨੀ ਸੇਵਾਵਾਂ,ਤਿੰਨ ਨਵੇਂ ਕਨੂੰਨਾਂ, ਪੰਜਾਬ ਪੀੜਤ ਮੁਆਵਜ਼ਾ ਯੋਜਨਾ,ਜਿਨਸੀ ਹਮਲਾ ਪੀੜਤ ਮੁਆਵਜ਼ਾ, ਲੇਬਰ ਕਾਰਡ, ਪੈਨਸ਼ਨਾਂ ਆਦਿ, ਬਾਲ ਵਿਆਹ, ਪੋਕਸੋ ਐਕਟ,ਟੋਲ ਫ੍ਰੀ ਨੰਬਰ 15100, ਨੈਸ਼ਨਲ ਲੋਕ ਅਦਾਲਤ ਅਤੇ ਸਥਾਈ ਲੋਕ ਅਦਾਲਤ ਬਾਰੇ ਜਾਣਕਾਰੀ ਦਿੱਤੀ।ਓਹਨਾਂ ਨੇ ਲੋਕਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਦਾ ਲਾਭ ਲੈਣ ਅਤੇ ਬਾਲ ਵਿਆਹ ਮੁਕਤ ਭਾਰਤ ਅਭਿਆਨ ਦੇ ਨਾਲ ਜੁੜਣ ਦੀ ਅਪੀਲ ਕੀਤੀ ਅਤੇ ਨੈਸ਼ਨਲ ਲੋਕ ਅਦਾਲਤ ਬਾਰੇ ਜਾਣਕਾਰੀ ਦਿੱਤੀ।ਸਕੂਲ ਪ੍ਰਿੰਸੀਪਲ ਸਟੇਟ ਅਵਾਰਡੀ ਜਸਪਾਲ ਸਿੰਘ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਬਾਲ ਵਿਆਹ ਤੇ ਸਾਈਬਰ ਸੁਰੱਖਿਆ ਪ੍ਰਤੀ ਜਾਗਰੂਕ ਹੋਣ ਦੀ ਅਪੀਲ ਵੀ ਕੀਤੀ। ਲੈਕਚਰਾਰ ਸੀਮਾ ਰਾਣੀ ਨੇ ਧੰਨਵਾਦੀ ਸ਼ਬਦ ਕਹੇ।ਇਸ ਮੌਕੇ ਮਨਪ੍ਰੀਤ ਸਿੰਘ, ਨਾਨੂੰ ਸ਼ਾਹ, ਕੈਪਟਨ ਬਚਿੱਤਰ ਸਿੰਘ ਕੈਂਪ ਮੈਨੇਜਰ,ਪ੍ਰੇਮ ਲਤਾ ਗੁਪਤਾ, ਸਮੂੰਹ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਡੈਡੀਕੇਟਿਡ ਬ੍ਰਦਰਜ਼ ਗਰੁੱਪ ਵੱਲੋਂ ਡੀ.ਐਸ.ਪੀ. ਵਿਜੀਲੈਂਸ ਪਰਮਿੰਦਰ ਸਿੰਘ ਦਾ ਸਨਮਾਨ




ਪਟਿਆਲਾ, 3 ਫਰਵਰੀ (ਚ.ਨ.ਸ.) : ਡੈਡੀਕੇਟਿਡ ਬ੍ਰਦਰਜ਼ ਗਰੁੱਪ ਰਜਿ: ਪੰਜਾਬ ਪਟਿਆਲਾ ਦੇ ਸੰਸਥਾਪਕ ਅਤੇ ਪ੍ਰਧਾਨ ਡਾ.ਰਾਕੇਸ਼ ਵਰਮੀ ਦੀ ਪ੍ਰਧਾਨਗੀ ਹੇਠ 323ਵਾਂ ਮਾਸਿਕ ਸਨਮਾਨ ਸਮਾਰੋਹ ਭਾਸ਼ਾ ਭਵਨ ਪਟਿਆਲਾ ਵਿਖੇ ਆਯੋਜਿਤ ਕੀਤਾ। ਪਰਮਿੰਦਰ ਸਿੰਘ ਡਿਪਟੀ ਸੁਪਰਡੈਂਟ ਆਫ ਪੁਲਿਸ ਵਿਜੀਲੈਂਸ ਬਿਓਰੋ ਆਫ ਪੰਜਾਬ ਪੁਲਿਸ ਪਟਿਆਲਾ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਹਰਪ੍ਰੀਤ ਸਿੰਘ ਸੰਧੂ ਜਨਰਲ ਸੈਕਟਰੀ ਡੀ.ਬੀ.ਜੀ, ਸੈਕਟਰੀ ਰਜਿੰਦਰਾ ਜਿਮਖਾਨਾ ਮਹਿੰਦਰਾ ਕਲੱਬ ਪਟਿਆਲਾ, ਡਾਇਰੈਕਟਰ ਗਰੁੱਪ ਆਫ ਡੈਫੋਡਿਲਜ ਸਕੂਲ ਪਟਿਆਲਾ ਨੇ ਜੀ ਆਇਆ ਆਖਦੇ ਹੋਏ ਕਿਹਾ ਪਰਮਿੰਦਰ ਸਿੰਘ ਡੀ.ਐਸ.ਪੀ ਸਾਕਾਰਾਤਮਕ ਸੋਚ ਦੇ ਮਾਲਿਕ ਹਨ ਮਨੁੱਖਤਾ ਦੀ ਸੇਵਾ ਨੂੰ ਹੀ ਆਪਣਾ ਧਰਮ ਮੰਨਦੇ ਹਨ ਮਨਜੀਤ ਸਿੰਘ ਪੂਰਬਾ ਪ੍ਰੋਜੈਕਟ ਇੰਚਾਰਜ, ਮਨੋਜ ਘਈ ਪ੍ਰਧਾਨ, ਪਰਵੀਨ ਕੁਮਾਰ ਸਕੱਤਰ ਜਨਰਲ ਅਤੇ ਬੀ.ਸੀ ਅਧਿਆਪਕ ਮੰਚ ਨੇ 323ਵੇਂ ਸਨਮਾਨ ਸਮਾਰੋਹ ਦੀ ਸ਼ਲਾਘਾ ਕਰਦੇ ਹੋਏ ਦੱਸਿਆ ਡੈਡੀਕੇਟਿਡ ਬ੍ਰਦਰਜ਼ ਗਰੁੱਪ ਰਜਿ: ਪੰਜਾਬ ਵੱਲੋਂ 2000 ਤੋਂ ਵੱਧ ਅਧਿਆਪਿਕ ਵਰਗ ਦਾ ਸਨਮਾਨ ਕੀਤਾ ਗਿਆ ਹੈ ਅੱਜ ਵੱਖ-ਵੱਖ ਸਰਕਾਰੀ ਸਕੂਲਾਂ ਦੇ 29 ਅਧਿਆਪਿਕ/ ਅਧਿਆਪਿਕਾਵਾਂ ਦਾ ਸਨਮਾਨ ਕੀਤਾ ਗਿਆ। ਪਰਮਿੰਦਰ ਸਿੰਘ ਡੀ.ਐਸ.ਪੀ ਨੇ ਅਧਿਆਪਿਕਾਵਾਂ, ਖ਼ੂਨਦਾਨੀਆਂ ਅਤੇ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕਰਦੇ ਹੋਏ ਕਿਹਾ ਡੈਡੀਕੇਟਿਡ ਬ੍ਰਦਰਜ਼ ਗਰੁੱਪ ਵੱਲੋਂ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਵੱਖ-ਵੱਖ ਪਿੰਡਾਂ ਵਿੱਚ ਸਕੂਲਾਂ ਰਾਹੀ ਪੰਜਾਬੀ ਵਿਰਸੇ ਅਤੇ ਕਲਚਰਲ ਸਭਿਆਚਾਰ ਦੀ ਵਿਸ਼ੇਸ਼ ਛਾਪ ਛੱਡੀ ਜਾ ਰਹੀ ਹੈ ਸਕੂਲਾਂ ਵਿੱਚ ਪੰਜਾਬੀ ਦੀ ਮੁਹਾਰਨੀ ੳ, ਅ, ੲ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀ ਜਾਂਦੀ ਹੈ। ਡੀ.ਐਸ.ਪੀ ਪਰਮਿੰਦਰ ਸਿੰਘ ਨੇ ਡੀ.ਬੀ.ਜੀ ਦੀਆਂ ਗਤੀ ਵਿਧੀਆਂ ਤੋਂ ਜਾਣੂੰ ਹੋ ਕੇ ਗਰੁੱਪ ਦੀ ਮੈਂਬਰਸਿਪ ਪ੍ਰਾਪਤ ਕੀਤਾ। ਡੈਡੀਕੇਟਿਡ ਬ੍ਰਦਰਜ਼ ਗਰੁੱਪ ਦੀ ਗਰਵਨਿੰਗ ਬਾਡੀ ਡਾ.ਰਾਕੇਸ਼ ਵਰਮੀ, ਹਰਪ੍ਰੀਤ ਸਿੰਘ ਸੰਧੂ, ਅਮਨਇੰਦਰ ਸਿੰਘ ਸੈਣੀ, ਵਿਕਾਸ ਗੋਇਲ, ਐਡਵੋਕੇਟ ਰਣਜੀਤ ਸਿੰਘ, ਮਨਜੀਤ ਕੌਰ ਆਜਾਦ ਨੇ ਮੁੱਖ ਮਹਿਮਾਨ ਪਰਮਿੰਦਰ ਸਿੰਘ ਡੀ.ਐਸ.ਪੀ ਨੇ ਸਿਰਪਾਓ ਅਤੇ ਯਾਦਗਾਰਦੀ ਚਿੰਨ ਦੇ ਕੇ ਸਨਮਾਨਿਤ ਕੀਤਾ। ਮੰਚ ਦਾ ਬਾਖੂਬੀ ਸੰਚਾਲਨ ਕਰਦੇ ਹੋਏ ਡਾ.ਰਿਸ਼ਮਾ ਕੋਹਲੀ ਨੇ ਸਭ ਦਾ ਧੰਨਵਾਦ ਕੀਤਾ। ਇਹ ਜਾਣਕਾਰੀ ਅਮਨਇੰਦਰ ਸਿੰਘ ਸੈਣੀ ਨੇ ਦਿੱਤੀ।

## ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨੌਜਵਾਨ ਨਸ਼ਿਆਂ ਦੇ ਖ਼ਾਤਮੇ ਲਈ ਲਾਮਬੰਦ ਹੋਣ: ਪਰਮਿੰਦਰ ਭਲਵਾਨ




ਪਟਿਆਲਾ, 3 ਫਰਵਰੀ (ਚ.ਨ.ਸ.) : ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ,ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਦੇ ਸਹਿਯੋਗ ਨਾਲ ਨਸ਼ਾ ਮੁਕਤ ਭਾਰਤ ਅਭਿਆਨ ਸਮਾਜਿਕ ਨਿਆਂ ਅਤੇ ਅਧਿਕਾਰਤਾ ਸੰਸਕਤੀਕਰਨ ਮੰਤਰਾਲਾ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਵਿਰੋਧੀ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਉਚ ਅਧਿਕਾਰੀਆਂ ਦੀ ਸਰਪ੍ਰਸਤੀ ਹੇਠ ਕੀਤਾ ਗਿਆ, ਜਿਸ ਵਿਚ ਮੁੱਖ ਮਹਿਮਾਨ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੂਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਵਿਸ਼ੇਸ਼ ਤੌਰ 'ਤੇ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ , ਭਿੰਦਰ ਜਲਵੇੜਾ ਨੇ ਸ਼ਿਰਕਤ ਕੀਤੀ।ਇਸ ਮੌਕੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਨਸ਼ਿਆਂ ਕਾਰਨ ਹਰ ਰੋਜ਼ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ, ਜੋ ਕਿ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ। ਇਸ ਮੌਕੇ ਨੌਜਵਾਨਾਂ ਨੂੰ ਯੂਥ ਆਗੂ ਰੁਦਰਪ੍ਰਤਾਪ ਸਿੰਘ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਡਰੱਗ ਫਰੀ ਵਰਲੱਡ ਕੈਲੀਫੋਰਨੀਆ ਵੱਲੋਂ ਪ੍ਰਚਾਰ ਸਮੱਗਰੀ ਵੀ ਵੰਡੀ ਗਈ। ਇਸ ਮੌਕੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਚੱਲਣ ਲਈ ਸਹੁੰ ਵੀ ਚੁਕਾਈ ਗਈ।

## ਸੜਕ ਹਾਦਸੇ 'ਚ ਪਤੀ ਜ਼ਖ਼ਮੀ, ਪਤਨੀ ਦੀ ਮੌਤ

ਨਾਭਾ, 3 ਫਰਵਰੀ (ਚੌਧਰੀਮਾਜਰਾ) : ਥਾਣਾ ਸਦਰ ਨਾਭਾ ਪੁਲਿਸ ਕੋਲ ਪਰਮਜੀਤ ਸਿੰਘ ਪੁੱਤਰ ਵਜੀਰ ਸਿੰਘ ਵਾਸੀ ਪਿੰਡ ਮੋਹਲਗੁਆਰਾ ਥਾਣਾ ਭਾਦਸੋ ਹਾਲ ਨੇੜੇ 14 ਨੰਬਰ ਫਾਟਕ ਅਜੈਬ ਕਲੋਨੀ ਨਾਭਾ ਨੇ ਮੋਟਰਸਾਈਕਲ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੀ ਪਤਨੀ ਬਿੰਦਰ ਕੌਰ ਸਮੇਤ ਮੋਟਰਸਾਈਕਲ 'ਤੇ ਸਵਾਰ ਹੋ ਰੋਹਟੀ ਪੁਲ ਨਾਭਾ ਪਾਸ ਜਾ ਰਿਹਾ ਸੀ, ਤਾਂ ਅਣਪਛਾਤੇ ਡਰਾਇਵਰ ਨੇ ਆਪਣੇ ਮੋਟਰਸਾਇਕਲ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੇ ਅੱਗੇ ਕੱਟ ਮਾਰ ਦਿੱਤਾ, ਜੋ ਉਸ ਦੇ ਮੋਟਰਸਾਇਕਲ ਦੇ ਅਗਲੇ ਟਾਇਰ ਵਿੱਚ ਲੱਗਾ ਅਤੇ ਉਹ ਤੇ ਉਸਦੀ ਪਤਨੀ ਡਿੱਗ ਪਏ, ਜੋ ਐਕਸੀਡੈਂਟ ਵਿੱਚ ਉਸ ਦੇ ਸੱਟਾਂ ਲੱਗੀਆਂ ਤੇ ਉਸਦੀ ਪਤਨੀ ਦੀ ਮੌਤ ਹੋ ਗਈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।



# ਪਟਿਆਲਾ-ਆਸ/ਪਾਸ



➤ਹਲਕਾ ਸਮਾਣਾ ਦੇ ਸੂਲਰ ਵਿਖੇ ਵਿਸ਼ਾਲ ਜਨ ਸਭਾ ਦਾ ਆਯੋਜਨ

## ਪੰਜਾਬ ਸਰਕਾਰ ਦੀਆਂ ਲੋਕ ਹਿਤੈਸ਼ੀ ਨੀਤੀਆਂ ਦਾ ਲੋਕਾਂ ਨੂੰ ਮਿਲ ਰਿਹੈ ਲਾਭ : ਹਰਚੰਦ ਸਿੰਘ ਬਰਸਟ

ਸਮਾਣਾ, 3 ਫਰਵਰੀ (ਵਿਜੇ ਕੁਮਾਰ/ਜਵੰਦਾ) : ਹਲਕਾ ਸਮਾਣਾ ਦੀ ਜੇ.ਪੀ. ਕਲੋਨੀ, ਸੂਲਰ ਵਿਖੇ ਵਿਸ਼ਾਲ ਜਨ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਇਲਾਕੇ ਨਿਵਾਸੀਆਂ ਵੱਲੋਂ ਵੱਡੀ ਗਿਣਤੀ ਵਿੱਚ ਪੂਰੇ ਉਤਸ਼ਾਹ ਨਾਲ ਜਨ ਸਭਾ ਵਿੱਚ ਹਿੱਸਾ ਲਿਆ। ਜਨ ਸਭਾ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬੀ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਵਿੱਚ ਆਉਂਦਿਆਂ ਹੀ ਸਿਹਤ, ਸਿੱਖਿਆ, ਬਿਜਲੀ ਅਤੇ ਕਿਸਾਨਾਂ ਦੀ ਭਲਾਈ ਨੂੰ ਪ੍ਰਾਥਮਿਕਤਾ



ਦਿੱਤੀ ਹੈ। ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਦੀ ਨੁਹਾਰ ਬਦਲ ਕੇ ਲੋਕਾਂ ਨੂੰ ਬਿਹਤਰ ਸੁਵਿਧਾਵਾਂ ਮੁਹੱਈਆ ਕਰਵਾਈਆਂ ਗਈਆਂ ਹਨ।ਉਨ੍ਹਾਂ ਅੱਗੇ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਯੋਜਨਾ ਸ਼ੁਰੂ ਕਰ ਦਿੱਤੀ ਗਈ ਹੈ, ਜਿਸਦੇ ਤਹਿਤ ਸੂਬੇ ਦੇ 65 ਲੱਖ ਪਰਿਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਕੈਸ਼ਲੈਸ ਇਲਾਜ ਮਿਲੇਗਾ। ਇਹ ਸਹੂਲਤ ਸਿਰਫ਼ ਸਰਕਾਰੀ ਹਸਪਤਾਲਾਂ ਤੱਕ ਸੀਮਤ ਨਹੀਂ ਹੈ, ਸਗੋਂ ਇਸ ਵਿੱਚ ਨਿੱਜੀ ਹਸਪਤਾਲਾਂ ਨੂੰ ਵੀ ਸੂਚੀਬੱਧ ਕੀਤਾ ਗਿਆ ਹੈ। ਹੁਣ ਕਿਸੇ ਨੂੰ ਵੀ ਇਲਾਜ ਲੈਣ ਲਈ ਵਿੱਤੀ ਤੰਗੀਆਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਕਾਰਡ ਬਣਾਉਣੇ ਸ਼ੁਰੂ ਕਰ ਦਿੱਤੇ ਗਏ ਹਨ। ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਆਪਣੇ ਆਸ-ਪਾਸ ਦੇ ਹਰ ਘਰ ਤੱਕ ਇਸ ਯੋਜਨਾ ਦੀ ਜਾਣਕਾਰੀ ਪਹੁੰਚਾਈ ਜਾਵੇ, ਤਾਂ ਜੋ ਸਭ ਨੂੰ ਇਸਦਾ ਲਾਭ ਮਿਲ ਸਕੇ। ਸ. ਬਰਸਟ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਿੱਥੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆ ਜਾ ਰਹੀਆਂ ਹਨ, ਉੱਥੇ ਹੀ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਿਸ਼ ਤੋਂ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ। ਮਹਿਲਾਵਾਂ ਨੂੰ ਮੁਫ਼ਤ ਬਸ ਸਫ਼ਰ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਮੌਕੇ ਹਰਿੰਦਰ ਸਿੰਘ ਧਬਲਾਨ, ਮਨਿੰਦਰ ਹਾਂਡਾ ਜੋਹਨ ਸੂਲਰ, ਪਰਮਜੀਤ ਸਿੰਘ ਜੇ.ਪੀ., ਮਨਜੀਤ ਸਿੰਘ, ਜਸਵਿੰਦਰ ਸਿੰਘ ਕਾਲੇਕਾ, ਜਗਜੀਤ ਸਿੰਘ, ਦੀਪਕ ਨਿਰਮਲ, ਸੋਨੂੰ ਮਿੱਤਲ, ਬਿੰਦਰ ਸੇਠੀ, ਹਰਿੰਦਰ ਪਾਠਕ, ਰੋਹਿਤ ਹਾਂਡਾ, ਬਲਕਾਰ ਸਿੰਘ, ਸੁਰੇਸ਼ ਪਾਲ, ਹਰਮੇਸ਼ ਸਿੰਘ, ਕੇਵਲ ਪ੍ਰਧਾਨ, ਸੰਜੂ ਧੀਮਾਨ, ਚਰਨਜੀਤ ਸਿੰਘ, ਲਾਮਾ, ਮੋਹਨ ਦੱਤ, ਕਪਿਲ, ਜਗਵਿੰਦਰ ਸਿੰਘ, ਅਮਰੀਕ ਸਿੰਘ, ਰਵਿੰਦਰਪਾਲ ਰਿੱਕੀ, ਰਵੇਲ ਸਿੰਘ ਸਿੱਧੂ, ਦਵਿੰਦਰ ਸਿੰਘ ਚੱਠਾ, ਅਮਰੀਕ ਸਿੰਘ ਗਿੱਲ, ਬਲਜੀਤ ਹਾਂਡਾ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਪਿੰਡ ਜਲਾਲਪੁਰ 'ਚ ਸਰਪੰਚ ਤੇ ਪੰਚਾਇਤ ਮੈਂਬਰਾਂ ਸਮੇਤ 50 ਤੋਂ ਵੱਧ ਪਰਿਵਾਰਾਂ ਨੇ ਫੜਿਆ 'ਆਪ' ਦਾ ਪੱਲਾ

➢ਹਲਕਾ ਸਨੌਰ 'ਚ 'ਬਦਲਾਅ' ਦੀ ਹਨੇਰੀ ਜਾਰੀ : ਹਡਾਣਾ

ਭੁਨਰਹੇੜੀ, 3 ਫ਼ਰਵਰੀ: (ਗੁਰਜੀਤ ਸਿੰਘ ਢੌਟ) : ਹਲਕਾ ਸਨੌਰ ਵਿੱਚ 'ਆਮ ਆਦਮੀ ਪਾਰਟੀ' ਦੀ ਸਥਿਤੀ ਉਸ ਸਮੇਂ ਹੋਰ ਮਜ਼ਬੂਤ ਹੋ ਗਈ, ਜਦੋਂ ਪਿੰਡ ਜਲਾਲਪੁਰ ਵਿਖੇ ਪਿੰਡ ਦੇ ਮੌਜੂਦਾ ਸਰਪੰਚ ਅਤੇ ਪੰਚਾਇਤ ਮੈਂਬਰਾਂ ਸਮੇਤ 50 ਤੋਂ ਵੱਧ ਪਰਿਵਾਰਾਂ ਨੇ ਰਵਾਇਤੀ ਪਾਰਟੀਆਂ ਨੂੰ ਹਮੇਸ਼ਾ ਲਈ ਅਲਵਿਦਾ ਕਹਿ ਕੇ 'ਆਪ' ਦਾ ਪੱਲਾ ਫੜ ਲਿਆ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨਵੇਂ ਸ਼ਾਮਲ ਹੋਏ ਮੈਂਬਰਾਂ ਨੂੰ ਪਾਰਟੀ ਵਿੱਚ ਜੀ ਆਇਆਂ ਨੂੰ ਕਿਹਾ ਅਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਅੱਜ ਜਲਾਲਪੁਰ ਪਿੰਡ ਦੇ ਲੋਕਾਂ ਨੇ ਜੋ ਉਤਸ਼ਾਹ ਦਿਖਾਇਆ ਹੈ, ਉਸ ਨੇ ਸਾਬਤ ਕਰ ਦਿੱਤਾ ਹੈ ਕਿ ਹਲਕਾ ਸਨੌਰ ਵਿੱਚ ਹੁਣ ਰਵਾਇਤੀ ਪਾਰਟੀਆਂ ਦਾ ਕੋਈ ਆਧਾਰ ਨਹੀਂ ਰਿਹਾ। ਉਨ੍ਹਾਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਲੋਕਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ ਗਿਆ ਸੀ ਪਰ ਮੁੱਖ



ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਲੋਕਾਂ ਨੂੰ ਅਸਲ ਸਹੂਲਤਾਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ, ਚੰਗੀ ਸਿੱਖਿਆ ਅਤੇ ਮੁਹੱਲਾ ਕਲੀਨਿਕਾਂ ਵਰਗੀਆਂ ਸਹੂਲਤਾਂ ਨੇ ਆਮ ਲੋਕਾਂ ਦੇ ਜੀਵਨ ਵਿੱਚ ਵੱਡਾ ਬਦਲਾਅ ਲਿਆਂਦਾ ਹੈ, ਜਿਸ ਕਾਰਨ ਅੱਜ ਘਰ-ਘਰ ਵਿੱਚ 'ਆਪ' ਦਾ ਬੋਲਬਾਲਾ ਹੈ। ਹਡਾਣਾ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣਾ ਸਿਰਫ਼ ਇੱਕ ਸਿਆਸੀ ਫੈਸਲਾ ਨਹੀਂ ਹੈ, ਸਗੋਂ ਇਹ ਇੱਕ ਪਰਿਵਾਰ ਦਾ ਵਾਧਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਪਿੰਡ ਜਲਾਲਪੁਰ ਦੇ ਜਿਹੜੇ ਪਰਿਵਾਰਾਂ ਨੇ ਅੱਜ ਪਾਰਟੀ 'ਤੇ ਵਿਸ਼ਵਾਸ ਜਤਾਇਆ ਹੈ, ਉਨ੍ਹਾਂ ਨੂੰ ਪਾਰਟੀ ਅੰਦਰ ਪੂਰਾ ਮਾਨ-ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੂੰ ਕਿਹਾ ਕਿ ਹੁਣ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਜਲਾਲਪੁਰ ਨੂੰ ਹਲਕੇ ਦਾ ਮਾਡਲ ਪਿੰਡ ਬਣਾਉਣ ਲਈ ਦਿਨ-ਰਾਤ ਕੰਮ ਕੀਤਾ ਜਾਵੇਗਾ। ਮੀਟਿੰਗ ਦੌਰਾਨ ਪਿੰਡ ਦੇ ਸਰਪੰਚ ਅਤੇ ਸ਼ਾਮਲ ਹੋਏ ਹੋਰ ਮੈਂਬਰਾਂ ਨੇ ਕਿਹਾ ਕਿ ਉਹ ਰਣਜੋਧ ਸਿੰਘ ਹਡਾਣਾ ਦੀ ਮਿਹਨਤ ਅਤੇ ਇਮਾਨਦਾਰੀ ਤੋਂ ਬਹੁਤ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਦੇ ਆਗੂਆਂ ਤੱਕ ਪਹੁੰਚ ਕਰਨਾ ਮੁਸ਼ਕਿਲ ਸੀ, ਪਰ ਹਡਾਣਾ ਜੀ ਹਰ ਵੇਲੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਲਈ ਹਾਜ਼ਰ ਰਹਿੰਦੇ ਹਨ। ਪਿੰਡ ਵਾਸੀਆਂ ਨੇ ਇੱਕਸੁਰ ਵਿੱਚ ਕਿਹਾ ਕਿ ਉਹ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਨੂੰ ਦੇਖਦੇ ਹੋਏ ਅੱਜ ਆਪਣੇ ਪੁਰਾਣੇ ਸਿਆਸੀ ਸਬੰਧ ਤੋੜ ਕੇ 'ਆਮ ਆਦਮੀ ਪਾਰਟੀ' ਨਾਲ ਜੁੜੇ ਹਨ।ਇਸ ਸਮਾਗਮ ਵਿੱਚ ਹਲਕਾ ਸਨੌਰ ਦੀ ਸਮੁੱਚੀ ਲੀਡਰਸ਼ਿਪ, ਬਲਾਕ ਪ੍ਰਧਾਨ ਅਤੇ ਹੋਰ ਅਹੁਦੇਦਾਰ ਵੀ ਮੌਜੂਦ ਸਨ। ਰਾਜਨੀਤਿਕ ਮਾਹਿਰਾਂ ਦਾ ਕਹਿਣਾ ਹੈ ਕਿ ਜਲਾਲਪੁਰ ਵਰਗੇ ਅਹਿਮ ਪਿੰਡ ਵਿੱਚੋਂ ਇੰਨੀ ਵੱਡੀ ਗਿਣਤੀ ਵਿੱਚ ਜੁਆਇਨਿੰਗ ਹੋਣਾ ਵਿਰੋਧੀ ਧਿਰਾਂ ਲਈ ਚਿੰਤਾ ਦਾ ਵਿਸ਼ਾ ਹੈ। ਅਖੀਰ ਵਿੱਚ, ਪਿੰਡ ਵਾਸੀਆਂ ਵੱਲੋਂ ਰਣਜੋਧ ਸਿੰਘ ਹਡਾਣਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਵੱਡੇ ਹੁੰਗਾਰੇ ਦੀ ਸਾਰੇ ਹਲਕੇ ਵਿੱਚ ਚਰਚਾ ਹੋ ਰਹੀ ਹੈ।

## ਦੋ ਟਿੱਪਰਾਂ ਤੇ ਅਣਪਛਾਤੇ ਜ਼ਮੀਨ ਮਾਲਕ ਖ਼ਿਲਾਫ਼ ਮਾਮਲਾ ਦਰਜ, ਜੇ.ਸੀ.ਬੀ. ਮਸ਼ੀਨ ਕਾਬੂ

ਸਮਾਣਾ, 3 ਫਰਵਰੀ (ਵਿਜੇ ਕੁਮਾਰ) : ਪਿੰਡ ਨਸੂਪੁਰ ਵਿੱਚ ਚੱਲ ਰਹੀ ਨਾਜਾਇਜ਼ ਮਾਈਨਿੰਗ ਦੇ ਮਾਮਲੇ ਵਿੱਚ ਸਦਰ ਪੁਲਸ ਨੇ ਇੱਕ ਪੋਕਲੇਨ ਮਸ਼ੀਨ (ਜੇਸੀਬੀ), ਦੋ ਟਿੱਪਰਾਂ ਅਤੇ ਅਣਪਛਾਤੇ ਜ਼ਮੀਨ ਮਾਲਕ ਖ਼ਿਲਾਫ਼ ਮਾਈਨਿੰਗ ਐਂਡ ਮਿਨਰਲਜ਼ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਸ ਦੇ ਏ.ਐੱਸ.ਆਈ. ਨਿਰਮਲ ਸਿੰਘ ਨੇ ਦੱਸਿਆ ਕਿ ਮਾਈਨਿੰਗ ਇੰਸਪੈਕਟਰ ਸਮਾਣਾ ਹੁਸਨਪ੍ਰੀਤ ਸਿੰਘ ਵੱਲੋਂ ਪੁਲਸ ਨੂੰ ਦਰਜ ਕਰਵਾਈ ਸ਼ਿਕਾਇਤ ਅਨੁਸਾਰ, ਪਿੰਡ ਨਸੂਪੁਰ ਵਿੱਚ ਚੱਲ ਰਹੀ ਨਾਜਾਇਜ਼ ਮਾਈਨਿੰਗ ਸਬੰਧੀ ਸ਼ਿਕਾਇਤ ਅਤੇ ਲੋਕੇਸ਼ਨ ਮਿਲਣ



'ਤੇ ਉਨ੍ਹਾਂ ਨੇ ਮਾਈਨਿੰਗ ਵਿਭਾਗ ਦੀ ਆਪਣੀ ਟੀਮ ਨਾਲ ਜਾ ਕੇ ਦੇਖਿਆ ਤਾਂ ਉੱਥੇ 1.5 ਏਕੜ ਰਕਬੇ ਵਿੱਚ ਲਗਭਗ 3 ਫੁੱਟ ਡੂੰਘੀ ਨਾਜਾਇਜ਼ ਮਾਈਨਿੰਗ ਕੀਤੀ ਗਈ ਸੀ, ਜਿਸ ਵਿੱਚ ਉਕਤ ਜੇਸੀਬੀ ਅਤੇ ਟਿੱਪਰ ਮਿੱਟੀ ਦੀ ਢੋਆ-ਢੁਆਈ ਕਰਦੇ ਪਾਏ ਗਏ।ਮਾਈਨਿੰਗ ਵਿਭਾਗ ਦੀ ਟੀਮ ਦੇ ਪਹੁੰਚਣ ਤੋਂ ਬਾਅਦ ਸੂਚਨਾ ਮਿਲਣ @ਤੇ ਪੁਲਸ ਦੇ ਪਹੁੰਚਣ ਤੋਂ ਪਹਿਲਾਂ ਹੀ ਢੋਆ-ਢੁਆਈ ਕਰ ਰਹੇ ਟਿੱਪਰਾਂ ਦੇ ਡਰਾਈਵਰ ਟਿੱਪਰਾਂ ਸਮੇਤ ਫ਼ਰਾਰ ਹੋ ਗਏ, ਜਦਕਿ ਪੋਕਲੇਨ ਮਸ਼ੀਨ ਨੂੰ ਪੁਲਿਸ ਨੇ ਕਾਬੂ ਕਰ ਲਿਆ। ਫ਼ਰਾਰ ਹੋਏ ਟਿੱਪਰਾਂ ਦੇ ਨੰਬਰਾਂ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਉਨ੍ਹਾਂ ਦੇ ਮਾਲਕਾਂ ਦੀ ਪਛਾਣ ਕੀਤੀ ਜਾ ਰਹੀ ਹੈ, ਜਦਕਿ ਮਾਲ ਵਿਭਾਗ ਤੋਂ ਜ਼ਮੀਨ ਦੇ ਮਾਲਕਾਂ ਸਬੰਧੀ ਜਾਣਕਾਰੀ ਮੰਗੀ ਗਈ ਹੈ।

## ਸ੍ਰੀ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ

ਸਮਾਣਾ, 3 ਫਰਵਰੀ (ਵਿਜੇ ਕੁਮਾਰ) : ਸ਼੍ਰੀ ਗੁਰੂ ਰਵਿਦਾਸ ਜੀ ਦਾ 649ਵਾਂ ਪ੍ਰਕਾਸ਼ ਦਿਹਾੜਾ ਸਥਾਨਕ ਗੁਰਦੁਆਰਾ ਸਾਹਿਬ ਬਾਬਾ ਸੰਗਤ ਸਿੰਘ ਜੀ ਨਵੀਂ ਸਰਾਂਪਤੀ ਵਿਖੇ ਸ਼ਹਿਰ ਦੀਆਂ ਸਮੂਹ ਧਾਰਮਿਕ ਜਥੇਬੰਦੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਰੱਖੇ ਗਏ ਸ੍ਰੀ ਅਖੰਡ ਪਾਠ ਦੇ ਭੋਗ ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਵਿਚ ਵੱਡੀ ਗਿਣਤੀ 'ਚ ਸੰਗਤਾਂ ਗੁਰੂ ਦਰਬਾਰ ਵਿਚ ਨਤਮਸਤਕ ਹੋਈਆਂ। ਇਸ ਮੌਕੇ ਕੀਰਤਨੀ ਜੱਥੇ ਨੇ ਗੁਰਬਾਣੀ ਸਰਵਨ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਵਿਚ ਉਚੇਚੇ ਤੌਰ 'ਤੇ ਸ਼ਾਮਲ ਹੋਏ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਵਿਧਾਇਕ ਰਾਜਿੰਦਰ ਸਿੰਘ ,ਸਾਬਕਾ ਵਿਧਾਇਕ



ਨਿਰਮਲ ਸਿੰਘ, ਬੀਬੀ ਰਵਿੰਦਰ ਕੌਰ ,ਸਾਬਕਾ ਪ੍ਰਧਾਨ ਨਗਰ ਕੌਂਸਲ ਕਪੂਰ ਚੰਦ ਬਾਂਸਲ, ਕੌਂਸਲਰ ਹਰਪ੍ਰੀਤ ਸਿੰਘ ਕੁੱਕਾ ਅਤੇ ਗੁਰਜੀਤ ਬੱਲੀ ਨੇ ਸੰਗਤਾਂ ਨੂੰ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਤੇ ਵਧਾਈ ਦਿੰਦਿਆਂ ਉਨ੍ਹਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਹਮੇਸ਼ਾ ਸਮਾਜਿਕ ਬਰਾਬਰੀ ,ਜ਼ਾਤ ਪਾਤ, ਊਚ- ਨੀਚ ਤੋਂ ਉਪਰ ਉਠ ਕੇ ਜੀਵਨ ਜਾਂਚ ਦੀ ਪ੍ਰੇਰਨਾ ਦਿੱਤੀ। ਗੁਰਦੁਆਰਾ ਕਮੇਟੀ ਵੱਲੋਂ ਪੁੱਜੀਆਂ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੀ ਬਖਸ਼ਿਸ਼ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਬਕਾ ਕਾਂਗਰਸ ਬਲਾਕ ਪ੍ਰਧਾਨ ਡਾ: ਪ੍ਰੇਮਪਾਲ ,ਪਰਮਜੀਤ ਸਿੰਘ, ਡਾ: ਸੁਰਜੀਤ ਸਿੰਘ ਦਈਆ,ਮਾਸਟਰ ਮਲਕੀਤ ਸਿੰਘ, ਸਾਬਕਾ ਕੌਂਸਲਰ ਗੋਪਾਲ ਸ਼ਰਮਾ, ਸੁਰਿੰਦਰ ਵਧਵਾ, ਰਾਮ ਸਿੰਘ, ਭੁਪਿੰਦਰ ਸਿੰਘ, ਨਰਿੰਦਰ ਸਿੰਘ, ਪਵਨਦੀਪ ਸਿੰਘ, ਜੱਸਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਸ਼ਾਮਲ ਸਨ।

## ਨਸ਼ੀਲੇ ਪਦਾਰਥ ਰੱਖਣ ਵਾਲੇ ਦੋਸ਼ੀ ਨੂੰ ਦਸ ਸਾਲ ਦੀ ਸਜ਼ਾ

ਪਟਿਆਲਾ, 3 ਫਰਵਰੀ (ਵਿਨੋਦ ਸ਼ਰਮਾ) : ਨਸ਼ੀਲੇ ਪਦਾਰਥ ਰੱਖਣ ਦੇ ਮਾਮਲੇ 'ਚ ਵਧੀਕ ਸੈਸ਼ਨ ਜੱਜ ਕਮਲਦੀਪ ਸਿੰਘ ਧਾਲੀਵਾਲ ਦੀ ਅਦਾਲਤ ਨੇ ਦੋਸ਼ੀ ਗੁਰਪ੍ਰੀਤ ਸਿੰਘ ਵਾਸੀ ਨਾਭਾ ਨੂੰ ਦਸ ਸਾਲ ਦੀ ਸਜ਼ਾ ਸੁਣਾਈ ਹੈ ਅਤੇ ਇੱਕ ਲੱਖ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਜੁਰਮਾਨਾ ਨਾ ਭਰਨ ਦੀ ਸੂਰਤ ਵਿਚ ਉਕਤ ਦੋਸ਼ੀ ਨੂੰ ਛੇ ਮਹੀਨੇ ਦੀ ਵੱਖਰੀ ਸਜ਼ਾ ਭੁਗਤਨੀ ਪਵੇਗੀ। ਪੁਲਿਸ ਨੇ ਉਸ ਤੋਂ ਅੱਠ ਸੌ ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਕੇ ਕਥਿਤ ਦੋਸ਼ੀ ਖਿਲਾਫ ਥਾਣਾ ਕੋਤਵਾਲੀ ਨਾਭਾ ਵਿਖੇ ਸਾਲ 2019 ਵਿਚ ਮਾਮਲਾ ਦਰਜ ਕੀਤਾ ਸੀ।

## ਚੋਰੀ ਦੇ ਮਾਮਲੇ ਵਿੱਚ ਦੋਸ਼ੀ ਨੂੰ ਸਜ਼ਾ

ਪਟਿਆਲਾ, 3 ਫਰਵਰੀ (ਵਿਨੋਦ ਸ਼ਰਮਾ) : ਚੋਰੀ ਦੇ ਮਾਮਲੇ ਵਿੱਚ ਅਦਾਲਤ ਨੇ ਦੋਸ਼ੀ ਸੰਦੀਪ ਕੁਮਾਰ ਵਾਸੀ ਪਟਿਆਲਾ ਨੂੰ ਛੇ ਮਹੀਨੇ ਦੀ ਸਜ਼ਾ ਸੁਣਾਈ ਹੈ। ਪੁਲਿਸ ਨੇ ਸਾਲ 2021 ਵਿਚ ਮਾਮਲਾ ਦਰਜ ਕੀਤਾ ਸੀ।

## ਕਰਹਾਲੀ ਸਾਹਿਬ ਦਾ ਚਹੁੰਮੁਖੀ ਵਿਕਾਸ ਕਰਕੇ ਸੁੰਦਰੀਕਰਨ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ : ਸਰਪੰਚ ਅਵਤਾਰ ਸਿੰਘ

ਡਕਾਲਾ/ਬਲਵੇੜਾ, 3 ਫਰਵਰੀ (ਗੁਰਸੇਵਕ ਸਿੰਘ) : ਵਿਧਾਨ ਸਭਾ ਹਲਕਾ ਸਮਾਣਾ ਦੇ ਇਤਿਹਾਸਕ ਨਗਰ ਕਰਹਾਲੀ ਸਾਹਿਬ ਦਾ ਚੁਹੰਮੁਖੀ ਵਿਕਾਸ ਕਰਕੇ ਸੁੰਦਰੀਕਰਨ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਇਹ ਵਿਚਾਰ ਸਥਾਂਕਨ ਮੀਡੀਏ ਨਾਲ ਸਾਂਝੇ ਕਰਦੇ ਹੋਏ ਪਿੰਡ ਦੇ ਮੌਜੂਦਾ ਸਰਪੰਚ ਅਵਤਾਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾ ਮਾਜਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਗਰ ਕਰਹਾਲੀ ਸਾਹਿਬ ਦੇ ਵਿਕਾਸ ਕਾਰਜ ਜੰਗੀ ਪੱਧਰ ਤੇ ਕੀਤੇ ਜਾ ਰਹੇ ਹਨ, ਉਹਨਾਂ ਦੱਸਿਆ ਕਿ ਜਿੱਥੇ ਆਮ ਵਰਗ ਦੇ ਲੋਕਾਂ ਨੂੰ ਪੀਣ ਵਾਲਾ ਸ਼ੁੱਧ ਪਾਣੀ ਮੁਹਈਆ ਕਰਵਾਉਣ ਲਈ 15ਵੇਂ ਵਿੱਤ ਕਮਿਸ਼ਨ ਤਹਿਤ ਰਾਸ਼ੀ ਖਰਚ ਕਰਕੇ 20 ਤੋਂ 25 ਦੇ ਕਰੀਬ ਟਿਊਬਵੈਲ ਬੋਰ ਲਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਸਰਪੰਚ ਅਵਤਾਰ ਸਿੰਘ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਇਤਿਹਾਸਕ ਨਗਰ ਕਰਹਾਲੀ ਸਾਹਿਬ ਦੀ ਫਿਰਨੀ 'ਤੇ ਸੀਵਰੇਜ ਦੇ ਪਾਣੀ ਦੀ ਸਮੱਸਿਆ ਆਉਣ ਜਾਣ ਵਾਲੇ ਰਾਹਗੀਰਾਂ ਤੇ ਪਿੰਡ ਵਾਸੀਆਂ ਲਈ ਵੱਡੀ ਮੁਸੀਬਤ ਬਣੀ ਹੋਈ ਸੀ ਜਿਸ ਨੂੰ ਹੱਲ ਕਰਕੇ ਸੜਕ ਤੇ ਖੜਨ ਵਾਲੇ ਪਾਣੀ ਤੋਂ ਰਾਹਗੀਰਾਂ ਨੂੰ ਨਿਜਾਤ ਦਵਾਈ ਜਾਵੇਗੀ।



## ਬੀ.ਪੀ.ਈ.ਓ. ਪ੍ਰਿਥੀ ਸਿੰਘ ਨੇ ਅਧਿਆਪਕ ਸਨਮਾਨੇ

ਪਟਿਆਲਾ, 3 ਫਰਵਰੀ (ਰੁਪਾਣਾ/ਦੀਪਕ ਜੈਦਕਾ) : ਸਕੂਲ ਸਿੱਖਿਆ ਵਿਭਾਗ ਦੇ ਬਲਾਕ ਪਟਿਆਲਾ-2 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍ਰ. ਪ੍ਰਿਥੀ ਸਿੰਘ ਦੀ ਅਗਵਾਈ ਹੇਠ ਇੱਕ ਸਨਮਾਨ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਸਿੱਖਿਆ ਵਿਭਾਗ ਵਿੱਚ ਅਹਿਮ ਕਾਰਗੁਜ਼ਾਰੀ ਨਿਭਾਉਣ ਵਾਲੇ ਚਾਰ ਰਿਸੋਰਸ ਪਰਸਨਜ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ, ਜਿਨ੍ਹਾਂ ਵਿੱਚ ਰਾਜਵੰਤ ਸਿੰਘ, ਨਰਿੰਦਰ ਸਿੰਘ, ਭਾਵਨਾ ਸ਼ਰਮਾ ਅਤੇ ਅਮਨਦੀਪ ਕੌਰ ਸ਼ਾਮਿਲ ਹਨ। ਇਸ ਮੌਕੇ ਗੱਲਬਾਤ ਕਰਦੇ ਹੋਏ ਬੀਪੀਈਓ ਪ੍ਰਿਥੀ ਸਿੰਘ ਨੇ ਦੱਸਿਆ ਕਿ ਕਿ ਉਕਤ ਰਿਸੋਰਸ ਪਰਸਨ ਸਿੱਖਿਆ ਵਿਭਾਗ ਵਿੱਚ ਅਹਿਮ ਭੂਮਿਕਾ ਨਿਭਾਅ ਰਹੇ ਹਨ। ਜਦੋਂ ਜਦੋਂ ਵੀ ਸਿੱਖਿਆ ਵਿਭਾਗ



ਵੱਲੋਂ ਸੈਮੀਨਾਰ ਵਗੈਰਾ ਆਦਿ ਆਯੋਜਿਤ ਕੀਤੇ ਜਾਂਦੇ ਹਨ ਤਾਂ ਉਕਤ ਰਿਸੋਰਸ ਪਰਸਨ ਅਧਿਆਪਕਾਂ ਨੂੰ ਸਿਖਲਾਈ ਦਿੰਦੇ ਹਨ। ਇਸ ਤੋਂ ਇਲਾਵਾ ਅਧਿਆਪਕ ਰਾਜਵੰਤ ਸਿੰਘ, ਭਾਵਨਾ ਸ਼ਰਮਾ ਅਤੇ ਅਮਨਦੀਪ ਕੌਰ ਇਸ ਵਾਰ ਫਿਨਲੈਂਡ ਦੌਰੇ 'ਤੇ ਗਏ ਸਨ ਜਿਨਾਂ ਵੱਲੋਂ ਵਾਪਸ ਪਰਤ ਕੇ ਸੈਮੀਨਾਰ ਦੌਰਾਨ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਨਾਲ ਫਿਨਲੈਂਡ ਦੀ ਪੜ੍ਹਾਈ ਬਾਰੇ ਡੂੰਘਾਈ ਨਾਲ ਜਾਣਕਾਰੀ ਸਾਂਝਾ ਕੀਤੀ ਗਈ। ਬੀਪੀਈਓ ਨੇ ਅੱਗੇ ਦੱਸਿਆ ਕਿ ਚੰਗੀ ਕਾਰਗੁਜ਼ਾਰੀ ਵਾਲੇ ਅਧਿਆਪਕਾਂ ਦਾ ਸਨਮਾਨ ਕਰਨ ਨਾਲ ਉਹਨਾਂ ਨੂੰ ਹੋਰ ਹੌਸਲਾ ਮਿਲਦਾ ਹੈ ਅਤੇ ਉਹ ਹੋਰ ਜਜ਼ਬੇ ਨਾਲ ਆਪਣੇ ਵੱਲੋਂ ਹੋਰ ਚੰਗਾ ਕਰਨ ਦੀ ਕੋਸ਼ਿਸ਼ ਕਰਦੇ ਹਨ। ਇਸ ਮੌਕੇ ਸੀਐਚਟੀ ਪੂਰਨ ਸਿੰਘ, ਸੀਐਚਟੀ ਸਤਵੰਤ ਕੌਰ, ਸੀਐਚਟੀ ਭੁਪਿੰਦਰ ਸਿੰਘ, ਬਲਾਕ ਮੀਡੀਆ ਕੋਆਰਡੀਨੇਟਰ ਸੁਖਜੀਤ ਸਿੰਘ ਮੱਟੂ, ਤਰਵਿੰਦਰ ਸਿੰਘ, ਸਤਬੀਰ ਸਿੰਘ ਤੇ ਕੁਲਵੰਤ ਸਿੰਘ ਸਮੇਤ ਹੋਰ ਹਾਜ਼ਰ ਸਨ।

## ਪਬਲਿਕ ਕਾਲਜ 'ਚ ਐਨ.ਐਸ.ਐਸ.ਕੈਂਪ ਲਗਾਇਆ

ਸਮਾਣਾ, 3 ਫਰਵਰੀ (ਵਿਜੇ ਕੁਮਾਰ) : ਪਬਲਿਕ ਕਾਲਜ, ਸਮਾਣਾ ਦੇ ਐਨ.ਐਸ.ਐਸ. ਵਿਭਾਗ ਵੱਲੋਂ ਇੱਕ ਦਿਨਾ ਐਨ. ਐਸ. ਐਸ. ਗਤੀਵਿਧੀ ਕਰਵਾਈ ਗਈ। ਇਸ ਗਤੀਵਿਧੀ ਦਾ ਮੁੱਖ ਮਕਸਦ ਸੱਤ ਦਿਨਾਂ ਐਨ.ਐਸ.ਐਸ.ਕੈਂਪ ਦੀ ਤਿਆਰੀ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨਾ ਸੀ। ਕਾਲਜ ਪ੍ਰਿੰਸੀਪਲ ਡਾ.ਹਰਕੀਰਤ ਸਿੰਘ ਸਿੱਧੂ ਨੇ ਐਨ.ਐਸ.ਐਸ. ਵਲੰਟੀਅਰਜ (ਲੜਕੇ ਅਤੇ ਲੜਕੀਆਂ) ਲਈ ਇੰਡਕਸ਼ਨ ਐਕਟੀਵਿਟੀ ਦੀ ਸਲਾਘਾ ਕੀਤੀ ਅਤੇ ਵਲੰਟੀਅਰਜ਼ ਨੂੰ ਸੱਤ ਦਿਨਾਂ ਐਨ.ਐਸ.ਐਸ. ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਆ। ਕਾਲਜ ਦੇ ਖੇਡ ਸਟੇਡੀਅਮ ਵਿਚ ਇਸ ਗਤੀਵਿਧੀ ਤਹਿਤ ਵਲੰਟੀਅਰਜ ਨੂੰ ਖੇਡ ਐਕਟੀਵਿਟੀ ਕਰਵਾਈ ਗਈ।




ਜਿਸ ਵਿੱਚ ਐਨ.ਐਸ.ਐਸ. ਵਲੰਟੀਅਰਜ਼ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਪ੍ਰੋਗਰਾਮ ਅਫਸਰ ਪ੍ਰੋ. ਸੋਨੂੰ ਜੈਨ ਨੇ ਵਲੰਟੀਅਰਜ਼ ਨੂੰ ਸੱਤ ਦਿਨਾਂ ਐਨ. ਐਸ. ਐਸ. ਕੈਂਪ ਵਿੱਚ ਵੀ ਇਸੇ ਤਰ੍ਹਾਂ ਹੀ ਆਪਣਾ ਜੋਸ਼ ਤੇ ਰੈਗੂਲੈਰਟੀ ਦਿਖਾਉਣ ਲਈ ਕਿਹਾ। ਇਸ ਐਕਟੀਵਿਟੀ ਤਹਿਤ ਮਨੋਰੰਜਨ ਖੇਡਾਂ ਕਰਵਾਉਣ ਵਿੱਚ ਪ੍ਰੋਗਰਾਮ ਅਫਸਰ ਪ੍ਰੋ. ਕੁਲਜੀਤ ਕੌਰ, ਪ੍ਰੋ. ਅਰਵਿੰਦਰ ਕੌਰ ਕਾਕੜਾ ਅਤੇ ਪ੍ਰੋ. ਹਮਿਤ ਕੁਮਾਰ ਨੇ ਆਪਣੀ ਵਿਸ਼ੇਸ਼ ਭੂਮਿਕਾ ਨਿਭਾਈ। ਇਸ ਕੈਂਪ ਵਿਚ 200 ਦੇ ਕਰੀਬ ਵਲੰਟੀਅਰਜ ਨੇ ਭਾਗ ਲਿਆ। ਇਸ ਮੌਕੇ 'ਤੇ ਵਲੰਟੀਅਰਜ਼ ਨੂੰ ਰਿਫਰੈਸਮੈਂਟ ਵੀ ਦਿੱਤੀ ਗਈ। ਇਸ ਗਤੀਵਿਧੀ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ 'ਚ ਕਾਲਜ ਸੁਪਰਡੈਂਟ ਸੁਭਾਸ਼ ਚੰਦ ਅਤੇ ਕਲਰਕ ਜਸਬੀਰ ਸਿੰਘ ਦਾ ਅਹਿਮ ਯੋਗਦਾਨ ਰਿਹਾ।

## ਪੰਜਾਬੀ ਯੂਨੀਵਰਸਿਟੀ ਦੀ ਮਹਿਲਾ ਹਾਕੀ ਟੀਮ ਨੇ ਉੜੀਸਾ 'ਚ ਜਿੱਤਿਆ ਕਾਂਸੀ ਤਗ਼ਮਾ

ਪਟਿਆਲਾ, 3 ਫਰਵਰੀ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੀ ਮਹਿਲਾ ਹਾਕੀ ਟੀਮ ਨੇ ਉੜੀਸਾ ਦੇ ਭੁਵਨੇਸ਼ਵਰ ਵਿੱਚ ਕਾਲਿੰਗਾ ਇੰਸਟੀਚਿਊਟ ਆਫ਼ ਇਨਫਰਮੇਸ਼ਨ ਐਂਡ ਟੈਕਨੋਲਜੀ ਵਿਖੇ ਕਰਵਾਏ ਗਏ ਸਰਬ-ਭਾਰਤੀ ਅੰਤਰ-ਵਰਸਿਟੀ ਮੁਕਾਬਲਿਆਂ ਦੌਰਾਨ ਕਾਂਸੀ ਤਗ਼ਮਾ ਜਿੱਤ ਲਿਆ ਹੈ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਸਮੁੱਚੀ ਟੀਮ, ਉਨ੍ਹਾਂ ਦੀ ਕੋਚ ਅਤੇ ਖੇਡ ਵਿਭਾਗ ਨੂੰ ਵਧਾਈ ਦਿੰਦਿਆਂ ਹੋਇਆ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਲੜਕੀਆਂ ਵੱਲੋਂ ਕੀਤੀਆਂ ਜਾਂਦੀਆਂ ਪ੍ਰਾਪਤੀਆਂ ਹੋਰ ਵੀ ਜ਼ਿਆਦਾ ਮਾਇਨੇ ਰੱਖਦੀਆਂ ਹਨ ਕਿਉਂਕਿ ਅਜਿਹਾ ਕਰਨ ਨਾਲ ਹੋਰਨਾ ਲੜਕੀਆਂ ਨੂੰ ਵੀ ਜ਼ਿੰਦਗੀ ਵਿੱਚ ਅੱਗੇ ਵਧਣ ਦਾ ਉਤਸ਼ਾਹ ਮਿਲਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਨੂੰ ਆਪਣੀਆਂ ਹੋਣਹਾਰ ਖਿਡਾਰਨਾਂ ਉੱਤੇ ਮਾਣ ਹੈ। ਖੇਡ ਵਿਭਾਗ ਦੇ ਡਾਇਰੈਕਟਰ ਡਾ. ਗੁਰਦੀਪ ਕੌਰ ਰੰਧਾਵਾ ਨੇ ਦੱਸਿਆ ਕਿ ਪਵਨਪ੍ਰੀਤ ਕੌਰ ਅਤੇ ਸੁਖਵੀਰ ਕੌਰ ਨੇ ਪੰਜਾਬੀ ਯੂਨੀਵਰਸਿਟੀ ਲਈ ਜੇਤੂ ਗੋਲ ਕੀਤੇ। ਉਨ੍ਹਾਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਦੀ ਟੀਮ ਨੇ ਆਈ.ਐਮ.ਟੀ. ਗਵਾਲੀਅਰ ਨੂੰ 2-1 ਨਾਲ ਹਰਾ ਕੇ ਇਹ ਸਥਾਨ ਪ੍ਰਾਪਤ ਕਰਨ ਵਿਚ ਸਫਲਤਾ ਪ੍ਰਾਪਤ ਕੀਤੀ। ਉਨ੍ਹਾਂ ਕੋਚ ਮੀਨਾਕਸ਼ੀ ਅਤੇ ਟੀਮ ਸਹਿਯੋਗੀ ਪਦਮਸ਼੍ਰੀ ਸ. ਬਲਦੇਵ ਸਿੰਘ ਨੂੰ ਉਚੇਚੇ ਤੌਰ ਉੱਤੇ ਵਧਾਈ ਦਿੱਤੀ।



## ਹਾਦਸੇ ਘਟਾਉਣ ਜ਼ਿੰਦਗੀਆਂ ਬਚਾਉਣ ਲਈ ਮਾਪੇ ਤੇ ਸਿੱਖਿਆ ਸੰਸਥਾਵਾਂ ਸਾਥ ਦੇਣ: ਵਰਮਾ

ਪਟਿਆਲਾ, 3 ਫਰਵਰੀ (ਚ.ਨ.ਸ.) : ਰਾਸ਼ਟਰੀ ਆਵਾਜਾਈ ਸੁਰੱਖਿਆ ਮਹੀਨੇ ਦੇ ਸਬੰਧ ਵਿੱਚ ਐਜਲ ਵੈਲੀ ਸਕੂਲ ਵਿਖੇ ਪ੍ਰਿੰਸੀਪਲ ਨੀਰੂ ਮਹਿਤਾ ਦੀ ਸਰਪ੍ਰਸਤੀ ਹੇਠ ਵਿਦਿਆਰਥੀਆਂ, ਅਧਿਆਪਕਾਂ, ਡਰਾਈਵਰਾਂ ਅਤੇ ਨੈਨੀ ਨੂੰ ਆਵਾਜਾਈ ਸੁਰੱਖਿਆ ਹਿੱਤ ਨਿਯਮਾਂ, ਕਾਨੂੰਨਾਂ, ਅਸੂਲਾਂ, ਫਰਜ਼ਾਂ, ਦੀ ਜਾਣਕਾਰੀ ਪੰਜਾਬ ਪੁਲਿਸ ਆਵਾਜਾਈ ਸਿੱਖਿਆ ਸੈਲ ਦੇ ਏ ਐਸ ਆਈ ਰਾਮ ਸਰਨ ਨੇ ਵਿਸਥਾਰ ਪੂਰਵਕ ਦਿੱਤੀ। ਕਾਕਾ ਰਾਮ ਵਰਮਾ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈੱਡ ਕਰਾਸ ਸੁਸਾਇਟੀ ਵੱਲੋਂ ਪੀੜਤਾਂ ਦੀਆਂ ਜਾਨਾਂ ਬਚਾਉਣ ਲਈ ਫਸਟ ਏਡ, ਸੀ ਪੀ ਆਰ, ਰਿਕਵਰੀ ਪੁਜੀਸ਼ਨ ਬਾਰੇ ਟ੍ਰੇਨਿੰਗ ਦਿੱਤੀ। ਵਾਈਸ ਪ੍ਰਿੰਸੀਪਲ ਸਰਿਆ ਮਹਿਤਾ ਅਤੇ ਪ੍ਰੋਗਰਾਮ ਕੋਆਰਡੀਨੇਟਰ ਵਨੀਤਾ ਨੇ ਧੰਨਵਾਦ ਕੀਤਾ।

## ਅੱਜ ਬਿਜਲੀ ਸਪਲਾਈ ਬੰਦ ਰਹੇਗੀ

ਘਨੌਰ, 3 ਫਰਵਰੀ (ਰਾਜਿੰਦਰ ਸਿੰਘ ਕੰਬੋਜ) : ਆਮ ਅਤੇ ਖਾਸ ਬਿਜਲੀ ਖਪਤਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 66 ਕੇ ਵੀ ਫੀਡਰ ਅੱਜ ਪਿੰਡ ਮੋਹੀ ਕਲਾਂ ਦੀ ਬਿਜਲੀ ਦੀ ਸਪਲਾਈ ਮਿਤੀ 4/2/26 ਦਿਨ ਬੁੱਧਵਾਰ ਨੂੰ ਸਵੇਰੇ 11ਵਜੇ ਤੋਂ ਸ਼ਾਮ 6 ਵਜੇ ਤੱਕ ਬੰਦ ਰਹੇਗੀ, ਇਸ ਦੀ ਜਾਣਕਾਰੀ ਦਿੰਦਿਆ ਜੇ ਈ ਦਲਵੀਰ ਸਿੰਘ ਨੇ ਦੱਸਿਆ ਕਿ ਬਿਜਲੀ ਦੇ ਨਵੇ ਖੰਬੇ ਲਾਉਣ ਕਰਕੇ ਇਸ ਦੇ ਨੇੜਲੇ ਇਲਾਕੇ ਪਿੰਡ ਬੂਹਾ ,ਅਲਮਪੁਰ ਨੇਪਰਾ, ਗਾਰਦੀ ਨਗਰ, ਮੋਹੀ ਖੁਰਦ ਸਵੇਰੇ 11 ਵਜੇ ਤੋਂ ਸ਼ਾਮੀ 6 ਵਜੇ ਤੱਕ ਬੰਦ ਰਹੇਗੀ।

## ਨਟਾਸ ਦਾ 282ਵਾਂ ਮਾਸਿਕ ਕੌਮੀ ਏਕਤਾ ਨਾਟਕ ਮੇਲਾ ਸੰਪੰਨ

ਪਟਿਆਲਾ, 3 ਫਰਵਰੀ (ਚ.ਨ.ਸ.) : ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀ ਪਵਿੱਤਰ, ਮਿੱਠੀ ਯਾਦ ਨੂੰ ਸਮਰਪਿਤ ਨੈਸ਼ਨਲ ਥੀਏਟਰ ਆਰਟਸ ਸੁਸਾਇਟੀ (ਨਟਾਸ) ਅਤੇ ਸਰਬਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 282ਵਾਂ ਮਾਸਿਕ ਕੌਮੀ ਏਕਤਾ ਗਾਰਡਨ ਨਾਟਕ ਮੇਲਾ ਬਾਰਾਦਰੀ ਬਾਗ ਵਿਖੇ ਕਰਵਾਇਆ ਗਿਆ, ਜਿਸ ਵਿੱਚ ਸਣੇ 'ਮੇਰਾ ਅੱਜ ਦਾ ਪੰਜਾਬ', 'ਯੁੱਧ ਨਸ਼ਿਆਂ ਵਿਰੁੱਧ', 'ਸੁੱਕੀ ਕੁੱਖ', 'ਕਿਰਤ ਦਾ ਸਤਿਕਾਰ' 'ਯਥਾ ਰਾਜਾ ਤਥਾ ਪਰਜਾ' ਆਦਿ ਨਾਟਕਾਂ ਨੂੰ ਭਰਵਾਂ ਹੁੰਗਾਰਾ ਮਿਲਿਆ. ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਸਮਾਜ ਦੀਆਂ ਪ੍ਰਸਿੱਧ ਸ਼ਖ਼ਸੀਅਤਾਂ ਸ਼੍ਰੀਮਤੀ ਮਾਲਾ ਗੋਪਾਲ ∴ ਸ਼੍ਰੀ ਅਕਸ਼ੇ ਗੋਪਾਲ ਹੋਟਲ ਫਲਾਈ ਓਵਰ ਕਲਾਸਿਕ, ਸ਼੍ਰੀ ਮੋਹਿਤ ਰਾਏ ਮੰਗਲਾ ਫੁਲਕੀਆਂ ਪ੍ਰੈਸ, ਸ਼੍ਰੀ ਧਰਮਪਾਲ ਸਿੰਘ ਚੋਹਾਨ, ਸੇਵਾ ਮੁਕਤ ਮੈਨੇਜਰ ਐਸ.ਬੀ.ਓ.ਪੀ., ਡਾਇਰੈਕਟਰ ਰਾਇਲ ਪਾਰਕ, ਧਰਮਪੁਰ ਸੋਲਨ (ਹਿ:ਪ੍ਰ:), ਪ੍ਰਿੰਸੀਪਲ ਆਰਕੀਟੈਕਟ ਸ਼੍ਰੀ ਐਲ.ਆਰ. ਗੁਪਤਾ, ਯੂਨੀਕ ਆਰਕੀਟੈਕਟਸ, ਸ਼੍ਰੀ ਭਗਵਾਨ ਦਾਸ ਗੁਪਤਾ ਬਾਨੀ ਪ੍ਰਧਾਨ ਦੋਸਤ, ਜ਼ਸਬੀਰ ਸਿੰਘ ਓਬਰਾਏ, ਮੈਡਮ ਮਨਪ੍ਰੀਤ ਕੌਰ, ਨਟਾਸ ਪ੍ਰਧਾਨ ਜੀ.ਐਸ. ਕੱਕੜ, ਅਤੇ ਸ਼੍ਰੀ ਪ੍ਰਾਨ ਸੱਭਰਵਾਲ ਡਾਇਰੈਕਟਰ ਨਟਾਸ ਨੇ ਸਮਾਗਮ ਦਾ ਉਦਘਾਟਨ ਕੀਤਾ ਅਤੇ ਇਹ ਨਾਟਕ ਮੇਲਾ ਦੇਸ਼ ਦੀ ਅਖੰਡਤਾ, ਰਾਸ਼ਟਰ ਗੌਰਵ ਅਤੇ ਭਾਵਨਾਤਮਕ ਏਕਤਾ ਨੂੰ ਸਮਰਪਿਤ ਕੀਤਾ ਅਤੇ ਬਾਪੂ ਗਾਂਧੀ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ. ਨਟਾਸ ਵਲੋਂ ਹਸਤੀਆਂ ਨੂੰ ਸਨਮਾਨਿਤ ਕੀਤਾ ਗਿਆ। ਸ੍ਰ: ਧਰਮਪਾਲ ਸਿੰਘ ਚੋਹਾਨ, ਮੈਂਬਰ ਸਕਵ ਖੋਜ਼ ਪਰਿਵਾਰ ਨੇ ਸੁਨੀਤਾ-ਪ੍ਰਾਨ ਸੱਭਰਵਾਲ ਦੀਆਂ 70 ਸਾਲਾਂ ਸਮਾਜ, ਰੰਗ-ਮੰਚ ਦੀਆਂ ਦੇਸ਼ ਵਿਦੇਸ਼ਾਂ ਵਿੱਚ ਕੀਤੀਆਂ ਸੇਵਾਵਾਂ ਦੀ ਪ੍ਰਸ਼ੰਸ਼ਾਂ ਕੀਤੀ। ਇਸ ਅਵਸਰ ਤੇ ਸ਼ੁਭਾਸ਼ ਭਗਤ, ਪਰਮਜੀਤ ਕੌਰ, ਸਿਮਰਨ ਸਰਨਾ, ਸਿਮਰਨ (ਫਾਈਨ ਆਰਟਸ), ਤਨੀਸ਼ਾ (ਲਾਅ ਕਾਲਿਜ), ਖੁਸ਼ਦੀਪ ਕੌਰ, ਅਕਸ਼ਤ ਖੰਨਾ, ਅੰਮ੍ਰਿਤਪਾਲ ਸਿੰਘ, ਹਰਪਾਲ ਮਾਨ, ਬਲਜੀਤ ਚੰਦ, ਸ਼ਵਦ, ਸੰਨੀ ਸਿੱਧੂ ਨੂੰ ਅਵਾਰਡ ਦਿੱਤੇ ਗਏ



## ਮਾਤਾ ਗੁਜਰੀ ਸਕੂਲ 'ਚ ਕਰੀਅਰ ਕੌਂਸਲਿੰਗ ਸੈਮੀਨਾਰ ਕਰਵਾਇਆ



ਦੇਵੀਗੜ੍ਹ, 3 ਫਰਵਰੀ (ਗੁਰਜੀਤ ਸਿੰਘ ਢੌਟ) : ਅੱਜ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਦੇਵੀਗੜ੍ਹ ਵਿੱਚ ਕਰੀਅਰ ਕੌਂਸਲਿੰਗ ਸੈਮੀਨਾਰ ਆਯੋਜਿਤ ਕਰਵਾਇਆ ਗਿਆ। ਜਿਸ ਵਿੱਚ ਨੌਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਤਾ-ਪਿਤਾ ਵੀ ਸ਼ਾਮਲ ਹੋਏ। ਕਰੀਅਰ ਕੌਂਸਲਿੰਗ ਲਈ ਪ੍ਰਸਿੱਧ ਕਰੀਅਰ ਕੌਂਸਲਰ ਸ੍ਰੀ ਮਾਨਿਕ ਰਾਜ ਸਿੰਗਲਾ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਅਤੇ ਮਾਪਿਆਂ ਨਾਲ ਰੂਬਰੂ ਸੰਵਾਦ ਕੀਤਾ ਗਿਆ। ਇਹ ਸੈਮੀਨਾਰ ਸਕੂਲ ਪ੍ਰਿੰਸੀਪਲ ਮਮਤਾ ਮੱਕੜ ਦੀ ਅਗਵਾਈ ਹੇਠ ਕਰਵਾਇਆ ਗਿਆ।ਸੈਮੀਨਾਰ ਵਿੱਚ ਤਕਰੀਬਨ 400 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਸਕੂਲ ਦੇ ਨਿਰਦੇਸ਼ਕ ਸਰਦਾਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਦਸਵੀਂ ਜਮਾਤ ਤੋਂ ਬਾਅਦ ਵਿਦਿਆਰਥੀਆਂ ਵਿੱਚ ਅਕਸਰ ਇਹ ਉਲਝਣ ਹੁੰਦੀ ਹੈ ਕਿ ਉਹ ਕਿਸ ਖੇਤਰ ਵਿੱਚ ਆਪਣਾ ਕਰੀਅਰ ਬਣਾਉਣ। ਇਸੇ ਨੂੰ ਧਿਆਨ ਵਿੱਚ ਰੱਖਦਿਆਂ ਇਹ ਵਿਸ਼ੇਸ਼ ਕਰੀਅਰ ਕੌਂਸਲਿੰਗ ਸੈਮੀਨਾਰ ਆਯੋਜਿਤ ਕੀਤਾ ਗਿਆ। ਕਰੀਅਰ ਕੌਂਸਲਰ ਮਾਨਿਕ ਰਾਜ ਸਿੰਗਲਾ ਨੇ ਮੈਡੀਕਲ, ਨਾਨ-ਮੈਡੀਕਲ, ਕਾਮਰਸ, ਵੋਕੇਸ਼ਨਲ ਕੋਰਸਾਂ, ਡਿਪਲੋਮਾ, ਇੰਜੀਨੀਅਰਿੰਗ, ਸ਼ੇਅਰ ਬਜ਼ਾਰ, ਇਨਸ਼ੋਰੈਂਸ, ਬੈਂਕਿੰਗ, ਯੂ.ਪੀ.ਐਸ.ਸੀ, ਪੀ.ਪੀ.ਐਸ.ਸੀ, ਡੈਟਾ ਐਨਾਲਿਟਿਕਸ, ਆਰਟੀਫਿਸ਼ੀਅਲ ਇੰਟੈਲੀਜੈਂਸ, ਡਿਜੀਟਲ ਮਾਰਕੀਟਿੰਗ ਆਦਿ ਸਮੇਤ ਕਈ ਆਧੁਨਿਕ ਕਰੀਅਰ ਵਿਕਲਪਾਂ ਬਾਰੇ ਵਿਦਿਆਰਥੀਆਂ ਨੂੰ ਵਿਸਤਾਰ ਨਾਲ ਜਾਣੂ ਕਰਵਾਇਆ। ਵਿਦਿਆਰਥੀਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਉਨ੍ਹਾਂ ਵੱਲੋਂ ਤਸੱਲੀਬਖ਼ਸ਼ ਜਵਾਬ ਦਿੱਤੇ ਗਏ। ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਡਾਇਰੈਕਟਰ ਸ: ਭੁਪਿੰਦਰ ਸਿੰਘ ਪ੍ਰੈਜੀਡੈਂਟ ਰਵਿੰਦਰ ਕੌਰ, ਪ੍ਰਿੰਸੀਪਲ ਮਮਤਾ ਮੱਕੜ ਅਤੇ ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਵਾਲੀਆ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ।

## ਪੰਜਾਬੀ ਯੂਨੀਵਰਸਿਟੀ ਵਿਖੇ ਵਾਈਸ ਚਾਂਸਲਰ ਵੱਲੋਂ ਓ.ਟੀ.ਸੀ.ਟੀ.ਸੀ. ਦਾ ਉਦਘਾਟਨ

ਪਟਿਆਲਾ, 3 ਫਰਵਰੀ (ਰੁਪਾਣਾ) : ਪੰਜਾਬੀ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਵੱਲੋਂ ਮਾਨਸਿਕ ਸਿਹਤ ਸਬੰਧੀ ਸੇਵਾਵਾਂ ਦੇ ਖੇਤਰ ਵਿੱਚ ਇੱਕ ਵੱਡੀ ਪ੍ਰਾਪਤੀ ਕਰਦਿਆਂ ਸਥਾਪਿਤ ਕੀਤੇ ਗਏ 'ਔਨਲਾਈਨ ਅਤੇ ਟੈਲੀਫੋਨਿਕ ਕੌਂਸਲਿੰਗ ਟ੍ਰੇਨਿੰਗ ਸੈੱਲ' (ਓ.ਟੀ.ਸੀ.ਟੀ.ਸੀ.) ਦਾ ਉਦਘਾਟਨ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤਾ ਗਿਆ। ਇਸ ਉਪਰਾਲੇ ਨਾਲ਼ ਪੰਜਾਬੀ ਯੂਨੀਵਰਸਿਟੀ ਮਾਨਸਿਕ ਸਿਹਤ ਦੇ ਖੇਤਰ ਵਿੱਚ ਬਕਾਇਦਗੀ ਸਹਿਤ 'ਉੱਦਮਤਾ ਸਿਖਲਾਈ' ਸ਼ੁਰੂ ਕਰਨ ਵਾਲੀ ਭਾਰਤ ਦੀ ਪਹਿਲੀ ਸੰਸਥਾ ਬਣ ਗਈ ਹੈ। ਯੂਨੀਵਰਸਿਟੀ ਦੇ 'ਐਂਟਰਪ੍ਰੀਨਿਓਰਸ਼ਿਪ, ਇਨੋਵੇਸ਼ਨ ਐਂਡ ਕਰੀਅਰ ਹੱਬ' (ਈ.ਆਈ.ਸੀ.ਐੱਚ.) ਦੇ ਸਹਿਯੋਗ ਨਾਲ਼ ਸਥਾਪਿਤ ਇਸ ਸੈੱਲ ਦੇ ਰਸਮੀ ਉਦਘਾਟਨ ਉਪਰੰਤ ਇੱਕ ਵਿਸ਼ੇਸ਼ ਵਰਕਸ਼ਾਪ ਕਰਵਾਈ ਗਈ,




ਜਿਸ ਵਿੱਚ ਮਾਹਿਰਾਂ ਨੇ ਵਰਚੁਅਲ ਕੌਂਸਲਿੰਗ ਅਤੇ ਮਨੋਵਿਗਿਆਨਕ ਉੱਦਮਤਾ (ਐਂਟਰਪ੍ਰੀਨਿਉਰਸ਼ਿਪ) ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਸੋਸ਼ਲ ਮੀਡੀਆ ਦੇ ਦੌਰ ਵਿੱਚ ਮਾਨਸਿਕ ਤੰਦਰੁਸਤੀ ਬਹੁਤ ਜ਼ਰੂਰੀ ਹੈ। ਖਾਸ ਤੌਰ ਉੱਤੇ ਸਾਡੇ ਨੌਜਵਾਨ ਬਹੁਤ ਸਾਰੀਆਂ ਮਾਨਸਿਕ ਗੁੰਝਲਾਂ ਦਾ ਸ਼ਿਕਾਰ ਹੋ ਰਹੇ ਹਨ। ਅਜਿਹੀ ਸਥਿਤੀ ਵਿੱਚ ਅਦਾਰਿਆਂ ਦਾ ਫ਼ਰਜ਼ ਹੈ ਕਿ ਉਹ ਮਾਨਸਿਕ ਤੰਦਰੁਸਤੀ ਨਾਲ਼ ਜੁੜੀਆਂ ਸੇਵਾਵਾਂ ਦੇ ਮਾਮਲੇ ਵਿੱਚ ਅੱਗੇ ਆਉਣ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਇਸ ਕਦਮ ਰਾਹੀਂ ਇਹੀ ਫਰਜ਼ ਨਿਭਾਅ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਸਾਡੇ ਦੇਸ਼ ਦਾ ਸਰਮਾਇਆ ਹਨ। ਇਸ ਸਰਮਾਏ ਨੂੰ ਸਾਂਭ ਕੇ ਰੱਖਣਾ ਸਾਡਾ ਫਰਜ਼ ਹੈ। ਅੱਜ ਦੇ ਸੋਸ਼ਲ ਮੀਡੀਆ ਦੇ ਦੌਰ ਵਿੱਚ ਨੌਜਵਾਨਾਂ ਨੂੰ ਮਾਨਸਿਕ ਤੌਰ ਉੱਤੇ ਤੰਦਰੁਸਤ ਰੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਇਸ ਸੈੱਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮਾਨਸਿਕ ਸਿਹਤ ਨਾਲ਼ ਸਬੰਧਤ ਸਟਾਰਟ-ਅੱਪਸ, ਡਿਜੀਟਲ ਕੌਂਸਲਿੰਗ ਪਲੇਟਫਾਰਮ ਅਤੇ ਸੁਤੰਤਰ ਕੌਂਸਲਿੰਗ ਅਭਿਆਸ ਸ਼ੁਰੂ ਕਰਨ ਦੇ ਯੋਗ ਬਣਾਉਣਾ ਹੈ। ਪੀ. ਜੀ. ਆਈ. ਐੱਮ.ਈ.ਆਰ.ਚੰਡੀਗੜ੍ਹ ਦੇ ਮਨੋਚਿਕਿਤਸਾ ਵਿਭਾਗ ਤੋਂ ਡਾ. ਰਾਹੁਲ ਚੱਕਰਵਰਤੀ ਅਤੇ ਡਾ. ਰਾਜ ਲਕਸ਼ਮੀ ਵੱਲੋਂ ਇਸ ਵਰਕਸ਼ਾਪ ਦੌਰਾਨ '0ਟੈਲੀ-ਮਾਨਸ' ਪ੍ਰੋਜੈਕਟ ਅਤੇ ਐਮਰਜੈਂਸੀ ਕਾਲਜ ਨਾਲ਼ ਨਜਿੱਠਣ ਦੇ ਤਰੀਕਿਆਂ ਬਾਰੇ ਸਿਖਲਾਈ ਦਿੱਤੀ ਗਈ। ਉਨ੍ਹਾਂ ਇਸ ਖੇਤਰ ਨਾਲ਼ ਸਬੰਧਤ ਆਪਣੇ ਰੋਜ਼ਾਨਾ ਦੇ ਡਾਕਟਰੀ ਅਨੁਭਵ ਸਾਂਝੇ ਕਰਦਿਆਂ ਵੱਖ-ਵੱਖ ਨੁਕਤੇ ਸਾਂਝੇ ਕੀਤੇ। ਕੌਂਸਲਿੰਗ ਮਨੋਵਿਗਿਆਨੀ ਡਾ. ਹਰਸ਼ਮੀਤ ਕੌਰ ਨੇ ਔਨਲਾਈਨ ਸੇਵਾਵਾਂ ਦੇ ਖੇਤਰ ਵਿੱਚ ਵਿੱਚ ਨੈਤਿਕਤਾ, ਕਾਨੂੰਨੀ ਢਾਂਚੇ ਅਤੇ ਪੇਸ਼ੇਵਰ ਜਵਾਬਦੇਹੀ ਦੇ ਹਵਾਲੇ ਨਾਲ਼ ਆਪਣੀ ਗੱਲ ਰੱਖੀ।ਸਰਕਾਰੀ ਰਾਜਿੰਦਰਾ ਮੈਡੀਕਲ ਕਾਲਜ, ਪਟਿਆਲਾ ਤੋਂ ਪ੍ਰੋ. ਰੋਹਿਤ ਗਰਗ ਨੇ ਵੀ ਆਪਣੇ ਤਜਰਬੇ ਸਾਂਝੇ ਕੀਤੇ। ਈ.ਆਈ.ਸੀ.ਐੱਚ. ਦੇ ਡਾਇਰੈਕਟਰ ਪ੍ਰੋ. ਹਿਮੇਂਦਰ ਭਾਰਤੀ ਵੱਲੋਂ ਵੀ ਆਪਣੇ ਵਿਚਾਰ ਪ੍ਰਗਟਾਏ ਗਏ।ਵਰਕਸ਼ਾਪ ਦੇ ਦੂਜੇ ਸੈਸ਼ਨ ਦੌਰਾਨ ਮਨੋਵਿਗਿਆਨ ਖੇਤਰ ਦੇ ਨੌਜਵਾਨ ਖੋਜਾਰਥੀ ਹਰਸਿਤ ਕਟੋਚ, ਰਾਧਾ ਅਤੇ ਸ਼ੈਰਨ ਰਤਨ ਨੇ ਏ.ਆਈ. ਅਧਾਰਿਤ ਮਾਨਸਿਕ ਸਿਹਤ ਚੈਟਬੋਟਸ, ਸੁਰੱਖਿਆ ਪ੍ਰੋਟੋਕੋਲ ਅਤੇ ਨੈਤਿਕ ਮਿਆਰਾਂ ਬਾਰੇ ਚਰਚਾ ਕੀਤੀ। ਮਨੋਵਿਗਿਆਨ ਵਿਭਾਗ ਦੇ ਮੁਖੀ ਅਤੇ ਓ.ਟੀ.ਸੀ.ਟੀ.ਸੀ. ਦੇ ਨੋਡਲ ਅਫ਼ਸਰ ਪ੍ਰੋ. ਦਮਨਜੀਤ ਸੰਧੂ ਨੇ ਆਪਣੇ ਧੰਨਵਾਦੀ ਭਾਸ਼ਣ ਦੌਰਾਨ ਦੱਸਿਆ ਕਿ ਇਸ ਸੈੱਲ ਦਾ ਟੀਚਾ ਭਵਿੱਖ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਲਈ ਚੌਵੀ ਘੰਟੇ ਲਈ ਮਾਨਸਿਕ ਸਿਹਤ ਹੈਲਪਲਾਈਨ ਸੇਵਾ ਸ਼ੁਰੂ ਕਰਨਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਵਿਦਿਆਰਥੀ, ਖੋਜਾਰਥੀ ਅਤੇ ਅਧਿਆਪਕ ਹਾਜ਼ਰ ਰਹੇ।